ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 163
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Sunday, 14 June, 2026) ਐਤਵਾਰ, 14 ਜੂਨ, 2026, 31 ਜੇਠ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਤਿੰਨ ਆਈ.ਏ.ਐਸ. ਤੇ ਪੰਜ ਪੀ.ਸੀ.ਐਸ. ਅਧਿਕਾਰੀ ਤਬਦੀਲ

ਚੰਡੀਗੜ੍ਹ, 13 ਜੂਨ (ਚ.ਨ.ਸ.): ਪੰਜਾਬ ਸਰਕਾਰ ਨੇ ਅੱਜ ਪ੍ਰਸ਼ਾਸਨਿਕ ਫੇਰਬਦਲ ਕਰਦਿਆਂ ਸੂਬੇ ਵਿੱਚ 3 ਆਈ.ਏ.ਐਸ. ਅਤੇ 5 ਪੀ.ਸੀ.ਐਸ. ਅਧਿਕਾਰੀਆਂ ਦੇ ਤਬਾਦਲੇ ਕਰ ਦਿੱਤੇ ਹਨ। ਇਹ ਆਦੇਸ਼ ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ.ਸਿਨਹਾ ਨੇ ਜਾਰੀ ਕੀਤੇ ਹਨ। ਮੁੱਖ ਸਕੱਤਰ ਵੱਲੋਂ ਜਾਰੀ ਆਦੇਸ਼ ਅਨੁਸਾਰ ਆਈ.ਏ.ਐਸ. ਅਧਿਕਾਰੀ ਪਰਮਜੀਤ ਸਿੰਘ ਨੂੰ ਵਿਸ਼ੇਸ਼ ਸਕੱਤਰ ਜਲ ਸਰੋਤ ਵਿਭਾਗ, ਨੀਰੂ ਕਟਿਆਲ ਗੁਪਤਾ ਨੂੰ ਵਿਸ਼ੇਸ਼ ਸਕੱਤਰ ਆਮ ਰਾਜ ਪ੍ਰਬੰਧ ਤੇ ਤਾਲਮੇਲ (ਬਾਕੀ ਸਫਾ 2 'ਤੇ)

## ਮਾਨ ਸਰਕਾਰ ਵਪਾਰੀਆਂ, ਦੁਕਾਨਦਾਰਾਂ ਅਤੇ ਕਾਰੋਬਾਰੀਆਂ ਦੀ ਮਦਦ ਲਈ ਹਮੇਸ਼ਾ ਵਚਨਬੱਧ: ਕੇਜਰੀਵਾਲ

### ਕਾਂਗਰਸ ਅਤੇ ਅਕਾਲੀ ਦਲ ਨੇ ਪੰਜਾਬ ਨੂੰ ਲੁੱਟਣ ਦਾ ਸਾਧਨ ਸਮਝਿਆ; ਆਪ ਸਰਕਾਰ ਨੇ ਇਸ ਸਿਲਸਿਲੇ ਨੂੰ ਖ਼ਤਮ ਕੀਤਾ: ਮਾਨ



ਚੜ੍ਹਦੀਕਲਾ ਬਿਊਰੋ
================

ਜਲੰਧਰ,13 ਜੂਨ: ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਲ ਅੱਜ ਜਲੰਧਰ ਵਿੱਚ 'ਪੰਜਾਬ ਰਾਜ ਵਪਾਰੀ ਕਮਿਸ਼ਨ' ਦੀ ਇੱਕ ਮੀਟਿੰਗ ਦੌਰਾਨ ਵਪਾਰੀਆਂ, ਦੁਕਾਨਦਾਰਾਂ ਅਤੇ ਕਾਰੋਬਾਰੀਆਂ ਨਾਲ ਸਿੱਧੀ ਗੱਲਬਾਤ ਕੀਤੀ। ਉਨ੍ਹਾਂ ਨੇ ਗੱਲਬਾਤ ਅਤੇ ਜਵਾਬਦੇਹ ਸ਼ਾਸਨ ਰਾਹੀਂ ਵਪਾਰੀਆਂ ਦੀਆਂ ਚਿੰਤਾਵਾਂ ਨੂੰ ਹੱਲ ਕਰਨ ਲਈ ਭਗਵੰਤ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਮੁੜ ਦੁਹਰਾਇਆ। ਛੋਟੇ ਵਪਾਰੀਆਂ ਨੂੰ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਦੱਸਦਿਆਂ 'ਆਪ' ਸੁਪਰੀਮੋ ਨੇ ਕਿਹਾ ਕਿ ਜਿੱਥੇ ਪਿਛਲੀਆਂ ਸਰਕਾਰਾਂ ਨੇ ਉਨ੍ਹਾਂ ਦੇ ਮਸਲਿਆਂ ਨੂੰ ਨਜ਼ਰ-ਅੰਦਾਜ਼ ਕੀਤਾ ਅਤੇ ਉਨ੍ਹਾਂ ਨੂੰ ਪਰੇਸ਼ਾਨੀ ਤੇ ਜਬਰੀ ਉਗਰਾਹੀ ਦਾ ਸ਼ਿਕਾਰ ਬਣਾਇਆ, ਉੱਥੇ ਭਗਵੰਤ ਮਾਨ ਸਰਕਾਰ ਨੇ ਅਜਿਹੀਆਂ ਪ੍ਰਥਾਵਾਂ ਨੂੰ ਖਤਮ ਕਰ ਦਿੱਤਾ ਹੈ ਅਤੇ ਵਪਾਰੀ ਕਮਿਸ਼ਨ ਦਾ ਗਠਨ ਕੀਤਾ ਹੈ ਤਾਂ ਜੋ ਵਪਾਰੀ ਵਰਗ ਨੂੰ ਦਰਪੇਸ਼ ਛੋਟੀਆਂ ਤੋਂ ਛੋਟੀਆਂ ਸਮੱਸਿਆਵਾਂ ਦਾ ਵੀ ਤੁਰੰਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਯਕੀਨੀ ਬਣਾਇਆ ਜਾ ਸਕੇ। ਦੂਜੇ ਪਾਸੇ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦਹਾਕਿਆਂ ਦੇ ਸ਼ੋਸ਼ਣ ਅਤੇ ਮਾੜੇ ਸ਼ਾਸਨ ਤੋਂ ਮੁਕਤ ਹੋ ਚੁੱਕਾ ਹੈ, ਜਿਸ ਨਾਲ ਜਨਤਕ ਭਲਾਈ 'ਤੇ ਕੇਂਦਰਿਤ ਪਾਰਦਰਸ਼ੀ ਅਤੇ ਵਿਕਾਸ-ਮੁਖੀ (ਬਾਕੀ ਸਫਾ 2 'ਤੇ)

## ਪੰਜਾਬ ਭਾਜਪਾ ਨੂੰ ਗ੍ਰਹਿ ਮੰਤਰੀ ਵੱਲੋਂ ਮੰਤਰ

# ਸੂਬੇ ਦੀਆਂ 117 ਸੀਟਾਂ 'ਤੇ ਇਕੱਲਿਆਂ ਚੋਣ ਲੜਨ ਦੀ ਕੀਤੀ ਜਾਵੇ ਤਿਆਰੀ: ਅਮਿਤ ਸ਼ਾਹ



ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 13 ਜੂਨ: ਕੇਂਦਰ ਵਿੱਚ ਸੱਤਾਧਾਰੀ ਭਾਜਪਾ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਪੰਜਾਬ ਨੂੰ ਮੌਜੂਦਾ ਵਿੱਤੀ ਗਿਰਾਵਟ ਵਿੱਚੋਂ ਬਾਹਰ ਕੱਢਣਾ ਸਰਕਾਰ ਅਤੇ ਪਾਰਟੀ ਦੀ ਪ੍ਰਮੁੱਖ ਤਰਜੀਹ ਹੈ ਅਤੇ ਅੱਗੇ ਵਧਦਿਆਂ ਸਾਰੀਆਂ ਰਣਨੀਤੀਆਂ, ਨੀਤੀਗਤ ਅਤੇ ਸਿਆਸੀ, ਇਸ ਟੀਚੇ ਨਾਲ ਮੇਲ ਖਾਂਦੀਆਂ ਹੋਣਗੀਆਂ।

ਦਿੱਲੀ ਵਿੱਚ ਬੀਤੀ ਰਾਤ ਪੰਜਾਬ ਚੋਣ ਰਣਨੀਤੀ 'ਤੇ ਪਹਿਲੀ ਵਿਚਾਰ-ਵਟਾਂਦਰਾ ਮੀਟਿੰਗ ਹੋਈ। ਜਿਸ ਦੀ ਪ੍ਰਧਾਨਗੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਨੇ ਕੀਤੀ, ਦੋਵਾਂ ਆਗੂਆਂ ਨੇ ਸੂਬਾਈ ਲੀਡਰਸ਼ਿਪ ਨੂੰ ਇਕੱਲੇ ਚੋਣ ਲੜਨ ਅਤੇ ਸਾਰੀਆਂ 117 ਸੀਟਾਂ 'ਤੇ ਲੜਨ ਲਈ ਤਿਆਰ ਰਹਿਣ ਲਈ ਕਿਹਾ। ਸ਼ਾਹ ਨੇ ਭਾਗ ਲੈਣ ਵਾਲੇ ਆਗੂਆਂ ਨੂੰ ਇਹ ਵੀ ਕਿਹਾ ਕਿ ਉਹ – 'ਲੋਕਾਂ ਦੇ ਦਿਲ ਜਿੱਤਣ ਅਤੇ ਪਾਰਟੀ ਦੇ ਬਿਰਤਾਂਤ ਨੂੰ (ਬਾਕੀ ਸਫਾ 2 'ਤੇ)

## ਭਾਜਪਾ ਹੁਣ ਕਿਸੇ ਵੀ ਗੱਠਜੋੜ ਵਿੱਚ 'ਛੋਟੇ ਭਰਾ' ਵਾਲੀ ਭੂਮਿਕਾ 'ਚ ਨਹੀਂ ਰਹੇਗੀ: ਪੁਰੀ



ਰਵਿੰਦਰ ਸਿੰਘ ਨਿੱਝਰ/ਵਿਸ਼ਾਲ ਸ਼ਰਮਾ
================

ਲੁਧਿਆਣਾ, 13 ਜੂਨ: ਪੰਜਾਬ ਵਿਚ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਵਿਚਾਲੇ ਗੱਠਜੋੜ ਦੀਆਂ ਚਰਚਾਵਾਂ ਕਾਫ਼ੀ ਲੰਮੇ ਸਮੇਂ ਤੋਂ ਚੱਲ ਰਹੀਆਂ ਹਨ। ਇਸ ਵਿਚਾਲੇ ਹੁਣ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਨੇ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਕਿਸੇ ਵੀ ਗੱਠਜੋੜ ਵਿਚ ਭਾਜਪਾ ਹੁਣ 'ਛੋਟੇ ਭਰਾ' ਵਾਲੀ ਭੂਮਿਕਾ ਵਿਚ ਨਹੀਂ ਰਹੇਗੀ।

ਪੁਰੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਕਾਰਜਕਾਲ ਦੇ 12 ਸਾਲ ਪੂਰੇ ਹੋਣ 'ਤੇ ਇਥੇ ਇੱਕ ਨਿੱਜੀ ਹੋਟਲ 'ਚ ਪ੍ਰੈਸ ਕਾਨਫਰੰਸ ਕੀਤੀ। ਪ੍ਰੈਸ ਕਾਨਫ਼ਰੰਸ ਦੌਰਾਨ ਪੱਤਰਕਾਰਾਂ ਵੱਲੋਂ ਪੁੱਛੇ ਸਵਾਲ (ਬਾਕੀ ਸਫਾ 2 'ਤੇ)

## ਲੈਫ਼ਟੀਨੈਂਟ ਜਨਰਲ ਧੀਰਜ ਸੇਠ ਹੋਣਗੇ ਅਗਲੇ ਫ਼ੌਜ ਮੁਖੀ

ਨਵੀਂ ਦਿੱਲੀ, 13 ਜੂਨ (ਚ.ਨ.ਸ.):ਕੇਂਦਰ ਸਰਕਾਰ ਨੇ ਲੈਫਟੀਨੈਂਟ ਜਨਰਲ ਧੀਰਜ ਸੇਠ ਨੂੰ ਭਾਰਤੀ ਫੌਜ ਦਾ ਅਗਲਾ ਚੀਫ਼ ਆਫ਼ ਆਰਮੀ ਸਟਾਫ਼ ਨਿਯੁਕਤ ਕੀਤਾ ਹੈ। ਉਹ 31ਵੇਂ ਆਰਮੀ ਚੀਫ਼ ਹੋਣਗੇ। ਸੇਠ ਇਸ ਵੇਲੇ ਉਪ-ਆਰਮੀ ਸਟਾਫ ਵਜੋਂ ਸੇਵਾ ਨਿਭਾ ਰਹੇ ਹਨ।ਧੀਰਜ ਸੇਠ ਮੌਜੂਦਾ ਆਰਮੀ ਚੀਫ਼ ਜਨਰਲ ਉਪੇਂਦਰ ਦਿਵੇਦੀ ਦੀ ਥਾਂ ਲੈਣਗੇ। ਜਨਰਲ ਉਪੇਂਦਰ ਦਿਵੇਦੀ ਦਾ ਕਾਰਜਕਾਲ ਜੂਨ, 2026 ਤੱਕ ਹੈ। ਉਨ੍ਹਾਂ ਨੇ 30 ਜੂਨ, 2024 ਨੂੰ ਆਰਮੀ ਚੀਫ਼ ਦਾ ਅਹੁਦਾ ਸੰਭਾਲਿਆ। ਆਰਮੀ ਚੀਫ਼ ਦਾ ਕਾਰਜਕਾਲ 3 ਸਾਲ ਜਾਂ 62 ਸਾਲ ਦੀ ਉਮਰ ਤੱਕ, ਜੋ ਵੀ ਪਹਿਲਾਂ ਹੋਵੇ, ਲਈ ਹੈ। (ਬਾਕੀ ਸਫਾ 2 'ਤੇ)



## ਫਰਾਂਸ ਅਤੇ ਸਲੋਵਾਕੀਆ ਦੇ 6 ਦਿਨਾਂ ਦੌਰੇ 'ਤੇ ਰਵਾਨਾ ਹੋਏ ਮੋਦੀ

### 17 ਜੂਨ ਨੂੰ 77 ਸੰਮੇਲਨ ਵਿੱਚ ਲੈਣਗੇ ਹਿੱਸਾ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 13 ਜੂਨ:ਪ੍ਰਧਾਨ ਮੰਤਰੀ ਮੋਦੀ 13 ਤੋਂ 18 ਜੂਨ ਤੱਕ ਫਰਾਂਸ ਅਤੇ ਸਲੋਵਾਕੀਆ ਦੇ ਛੇ ਦਿਨਾਂ ਦੌਰੇ ਲਈ ਰਵਾਨਾ ਹੋ ਗਏ ਹਨ। ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਮੋਦੀ ਦਾ ਫਰਾਂਸ ਦਾ ਸੱਤਵਾਂ ਦੌਰਾ ਹੈ। 13-14 ਜੂਨ ਨੂੰ, ਉਹ ਨਾਇਸ ਸ਼ਹਿਰ ਵਿੱਚ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਨਾਲ ਦੁਵੱਲੀ ਗੱਲਬਾਤ ਕਰਨਗੇ ਅਤੇ 'ਇੰਡੀਆ ਇਨੋਵੇਟਸ' ਪ੍ਰੋਗਰਾਮ ਦਾ ਉਦਘਾਟਨ ਕਰਨਗੇ।

ਇਸ ਤੋਂ ਬਾਅਦ, ਉਹ ਸਲੋਵਾਕੀਆ ਲਈ ਰਵਾਨਾ ਹੋਣਗੇ, ਜਿੱਥੇ ਉਹ 15 ਜੂਨ ਤੱਕ ਰਹਿਣਗੇ। ਉਹ 16 ਜੂਨ ਨੂੰ ਪੈਰਿਸ ਵਾਪਸ ਆਉਣਗੇ। ਮੋਦੀ 17 ਜੂਨ ਨੂੰ 77 ਸੰਮੇਲਨ ਵਿੱਚ ਹਿੱਸਾ ਲੈਣਗੇ। ਸੰਮੇਲਨ ਵਿੱਚ ਵਿਚਾਰ-ਵਟਾਂਦਰੇ ਵਿਸ਼ਵ ਅਰਥਵਿਵਸਥਾ, ਅੰਤਰਰਾਸ਼ਟਰੀ ਸਹਿਯੋਗ, ਨਵੀਂ ਭਾਈਵਾਲੀ ਅਤੇ ਏਆਈ 'ਤੇ ਕੇਂਦ੍ਰਿਤ ਹੋਣਗੇ। ਪ੍ਰਧਾਨ ਮੰਤਰੀ ਮੋਦੀ ਅਮਰੀਕੀ ਰਾਸ਼ਟਰਪਤੀ ਟਰੰਪ ਸਮੇਤ (ਬਾਕੀ ਸਫਾ 2 'ਤੇ)

## ਆਸਾਮ 'ਚ ਹਵਾਈ ਫ਼ੌਜ ਦਾ ਜਹਾਜ਼ ਹਾਦਸਾਗ੍ਰਸਤ ਹੋਣ ਕਾਰਨ ਦੋ ਅਗਨੀਵੀਰਾਂ ਸਮੇਤ 5 ਜਵਾਨ ਸ਼ਹੀਦ

ਚੜ੍ਹਦੀਕਲਾ ਬਿਊਰੋ
================



ਗੁਹਾਟੀ,13 ਜੂਨ : ਆਸਾਮ ਦੇ ਜੋਰਹਾਟ ਵਿੱਚ ਭਾਰਤੀ ਹਵਾਈ ਫੌਜ ਦਾ ਇੱਕ ਏ.ਐਨ.-32 ਮਾਲਵਾਹਕ ਜਹਾਜ਼ ਲੈਂਡਿੰਗ ਦੌਰਾਨ ਇੱਕ ਭਿਆਨਕ ਹਾਦਸੇ ਦਾ ਸ਼ਿਕਾਰ ਹੋ ਗਿਆ। ਹਵਾਈ ਸੈਨਾ ਦੇ ਅਧਿਕਾਰੀਆਂ ਵੱਲੋਂ ਮਿਲੀ ਜਾਣਕਾਰੀ ਅਨੁਸਾਰ, ਜਹਾਜ਼ ਦੇ ਲੈਂਡ ਕਰਦੇ ਹੀ ਇਸ ਨੂੰ ਭਿਆਨਕ ਅੱਗ ਲੱਗ ਗਈ ਅਤੇ ਇਹ ਦੋ ਹਿੱਸਿਆਂ ਵਿੱਚ ਬੁਰੀ ਤਰ੍ਹਾਂ ਟੁੱਟ ਗਿਆ।

ਇਸ ਦਰਦਨਾਕ ਹਾਦਸੇ ਵਿੱਚ ਦੋ ਅਗਨੀਵੀਰਾਂ ਸਮੇਤ ਹਵਾਈ ਫੌਜ ਦੇ ਪੰਜ ਜਵਾਨ ਸ਼ਹੀਦ ਹੋ ਗਏ, ਜਦੋਂਕਿ ਜਹਾਜ਼ ਦਾ ਸਹਿ-ਪਾਇਲਟ ਕਿਸੇ ਤਰ੍ਹਾਂ ਆਪਣੀ ਜਾਨ ਬਚਾਉਣ ਵਿੱਚ ਕਾਮਯਾਬ ਰਿਹਾ।ਇਸ ਮੰਦਭਾਗੀ ਘਟਨਾ ਵਿੱਚ ਸ਼ਹੀਦ ਹੋਣ ਵਾਲੇ ਹਵਾਈ ਫੌਜ ਦੇ ਜਾਂਬਾਜ਼ਾਂ ਵਿੱਚ ਸਕੁਐਡਰਨ ਲੀਡਰ ਪ੍ਰਸ਼ਾਂਤ ਸਿੰਘ, ਫਲਾਈਟ ਲੈਫਟੀਨੈਂਟ ਸ਼ੁਭਮ ਕੁਮਾਰ, ਸਰਜੰਟ ਜਿਤੇਂਦਰ ਸ਼ਰਮਾ, ਅਗਨੀਵੀਰ ਵਾਯੂ ਖੇਮਾਰਾਮ ਕੁਮਾਵਤ ਅਤੇ ਅਗਨੀਵੀਰ ਵਾਯੂ ਦਾਨਿਸ਼ ਆਲਮ ਸ਼ਾਮਲ ਹਨ। ਹਵਾਈ ਸੈਨਾ ਨੇ ਹਾਦਸੇ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਕੋਰਟ ਆਫ ਇਨਕੁਆਇਰੀ ਦੇ ਹੁਕਮ ਦਿੱਤੇ ਹਨ। ਜਹਾਜ਼ ਨੇ ਛੇ ਵਿਅਕਤੀਆਂ, ਜਿਨ੍ਹਾਂ ਵਿੱਚ ਪਾਇਲਟ ਵੀ ਸ਼ਾਮਲ ਸਨ, ਦੇ ਨਾਲ ਜੋਰਹਾਟ ਸਥਿਤ ਹਵਾਈ ਸੈਨਾ ਦੇ ਬੇਸ ਤੋਂ ਉਡਾਣ ਭਰੀ ਸੀ। ਸੂਤਰਾਂ ਅਨੁਸਾਰ ਪਾਇਲਟ ਨੇ ਉਡਾਣ ਭਰਨ ਤੋਂ ਤੁਰੰਤ ਬਾਅਦ ਤਕਨੀਕੀ ਖਰਾਬੀ ਦੀ ਰਿਪੋਰਟ ਕੀਤੀ ਅਤੇ ਏਅਰਬੇਸ 'ਤੇ ਵਾਪਸ ਆਉਣ ਦਾ ਫੈਸਲਾ ਕੀਤਾ।ਹਾਲਾਂਕਿ, ਲੈਂਡ ਕਰਨ ਦੀ ਕੋਸ਼ਿਸ਼ ਦੌਰਾਨ, ਜਹਾਜ਼ ਰਨਵੇ ਤੋਂ ਫਿਸਲ ਗਿਆ ਅਤੇ ਹਾਦਸਾਗ੍ਰਸਤ ਹੋ ਗਿਆ। ਕਰੈਸ਼-ਲੈਂਡਿੰਗ ਤੋਂ ਬਾਅਦ ਅੱਗ ਲੱਗ ਗਈ, ਜਿਸ ਦੇ ਨਤੀਜੇ ਵਜੋਂ ਪੰਜ ਜਵਾਨਾਂ ਦੀ ਮੌਤ ਹੋ ਗਈ। ਹਵਾਈ ਸੈਨਾ ਨੇ ਪਹਿਲਾਂ 'ਐਕਸ' 'ਤੇ ਇੱਕ ਪੋਸਟ ਵਿੱਚ (ਬਾਕੀ ਸਫਾ 2 'ਤੇ)

## ਪੰਜਾਬ 'ਚ ਸਰਕਾਰ ਬਣਾਉਣਾ ਭਾਜਪਾ ਦਾ ਅਗਲਾ ਨਿਸ਼ਾਨਾ: ਮਨੋਹਰ ਲਾਲ ਖੱਟੜ



ਬਬਲੂ ਮਹਾਜਨ
================

ਅੰਮ੍ਰਿਤਸਰ, 13 ਜੂਨ: ਕੇਂਦਰੀ ਮੰਤਰੀ ਮਨੋਹਰ ਲਾਲ ਖੱਟੜ ਨੇ ਆਪਣੇ ਅੰਮ੍ਰਿਤਸਰ ਦੌਰੇ ਦੌਰਾਨ ਪਹਿਲਾਂ ਵਪਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਅਤੇ ਬਾਅਦ ਵਿੱਚ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ 12 ਸਾਲਾਂ ਦੇ ਕਾਰਜਕਾਲ ਦੀਆਂ ਉਪਲਬਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਦੇਸ਼ ਦੀ ਰਾਜਨੀਤੀ ਦੀ ਦਿਸ਼ਾ ਅਤੇ ਤਸਵੀਰ ਬਦਲਣ ਦਾ ਕੰਮ ਕੀਤਾ ਹੈ, ਜਿਸ ਨਾਲ ਲੋਕਾਂ ਦਾ ਰਾਜਨੀਤਿਕ ਨੇਤ੍ਰਿਤਵ ਪ੍ਰਤੀ ਭਰੋਸਾ ਮਜ਼ਬੂਤ ਹੋਇਆ ਹੈ।

ਖੱਟੜ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਗਰੀਬ ਕਲਿਆਣ, ਬੁਨਿਆਦੀ ਢਾਂਚੇ ਦੇ ਵਿਕਾਸ, ਰਾਸ਼ਟਰੀ ਸੁਰੱਖਿਆ ਅਤੇ ਭ੍ਰਿਸ਼ਟਾਚਾਰ ਖ਼ਿਲਾਫ਼ ਲੜਾਈ ਦੇ ਖੇਤਰਾਂ ਵਿੱਚ ਮਹੱਤਵਪੂਰਨ ਕੰਮ ਕੀਤੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਕਰੋੜਾਂ ਲੋਕ ਗਰੀਬੀ ਰੇਖਾ ਤੋਂ ਉੱਪਰ ਆਏ ਹਨ (ਬਾਕੀ ਸਫਾ 2 'ਤੇ)

## ਅੰਮ੍ਰਿਤਸਰ ਪੁੱਜੇ 'ਕਾਕਰੋਚ ਜਨਤਾ ਪਾਰਟੀ' ਦੇ ਆਗੂ

## ਦੇਸ਼ ਦਾ ਕੋਈ ਵੀ ਅੰਦੋਲਨ ਹੋਵੇ, ਪੰਜਾਬ ਤੋਂ ਬਿਨਾਂ ਪੂਰਾ ਨਹੀਂ ਹੋਇਆ: ਅਭਿਜੀਤ ਦੀਪਕੇ



ਬਬਲੂ ਮਹਾਜਨ
================

ਅੰਮ੍ਰਿਤਸਰ, 13 ਜੂਨ : ਕਾਕਰੋਚ ਜਨਤਾ ਪਾਰਟੀ ਵੱਲੋਂ ਅੱਜ ਪੰਜਾਬ ਵਿਚ ਪਹਿਲਾ ਧਰਨਾ ਪ੍ਰਦਰਸ਼ਨ ਕੀਤਾ ਗਿਆ। ਪਾਰਟੀ ਵੱਲੋਂ ਅੱਜ ਨੌਜਵਾਨਾਂ ਨੂੰ ਅੰਮ੍ਰਿਤਸਰ ਦੇ ਗੋਲਡਨ ਗੇਟ ਵਿਖੇ ਇਕੱਠੇ ਹੋਣ ਦਾ ਸੱਦਾ ਦਿੱਤਾ ਗਿਆ ਸੀ, ਜਿੱਥੇ ਉਨ੍ਹਾਂ ਵੱਲੋਂ ਸ਼ਾਂਤਮਈ ਰੋਸ ਪ੍ਰਦਰਸ਼ਨ ਕੀਤਾ ਗਿਆ। ਪਾਰਟੀ ਦੇ ਫਾਊਂਡਰ ਅਭਿਜੀਤ ਦੀਪਕੇ ਦੁਪਹਿਰ ਨੂੰ ਗੋਲਡਨ ਟੈਂਪਲ ਪਹੁੰਚੇ। ਇਸ ਦੇ ਬਾਅਦ ਉਹ ਗੋਲਡਨ ਗੇਟ ਆਏ ਜਿਥੇ ਪ੍ਰਦਰਸ਼ਨ ਲਈ ਸਮਰਥਕ ਵੀ ਪਹੁੰਚੇ। ਅਭਿਜੀਤ ਨੇ ਕਿਹਾ ਕਿ ਇਥੇ ਪੁਣੇ ਤੇ ਦਿੱਲੀ ਤੋਂ ਵੀ (ਬਾਕੀ ਸਫਾ 2 'ਤੇ)

## ਭਾਰਤ ਵੱਲੋਂ ਬੈਲਿਸਟਿਕ ਮਿਜ਼ਾਈਲਾਂ ਵਿਰੁੱਧ ਹਵਾਈ ਰੱਖਿਆ ਦਾ ਪ੍ਰੀਖਣ

ਨਵੀਂ ਦਿੱਲੀ, 13 ਜੂਨ (ਚ.ਨ.ਸ.): ਦੇਸ਼ ਦੀ ਹਵਾਈ ਰੱਖਿਆ ਸਮਰੱਥਾ ਨੂੰ ਅਗਲੇ ਪੱਧਰ 'ਤੇ ਲਿਜਾਂਦੇ ਹੋਏ ਰੱਖਿਆ ਖੋਜ ਅਤੇ ਵਿਕਾਸ ਸੰਗਠਨ (ਡੀਆਰਡੀਓ) ਨੇ ਲੰਬੀ ਦੂਰੀ ਦੀਆਂ ਬੈਲਿਸਟਿਕ ਮਿਜ਼ਾਈਲਾਂ ਵਿਰੁੱਧ ਬਹੁ-ਪੱਧਰੀ ਰੱਖਿਆ ਦਾ ਪ੍ਰਦਰਸ਼ਨ ਕਰਨ ਲਈ ਲਗਾਤਾਰ ਤਿੰਨ ਸਫਲ ਉਡਾਣ ਪ੍ਰੀਖਣ ਕੀਤੇ ਹਨ। ਇਸ ਨੇ ਸਮੁੰਦਰ ਵਿੱਚ ਜਹਾਜ਼ਾਂ ਨੂੰ ਨਿਸ਼ਾਨਾ ਬਣਾਉਣ ਲਈ ਇੱਕ ਨਵੀਂ ਮਿਜ਼ਾਈਲ ਦਾ ਵੀ ਪ੍ਰੀਖਣ ਕੀਤਾ ਹੈ। ਰੱਖਿਆ ਮੰਤਰਾਲੇ ਨੇ ਸ਼ਨਿਚਰਵਾਰ ਨੂੰ ਕਿਹਾ ਕਿ 10 ਅਤੇ 11 ਜੂਨ ਨੂੰ ਕੀਤੇ ਗਏ ਪ੍ਰੀਖਣਾਂ ਦੀ ਲੜੀ ਵਿੱਚ ਬਹੁ-ਪੱਧਰੀ ਬੈਲਿਸਟਿਕ ਮਿਜ਼ਾਈਲ ਰੱਖਿਆ ਸਮਰੱਥਾ ਦਾ ਸਫਲਤਾਪੂਰਵਕ ਪ੍ਰਦਰਸ਼ਨ ਕੀਤਾ ਗਿਆ। ਮੰਤਰਾਲੇ ਨੇ ਕਿਹਾ, 'ਇੰਟਰਸੈਪਟਰਾਂ (ਆਉਣ ਵਾਲੇ ਖਤਰਿਆਂ ਨੂੰ ਡੇਗਣ ਲਈ ਚਲਾਈਆਂ (ਬਾਕੀ ਸਫਾ 2 'ਤੇ)

## ਪੰਜਾਬ ਦੀਆਂ 4 ਨਗਰ ਕੌਂਸਲਾਂ ਦੇ ਚੋਣ ਨਤੀਜਿਆਂ ਦਾ ਐਲਾਨ

ਚੜ੍ਹਦੀਕਲਾ ਬਿਊਰੋ
================



ਗੁਰਦਾਸਪੁਰ, 13 ਜੂਨ: ਪੰਜਾਬ ਦੀਆਂ 4 ਨਗਰ ਕੌਂਸਲਾਂ ਗੁਰਦਾਸਪੁਰ, ਦੀਨਾਨਗਰ, ਕਾਦੀਆਂ ਅਤੇ ਸ਼ਾਮਚੁਰਾਸੀ (ਹੁਸ਼ਿਆਰਪੁਰ) ਵਿਚ ਅੱਜ ਵੋਟਾਂ ਪਈਆਂ। ਸਵੇਰੇ 8 ਵਜੇ ਵੋਟਿੰਗ ਦੀ ਪ੍ਰਕਿਰਿਆ ਸ਼ੁਰੂ ਹੋਈ, ਜੋ ਸ਼ਾਮ 4 ਵਜੇ ਸ਼ਾਂਤੀਪੂਰਨ ਢੰਗ ਨਾਲ ਮੁਕੰਮਲ ਹੋਈ। ਇਸ ਸਬੰਧੀ ਪੁਲਿਸ ਵੱਲੋਂ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ। ਵੋਟਿੰਗ ਖ਼ਤਮ ਹੁੰਦੇ ਹੀ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਪੋਲਿੰਗ ਸਟੇਸ਼ਨਾਂ ਦੇ ਅੰਦਰ ਹੀ ਵੋਟਾਂ ਦੀ ਗਿਣਤੀ ਵੀ ਕੀਤੀ ਗਈ ਅਤੇ ਇਨ੍ਹਾਂ ਨਗਰ ਕੌਂਸਲਾਂ ਦੇ ਨਤੀਜੇ ਐਲਾਨੇ ਗਏ।

ਕਾਂਗਰਸ ਨੇ ਗੁਰਦਾਸਪੁਰ ਨਗਰ ਕੌਂਸਲ 'ਤੇ ਕੀਤਾ ਮੁੜ ਕਬਜ਼ਾ, 23 ਵਾਰਡਾਂ 'ਚ ਜਿੱਤ ਕੀਤੀ ਹਾਸਲ: ਗੁਰਦਾਸਪੁਰ ਨਗਰ ਕੌਂਸਲ ਦੇ 29 ਵਾਰਡਾਂ ਲਈ ਹੋਈਆਂ ਚੋਣਾਂ ਵਿੱਚ ਕਾਂਗਰਸ ਨੇ ਇਕ ਵਾਰ ਫਿਰ 23 ਵਾਰਡਾਂ 'ਤੇ ਕਬਜ਼ਾ ਕਰ ਲਿਆ ਹੈ। ਗੁਰਦਾਸਪੁਰ ਨਗਰ ਕੌਂਸਲ 'ਤੇ ਕਬਜ਼ਾ ਬਰਕਰਾਰ ਰੱਖਿਆ।

ਪਿਛਲੀਆਂ ਨਗਰ ਕੌਂਸਲ ਚੋਣਾਂ ਵਿੱਚ, ਕਾਂਗਰਸ ਨੇ ਸਾਰੀਆਂ 29 ਸੀਟਾਂ ਜਿੱਤੀਆਂ ਸਨ। ਗੁਰਦਾਸਪੁਰ ਨਗਰ ਕੌਂਸਲ ਚੋਣਾਂ 'ਚ ਕਾਂਗਰਸ ਨੇ 23 ਸੀਟਾਂ ਜਿੱਤੀਆਂ, ਆਮ ਆਦਮੀ ਪਾਰਟੀ ਨੇ 5 ਜਿੱਤੀਆਂ ਅਤੇ ਇਕ ਆਜ਼ਾਦ ਉਮੀਦਵਾਰ ਨੂੰ ਜੇਤੂ ਐਲਾਨਿਆ ਗਿਆ। (ਬਾਕੀ ਸਫਾ 2 'ਤੇ)

## ਝੱਖੜ ਕਾਰਨ ਪੰਜਾਬ ਦੇ ਬਿਜਲੀ ਢਾਂਚੇ ਨੂੰ ਪੁੱਜਾ ਕਰੋੜਾਂ ਦਾ ਨੁਕਸਾਨ

ਪਟਿਆਲਾ, 13 ਜੂਨ (ਚ.ਨ.ਸ.): ਪੰਜਾਬ ਦੇ ਕੁਝ ਇਲਾਕਿਆਂ ਵਿੱਚ ਪਿਛਲੇ 36 ਘੰਟਿਆਂ ਦੌਰਾਨ ਤੇਜ਼ ਝੱਖੜ ਅਤੇ ਗਰਜ-ਚਮਕ ਦੇ ਨਾਲ ਮੀਂਹ ਪਿਆ। ਇਸ ਕਾਰਨ ਬਿਜਲੀ ਦੇ ਕਈ ਖੰਭਿਆਂ ਅਤੇ ਟਰਾਂਸਫਾਰਮਰਾਂ ਨੂੰ ਨੁਕਸਾਨ ਪਹੁੰਚਿਆ ਹੈ, ਜਿਸ ਨਾਲ ਬਿਜਲੀ ਸਪਲਾਈ ਠੱਪ ਹੋ ਗਈ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐੱਸ.ਪੀ.ਸੀ.ਐੱਲ.) ਨੂੰ ਭਾਰੀ ਨੁਕਸਾਨ ਝੱਲਣਾ ਪਿਆ ਹੈ। ਇਸ ਝੱਖੜ ਕਾਰਨ ਕਰੋੜਾਂ ਰੁਪਏ ਦੇ ਬਿਜਲੀ ਢਾਂਚੇ ਦਾ ਨੁਕਸਾਨ ਤਾਂ ਹੋਇਆ ਹੀ ਹੈ, ਨਾਲ ਹੀ ਟਰਾਂਸਫਾਰਮਰ, ਹਾਈ-ਟੈਂਸ਼ਨ ਤਾਰਾਂ ਅਤੇ ਖੰਭੇ ਟੁੱਟਣ ਕਰਕੇ ਕਈ ਇਲਾਕਿਆਂ (ਬਾਕੀ ਸਫਾ 2 'ਤੇ)







### ਭਾਰਤੀ ਜਹਾਜ਼ਾਂ 'ਤੇ ਹਮਲੇ ਦਾ ਮਾਮਲਾ

## ਅਮਰੀਕੀ ਰਾਜਦੂਤ ਦੂਜੀ ਵਾਰ ਤਲਬ

ਨਵੀਂ ਦਿੱਲੀ , 13 ਜੂਨ (ਚ.ਨ.ਸ.):ਭਾਰਤ ਨੇ ਓਮਾਨ ਤੱਟ ਦੇ ਨੇੜੇ ਵਪਾਰਕ ਜਹਾਜ਼ਾਂ 'ਚ ਸਵਾਰ ਭਾਰਤੀ ਮਲਾਹਾਂ 'ਤੇ ਅਮਰੀਕੀ ਫੌਜ ਦੇ ਹਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਇਕ ਵਾਰ ਫਿਰ ਸ਼ੁੱਕਰਵਾਰ ਨੂੰ ਇੱਥੇ ਸਥਿਤ ਅਮਰੀਕੀ ਦੂਤਘਰ ਦੇ ਮੁਖੀ ਰਾਜਦੂਤ ਜੇਸਨ ਮੀਕਸ ਨੂੰ ਤਲਬ ਕਰ ਕੇ ਸਖ਼ਤ ਵਿਰੋਧ ਪ੍ਰਗਟਾਇਆ ਹੈ।ਬੀਤੇ 4 ਦਿਨਾਂ 'ਚ ਇਹ ਦੂਜਾ ਮੌਕਾ ਹੈ ਜਦੋਂ ਵਿਦੇਸ਼ ਮੰਤਰਾਲੇ ਨੇ ਅਮਰੀਕੀ ਰਾਜਦੂਤ ਨੂੰ ਬੁਲਾ ਕੇ ਭਾਰਤ ਦੀਆਂ ਚਿੰਤਾਵਾਂ ਅਤੇ ਵਿਰੋਧ ਤੋਂ ਜਾਣੂ ਕਰਾਉਂਦੇ ਹੋਏ ਇਸ ਤਰ੍ਹਾਂ ਦੇ ਹਮਲਿਆਂ ਨੂੰ ਰੋਕਣ ਲਈ ਕਿਹਾ ਹੈ। ਵਿਦੇਸ਼ ਮੰਤਰਾਲੇ 'ਚ ਐਡੀਸ਼ਨਲ ਸਕੱਤਰ (ਅਮਰੀਕਾ) ਨਾਗਰਾਜ ਨਾਇਡੂ ਨੇ ਮੀਕਸ ਦੇ ਸਾਹਮਣੇ ਭਾਰਤੀ ਮਲਾਹਾਂ ਦੀ ਸੁਰੱਖਿਆ ਦਾ ਮੁੱਦਾ (ਬਾਕੀ ਸਫਾ 2 'ਤੇ)

## ਰੱਖਿਆ ਮੰਤਰੀ ਦੀ ਪਾਕਿ ਨੂੰ ਖੁੱਲ੍ਹੀ ਚਿਤਾਵਨੀ

# 'ਅੱਤਵਾਦ ਦੇ ਸਰਪ੍ਰਸਤਾਂ ਤੱਕ ਨਹੀਂ ਪੁੱਜਣ ਦੇਵਾਂਗੇ ਸਿੰਧੂ ਦਾ ਪਾਣੀ'

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 13 ਜੂਨ: ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਪਾਕਿਸਤਾਨ ਨੂੰ ਸਖ਼ਤ ਸੁਨੇਹਾ ਦਿੰਦਿਆਂ ਕਿਹਾ ਹੈ ਕਿ ਅੱਤਵਾਦ ਦੇ ਸਰਪ੍ਰਸਤਾਂ ਤੱਕ ਸਿੰਧੂ ਨਦੀ ਦਾ ਪਾਣੀ ਨਹੀਂ ਪਹੁੰਚਣ ਦਿੱਤਾ ਜਾਵੇਗਾ। ਰੱਖਿਆ ਮੰਤਰੀ ਨੇ ਸਾਫ਼ ਤੌਰ 'ਤੇ ਕਿਹਾ ਕਿ ਭਾਰਤ ਅਮਨ-ਸ਼ਾਂਤੀ ਦੀ ਭਾਸ਼ਾ ਨਾ ਸਮਝਣ ਵਾਲਿਆਂ ਨੂੰ ਜਵਾਬ ਦੇਣਾ ਚੰਗੀ ਤਰ੍ਹਾਂ ਜਾਣਦਾ ਹੈ ਅਤੇ ਜਦੋਂ ਤੱਕ ਪਾਕਿਸਤਾਨ ਸਰਹੱਦ ਪਾਰਲੇ ਅੱਤਵਾਦ ਨੂੰ ਪੂਰੀ ਤਰ੍ਹਾਂ ਬੰਦ ਨਹੀਂ ਕਰਦਾ, ਉਦੋਂ ਤੱਕ ਇਹ ਪਾਣੀ-ਵੰਡ ਸਮਝੌਤਾ ਮੁਲਤਵੀ ਹੀ ਰਹੇਗਾ।ਰੱਖਿਆ ਮੰਤਰੀ ਰਾਜਨਾਥ ਸਿੰਘ ਹੈਦਰਾਬਾਦ ਵਿੱਚ ਆਯੋਜਿਤ ਇੱਕ 'ਬੁੱਧੀਜੀਵੀ ਸੰਮੇਲਨ' ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨੇ 'ਆਪ੍ਰੇਸ਼ਨ ਸਿੰਦੂਰ' ਅਤੇ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਸਿੰਧੂ ਜਲ ਸੰਧੀ ਨੂੰ ਮੁਲਤਵੀ ਕੀਤੇ ਜਾਣ ਦਾ ਜ਼ਿਕਰ ਕੀਤਾ।ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਰਾਹੀਂ ਸਰਕਾਰ ਨੇ ਦੁਨੀਆ ਨੂੰ ਦਿਖਾ ਦਿੱਤਾ ਹੈ ਕਿ ਉਹ ਉਨ੍ਹਾਂ ਲੋਕਾਂ ਨੂੰ ਜਵਾਬ ਦੇਣਾ ਜਾਣਦੀ ਹੈ ਜੋ ਸ਼ਾਂਤੀ ਅਤੇ ਭਾਈਚਾਰੇ ਦੀ ਭਾਸ਼ਾ ਨਹੀਂ ਸਮਝਦੇ।ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ, 'ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਸਿੰਧੂ ਜਲ ਸੰਧੀ ਨੂੰ ਮੁਲਤਵੀ ਕਰਕੇ ਅਸੀਂ ਇਹ ਸੁਨੇਹਾ ਦਿੱਤਾ ਸੀ ਕਿ ਜਿਨ੍ਹਾਂ ਦੇ ਅੱਥਰੂ ਸੁੱਕ ਗਏ ਹਨ, ਉਨ੍ਹਾਂ ਨੂੰ ਸਾਡੇ ਕੋਲੋਂ ਪਾਣੀ ਦੀ ਉਮੀਦ ਨਹੀਂ ਕਰਨੀ ਚਾਹੀਦੀ। ਅਸੀਂ ਸਿੰਧੂ ਨਦੀ ਦਾ ਪਾਣੀ ਅੱਤਵਾਦੀਆਂ ਅਤੇ ਇਨਸਾਨੀਅਤ ਦੇ ਦੁਸ਼ਮਣਾਂ ਦੇ ਸਰਪ੍ਰਸਤਾਂ ਤੱਕ ਨਹੀਂ ਪਹੁੰਚਣ ਦਿਆਂਗੇ।'ਦੱਸ ਦੇਈਏ ਕਿ ਰੱਖਿਆ ਮੰਤਰੀ ਰਾਜਨਾਥ ਸਿੰਘ ਦਾ ਇਹ ਬਿਆਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਉਸ ਐਲਾਨ ਨੂੰ ਦੁਹਰਾਉਂਦਾ ਹੈ, ਜਿਸ ਵਿੱਚ ਉਨ੍ਹਾਂ ਨੇ ਕਿਹਾ ਸੀ ਕਿ ਖ਼ੂਨ ਅਤੇ ਪਾਣੀ ਇਕੱਠੇ ਨਹੀਂ ਵਹਿ ਸਕਦੇ।ਭਾਰਤ ਅਤੇ ਪਾਕਿਸਤਾਨ ਵਿਚਾਲੇ ਸਿੰਧੂ ਨਦੀ ਪ੍ਰਣਾਲੀ ਦੀਆਂ (ਬਾਕੀ ਸਫਾ 2 'ਤੇ)

## ਦੇਸ਼ ਦੇ ਕਈ ਹਿੱਸਿਆਂ 'ਚ ਭਾਰੀ ਮੀਂਹ ਦੀ ਚੇਤਾਵਨੀ

ਨਵੀਂ ਦਿੱਲੀ, 13 ਜੂਨ (ਚ.ਨ.ਸ.): ਦਿੱਲੀ ਐਨਸੀਆਰ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਲਗਾਤਾਰ ਮੀਂਹ ਪੈ ਰਿਹਾ ਹੈ, ਜਿਸ ਨਾਲ ਇਹ ਪ੍ਰਭਾਵ ਪੈ ਰਿਹਾ ਹੈ ਕਿ ਮਾਨਸੂਨ ਦੇਸ਼ ਭਰ ਵਿੱਚ ਆ ਗਿਆ ਹੈ। ਹਾਲਾਂਕਿ, ਰਾਜਸਥਾਨ, ਮਹਾਰਾਸ਼ਟਰ ਅਤੇ ਗੁਜਰਾਤ ਦੇ ਨੇੜੇ ਦੇ ਖੇਤਰ ਤੇਜ਼ ਗਰਮੀ ਦਾ ਸਾਹਮਣਾ ਕਰ ਰਹੇ ਹਨ। ਮੌਸਮ ਵਿਭਾਗ ਨੇ ਇਨ੍ਹਾਂ ਖੇਤਰਾਂ ਲਈ ਹੀਟਵੇਵ ਅਲਰਟ ਜਾਰੀ ਕੀਤੇ ਹਨ। ਇਸ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਮਾਨਸੂਨ ਨੂੰ ਦਿੱਲੀ ਪਹੁੰਚਣ ਵਿੱਚ ਲਗਭਗ ਦੋ ਹਫ਼ਤੇ ਹੋਰ ਲੱਗਣਗੇ। ਦਿੱਲੀ ਅਤੇ ਉੱਤਰੀ ਭਾਰਤ ਦੇ ਹੋਰ ਹਿੱਸਿਆਂ ਵਿੱਚ ਮੌਜੂਦਾ ਬਾਰਿਸ਼ ਪੱਛਮੀ ਗੜਬੜੀ ਕਾਰਨ ਹੈ; ਅਗਲੇ ਦੋ ਤੋਂ ਤਿੰਨ ਦਿਨਾਂ ਤੱਕ ਇਸੇ ਤਰ੍ਹਾਂ ਦੀਆਂ ਸਥਿਤੀਆਂ ਰਹਿਣ ਦੀ ਉਮੀਦ ਹੈ।ਆਈਐਮਡੀ ਦੇ ਅਨੁਸਾਰ, ਮਾਨਸੂਨ ਦੀ ਉੱਤਰੀ ਸੀਮਾ ਇਸ ਸਮੇਂ ਮਹਾਰਾਸ਼ਟਰ, ਤੇਲੰਗਾਨਾ, ਓਡੀਸ਼ਾ, ਬਿਹਾਰ ਅਤੇ (ਬਾਕੀ ਸਫਾ 2 'ਤੇ)

# ਪਹਿਲੇ ਸਫ਼ੇ ਦੀ ਬਾਕੀ

## ਮਾਨ ਸਰਕਾਰ ਵਪਾਰੀਆਂ,

ਸਾਸ਼ਨ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੋਈ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਉਲਟ, 'ਆਪ' ਸਰਕਾਰ ਵਿੱਚ ਸੱਤਾ ਵਿੱਚ ਚਾਰ ਸਾਲ ਪੂਰੇ ਕਰਨ ਤੋਂ ਬਾਅਦ ਸਿੱਧੇ ਤੌਰ 'ਤੇ ਲੋਕਾਂ ਤੋਂ ਫੀਡਬੈਕ ਮੰਗਣ ਦਾ ਭਰੋਸਾ ਹੈ, ਜਦੋਂ ਕਿ ਸਿੰਚਾਈ, ਰੁਜ਼ਗਾਰ, ਜਨਤਕ ਸੇਵਾਵਾਂ ਅਤੇ ਬੁਨਿਆਦੀ ਢਾਂਚੇ 'ਤੇ ਇਸ ਦੇ ਕੰਮ ਨੇ ਪੂਰੇ ਪੰਜਾਬ ਵਿੱਚ ਲੋਕਾਂ ਦੀ ਜ਼ਿੰਦਗੀ ਨੂੰ ਬਦਲ ਦਿੱਤਾ ਹੈ।

ਇੱਕ ਵਿਸਾਲ ਇਕੱਠ ਨੂੰ ਸੰਬੋਧਨ ਕਰਦਿਆਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ, "ਭਗਵੰਤ ਮਾਨ ਸਰਕਾਰ ਨੇ ਸੱਤਾ ਵਿੱਚ ਚਾਰ ਸਾਲ ਪੂਰੇ ਕਰ ਲਏ ਹਨ। ਚਾਰ ਸਾਲ ਕੰਮ ਕਰਨ ਤੋਂ ਬਾਅਦ ਮੈਨੂੰ ਪੰਜਾਬ ਦੇ ਇਤਿਹਾਸ ਵਿੱਚ ਅਜਿਹੀ ਕੋਈ ਸਰਕਾਰ ਯਾਦ ਨਹੀਂ ਹੈ, ਜੋ ਲੋਕਾਂ ਦੇ ਆਹਮੋ-ਸਾਹਮਣੇ ਬੈਠ ਕੇ ਅਜਿਹੀ ਚਰਚਾ ਕਰ ਸਕੇ। ਇਸ ਤੋਂ ਪਹਿਲਾਂ ਕਾਂਗਰਸ, ਭਾਜਪਾ ਅਤੇ ਅਕਾਲੀ ਦਲ ਦੀਆਂ ਸਰਕਾਰਾਂ ਆਈਆਂ। ਚਾਰ ਸਾਲ ਸੱਤਾ 'ਚ ਰਹਿਣ ਤੋਂ ਬਾਅਦ ਜਦੋਂ ਉਹ ਲੋਕਾਂ ਦੇ ਵਿਚਕਾਰ ਜਾਂਦੇ ਸਨ, ਤਾਂ ਪਿੰਡਾਂ ਵਾਲੇ ਉਨ੍ਹਾਂ ਨੂੰ ਵੜਨ ਵੀ ਨਹੀਂ ਦਿੰਦੇ ਸਨ। ਲੋਕ ਹੱਥਾਂ ਵਿੱਚ ਜੁੱਤੀਆਂ ਲੈ ਕੇ ਉਨ੍ਹਾਂ ਨੂੰ ਕੁੱਟਣ ਲਈ ਤਿਆਰ ਖੜ੍ਹੇ ਹੁੰਦੇ ਸਨ। ਅੱਜ ਜਦੋਂ ਅਸੀਂ ਲੋਕਾਂ ਦੇ ਵਿਚਕਾਰ ਜਾਂਦੇ ਹਾਂ, ਤਾਂ ਉਹ ਸਾਨੂੰ ਦੇਖ ਕੇ ਮੁਸਕਰਾਉਂਦੇ ਹਨ, ਸਾਡੀ ਤਾਰੀਫ ਕਰਦੇ ਹਨ ਅਤੇ ਸਾਨੂੰ ਗਲੇ ਲਗਾਉਣ ਲਈ ਤਿਆਰ ਰਹਿੰਦੇ ਹਨ। ਉਹ ਸਾਡੇ ਕੰਮ ਦੀ ਸ਼ਲਾਘਾ ਕਰਦੇ ਹਨ।"

ਇੱਕ ਰੋਡ ਸ਼ੋਅ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, "ਕੱਲ੍ਹ ਅਸੀਂ ਬਠਿੰਡਾ ਵਿੱਚ ਸੀ। ਨਗਰ ਨਿਗਮ ਦੇ ਸਾਨਦਾਰ ਨਤੀਜੇ ਹਾਸਲ ਕਰਨ ਅਤੇ ਮੇਅਰ ਬਣਾਉਣ ਤੋਂ ਬਾਅਦ ਅਸੀਂ ਉੱਥੇ ਇੱਕ ਰੋਡ ਸੋਅ ਕਰ ਰਹੇ ਸੀ। ਜਦੋਂ ਅਸੀਂ ਗਲੀਆਂ ਵਿੱਚੋਂ ਲੰਘ ਰਹੇ ਸੀ, ਤਾਂ ਲੋਕ ਸਾਡਾ ਸਵਾਗਤ ਕਰਨ ਲਈ ਆਪਣੀਆਂ ਦੁਕਾਨਾਂ ਤੋਂ ਬਾਹਰ ਆ ਗਏ। ਉਨ੍ਹਾਂ ਦੇ ਹਾਵ-ਭਾਵ ਤੋਂ ਸਾਫ ਪਤਾ ਲੱਗ ਰਿਹਾ ਸੀ, ਕਿ ਉਹ ਭਗਵੰਤ ਮਾਨ ਅਤੇ ਸਾਨੂੰ ਸਾਰਿਆਂ ਨੂੰ ਦੇਖ ਕੇ ਕਿੰਨੇ ਖੁਸ਼ ਸਨ। ਉਹ ਸੱਚਮੁੱਚ ਬਹੁਤ ਖੁਸ਼ ਸਨ। ਅੱਜ ਮੈਂ ਇੱਥੇ ਵੀ ਉਹੀ ਪ੍ਰਤੀਕਿਰਿਆ ਦੇਖ ਰਿਹਾ ਹਾਂ। ਜਿਸ ਤਰ੍ਹਾਂ ਤੁਸੀਂ ਸਾਰੇ ਸਰਕਾਰ ਦੀ ਤਾਰੀਫ ਕਰ ਰਹੇ ਹੋ ਅਤੇ ਇਸ ਦੇ ਕੰਮਾਂ ਦੀ ਸ਼ਲਾਘਾ ਕਰ ਰਹੇ ਹੋ, ਲੱਗਦਾ ਹੈ ਕਿ ਪੰਜਾਬ ਦੇ ਇਤਿਹਾਸ ਵਿੱਚ ਕੁਝ ਬਹੁਤ ਹੀ ਅਸਧਾਰਨ ਹੋ ਰਿਹਾ ਹੈ। ਪਹਿਲੀ ਵਾਰ ਕੋਈ ਸਰਕਾਰ ਆਪਣੇ ਚਾਰ ਸਾਲ ਪੂਰੇ ਕਰ ਚੁੱਕੀ ਹੈ ਅਤੇ ਲੋਕ ਅਜੇ ਵੀ ਉਸ ਸਰਕਾਰ ਨੂੰ ਪਸੰਦ ਕਰਦੇ ਹਨ ਅਤੇ ਉਸ ਨੂੰ ਦੁਬਾਰਾ ਵਾਪਸ ਲਿਆਉਣਾ ਚਾਹੁੰਦੇ ਹਨ।"

ਆਪਣੇ ਬਚਪਨ ਨੂੰ ਯਾਦ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਅੱਗੇ ਕਿਹਾ, "ਜਦੋਂ ਮੈਂ ਛੋਟਾ ਹੁੰਦਾ ਸੀ, ਮੈਂ ਗਰਮੀਆਂ ਦੀਆਂ ਛੁੱਟੀਆਂ ਆਪਣੇ ਦਾਦਾ ਜੀ ਦੇ ਘਰ ਬਿਤਾਉਂਦਾ ਸੀ। ਮੈਂ ਸਿਵਾਨੀ ਪਿੰਡ ਨਾਲ ਸਬੰਧਤ ਹਾਂ। ਬੱਸ ਸਟੈਂਡ 'ਤੇ ਸਾਡੀ ਕਰਿਆਨੇ ਦੀ ਦੁਕਾਨ ਸੀ ਅਤੇ ਮੈਂ ਦੁਪਹਿਰ ਵੇਲੇ ਉੱਥੇ ਬੈਠਦਾ ਹੁੰਦਾ ਸੀ। ਮੇਰੇ ਤਾਇਆ ਜੀ/ਚਾਚਾ ਜੀ ਇੱਕ ਛੋਟੇ ਵਪਾਰੀ ਸਨ। ਉਦੋਂ ਤੋਂ ਮੈਂ ਜਾਣਦਾ ਹਾਂ ਕਿ ਇਸ ਪੂਰੇ ਸਿਸਟਮ ਵਿੱਚ ਇੱਕ ਛੋਟੇ ਵਪਾਰੀ ਦੀ ਕੋਈ ਨਹੀਂ ਸੁਣਦਾ। ਜਦੋਂ ਸਰਕਾਰਾਂ ਪੰਜਾਬ ਦੀ ਆਰਥਿਕਤਾ, ਜੀਡੀਪੀ ਅਤੇ ਵਿਕਾਸ ਬਾਰੇ ਚਰਚਾ ਕਰਦੀਆਂ ਹਨ, ਤਾਂ ਵੀ ਧਿਆਨ ਸਿਰਫ ਵੱਡੇ ਉਦਯੋਗਪਤੀਆਂ ਅਤੇ ਕਰੋੜਾਂ-ਅਰਬਾਂ ਰੁਪਏ ਦੇ ਨਿਵੇਸਾਂ 'ਤੇ ਹੀ ਰਹਿੰਦਾ ਹੈ। ਪਰ ਸੂਬੇ ਦੀ ਅਸਲ ਰੀੜ੍ਹ ਦੀ ਹੱਡੀ ਛੋਟਾ ਵਪਾਰੀ ਹੈ। ਤੁਸੀਂ ਲੋਕ ਹੀ ਅਸਲ ਰੀੜ੍ਹ ਦੀ ਹੱਡੀ ਹੋ। ਵਪਾਰੀਆਂ ਦੀ ਗੱਲ ਤਾਂ ਹਰ ਕੋਈ ਕਰਦਾ ਹੈ, ਪਰ ਮੈਂ ਕੋਈ ਅਜਿਹੀ ਸਰਕਾਰ ਜਾਂ ਸਿਆਸੀ ਪਾਰਟੀ ਨਹੀਂ ਦੇਖੀ, ਜੋ ਸੱਚਮੁੱਚ ਵਪਾਰੀਆਂ ਕੋਲ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰੇ।"

ਉਨ੍ਹਾਂ ਅੱਗੇ ਕਿਹਾ, "ਜੇਕਰ ਤੁਹਾਡੀ ਦੁਕਾਨ ਦੇ ਸਾਹਮਣੇ ਵਾਲੀ ਸੜਕ ਟੁੱਟ ਜਾਵੇ ਜਾਂ ਬਿਜਲੀ ਦਾ ਖੰਭਾ ਖਰਾਬ ਹੋ ਜਾਵੇ, ਤਾਂ ਤੁਸੀਂ ਕੀ ਕਰਦੇ ਹੋ? ਤੁਸੀਂ ਸਰਕਾਰੀ ਦਫਤਰਾਂ, ਵਿਧਾਇਕਾਂ ਅਤੇ ਵੱਖ-ਵੱਖ ਵਿਭਾਗਾਂ ਦੇ ਚੱਕਰ ਕੱਟ-ਕੱਟ ਕੇ ਥੱਕ ਜਾਂਦੇ ਹੋ। ਇੱਕ ਸਟ੍ਰੀਟ ਲਾਈਟ ਠੀਕ ਕਰਵਾਉਣਾ ਵੀ ਇੱਕ ਬਹੁਤ ਵੱਡੀ ਜੱਦੋਜਹਿਦ ਬਣ ਜਾਂਦਾ ਹੈ। ਕੀ ਅਜਿਹਾ ਨਹੀਂ ਹੁੰਦਾ? ਇੱਕ ਛੋਟਾ ਜਿਹਾ ਕੰਮ ਵੀ ਤੁਹਾਨੂੰ ਨਿਢਾਲ ਕਰ ਦਿੰਦਾ ਹੈ।"

ਵਪਾਰੀ ਕਮਿਸਨ ਦੇ ਮਕਸਦ ਬਾਰੇ ਦੱਸਦਿਆਂ 'ਆਪ' ਮੁਖੀ ਨੇ ਜੋਰ ਦੇ ਕੇ ਕਿਹਾ, "ਇਹ ਯਕੀਨੀ ਬਣਾਉਣ ਲਈ ਕਿ ਇੱਕ ਛੋਟੇ ਵਪਾਰੀ ਦੀ ਆਵਾਜ ਸਿੱਧੀ ਮੁੱਖ ਮੰਤਰੀ ਤੱਕ ਪਹੁੰਚੇ, ਅਸੀਂ 'ਪੰਜਾਬ ਰਾਜ ਵਪਾਰੀ ਕਮਿਸਨ' ਦਾ ਗਠਨ ਕੀਤਾ ਹੈ। ਇਹ ਕਮਿਸਨ ਰਾਜ ਪੱਧਰ, ਜ਼ਿਲ੍ਹਾ ਪੱਧਰ ਅਤੇ ਹਲਕਾ ਪੱਧਰ 'ਤੇ ਕੰਮ ਕਰ ਰਿਹਾ ਹੈ। ਪੂਰੇ ਪੰਜਾਬ ਵਿੱਚ ਛੋਟੀਆਂ-ਵੱਡੀਆਂ ਕਰੀਬ 800 ਮੰਡੀਆਂ/ਬਾਜ਼ਾਰਾਂ ਦੀ ਨਿਸ਼ਾਨਦੇਹੀ ਕੀਤੀ ਗਈ ਹੈ। ਇਨ੍ਹਾਂ ਸਾਰੇ ਬਾਜ਼ਾਰਾਂ ਵਿੱਚ ਵਪਾਰੀਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਹਨ। ਵਪਾਰੀਆਂ ਨੇ ਜੋ ਵੀ ਮੰਗਾਂ ਉਠਾਈਆਂ, ਚਾਹੇ ਉਹ ਬਿਜਲੀ ਦੀਆਂ ਨੰਗੀਆਂ ਤਾਰਾਂ ਹੋਣ, ਟੁੱਟੀਆਂ ਸੜਕਾਂ, ਖਰਾਬ ਸਟ੍ਰੀਟ ਲਾਈਟਾਂ, ਪਖਾਨਿਆਂ ਦੀ ਘਾਟ, ਪੀਣ ਵਾਲੇ ਪਾਣੀ ਦੀ ਕਿੱਲਤ ਜਾਂ ਕੋਈ ਹੋਰ ਸਮੱਸਿਆਉਨ੍ਹਾਂ ਸਾਰੀਆਂ ਚਿੰਤਾਵਾਂ ਨੂੰ ਦਸਤਾਵੇਜੀ ਰੂਪ ਦੇ ਕੇ ਸਿੱਧਾ ਭਗਵੰਤ ਮਾਨ ਕੋਲ ਭੇਜਿਆ ਜਾਂਦਾ ਹੈ। ਮੁੱਖ ਮੰਤਰੀ ਦਫਤਰ ਵਿੱਚ ਇੱਕ ਵਿਸੇਸ ਟੀਮ ਇਹ ਯਕੀਨੀ ਬਣਾਉਂਦੀ ਹੈ ਕਿ ਛੋਟੀ ਤੋਂ ਛੋਟੀ ਸਮੱਸਿਆ ਦਾ ਵੀ ਹੱਲ ਕੀਤਾ ਜਾਵੇ।"

ਇਸ ਪ੍ਰਣਾਲੀ ਦੀ ਪ੍ਰਭਾਵਸੀਲਤਾ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ, "ਕਿਹੜੀ ਸਰਕਾਰ ਨੇ ਕਦੇ ਇਹ ਯਕੀਨੀ ਬਣਾਇਆ ਹੈ ਕਿ ਇੱਕ ਛੋਟੇ ਵਪਾਰੀ ਦੀ ਆਵਾਜ ਮੁੱਖ ਮੰਤਰੀ ਤੱਕ ਪਹੁੰਚੇ ਅਤੇ ਮੁੱਖ ਮੰਤਰੀ ਖੁਦ ਹਰ ਮਸਲੇ ਨੂੰ ਹੱਲ ਕਰਨ ਲਈ ਕੰਮ ਕਰੇ? ਮੈਂ ਬਹੁਤ ਖੁਸ ਹਾਂ, ਕਿਉਂਕਿ ਜੋ ਚਿੰਤਾਵਾਂ ਤੁਸੀਂ ਸਾਰਿਆਂ ਨੇ ਅੱਜ ਉਠਾਈਆਂ ਹਨ, ਉਹ ਦਰਸਾਉਂਦੀਆਂ ਹਨ ਕਿ ਇਹ ਪੂਰਾ ਸਿਸਟਮ ਪ੍ਰਭਾਵਸਾਲੀ ਢੰਗ ਨਾਲ ਕੰਮ ਕਰ ਰਿਹਾ ਹੈ। ਵਪਾਰੀ ਕਮਿਸਨ ਦਾ ਗਠਨ ਬਿਲਕੁਲ ਇਸੇ ਮਕਸਦ ਲਈ ਕੀਤਾ ਗਿਆ ਸੀ।"

ਭ੍ਰਿਸਟਾਚਾਰ ਦਾ ਜ਼ਿਕਰ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ, "ਇੱਕ ਹੋਰ ਮਹੱਤਵਪੂਰਨ ਗੱਲ ਹੈ। ਪਿਛਲੀਆਂ ਸਰਕਾਰਾਂ ਵੇਲੇ ਅਸੀਂ ਜਬਰੀ ਉਗਰਾਹੀ (ਫਿਰੌਤੀ/ਗੁੰਡਾ ਟੈਕਸ) ਬਾਰੇ ਸੁਣਦੇ ਸੀ। ਵਪਾਰੀਆਂ ਅਤੇ ਉਦਯੋਗਪਤੀਆਂ ਨੂੰ ਪੈਸੇ ਦੇਣ ਲਈ ਮਜਬੂਰ ਕੀਤਾ ਜਾਂਦਾ ਸੀ। ਸਾਡੀ ਸਰਕਾਰ ਦੇ ਪੰਜ ਸਾਲਾਂ ਦੌਰਾਨ, ਉਹ ਜਬਰੀ ਉਗਰਾਹੀ ਦਾ ਸਿਸਟਮ ਖਤਮ ਹੋ ਗਿਆ ਹੈ। ਹੁਣ ਤੁਹਾਡੇ ਕੋਲੋਂ ਕੋਈ ਪੈਸੇ ਵਸੂਲਣ ਨਹੀਂ ਆਉਂਦਾ। ਸਾਡੀ ਸਰਕਾਰ ਦੇ ਰਾਜ ਵਿੱਚ ਕੋਈ ਜਬਰੀ ਉਗਰਾਹੀ ਨਹੀਂ ਹੈ। ਸਾਡੀ ਸਰਕਾਰ ਇਮਾਨਦਾਰੀ ਨਾਲ ਕੰਮ ਕਰਦੀ ਹੈ।"

'ਆਪ' ਮੁਖੀ ਨੇ ਕਿਹਾ, "'ਈਡੀ ਪਾਰਟੀ' ਨੇ ਪੰਜਾਬ ਦੇ ਵਪਾਰੀਆਂ, ਉਦਯੋਗਪਤੀਆਂ, ਕੰਪਨੀਆਂ ਅਤੇ ਕਾਰੋਬਾਰਾਂ ਤੋਂ 60 ਕਰੋੜ ਰੁਪਏ ਲਏ। ਉਨ੍ਹਾਂ ਨੂੰ ਇਹ ਪੈਸਾ ਕਿਵੇਂ ਮਿਲਿਆ? ਲੋਕਾਂ ਨੂੰ ਸੰਮਨ ਭੇਜੇ ਗਏ ਅਤੇ ਈਡੀ ਤੇ ਸੀਬੀਆਈ ਦੀ ਕਾਰਵਾਈ ਦੀਆਂ ਧਮਕੀਆਂ ਦਿੱਤੀਆਂ ਗਈਆਂ। ਜਿਨ੍ਹਾਂ ਨੇ ਪੈਸੇ ਨਹੀਂ ਦਿੱਤੇ, ਉਨ੍ਹਾਂ ਦੇ ਘਰਾਂ/ਦਫਤਰਾਂ 'ਤੇ ਈਡੀ ਦੇ ਛਾਪੇ ਮਾਰੇ ਗਏ। ਅਸੀਂ ਪਿਛਲੇ ਦਿਨਾਂ ਵਿੱਚ ਇੱਕ ਤੋਂ ਬਾਅਦ ਇੱਕ ਕਈ ਛਾਪੇਮਾਰੀਆਂ ਦੇਖੀਆਂ ਹਨ। ਕੁਝ ਲੋਕਾਂ ਨੂੰ ਗ੍ਰਿਫਤਾਰ ਕਰ ਲਿਆ ਜਾਂਦਾ ਹੈ, ਜਦਕਿ ਕੁਝ ਮਾਮਲਿਆਂ ਵਿੱਚ ਈਡੀ ਦੇ ਛਾਪੇ ਪੈਂਦੇ ਹਨ ਅਤੇ ਅਚਾਨਕ ਉਹ ਗਾਇਬ ਹੋ ਜਾਂਦੇ ਹਨ। ਉਹ ਕਿਵੇਂ ਗਾਇਬ ਹੋ ਜਾਂਦੇ ਹਨ? ਚੰਦੇ ਦੇ ਭੁਗਤਾਨ ਤੋਂ ਬਾਅਦ ਮਾਮਲਾ ਰਫਾ-ਦਫਾ ਹੋ ਜਾਂਦਾ ਹੈ।"

ਉਨ੍ਹਾਂ ਅੱਗੇ ਕਿਹਾ, "ਆਪ ਸਰਕਾਰ ਤੁਹਾਡੇ ਕੋਲੋਂ ਪੈਸੇ ਨਹੀਂ ਵਸੂਲ ਰਹੀ। ਅਸੀਂ ਇਮਾਨਦਾਰੀ ਨਾਲ ਸਰਕਾਰ ਚਲਾ ਰਹੇ ਹਾਂ। ਕੇਂਦਰ ਵਿੱਚ ਬੈਠੀ 'ਈਡੀ ਪਾਰਟੀ' ਜਬਰੀ ਉਗਰਾਹੀ ਰਾਹੀਂ ਤੁਹਾਡੇ ਕੋਲੋਂ ਚੰਦਾ ਇਕੱਠਾ ਕਰ ਰਹੀ ਹੈ।"

ਕਾਨੂੰਨ ਵਿਵਸਥਾ ਵੱਲ ਰੁਖ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ, "ਜਦੋਂ ਅਸੀਂ ਸਰਕਾਰ ਦੀ ਵਾਗਡੋਰ ਸੰਭਾਲੀ ਸੀ, ਤਾਂ ਸਾਡੇ ਸਾਹਮਣੇ ਦੋ ਵੱਡੀਆਂ ਚੁਣੌਤੀਆਂ ਸਨ। ਇੱਕ ਗੈਂਗਸਟਰ ਅਤੇ ਦੂਜਾ ਨਸਾ। ਮੈਂ ਨਿੱਜੀ ਤੌਰ 'ਤੇ ਪੰਜਾਬ ਦੇ ਹਰ ਗੈਂਗਸਟਰ ਦੇ ਇਤਿਹਾਸ ਦਾ ਅਧਿਐਨ ਕੀਤਾ ਹੈ। ਉਹ ਸਾਰੇ ਜਾਂ ਤਾਂ ਇਨ੍ਹਾਂ ਪੁਰਾਣੀਆਂ ਪਾਰਟੀਆਂ ਦੇ ਰਿਸਤੇਦਾਰ ਹਨ, ਸਹਿਯੋਗੀ ਹਨ, ਜਾਂ ਉਨ੍ਹਾਂ ਦੀ ਹੀ ਦੇਣ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਦੇ ਪੰਜ ਸਾਲਾਂ ਦੌਰਾਨ ਇੱਕ ਵੀ ਗੈਂਗਸਟਰ ਪੈਦਾ ਨਹੀਂ ਹੋਇਆ। ਇਹ ਸਾਰੇ ਉਨ੍ਹਾਂ ਪਾਰਟੀਆਂ ਦੀ ਉਪਜ ਹਨ।"

ਉਨ੍ਹਾਂ ਅੱਗੇ ਕਿਹਾ, "ਪੰਜਾਬ ਵਿੱਚੋਂ ਗੈਂਗਸਟਰਾਂ ਨੂੰ ਇੱਕ-ਇੱਕ ਕਰਕੇ ਖਤਮ ਕੀਤਾ ਜਾ ਰਿਹਾ ਹੈ। ਮੈਂ ਇਹ ਨਹੀਂ ਕਹਿ ਰਿਹਾ ਕਿ ਉਹ ਸਾਰੇ ਚਲੇ ਗਏ ਹਨ, ਪਰ ਜ਼ਿਆਦਾਤਰ ਜਾਂ ਤਾਂ ਖਤਮ ਹੋ ਚੁੱਕੇ ਹਨ ਜਾਂ ਭੱਜ ਗਏ ਹਨ। ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸੱਤ ਗੈਂਗਸਟਰਾਂ ਨੂੰ ਸੱਤ ਵੱਖ-ਵੱਖ ਦੇਸਾਂ ਤੋਂ ਡਿਪੋਰਟ ਕਰਕੇ ਪੰਜਾਬ ਵਾਪਸ ਲਿਆਂਦਾ ਗਿਆ ਹੈ। ਪਹਿਲਾਂ ਕਦੇ ਅਜਿਹਾ ਨਹੀਂ ਹੋਇਆ ਸੀ। ਪਹਿਲੀ ਵਾਰ, ਵਿਦੇਸੀ ਸਰਕਾਰਾਂ ਨਾਲ ਤਾਲਮੇਲ ਕਰਕੇ ਵਿਦੇਸਾਂ ਵਿੱਚ ਬੈਠੇ ਗੈਂਗਸਟਰਾਂ ਨੂੰ ਵਾਪਸ ਲਿਆਂਦਾ ਗਿਆ ਅਤੇ ਇੱਥੇ ਉਨ੍ਹਾਂ ਨੂੰ ਸਜਾਵਾਂ ਦਾ ਸਾਹਮਣਾ ਕਰਵਾਇਆ ਗਿਆ।"

ਬਦਨਾਮ ਗੈਂਗਸਟਰ ਲਾਰੈਂਸ ਬਿਸਨੋਈ ਦਾ ਜ਼ਿਕਰ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ, "ਇੱਕ ਗੈਂਗਸਟਰ ਅਜੇ ਵੀ ਬਾਕੀ ਹੈ, ਲਾਰੈਂਸ ਬਿਸਨੋਈ। ਉਹ ਸਾਬਰਮਤੀ ਜੇਲ੍ਹ ਵਿੱਚ ਬੈਠਾ ਹੈ। ਉਹ 'ਈਡੀ ਪਾਰਟੀ' ਦਾ ਜਵਾਈ ਹੈ ਅਤੇ ਉਸ ਨੂੰ ਉਨ੍ਹਾਂ ਦੀ ਸਰਪ੍ਰਸਤੀ ਹਾਸਲ ਹੈ। ਉਸ ਨੇ ਬਹੁਤ ਮੁਸਕਲਾਂ ਖੜ੍ਹੀਆਂ ਕੀਤੀਆਂ ਹਨ। ਕੇਂਦਰੀ ਗ੍ਰਹਿ ਮੰਤਰਾਲੇ ਨੇ ਹੁਕਮ ਜਾਰੀ ਕੀਤੇ ਹੋਏ ਹਨ ਕਿ ਕੋਈ ਵੀ ਉਸ ਨੂੰ ਉਸ ਜੇਲ੍ਹ ਵਿੱਚੋਂ ਬਾਹਰ ਨਹੀਂ ਕੱਢ ਸਕਦਾ। ਉਹ ਬੈਠ ਕੇ ਉਥੋਂ ਪੂਰੀ ਦੁਨੀਆ ਵਿੱਚ ਆਪਣਾ ਨੈੱਟਵਰਕ ਚਲਾ ਰਿਹਾ ਹੈ। ਜੇਕਰ ਪੰਜਾਬ ਵਿੱਚ ਉਸ ਨਾਲ ਸਬੰਧਤ ਕੋਈ ਅਪਰਾਧ ਹੁੰਦਾ ਹੈ, ਤਾਂ ਪੰਜਾਬ ਪੁਲਿਸ ਉਸ ਨੂੰ ਇੱਥੇ ਨਹੀਂ ਲਿਆ ਸਕਦੀ। ਜਾਂਚਕਰਤਾਵਾਂ ਨੂੰ ਉਸ ਤੋਂ ਪੁੱਛਗਿੱਛ ਕਰਨ ਲਈ ਸਾਬਰਮਤੀ ਜੇਲ੍ਹ ਜਾਣਾ ਪੈਂਦਾ ਹੈ। ਹਾਲ ਹੀ ਵਿੱਚ, ਉਸ ਨੂੰ ਸੁਰੱਖਿਆ ਦਿੱਤੀ ਜਾ ਰਹੀ ਹੈ ਅਤੇ ਹਰ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਅੱਜ ਪੰਜਾਬ ਵਿੱਚ ਗੈਂਗਸਟਰ ਰਾਜ ਦਾ ਜੋ ਵੀ ਅੰਸ਼ ਬਾਕੀ ਹੈ, ਉਹ 'ਈਡੀ ਪਾਰਟੀ' ਦੀ ਹੀ ਦੇਣ ਹੈ।"

ਨਸ਼ਿਆਂ ਬਾਰੇ ਬੋਲਦਿਆਂ 'ਆਪ' ਸੁਪਰੀਮੋ ਨੇ ਕਿਹਾ, "ਪੰਜਾਬ ਵਿੱਚ ਨਸ਼ਿਆਂ ਦੀ ਮਾਰ ਕਿਸ ਨੇ ਸ਼ੁਰੂ ਕੀਤੀ? ਜਦੋਂ ਪੰਜਾਬ ਵਿੱਚ 'ਈਡੀ ਪਾਰਟੀ' ਅਤੇ 'ਚਿੱਟਾ ਪਾਰਟੀ' ਦੀ ਗੱਠਜੋੜ ਸਰਕਾਰ ਚੱਲ ਰਹੀ ਸੀ, ਉਦੋਂ ਨਸਾ ਹਰ ਘਰ ਵਿੱਚ ਵੜ ਗਿਆ ਸੀ। ਉਨ੍ਹਾਂ ਦੇ ਮੰਤਰੀ ਆਪਣੀਆਂ ਗੱਡੀਆਂ ਵਿੱਚ ਨਸਾ ਢੋਂਹਦੇ ਅਤੇ ਵੰਡਦੇ ਹੁੰਦੇ ਸਨ। ਅੱਜ ਨਸੇੜੀਆਂ, ਨਸਾ ਤਸਕਰਾਂ ਅਤੇ ਵੱਡੇ ਸੌਦਾਗਰਾਂ ਖ਼ਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੀਆਂ ਜਾਇਦਾਦਾਂ ਢਾਹੀਆਂ ਜਾ ਰਹੀਆਂ ਹਨ। ਕੱਲ੍ਹ ਤੋਂ ਪੰਜਾਬ ਪੁਲਿਸ ਨੇ ਉਨ੍ਹਾਂ 'ਹਵਾਲਾ' ਆਪਰੇਟਰਾਂ ਖ਼ਿਲਾਫ ਵੀ ਕਾਰਵਾਈ ਸੁਰੂ ਕਰ ਦਿੱਤੀ ਹੈ ਜੋ ਨਸੇ ਦੇ ਪੈਸੇ ਨੂੰ ਵਿਦੇਸ ਭੇਜਣ ਵਿੱਚ ਮਦਦ ਕਰਦੇ ਹਨ।"

ਉਨ੍ਹਾਂ ਅੱਗੇ ਕਿਹਾ, "ਜਦੋਂ ਅਸੀਂ ਜ਼ਿੰਮੇਵਾਰੀ ਸੰਭਾਲੀ ਸੀ, ਤਾਂ 70 ਫੀਸਦੀ ਨਸਾ ਪਾਕਿਸਤਾਨ ਤੋਂ ਡਰੋਨਾਂ ਰਾਹੀਂ ਆਉਂਦਾ ਸੀ ਅਤੇ 30 ਫੀਸਦੀ ਗੁਜਰਾਤ ਤੋਂ ਆਉਂਦਾ ਸੀ। ਅਸੀਂ ਪਾਕਿਸਤਾਨ ਤੋਂ ਆਉਣ ਵਾਲੇ ਨਸੇ ਨੂੰ ਕਾਫੀ ਹੱਦ ਤੱਕ ਰੋਕ ਦਿੱਤਾ ਹੈ। ਪੰਜਾਬ-ਪਾਕਿਸਤਾਨ ਸਰਹੱਦ 'ਤੇ ਐਂਟੀ-ਡਰੋਨ ਸਿਸਟਮ ਲਗਾਏ ਗਏ ਹਨ। ਡਰੋਨਾਂ ਨੂੰ ਸਰਹੱਦ ਅੰਦਰ ਵੜਨ ਤੋਂ ਪਹਿਲਾਂ ਹੀ ਰੋਕ ਕੇ ਡੇਗ ਦਿੱਤਾ ਜਾਂਦਾ ਹੈ। ਹੁਣ 70 ਫੀਸਦੀ ਨਸਾ ਗੁਜਰਾਤ ਤੋਂ ਆ ਰਿਹਾ ਹੈ। 70 ਫੀਸਦੀ 'ਚਿੱਟਾ' ਗੁਜਰਾਤ ਤੋਂ ਆਉਂਦਾ ਹੈ।"

ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਸਾਸਨ ਵਿੱਚ ਇਤਿਹਾਸਕ ਬਦਲਾਅ ਦੇਖਿਆ ਹੈ, ਜਿੱਥੇ ਚੁਣੇ ਹੋਏ ਨੁਮਾਇੰਦੇ ਸਿੱਧੇ ਤੌਰ 'ਤੇ ਲੋਕਾਂ ਨਾਲ ਰਾਬਤਾ ਕਾਇਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੇ ਚਾਰ ਸਾਲ ਪੂਰੇ ਕਰਨ ਤੋਂ ਬਾਅਦ ਉਨ੍ਹਾਂ ਤੋਂ ਫੀਡਬੈਕ ਮੰਗ ਰਹੇ ਹਨ, ਅਜਿਹਾ ਕਰਨ ਦੀ ਹਿੰਮਤ ਪਿਛਲੀ ਕਿਸੇ ਵੀ ਸਰਕਾਰ ਨੇ ਕਦੇ ਨਹੀਂ ਕੀਤੀ। ਉਨ੍ਹਾਂ ਅੱਗੇ ਕਿਹਾ, "ਜਿੱਥੇ ਰਵਾਇਤੀ ਤੌਰ 'ਤੇ ਸਰਕਾਰਾਂ ਸੱਤਾ ਵਿੱਚ ਰਹਿਣ ਦੇ ਸਾਲਾਂ ਬਾਅਦ ਸਰਕਾਰੀ ਦਫਤਰਾਂ ਤੱਕ ਹੀ ਸੀਮਤ ਹੋ ਜਾਂਦੀਆਂ ਹਨ, ਉੱਥੇ ਹੀ ਪੂਰੇ ਪੰਜਾਬ ਦੇ ਲੋਕਾਂ ਵੱਲੋਂ ਮਿਲ ਰਹੇ ਭਰਵੇਂ ਪਿਆਰ ਅਤੇ ਸਲਾਘਾ ਨੇ 'ਆਪ' ਸਰਕਾਰ ਦੇ ਜਨਤਾ ਦੀ ਭਲਾਈ ਲਈ ਅਣਥੱਕ ਕੰਮ ਕਰਨ ਦੇ ਸੰਕਲਪ ਨੂੰ ਹੋਰ ਮਜਬੂਤ ਕੀਤਾ ਹੈ।"

ਵਪਾਰੀਆਂ ਨੂੰ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਨਜਰਅੰਦਾਜ ਕੀਤਾ ਅਤੇ ਉਨ੍ਹਾਂ ਨੂੰ ਸਿਰਫ ਆਮਦਨ ਅਤੇ ਸਿਆਸੀ ਫੰਡਿੰਗ ਦਾ ਸਾਧਨ ਮੰਨਿਆ। ਉਨ੍ਹਾਂ ਕਿਹਾ, "ਦਹਾਕਿਆਂ ਤੱਕ ਛੋਟੇ ਵਪਾਰੀਆਂ ਅਤੇ ਦੁਕਾਨਦਾਰਾਂ ਨੂੰ ਨਜਰਅੰਦਾਜ ਕੀਤਾ ਗਿਆ ਕਿਉਂਕਿ ਕਿਸੇ ਨੇ ਵੀ ਉਨ੍ਹਾਂ ਦੇ ਅਸਲ ਮੁੱਦਿਆਂ ਦੀ ਚਿੰਤਾ ਨਹੀਂ ਕੀਤੀ। ਵਪਾਰ ਲਈ ਸਾਜ਼ਗਾਰ ਮਾਹੌਲ ਸਿਰਜਣ ਅਤੇ ਵਪਾਰੀ ਵਰਗ ਦੀ ਹਰ ਜਾਇਜ ਚਿੰਤਾ ਦਾ ਤੁਰੰਤ ਹੱਲ ਯਕੀਨੀ ਬਣਾਉਣ ਲਈ 'ਪੰਜਾਬ ਸਟੇਟ ਟ੍ਰੇਡਰਜ਼ ਕਮਿਸਨ' ਦਾ ਗਠਨ ਕੀਤਾ ਗਿਆ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੇ ਹੁਕਮਰਾਨ ਨਿੱਜੀ ਕਾਰੋਬਾਰ ਕਰਦੇ ਸਨ ਜਿਸ ਕਰਕੇ ਉਨ੍ਹਾਂ ਨੇ ਪੰਜਾਬ ਦੇ ਵਿਕਾਸ ਦੀ ਕੀਮਤ 'ਤੇ ਆਪਣੇ ਨਿੱਜੀ ਵਪਾਰਕ ਹਿੱਤਾਂ ਨੂੰ ਹੱਲਾਸੇਰੀ ਦਿੱਤੀ। ਉਨ੍ਹਾਂ ਕਿਹਾ, "ਜਿਨ੍ਹਾਂ ਨੇ ਨਿੱਜੀ ਟਰਾਂਸਪੋਰਟ ਨੈੱਟਵਰਕ 'ਤੇ ਕੰਟਰੋਲ ਕੀਤਾ, ਉਨ੍ਹਾਂ ਨੇ ਯੋਜਨਾਬੱਧ ਤਰੀਕੇ ਨਾਲ ਸਰਕਾਰੀ ਬੱਸ ਸੇਵਾਵਾਂ ਨੂੰ ਕਮਜੋਰ ਕੀਤਾ। ਇਸੇ ਤਰ੍ਹਾਂ ਨਿੱਜੀ ਵਿਦਿਅਕ ਅਦਾਰਿਆਂ ਦੇ ਮਾਲਕਾਂ ਨੇ ਸਰਕਾਰੀ ਸਕੂਲਾਂ ਨੂੰ ਨਜਰਅੰਦਾਜ ਕੀਤਾ। ਉਨ੍ਹਾਂ ਦਾ ਸਾਸਨ ਮਾਡਲ ਜਨਤਕ ਭਲਾਈ ਦੀ ਬਜਾਏ ਨਿੱਜੀ ਮੁਨਾਫੇ ਤੋਂ ਪ੍ਰੇਰਿਤ ਸੀ।"

ਵਪਾਰੀਆਂ ਦੇ ਯੋਗਦਾਨ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਨੌਕਰੀਆਂ ਮੰਗਣ ਵਾਲੇ ਨਹੀਂ ਬਲਕਿ ਨੌਕਰੀਆਂ ਦੇਣ ਵਾਲੇ (ਰੋਜਗਾਰ ਦਾਤਾ) ਹਨ ਜੋ ਆਰਥਿਕ ਵਿਕਾਸ ਨੂੰ ਹੁਲਾਰਾ ਦਿੰਦੇ ਹਨ ਅਤੇ ਹਜਾਰਾਂ ਨੌਜਵਾਨਾਂ ਲਈ ਰੁਜਗਾਰ ਦੇ ਮੌਕੇ ਪੈਦਾ ਕਰਦੇ ਹਨ। ਉਨ੍ਹਾਂ ਕਿਹਾ, "ਸਰਕਾਰ ਦੀ ਭੂਮਿਕਾ ਕਾਰੋਬਾਰ ਲਈ ਸਹੂਲਤਾਂ ਦੇਣਾ ਹੈ, ਨਾ ਕਿ ਉਨ੍ਹਾਂ ਵਿੱਚੋਂ ਹਿੱਸਾ ਮੰਗਣਾ। ਪਹਿਲਾਂ, ਵਪਾਰੀ ਆਪਣੇ ਕਾਰੋਬਾਰ ਵਧਾਉਣ ਤੋਂ ਝਿਜਕਦੇ ਸਨ, ਕਿਉਂਕਿ ਉਨ੍ਹਾਂ ਨੂੰ ਤੰਗ-ਪ੍ਰੇਸਾਨ ਕੀਤੇ ਜਾਣ ਅਤੇ ਹਿੱਸਾ ਮੰਗੇ ਜਾਣ ਦਾ ਡਰ ਰਹਿੰਦਾ ਸੀ। ਸਾਡੀ ਸਰਕਾਰ ਵਪਾਰੀਆਂ ਨੂੰ ਏ.ਟੀ.ਐਮ. ਨਹੀਂ ਮੰਨਦੀ। ਅਸੀਂ ਉਨ੍ਹਾਂ ਦੇ ਵਿਕਾਸ ਅਤੇ ਖੁਸਹਾਲੀ ਲਈ ਵਚਨਬੱਧ ਹਾਂ।"

ਰਵਾਇਤੀ ਸਿਆਸੀ ਪਾਰਟੀਆਂ 'ਤੇ ਸਿੱਧਾ ਹਮਲਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ, ਲੋਕਾਂ ਵਿੱਚ ਆਪਣੀ ਭਰੋਸੇਯੋਗਤਾ ਪੂਰੀ ਤਰ੍ਹਾਂ ਗੁਆ ਚੁੱਕੀ ਹੈ। ਉਨ੍ਹਾਂ ਕਿਹਾ, "ਉਨ੍ਹਾਂ ਕੋਲ ਸਮਾਜ ਦੇ ਕਿਸੇ ਵੀ ਵਰਗ ਲਈ ਕੋਈ ਏਜੰਡਾ, ਕੋਈ ਰੋਡਮੈਪ ਅਤੇ ਕੋਈ ਵਿਜਨ ਨਹੀਂ ਹੈ। ਉਹ ਸਿਰਫ ਸੱਤਾ ਵਿੱਚ ਵਾਪਸੀ ਅਤੇ ਪੰਜਾਬ ਦੇ ਖਜ਼ਾਨੇ ਨੂੰ ਮੁੜ ਲੁੱਟਣ ਲਈ ਆਪਣੀ ਵਾਰੀ ਦੀ ਉਡੀਕ ਕਰਦੇ ਹਨ। ਸਾਲਾਂ ਤੱਕ, ਕਾਂਗਰਸ ਅਤੇ ਅਕਾਲੀ ਆਗੂਆਂ ਨੇ ਕੁਰਸੀ ਲਈ ਸਿਆਸੀ ਖੇਡ ਖੇਡੀ, ਸੂਬੇ ਦੇ ਸਾਧਨਾਂ ਨੂੰ ਲੁੱਟਣ ਲਈ ਵਾਰੋ-ਵਾਰੀ ਸੱਤਾ ਬਦਲਦੇ ਰਹੇ। 'ਆਪ' ਸਰਕਾਰ ਨੇ ਪੰਜਾਬ ਨੂੰ ਤਬਾਹੀ ਦੇ ਰਾਹ ਤੋਰਨ ਵਾਲੇ ਵਿਨਾਸਕਾਰੀ ਚੱਕਰ ਨੂੰ ਖਤਮ ਕਰਕੇ ਬੇਮਿਸਾਲ ਵਿਕਾਸ ਦੇ ਯੁੱਗ ਦੀ ਸੁਰੂਆਤ ਕੀਤੀ ਹੈ।"

ਨਸ਼ਿਆਂ ਦੀ ਅਲਾਮਤ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਵਾਇਤੀ ਸਿਆਸੀ ਪਾਰਟੀਆਂ ਨੇ ਪੰਜਾਬ ਦੀ ਜਵਾਨੀ ਦਾ ਬਹੁਤ ਭਾਰੀ ਨੁਕਸਾਨ ਕੀਤਾ ਹੈ ਅਤੇ ਲੋਕ ਜਾਣਦੇ ਹਨ ਕਿ ਨਸ਼ਿਆਂ ਦੇ ਕਾਰੋਬਾਰ ਰਾਹੀਂ ਹਜਾਰਾਂ ਪੰਜਾਬੀ ਨੌਜਵਾਨਾਂ ਦੀ ਜ਼ਿੰਦਗੀ ਬਰਬਾਦ ਕਰਨ ਲਈ ਕੌਣ ਜ਼ਿੰਮੇਵਾਰ ਸੀ। ਉਨ੍ਹਾਂ ਕਿਹਾ ਕਿ ਜੇਕਰ ਇਹ ਪਾਰਟੀਆਂ ਮੁੜ ਸੱਤਾ ਵਿੱਚ ਆਉਂਦੀਆਂ ਹਨ ਤਾਂ ਇਹ ਪੰਜਾਬ ਅਤੇ ਇਸ ਦੇ ਲੋਕਾਂ ਦਾ ਸੋਸਣ ਕਰਨ ਲਈ ਇੱਕ ਵਾਰ ਫਿਰ ਸੱਤਾ ਦੀ ਦੁਰਵਰਤੋਂ ਕਰਨਗੀਆਂ।

ਆਪਣੀ ਸਰਕਾਰ ਦੀਆਂ ਪ੍ਰਮੁੱਖ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਲਗਭਗ 90 ਫੀਸਦੀ ਘਰਾਂ ਨੂੰ ਮੁਫਤ ਬਿਜਲੀ ਮਿਲ ਰਹੀ ਹੈ, ਜਿਸ ਨਾਲ ਪਰਿਵਾਰਾਂ ਨੂੰ ਵੱਡੀ ਰਾਹਤ ਮਿਲੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਖਪਤਕਾਰਾਂ ਲਈ ਕਿਫਾਇਤੀ ਬਿਜਲੀ ਯਕੀਨੀ ਬਣਾਉਣ ਲਈ ਵੱਡੇ ਜਨਤਕ ਹਿੱਤ ਵਿੱਚ ਇੱਕ ਨਿੱਜੀ ਥਰਮਲ ਪਲਾਂਟ ਖਰੀਦਣ ਦਾ ਇਤਿਹਾਸਕ ਫੈਸਲਾ ਲਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਜਦੋਂ 'ਆਪ' ਸਰਕਾਰ ਨੇ ਸੱਤਾ ਸੰਭਾਲੀ ਸੀ ਤਾਂ ਪੰਜਾਬ ਦੇ ਸਿਰਫ 22 ਫੀਸਦੀ ਖੇਤੀ ਯੋਗ ਰਕਬੇ ਤੱਕ ਹੀ ਨਹਿਰੀ ਪਾਣੀ ਪਹੁੰਚਦਾ ਸੀ, ਜਦੋਂ ਕਿ ਅੱਜ ਇਹ ਦਾਇਰਾ ਵਧ ਕੇ 80 ਫੀਸਦੀ ਤੋਂ ਵੱਧ ਹੋ ਗਿਆ ਹੈ। ਉਨ੍ਹਾਂ ਅੱਗੇ ਕਿਹਾ, "ਸਰਕਾਰ ਦੇ ਨਿਰੰਤਰ ਯਤਨਾਂ ਸਦਕਾ ਕਈ ਇਲਾਕਿਆਂ ਵਿੱਚ ਜਮੀਨੀ ਪਾਣੀ ਦੇ ਪੱਧਰ ਵਿੱਚ ਦੋ ਤੋਂ ਚਾਰ ਮੀਟਰ ਦਾ ਸੁਧਾਰ ਹੋਇਆ ਹੈ, ਜਿਸ ਨਾਲ ਪਾਣੀ ਦੇ ਲਗਾਤਾਰ ਡਿੱਗ ਰਹੇ ਪੱਧਰ ਦੇ ਪੁਰਾਣੇ ਰੁਝਾਨ ਨੂੰ ਮੋੜਾ ਪਿਆ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਆਪ' ਸਰਕਾਰ ਦੇ ਗਠਨ ਤੋਂ ਬਾਅਦ ਹੁਣ ਤੱਕ 67,000 ਤੋਂ ਵੱਧ ਸਰਕਾਰੀ ਨੌਕਰੀਆਂ ਪੂਰੀ ਤਰ੍ਹਾਂ ਯੋਗਤਾ ਦੇ ਆਧਾਰ 'ਤੇ ਅਤੇ ਬਿਨਾਂ ਕਿਸੇ ਭ੍ਰਿਸਟਾਚਾਰ ਦੇ ਦਿੱਤੀਆਂ ਗਈਆਂ ਹਨ। ਉਨ੍ਹਾਂ 'ਸੜਕ ਸੁਰੱਖਿਆ ਫੋਰਸ' ਦੀ ਸਫਲਤਾ ਦਾ ਵੀ ਜ਼ਿਕਰ ਕਰਦਿਆਂ ਕਿਹਾ ਕਿ ਹਾਈਵੇਅ 'ਤੇ ਸਮੇਂ ਸਿਰ ਮਦਦ ਅਤੇ ਬਿਹਤਰ ਐਮਰਜੈਂਸੀ ਰਿਸਪਾਂਸ ਪ੍ਰਣਾਲੀ ਰਾਹੀਂ 2,700 ਤੋਂ ਵੱਧ ਕੀਮਤੀ ਜਾਨਾਂ ਬਚਾਈਆਂ ਜਾ ਚੁੱਕੀਆਂ ਹਨ।

ਕਾਂਗਰਸ 'ਤੇ ਤੰਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਾਰਟੀ ਕੋਲ ਇਸ ਸਮੇਂ ਜਮੀਨੀ ਪੱਧਰ ਦੇ ਵਰਕਰਾਂ ਨਾਲੋਂ ਮੁੱਖ ਮੰਤਰੀ ਦੇ ਦਾਅਵੇਦਾਰ ਜ਼ਿਆਦਾ ਹਨ। ਉਨ੍ਹਾਂ ਟਿੱਪਣੀ ਕੀਤੀ, "ਉਹ ਏਕਤਾ ਦਿਖਾਉਣ ਲਈ ਬੱਸ ਯਾਤਰਾਵਾਂ ਅਤੇ ਫੋਟੋਆਂ ਖਿਚਵਾਉਣ ਦੇ ਮੌਕੇ ਪੈਦਾ ਕਰ ਸਕਦੇ ਹਨ, ਪਰ ਹਰ ਕੋਈ ਉਨ੍ਹਾਂ ਦੇ ਆਪਸੀ ਅੰਦਰੂਨੀ ਵਿਰੋਧ ਨੂੰ ਜਾਣਦਾ ਹੈ। ਅਜਿਹੀਆਂ ਬਣਾਵਟੀ ਕਵਾਇਦਾਂ ਉਨ੍ਹਾਂ ਦੇ ਲੀਡਰਸ਼ਿਪ ਸੰਕਟ ਅਤੇ ਅੰਦਰੂਨੀ ਕਲੇਸ਼ ਨੂੰ ਲੁਕਾ ਨਹੀਂ ਸਕਦੀਆਂ।"

ਮੁੱਖ ਮੰਤਰੀ ਨੇ ਦੁਹਰਾਇਆ ਕਿ 'ਆਪ' ਸਰਕਾਰ ਵੰਡ ਤੇ ਨਫਰਤ ਦੀ ਬਜਾਏ ਵਿਕਾਸ, ਭਲਾਈ ਅਤੇ ਕੰਮ ਦੀ ਰਾਜਨੀਤੀ ਵਿੱਚ ਵਿਸਵਾਸ ਰੱਖਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੀ ਧਰਤੀ ਖੁਸਹਾਲੀ, ਪ੍ਰਗਤੀ ਅਤੇ ਭਾਈਚਾਰਕ ਸਾਂਝ ਨੂੰ ਵਧਾਉਣ ਲਈ ਬਹੁਤ ਉਪਜਾਊ ਹੈ। ਉਨ੍ਹਾਂ ਕਿਹਾ, "ਇੱਥੇ ਸਿਰਫ ਇੱਕ ਹੀ ਚੀਜ ਨਹੀਂ ਉੱਗ ਸਕਦੀ, ਉਹ ਹੈ ਨਫਰਤ। ਇਸ ਲਈ ਭਾਜਪਾ ਨੂੰ ਇਸ ਭੁਲੇਖੇ ਵਿੱਚ ਨਹੀਂ ਰਹਿਣਾ ਚਾਹੀਦਾ ਕਿ ਉਹ ਪੰਜਾਬੀਆਂ ਨੂੰ ਫਿਰਕੂ ਲੀਹਾਂ 'ਤੇ ਵੰਡ ਸਕਦੀ ਹੈ। ਪੰਜਾਬ ਦੇ ਲੋਕਾਂ ਨੇ ਹਮੇਸਾ ਫੁੱਟ ਪਾਊ ਰਾਜਨੀਤੀ ਨੂੰ ਨਕਾਰਿਆ ਹੈ ਅਤੇ ਉਹ ਸੂਬੇ ਦੀ ਭਾਈਚਾਰਕ ਸਾਂਝ ਅਤੇ ਏਕਤਾ ਦੀਆਂ ਸਾਨਦਾਰ ਪਰੰਪਰਾਵਾਂ ਨੂੰ ਬਰਕਰਾਰ ਰੱਖਣਗੇ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਅਜਿਹੇ ਨਵੇਂ ਯੁੱਗ ਵਿੱਚ ਦਾਖਲ ਹੋ ਗਿਆ ਹੈ ਜਿੱਥੇ ਸਾਸਨ ਦੀ ਪਰਖ ਖੋਖਲੇ ਨਾਅਰਿਆਂ ਅਤੇ ਸਿਆਸੀ ਨੌਟੰਕੀਆਂ ਦੀ ਬਜਾਏ ਕਾਰਗੁਜਾਰੀ, ਪਾਰਦਰਸਤਾ ਅਤੇ ਸੇਵਾ ਨਿਭਾਉਣ ਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਪੰਜਾਬ ਨੂੰ ਦੇਸ ਦਾ ਮੋਹਰੀ ਸੂਬਾ ਬਣਾਉਣ ਲਈ ਲੋਕਾਂ ਪਾਸੋਂ ਤਹਿ ਦਿਲੋਂ ਸਹਿਯੋਗ ਮੰਗਦਿਆਂ ਕਿਹਾ, "ਪੰਜਾਬ ਦੇ ਲੋਕਾਂ ਨੇ ਫਰਕ ਦੇਖਿਆ ਹੈ। ਉਹ ਜਾਣਦੇ ਹਨ ਕਿ ਕਿਸ ਨੇ ਸੂਬੇ ਲਈ ਕੰਮ ਕੀਤਾ ਅਤੇ ਕਿਸ ਨੇ ਆਪਣੇ ਲਈ। ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਇਮਾਨਦਾਰੀ, ਲਗਨ ਅਤੇ ਜਵਾਬਦੇਹੀ ਨਾਲ ਸੇਵਾ ਕਰਦੀ ਰਹੇਗੀ।"

ਇਸ ਮੌਕੇ 'ਆਪ' ਦੇ ਸੀਨੀਅਰ ਆਗੂ ਅਤੇ 'ਆਪ' ਪੰਜਾਬ ਦੇ ਇੰਚਾਰਜ ਮਨੀਸ ਸਿਸੋਦੀਆ, ਕੈਬਨਿਟ ਮੰਤਰੀ ਅਮਨ ਅਰੋੜਾ, ਹਰਪਾਲ ਸਿੰਘ ਚੀਮਾ ਅਤੇ ਮੋਹਿੰਦਰ ਭਗਤ ਸਮੇਤ ਹੋਰ ਪਤਵੰਤੇ ਵੀ ਹਾਜਰ ਸਨ।

## ਤਿੰਨ ਆਈ.ਏ.ਐਸ. ਤੇ ਪੰਜ

ਵਿਭਾਗ ਅਤੇ ਓਜਸਵੀ ਨੂੰ ਨਗਰ ਨਿਗਮ ਕਮਿਸ਼ਨਰ ਲੁਧਿਆਣਾ ਲਗਾਇਆ ਗਿਆ ਹੈ।

ਇਸੇ ਤਰ੍ਹਾਂ ਪੀ.ਸੀ.ਐੱਸ. ਅਧਿਕਾਰੀ ਪੂਜਾ ਸਿਆਲ ਨੂੰ ਕਮਿਸ਼ਨਰ ਨਗਰ ਨਿਗਮ ਪਟਿਆਲਾ, ਅਮਰਬੀਰ ਕੌਰ ਭੁੱਲਰ ਨੂੰ ਵਧੀਕ ਡਿਪਟੀ ਕਮਿਸ਼ਨਰ ਫਤਿਹਗੜ੍ਹ ਸਾਹਿਬ, ਕਨੂੰ ਥਿੰਦ ਨੂੰ ਸੰਯੁਕਤ ਡਾਇਰੈਕਟਰ (ਪ੍ਰਸ਼ਾਸਨ) ਦਫ਼ਤਰ ਡਾਇਰੈਕਟਰ, ਉਦਯੋਗ ਤੇ ਵਣਜ ਅਤੇ ਮੈਂਬਰ ਸਕੱਤਰ ਪੰਜਾਬ ਰਾਜ ਖੁਰਾਕ ਕਮਿਸ਼ਨ ਅਤੇ ਵਧੀਕ ਮੈਨੇਜਿੰਗ ਡਾਇਰੈਕਟਰ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ, ਅਮਰਿੰਦਰ ਸਿੰਘ ਟਿਵਾਣਾ ਨੂੰ ਸਕੱਤਰ ਪੰਜਾਬ ਅਧੀਨ ਸੇਵਾਵਾਂ ਚੋਣ ਬੋਰਡ ਅਤੇ ਵਿਕਾਸ ਹੀਰਾ ਨੂੰ ਵਧੀਕ ਮੁੱਖ ਪ੍ਰਸ਼ਾਸਕ ਗਲਾਡਾ ਲਗਾਇਆ ਗਿਆ ਹੈ।

## ਸੂਬੇ ਦੀਆਂ 117 ਸੀਟਾਂ

ਕਸਬਿਆਂ ਅਤੇ ਪਿੰਡਾਂ ਤੱਕ ਫੈਲਾਉਣ' ਲਈ ਜ਼ਮੀਨੀ ਪੱਧਰ 'ਤੇ ਸਖ਼ਤ ਮਿਹਨਤ ਕਰਨ।

ਉਨ੍ਹਾਂ ਕਿਹਾ ਕਿ, 'ਪੰਜਾਬ ਨੂੰ ਇਸ ਦੇ ਹਾਲ 'ਤੇ ਨਹੀਂ ਛੱਡਿਆ ਜਾ ਸਕਦਾ, ਇਸ ਨੂੰ ਬਚਾਉਣਾ ਅਤੇ ਇਸ ਦੀ ਪੁਰਾਣੀ ਸ਼ਾਨ ਨੂੰ ਬਹਾਲ ਕਰਨਾ ਹੋਵੇਗਾ।' ਕਰੀਬ 2 ਘੰਟੇ ਤੱਕ ਚੱਲੀ ਇਸ ਮੀਟਿੰਗ ਵਿੱਚ ਪੰਜਾਬ ਦੀ ਆਰਥਿਕ ਮੰਦਹਾਲੀ ਨੂੰ ਇਸ ਦੇ ਕਰਜ਼ੇ ਦੇ ਅੰਕੜਿਆਂ, ਨਸ਼ੇ ਦੀ ਸਮੱਸਿਆ, ਕਾਨੂੰਨ ਵਿਵਸਥਾ, ਧਰਮ ਪਰਿਵਰਤਨ ਅਤੇ ਮਿੱਟੀ ਦੀ ਸਿਹਤ ਵਿੱਚ ਰਾਹੀਂ ਦਰਸਾਇਆ ਗਿਆ ਅਤੇ ਇਸ ਨੂੰ ਪ੍ਰਮੁੱਖਤਾ ਨਾਲ ਉਭਰਿਆ ਗਿਆ। ਜਿਸ ਵਿੱਚ ਆਗੂਆਂ ਨੇ ਕਿਹਾ ਕਿ ਪੰਜਾਬ ਨੂੰ ਮੌਜੂਦਾ 'ਆਰਥਿਕ ਮੰਦਹਾਲੀ' ਤੋਂ ਸੂਬੇ ਨੂੰ ਬਚਾਉਣਾ ਤੁਰੰਤ ਲੋੜ ਹੈ।

ਲੋਕਾਂ ਨੂੰ ਭਾਜਪਾ ਦੇ ਬਿਰਤਾਂਤ 'ਤੇ ਭਰੋਸਾ ਦਿਵਾਉਣ ਨੂੰ ਸਭ ਤੋਂ ਵੱਡੀ ਚੁਣੌਤੀ ਵਜੋਂ ਸ਼ਾਹ ਅਤੇ ਨਬੀਨ ਨੇ ਭਾਜਪਾ ਕਾਰਕੁਨਾਂ ਨੂੰ 'ਲੋਕਾਂ ਦੇ ਦਿਲ ਜਿੱਤਣ' ਲਈ ਸਖ਼ਤ ਮਿਹਨਤ ਕਰਨ ਲਈ ਕਿਹਾ ਹੈ। ਸ਼ਾਹ ਨੇ ਉਦਾਹਰਣ ਦਿੱਤੀ ਕਿ ਕਿਵੇਂ ਭਾਜਪਾ ਨੇ ਗੁਜਰਾਤ ਤੋਂ ਲੈ ਕੇ ਉੱਤਰ ਪ੍ਰਦੇਸ਼ ਅਤੇ ਹੁਣ ਬੰਗਾਲ ਤੱਕ, ਹਰ ਉਸ ਸੂਬੇ ਵਿੱਚ ਆਰਥਿਕਤਾ ਅਤੇ ਕਾਨੂੰਨ ਵਿਵਸਥਾ ਦੀਆਂ ਚੁਣੌਤੀਆਂ ਨੂੰ ਹੱਲ ਕੀਤਾ ਹੈ ਜਿੱਥੇ ਇਸ ਨੇ ਸ਼ਾਸਨ ਕੀਤਾ ਹੈ।

## ਭਾਜਪਾ ਹੁਣ ਕਿਸੇ ਵੀ ਗੱਠਜੋੜ ਵਿੱਚ 'ਛੋਟੇ

ਦਾ ਜਵਾਬ ਦਿੰਦਿਆਂ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਕਿ ਇਸ ਵੇਲੇ ਭਾਜਪਾ ਭਾਰਤ ਹੀ ਨਹੀਂ ਸਗੋਂ ਦੁਨੀਆ ਦੀ ਸਭ ਤੋਂ ਵੱਡੀ ਪਾਰਟੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਗੱਠਜੋੜ ਵਿਚ ਭਾਜਪਾ ਨੂੰ 'ਛੋਟਾ ਭਰਾ' ਬਣਾਉਣਾ ਚਾਹੁੰਦਾ ਹੈ ਤਾਂ ਉਹ ਨਹੀਂ ਚੱਲੇਗਾ। ਉਨ੍ਹਾਂ ਗੱਠਜੋੜ ਲਈ ਗੱਲਬਾਤ ਕਰਨ ਦਾ ਸਵਾਗਤ ਕਰਦਿਆਂ ਨਾਲ ਹੀ ਸਪਸ਼ਟ ਕੀਤਾ ਕਿ ਭਾਰਤੀ ਜਨਤਾ ਪਾਰਟੀ ਘੱਟ ਸੀਟਾਂ 'ਤੇ ਸਹਿਮਤ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ 2024 ਦੀਆਂ ਲੋਕ ਸਭਾ ਚੋਣਾਂ ਵੇਲੇ ਵੀ ਇਹ ਚਰਚਾ ਸੀ ਕਿ ਪੰਜਾਬ ਦੀਆਂ 13 ਸੀਟਾਂ ਵਿਚੋਂ ਭਾਜਪਾ ਨੂੰ ਗੱਠਜੋੜ ਵਿਚ ਸਿਰਫ਼ 3 ਸੀਟਾਂ 'ਤੇ ਚੋਣ ਲੜਣ ਦੀ ਪੇਸ਼ਕਸ਼ ਕੀਤੀ ਗਈ ਹੈ ਪਰ ਅਜਿਹਾ ਕੁਝ ਨਹੀਂ ਸੀ ਹੋਇਆ।

ਇਸ ਦੌਰਾਨ ਪੁਰੀ ਨੇ ਕਿਹਾ ਕਿ ਹਰ ਕੋਈ ਜਾਣਦਾ ਹੈ ਕਿ ਜਦੋਂ ਪ੍ਰਧਾਨ ਮੰਤਰੀ ਮੋਦੀ ਨੇ 2014 ਵਿੱਚ ਸੱਤਾ ਸੰਭਾਲੀ ਸੀ ਤਾਂ ਦੇਸ਼ ਦੀ ਸਥਿਤੀ ਕੀ ਸੀ। ਪਹਿਲਾਂ ਦੀਆਂ ਯੋਜਨਾਵਾਂ ਅਤੇ ਮੌਜੂਦਾ ਯੋਜਨਾਵਾਂ ਵਿੱਚ ਅੰਤਰ ਸਾਫ਼ ਦਿਖਾਈ ਦੇ ਰਿਹਾ ਹੈ ਅਤੇ ਯੋਜਨਾਵਾਂ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਵੀ ਲਾਭ ਪਹੁੰਚਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਇੱਕ ਇਤਿਹਾਸਕ ਰਿਕਾਰਡ ਹਾਸਲ ਕੀਤਾ ਹੈ। ਇਸ ਦੇ ਨਾਲ ਹੀ, ਅਸੀਂ ਪਿਛਲੇ 12 ਸਾਲਾਂ ਵਿੱਚ ਸਾਡੀ ਤਰੱਕੀ ਦੀ ਸਮੀਖਿਆ ਵੀ ਕਰ ਰਹੇ ਹਾਂ। ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ 'ਤੇ ਬੋਲਦੇ ਹੋਏ, ਪੁਰੀ ਨੇ ਕਿਹਾ ਕਿ ਕੁਝ ਹਫ਼ਤੇ ਪਹਿਲਾਂ, ਕੇਂਦਰ ਸਰਕਾਰ ਨੇ ਪੈਟਰੋਲ ਅਤੇ ਡੀਜ਼ਲ 'ਤੇ ਐਕਸਾਈਜ਼ ਡਿਊਟੀ 10 ਰੁਪਏ ਘਟਾ ਦਿੱਤੀ ਸੀ, ਜਿਸ ਦੇ ਨਤੀਜੇ ਵਜੋਂ ਵਿੱਤ ਮੰਤਰਾਲੇ 'ਤੇ ਲਗਭਗ 1 ਲੱਖ ਕਰੋੜ ਰੁਪਏ ਦਾ ਬੋਝ ਪਿਆ। ਐਕਸਾਈਜ਼ ਡਿਊਟੀ ਘਟਾਉਣ ਦਾ ਉਦੇਸ਼ ਵਧਦੀਆਂ ਕੀਮਤਾਂ ਦੌਰਾਨ ਆਮ ਲੋਕਾਂ ਨੂੰ ਵਾਧੂ ਬੋਝ ਤੋਂ ਬਚਾਉਣਾ ਸੀ। ਭਾਰਤ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਦੂਜੇ ਦੇਸ਼ਾਂ ਦੇ ਮੁਕਾਬਲੇ ਬਹੁਤ ਘੱਟ ਵਧੀਆਂ ਹਨ। ਪੁਰੀ ਨੇ ਕਿਹਾ ਕਿ ਭਾਰਤ ਦੀ ਭਵਿੱਖ ਦੀ ਗਤੀਸ਼ੀਲਤਾ ਕਿਸੇ ਇੱਕ ਤਕਨਾਲੋਜੀ 'ਤੇ ਨਿਰਭਰ ਨਹੀਂ ਹੋਵੇਗੀ। ਇਲੈਕਟ੍ਰਿਕ ਵਾਹਨਾਂ ਤੋਂ ਇਲਾਵਾ, ਸਰਕਾਰ ਬਾਇਓਫਿਊਲ ਅਤੇ ਗ੍ਰੀਨ ਹਾਈਡ੍ਰੋਜਨ 'ਤੇ ਵੀ ਜ਼ੋਰ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਉਹ ਇਲੈਕਟ੍ਰਿਕ ਵਾਹਨਾਂ ਦਾ ਪੂਰਾ ਸਮਰਥਨ ਕਰਦੇ ਹਨ, ਪਰ ਈਵੀ ਲਈ ਲੋੜੀਂਦੀ ਤਕਨਾਲੋਜੀ, ਬੈਟਰੀਆਂ ਅਤੇ ਮਹੱਤਵਪੂਰਨ ਹਿੱਸੇ ਮੁੱਖ ਤੌਰ 'ਤੇ ਵਿਦੇਸ਼ਾਂ ਤੋਂ ਆਯਾਤ ਕੀਤੇ ਜਾਂਦੇ ਹਨ। ਫਲੈਕਸ-ਫਿਊਲ ਅਤੇ ਈ-85 ਈਂਧਨ ਨੂੰ ਇਲੈਕਟ੍ਰਿਕ ਵਾਹਨਾਂ ਨਾਲੋਂ ਤੇਜ਼ੀ ਨਾਲ ਲਾਗੂ ਕੀਤਾ ਗਿਆ ਹੈ। ਇਹ ਭਾਰਤੀ ਕਿਸਾਨਾਂ ਦੇ ਉਤਪਾਦਨ ਤੋਂ ਪੈਦਾ ਹੁੰਦਾ ਹੈ। ਈ-85 ਈਂਧਨ ਆਮ ਪੈਟਰੋਲ ਨਾਲੋਂ 20 ਰੁਪਏ ਪ੍ਰਤੀ ਲੀਟਰ ਤੱਕ ਸਸਤਾ ਹੈ। ਪ੍ਰੈਸ ਕਾਨਫਰੰਸ ਵਿੱਚ ਭਾਜਪਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ, ਜਤਿੰਦਰ ਮਿੱਤਲ, ਅਨਿਲ ਸਰੀਨ, ਗੁਰਦੇਵ ਸ਼ਰਮਾ ਦੇਵੀ, ਪਰਵੀਨ ਬਾਂਸਲ, ਨਰਿੰਦਰ ਸਿੰਘ ਮੱਲੀ, ਡਾ. ਕਨਿਕਾ ਜਿੰਦਲ, ਯਸ਼ਪਾਲ ਜਨੋਤਰਾ, ਡਾ ਨਈਅਰ, ਨਵਲ ਜੈਨ, ਬੌਬੀ ਜਿੰਦਲ ਅਤੇ ਜ਼ਿਲ੍ਹਾ ਮੀਡੀਆ ਸਕੱਤਰ ਡਾ. ਸਤੀਸ਼ ਕੁਮਾਰ ਆਦਿ ਵੀ ਮੌਜੂਦ ਸਨ।

## ਲੈਫਟੀਨੈਂਟ ਜਨਰਲ ਧੀਰਜ ਸੇਠ ਹੋਣਗੇ

ਦਸੰਬਰ, 1986 ਵਿੱਚ ਆਰਮਡ ਕੋਰ ਵਿੱਚ ਕਮਿਸ਼ਨ ਪ੍ਰਾਪਤ, ਧੀਰਜ ਸੇਠ ਕੋਲ ਲਗਭਗ 40 ਸਾਲਾਂ ਦਾ ਫੌਜੀ ਤਜਰਬਾ ਹੈ। ਉਸ ਨੇ ਮਾਰੂਥਲ, ਜੰਮੂ ਅਤੇ ਕਸ਼ਮੀਰ ਅਤੇ ਪੱਛਮੀ ਮੋਰਚੇ ਸਮੇਤ ਕਈ ਸੰਵੇਦਨਸ਼ੀਲ ਖੇਤਰਾਂ ਵਿੱਚ ਕਮਾਂਡ ਕੀਤੀ ਹੈ।

ਧੀਰਜ ਸੇਠ ਨੇ ਦੱਖਣ-ਪੱਛਮੀ ਕਮਾਂਡ ਅਤੇ ਦੱਖਣੀ ਕਮਾਂਡ ਦੇ ਜੀਓਸੀ-ਇਨ-ਸੀ ਵਜੋਂ ਵੀ ਸੇਵਾ ਨਿਭਾਈ ਹੈ। ਉਹ ਪੱਛਮੀ ਮੋਰਚੇ 'ਤੇ ਦੋ ਸੰਚਾਲਨ ਕਮਾਂਡਾਂ ਦੀ ਅਗਵਾਈ ਕਰਨ ਵਾਲੇ ਕੁਝ ਚੋਣਵੇਂ ਅਧਿਕਾਰੀਆਂ ਵਿੱਚੋਂ ਇੱਕ ਹੈ। ਉਸ ਨੇ ਸੰਯੁਕਤ ਰਾਸ਼ਟਰ ਮਿਸ਼ਨ (ਅੰਗੋਲਾ), ਫੌਜ ਹੈੱਡਕੁਆਰਟਰ ਅਤੇ ਸਮਰੱਥਾ ਵਿਕਾਸ ਨਾਲ ਸਬੰਧਤ ਕਈ ਮੁੱਖ ਅਹੁਦਿਆਂ 'ਤੇ ਵੀ ਕੰਮ ਕੀਤਾ ਹੈ।

ਉਹ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.) ਖੜਕਵਾਸਲਾ, ਇੰਡੀਅਨ ਮਿਲਟਰੀ ਅਕੈਡਮੀ (ਆਈ.ਐਮ.ਏ.), ਡੀ.ਐਸ.ਐਸ.ਸੀ. ਵੈਲਿੰਗਟਨ, ਅਤੇ ਨੈਸ਼ਨਲ ਡਿਫੈਂਸ ਕਾਲਜ ਦੇ ਸਾਬਕਾ ਵਿਦਿਆਰਥੀ ਹਨ। ਉਸ ਨੇ ਜੂਨੀਅਰ ਕਮਾਂਡ ਕੋਰਸ ਵਿੱਚ ਪਹਿਲਾ ਦਰਜਾ ਪ੍ਰਾਪਤ ਕੀਤਾ ਅਤੇ ਡੀਐਸਐਸਸੀ ਵਿੱਚ ਸਰਵੋਤਮ ਆਲ-ਰਾਊਂਡ ਵਿਦਿਆਰਥੀ ਅਫਸਰ ਮੈਡਲ ਪ੍ਰਾਪਤ ਕੀਤਾ।

ਉਸ ਦੀ ਵਿਲੱਖਣ ਸੇਵਾ ਲਈ, ਉਸ ਨੂੰ ਪਰਮ ਵਿਸ਼ਿਸ਼ਟ ਸੇਵਾ ਮੈਡਲ ਉੱਤਮ ਯੁੱਧ ਸੇਵਾ ਮੈਡਲ ਅਤੇ ਅਤਿ ਵਿਸ਼ਿਸ਼ਟ ਸੇਵਾ ਮੈਡਲਨਾਲ ਸਨਮਾਨਿਤ ਕੀਤਾ ਗਿਆ ਹੈ।

## ਫਰਾਂਸ ਅਤੇ ਸਲੋਵਾਕੀਆ ਦੇ 6

ਕਈ ਵਿਸ਼ਵ ਨੇਤਾਵਾਂ ਨਾਲ ਮੁਲਾਕਾਤ ਕਰ ਸਕਦੇ ਹਨ। ਇਸ ਤੋਂ ਬਾਅਦ, ਮੋਦੀ ਪੈਰਿਸ ਦੀ ਯਾਤਰਾ ਕਰਨਗੇ। ਇੱਥੇ, ਉਹ ਪ੍ਰਧਾਨ ਮੰਤਰੀ ਰੌਬਰਟ ਫਿਕੋ ਅਤੇ ਰਾਸ਼ਟਰਪਤੀ ਪੀਟਰ ਪੇਲੇਗ੍ਰਿਨੀ ਨਾਲ ਮੁਲਾਕਾਤ ਕਰਨਗੇ। 1993 ਵਿੱਚ ਸਲੋਵਾਕੀਆ ਦੇ ਸੁਤੰਤਰ ਰਾਸ਼ਟਰ ਬਣਨ ਤੋਂ ਬਾਅਦ ਇਹ ਕਿਸੇ ਭਾਰਤੀ ਪ੍ਰਧਾਨ ਮੰਤਰੀ ਦੀ ਪਹਿਲੀ ਫੇਰੀ ਹੈ। ਭਾਰਤ ਇਨੋਵੇਟਸ' ਸਿੱਖਿਆ ਮੰਤਰਾਲੇ ਦੁਆਰਾ ਇੱਕ ਨਵੀਂ ਗਲੋਬਲ ਪਹਿਲਕਦਮੀ ਹੈ, ਜਿਸਦਾ ਐਲਾਨ ਪ੍ਰਧਾਨ ਮੰਤਰੀ ਮੋਦੀ ਨੇ ਫਰਵਰੀ 2026 ਵਿੱਚ ਭਾਰਤ-ਫਰਾਂਸ ਇਨੋਵੇਸ਼ਨ ਸਾਲ ਦੇ ਉਦਘਾਟਨ ਦੌਰਾਨ ਕੀਤਾ ਸੀ।

ਇਸ ਦਾ ਉਦੇਸ਼ ਭਾਰਤੀ ਸਟਾਰਟਅੱਪਸ, ਆਈ.ਆਈ.ਟੀ., ਆਈ.ਆਈ.ਐੱਸ.ਸੀ., ਯੂਨੀਵਰਸਿਟੀਆਂ ਅਤੇ ਖੋਜ ਸੰਸਥਾਵਾਂ ਨੂੰ ਵਿਸ਼ਵਵਿਆਪੀ ਨਿਵੇਸ਼ਕਾਂ, ਕੰਪਨੀਆਂ, ਯੂਨੀਵਰਸਿਟੀਆਂ ਅਤੇ ਖੋਜ ਸੰਗਠਨਾਂ ਨਾਲ ਜੋੜਨਾ ਹੈ। ਇਹ ਸਮਾਗਮ 14 ਤੋਂ 16 ਜੂਨ ਤੱਕ ਨਾਇਸ ਸ਼ਹਿਰ ਦੇ ਪੈਲੇਸ ਡੇਸ ਐਕਸਪੋਜ਼ੀਸ਼ਨਜ਼ ਵਿਖੇ ਹੋਵੇਗਾ। ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਇਸ ਮੈਗਾ ਸੰਮੇਲਨ ਦਾ ਉਦਘਾਟਨ ਕਰਨਗੇ।

## ਆਸਾਮ 'ਚ ਹਵਾਈ ਫ਼ੌਜ ਦਾ ਜਹਾਜ਼ ਹਾਦਸਾਗ੍ਰਸਤ

ਕਿਹਾ ਸੀ, 'ਅੱਜ ਜੋਰਹਾਟ ਵਿਖੇ ਲੈਂਡਿੰਗ ਕਰਦੇ ਸਮੇਂ ਭਾਰਤੀ ਹਵਾਈ ਸੈਨਾ ਦਾ ਇੱਕ ਏਐਨ-32 ਜਹਾਜ਼ ਹਾਦਸੇ ਦਾ ਸ਼ਿਕਾਰ ਹੋ ਗਿਆ। ਹਾਦਸੇ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਕੋਰਟ ਆਫ ਇਨਕੁਆਇਰੀ ਗਠਿਤ ਕੀਤੀ ਜਾ ਰਹੀ ਹੈ'। ਇਹ ਘਟਨਾ ਜੋਰਹਾਟ ਜ਼ਿਲ੍ਹੇ ਵਿੱਚ ਹਵਾਈ ਸੈਨਾ ਦੇ ਰੋਰੀਆਹ ਏਅਰਬੇਸ 'ਤੇ ਵਾਪਰੀ। ਹਾਦਸੇ ਤੋਂ ਤੁਰੰਤ ਬਾਅਦ ਹਵਾਈ ਸੈਨਾ ਦੇ ਸੀਨੀਅਰ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਸਨ। ਐਂਟੋਨੋਵ ਏਐਨ-32 ਸੋਵੀਅਤ ਮੂਲ ਦਾ ਇੱਕ ਦੋ-ਇੰਜਣ ਵਾਲਾ ਟਰਬੋਪ੍ਰੌਪ ਟਰਾਂਸਪੋਰਟ ਜਹਾਜ਼ ਹੈ ਅਤੇ ਇਹ ਹਵਾਈ ਸੈਨਾ ਦੇ ਟਰਾਂਸਪੋਰਟ ਬੇੜੇ ਦਾ ਇੱਕ ਮੁੱਖ ਹਿੱਸਾ ਹੈ। ਇਹ ਵਿਆਪਕ ਤੌਰ 'ਤੇ ਰਣਨੀਤਕ ਏਅਰਲਿਫਟ, ਫੌਜਾਂ ਦੀ ਆਵਾਜਾਈ, ਕਾਰਗੋ ਡਿਲਿਵਰੀ ਅਤੇ ਲੌਜਿਸਟਿਕਸ ਸਹਾਇਤਾ ਲਈ ਵਰਤਿਆ ਜਾਂਦਾ ਹੈ, ਖਾਸ ਤੌਰ 'ਤੇ ਦੂਰ-ਦੁਰਾਡੇ ਅਤੇ ਉੱਚ-ਉਚਾਈ ਵਾਲੇ ਖੇਤਰਾਂ ਵਿੱਚ।

## ਪੰਜਾਬ 'ਚ ਸਰਕਾਰ ਬਣਾਉਣਾ ਭਾਜਪਾ ਦਾ

ਅਤੇ ਘਰ, ਬਿਜਲੀ, ਪੀਣ ਵਾਲਾ ਪਾਣੀ ਅਤੇ ਮੁਫ਼ਤ ਅਨਾਜ ਵਰਗੀਆਂ ਯੋਜਨਾਵਾਂ ਦਾ ਲਾਭ ਦੇਸ਼ ਦੇ ਹਰੇਕ ਵਰਗ ਤੱਕ ਪਹੁੰਚਿਆ ਹੈ।

ਪੰਜਾਬ ਦੀ ਰਾਜਨੀਤੀ ਬਾਰੇ ਗੱਲ ਕਰਦਿਆਂ ਕੇਂਦਰੀ ਮੰਤਰੀ ਨੇ ਕਿਹਾ ਕਿ ਭਾਜਪਾ ਦਾ ਅਗਲਾ ਟੀਚਾ ਪੰਜਾਬ ਵਿੱਚ ਆਪਣੀ ਸਰਕਾਰ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਪਾਰਟੀ 117 ਵਿਧਾਨ ਸਭਾ ਸੀਟਾਂ 'ਤੇ ਚੋਣ ਲੜਨ ਲਈ ਪੂਰੀ ਤਰ੍ਹਾਂ ਤਿਆਰ ਅਤੇ ਸਮਰੱਥ ਹੈ। ਸ਼੍ਰੋਮਣੀ ਅਕਾਲੀ ਦਲ ਨਾਲ ਸੰਭਾਵਿਤ ਗਠਜੋੜ ਸਬੰਧੀ ਪੁੱਛੇ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਇਸ ਬਾਰੇ ਫੈਸਲਾ ਪਾਰਟੀ ਦੀ ਨੀਤੀ ਅਤੇ ਕੇਂਦਰੀ ਲੀਡਰਸ਼ਿਪ ਵੱਲੋਂ ਕੀਤਾ ਜਾਵੇਗਾ। ਖੱਟੜ ਨੇ ਪੰਜਾਬ ਦੀ ਕਾਨੂੰਨ-ਵਿਵਸਥਾ ਨੂੰ ਲੈ ਕੇ ਮੌਜੂਦਾ ਸਰਕਾਰ 'ਤੇ ਵੀ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਗੈਂਗਸਟਰਵਾਦ, ਨਸ਼ਿਆਂ ਅਤੇ ਅਪਰਾਧਿਕ ਘਟਨਾਵਾਂ ਕਾਰਨ ਲੋਕਾਂ ਵਿੱਚ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਇੰਡੋ-ਪਾਕ ਵਪਾਰ ਮੁੜ ਸ਼ੁਰੂ ਕਰਨ ਦੀ ਮੰਗ ਸਬੰਧੀ ਉਨ੍ਹਾਂ ਕਿਹਾ ਕਿ ਅਜਿਹੇ ਫੈਸਲੇ ਅੰਤਰਰਾਸ਼ਟਰੀ ਹਾਲਾਤਾਂ ਅਤੇ ਸਮੇਂ ਦੀ ਲੋੜ ਨੂੰ ਧਿਆਨ ਵਿੱਚ ਰੱਖ ਕੇ ਕੀਤੇ ਜਾਂਦੇ ਹਨ।

ਡਰੋਨਾਂ ਰਾਹੀਂ ਪੰਜਾਬ ਵਿੱਚ ਹਥਿਆਰ ਅਤੇ ਨਸ਼ਾ ਆਉਣ ਦੇ ਮੁੱਦੇ 'ਤੇ ਵਿਰੋਧੀ ਧਿਰ ਵੱਲੋਂ ਕੇਂਦਰ ਸਰਕਾਰ 'ਤੇ ਲਗਾਏ ਜਾ ਰਹੇ ਦੋਸ਼ਾਂ ਨੂੰ ਰੱਦ ਕਰਦਿਆਂ ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਕੋਲ ਕੋਈ ਠੋਸ ਮੁੱਦਾ ਨਹੀਂ ਹੈ। ਉਨ੍ਹਾਂ ਦਾਅਵਾ ਕੀਤਾ ਕਿ ਦੇਸ਼ ਵਿੱਚ ਸੜਕਾਂ, ਰੇਲਵੇ, ਹਵਾਈ ਸੇਵਾਵਾਂ ਅਤੇ ਬਿਜਲੀ ਉਤਪਾਦਨ ਦੇ ਖੇਤਰ ਵਿੱਚ ਤੇਜ਼ੀ ਨਾਲ ਵਿਕਾਸ ਹੋਇਆ ਹੈ ਅਤੇ ਮੋਦੀ ਸਰਕਾਰ ਸੇਵਾ, ਵਿਕਾਸ ਅਤੇ ਆਤਮਨਿਰਭਰ ਭਾਰਤ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਇਸ ਮੌਕੇ ਸਾਬਕਾ ਸਾਂਸਦ ਸੇਵਤ ਮਲਿਕ ਜਿਲਾ ਭਾਜਪਾ ਪ੍ਰਧਾਨ ਹਰਵਿੰਦਰ ਸੰਧੂ ਪੰਜਾਬ ਵਪਾਰ ਮੰਡਲ ਤੋਂ ਸੁਰਿੰਦਰ ਦੁਗਲ ਸਮੇਤ ਵੱਡੀ ਗਿਣਤੀ ਤੇ ਵਪਾਰੀ ਅਤੇ ਭਾਜਪਾ ਵਰਕਰ ਹਾਜ਼ਰ ਸਨ

## ਦੇਸ਼ ਦਾ ਕੋਈ ਵੀ ਅੰਦੋਲਨ ਹੋਵੇ,

ਵੱਡਾ ਪ੍ਰਦਰਸ਼ਨ ਹੋਵੇਗਾ। ਗੋਲਡਨ ਗੇਟ 'ਤੇ ਮੰਚ ਤੋਂ ਨੌਜਵਾਨਾਂ ਨੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਅਸਤੀਫਾ ਦੋ ਕਾਕਰੋਚ ਜਨਤਾ ਪਾਰਟੀ ਜ਼ਿੰਦਾਬਾਦ ਦੇ ਨਾਅਰੇ ਲਗਾਏ। ਪ੍ਰਦਰਸ਼ਨ ਦੀ ਇਜਾਜ਼ਤ ਦੀਪਕੇ ਨੇ ਖੁਦ ਆਨਲਾਈਨ ਡੀਸੀਪੀ ਲਾਅ ਐਂਡ ਆਰਡਰ ਤੋਂ ਸ਼ਾਮ 4 ਵਜੇ ਤੋਂ 7 ਵਜੇ ਤੱਕ ਲਈ ਸੀ। ਹਾਲਾਂਕਿ ਲਗਭਗ ਸਾਢੇ 5 ਵਜੇ ਹੀ ਪ੍ਰਦਰਸ਼ਨ ਖਤਮ ਹੋ ਗਏ ਤੇ ਅਭਿਜੀਤ ਰਵਾਨਾ ਹੋ ਗਏ।

ਪ੍ਰਦਰਸ਼ਨ ਲਈ ਅੰਮ੍ਰਿਤਸਰ ਆਉਣ ਨੂੰ ਲੈ ਕੇ ਅਭਿਜੀਤ ਨੇ ਕਿਹਾ ਕਿ ਦੇਸ਼ ਵਿਚ ਜਦੋਂ ਵੀ ਕੋਈ ਅੰਦੋਲਨ ਹੁੰਦਾ ਹੈ, ਉਸ ਵਿਚ ਪੰਜਾਬ ਦਾ ਸਭ ਤੋਂ ਵੱਡਾ ਯੋਗਦਾਨ ਹੁੰਦਾ ਹੈ। ਇਸ ਲਈ ਅਸੀਂ ਅੰਮ੍ਰਿਤਸਰ ਨੂੰ ਪ੍ਰਦਰਸ਼ਨ ਲਈ ਚੁਣਿਆ। ਜਦੋਂ ਤੱਕ ਧਰਮਿੰਦਰ ਪ੍ਰਧਾਨ ਅਸਤੀਫਾ ਨਹੀਂ ਦੇ ਦਿੰਦੇ, ਅਸੀਂ ਵਿਰੋਧ ਕਰਦੇ ਰਹਾਂਗੇ।

## ਭਾਰਤ ਵੱਲੋਂ ਬੈਲਿਸਟਿਕ ਮਿਜ਼ਾਈਲਾਂ ਵਿਰੁੱਧ

ਗਈਆਂ ਮਿਜ਼ਾਈਲਾਂ) ਨੇ ਆਪਣੇ ਨਿਸ਼ਾਨਿਆਂ ਨੂੰ ਸਫਲਤਾਪੂਰਵਕ ਰੋਕਿਆ। ਇਹ ਪ੍ਰਣਾਲੀਆਂ ਉੱਭਰਦੇ ਮਿਜ਼ਾਈਲ ਖਤਰਿਆਂ ਨਾਲ ਨਜਿੱਠਣ ਲਈ ਨਵੀਨਤਮ ਤਕਨਾਲੋਜੀਆਂ ਨਾਲ ਡਿਜ਼ਾਈਨ ਅਤੇ ਵਿਕਸਤ ਕੀਤੀਆਂ ਗਈਆਂ ਹਨ।'

ਰੱਖਿਆ ਮੰਤਰਾਲੇ ਨੇ ਕਿਹਾ ਕਿ ਇਨ੍ਹਾਂ ਪ੍ਰੀਖਣਾਂ ਨੇ ਦੇਸ਼ ਨੂੰ ਉਨ੍ਹਾਂ ਦੇਸ਼ਾਂ ਦੇ ਕੁਲੀਨ ਸਮੂਹ ਵਿੱਚ ਸ਼ਾਮਲ ਕਰ ਦਿੱਤਾ ਹੈ ਜਿਨ੍ਹਾਂ ਕੋਲ ਇੰਟਰਕੌਂਟੀਨੈਂਟਲ ਬੈਲਿਸਟਿਕ ਮਿਜ਼ਾਈਲਾਂ (ਆਈਸੀਬੀਐਮ) ਦੀ ਰੇਂਜ ਤੱਕ ਨਿਸ਼ਾਨਾ ਬਣਾਉਣ ਲਈ ਬੀ.ਐਮ.ਡੀ. ਸਮਰੱਥਾ ਹੈ। ਮਿਲਟਰੀ ਭਾਸ਼ਾ ਵਿੱਚ ਆਈਸੀਬੀਐਮ ਉਨ੍ਹਾਂ ਮਿਜ਼ਾਈਲਾਂ ਲਈ ਇੱਕ ਵਰਗੀਕਰਨ ਹੈ ਜਿਨ੍ਹਾਂ ਨੂੰ ਦੁਸ਼ਮਣ ਦੁਆਰਾ 5000 ਕਿਲੋਮੀਟਰ ਤੋਂ ਵੱਧ ਦੂਰੀ ਤੋਂ ਚਲਾਇਆ ਜਾ ਸਕਦਾ ਹੈ। ਬੀ.ਐਮ.ਡੀ.- ਜਿਵੇਂ ਕਿ ਭਾਰਤ ਦੁਆਰਾ ਵਿਕਸਤ ਕੀਤੀ ਗਈ ਹੈ - ਨੂੰ ਆਉਣ ਵਾਲੇ ਖ਼ਤਰੇ ਨੂੰ ਰੋਕਣ ਦੇ ਯੋਗ ਹੋਣਾ ਚਾਹੀਦਾ ਹੈ। ਪ੍ਰੀਖਣਾਂ ਦੀ ਲੜੀ ਵਿੱਚ, ਡੀਆਰਡੀਓ ਨੇ ਨੇਵਲ ਐਂਟੀ-ਸ਼ਿਪ ਮਿਜ਼ਾਈਲ-ਮੀਡੀਅਮ ਰੇਂਜ ਦੀ ਪਹਿਲੀ ਉਡਾਣ ਦਾ ਵੀ ਸਫਲਤਾਪੂਰਵਕ ਪ੍ਰੀਖਣ ਕੀਤਾ। ਭਾਰਤ ਪਿਛਲੇ ਦੋ ਦਹਾਕਿਆਂ ਤੋਂ ਮਿਜ਼ਾਈਲ ਇੰਟਰਸੈਪਟਰ ਵਿਕਸਿਤ ਕਰ ਰਿਹਾ ਹੈ। 2006-2007 ਵਿੱਚ ਉੱਚ-ਉਚਾਈ ਵਾਲੇ ਇੰਟਰਸੈਪਸ਼ਨ ਲਈ ਪ੍ਰਿਥਵੀ ਏਅਰ ਡਿਫੈਂਸ (ਪੀ ਏ ਡੀ) ਦਾ ਪਹਿਲਾ ਪ੍ਰੀਖਣ ਕੀਤਾ ਗਿਆ ਸੀ, ਜਿਸ ਤੋਂ ਬਾਅਦ ਘੱਟ-ਉਚਾਈ ਵਾਲੇ ਇੰਟਰਸੈਪਸ਼ਨ ਲਈ ਐਡਵਾਂਸਡ ਏਅਰ ਡਿਫੈਂਸ ਦੇ ਸ਼ੁਰੂਆਤੀ ਪ੍ਰੀਖਣ ਕੀਤੇ ਗਏ ਸਨ। ਸਿਸਟਮ ਨੂੰ ਹੋਰ ਬਿਹਤਰ ਬਣਾਇਆ ਗਿਆ ਸੀ ਅਤੇ 2017-2018 ਦੇ ਆਸਪਾਸ ਉੜੀਸ਼ਾ ਦੇ ਤੱਟ ਤੋਂ ਪੀ ਏ ਡੀ ਅਤੇ ਏਏਡੀ ਪ੍ਰਣਾਲੀਆਂ ਦੇ ਕਈ ਸਫਲ ਪ੍ਰੀਖਣ ਕੀਤੇ ਗਏ ਸਨ, ਜਿਸ ਵਿੱਚ ਨਕਲੀ ਬੈਲਿਸਟਿਕ ਨਿਸ਼ਾਨਿਆਂ ਨੂੰ ਰੋਕਣ ਦੀ ਸਟੀਕਤਾ ਦਾ ਪ੍ਰਦਰਸ਼ਨ ਕੀਤਾ ਗਿਆ ਸੀ।

ਅਪਰੈਲ 2023 ਵਿੱਚ, ਸਮੁੰਦਰੀ-ਆਧਾਰਿਤ (ਨੇਵਲ) ਬੀ.ਐਮ.ਡੀ. ਇੰਟਰਸੈਪਟਰ ਦਾ ਸਫਲ ਪਹਿਲਾ ਉਡਾਣ ਪ੍ਰੀਖਣ ਕੀਤਾ ਗਿਆ ਸੀ। ਪਿਛਲੇ ਦੋ ਦਿਨਾਂ ਵਿੱਚ ਕੀਤੇ ਗਏ ਪ੍ਰੀਖਣ ਲੰਬੀ ਦੂਰੀ ਅਤੇ ਤੇਜ਼ ਰਫਤਾਰ ਇੰਟਰਸੈਪਸ਼ਨ ਪ੍ਰਾਪਤ ਕਰਨ ਲਈ ਵਿਕਾਸ ਦੇ ਅਗਲੇ ਪੜਾਅ ਦਾ ਹਿੱਸਾ ਹਨ ਅਤੇ ਆਈਸੀਬੀਐਮ ਨੂੰ ਰੋਕਣ 'ਤੇ ਕੇਂਦ੍ਰਿਤ ਹਨ।

ਸ਼ਨਿਚਰਵਾਰ ਨੂੰ ਐਲਾਨੇ ਗਏ ਪ੍ਰੀਖਣਾਂ ਤੋਂ ਪਹਿਲਾਂ 2022 ਵਿੱਚ ਅਤੇ ਜੁਲਾਈ 2024 ਵਿੱਚ ਕਈ ਪ੍ਰੀਖਣ ਕੀਤੇ ਗਏ ਹਨ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਇਨ੍ਹਾਂ ਮਹੱਤਵਪੂਰਨ ਤਕਨਾਲੋਜੀਆਂ ਦਾ ਸਫਲਤਾਪੂਰਵਕ ਪ੍ਰਦਰਸ਼ਨ ਕਰਨ ਲਈ ਡੀਆਰਡੀਓ ਨੂੰ ਵਧਾਈ ਦਿੱਤੀ ਹੈ। ਰੱਖਿਆ ਖੋਜ ਅਤੇ ਵਿਕਾਸ ਵਿਭਾਗ ਦੇ ਸਕੱਤਰ ਅਤੇ ਡੀਆਰਡੀਓ ਦੇ ਚੇਅਰਮੈਨ ਰਾਜੇਸ਼ ਕੁਮਾਰ ਸਿੰਘ ਨੇ ਅਜ਼ਮਾਇਸ਼ਾਂ ਦੀ ਨਿਗਰਾਨੀ ਕੀਤੀ ਅਤੇ ਡੀਆਰਡੀਓ ਅਤੇ ਉਦਯੋਗ ਦੇ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ।

## ਪੰਜਾਬ ਦੀਆਂ 4 ਨਗਰ ਕੌਂਸਲਾਂ ਦੇ

ਸਾਬਕਾ ਨਗਰ ਕੌਂਸਲ ਪ੍ਰਧਾਨ ਅਤੇ ਵਿਧਾਇਕ ਦੇ ਭਰਾ ਬਲਜੀਤ ਸਿੰਘ ਪਾਹੜਾ ਨੇ ਦੁਬਾਰਾ ਚੋਣ ਜਿੱਤੀ ਅਤੇ ਨਗਰ ਕੌਂਸਲ ਪ੍ਰਧਾਨ ਵਜੋਂ ਆਪਣੀ ਸੀਟ ਸੁਰੱਖਿਅਤ ਕੀਤੀ। ਭਾਜਪਾ ਨੇ ਇਸ ਚੋਣ ਵਿੱਚ ਸਾਰੇ 29 ਵਾਰਡਾਂ ਵਿੱਚ ਉਮੀਦਵਾਰ ਖੜ੍ਹੇ ਕੀਤੇ ਸਨ, ਪਰ ਆਪਣਾ ਖਾਤਾ ਵੀ ਨਹੀਂ ਖੋਲ੍ਹ ਸਕੇ। ਇਸ ਵਾਰ ਗੁਰਦਾਸਪੁਰ ਤੋਂ ਕਾਂਗਰਸ ਦੇ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਅਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਮਨ ਬਹਿਲ ਨੇ ਚੋਣ ਜਿੱਤਣ ਲਈ ਹਰ ਸੰਭਵ ਕੋਸ਼ਿਸ਼ ਕੀਤੀ। ਆਮ ਆਦਮੀ ਪਾਰਟੀ ਵੱਲੋਂ ਆਪਣੇ ਉਮੀਦਵਾਰਾਂ ਦਾ ਐਲਾਨ ਕਰਨ ਵਿੱਚ ਦੇਰੀ ਕਾਰਨ ਉਨ੍ਹਾਂ ਨੂੰ ਨੁਕਸਾਨ ਹੋਇਆ ਹਾਲਾਂਕਿ ਭਾਜਪਾ ਦੀ ਆਪਣੀ ਫੁੱਟ ਹੀ ਭਾਜਪਾ ਨੂੰ ਲੈ ਕੇ ਬੈਠੀ। ਜ਼ਿਆਦਾਤਰ ਭਾਜਪਾ ਨੇਤਾਵਾਂ ਨੇ ਇਸ ਵਾਰ ਅੰਦਰੂਨੀ ਤੌਰ 'ਤੇ ਕਾਂਗਰਸ ਦਾ ਸਮਰਥਨ ਕੀਤਾ।

ਕਾਦੀਆਂ ਨਗਰ ਕੌਂਸਲ ਚੋਣਾਂ ਦੇ ਨਤੀਜੇ: ਕੁੱਲ ਵਾਰਡ-15, ਸ਼੍ਰੋਮਣੀ ਅਕਾਲੀ ਦਲ ਨੇ 6 ਸੀਟਾਂ, ਕਾਂਗਰਸ ਨੇ 4 ਸੀਟਾਂ, ਭਾਰਤੀ ਜਨਤਾ ਪਾਰਟੀ ਨੇ 1 ਸੀਟ, ਆਮ ਆਦਮੀ ਪਾਰਟੀ ਨੇ 2 ਸੀਟਾਂ ਅਤੇ ਹੋਰ ਨੇ 2 ਸੀਟਾਂ ਜਿੱਤੀਆਂ।

ਸ਼ਾਮ ਚੁਰਾਸੀ ਨਗਰ ਕੌਂਸਲ ਚੋਣਾਂ ਦੇ ਨਤੀਜੇ: ਕੁੱਲ ਵਾਰਡ-9, 'ਆਪ' ਨੇ 6, ਕਾਂਗਰਸ ਨੇ 2 ਅਤੇ ਆਜ਼ਾਦ ਨੇ 1 ਸੀਟ ਜਿੱਤੀ ਜਦਕਿ ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਖ਼ਾਤੇ ਨਹੀਂ ਖੋਲ੍ਹ ਸਕੇ।

ਦੀਨਾਨਗਰ ਨਗਰ ਕੌਂਸਲ ਚੋਣ ਨਤੀਜੇ: ਦੀਨਾਨਗਰ ਨਗਰ ਕੌਂਸਲ ਦੇ ਕੁੱਲ੍ਹ 15 ਵਾਰਡਾਂ ਵਿਚ ਵੋਟਾਂ ਪਈਆਂ ਹਨ। 15 ਵਾਰਡਾਂ ਵਿਚੋਂ ਹੁਣ ਤੱਕ 13 ਵਾਰਡਾਂ ਨਤੀਜੇ ਐਲਾਨੇ ਗਏ ਹਨ ਜਦਕਿ ਵਾਰਡ ਨੰਬਰ-6 ਦੇ ਬੂਥ ਨੰਬਰ 9 ਵਿਚ ਈ.ਵੀ.ਐੱਮ. ਵਿਚ ਤਕਨੀਕੀ ਖ਼ਰਾਬੀ ਕਰਕੇ ਨਤੀਜਿਆਂ ਦਾ ਐਲਾਨ ਨਹੀਂ ਹੋ ਸਕਿਆ ਹੈ। ਸਾਹਮਣੇ ਆਏ ਚੋਣ ਨਤੀਜਿਆਂ ਵਿਚ ਕਾਂਗਰਸ ਨੇ 8 ਸੀਟਾਂ 'ਤੇ ਕਬਜ਼ਾ ਕੀਤਾ ਹੈ ਜਦਕਿ ਸੱਤਾਧਾਰੀ ਪਾਰਟੀ ਨੇ 4 ਸੀਟਾਂ ਜਿੱਤੀਆਂ ਹਨ। ਭਾਜਪਾ ਦੀ ਝੋਲੀ ਵਿਚ ਇਕ ਸੀਟ ਪਈ ਹੈ। ਉਥੇ ਹੀ ਅਕਾਲੀ ਦਲ ਅਤੇ ਆਜ਼ਾਦ ਉਮੀਦਵਾਰ ਆਪਣੇ ਖ਼ਾਤੇ ਨਹੀਂ ਖੋਲ੍ਹ ਸਕੇ। ਕੁੱਲ ਵਾਰਡ-15, ਕਾਂਗਰਸ ਨੇ 8, 'ਆਪ' ਨੇ 4 ਅਤੇ ਭਾਜਪਾ ਨੇ 1 ਸੀਟ ਜਿੱਤੀ ਸ਼੍ਰੋਮਣੀ ਅਕਾਲੀ ਦਲ ਤੇ ਆਜ਼ਾਦ ਖ਼ਾਤੇ ਨਹੀਂ ਖੋਲ੍ਹ ਸਕੇ।

ਦੀਨਾਨਗਰ ਦੇ ਵਾਰਡ ਨੰਬਰ-6 'ਚ ਹੋ ਸਕਦੀ ਹੈ ਦੋਬਾਰਾ ਵੋਟਿੰਗ, ਨਹੀਂ ਐਲਾਨੇ ਗਏ ਨਤੀਜੇ: ਦੀਨਾਨਗਰ ਦੇ ਵਾਰਡ ਨੰਬਰ-6 ਦੇ ਬੂਥ ਨੰਬਰ 9 'ਚ ਅਚਾਨਕ ਈ.ਵੀ.ਐੱਮ. ਮਸ਼ੀਨ ਵਿੱਚ ਖ਼ਰਾਬੀ ਹੋਣ ਕਰਕੇ ਵੋਟਾਂ ਦੇ ਨਤੀਜੇ ਨਹੀਂ ਐਲਾਨੇ ਗਏ ਹਨ। ਜਾਣਕਾਰੀ ਅਨੁਸਾਰ ਪਹਿਲਾਂ ਸਵੇਰ ਵੇਲੇ ਕੁਝ ਹੀ ਵੋਟਿੰਗ ਹੋਣ ਉਪਰੰਤ ਮਸ਼ੀਨ ਖ਼ਰਾਬ ਹੋ ਗਈ ਸੀ ਪਰ ਪ੍ਰਸ਼ਾਸਨ ਵੱਲੋਂ ਇਥੇ ਇਕ ਨਵੀਂ ਮਸ਼ੀਨ ਲਾ ਦਿੱਤੀ ਗਈ ਸੀ ਅਤੇ ਜਦ ਸ਼ਾਮ ਦੋਨਾਂ ਮਸ਼ੀਨਾਂ ਦੀ ਵੋਟਾਂ ਦੀ ਗਿਣਤੀ ਮਿਲਾਉਣ ਉਪਰੰਤ ਨਤੀਜਾ ਐਲਾਨਿਆ ਜਾਣਾ ਸੀ ਤਾਂ ਪਹਿਲੀ ਮਸ਼ੀਨ ਦੀ ਡਿਸਪਲੇ ਖ਼ਰਾਬ ਹੋਣ ਕਰਕੇ ਵੋਟਾਂ ਦੀ ਗਿਣਤੀ ਨਹੀਂ ਮਿਲੀ, ਜਿਸ ਕਾਰਨ ਪ੍ਰਸ਼ਾਸਨ ਵੱਲੋਂ ਬਿਨਾਂ ਗਿਣਤੀ ਕੀਤੇ ਮਸ਼ੀਨਾਂ ਲੈ ਕੇ ਗੁਰਦਾਸਪੁਰ ਵਿਖੇ ਚਲਦੇ ਬਣੇ। ਇਸ ਉਪਰੰਤ ਆਜ਼ਾਦ ਤੌਰ 'ਤੇ ਚੋਣ ਲੜ ਰਹੇ ਉਮੀਦਵਾਰ ਸੀਮਾ ਦੇਵੀ ਦੇ ਪਤੀ ਵਿਜੇ ਕੁਮਾਰ ਨੇ ਦੱਸਿਆ ਕਿ ਸਵੇਰ ਤੋਂ ਹੀ ਮਸ਼ੀਨ ਖ਼ਰਾਬ ਕਰ ਰਹੀ ਸੀ ਪਰ ਹੁਣ ਦੋਬਾਰਾ ਟੈਕਨੀਕਲ ਖ਼ਰਾਬੀ ਪੈਣ ਕਰਕੇ ਇਸ ਬੂਥ ਦੇ ਨਤੀਜੇ ਨਹੀਂ ਐਲਾਨੇ ਗਏ ਅਤੇ ਦੋਬਾਰਾ ਵੋਟਾਂ ਪੈਣ ਦਾ ਭਰੋਸਾ ਦੇ ਕੇ ਪ੍ਰਸ਼ਾਸਨ ਇਥੋਂ ਮਸ਼ੀਨਾਂ ਲੈ ਕੇ ਚਲ ਗਏ ਹਨ। ਆਉਣ ਵਾਲੇ ਦਿਨਾਂ ਵਿੱਚ ਵੇਖਣਾ ਹੋਵੇਗਾ ਕਿ ਮੁੜ ਇਸ ਬੂਥ ਵਿੱਚ ਦੋਬਾਰਾ ਕਦੋਂ ਵੋਟਿੰਗ ਹੁੰਦੀ ਹੈ।

## ਝੱਖੜ ਕਾਰਨ ਪੰਜਾਬ ਦੇ ਬਿਜਲੀ ਢਾਂਚੇ ਨੂੰ

ਵਿੱਚ ਬਿਜਲੀ ਦੀ ਸਪਲਾਈ ਵੀ ਪ੍ਰਭਾਵਿਤ ਰਹੀ।

ਮੁੱਢਲੇ ਅਨੁਮਾਨਾਂ ਅਨੁਸਾਰ, ਪੀ.ਐੱਸ.ਪੀ.ਸੀ.ਐੱਲ. ਨੂੰ ਲਗਪਗ 19.54 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ, ਜੋ ਹਾਲ ਹੀ ਦੇ ਸਾਲਾਂ ਵਿੱਚ ਸਭ ਤੋਂ ਵੱਧ ਹੈ। ਸਭ ਤੋਂ ਜ਼ਿਆਦਾ ਨੁਕਸਾਨ ਸੂਬੇ ਦੇ ਸਰਹੱਦੀ ਅਤੇ ਕੇਂਦਰੀ ਜ਼ੋਨਾਂ ਤੋਂ ਸਾਹਮਣੇ ਆਇਆ ਹੈ।

ਪੀ.ਐੱਸ.ਪੀ.ਸੀ.ਐੱਲ. ਦੇ ਅਧਿਕਾਰੀਆਂ ਮੁਤਾਬਕ ਝੱਖੜ ਕਾਰਨ ਟਰਾਂਸਫਾਰਮਰ, ਬਿਜਲੀ ਦੇ ਖੰਭੇ ਅਤੇ ਦਰੱਖਤ ਉਖੜ ਗਏ, ਜਿਸ ਕਰਕੇ ਪੰਜਾਬ ਦੇ ਕਈ ਹਿੱਸਿਆਂ ਵਿੱਚ ਬਿਜਲੀ ਚਲੀ ਗਈ। ਇਸ ਦੌਰਾਨ ਬਿਜਲੀ ਵਿਭਾਗ ਕੋਲ ਸ਼ਿਕਾਇਤਾਂ ਦਾ ਹੜ੍ਹ ਆ ਗਿਆ। ਕੁਝ ਇਲਾਕਿਆਂ ਨੂੰ 10 ਘੰਟੇ ਤੋਂ ਵੱਧ ਸਮੇਂ ਤੱਕ ਬਿਜਲੀ ਕੱਟਾਂ ਦਾ ਸਾਹਮਣਾ ਕਰਨਾ ਪਿਆ।

ਪੀ.ਐੱਸ.ਪੀ.ਸੀ.ਐੱਲ. ਦੇ ਇੱਕ ਸੀਨੀਅਰ ਅਧਿਕਾਰੀ ਨੇ ਕਿਹਾ, ਤੇਜ਼ ਹਵਾਵਾਂ ਨੇ 220-ਕੇਵੀ ਸਪਲਾਈ ਲਾਈਨਾਂ ਅਤੇ ਟਰਾਂਸਫਾਰਮਰਾਂ ਨੂੰ ਨੁਕਸਾਨ ਪਹੁੰਚਾਇਆ ਹੈ। ਸਾਡਾ ਫੀਲਡ ਸਟਾਫ ਚੌਵੀ ਘੰਟੇ ਕੰਮ ਕਰ ਰਿਹਾ ਹੈ ਅਤੇ ਲਗਪਗ ਸਾਰੇ ਪ੍ਰਭਾਵਿਤ ਇਲਾਕਿਆਂ ਵਿੱਚ ਬਿਜਲੀ ਸਪਲਾਈ ਬਹਾਲ ਕਰ ਦਿੱਤੀ ਗਈ ਹੈ। ਬਾਕੀ ਬਚੇ ਹਿੱਸਿਆਂ ਵਿੱਚ ਸਪਲਾਈ ਜਲਦੀ ਤੋਂ ਜਲਦੀ ਬਹਾਲ ਕਰ ਦਿੱਤੀ ਜਾਵੇਗੀ।

ਇਸ ਝੱਖੜ ਕਾਰਨ 8,492 ਤੋਂ ਵੱਧ ਬਿਜਲੀ ਦੇ ਖੰਭੇ, 1,466 ਟਰਾਂਸਫਾਰਮਰ, ਚਾਰ ਕਿਲੋਮੀਟਰ ਹਾਈ-ਟੈਂਸ਼ਨ ਕੇਬਲ ਤਾਰਾਂ ਅਤੇ 220 ਕਿਲੋਮੀਟਰ ਤੋਂ ਵੱਧ ਲੋਅ-ਟੈਂਸ਼ਨ ਤਾਰਾਂ ਨੁਕਸਾਨੀਆਂ ਗਈਆਂ।

ਉੱਥੇ ਹੀ ਝੱਖੜ ਕਾਰਨ ਬਿਜਲੀ ਦੀ ਮੰਗ ਵਿੱਚ ਵੀ ਭਾਰੀ ਗਿਰਾਵਟ ਆਈ। ਵੀਰਵਾਰ ਸ਼ਾਮ ਨੂੰ ਪੰਜਾਬ ਦਾ ਬਿਜਲੀ ਲੋਡ ਬਹੁਤ ਹੀ ਘੱਟ ਸਮੇਂ ਵਿੱਚ 14,000 ਮੈਗਾਵਾਟ ਤੋਂ ਘਟ ਕੇ ਲਗਪਗ 3,170 ਮੈਗਾਵਾਟ ਰਹਿ ਗਿਆ।

## ਦੇਸ਼ ਦੇ ਕਈ ਹਿੱਸਿਆਂ 'ਚ ਭਾਰੀ ਮੀਂਹ ਦੀ ਚੇਤਾਵਨੀ

ਝਾਰਖੰਡ ਦੇ ਨੇੜੇ ਹੈ। ਆਉਣ ਵਾਲੇ ਦੋ ਤੋਂ ਤਿੰਨ ਦਿਨਾਂ ਵਿੱਚ ਇਨ੍ਹਾਂ ਰਾਜਾਂ ਵਿੱਚ ਮਾਨਸੂਨ ਫੈਲਣ ਦੀ ਸੰਭਾਵਨਾ ਹੈ। ਇਸ ਦੌਰਾਨ, ਮਰਾਠਵਾੜਾ, ਤੇਲੰਗਾਨਾ, ਵਿਦਰਭ ਅਤੇ ਪੱਛਮੀ ਰਾਜਸਥਾਨ ਲਈ ਹੀਟਵੇਵ ਚੇਤਾਵਨੀਆਂ ਜਾਰੀ ਕੀਤੀਆਂ ਗਈਆਂ ਹਨ। ਦੱਖਣੀ-ਪੱਛਮੀ ਮਾਨਸੂਨ ਪੱਛਮੀ ਬੰਗਾਲ ਅਤੇ ਬਿਹਾਰ ਦੇ ਕੁਝ ਹਿੱਸਿਆਂ ਵਿੱਚ ਅੱਗੇ ਵਧਿਆ ਹੈ, ਜੋ ਕਿ ਓਡੀਸ਼ਾ ਅਤੇ ਝਾਰਖੰਡ ਦੇ ਕੁਝ ਹਿੱਸਿਆਂ ਨੂੰ ਵੀ ਕਵਰ ਕਰਦਾ ਹੈ। ਪੱਛਮੀ ਗੜਬੜੀ ਦੇ ਪ੍ਰਭਾਵ ਹੇਠ, ਉੱਤਰ-ਪੱਛਮੀ ਭਾਰਤ ਵਿੱਚ ਤੇਜ਼ ਹਵਾਵਾਂ ਅਤੇ ਗੜੇਮਾਰੀ ਦੇ ਨਾਲ ਬਾਰਿਸ਼ ਜਾਰੀ ਰਹਿਣ ਦੀ ਸੰਭਾਵਨਾ ਹੈ; ਇਹ ਹਾਲਾਤ 14 ਜੂਨ ਤੱਕ ਜਾਰੀ ਰਹਿਣ ਦੀ ਉਮੀਦ ਹੈ। ਪਿਛਲੇ 24 ਘੰਟਿਆਂ ਦੌਰਾਨ ਕੇਰਲ, ਹਿਮਾਚਲ ਪ੍ਰਦੇਸ਼, ਉੱਤਰਾਖੰਡ ਅਤੇ ਪੱਛਮੀ ਉੱਤਰ ਪ੍ਰਦੇਸ਼ ਵਿੱਚ ਭਾਰੀ ਬਾਰਿਸ਼ ਦਰਜ ਕੀਤੀ ਗਈ। ਪੱਛਮੀ ਰਾਜਸਥਾਨ ਵਿੱਚ ਧੂੜ ਭਰੇ ਤੂਫਾਨ ਆ ਸਕਦੇ ਹਨ, ਅਤੇ ਗਰਮੀ ਦੀ ਲਹਿਰ ਦੇ ਹਾਲਾਤ ਬਣੇ ਰਹਿਣ ਦੀ ਸੰਭਾਵਨਾ ਹੈ। ਦੱਖਣ-ਪੱਛਮੀ ਰਾਜਸਥਾਨ ਦੇ ਨਾਲ-ਨਾਲ ਮਹਾਰਾਸ਼ਟਰ ਅਤੇ ਤੇਲੰਗਾਨਾ ਵਿੱਚ ਵੀ ਗਰਮੀ ਦੀ ਲਹਿਰ ਦੇ ਹਾਲਾਤ ਹੋ ਸਕਦੇ ਹਨ।

## 'ਅੱਤਵਾਦ ਦੇ ਸਰਪ੍ਰਸਤਾਂ ਤੱਕ ਨਹੀਂ

ਨਦੀਆਂ ਦੇ ਪਾਣੀ ਦੀ ਵਰਤੋਂ ਨੂੰ ਲੈ ਕੇ 19 ਸਤੰਬਰ 1960 ਨੂੰ ਇਤਿਹਾਸਕ 'ਸਿੰਧੂ ਜਲ ਸੰਧੀ' 'ਤੇ ਦਸਤਖਤ ਕੀਤੇ ਗਏ ਸਨ। ਹਾਲਾਂਕਿ ਪਿਛਲੇ ਸਾਲ ਪਹਿਲਗਾਮ ਵਿੱਚ ਹੋਏ ਬੇਰਹਿਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਨੇ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਅੰਤਰਰਾਸ਼ਟਰੀ ਕਾਨੂੰਨ ਦੇ ਤਹਿਤ ਇੱਕ ਪ੍ਰਭੂਸੱਤਾ ਸੰਪੰਨ ਰਾਸ਼ਟਰ ਵਜੋਂ ਆਪਣੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਭਾਰਤ ਨੇ ਇਸ ਸੰਧੀ ਨੂੰ ਉਦੋਂ ਤੱਕ ਲਈ ਮੁਲਤਵੀ ਕਰ ਦਿੱਤਾ ਹੈ, ਜਦੋਂ ਤੱਕ ਪਾਕਿਸਤਾਨ ਸਰਹੱਦ ਪਾਰਲੇ ਅੱਤਵਾਦ ਨੂੰ ਪੂਰੀ ਤਰ੍ਹਾਂ ਅਤੇ ਭਰੋਸੇਯੋਗ ਤਰੀਕੇ ਨਾਲ ਬੰਦ ਨਹੀਂ ਕਰ ਦਿੰਦਾ।

## ਅਮਰੀਕੀ ਰਾਜਦੂਤ ਦੂਜੀ ਵਾਰ ਤਲਬ

ਉਠਾਇਆ ਤੇ ਉਨ੍ਹਾਂ ਨੂੰ ਭਾਰਤ ਦੀ ਨਾਰਾਜ਼ਗੀ ਤੋਂ ਜਾਣੂ ਕਰਾਇਆ। ਵੀਰਵਾਰ ਨੂੰ ਓਮਾਨ ਤੱਟ ਅਤੇ ਹੋਰਮੁਜ਼ ਸਟ੍ਰੇਟ ਦੇ ਕੋਲ ਅਮਰੀਕੀ ਫੌਜ ਦੇ ਹਮਲਿਆਂ 'ਚ ਭਾਰਤੀ ਮਲਾਹਾਂ ਵਾਲੇ ਜਹਾਜ਼ ਐੱਮ. ਟੀ. ਜਲਵੀਰ ਨੂੰ ਨਿਸ਼ਾਨਾ ਬਣਾਇਆ ਗਿਆ। ਇਸ ਤੋਂ ਪਹਿਲਾਂ 10 ਜੂਨ ਨੂੰ ਪਲਾਊ ਦੇ ਝੰਡੇ ਵਾਲੇ ਜਹਾਜ਼ ਐੱਮ. ਟੀ. ਸੇਂਟੇਬੇਲੋ 'ਤੇ ਅਮਰੀਕੀ ਹਮਲੇ 'ਚ 3 ਭਾਰਤੀ ਮਲਾਹ ਮਾਰੇ ਗਏ ਸਨ। ਓਧਰ, ਸੰਯੁਕਤ ਰਾਸ਼ਟਰ ਮੁਖੀ ਐਂਟੋਨੀਓ ਗੁਟਾਰੇਸ ਦੇ ਬੁਲਾਰੇ ਨੇ ਕਿਹਾ ਕਿ ਸੰਯੁਕਤ ਰਾਸ਼ਟਰ ਮੁਖੀ ਨੇ ਓਮਾਨ ਦੇ ਤੱਟ 'ਤੇ ਪਲਾਊ ਝੰਡੇ ਵਾਲੇ ਇਕ ਟੈਂਕਰ 'ਤੇ ਹੋਏ ਹਮਲੇ ਦੀ ਨਿੰਦਾ ਕੀਤੀ ਅਤੇ 3 ਭਾਰਤੀ ਮਲਾਹਾਂ ਦੀ ਮੌਤ 'ਤੇ ਦੁਖ ਪ੍ਰਗਟਾਇਆ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਿਟਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972





# ਪੰਜਾਬ ਪੁਲਿਸ ਤੇ ਫਿੱਕੀ ਕੈਸਕੇਡ ਵੱਲੋਂ ਤਸਕਰੀ ਤੇ ਜਾਲਸਾਜ਼ੀ ਨਾਲ ਨਜਿੱਠਣ ਲਈ ਸਮਰੱਥਾ ਨਿਰਮਾਣ ਪ੍ਰੋਗਰਾਮ

ਚੰਡੀਗੜ੍ਹ/ਜਲੰਧਰ, 13 ਜੂਨ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਅਨੁਸਾਰ ਸੰਗਠਿਤ ਆਰਥਿਕ ਅਪਰਾਧਾਂ ਵਿਰੁੱਧ ਆਪਣੀ ਇਨਫੋਰਸਮੈਂਟ ਸਮਰੱਥਾਵਾਂ ਨੂੰ ਅਪਗ੍ਰੇਡ ਕਰਨ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ ਪੰਜਾਬ ਪੁਲਿਸ ਵੱਲੋਂ ਫਿੱਕੀ ਕੈਸਕੇਡ (ਕਮੇਟੀ ਅਗੇਂਸਟ ਸਮਗਲਿੰਗ ਐਂਡ ਕਾਊਂਟਰਫੇਟਿੰਗ ਐਕਟੀਵਿਟੀਜ਼ ਡਿਸਟ੍ਰਾਇੰਗ ਦਿ ਇਕਾਨੌਮੀ) ਦੇ ਸਹਿਯੋਗ ਨਾਲ ਪੁਲਿਸ ਅਧਿਕਾਰੀਆਂ ਲਈ ਅੱਧੇ ਦਿਨ ਦਾ ਸਮਰੱਥਾ ਨਿਰਮਾਣ ਪ੍ਰੋਗਰਾਮ ਕਰਵਾਇਆ ਗਿਆ। ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ ਫਿਲੌਰ ਵਿਖੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਇਸ ਸਿਖਲਾਈ ਸੈਮੀਨਾਰ ਵਿੱਚ ਸੂਬੇ ਭਰ ਦੇ 60 ਪੁਲਿਸ ਅਧਿਕਾਰੀਆਂ ਨੇ ਹਿੱਸਾ ਲਿਆ। ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ (ਟਰੈਫਿਕ ਤੇ ਸੜਕ ਸੁਰੱਖਿਆ) ਪੰਜਾਬ ਅਮਰਦੀਪ ਸਿੰਘ ਰਾਏ ਨੇ ਪ੍ਰੋਗਰਾਮ ਦਾ ਰਸਮੀ ਉਦਘਾਟਨ ਕਰਦਿਆਂ ਗੈਰ-ਕਾਨੂੰਨੀ ਵਪਾਰ ਦੀ ਵਧ ਰਹੀ ਜਟਿਲਤਾ ਅਤੇ ਤੁਰੰਤ ਲਾਗੂਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਨਕਲੀ ਸਮਾਨ ਦਾ ਵਪਾਰ ਅਤੇ ਤਸਕਰੀ ਨਾ ਸਿਰਫ ਜਾਇਜ਼ ਕਾਰੋਬਾਰਾਂ ਅਤੇ ਸਰਕਾਰੀ ਮਾਲੀਏ ਨੂੰ ਨੁਕਸਾਨ ਪਹੁੰਚਾਉਂਦੀ ਹੈ ਬਲਕਿ ਖਪਤਕਾਰਾਂ ਦੀ ਸੁਰੱਖਿਆ ਅਤੇ ਗੈਰ-ਕਾਨੂੰਨੀ ਨੈੱਟਵਰਕ ਨੂੰ ਵੀ ਬੜ੍ਹਾਵਾ ਦਿੰਦੀ ਹੈ। ਇਜਲਾਸ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਵਧੀਕ ਸਕੱਤਰ ਗ੍ਰਹਿ ਮਾਮਲੇ ਅੰਕੁਰਜੀਤ ਸਿੰਘ ਨੇ ਨਾਜਾਇਜ਼ ਵਪਾਰ ਦੀ ਵੱਧ ਰਹੀ ਜਟਿਲਤਾ ਬਾਰੇ ਦੱਸਦਿਆਂ ਪੁਲਿਸ ਮੁਲਾਜ਼ਮਾਂ ਵੱਲੋਂ ਸਰਗਰਮੀ ਨਾਲ ਲਾਗੂ ਕਰਨ ਦੀ ਫੌਰੀ ਲੋੜ 'ਤੇ ਜ਼ੋਰ ਦਿੱਤਾ।

ਜੇਲ੍ਹ ਵਿਭਾਗ ਦੇ ਸਕੱਤਰ ਮੁਹੰਮਦ ਤਇਅਬ ਨੇ ਆਰਥਿਕ ਅਪਰਾਧਾਂ ਵਿਰੁੱਧ ਜ਼ਮੀਨੀ ਕਾਨੂੰਨਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ



ਲਾਗੂ ਕਰਨ ਲਈ ਲਗਾਤਾਰ ਪੁਲਿਸ ਚੌਕਸੀ ਦੀ ਮਹੱਤਤਾ ਨੂੰ ਉਜਾਗਰ ਕੀਤਾ। ਸਾਬਕਾ ਵਿਸ਼ੇਸ਼ ਪੁਲਿਸ ਕਮਿਸ਼ਨਰ, ਦਿੱਲੀ ਅਤੇ ਫਿੱਕੀ ਕੈਸਕੇਡ ਦੇ ਸਲਾਹਕਾਰ ਦੀਪ ਚੰਦ ਨੇ ਨਕਲੀ ਸਮਾਨ ਦੇ ਵਪਾਰ ਤੇ ਤਸਕਰੀ ਦੇ ਗੰਭੀਰ ਆਰਥਿਕ ਤੇ ਸਮਾਜਿਕ ਨਤੀਜਿਆਂ ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਸਬੰਧਿਤ ਕਾਨੂੰਨੀ ਤੇ ਰੈਗੂਲੇਟਰੀ ਢਾਂਚੇ ਦੀ ਵਿਆਪਕ ਜਾਣਕਾਰੀ ਪ੍ਰਦਾਨ ਕੀਤੀ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਟ੍ਰੇਡਮਾਰਕ ਐਕਟ, 1999, ਕਾਪੀਰਾਈਟ ਐਕਟ, 1957 ਅਤੇ ਭਾਰਤੀ ਨਿਆਂ ਸੰਹਿਤਾ, 2023 ਦੀ ਵਰਤੋਂ ਕਰਨ ਲਈ ਅਧਿਕਾਰੀਆਂ ਦਾ ਮਾਰਗਦਰਸ਼ਨ ਕੀਤਾ ਗਿਆ। ਉਦਯੋਗ ਦੇ ਦ੍ਰਿਸ਼ਟੀਕੋਣਾਂ ਨੂੰ ਉਜਾਗਰ ਕਰਦਿਆਂ ਆਈਟੀਸੀ ਵਿਖੇ ਕਾਰਪੋਰੇਟ ਮਾਮਲਿਆਂ ਦੇ ਵਾਈਸ ਪ੍ਰੈਜ਼ੀਡੈਂਟ ਅਸ਼ੀਸ਼ ਪਾਲ ਨੇ ਵੱਡੇ ਪੱਧਰ 'ਤੇ ਹੋ ਰਹੀ ਤਸਕਰੀ ਅਤੇ ਨਕਲੀ ਸਿਗਰੇਟ ਦੇ ਵਪਾਰ 'ਤੇ ਧਿਆਨ ਕੇਂਦਰਿਤ ਕੀਤਾ। ਉਨ੍ਹਾਂ ਨੇ ਸਰਕਾਰ ਨੂੰ ਵੱਡੇ ਮਾਲੀਏ ਦੇ ਨੁਕਸਾਨ, ਟ੍ਰੇਡਮਾਰਕ ਦੀ ਉਲੰਘਣਾ ਅਤੇ ਖਪਤਕਾਰਾਂ ਦੇ ਭਰੋਸੇ ਵਿੱਚ ਕਮੀ ਵੱਲ ਧਿਆਨ ਦਿਵਾਇਆ। ਉਨ੍ਹਾਂ ਇਸ ਗੱਲ ਵੱਲ ਵੀ ਧਿਆਨ ਦਿਵਾਇਆ ਕਿ ਤਸਕਰੀ ਤੋਂ ਆਉਣ ਵਾਲੇ ਫੰਡਾਂ ਦੀ ਵਰਤੋਂ ਕਈ ਵਾਰ ਅੱਤਵਾਦੀ ਗਤੀਵਿਧੀਆਂ ਲਈ ਵੀ ਕੀਤੀ ਜਾਂਦੀ ਹੈ, ਇਸ ਉਨ੍ਹਾਂ ਨੇ ਅਜਿਹੀਆਂ ਗਤੀਵਿਧੀਆਂ ਵਿਰੁੱਧ ਤੇਜ਼ੀ ਨਾਲ ਮੁਕੱਦਮਾ ਚਲਾਉਣ ਅਤੇ ਸਖ਼ਤ ਸਜ਼ਾਵਾਂ ਦੇ ਨਾਲ-ਨਾਲ ਸਰਕਾਰੀ ਅਧਿਕਾਰੀਆਂ ਅਤੇ ਨਿੱਜੀ ਖੁਫੀਆ ਏਜੰਸੀਆਂ ਵਿਚਕਾਰ ਮਜ਼ਬੂਤ ਤਾਲਮੇਲ ਕਰਨ ਲਈ ਵਕਾਲਤ ਕੀਤੀ। ਮਜ਼ਬੂਤ ਫੀਲਡ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ, ਦਿੱਲੀ ਹਾਈ ਕੋਰਟ ਦੇ ਐਡਵੋਕੇਟ ਡਾ. ਰਿਸ਼ੀ ਕੁਲਸ਼੍ਰੇਸ਼ਠ ਨੇ ਸ਼ਮੂਲੀਅਤ ਕਰਨ ਵਾਲੇ ਅਧਿਕਾਰੀਆਂ ਨੂੰ ਸਹੀ ਕਾਨੂੰਨੀ ਅਤੇ ਪ੍ਰਕਿਰਿਆਤਮਕ ਲੋੜਾਂ ਬਾਰੇ ਜਾਣੂ ਕਰਵਾਇਆ, ਜਿਨ੍ਹਾਂ ਦੀ ਜਾਂਚ ਦੌਰਾਨ ਪਾਲਣਾ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਕਲੀ ਸਮਾਨ ਤਿਆਰ ਕਰਨ ਅਤੇ ਤਸਕਰੀ ਕਰਨ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਬਾਰੀਕੀ ਨਾਲ ਪ੍ਰਕਿਰਿਆਤਮਕ ਨਿਯਮਾਂ ਦੀ ਪਾਲਣਾ ਕਰਨਾ ਬੇਹੱਦ ਜ਼ਰੂਰੀ ਹੈ।

# ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਲਾਭ ਹਰ ਯੋਗ ਮਹਿਲਾ ਤੱਕ ਪਹੁੰਚਾਉਣਾ ਸਾਡਾ ਸੰਕਲਪ : ਡਿਪਟੀ ਸਪੀਕਰ

ਚੰਡੀਗੜ੍ਹ/ਗੜ੍ਹਸ਼ੰਕਰ, 13 ਜੂਨ (ਚ.ਨ.ਸ.): ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਤੇ ਹਲਕਾ ਗੜ੍ਹਸ਼ੰਕਰ ਤੋਂ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਦੀ ਅਗਵਾਈ ਹੇਠ ਅੱਜ ਗੜ੍ਹਸ਼ੰਕਰ ਸਥਿਤ ਉਨ੍ਹਾਂ ਦੇ ਦਫ਼ਤਰ ਵਿਖੇ ਪੰਜਾਬ ਸਰਕਾਰ ਦੀ ਮਹੱਤਵਪੂਰਨ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਸਬੰਧੀ ਇੱਕ ਵਿਸ਼ੇਸ਼ ਟ੍ਰੇਨਿੰਗ ਕੈਂਪ ਲਗਾਇਆ ਗਿਆ। ਕੈਂਪ ਦਾ ਉਦੇਸ਼ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਤੇ ਹਰ ਯੋਗ ਮਹਿਲਾ ਤੱਕ ਇਸ ਦਾ ਲਾਭ ਪਹੁੰਚਾਉਣ ਲਈ ਲੋੜੀਂਦੀਆਂ ਬਾਰੀਕੀਆਂ ਤੋਂ ਜਾਣੂ ਕਰਵਾਉਣਾ ਸੀ। ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮਹਿਲਾਵਾਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਲਈ ਵਚਨਬੱਧ ਹੈ ਤੇ ਇਹ ਯੋਜਨਾ ਉਸੇ ਸੋਚ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਅਸਲ ਮਕਸਦ ਤਦ ਹੀ ਪੂਰਾ ਹੋ ਸਕਦਾ ਹੈ ਜਦੋਂ ਉਨ੍ਹਾਂ ਦਾ ਲਾਭ ਆਖ਼ਰੀ ਯੋਗ ਵਿਅਕਤੀ ਤੱਕ ਪਹੁੰਚੇ ਅਤੇ ਇਹੀ ਸਰਕਾਰ ਦਾ ਸੰਕਲਪ ਹੈ।

ਡਿਪਟੀ ਸਪੀਕਰ ਰੌੜੀ ਨੇ ਅਧਿਕਾਰੀਆਂ, ਕਰਮਚਾਰੀਆਂ ਅਤੇ ਵਲੰਟੀਅਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਯੋਗ ਮਹਿਲਾਵਾਂ ਨੂੰ ਯੋਜਨਾ ਬਾਰੇ ਜਾਗਰੂਕ ਕਰਨ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਹਰ ਸੰਭਵ ਮਦਦ ਕਰਨ। ਉਨ੍ਹਾਂ ਕਿਹਾ ਕਿ ਕੋਈ ਵੀ ਯੋਗ



ਮਹਿਲਾ ਸਿਰਫ਼ ਜਾਣਕਾਰੀ ਦੀ ਘਾਟ ਕਾਰਨ ਸਰਕਾਰੀ ਸਹੂਲਤਾਂ ਤੋਂ ਵਾਂਝੀ ਨਹੀਂ ਰਹਿਣੀ ਚਾਹੀਦੀ। ਟ੍ਰੇਨਿੰਗ ਕੈਂਪ ਦੌਰਾਨ ਯੋਜਨਾ ਨਾਲ ਜੁੜੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਯੋਗਤਾ ਸ਼ਰਤਾਂ, ਰਜਿਸਟ੍ਰੇਸ਼ਨ ਪ੍ਰਕਿਰਿਆ, ਲੋੜੀਂਦੇ ਦਸਤਾਵੇਜ਼ਾਂ, ਅਰਜ਼ੀਆਂ ਦੀ ਜਾਂਚ ਤੇ ਲਾਭਪਾਤਰੀਆਂ ਨੂੰ ਮਿਲਣ ਵਾਲੀਆਂ ਸਹੂਲਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਸਿਖਲਾਈ ਵਿੱਚ ਸ਼ਮੂਲੀਅਤ ਕਰਨ ਵਾਲੇ ਹਰ ਵਿਅਕਤੀ ਦੀਆਂ ਸ਼ੰਕਾਵਾਂ ਦਾ ਨਿਪਟਾਰਾ ਕਰਦਿਆਂ ਯੋਜਨਾ ਦੇ ਸਫ਼ਲ ਲਾਗੂਕਰਨ ਲਈ ਲੋੜੀਂਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ ਗਈਆਂ।

ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ-ਭਲਾਈ ਦੀਆਂ ਸਕੀਮਾਂ ਨੂੰ ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਣ ਲਈ ਲਗਾਤਾਰ ਯਤਨਸ਼ੀਲ ਹੈ ਤੇ ਮਾਵਾਂ-ਧੀਆਂ ਸਤਿਕਾਰ ਯੋਜਨਾ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਵੱਲ ਇੱਕ ਅਹਿਮ ਕਦਮ ਸਾਬਤ ਹੋਵੇਗੀ। ਇਸ ਮੌਕੇ ਵੱਡੀ ਗਿਣਤੀ ਵਿੱਚ ਅਧਿਕਾਰੀ, ਕਰਮਚਾਰੀ, ਵਲੰਟੀਅਰ ਅਤੇ ਇਲਾਕੇ ਦੇ ਪਤਵੰਤੇ ਵਿਅਕਤੀ ਹਾਜ਼ਰ ਸਨ, ਜਿਨ੍ਹਾਂ ਨੇ ਯੋਜਨਾ ਨੂੰ ਹਰ ਯੋਗ ਲਾਭਪਾਤਰੀ ਤੱਕ ਪਹੁੰਚਾਉਣ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# ਸੰਧਵਾਂ ਨੇ ਪਰਿਵਾਰਕ ਤੰਦਾਂ ਨੂੰ ਮਜ਼ਬੂਤ ਕਰਨ ਲਈ ਮਾਪਿਆਂ ਨੂੰ ਬੱਚਿਆਂ ਨਾਲ ਵੱਧ ਤੋਂ ਵੱਧ ਸਮਾਂ ਬਿਤਾਉਣ ਦੀ ਕੀਤੀ ਅਪੀਲ

ਚੰਡੀਗੜ੍ਹ, 13 ਜੂਨ (ਚ.ਨ.ਸ.): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਨਸ਼ਿਆਂ ਵਿਰੁੱਧ ਜ਼ੀਰੋ-ਟੌਲਰੈਂਸ ਨੀਤੀ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਆਪਣੀ ਫੈਸਲਾਕੁੰਨ ਮੁਹਿੰਮ ਵਿੱਚ ਤੇਜ਼ੀ ਲਿਆਂਦੀ ਗਈ ਜਿਸ ਦੇ ਨਤੀਜੇ ਵਜੋਂ ਹੁਣ ਤੱਕ 67,000 ਤੋਂ ਵੱਧ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗੈਰ-ਕਾਨੂੰਨੀ ਪਦਾਰਥਾਂ ਦੀ ਸਪਲਾਈ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਸਪੀਕਰ ਨੇ ਕਿਹਾ ਕਿ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਲੋਕਾਂ ਦਾ ਯੋਗਦਾਨ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਲੋਕਾਂ ਨੂੰ ਜ਼ਿੰਮੇਵਾਰ ਨਾਗਰਿਕਾਂ ਵਜੋਂ ਆਪਣੇ ਫਰਜ਼ ਨਿਭਾਉਣ ਅਤੇ ਪੁਲਿਸ ਨਾਲ ਨਸ਼ੀਲੇ ਪਦਾਰਥਾਂ ਦੀ ਤਸਕਰੀ ਸੰਬੰਧੀ ਜਾਣਕਾਰੀ ਸਾਂਝੀ ਕਰਨ ਲਈ ਅਪੀਲ ਕੀਤੀ। ਨਾਗਰਿਕਾਂ ਨੂੰ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਤੁਰੰਤ ਕਾਨੂੰਨ ਲਾਗੂਕਰਨ ਵਾਲਿਆਂ ਨੂੰ ਰਿਪੋਰਟ ਕਰਨੀ ਚਾਹੀਦੀ ਹੈ। ਪੁਲਿਸ ਵਿਭਾਗ ਸੂਚਨਾ ਦੇਣ ਵਾਲੇ ਦੇ ਵੇਰਵਿਆਂ ਨੂੰ ਪੂਰੀ ਤਰ੍ਹਾਂ ਗੁਪਤ ਰੱਖੇਗਾ। ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸਰਕਾਰ ਅਤੇ ਭਾਈਚਾਰੇ ਦਰਮਿਆਨ ਤਾਲਮੇਲ ਬੇਹੱਦ ਜ਼ਰੂਰੀ ਹੈ।

ਉਨ੍ਹਾਂ ਮਾਪਿਆਂ ਨੂੰ ਆਪਣੇ ਬੱਚਿਆਂ ਦੇ ਵਿਕਾਸ ਦੇ ਸਾਲਾਂ ਦੌਰਾਨ ਬੇਹੱਦ ਚੌਕਸ ਰਹਿਣ ਅਤੇ ਉਨ੍ਹਾਂ ਨਾਲ ਸਹਿਯੋਗੀ ਵਤੀਰਾ ਰੱਖਣ ਦੀ ਅਪੀਲ ਕੀਤੀ। ਮਾਪਿਆਂ ਨੂੰ ਬੱਚਿਆਂ ਨੂੰ ਬੁਰੀਆਂ ਆਦਤਾਂ ਤੋਂ ਦੂਰ ਰੱਖਣ ਲਈ ਉਨ੍ਹਾਂ ਨਾਲ ਵੱਧ ਤੋਂ ਵੱਧ ਸਮਾਂ ਬਿਤਾਉਣਾ ਚਾਹੀਦਾ ਹੈ। ਨੌਜਵਾਨਾਂ ਨੂੰ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਲਈ ਖੇਡਾਂ ਨੂੰ ਆਪਣੀ ਰੋਜ਼ਾਨਾ ਜੀਵਨ ਸ਼ੈਲੀ ਵਿੱਚ ਅਪਣਾਉਣਾ ਚਾਹੀਦਾ ਹੈ। ਨੌਜਵਾਨ ਪੀੜ੍ਹੀ ਨੂੰ ਆਪਣੀ ਊਰਜਾ ਨੂੰ ਅਕਾਦਮਿਕ ਅਤੇ ਖੇਡਾਂ ਵਿੱਚ ਮੱਲਾਂ ਮਾਰਨ ਵੱਲ ਲਗਾਉਣਾ ਚਾਹੀਦਾ ਹੈ।

ਸਪੀਕਰ ਸੰਧਵਾਂ ਨੇ ਕਿਹਾ ਕਿ ਸਾਡੀ ਸਰਕਾਰ ਨੇ ਨਸ਼ਿਆਂ ਦੀ ਲਾਹਨਤ ਨੂੰ ਖਤਮ ਕਰਨ ਦਾ ਦ੍ਰਿੜ ਸੰਕਲਪ ਲਿਆ ਹੈ। ਨਸ਼ਿਆਂ ਵਿਰੁੱਧ ਚੱਲ ਰਹੀ ਸੂਬਾ ਪੱਧਰੀ ਮੁਹਿੰਮ ਤਹਿਤ ਨਸ਼ਿਆਂ ਦੀਆਂ ਵੱਡੀਆਂ ਸਪਲਾਈ ਲਾਈਨਾਂ ਨੂੰ ਸਫਲਤਾਪੂਰਵਕ ਤੋੜ ਦਿੱਤਾ ਗਿਆ ਹੈ ਜਿਸ ਸਦਕਾ ਅਣਗਿਣਤ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਜਾਣ ਤੋਂ ਬਚਾਇਆ ਗਿਆ ਹੈ। ਅਖੀਰ ਵਿੱਚ ਉਨ੍ਹਾਂ ਕਿਹਾ ਕਿ ਜਨਤਕ ਸਹਿਯੋਗ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਨਸ਼ਿਆਂ ਤੋਂ ਬਚਾਉਣ ਲਈ ਆਖਰੀ ਅਤੇ ਬੇਹੱਦ ਅਹਿਮ ਕੜੀ ਹੈ।

# ਜੇਲ੍ਹ ਵਿੱਚ ਬੰਦ ਗੈਂਗਸਟਰ ਨਾਲ ਜੁੜੇ ਦੋ ਵਿਅਕਤੀ ਬਠਿੰਡਾ ਤੋਂ ਦੋ ਪਿਸਤੌਲ ਸਮੇਤ ਕਾਬੂ

ਚੰਡੀਗੜ੍ਹ, 13 ਜੂਨ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਨੇ ਦੋ ਵਿਅਕਤੀਆਂ ਨੂੰ ਦੋ ਦੇਸੀ .32 ਬੋਰ ਪਿਸਤੌਲਾਂ ਦੇ ਨਾਲ-ਨਾਲ ਪੰਜ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਕੁਲਦੀਪ ਸਿੰਘ ਉਰਫ਼ ਚੀਮਾ ਵਾਸੀ ਪਿੰਡ ਅਕਲੀਆ ਕਲਾਂ, ਬਠਿੰਡਾ ਤੇ ਅਭਿਮਾਨ ਸਿੰਘ ਉਰਫ਼ ਅਭੀ ਵਾਸੀ ਭਾਗੂ ਵਾਲੀ ਧਨੀ, ਪਿੰਡ ਖੁੰਡੇ ਹਲਾਲ, ਸ੍ਰੀ ਮੁਕਤਸਰ ਸਾਹਿਬ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਫਿਰੋਜ਼ਪੁਰ ਖੇਤਰ ਵਿੱਚ ਸਰਗਰਮ ਜੇਲ੍ਹ ਵਿੱਚ ਬੰਦ ਗੈਂਗਸਟਰ ਵੱਲੋਂ ਚਲਾਏ ਜਾ ਰਹੇ ਅਪਰਾਧਿਕ ਨੈੱਟਵਰਕ ਨਾਲ ਜੁੜੇ ਹੋਏ ਹਨ। ਉਨ੍ਹਾਂ ਦੱਸਿਆ ਕਿ ਕੁਲਦੀਪ ਸਿੰਘ ਉਰਫ਼ ਚੀਮਾ ਇਕ ਅਪਰਾਧਿਕ ਪਿਛੋਕੜ ਵਾਲਾ ਮੁਲਜ਼ਮ ਹੈ ਤੇ ਉਸ ਵਿਰੁੱਧ ਇਰਾਦਾ ਕਤਲ ਤੇ ਅਸਲਾ ਐਕਟ ਨਾਲ ਸਬੰਧਤ ਕਈ ਮਾਮਲੇ ਦਰਜ ਹਨ। ਡੀਜੀਪੀ ਨੇ ਕਿਹਾ ਕਿ ਇਸ ਨੈੱਟਵਰਕ ਵਿੱਚ ਸ਼ਾਮਲ ਹੋਰ ਸਾਥੀਆਂ ਦੀ ਪਛਾਣ ਕਰਨ ਲਈ ਇਸ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ, ਅਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਪ੍ਰਮੋਦ ਬਾਨ ਨੇ ਦੱਸਿਆ ਕਿ ਏਜੀਟੀਐਫ ਬਠਿੰਡਾ ਦੀ ਇੱਕ ਟੀਮ ਰੁਟੀਨ ਗਸ਼ਤ ਡਿਊਟੀ 'ਤੇ ਸੀ, ਓਦੋਂ ਉਨ੍ਹਾਂ ਨੇ ਬਠਿੰਡਾ ਦੇ ਕੈਂਟੋਨਮੈਂਟ ਬਾਈਪਾਸ ਰਿੰਗ ਰੋਡ 'ਤੇ ਸਲਿੱਪ ਰੋਡ ਦੇ ਸੱਜੇ ਪਾਸੇ ਝਾੜੀਆਂ ਵਿੱਚ ਬੈਠੇ ਦੋ ਸ਼ੱਕੀ ਵਿਅਕਤੀਆਂ ਨੂੰ ਦੇਖਿਆ। ਉਨ੍ਹਾਂ ਦੱਸਿਆ ਕਿ ਪੁਲਿਸ ਪਾਰਟੀ ਨੂੰ ਦੇਖ ਕੇ ਦੋਵੇਂ ਵਿਅਕਤੀ ਘਬਰਾ ਗਏ ਅਤੇ ਉਨ੍ਹਾਂ ਨੇ ਛੁਪਣ ਦੀ ਕੋਸ਼ਿਸ਼ ਕੀਤੀ। ਸ਼ੱਕ ਹੋਣ 'ਤੇ, ਪੁਲਿਸ ਟੀਮ ਨੇ ਉਨ੍ਹਾਂ ਨੂੰ ਕਾਬੂ ਕਰ ਲਿਆ ਤੇ ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ ਵਿੱਚੋਂ ਗੈਰ-ਕਾਨੂੰਨੀ ਹਥਿਆਰ ਅਤੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ। ਇਸ ਸਬੰਧੀ, ਐਫਆਈਆਰ ਨੰਬਰ 156 ਮਿਤੀ 12.06.2026 ਨੂੰ ਅਸਲਾ ਐਕਟ ਦੀ ਧਾਰਾ 25 ਤਹਿਤ ਥਾਣਾ ਸਿਵਲ ਲਾਈਨ ਬਠਿੰਡਾ ਵਿਖੇ ਦਰਜ ਕੀਤੀ ਗਈ ਹੈ।

# ਗੈਂਗਸਟਰਾਂ 'ਤੇ ਵਾਰ ਦੇ 144ਵੇਂ ਦਿਨ 519 ਥਾਵਾਂ ਉੱਤੇ ਛਾਪੇਮਾਰੀ ਦੌਰਾਨ 249 ਕਾਬੂ

ਚੰਡੀਗੜ੍ਹ, 13 ਜੂਨ (ਚ.ਨ.ਸ.): ਸੂਬੇ ਵਿੱਚ ਚੱਲ ਰਹੀ ਫੈਸਲਾਕੁੰਨ ਮੁਹਿੰਮ "ਗੈਂਗਸਟਰਾਂ ਤੇ ਵਾਰ" ਦੇ 144ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 519 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

144ਵੇਂ ਦਿਨ ਪੁਲਿਸ ਟੀਮਾਂ ਨੇ ਛੇ ਹਥਿਆਰਾਂ ਸਮੇਤ 249 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 36,630 ਹੋ ਗਈਆਂ। ਇਸ ਤੋਂ ਇਲਾਵਾ 101 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 9 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 7 ਭਗੌੜੇ ਅਪਰਾਧੀ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।

ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਹਨ ਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 469ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 109 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 356 ਗ੍ਰਾਮ ਹੈਰੋਇਨ, 11 ਕਿਲੋ ਭੁੱਕੀ, 713 ਨਸ਼ੀਲੀਆਂ ਗੋਲੀਆਂ ਅਤੇ 19,470 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 469 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 68,115 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 10 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਮੋਦੀ ਸਰਕਾਰ ਦੇ 12 ਸਾਲ ਪੂਰੇ ਹੋਣ 'ਤੇ ਰਵੀ ਸ਼ੰਕਰ ਪ੍ਰਸਾਦ ਨੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਟੇਕਿਆ ਮੱਥਾ



ਯਮੁਨਾਨਗਰ/ਪਟਨਾ ਸਾਹਿਬ, 13 ਜੂਨ (ਜਗਜੀਤ ਸਿੰਘ): ਮੋਦੀ ਸਰਕਾਰ ਦੇ 12 ਸਾਲ ਪੂਰੇ ਹੋਣ ਦੇ ਮੌਕੇ 'ਤੇ ਸਾਬਕਾ ਕੇਂਦਰੀ ਮੰਤਰੀ ਨੇ ਅੱਜ ਵਿਖੇ ਨਤਮਸਤਕ ਹੋ ਕੇ ਦੇਸ਼ ਦੀ ਖੁਸ਼ਹਾਲੀ, ਸ਼ਾਂਤੀ ਅਤੇ ਤਰੱਕੀ ਲਈ ਅਰਦਾਸ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਵੀ ਹਾਜ਼ਰ ਰਹੇ। ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਤੇ ਉਪ ਪ੍ਰਧਾਨ ਗੁਰਵਿੰਦਰ ਸਿੰਘ ਨੇ ਰਵੀ ਸ਼ੰਕਰ ਪ੍ਰਸਾਦ ਦਾ ਨਿੱਘਾ ਸਵਾਗਤ ਕੀਤਾ। ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਗੁਰੂ ਘਰ ਵਿੱਚ ਮੱਥਾ ਟੇਕਣ ਉਪਰੰਤ ਰਵੀ ਸ਼ੰਕਰ ਪ੍ਰਸਾਦ ਨੇ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਸੇਵਾ, ਸਮਰਪਣ ਅਤੇ ਮਨੁੱਖਤਾ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦੀਆਂ ਹਨ। ਉਨ੍ਹਾਂ ਦੇਸ਼ ਦੀ ਏਕਤਾ, ਅਖੰਡਤਾ ਤੇ ਸਰਬੱਤ ਦੇ ਭਲੇ ਲਈ ਅਰਦਾਸ ਕਰਦਿਆਂ ਕਿਹਾ ਕਿ ਇਹ ਮੁੱਲ ਭਾਰਤ ਦੀ ਤਾਕਤ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਨੇ ਪਿਛਲੇ 12 ਸਾਲਾਂ ਦੌਰਾਨ ਸੇਵਾ, ਸੁਸ਼ਾਸਨ ਤੇ ਗਰੀਬ ਕਲਿਆਣ ਨੂੰ ਪ੍ਰਾਥਮਿਕਤਾ ਦਿੱਤੀ ਹੈ। ਇਸ ਮੌਕੇ ਉਨ੍ਹਾਂ ਨੇ ਦੇਸ਼ ਦੀ ਨਿਰੰਤਰ ਤਰੱਕੀ ਤੇ ਲੋਕਾਂ ਦੀ ਭਲਾਈ ਲਈ ਵੀ ਅਰਦਾਸ ਕੀਤੀ।

ਮੋਦੀ ਸਰਕਾਰ ਦੇ 12 ਸਾਲ ਪੂਰੇ ਹੋਣ ਦੇ ਮੌਕੇ 'ਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਰਵੀ ਸ਼ੰਕਰ ਪ੍ਰਸਾਦ ਦੀ ਇਹ ਫੇਰੀ ਸ਼ਰਧਾ, ਆਸਥਾ ਤੇ ਰਾਸ਼ਟਰ ਦੀ ਖੁਸ਼ਹਾਲੀ ਲਈ ਕੀਤੀ ਗਈ ਅਰਦਾਸ ਦਾ ਪ੍ਰਤੀਕ ਬਣੀ।




## ਸ਼੍ਰੋਮਣੀ ਕਮੇਟੀ ਸਿੱਖ ਇਤਿਹਾਸ ਬਾਰੇ ਪੁਸਤਕਾਂ ਲਿਖਣ ਵਾਲੇ ਦੋ ਬੰਗਾਲੀ ਲੇਖਕਾਂ ਦਾ ਸਨਮਾਨ ਕਰੇ

### ☛ਤਰਲੋਚਨ ਸਿੰਘ ਨੇ ਪ੍ਰਧਾਨ ਧਾਮੀ ਨੂੰ ਲਿਖਿਆ ਪੱਤਰ

ਅੰਮ੍ਰਿਤਸਰ, 13 ਜੂਨ (ਚ.ਨ.ਸ): ਉਘੇ ਸਿੱਖ ਚਿੰਤਕ, ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਤੇ ਸਾਬਕਾ ਸੰਸਦ ਮੈਂਬਰ ਤਰਲੋਚਨ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ ਨੂੰ ਪੱਤਰ ਲਿਖ ਕੇ ਸਲਾਹ ਦਿੱਤੀ ਹੈ ਕਿ ਸ਼੍ਰੋਮਣੀ ਕਮੇਟੀ ਨੂੰ ਸਿੱਖ ਇਤਿਹਾਸ ਤੇ ਸਿੱਖ ਸੱਭਿਆਚਾਰ ਬਾਰੇ ਮੁੱਲਵਾਨ ਪੁਸਤਕਾਂ ਲਿਖਣ ਵਾਲੇ ਦੋ ਬੰਗਾਲੀ ਲੇਖਕਾਂ ਦੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਇੱਕ ਸਨਮਾਨ ਸਮਾਰੋਹ ਕਰਕੇ ਉਨ੍ਹਾਂ ਨੂੰ ਸਨਮਾਨਿਤ ਕਰਨਾ ਚਾਹੀਦਾ ਹੈ। ਪੱਤਰ ਵਿੱਚ ਲੇਖਕਾਂ ਪ੍ਰੋ. ਹਿਮਾਦਰੀ ਬੈਨਰਜੀ ਤੇ ਪ੍ਰੋ. ਚੰਦਾ ਚੈਟਰਜੀ ਨੇ ਸਿੱਖ ਸੱਭਿਆਚਾਰ ਤੇ ਇਤਿਹਾਸ ’ਤੇ ਕਿਤਾਬਾਂ ਲਿਖ ਕੇ ਬਹੁਤ ਵਧੀਆ ਸੇਵਾ ਕੀਤੀ ਹੈ। ਇਹ ਨਾ ਸਿਰਫ਼ ਬੰਗਾਲ ਵਿੱਚ, ਸਗੋਂ ਦੁਨੀਆਂ ਭਰ ਵਿੱਚ ਬਹੁਤ ਮਸ਼ਹੂਰ ਲੇਖਕ ਹਨ ਤੇ ਦੋਵੇਂ ਨਾਮਵਰ ਯੂਨੀਵਰਸਿਟੀਆਂ ਵਿੱਚ ਪ੍ਰੋਫੈਸਰ ਰਹੇ ਹਨ। ਉਨ੍ਹਾਂ ਕਿਹਾ ਕਿ ਪ੍ਰੋ. ਹਿਮਾਦਰੀ ਬੈਨਰਜੀ ਦੀਆਂ ਕਿਤਾਬਾਂ ‘ਦਾ ਅਦਰ ਸਿੱਖ’ ਤੇ ‘ਬਿਓਂਡ



ਪੰਜਾਬ’ ਨੇ ਪੂਰਬੀ ਭਾਰਤ ਵਿੱਚ ਸਿੱਖਾਂ ਦੇ ਇਤਿਹਾਸ ਨੂੰ ਪੇਸ਼ ਕੀਤਾ ਹੈ। ਪ੍ਰੋਫੈਸਰ ਚੈਟਰਜੀ ਨੇ ਇੱਕ ਇਤਿਹਾਸਕ ਕਿਤਾਬ ਟੈਗੋਰ ਐਂਡ ਦ ਸਿੱਖ ਗੁਰੂ ਪ੍ਰਕਾਸ਼ਿਤ ਕੀਤੀ ਹੈ ਤੇ ਉਸ ਨੇ ਪਹਿਲੀ ਵਾਰ ਰਬਿੰਦਰ ਨਾਥ ਟੈਗੋਰ ਦੀ ਆਪਣੇ ਪਿਤਾ ਨਾਲ ਸ੍ਰੀ ਦਰਬਾਰ ਸਾਹਿਬ ਦੀ ਯਾਤਰਾ ਨੂੰ ਪੇਸ਼ ਕੀਤਾ ਹੈ ਤੇ ਸਿੱਖਾਂ ਬਾਰੇ ਉਨ੍ਹਾਂ ਵੱਲੋਂ ਲਿਖੀਆਂ ਗਈਆਂ ਸਾਰੀਆਂ ਕਵਿਤਾਵਾਂ ਦਾ ਜ਼ਿਕਰ ਕੀਤਾ ਹੈ। ਉਨ੍ਹਾਂ ਪ੍ਰਧਾਨ ਧਾਮੀ ਨੂੰ ਅਪੀਲ ਕੀਤੀ ਹੈ ਕਿ ਸਿੱਖ ਧਰਮ ਪ੍ਰਤੀ ਦੋਵਾਂ ਬੰਗਾਲੀ ਲੇਖਕਾਂ ਦੀਆਂ ਸੇਵਾਵਾਂ ਨੂੰ ਜਨਤਕ ਤੌਰ ’ਤੇ ਸਵੀਕਾਰ ਕਰਨ ਲਈ ਇੱਕ ਧੰਨਵਾਦ ਤੇ ਸਨਮਾਨ ਸਮਾਰੋਹ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮਦੁਰਾਈ ਯੂਨੀਵਰਸਿਟੀ ਦੇ ਡਾ. ਐਨ. ਮੁਥੂ ਮੋਹਨ ਵਰਗੇ ਹੋਰ ਵਿਦਵਾਨ ਵੀ ਹਨ, ਜਿਨ੍ਹਾਂ ਨੇ ਸਿੱਖ ਧਰਮ ਬਾਰੇ ਵੀ ਕਿਤਾਬਾਂ ਲਿਖੀਆਂ ਹਨ। ਉਨ੍ਹਾਂ ਗਿਲਾ ਜ਼ਾਹਿਰ ਕੀਤਾ ਕਿ ਮੈਂ ਚੰਗੀ ਤਰ੍ਹਾਂ ਜਾਣਦਾ ਹਾਂ ਕਿ ਤੁਹਾਡੇ ਵੱਲੋਂ ਮੇਰੇ ਵੱਲੋਂ ਵਾਰ-ਵਾਰ ਭੇਜੇ ਜਾਂਦੇ ਸੁਝਾਵਾਂ ਦਾ ਕਦੇ ਕੋਈ ਜਵਾਬ ਨਹੀਂ ਆਇਆ, ਪਰ ਮੈਨੂੰ, ਉਮੀਦ ਹੈ ਕਿ ਤੁਸੀਂ ਇਸ ’ਤੇ ਵਿਚਾਰ ਕਰੋਗੇ।

## ਮਨਾਲੀ-ਲੇਹ ਰੂਟ ਲਈ ਸੁਰੰਗਾਂ ਦੇ 3 ਪ੍ਰੋਜੈਕਟ ਪ੍ਰਵਾਨ, 15550 ਕਰੋੜ ਰੁਪਏ ਆਵੇਗਾ ਖਰਚ

### ☛ਲੱਦਾਖ ਨਾਲ ਪੂਰਾ ਸਾਲ ਸੜਕੀ ਸੰਪਰਕ ਰਹੇਗਾ ਬਹਾਲ

ਲੇਹ, 13 ਜੂਨ (ਚ.ਨ.ਸ): ਕੇਂਦਰ ਸਰਕਾਰ ਨੇ ਰਣਨੀਤਕ ਪੱਖੋਂ ਅਹਿਮ ਮਨਾਲੀ-ਲੇਹ ਸੜਕੀ ਰੂਟ ਨੂੰ ਪੂਰਾ ਸਾਲ ਬਹਾਲ ਰੱਖਣ ਲਈ ਸੁਰੰਗਾਂ ਦੇ 3 ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਹੈ। ਇਹ ਤਿੰਨ ਸੁਰੰਗਾਂ 15550 ਕਰੋੜ ਰੁਪਏ ਦੀ ਲਾਗਤ ਨਾਲ ਬਣਾਈਆਂ ਜਾਣਗੀਆਂ। ਪ੍ਰਸਤਾਵਿਤ ਸੁਰੰਗਾਂ ਹਿਮਾਚਲ ਪ੍ਰਦੇਸ਼ ’ਚ ਬਾਰਾਲਾਚਾ, ਲਚੁਗਲਾ ਦੱਰਾ ਤੇ ਲੱਦਾਖ ਦੇ ਤੰਗਲਾਂਗ ਲਾ ਦੱਰਾ ਦੇ ਹੇਠਾਂ ਬਣਾਈਆਂ ਜਾਣਗੀਆਂ। ਕੇਂਦਰੀ ਸੜਕੀ ਆਵਾਜਾਈ ਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੇ ਇਹ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਨ੍ਹਾਂ ਸੁਰੰਗਾਂ ਦੇ ਬਣਨ ਨਾਲ ਲੱਦਾਖ ਨਾਲ ਪੂਰਾ ਸਾਲ ਸੜਕੀ ਸੰਪਰਕ ਬਹਾਲ ਰਹੇਗਾ। ਸਫ਼ਰ ਦਾ ਸਮਾਂ ਵੀ ਘਟੇਗਾ। ਨਾਲ ਹੀ ਸਰਹੱਦੀ ਖੇਤਰਾਂ ’ਚ ਫੌਜੀ ਆਵਾਜਾਈ ਨੂੰ ਬੇਮਿਸਾਲ ਮਦਦ ਮਿਲੇਗੀ। ਇਹ ਤਿੰਨੋਂ ਪ੍ਰੋਜੈਕਟ ਰਣਨੀਤਕ ਪੱਖੋਂ ਅਹਿਮ ਹਨ। ਇਨ੍ਹਾਂ ਪ੍ਰੋਜੈਕਟਾਂ ਦਾ ਮੁੱਖ ਮੰਤਵ ਜੰਮੂ-ਕਸ਼ਮੀਰ ਤੇ ਲੱਦਾਖ ’ਚ ਚੀਨ ਤੇ ਪਾਕਿਸਤਾਨ ਨਾਲ ਲੱਗਦੀਆਂ ਸਰਹੱਦਾਂ ’ਤੇ ਰਣਨੀਤਕ ਤਿਆਰੀ ਨੂੰ ਹੋਰ ਮਜ਼ਬੂਤ ਕਰਨਾ ਹੈ। ਅਟਲ ਸੁਰੰਗ, ਜ਼ੋਜਿਲਾ ਸੁਰੰਗ ਤੇ ਪ੍ਰਸਤਾਵਿਤ ਸ਼ਿਕੂਲਾ ਸੁਰੰਗ ਤੋਂ ਬਾਅਦ ਇਹ ਪ੍ਰੋਜੈਕਟ ਖੇਤਰੀ ਸੰਪਰਕ ’ਚ ਨਵੇਂ ਪਹਿਲੂ ਜੋੜੇਗਾ। ਬਾਰਾਲਾਚਾ ਦੱਰੇ ਦੇ ਹੇਠਾਂ 13 ਕਿਲੋਮੀਟਰ ਦੀ ਸੁਰੰਗ ਬਣਾਈ ਜਾਵੇਗੀ: ਇਸ ਪ੍ਰੋਜੈਕਟ ’ਚ ਬਾਰਾਲਾਚਾ ਦੱਰੇ ਦੇ ਹੇਠਾਂ ਲਗਭਗ 13 ਕਿਲੋਮੀਟਰ ਦੀ ਸੁਰੰਗ ਦਾ ਨਿਰਮਾਣ ਸ਼ਾਮਲ ਹੋਵੇਗਾ। ਇਸ ਦੀ ਅਨੁਮਾਨਿਤ



ਲਾਗਤ 8800 ਕਰੋੜ ਰੁਪਏ ਹੈ। ਵਿਸਤ੍ਰਿਤ ਪ੍ਰੋਜੈਕਟ ਰਿਪੋਰਟ ਦੇ ਇਸ ਸਾਲ ਅਕਤੂਬਰ ਤੱਕ ਤਿਆਰ ਹੋਣ ਦੀ ਉਮੀਦ ਹੈ। ਲਚੁੰਗਲਾ ਦੱਰੇ ਦੇ ਹੇਠਾਂ ਲਗਭਗ 11 ਕਿਲੋਮੀਟਰ ਦੀ ਸੁਰੰਗ ਪ੍ਰਸਤਾਵਿਤ ਹੈ, ਜਿਸ ਦੀ ਲਾਗਤ 4500 ਕਰੋੜ ਰੁਪਏ ਹੋਣ ਦਾ ਅਨੁਮਾਨ ਹੈ। ਇਸ ਪ੍ਰੋਜੈਕਟ ਲਈ ਰਿਪੋਰਟ ਦੇ ਇਸ ਸਾਲ ਦੇ ਅੰਤ ਤੱਕ ਪੂਰਾ ਹੋਣ ਦੀ ਉਮੀਦ ਹੈ। ਲੱਦਾਖ ’ਚ ਤਾਂਗਲਾਂਗ ਲਾ ਦੱਰੇ ਦੇ ਹੇਠਾਂ ਲਗਭਗ 5 ਕਿਲੋਮੀਟਰ ਦੀ ਸੁਰੰਗ ਬਣਾਈ ਜਾਵੇਗੀ। ਇਸ ਪ੍ਰੋਜੈਕਟ ਦੀ ਲਾਗਤ 2250 ਕਰੋੜ ਰੁਪਏ ਹੋਣ ਦਾ ਅਨੁਮਾਨ ਹੈ।

## ਕੇਂਦਰੀ ਮੰਤਰੀ ਪੁਰੀ ਵੱਲੋਂ ਹਲਵਾਰਾ ਹਵਾਈ ਅੱਡੇ ਦਾ ਦੌਰਾ

ਹਲਵਾਰਾ, 13 ਜੂਨ (ਚ.ਨ.ਸ): ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਵੱਲੋਂ ਅੱਜ ਪੰਜਾਬ ਦੇ ਮਹੱਤਵਪੂਰਨ ਪ੍ਰੋਜੈਕਟਾਂ ਵਿੱਚ ਸ਼ਾਮਲ ਹਲਵਾਰਾ ਹਵਾਈ ਅੱਡੇ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਾਜਿੰਦਰ ਸ਼ਰਮਾ, ਮਨਪ੍ਰੀਤ ਤਲਵੰਡੀ ਦੀ ਅਗਵਾਈ ਹੇਠ ਭਾਜਪਾ ਆਗੂਆਂ ਤੇ ਵਰਕਰਾਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ ਤੇ ਹਲਵਾਰਾ ਹਵਾਈ ਅੱਡੇ ਦੇ ਸੀ.ਈ.ਓ. ਜੰਗੀਰ ਸਿੰਘ, ਦੀਪਕ ਪਰਾਸ਼ਰ, ਅਮਰਜੀਤ ਸਿੰਘ, ਆਪਰੇਸ਼ਨ ਹੈਡ ਪ੍ਰਨੀਤ ਕੁਮਾਰ, ਯੁੱਧਵੀਰ ਸਿੰਘ, ਏਅਰ ਇੰਡੀਆ ਦੇ ਸੂਰੀਆ ਨਰਾਇਣ ਮੂਰਤੀ ਨੇ ਵੀ ਪ੍ਰੋਟੋਕਾਲ ਅਨੁਸਾਰ ਸਵਾਗਤ ਕੀਤਾ। ਕੇਂਦਰੀ ਮੰਤਰੀ ਨੇ ਹਵਾਈ ਅੱਡੇ ਵਿੱਚ ਇੱਕ ਬੂਟਾ ਲਗਾ ਕੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ, ਇਸ ਤੋਂ ਬਾਅਦ ਹਵਾਈ ਅੱਡਾ ਅਥਾਰਟੀ ਦੇ ਅਧਿਕਾਰੀਆਂ ਤੇ ਸਟਾਫ਼ ਨਾਲ ਵਿਸ਼ੇਸ਼ ਸਮੀਖਿਆ ਮੀਟਿੰਗ ਕੀਤੀ। ਇਸ ਮੌਕੇ ਭਾਜਪਾ ਆਗੂ ਰਾਜਿੰਦਰ ਸ਼ਰਮਾ ਨੇ ਕੇਂਦਰੀ ਮੰਤਰੀ ਨਾਲ ਖ਼ਾਸ ਮੁਲਾਕਾਤ ਕਰਦਿਆਂ ਮੰਗ ਰੱਖੀ ਕਿ




ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਧਿਆਨ ਵਿੱਚ ਲਿਆ ਕੇ ਹਲਵਾਰਾ ਹਵਾਈ ਅੱਡੇ ਨੂੰ ਜਲਦ ਤੋਂ ਜਲਦ ਕੌਮਾਂਤਰੀ ਹਵਾਈ ਅੱਡੇ ਦਾ ਦਰਜਾ ਦਿੱਤਾ ਜਾਵੇ ਤਾਂ ਜੋ ਪੰਜਾਬ ਦੇ ਉਦਯੋਗ, ਵਪਾਰ, ਵਿਦੇਸ਼ੀ ਆਵਾਜਾਈ ਤੇ ਖੇਤਰੀ ਵਿਕਾਸ ਨੂੰ ਨਵੀਂ ਰਫ਼ਤਾਰ ਮਿਲ ਸਕੇ।

## ਵਿਵੇਕ ਗੁਪਤਾ ਪੰਜਾਬ ਟਰੇਡਰਜ਼ ਕਮਿਸ਼ਨ ਦੇ ਮੈਂਬਰ ਨਿਯੁਕਤ

ਗੜ੍ਹਦੀਵਾਲਾ, 13 ਜੂਨ (ਗੌਰਵ): ਪੰਜਾਬ ਸਰਕਾਰ ਤੇ ਆਮ ਆਦਮੀ ਪਾਰਟੀ ਪੰਜਾਬ ਵੱਲੋਂ ਸਮਾਜਿਕ ਤੇ ਵਪਾਰਕ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਸੇਵਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਵੇਕ ਗੁਪਤਾ ਨੂੰ ਪੰਜਾਬ ਟਰੇਡਰਜ਼ ਕਮਿਸ਼ਨ (ਐਕਸਾਈਜ਼ ਐਂਡ ਟੈਕਸੇਸ਼ਨ) ਹਲਕਾ ਉੜਮੁੜ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ ਤੋਂ ਬਾਅਦ ਇਲਾਕੇ ਦੇ ਵਪਾਰੀਆਂ, ਪਾਰਟੀ ਵਰਕਰਾਂ ਤੇ ਸਮਾਜ ਸੇਵੀਆਂ ਵੱਲੋਂ ਵਿਵੇਕ ਗੁਪਤਾ ਨੂੰ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਵਿਵੇਕ ਗੁਪਤਾ ਨੇ ਪੰਜਾਬ ਸਰਕਾਰ, ਆਮ ਆਦਮੀ ਪਾਰਟੀ ਲੀਡਰਸ਼ਿਪ, ਹਲਕਾ ਉੜਮੁੜ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਅਮਿਤ ਨੇਗੀ ਦੁਆਬਾ ਸੈਕਟਰੀ, ਦਰਪਿਨ ਸੈਣੀ ਪੰਜਾਬ ਪ੍ਰਧਾਨ, ਪ੍ਰੇਮ ਕੁਮਾਰ ਜੈਨ ਚੇਅਰਮੈਨ ਹਲਕਾ ਉੜਮੁੜ ਤੇ ਸੂਬਾ ਤੇ ਹਲਕਾ ਆਗੂਆਂ



ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਸਰਕਾਰ ਦੇ ਧਿਆਨ ਵਿੱਚ ਲਿਆ ਕੇ ਉਨ੍ਹਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਦੀ ਇਸ ਨਿਯੁਕਤੀ ਨਾਲ ਇਲਾਕੇ ਦੇ ਵਪਾਰਕ ਵਰਗ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਲਾਭ ਹਰ ਯੋਗ ਮਹਿਲਾ ਤੱਕ ਪਹੁੰਚਾਉਣਾ ਸਾਡਾ ਸੰਕਲਪ: ਡਿਪਟੀ ਸਪੀਕਰ ਰੌੜੀ

ਮਾਹਿਲਪੁਰ, 13 ਜੂਨ (ਰਵੀ ਬੱਗਾ): ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਤੇ ਹਲਕਾ ਵਿਧਾਇਕ ਗੜ੍ਹਸ਼ੰਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਅਗਵਾਈ ਹੇਠ ਅੱਜ ਉਨ੍ਹਾਂ ਦੇ ਦਫ਼ਤਰ ਵਿਖੇ ਪੰਜਾਬ ਸਰਕਾਰ ਦੀ ਮਹੱਤਵਪੂਰਨ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਸਬੰਧੀ ਇੱਕ ਵਿਸ਼ੇਸ਼ ਟ੍ਰੇਨਿੰਗ ਕੈਂਪ ਆਯੋਜਿਤ ਕੀਤਾ ਗਿਆ। ਕੈਂਪ ਦਾ ਉਦੇਸ਼ ਯੋਜਨਾ ਨੂੰ ਜ਼ਮੀਨੀ ਪੱਧਰ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਦਿਆਂ ਹਰ ਯੋਗ ਮਹਿਲਾ ਤੱਕ ਇਸ ਦਾ ਲਾਭ ਪਹੁੰਚਾਉਣਾ ਸੀ। ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਦੇ ਸਮਾਜਿਕ ਤੇ ਆਰਥਿਕ ਸਸ਼ਕਤੀਕਰਨ ਲਈ ਵਚਨਬੱਧ ਹੈ ਤੇ ਇਹ ਯੋਜਨਾ ਉਸੇ ਸੋਚ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਅਸਲ ਮਕਸਦ ਤਦ ਹੀ ਪੂਰਾ ਹੋ ਸਕਦਾ ਹੈ,



ਜਦੋਂ ਉਨ੍ਹਾਂ ਦਾ ਲਾਭ ਆਖ਼ਰੀ ਪਾਤਰ ਵਿਅਕਤੀ ਤੱਕ ਪਹੁੰਚੇ ਤੇ ਇਹੀ ਸਰਕਾਰ ਦਾ ਸੰਕਲਪ ਹੈ। ਡਿਪਟੀ ਸਪੀਕਰ ਰੌੜੀ ਨੇ ਅਧਿਕਾਰੀਆਂ, ਕਰਮਚਾਰੀਆਂ ਤੇ ਵਲੰਟੀਅਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਯੋਗ ਮਹਿਲਾਵਾਂ ਨੂੰ ਯੋਜਨਾ ਬਾਰੇ ਜਾਗਰੂਕ ਕਰਨ ਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਹਰ ਸੰਭਵ ਮਦਦ ਕਰਨ। ਉਨ੍ਹਾਂ ਕਿਹਾ ਕਿ ਕੋਈ ਵੀ ਯੋਗ ਮਹਿਲਾ ਸਿਰਫ਼ ਜਾਣਕਾਰੀ ਦੀ ਘਾਟ ਕਾਰਨ ਸਰਕਾਰੀ ਸਹੂਲਤਾਂ ਤੋਂ ਵਾਂਝੀ ਨਹੀਂ ਰਹਿਣੀ ਚਾਹੀਦੀ।ਟ੍ਰੇਨਿੰਗ ਕੈਂਪ ਦੌਰਾਨ ਯੋਜਨਾ ਨਾਲ ਜੁੜੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਯੋਗਤਾ ਸ਼ਰਤਾਂ, ਰਜਿਸਟ੍ਰੇਸ਼ਨ ਪ੍ਰਕਿਰਿਆ, ਲੋੜੀਂਦੇ ਦਸਤਾਵੇਜ਼ਾਂ, ਅਰਜ਼ੀਆਂ ਦੀ ਜਾਂਚ ਤੇ ਲਾਭਪਾਤਰੀਆਂ ਨੂੰ ਮਿਲਣ ਵਾਲੀਆਂ ਸਹੂਲਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਭਾਗੀਦਾਰਾਂ ਦੀਆਂ ਸ਼ੰਕਾਵਾਂ ਦਾ ਨਿਪਟਾਰਾ ਕਰਦਿਆਂ ਯੋਜਨਾ ਦੇ ਸਫ਼ਲ ਲਾਗੂਕਰਨ ਲਈ ਲੋੜੀਂਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ ਗਈਆਂ।

## ਦੇਹਰਾਦੂਨ ’ਚ ਰਹਿ ਰਹੇ ਪਾਕਿਸਤਾਨੀ ਸਿੱਖ ਪਰਿਵਾਰ ਨੂੰ ਉਤਰਾਖੰਡ ਹਾਈਕੋਰਟ ਵੱਲੋਂ ਵੱਡੀ ਰਾਹਤ

### ☛ਦੇਸ਼ ਨਿਕਾਲੇ ਦੇ ਹੁਕਮਾਂ ’ਤੇ ਲਗਾਈ ਰੋਕ

ਦੇਹਰਾਦੂਨ/ਨੈਨੀਤਾਲ, 13 ਜੂਨ (ਚ.ਨ.ਸ): ਉਤਰਾਖੰਡ ਹਾਈ ਕੋਰਟ ਨੇ ਦੇਹਰਾਦੂਨ ਵਿਖੇ ਰਹਿ ਰਹੇ ਇੱਕ ਪਾਕਿਸਤਾਨੀ ਸਿੱਖ ਪਰਿਵਾਰ ਨੂੰ ਇੱਕ ਬਹੁਤ ਹੀ ਅਹਿਮ ਤੇ ਵੱਡੀ ਰਾਹਤ ਦਿੱਤੀ ਹੈ। ਅਦਾਲਤ ਨੇ ਸੂਬਾ ਸਰਕਾਰ ਨੂੰ ਸਖ਼ਤ ਨਿਰਦੇਸ਼ ਜਾਰੀ ਕਰਦਿਆਂ ਆਖਿਆ ਹੈ ਕਿ ਜਦੋਂ ਤੱਕ ਇਸ ਪਰਿਵਾਰ ਤੋਂ ਰਾਸ਼ਟਰੀ ਸੁਰੱਖਿਆ ਨੂੰ ਕੋਈ ਖ਼ਤਰਾ ਸਾਬਤ ਨਹੀਂ ਹੁੰਦਾ, ਉਦੋਂ ਤੱਕ ਉਨ੍ਹਾਂ ਨੂੰ ਦੇਸ਼ ਵਿੱਚੋਂ ਬਾਹਰ ਨਾ ਕੱਢਿਆ ਜਾਵੇ। ਹਾਈ ਕੋਰਟ ਦੇ ਜਸਟਿਸ ਮਨੋਜ ਕੁਮਾਰ ਤਿਵਾਰੀ ਦੀ ਅਗਵਾਈ ਵਾਲੇ ਸਿੰਗਲ ਬੈਂਚ ਨੇ ਇਹ ਹੁਕਮ ਉਸ ਪਟੀਸ਼ਨ ’ਤੇ ਸੁਣਵਾਈ ਕਰਦਿਆਂ ਜਾਰੀ ਕੀਤੇ, ਜਿਸ ਵਿੱਚ ਸੂਬਾ ਸਰਕਾਰ ਵੱਲੋਂ ਪਰਿਵਾਰ ਨੂੰ ਸਿਰਫ਼ 24 ਘੰਟਿਆਂ ਦੇ ਅੰਦਰ-ਅੰਦਰ ਭਾਰਤ ਛੱਡਣ ਲਈ ਜਾਰੀ ਕੀਤੇ ਗਏ ਤਾਨਾਸ਼ਾਹੀ ਫ਼ਰਮਾਨ ਨੂੰ ਚੁਣੌਤੀ ਦਿੱਤੀ ਗਈ ਸੀ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਪੀੜਤ ਸਿੱਖ ਪਰਿਵਾਰ ਪਾਕਿਸਤਾਨ ਦੇ ਖ਼ੈਬਰ ਪਖ਼ਤੂਨਖ਼ਵਾ ਖੇਤਰ ਤੋਂ ਉਜੜ ਕੇ ਸਾਲ



2019 ਵਿੱਚ ਭਾਰਤ ਆਇਆ ਸੀ ਤੇ ਉਦੋਂ ਤੋਂ ਹੀ ਦੇਹਰਾਦੂਨ ਦੇ ਵਸੰਤ ਵਿਹਾਰ ਇਲਾਕੇ ਵਿੱਚ ਰਹਿ ਰਿਹਾ ਹੈ। ਪਰਿਵਾਰ ਦੇ ਮੁਖੀ 55 ਸਾਲਾ ਮਨਜੀਤ ਸਿੰਘ ਦੇਹਰਾਦੂਨ ਵਿੱਚ ਪਾਲਿਸ਼ਿੰਗ ਸਮੱਗਰੀ ਦੀ ਸਪਲਾਈ ਕਰਨ ਦਾ ਕੰਮ ਕਰਦੇ ਹਨ। ਉਨ੍ਹਾਂ ਦੇ ਵਕੀਲ ਵਿਕਾਸ ਕੁਮਾਰ ਗੁਗਲਾਨੀ ਨੇ ਅਦਾਲਤ ਵਿੱਚ ਦੱਸਿਆ ਕਿ ਪਰਿਵਾਰ ਲੰਬੇ ਸਮੇਂ ਦੇ ਵੀਜ਼ੇ ’ਤੇ ਭਾਰਤ ਆਇਆ ਸੀ, ਜਿਸ ਦੀ ਮਿਆਦ ਨੂੰ ਕਾਨੂੰਨੀ ਤੌਰ ’ਤੇ 10 ਦਸੰਬਰ 2026 ਤੱਕ ਵਧਾਇਆ ਜਾ ਚੁੱਕਾ ਹੈ। ਵੀਜ਼ਾ ਵੈਧ ਹੋਣ ਦੇ ਬਾਵਜੂਦ, ਸੂਬਾ ਸਰਕਾਰ ਨੇ ਬੀਤੀ 15 ਮਈ ਨੂੰ ਇੱਕ ਨੋਟਿਸ ਜਾਰੀ ਕਰਕੇ ਉਨ੍ਹਾਂ ਨੂੰ 24 ਘੰਟਿਆਂ ਵਿੱਚ ਦੇਸ਼ ਛੱਡਣ ਲਈ ਕਹਿ ਦਿੱਤਾ ਸੀ, ਜੋ ਨੋਟਿਸ ਪਰਿਵਾਰ ਨੂੰ 2 ਜੂਨ ਨੂੰ ਮਿਲਿਆ।ਅਦਾਲਤ ਵਿੱਚ ਬਹਿਸ ਦੌਰਾਨ ਵਕੀਲ ਨੇ ਇਤਰਾਜ਼ ਜਤਾਇਆ ਕਿ ਸਰਕਾਰ ਵੱਲੋਂ ਭੇਜੇ ਗਏ ਨੋਟਿਸ ਵਿੱਚ ਦੇਸ਼ ਨਿਕਾਲੇ ਦਾ ਕੋਈ ਠੋਸ ਕਾਰਨ ਜਾਂ ਅਧਾਰ ਨਹੀਂ ਦੱਸਿਆ ਗਿਆ ਸੀ। ਨੋਟਿਸ ਵਿੱਚ ਸਿਰਫ਼ ਇਹ ਲਿਖਿਆ ਗਿਆ ਸੀ ਕਿ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਇਸ ਸਬੰਧੀ ਇੱਕ ਈਮੇਲ ਪ੍ਰਾਪਤ ਹੋਈ ਹੈ। ਹਾਈ ਕੋਰਟ ਨੇ ਦੋਵਾਂ ਪੱਖਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਕੇਂਦਰ ਤੇ ਸੂਬਾ ਸਰਕਾਰ ਨੂੰ ਸਖ਼ਤ ਲਹਿਜ਼ੇ ਵਿੱਚ ਨਿਰਦੇਸ਼ ਦਿੱਤੇ ਹਨ ਕਿ ਉਹ ਇਸ ਸੰਵੇਦਨਸ਼ੀਲ ਮਾਮਲੇ ’ਤੇ ਸਾਂਝੇ ਤੌਰ ’ਤੇ ਇੱਕ ਵਿਚਾਰਸ਼ੀਲ ਤੇ ਤਰਕਸੰਗਤ ਫੈਸਲਾ ਲੈਣ। ਅਦਾਲਤ ਨੇ ਸਰਕਾਰੀ ਵਕੀਲਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਅਗਲੀ ਸੁਣਵਾਈ, ਜੋ ਕਿ 15 ਜੂਨ ਨੂੰ ਤੈਅ ਕੀਤੀ ਗਈ ਹੈ, ਤੱਕ ਆਪਣਾ ਵਿਸਤ੍ਰਿਤ ਜਵਾਬੀ ਹਲਫ਼ਨਾਮਾ ਦਾਖ਼ਲ ਕਰਨ। ਉਦੋਂ ਤੱਕ ਪਰਿਵਾਰ ਵਿਰੁੱਧ ਕੋਈ ਵੀ ਜ਼ਬਰਦਸਤੀ ਕਾਰਵਾਈ ਕਰਨ ਜਾਂ ਦੇਸ਼ ਨਿਕਾਲਾ ਦੇਣ ’ਤੇ ਪੂਰਨ ਰੂਪ ਵਿੱਚ ਰੋਕ ਲਗਾ ਦਿੱਤੀ ਗਈ ਹੈ।

## ਅਜਨਾਲਾ ਦੇ ਸਰਹੱਦੀ ਪਿੰਡਾਂ ਦਾ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਵੱਲੋਂ ਦੌਰਾ

ਅਜਨਾਲਾ, 13 ਜੂਨ (ਸੁਖਦੇਵ ਸਿੰਘ ਖ਼ਾਲਸਾ): ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅਜਨਾਲਾ ਦੇ ਸਰਹੱਦੀ ਪਿੰਡਾਂ ਚਾਹੜਪੁਰ, ਕੋਟਲਾ, ਪੰਜਗਰਾਈਂ, ਜੱਟਾ, ਘੋਨੇਵਾਲ, ਘੁੰਮਰਾਏ, ਦਰਿਆ ਮੂਸਾ, ਰੂੜੀਵਾਲ ਤੇ ਧਨਗਈ ਸਮੇਤ ਹੋਰ ਇਲਾਕਿਆਂ ਦਾ ਦੌਰਾ ਕਰਕੇ ਦਰਿਆਈ ਬੰਨ੍ਹਾਂ ਤੇ ਸਪਰਾਂ ਦੀ ਸਥਿਤੀ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਬੰਨ੍ਹਾਂ ਦੀ ਮਾੜੀ ਹਾਲਤ ਤੇ ਇਲਾਕੇ ਵਿੱਚ ਕਥਿਤ ਗੈਰ-ਕਾਨੂੰਨੀ ਮਾਈਨਿੰਗ ਨੂੰ ਲੈ ਕੇ ਪੰਜਾਬ ਸਰਕਾਰ ਤੇ ਸਬੰਧਤ ਵਿਭਾਗਾਂ ’ਤੇ ਗੰਭੀਰ ਸਵਾਲ ਖੜ੍ਹੇ ਕੀਤੇ। ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਆਏ ਹੜ੍ਹਾਂ ਕਾਰਨ ਇਸ ਇਲਾਕੇ ਨੂੰ ਭਾਰੀ ਨੁਕਸਾਨ ਝੱਲਣਾ ਪਿਆ ਸੀ, ਪਰ ਇਸ ਦੇ ਬਾਵਜੂਦ ਸਰਕਾਰ ਵੱਲੋਂ ਸਮੇਂ ਸਿਰ ਬੰਨ੍ਹਾਂ ਤੇ ਸਪਰਾਂ ਨੂੰ ਮਜ਼ਬੂਤ ਕਰਨ ਵੱਲ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾਂ ਦੋਸ਼ ਲਗਾਇਆ ਕਿ ਪਿਛਲੇ ਪੰਜ ਸਾਲਾਂ ਦੌਰਾਨ ਬੰਨ੍ਹਾਂ ਤੇ ਸਪਰਾਂ ਦੀ ਮੁਰੰਮਤ ਦੇ



ਨਾਂ ’ਤੇ ਖਰਚ ਕੀਤੇ ਗਏ ਫੰਡਾਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ, ਕਿਉਂਕਿ ਜ਼ਮੀਨੀ ਹਕੀਕਤ ਕੁਝ ਹੋਰ ਹੀ ਬਿਆਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕੁਝ ਇਲਾਕਿਆਂ ਵਿੱਚ ਹਾਲਾਤ ਬੇਹੱਦ ਚਿੰਤਾਜਨਕ ਹਨ ਤੇ ਕਈ ਥਾਵਾਂ ’ਤੇ ਦਰਿਆ ਦਾ ਪਾਣੀ ਸਿੱਧਾ ਬੰਨ੍ਹਾਂ ਦੇ ਨਾਲ-ਨਾਲ ਵਹਿ ਰਿਹਾ ਹੈ। ਜੇਕਰ ਆਉਣ ਵਾਲੇ ਦਿਨਾਂ ਵਿੱਚ ਪਾਣੀ ਦਾ ਪੱਧਰ ਵੱਧਦਾ ਹੈ ਤਾਂ ਸਰਹੱਦੀ ਪਿੰਡਾਂ ਲਈ ਵੱਡਾ ਖ਼ਤਰਾ ਪੈਦਾ ਹੋ ਸਕਦਾ ਹੈ। ਉਨ੍ਹਾਂ ਮੁੱਖ ਮੰਤਰੀ ਪੰਜਾਬ ਤੋਂ ਮੰਗ ਕੀਤੀ ਕਿ ਪੂਰੇ ਮਾਮਲੇ ਦੀ ਉਚ ਪੱਧਰੀ ਜਾਂਚ ਕਰਵਾਈ ਜਾਵੇ, ਬੰਨ੍ਹਾਂ ਦੀ ਸਥਿਤੀ ਦਾ ਤਕਨੀਕੀ ਮੁਲਾਂਕਣ ਕਰਵਾਇਆ ਜਾਵੇ ਤੇ ਜੇਕਰ ਕਿਸੇ ਤਰ੍ਹਾਂ ਦੀ ਬੇਨਿਯਮਤਾ ਸਾਹਮਣੇ ਆਉਂਦੀ ਹੈ ਤਾਂ ਜ਼ਿੰਮੇਵਾਰ ਅਧਿਕਾਰੀਆਂ ਤੇ ਸਬੰਧਤ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।ਔਜਲਾ ਨੇ ਕਿਹਾ ਕਿ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਉਣਾ ਪ੍ਰਸ਼ਾਸਨ ਦੀ ਪਹਿਲੀ ਜ਼ਿੰਮੇਵਾਰੀ ਹੈ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਮੇਂ ਸਿਰ ਹਾਲਾਤ ਨਾ ਸੁਧਾਰੇ ਗਏ ਤਾਂ ਕਿਸੇ ਵੀ ਸੰਭਾਵੀ ਨੁਕਸਾਨ ਦੀ ਜ਼ਿੰਮੇਵਾਰੀ ਸਬੰਧਤ ਵਿਭਾਗਾਂ ਤੇ ਸਰਕਾਰ ਦੀ ਹੋਵੇਗੀ।

## 61 ਪਿੰਡਾਂ ’ਚ 15.25 ਕਰੋੜ ਰੁਪਏ ਦੀ ਲਾਗਤ ਨਾਲ ਉਸਾਰੇ ਜਾਣਗੇ ਕਮਿਊਨਿਟੀ ਹਾਲ: ਧਾਲੀਵਾਲ

ਅਜਨਾਲਾ, 13 ਜੂਨ (ਸੁਖਦੇਵ ਸਿੰਘ ਖ਼ਾਲਸਾ): ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਰੰਗਲੇ ਪੰਜਾਬ ਦੀ ਸਿਰਜਣਾ ਲਈ ਮਾਨਸ ਕੀ ਜਾਤਿ ਸਭੇ ਇੱਕੋ ਪਹਿਚਾਨਬੋ ਤਹਿਤ ਸਮੂਹ ਵਰਗਾਂ ਸਮੇਤ ਘੱਟ ਗਿਣਤੀ ਇਸਾਈ ਭਾਈਚਾਰੇ ਦਾ ਵੱਖ-ਵੱਖ ਸਹੂਲਤਾਂ ਨਾਲ ਜੀਵਨ ਪੱਧਰ ਉਚਾ ਚੁੱਕਣ ਲਈ ਨਿਰੰਤਰ ਗਤੀਸ਼ੀਲ ਹੈ ਤੇ ਮਾਨ ਸਰਕਾਰ ਨੇ ਇਸਾਈ ਭਾਈਚਾਰੇ ਦੀ ਭਲਾਈ ਲਈ ਅੱਗੇ ਕਦਮ ਵਧਾਉਂਦੇ ਹੋਏ ਰਾਜ ਭਰ ਦੇ ਪਿੰਡਾਂ ਇਸਾਈ ਭਾਈਚਾਰੇ ਦੇ ਕਮਿਊਨਿਟੀ ਉਸਾਰਣ ਲਈ ਗ੍ਰਾਂਟਾਂ ਦੇ ਖੁੱਲ੍ਹੇ ਗੱਫੇ ਜਾਰੀ ਕੀਤੇ ਹਨ। ਗ੍ਰਾਂਟਾਂ ਦੇ ਜਾਰੀ ਹੋਏ ਖੁੱਲ੍ਹੇ ਗੱਫਿਆਂ ’ਚੋਂ ਪਹਿਲੇ ਪੜਾਅ ’ਚ ਵਿਧਾਨ ਸਭਾ ਹਲਕਾ ਅਜਨਾਲਾ ਦੇ 61 ਪਿੰਡਾਂ ’ਚ ਇਸਾਈ ਕਮਿਊਨਿਟੀ ਹਾਲਾਂ ਦੀ ਉਸਾਰੀ ਲਈ 15.25 ਕਰੋੜ ਪ੍ਰਾਪਤ ਹੋਏ ਹਨ। ਸ੍ਰ.



ਧਾਲੀਵਾਲ ਨੇ ਅੱਜ ਇਥੇ ਇਹ ਐਲਾਨ ਹਲਕਾ ਅਜਨਾਲਾ ਦੇ 61 ਪਿੰਡਾਂ ’ਚ 25-25 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਜਾਣ ਵਾਲੇ 61 ਕਮਿਊਨਿਟੀ ਹਾਲਾਂ ਦੀ ਉਸਾਰੀ ਲਈ 15.25 ਕਰੋੜ ਰੁਪਏ ਦੀ ਰਕਮ ਦੇ ਸੈਂਕਸ਼ਨ ਪੱਤਰ ਸਬੰਧਤ ਗ੍ਰਾਮ ਪੰਚਾਇਤਾਂ ’ਚ ਵੰਡਣ ਮੌਕੇ ਪ੍ਰਭਾਵਸ਼ਾਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਈਸਾਈ ਭਾਈਚਾਰੇ ਦੀ ਸਹੂਲਤ ਲਈ ਮਾਨ ਸਰਕਾਰ ਵੱਲੋਂ ਸਰਕਾਰੀ ਗ੍ਰਾਂਟਾਂ ਨਾਲ ਉਸਾਰੇ ਜਾਣ ਵਾਲੇ ਕਮਿਊਨਿਟੀ ਹਾਲਾਂ ਦੀ ਵਰਤੋਂ ਦੁੱਖ-ਸੁੱਖ ਦੇ ਸਮਾਗਮਾਂ, ਵਿਆਹਾਂ, ਪ੍ਰਾਥਨਾਵਾਂ ਤੇ ਭਾਈਚਾਰਕ ਦਰਪੇਸ਼ ਮਾਮਲਿਆਂ ਦੀਆਂ ਮੀਟਿੰਗਾਂ ਲਈ ਕਰ ਸਕਣਗੇ, ਜਿਸ ਦੇ ਨਤੀਜੇ ਵਜੋਂ ਅਜਿਹੇ ਸਮਾਗਮਾਂ ਲਈ ਨਿੱਜੀ ਪੈਲਸ/ਹਾਲ ਕਿਰਾਏ ’ਤੇ ਲੈਣ ਸਮੇਂ ਹੁੰਦੇ ਵੱਡੇ ਖਰਚਿਆਂ ਦੇ ਬੋਝ ਤੋਂ ਇਸ ਭਾਈਚਾਰੇ ਨੂੰ ਮੁਕਤੀ ਮਿਲੇਗੀ। ਸ੍ਰ. ਧਾਲੀਵਾਲ ਨੇ ਸਮੂਹ ਵਰਗਾਂ ਨੂੰ ਸੂਬਾ ਮਾਨ ਸਰਕਾਰ ਦੇ ਹੱਥ ਮਜ਼ਬੂਤ ਕਰਨ ਦਾ ਜਿਥੇ ਸੱਦਾ ਦਿੱਤਾ, ਉਥੇ ਸਪਸ਼ਟ ਕੀਤਾ ਕਿ ਅਗਲੇ ਵਰ੍ਹੇ ਸਾਲ 2027 ’ਚ ਹੋਣ ਜਾ ਰਹੀਆਂ ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ ’ਚ ਵੋਟਰ ਫਤਵੇ ਜਿੱਤ ਪ੍ਰਾਪਤ ਕਰਕੇ ਮਾਨ ਸਰਕਾਰ ਦਾ ਮੁੜ ਲੋਕ ਭਲਾਈ ਦੀ ਸੰਪੂਰਨ ਕ੍ਰਾਂਤੀ ਲਈ ਸੱਤਾ ’ਚ ਆਉਣਾ ਯਕੀਨੀ ਹੈ।

## ਐਡਮਿੰਟਨ ’ਚ ਗੋਲੀਆਂ ਮਾਰ ਕੇ ਪੰਜਾਬੀ ਨੌਜਵਾਨ ਦੀ ਹੱਤਿਆ

ਐਡਮਿੰਟਨ, 13 ਜੂਨ (ਚ.ਨ.ਸ): ਪੰਜਾਬੀ ਨੌਜਵਾਨ ਦੀ ਅਣਪਛਾਤੇ ਹਮਲਾਵਰਾਂ ਵੱਲੋਂ ਗੋਲੀ ਮਾਰ ਕੇ ਕੀਤੀ ਹੱਤਿਆ ਨੇ ਪੰਜਾਬੀ ਭਾਈਚਾਰੇ ਵਿੱਚ ਇੱਕ ਵਾਰ ਫਿਰ ਚਰਚਾ ਛੇੜ ਦਿੱਤੀ ਹੈ। ਮ੍ਰਿਤਕ ਨੌਜਵਾਨ ਇੰਦਰ ਸਿੰਘ ਪੜ੍ਹਾਈ ਦੇ ਆਧਾਰ ’ਤੇ ਕੈਨੇਡਾ ਆਇਆ ਸੀ, ਜਿਥੇ ਉਸ ਨੂੰ ਤਿੰਨ



ਸਾਲ ਦਾ ਵਰਕ ਪਰਮਿਟ ਮਿਲਿਆ ਸੀ ਤੇ ਉਹ ਬਜਰੀ ਸੀਮਿੰਟ ਪਾਉਣ ਵਾਲੇ ਇੱਕ ਵਿਅਕਤੀ ਨਾਲ ਕੰਮ ਕਰਦਾ ਸੀ। ਬੀਤੇ ਕੱਲ੍ਹ ਉਹ ਆਪਣੇ ਦੋਸਤਾਂ ਨਾਲ ਇੱਕ ਜਗ੍ਹਾ ’ਤੇ ਘੁੰਮਣ ਜਾ ਰਿਹਾ ਸੀ ਕਿ ਰਸਤੇ ਵਿੱਚ ਇੱਕ ਵੱਡੇ ਟਰੱਕ ਨੇ ਉਨ੍ਹਾਂ ਨੂੰ ਇਸ਼ਾਰਾ ਕੀਤਾ ਤਾਂ ਇੰਦਰ ਸਿੰਘ ਨੇ ਵੀ ਇਸ਼ਾਰਾ ਕੀਤਾ। ਅੱਗੋਂ ਉਕਤ ਵਿਅਕਤੀਆਂ ਨੇ ਗੋਲੀਆਂ ਚਲਾ ਦਿੱਤੀਆਂ, ਜੋ ਇੰਦਰ ਦੀ ਧੌਣ ’ਤੇ ਲੱਗੀ, ਜਿਸ ਕਾਰਨ ਉਸ ਦੀ ਮੌਕੇ ’ਤੇ ਮੌਤ ਹੋ ਗਈ।

## ਕੇਂਦਰ ਪ੍ਰਤੀ ਦਿਨ 200 ਲੀਟਰ ਡੀਜ਼ਲ ਦੇਣ ਦਾ ਫੈਸਲਾ ਵਾਪਸ ਲਵੇ: ਮਠੋਲਾ/ਮੀਕੇ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 13 ਜੂਨ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਕੇਂਦਰ ਸਰਕਾਰ ਵੱਲੋਂ ਜਾਰੀ ਕੀਤਾ ਨਾਦਰਸ਼ਾਹੀ ਫ਼ਰਮਾਨ ਕਿ ਰੋਜ਼ਾਨਾ ਸਿਰਫ਼ 200 ਲੀਟਰ ਡੀਜ਼ਲ ਖ਼ਰੀਦ ਸਕਣਗੇ। ਇਸ ਨਾਲ ਕੇਂਦਰ ਸਰਕਾਰ ਦਾ ਕਿਸਾਨ ਵਿਰੋਧੀ ਚਿਹਰਾ ਸਾਹਮਣੇ ਆਇਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ



ਪਲਵਿੰਦਰ ਸਿੰਘ ਮਠੋਲਾ ਤੇ ਜ਼ਿਲ੍ਹਾ ਸਲਾਹਕਾਰ ਬਲਵਿੰਦਰ ਸਿੰਘ ਮੀਕੇ ਨੇ ਆਖਿਆ ਕਿ ਕੇਂਦਰ ਸਰਕਾਰ ਕਿਸਾਨਾਂ ਨਾਲ ਪਹਿਲਾਂ ਹੀ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ। ਉਨ੍ਹਾਂ ਆਖਿਆ ਕਿ ਕੇਂਦਰ ਸਰਕਾਰ ਦੀਆਂ ਕਿਸਾਨ ਮਾਰੂ ਨੀਤੀਆਂ ਕਾਰਨ ਕਿਸਾਨ ਪਹਿਲਾਂ ਕਰਜ਼ੇ ਦੀ ਮਾਰ ਹੇਠ ਦੱਬਿਆ ਹੋਇਆ ਹੈ।ਉਤੋਂ ਕੇਂਦਰ ਸਰਕਾਰ ਨੇ ਇਹ ਨਾਦਰ ਸ਼ਾਹੀ ਫ਼ਰਮਾਨ ਜਾਰੀ ਕਰ ਦਿੱਤਾ ਹੈ ਕਿ ਰੋਜ਼ਾਨਾ ਸਿਰਫ਼ 200 ਲੀਟਰ ਡੀਜ਼ਲ ਹੀ ਕਿਸਾਨ ਖ਼ਰੀਦ ਸਕਦੇ ਹਨ। ਉਨ੍ਹਾਂ ਆਖਿਆ ਕਿ ਝੋਨੇ ਦਾ ਸੀਜ਼ਨ ਚੱਲ ਰਿਹਾ ਹੈ, ਕਿਸਾਨਾਂ ਨੇ ਖੇਤਾਂ ਵਿੱਚ ਕੱਦੂ ਵੀ ਕਰਨਾ ਹੈ ਤੇ ਬਿਜਲੀ ਬੰਦ ਹੋਣ ’ਤੇ ਟਿਊਬਵੈਲ ਚਲਾਉਣ ਲਈ ਜਰਨੇਟਰ ਵੀ ਚਲਾਉਣਾ ਪੈਂਦਾ ਹੈ। ਕਿਸਾਨਾਂ ਦਾ 200 ਲੀਟਰ ਡੀਜ਼ਲ ਨਾਲ ਕਿਵੇਂ ਗੁਜ਼ਾਰਾ ਹੋਵੇਗਾ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਕਿਸਾਨ ਵਿਰੋਧੀ ਇਸ ਨਾਦਰਸ਼ਾਹੀ ਫਰਮਾਨ ਨੂੰ ਵਾਪਸ ਲਵੇ। ਉਨ੍ਹਾਂ ਆਖਿਆ ਕਿ ਜੇਕਰ ਕੇਂਦਰ ਸਰਕਾਰ ਨੇ ਇਹ ਕਿਸਾਨ ਮਾਰੂ ਫੈਸਲਾ ਵਾਪਸ ਨਾ ਲਿਆ ਤਾਂ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਇਸ ਦਾ ਸਖ਼ਤ ਵਿਰੋਧ ਕਰੇਗੀ। ਉਨ੍ਹਾਂ ਆਖਿਆ ਕਿ ਕੇਂਦਰ ਸਰਕਾਰ ਨੇ ਹੁਣ ਤੱਕ ਜਿੰਨੇ ਫ਼ੈਸਲੇ ਲਾਗੂ ਕੀਤੇ ਹਨ। ਉਹ ਕਿਸਾਨ ਵਿਰੋਧੀ ਸਾਬਤ ਹੋਏ ਹਨ।

## ਸੱਚਾਈ ਤੇ ਨਿਰਪੱਖਤਾ ਨਾਲ ਪੱਤਰਕਾਰੀ ਕਰਨਾ ਹੀ ਸਾਡਾ ਮਕਸਦ: ਪ੍ਰੈਸ ਕਲੱਬ ਕੋਟ ਈਸੇ ਖਾਂ

ਕੋਟ ਈਸੇ ਖਾਂ, 13 ਜੂਨ (ਗੁਰਦੇਵ ਖੁਰਾਣਾ/ਹਰਜੀਤ ਛਾਬੜਾ): ਪ੍ਰੈਸ ਕਲੱਬ ਕੋਟ ਈਸੇ ਖਾਂ ਦੀ ਇੱਕ ਭਰਵੀਂ ਮੀਟਿੰਗ ਪ੍ਰਧਾਨ ਗੁਰਦੇਵ ਖੁਰਾਣਾ ਦੀ ਪ੍ਰਧਾਨਗੀ ਹੇਠ ਸਥਾਨਕ ਕਸਬੇ ਵਿੱਚ ਹੋਈ। ਮੀਟਿੰਗ ਦੌਰਾਨ ਪੱਤਰਕਾਰੀ ਖੇਤਰ ਵਿੱਚ ਪੱਤਰਕਾਰਾਂ ਨੂੰ ਆ ਰਹੀਆਂ ਮੁਸ਼ਕਿਲਾਂ ਤੇ ਮੀਡੀਆ ਦੀ ਮੌਜੂਦਾ ਸਥਿਤੀ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਅਹਿਮ ਵਿਚਾਰਾਂ ਤੋਂ ਬਾਅਦ ਸਮੂਹ ਮੈਂਬਰਾਂ ਵੱਲੋਂ ਇਕਸੁਰ ਹੋ ਕੇ ਫੈਸਲਾ ਲਿਆ ਗਿਆ ਕਿ ਕੋਟ ਈਸੇ ਖਾਂ ਤੇ ਪ੍ਰੈਸ ਕਲੱਬ ਦੇ ਅਧਿਕਾਰ ਖੇਤਰ ਅੰਦਰ ਹੋਣ ਵਾਲੇ ਸਰਕਾਰੀ, ਗੈਰ-ਸਰਕਾਰੀ, ਸਮਾਜਿਕ ਤੇ ਰਾਜਨੀਤਿਕ ਪ੍ਰੋਗਰਾਮਾਂ ਵਿੱਚ ਜਿੱਥੇ ਵੀ ਸੱਚਾਈ ਨੂੰ ਉਜਾਗਰ ਕਰਨ ਦੀ ਲੋੜ ਹੋਵੇਗੀ, ਉਨ੍ਹਾਂ ਖ਼ਬਰਾਂ ਨੂੰ ਪ੍ਰਮੁੱਖਤਾ ਨਾਲ ਪ੍ਰਕਾਸ਼ਿਤ ਕੀਤਾ ਜਾਵੇਗਾ। ਇਸ ਸਬੰਧੀ ਕਿਸੇ ਵੀ ਵਿਅਕਤੀ ਜਾਂ ਸੰਸਥਾ ਵੱਲੋਂ ਅਗਾਊਂ ਸੂਚਨਾ ਦੇਣਾ ਜ਼ਰੂਰੀ ਨਹੀਂ ਹੋਵੇਗਾ। ਪੱਤਰਕਾਰਾਂ ਨੇ ਕਿਹਾ ਕਿ ਸਮਾਜ ਵਿੱਚ ਮੌਜੂਦ ਊਣਤਾਈਆਂ ਤੇ ਲੋਕ ਹਿੱਤ



ਨਾਲ ਜੁੜੇ ਮੁੱਦਿਆਂ ਨੂੰ ਉਜਾਗਰ ਕਰਨਾ ਪੱਤਰਕਾਰੀ ਦਾ ਪਹਿਲਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਥਾਂ ਕੋਈ ਗਲਤ ਕੰਮ ਹੋ ਰਿਹਾ ਹੈ ਤਾਂ ਪੱਤਰਕਾਰਾਂ ਦਾ ਫਰਜ਼ ਬਣਦਾ ਹੈ ਕਿ ਉਹ ਉਸ ਨੂੰ ਲੋਕਾਂ ਸਾਹਮਣੇ ਲਿਆਉਣ, ਨਾ ਕਿ ਕਿਸੇ ਵਿਅਕਤੀ ਦੀ ਉਡੀਕ ਕਰਨ ਕਿ ਉਹ ਖੁਦ ਆ ਕੇ ਜਾਣਕਾਰੀ ਦੇਵੇ। ਮੀਟਿੰਗ ਦੌਰਾਨ ਇਹ ਵੀ ਕਿਹਾ ਗਿਆ ਕਿ ਅਗਾਊਂ ਸੂਚਨਾ ਦੇ ਕੇ ਖ਼ਬਰਾਂ ਲਗਵਾਉਣ ਵਾਲੇ ਕਈ ਵਾਰ ਆਪਣੀ ਸਹੂਲਤ ਅਨੁਸਾਰ ਤੱਥਾਂ ਨੂੰ ਪੇਸ਼ ਕਰਨ ਦੀ ਕੋਸ਼ਿਸ਼ ਕਰਦੇ ਹਨ, ਜਿਸ ਨਾਲ ਅਸਲ ਸਥਿਤੀ ਲੋਕਾਂ ਤੱਕ ਨਹੀਂ ਪਹੁੰਚਦੀ। ਇਸ ਲਈ ਪ੍ਰੈਸ ਕਲੱਬ ਦੇ ਮੈਂਬਰ ਨਿਰਪੱਖ, ਤੱਥਾਂ ਆਧਾਰਿਤ ਤੇ ਲੋਕ ਹਿੱਤ ਵਾਲੀ ਪੱਤਰਕਾਰੀ ਲਈ ਵਚਨਬੱਧ ਹਨ। ਪ੍ਰੈਸ ਕਲੱਬ ਦੇ ਮੈਂਬਰਾਂ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਵੱਲੋਂ ਨਾ ਬਲੈਕਮੇਲਿੰਗ, ਨਾ ਪੱਖਪਾਤੀ ਤੇ ਨਾ ਹੀ ਕਿਸੇ ਤਰ੍ਹਾਂ ਦਾ ਦਬਾਅ ਬਣਾਉਣ ਵਾਲੀ ਪੱਤਰਕਾਰੀ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰੀ ਸਮਾਚਾਰਾਂ, ਘਟਨਾਵਾਂ ਤੇ ਵਿਚਾਰਾਂ ਨੂੰ ਇਕੱਠਾ ਕਰਕੇ, ਉਨ੍ਹਾਂ ਦੀ ਪੜਤਾਲ ਕਰਨ ਤੇ ਜਨਤਾ ਤੱਕ ਸਹੀ ਜਾਣਕਾਰੀ ਪਹੁੰਚਾਉਣ ਦੀ ਇੱਕ ਮਹੱਤਵਪੂਰਨ ਕਲਾ ਤੇ ਪੇਸ਼ਾ ਹੈ, ਜੋ ਲੋਕਤੰਤਰ ਦੇ ਚੌਥੇ ਥੰਮ ਵਜੋਂ ਆਪਣੀ ਅਹਿਮ ਭੂਮਿਕਾ ਨਿਭਾਉਂਦੀ ਹੈ। ਵਕਤਾਵਾਂ ਨੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਪੱਤਰਕਾਰੀ ਕਈ ਥਾਵਾਂ ’ਤੇ ਸਮਾਜ ਸੇਵਾ ਦੀ ਬਜਾਏ ਮੁਨਾਫ਼ੇ ਦਾ ਸਾਧਨ ਬਣਦੀ ਜਾ ਰਹੀ ਹੈ, ਜਿਸ ਕਾਰਨ ਲੋਕਾਂ ਦਾ ਮੀਡੀਆ ’ਤੇ ਵਿਸ਼ਵਾਸ ਘਟ ਰਿਹਾ ਹੈ। ਉਨ੍ਹਾਂ ਕਿਹਾ ਕਿ ਪੱਖਪਾਤੀ ਤੇ ਮਨਘੜਤ ਖ਼ਬਰਾਂ ਸਮਾਜ ਵਿੱਚ ਵੰਡ ਤੇ ਨਫ਼ਰਤ ਨੂੰ ਵਧਾਉਂਦੀਆਂ ਹਨ, ਜਦਕਿ ਅਸਲ ਲੋਕ ਮੁੱਦੇ ਪਿੱਛੇ ਰਹਿ ਜਾਂਦੇ ਹਨ। ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਪੱਤਰਕਾਰੀ ਦੇ ਮਿਆਰਾਂ ਵਿੱਚ ਆ ਰਹੇ ਨਿਘਾਰ ਨੂੰ ਰੋਕਣ ਤੇ ਨਿਰਪੱਖ ਪੱਤਰਕਾਰੀ ਨੂੰ ਉਤਸ਼ਾਹਿਤ ਕਰਨ ਲਈ ਪ੍ਰੈਸ ਕਲੱਬ ਵੱਲੋਂ ਜਲਦ ਹੀ ਢੁੱਕਵੇਂ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਪ੍ਰੈਸ ਕਲੱਬ ਦੇ ਚੇਅਰਮੈਨ ਨਿਰਮਲ ਸਿੰਘ ਕਾਲੜਾ, ਸਰਪ੍ਰਸਤ ਹਰਜੀਤ ਸਿੰਘ ਛਾਬੜਾ, ਜਰਨਲ ਸਕੱਤਰ ਮੰਨੂ ਗਾਂਧੀ, ਸੀਨੀਅਰ ਮੀਤ ਪ੍ਰਧਾਨ ਨਰਿੰਦਰ ਪਾਲ ਛਾਬੜਾ (ਪਾਲੀ ਛਾਬੜਾ), ਖ਼ਜ਼ਾਨਚੀ ਸੰਦੀਪ ਬਾਵਾ, ਅਜੈ ਸ਼ਰਮਾ, ਲਖਵੀਰ ਸਿੰਘ ਚਾਹਲ ਤੇ ਗਗਨਦੀਪ ਐਗਜ਼ੈਕਟਿਵ ਮੈਂਬਰ ਹਾਜ਼ਰ ਸਨ।

## ਭਾਜਪਾ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਇਆ ਜਾਵੇਗਾ: ਜਵਾਹਰ ਖੁਰਾਣਾ



ਟਾਂਡਾ ਉੜਮੁੜ, 13 ਜੂਨ (ਅਰਜੁਨ ਜੈਨ): ਭਾਰਤੀ ਜਨਤਾ ਪਾਰਟੀ ਮੰਡਲ ਟਾਂਡਾ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ। ਭਾਜਪਾ ਦੇ ਸੀਨੀਅਰ ਆਗੂ ਤੇ ਸਾਬਕਾ ਚੇਅਰਮੈਨ ਪਲਾਨਿੰਗ ਬੋਰਡ ਹੁਸ਼ਿਆਰਪੁਰ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਦੌਰਾਨ ਭਾਜਪਾ ਵਰਕਰਾਂ ਨੇ ਪਾਰਟੀ ਦੀ ਮਜ਼ਬੂਤੀ ਸਬੰਧੀ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਸੰਬੋਧਨ ਕਰਦੇ ਸਾਬਕਾ ਚੇਅਰਮੈਨ ਜਵਾਹਰ ਲਾਲ ਖੁਰਾਣਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਕੇਂਦਰ ਸਰਕਾਰ ਨੇ ਦੇਸ਼ ਵਿੱਚ ਲਗਾਤਾਰ 12 ਸਾਲ ਕਾਰਜਕਾਲ ਪੂਰਾ ਕੀਤਾ ਹੈ ਜੋ ਕਿ ਦੇਸ਼ ਲਈ ਇੱਕ ਇਤਿਹਾਸਿਕ ਮੌਕਾ ਹੈ। ਉਨ੍ਹਾਂ ਨੇ ਹੋਰ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਨੂੰ ਹਰ ਪੱਖੋਂ ਮਜ਼ਬੂਤ ਕਰਕੇ ਵਿਸ਼ਵ ਪੱਧਰ ’ਤੇ ਭਾਰਤ ਦਾ ਝੰਡਾ ਬੁਲੰਦ ਕੀਤਾ ਹੈ। ਸ੍ਰੀ ਖੁਰਾਣਾ ਨੇ ਹੋਰ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੇਸ਼ ਦੇ ਅਜਿਹੇ ਪਹਿਲੇ ਪ੍ਰਧਾਨ ਮੰਤਰੀ ਹਨ ਜਿਨ੍ਹਾਂ ਦਾ ਕਾਰਜਕਾਲ ਬਹੁਤ ਵਧੀਆ ਰਿਹਾ ਹੈ। ਉਨ੍ਹਾਂ ਨੇ ਇਸ ਮੌਕੇ ਹੋਰ ਕਿਹਾ ਕਿ ਕੇਂਦਰ ਸਰਕਾਰ ਦੀਆਂ ਸਾਰਥਕ ਨੀਤੀਆਂ ਤੇ ਸਕੀਮਾਂ ਨੂੰ ਘਰ ਘਰ ਪਹੁੰਚਾਉਣ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਇਸ ਮੌਕੇ ਇਕੱਤਰ ਹੋਏ ਭਾਜਪਾ ਵਰਕਰਾਂ ਨੇ ਪੰਜਾਬ ਅੰਦਰ ਮੌਜੂਦਾ ਸਮੇਂ ਵਿੱਚ ਲਗਾਤਾਰ ਵਿਗੜ ਰਹੀ ਕਾਨੂੰਨ ਵਿਵਸਥਾ ਦੀ ਸਥਿਤੀ ’ਤੇ ਵੀ ਚਿੰਤਾ ਦਾ ਪ੍ਰਗਟਾਵਾ ਕੀਤਾ ਤੇ ਸੱਤਾਧਾਰੀ ਪਾਰਟੀ ਤੋਂ ਮੰਗ ਕੀਤੀ ਕਿ ਸੂਬੇ ਅੰਦਰ ਲਗਾਤਾਰ ਵੱਧ ਰਹੀਆਂ ਅਪਰਾਧਿਕ ਘਟਨਾਵਾਂ ’ਤੇ ਰੋਕ ਲਗਾਈ ਜਾਵੇ। ਇਸ ਮੀਟਿੰਗ ਦੌਰਾਨ ਹੋਰਨਾਂ ਤੋਂ ਇਲਾਵਾ ਵੀਨੂੰ ਪੰਡਿਤ, ਹਰਭਜਨ ਸੈਣੀ, ਵਿੱਕੀ ਮਦਾਨ, ਜੁਗਰਾਜ ਸਿੰਘ ਗੁਰੂ, ਦਰਸ਼ਨ ਲਾਲ, ਦੇਵ ਕੁਮਾਰ, ਬਲਜੀਤ ਸਿੰਘ, ਪ੍ਰੇਮ ਕੁਮਾਰ, ਹਰੀ ਦੇਵ ਸਿੰਘ, ਕੁੱਕੂ ਨਰਿੰਦਰ ਕੁਮਾਰ ਮੌਜੂਦ ਸਨ।

## 26 ਨੂੰ ਹੋਣ ਵਾਲੇ ਪਿੰਡ ਘੱਸ ਦੇ ਜੋੜ ਮੇਲੇ ਦੇ ਨਰੇਸ਼ ਕੁਮਾਰ ਜੋਸ਼ੀ ਵੱਲੋਂ ਪੋਸਟਰ ਰਿਲੀਜ਼

ਬਟਾਲਾ, 13 ਜੂਨ (ਬਲਵਿੰਦਰ ਸਿੰਘ ਪੰਜਗਰਾਈਂ): ਨਜ਼ਦੀਕੀ ਪਿੰਡ ਘੱਸ ਦੇ ਪੀਰ ਬਾਬਾ ਦਸੰਧੀ ਸ਼ਾਹ ਦੇ ਦਰਬਾਰ ਵਿਖੇ 26 ਜੂਨ ਨੂੰ ਮਨਾਏ ਜਾਣ ਵਾਲੇ 31ਵੇਂ ਸਾਲਾਨਾ ਜੋੜ ਮੇਲੇ ਦੇ ਸਬੰਧ ਵਿੱਚ ਅੱਜ ਮੇਲੇ ਦੇ ਮੁੱਖ ਪ੍ਰਬੰਧਕ ਨਰੇਸ਼ ਕੁਮਾਰ ਜੋਸ਼ੀ ਵੱਲੋਂ ਪੋਸਟਰ ਰਿਲੀਜ਼ ਕੀਤੇ ਗਏ ਹਨ। ਪੋਸਟਰ ਰਿਲੀਜ਼ ਕਰਦਿਆਂ ਹੋਇਆਂ ਮੇਲੇ ਦੇ ਮੁੱਖ ਪ੍ਰਬੰਧਕ ਸਜੋਸ਼ੀ ਨੇ ਦੱਸਿਆ ਕਿ ਇਸ ਜੋੜ ਮੇਲੇ ਵਿੱਚ ਹਾਜ਼ਰੀਆਂ ਭਰਨ ਵਾਲੇ ਪੰਜਾਬ ਦੇ ਨਾਮਵਰ ਕਲਾਕਾਰ,



ਦੇਸ਼ਾਂ-ਵਿਦੇਸ਼ਾਂ ਵਿੱਚ ਚੋਖਾ ਨਾਮਣਾ ਖੱਟ ਚੁੱਕੇ, ਲੋਕ ਗਾਇਕ ਪ੍ਰੀਤ ਹਰਪਾਲ, ਸਟੇਜਾਂ ਦਾ ਚਮਕਦਾ ਸਿਤਾਰਾ ਮਿਸ ਮਾਹੀ, ਪੰਜਾਬ ਦੀਆਂ ਮਸ਼ਹੂਰ ਜੋੜੀਆਂ ਸੁਖਵਿੰਦਰ ਮਾਹਲਾ-ਪੂਜਾ ਬਟਾਲਵੀ ਤੇ ਸੁਖਦੇਵ ਸਿੰਘ ਸ਼ੇਰਾ-ਪਰਮਜੋਤ, ਬਾਬਾ ਦਸੰਧੀ ਸ਼ਾਹ ਜੀ ਦੇ ਦਰਬਾਰ ਵਿੱਚ ਪਹੁੰਚ ਕੇ ਆਪਣੇ ਫ਼ਨ ਦਾ ਮੁਜ਼ਾਹਰਾ ਕਰਨਗੇ। ਉਨ੍ਹਾਂ ਦੱਸਿਆ ਕਿ ਇਹ ਮੇਲਾ ਜਿੱਥੇ ਪੰਜਾਬ ਦੇ ਲੋਕਾਂ ਲਈ ਮਨੋਰੰਜਨ ਦਾ ਸਾਧਨ ਹੋ ਨਿੱਬੜਦਾ ਹੈ, ਉਥੇ ਇਹ ਇਲਾਕੇ ਦੇ ਹਰ ਫ਼ਿਰਕੇ ਦੇ ਲੋਕਾਂ ਵਿੱਚ ਸੱਭਿਆਚਾਰਕ ਸਾਂਝ ਪੈਦਾ ਕਰਨ ਵਿੱਚ ਵੀ ਵੱਡਾ ਰੋਲ ਅਦਾ ਕਰਦਾ ਹੈ। ਅੱਜ ਪੀਰ ਬਾਬਾ ਦਸੰਧੀ ਦੀ ਸ਼ਾਹ ਜੀ ਦੇ ਦਰਬਾਰ ਵਿਖੇ 26 ਜੂਨ ਨੂੰ ਪੀਰ ਬਾਬਾ ਦਸੰਧੀ ਸ਼ਾਹ ਜੀ ਦੇ ਸਾਲਾਨਾ ਜੋੜ ਮੇਲੇ ਸਬੰਧੀ ਮੇਲੇ ਦੇ ਮੁੱਖ ਸੇਵਾਦਾਰ ਨਰੇਸ਼ ਕੁਮਾਰ ਜੋਸ਼ੀ ਦੀ ਪ੍ਰਧਾਨਗੀ ਹੇਠ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਭਿਆਚਾਰਕ ਮੇਲੇ ਦਾ ਪ੍ਰਬੰਧ, ਮੇਲਾ ਪ੍ਰਬੰਧਕ ਕਮੇਟੀ ਤੇ ਨਗਰ ਦੀ ਸਮੁੱਚੀ ਸੰਗਤ ਵੱਲੋਂ ਬਹੁਤ ਹੀ ਸੁਚੱਜੇ ਢੰਗ ਤੇ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ ਮੇਲਾ ਕਮੇਟੀ ਦੇ ਮੁੱਖ ਸੇਵਾਦਾਰ ਨਰੇਸ਼ ਜੋਸ਼ੀ, ਪ੍ਰਧਾਨ ਸੁੱਚਾ ਸਿੰਘ, ਬਾਬਾ ਵਰਿੰਦਰ ਸਿੰਘ ਖ਼ਾਲਸਾ, ਸਰਪੰਚ ਸਾਹਿਬ ਸਿੰਘ, ਸਾਬਕਾ ਸਰਪੰਚ ਪ੍ਰੇਮ ਸਿੰਘ, ਕੇਵਲ ਸਿੰਘ ਢਿੱਲੋਂ, ਹੁਸਨਾਕ ਸਿੰਘ, ਗੁਰਪ੍ਰੀਤ ਸਿੰਘ, ਬਾਲ ਕ੍ਰਿਸ਼ਨ ਸ਼ਰਮਾ ਜਲੰਧਰ, ਬਲਦੇਵ ਸਿੰਘ ਬਿੱਟੂ, ਬਲਵਿੰਦਰ ਸਿੰਘ, ਗੁਰਦੀਪ ਸਿੰਘ ਆਦਿ ਨੇ ਸਾਬਕਾ ਸਰਪੰਚ ਤੇ ਸਾਬਕਾ ਪ੍ਰਧਾਨ ਸਵ. ਰਵੇਲ ਸਿੰਘ ਨੂੰ ਯਾਦ ਕੀਤਾ।

## ਪੀਐਮ ਸਵੈਨਿਧੀ ਸਕੀਮ ਤਹਿਤ ਸਵੈਨਿਧੀ ਮਹਾਂ ਉਤਸਵ ਸਫਲਤਾਪੂਰਵਕ ਕਰਵਾਇਆ




ਗੁਰਦਾਸਪੁਰ, 13 ਜੂਨ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ) ਦੇ ਹੁਕਮਾਂ ਮੁਤਾਬਿਕ ਪੀਐਮ ਸਵੈਨਿਧੀ ਸਕੀਮ ਤਹਿਤ ਸਵੈਨਿਧੀ ਮਹਾਂ ਉਤਸਵ ਸਫਲਤਾਪੂਰਵਕ ਕਰਵਾਇਆ ਗਿਆ। ਸਵੈਨਿਧੀ ਮਹਾਂ ਉਤਸਵ ਦੌਰਾਨ ਰੇਹੜੀ-ਫੜੀ ਵਾਲੇ ਨਵੇਂ ਵੈਂਡਰਾਂ ਨੂੰ ਪੀਐਮ ਸਵੈਨਿਧੀ ਲੋਨ 30,000 ਦੀ ਕ੍ਰੈਡਿਟ ਕਾਰਡ ਸਹੂਲਤ, ਸੋਲਿਡ ਵੇਸਟ ਮੈਨੇਜਮੈਂਟ, ਸਮਾਜਿਕ ਸੁਰੱਖਿਆ ਯੋਜਨਾਵਾਂ ਤੇ ਹੋਰ ਸਰਕਾਰੀ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ। ਮਹਾਂ ਉਤਸਵ ਦੌਰਾਨ ਨੋਡਲ ਅਫਸਰ ਜੋਤੀ ਤੇ ਗੁਰਦਾਸਪੁਰ ਜ਼ਿਲ੍ਹੇ ਦੇ ਨਗਰ ਕੌਂਸਲਾਂ ਦੇ ਮੁਲਾਜ਼ਮ ਵੀ ਹਾਜ਼ਰ ਹੋਏ। ਜਿਸ ਦੌਰਾਨ ਮੈਨੇਜਰ ਗੁਰਪ੍ਰੀਤ ਸਿੰਘ ਵੱਲੋਂ ਵੈਂਡਰਾਂ ਨਾਲ ਗੱਲਬਾਤ ਕੀਤੀ ਗਈ ਤੇ ਉਨ੍ਹਾਂ ਦੇ ਕੰਮਾਂ ਬਾਰੇ ਪੁੱਛਿਆ ਗਿਆ ਤੇ ਐਲਡੀਐਮ ਆਫਿਸ ਤੋਂ ਪਹੁੰਚੇ ਹੋਏ ਨੁਮਾਇੰਦਿਆਂ ਨੂੰ ਪੀ.ਐਮ. ਸਵੈਨਿਧੀ ਸਕੀਮ ਵਿੱਚ ਪੂਰਾ ਸਹਿਯੋਗ ਦੇਣ ਲਈ ਕਿਹਾ ਗਿਆ। ਕੈਂਪ ਵਿੱਚ ਬੀ.ਡੀ.ਪੀ.ਓ. ਦਫਤਰ ਦੌਰਾਂਗਲਾ, ਫਤਹਿਗੜ੍ਹ ਚੂੜੀਆਂ, ਡੇਰਾ ਬਾਬਾ ਨਾਨਕ, ਦੀਨਾਨਗਰ, ਸੁਪਰਡੈਂਟ ਪਲਵਿੰਦਰ ਸਿੰਘ, ਸੁਪਰਡੈਂਟ ਰਾਜੂ, ਐਨ.ਆਰ.ਐਲ.ਐਮ. ਤੋਂ ਜ਼ਿਲ੍ਹਾ ਮੈਨੇਜਰ ਸਿਮਰਨਜੀਤ ਸਿੰਘ ਤੇ ਵਰਿੰਦਰ ਸਿੰਘ ਤੇ ਸਮੂਹ ਬੈਂਕਾਂ ਦੇ ਡੀ.ਸੀ.ਓ., ਰਾਜਬੀਰ ਡੋਗਰਾ, ਰਾਹੁਲ ਭੰਡਾਰੀ, ਗੋਵਿੰਦ ਤੇ ਸੀ.ਓ. ਵੀ ਹਾਜ਼ਰ ਸਨ।

## ਮੈਂ ਪਾਰਟੀ ਦਾ ਸਦਾ ਰਿਣੀ ਰਹਾਂਗਾ: ਬਲਕਾਰ ਸਿੰਘ

ਫਤਹਿਗੜ੍ਹ ਚੂੜੀਆਂ, 13 ਜੂਨ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੇ ਨਜ਼ਦੀਕ ਪਿੰਡ ਰਸੂਲਪੁਰ ਟੱਪਰੀਆਂ ਦੇ ਵਸਨੀਕ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਵਰਕਰ ਬਲਕਾਰ ਸਿੰਘ ਨੂੰ ਪੰਜਾਬ ਸਰਕਾਰ ਵੱਲੋਂ ਬਾਜ਼ੀਗਰ ਐਂਡ ਟੱਪਰੀਵਾਸ ਵੈਲਫੇਅਰ ਬੋਰਡ ਪੰਜਾਬ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਗੱਲਬਾਤ ਦੌਰਾਨ ਬਲਕਾਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ ਵੀ ਮੈਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ, ਮੈਂ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦਹੀ ਤੇ ਇਮਾਨਦਾਰੀ ਦੇ ਨਾਲ ਨਿਭਾਵਾਂਗਾ।



ਆਖਿਰ ਵਿੱਚ ਉਨ੍ਹਾਂ ਨੇ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਮੁੱਚੀ ਲੀਡਰਸ਼ਿਪ ਦਾ ਇਸ ਦਿੱਤੇ ਗਏ ਮਾਣ-ਸਤਿਕਾਰ ਲਈ ਤਹਿ ਦਿਲ ਤੋਂ ਧੰਨਵਾਦ ਕਰਦਾ ਹਾਂ। ਉਨ੍ਹਾਂ ਇਹ ਵੀ ਕਿਹਾ ਕਿ ਮੈਂ ਵਿਸ਼ਵਾਸ ਦਿਵਾਉਂਦਾ ਹਾਂ ਕਿ ਮੈਂ ਪਾਰਟੀ ਦੀ ਸੇਵਾ ਲਈ ਹਰ ਵਕਤ ਤਿਆਰ ਰਹਾਂਗਾ।

# ਏਅਰ ਇੰਡੀਆ ਹਾਦਸੇ 'ਚ ਪਤਨੀ ਤੇ ਮਾਸੂਮ ਧੀ ਗੁਆਉਣ ਵਾਲੇ ਗੁਜਰਾਤੀ ਨੌਜਵਾਨ ਸਿਰ ਮੰਡਰਾਇਆ ਯੂਕੇ ਤੋਂ ਦੇਸ਼ ਨਿਕਾਲੇ ਦਾ ਖ਼ਤਰਾ

ਲੰਡਨ/ਵਡੋਦਰਾ, 13 ਜੂਨ (ਚ.ਨ.ਸ): ਪਿਛਲੇ ਸਾਲ ਅਹਿਮਦਾਬਾਦ ਵਿਖੇ ਵਾਪਰੇ ਭਿਆਨਕ ਏਅਰ ਇੰਡੀਆ ਜਹਾਜ਼ ਹਾਦਸੇ ਵਿੱਚ ਆਪਣੀ ਪਤਨੀ ਤੇ ਦੋ ਸਾਲ ਦੀ ਮਾਸੂਮ ਧੀ ਨੂੰ ਹਮੇਸ਼ਾ ਲਈ ਗੁਆਉਣ ਵਾਲੇ ਗੁਜਰਾਤ ਦੇ ਵਡੋਦਰਾ ਦੇ ਰਹਿਣ ਵਾਲੇ ਇੱਕ ਭਾਰਤੀ ਨੌਜਵਾਨ ਉਪਰ ਹੁਣ ਬਰਤਾਨੀਆ ਸਰਕਾਰ ਵੱਲੋਂ ਦੇਸ਼ ਨਿਕਾਲੇ ਦੀ ਤਲਵਾਰ ਲਟਕ ਗਈ ਹੈ। ਮੁਹੰਮਦ ਸ਼ੇਥਵਾਲਾ ਨਾਮੀ ਇਸ 28 ਸਾਲਾ ਨੌਜਵਾਨ ਦੀ ਜ਼ਿੰਦਗੀ ਜਿੱਥੇ ਪਹਿਲਾਂ ਹੀ ਪਰਿਵਾਰ ਦੇ ਖ਼ਤਮ ਹੋਣ ਨਾਲ ਉਜੜ ਚੁੱਕੀ ਹੈ, ਉਥੇ ਹੀ ਹੁਣ ਯੂਕੇ ਦੇ ਹੋਮ ਆਫ਼ਿਸ (ਗ੍ਰਹਿ ਮੰਤਰਾਲੇ) ਵੱਲੋਂ ਉਸ ਦੀ ਮਨੁੱਖਤਾਵਾਦੀ ਤੇ ਹਮਦਰਦੀ ਦੇ ਆਧਾਰ 'ਤੇ ਰਹਿਣ ਦੀ ਅਪੀਲ ਨੂੰ ਦੋ ਵਾਰ ਰੱਦ ਕਰ ਦਿੱਤਾ ਗਿਆ ਹੈ। ਇਸ ਫ਼ੈਸਲੇ ਤੋਂ ਬਾਅਦ ਉਸ ਨੂੰ ਤੁਰੰਤ ਦੇਸ਼ ਛੱਡਣ ਦੇ ਹੁਕਮ ਦਿੱਤੇ ਗਏ ਹਨ, ਜਿਸ ਨਾਲ ਹੁਣ ਉਹ ਇੱਕ ਵੱਡੀ ਕਾਨੂੰਨੀ ਤੇ ਮਾਨਸਿਕ ਲੜਾਈ ਲੜਨ ਲਈ ਮਜਬੂਰ ਹੋ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮੁਹੰਮਦ ਸ਼ੇਥਵਾਲਾ ਤੇ ਉਸ ਦੀ ਪਤਨੀ ਸਾਦਿਕਾਬਾਨੂ ਟਾਪੇਲੀਵਾਲਾ (24) ਆਪਣੇ ਸੁਫ਼ਨਿਆਂ ਨੂੰ ਸਾਕਾਰ ਕਰਨ ਲਈ ਮਾਰਚ 2022 ਵਿੱਚ ਯੂਕੇ ਆਏ ਸਨ। ਸਾਦਿਕਾਬਾਨੂ ਨੇ ਲੰਡਨ ਸਥਿਤ ਅਲਸਟਰ ਯੂਨੀਵਰਸਿਟੀ ਦੇ ਕੈਂਪਸ ਵਿੱਚ ਮਾਸਟਰਜ਼ ਪ੍ਰੋਗਰਾਮ ਵਿੱਚ ਦਾਖਲਾ ਲਿਆ ਸੀ। ਇਸ ਪੜ੍ਹਾਈ ਦਾ ਖ਼ਰਚਾ ਚੁੱਕਣ ਲਈ ਉਨ੍ਹਾਂ ਦੇ ਪਰਿਵਾਰ ਕੋਲ ਪੈਸੇ ਨਹੀਂ ਸਨ, ਜਿਸ ਕਾਰਨ ਸਾਦਿਕਾਬਾਨੂ ਦੀ ਮਾਂ ਨੇ ਆਪਣੇ ਗਹਿਣੇ ਵੇਚੇ ਤੇ ਗੁਆਂਢੀਆਂ ਤੇ ਰਿਸ਼ਤੇਦਾਰਾਂ ਕੋਲੋਂ ਕਰੀਬ 17 ਲੱਖ ਰੁਪਏ ਉਧਾਰ ਲੈ ਕੇ ਉਨ੍ਹਾਂ ਨੂੰ ਵਿਦੇਸ਼ ਭੇਜਿਆ ਸੀ। ਮੁਹੰਮਦ ਸ਼ੇਥਵਾਲਾ ਯੂਕੇ ਵਿੱਚ ਆਪਣੀ ਪਤਨੀ ਦੇ ਸਟੂਡੈਂਟ ਵੀਜ਼ੇ 'ਤੇ ਬਤੌਰ ਡਿਪੈਂਡੈਂਟ (ਨਿਰਭਰ) ਆਇਆ ਸੀ ਤੇ ਪਰਿਵਾਰ ਨੂੰ ਚਲਾਉਣ ਤੇ ਕਰਜ਼ਾ ਲਾਹੁਣ ਲਈ ਇੱਥੇ ਡਿਲਿਵਰੀ ਡਰਾਈਵਰ ਸਮੇਤ ਕਈ ਛੋਟੀਆਂ-ਮੋਟੀਆਂ ਨੌਕਰੀਆਂ ਕਰ ਰਿਹਾ ਸੀ। ਯੂਕੇ ਸਰਕਾਰ ਵੱਲੋਂ ਉਸ ਦੀਆਂ ਦੋਵੇਂ ਅਪੀਲਾਂ ਖ਼ਾਰਜ ਕੀਤੇ ਜਾਣ ਤੋਂ ਬਾਅਦ ਮਨੁੱਖੀ ਅਧਿਕਾਰ ਸੰਗਠਨਾਂ ਤੇ ਪ੍ਰਵਾਸੀ ਭਾਈਚਾਰੇ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਅਜਿਹੇ ਦੁਖੀ ਇਨਸਾਨ ਨਾਲ ਨਿਯਮਾਂ ਦੇ ਨਾਂ 'ਤੇ ਇੰਨੀ ਸਖ਼ਤੀ ਕਰਨਾ ਗ਼ੈਰ-ਮਨੁੱਖੀ ਹੈ। ਫਿਲਹਾਲ ਮਾਮਲਾ ਅਦਾਲਤ ਵਿੱਚ ਹੋਣ ਕਾਰਨ ਅੰਤਿਮ ਫ਼ੈਸਲਾ ਆਉਣ ਤੱਕ ਮੁਹੰਮਦ ਨੂੰ ਯੂਕੇ ਵਿੱਚ ਰਹਿਣ ਦੀ ਆਰਜ਼ੀ ਰਾਹਤ ਮਿਲੀ ਹੋਈ ਹੈ, ਪਰ ਉਸ ਦਾ ਭਵਿੱਖ ਪੂਰੀ ਤਰ੍ਹਾਂ ਅਨਿਸ਼ਚਿਤਤਾ ਦੇ ਅੰਧਕਾਰ ਵਿੱਚ ਲਟਕ ਗਿਆ ਹੈ।

# ਪੰਜ ਮੰਜ਼ਿਲਾ ਇਮਾਰਤ ਨੂੰ ਲੱਗੀ ਭਿਆਨਕ ਅੱਗ, ਇੱਕੋ ਪਰਿਵਾਰ ਦੇ 3 ਜੀਆਂ ਦੀ ਮੌਤ, 2 ਗੰਭੀਰ ਜ਼ਖ਼ਮੀ

ਨਵੀਂ ਦਿੱਲੀ, 13 ਜੂਨ (ਚ.ਨ.ਸ): ਦੱਖਣੀ-ਪੂਰਬੀ ਦਿੱਲੀ ਦੇ ਗੋਵਿੰਦਪੁਰੀ ਇਲਾਕੇ ਵਿੱਚ ਸ਼ੁੱਕਰਵਾਰ ਤੜਕਸਾਰ ਇੱਕ ਪੰਜ ਮੰਜ਼ਿਲਾ ਰਿਹਾਇਸ਼ੀ ਇਮਾਰਤ ਵਿੱਚ ਭਿਆਨਕ ਅੱਗ ਲੱਗਣ ਕਾਰਨ ਵੱਡਾ ਹਾਦਸਾ ਵਾਪਰ ਗਿਆ। ਇਸ



ਦਰਦਨਾਕ ਘਟਨਾ ਵਿੱਚ ਇੱਕੋ ਪਰਿਵਾਰ ਦੇ ਤਿੰਨ ਮੈਂਬਰਾਂ ਦੀ ਦਮ ਘੁੱਟਣ ਤੇ ਝੁਲਸਣ ਕਾਰਨ ਮੌਤ ਹੋ ਗਈ, ਜਦੋਂ ਕਿ ਦੋ ਹੋਰ ਮੈਂਬਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਹਨ। ਜ਼ਖ਼ਮੀਆਂ ਨੂੰ ਇਲਾਜ ਲਈ ਤੁਰੰਤ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ, ਜਿੱਥੇ ਉਨ੍ਹਾਂ ਦੀ ਹਾਲਤ ਬੇਹੱਦ ਨਾਜ਼ੁਕ ਬਣੀ ਹੋਈ ਹੈ। ਪੁਲਿਸ ਤੇ ਫਾਇਰ ਬ੍ਰਿਗੇਡ ਦੀਆਂ ਟੀਮਾਂ ਨੇ ਸਥਾਨਕ ਲੋਕਾਂ ਦੀ ਮਦਦ ਨਾਲ ਕਈ ਘੰਟਿਆਂ ਦੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਤੇ ਇਮਾਰਤ ਵਿੱਚ ਫਸੇ ਹੋਰ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ। ਸ਼ੁਰੂਆਤੀ ਜਾਂਚ ਵਿੱਚ ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਟ ਦੱਸਿਆ ਜਾ ਰਿਹਾ ਹੈ। ਪੁਲਿਸ ਤੋਂ ਮਿਲੀ ਜਾਣਕਾਰੀ ਅਨੁਸਾਰ ਇਹ ਘਟਨਾ ਗੋਵਿੰਦਪੁਰੀ ਦੇ ਤੁਗਲਕਾਬਾਦ ਐਕਸਟੈਂਸ਼ਨ ਇਲਾਕੇ ਦੀ ਹੈ। ਸ਼ੁੱਕਰਵਾਰ ਤੜਕੇ ਕਰੀਬ 2:30 ਵਜੇ ਪੁਲਿਸ ਕੰਟਰੋਲ ਰੂਮ ਨੂੰ ਇਮਾਰਤ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ। ਅੱਗ ਇਮਾਰਤ ਦੀ ਗਰਾਊਂਡ ਫਲੋਰ (ਪਾਰਕਿੰਗ ਖੇਤਰ) ਵਿੱਚ ਖੜ੍ਹੇ ਦੋਪਹੀਆ ਵਾਹਨਾਂ ਤੋਂ ਸ਼ੁਰੂ ਹੋਈ ਸੀ। ਵਾਹਨਾਂ ਵਿੱਚ ਪੈਟਰੋਲ ਤੇ ਹੋਰ ਜਲਣਸ਼ੀਲ ਸਮੱਗਰੀ ਹੋਣ ਕਾਰਨ ਅੱਗ ਨੇ ਮਿੰਟਾਂ ਵਿੱਚ ਹੀ ਭਿਆਨਕ ਰੂਪ ਧਾਰਨ ਕਰ ਲਿਆ। ਗਰਾਊਂਡ ਫਲੋਰ ਤੋਂ ਨਿਕਲਿਆ ਕਾਲਾ ਤੇ ਸੰਘਣਾ ਧੂੰਆਂ ਤੇਜ਼ੀ ਨਾਲ ਪੌੜੀਆਂ ਰਾਹੀਂ ਉਪਰਲੀਆਂ ਸਾਰੀਆਂ ਮੰਜ਼ਿਲਾਂ ਵੱਲ ਫੈਲ ਗਿਆ, ਜਿਸ ਕਾਰਨ ਇਮਾਰਤ ਦੇ ਅੰਦਰ ਰਹਿ ਰਹੇ ਪਰਿਵਾਰਾਂ ਨੂੰ ਬਾਹਰ ਨਿਕਲਣ ਦਾ ਰਸਤਾ ਨਹੀਂ ਮਿਲਿਆ ਤੇ ਉਹ ਅੰਦਰ ਹੀ ਫਸ ਗਏ।

# ਮੈਗੀ ਸਮੇਤ 3 ਵੱਡੇ ਫੂਡ ਬ੍ਰਾਂਡਾਂ ਨੂੰ ਐਫ.ਐਸ.ਐਸ.ਏ.ਆਈ. ਦਾ ਨੋਟਿਸ

## ☛ਨੈਸਲੇ ਇੰਡੀਆ ਨੇ ਮੈਗੀ 'ਚ ਕੀੜੇ ਮਿਲਣ ਦੇ ਦੋਸ਼ਾਂ ਨੂੰ ਕੀਤਾ ਖ਼ਾਰਜ

ਨਵੀਂ ਦਿੱਲੀ, 13 ਜੂਨ (ਚ.ਨ.ਸ): ਦੇਸ਼ ਵਿੱਚ ਪੈਕਟਬੰਦ ਭੋਜਨ ਦੇ ਮਿਆਰ ਨੂੰ ਲੈ ਕੇ ਇੱਕ ਵਾਰ ਫਿਰ ਵੱਡਾ ਹੰਗਾਮਾ ਖੜ੍ਹਾ ਹੋ ਗਿਆ ਹੈ। ਭਾਰਤੀ ਖੁਰਾਕ ਸੁਰੱਖਿਆ ਤੇ ਮਾਣਕ ਅਥਾਰਟੀ (ਐਫ.ਐਸ.ਐਸ.ਏ.ਆਈ.) ਨੇ ਸੋਸ਼ਲ ਮੀਡੀਆ 'ਤੇ ਆਈਆਂ ਸ਼ਿਕਾਇਤਾਂ ਦਾ ਨੋਟਿਸ ਲੈਂਦਿਆਂ ਦੇਸ਼ ਦੇ ਤਿੰਨ ਪ੍ਰਮੁੱਖ ਫੂਡ ਬ੍ਰਾਂਡਾਂ, ਨੈਸਲੇ (ਮੈਗੀ), ਕੇ.ਐਫ.ਸੀ. ਤੇ ਓਪਨ ਸੀਕਰੇਟ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਹਨ। ਐਫ.ਐਸ.ਐਸ.ਏ.ਆਈ. ਮੁੱਖ ਤੌਰ 'ਤੇ ਮੈਗੀ ਦੇ ਇੱਕ ਪੈਕੇਟ ਵਿੱਚ ਕਥਿਤ ਤੌਰ 'ਤੇ ਕੀੜੇ ਜਾਂ ਲਾਰਵੇ ਮਿਲਣ ਦੀ ਸ਼ਿਕਾਇਤ ਤੋਂ ਬਾਅਦ ਨੈਸਲੇ ਇੰਡੀਆ ਤੋਂ ਜਵਾਬ ਮੰਗਿਆ ਹੈ। ਇਸ ਦੇ ਨਾਲ ਹੀ, ਆਂਧਰਾ ਪ੍ਰਦੇਸ਼ ਦੇ ਏਲੁਰੂ ਸਥਿਤ ਕੇ.ਐਫ.ਸੀ. ਆਊਟਲੈਟ ਵਿੱਚ ਅਸ਼ੁੱਧ ਹਾਲਾਤ ਤੇ ਫਲਿੱਪਕਾਰਟ ਮਿੰਟਸ ਰਾਹੀਂ ਡਿਲੀਵਰ ਕੀਤੇ ਗਏ 'ਓਪਨ ਸੀਕਰੇਟ' ਦੇ ਖਜੂਰਾਂ ਵਿੱਚ ਕੀੜੇ ਹੋਣ ਦੀ ਸ਼ਿਕਾਇਤ 'ਤੇ ਵੀ ਸਖ਼ਤ ਐਕਸ਼ਨ ਲਿਆ ਗਿਆ ਹੈ। ਦੂਜੇ ਪਾਸੇ, ਨੈਸਲੇ ਇੰਡੀਆ ਨੇ ਇਨ੍ਹਾਂ ਦੋਸ਼ਾਂ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ ਹੈ। ਕੰਪਨੀ ਦੇ ਬੁਲਾਰੇ ਨੇ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਅਸੀਂ ਇੱਕ ਅਪ੍ਰਮਾਣਿਤ ਖਾਤੇ ਦੇ ਆਧਾਰ 'ਤੇ ਮੀਡੀਆ ਵਿੱਚ ਚੱਲ ਰਹੀਆਂ ਇਨ੍ਹਾਂ ਖ਼ਬਰਾਂ ਨੂੰ ਸਿਰੇ ਤੋਂ ਖਾਰਜ ਕਰਦੇ ਹਾਂ, ਜਿਨ੍ਹਾਂ ਵਿੱਚ ਮੈਗੀ ਨੂਡਲਜ਼ ਵਿੱਚ ਕੀੜੇ ਹੋਣ ਦਾ ਦਾਅਵਾ ਕੀਤਾ ਗਿਆ ਹੈ। ਕੰਪਨੀ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੀਆਂ ਲੈਬ ਰਿਪੋਰਟਾਂ ਵਿੱਚ ਬੈਚ ਬਿਲਕੁਲ ਸਹੀ ਪਾਇਆ ਗਿਆ ਹੈ। ਬੁਲਾਰੇ ਨੇ ਅੱਗੇ ਕਿਹਾ ਕਿ ਸਾਨੂੰ ਅਜੇ ਤੱਕ ਸ਼ਿਕਾਇਤਕਰਤਾ ਵੱਲੋਂ ਕੋਈ ਨਮੂਨਾ ਨਹੀਂ ਮਿਲਿਆ ਕਿਉਂਕਿ ਸਬੰਧਤ ਖਾਤੇ ਨਾਲ ਸੰਪਰਕ ਨਹੀਂ ਹੋ ਪਾ ਰਿਹਾ ਹੈ। ਇਸ ਵਿਵਾਦ ਤੋਂ ਬਾਅਦ ਸ਼ੇਅਰ ਬਾਜ਼ਾਰ ਵਿੱਚ ਨੈਸਲੇ ਇੰਡੀਆ ਦੇ ਸ਼ੇਅਰਾਂ ਵਿੱਚ ਭਾਰੀ ਗਿਰਾਵਟ ਦੇਖੀ ਗਈ ਤੇ ਕੰਪਨੀ ਦਾ ਸਟਾਕ 3.29 ਫੀਸਦੀ ਡਿੱਗ ਕੇ ਬੰਦ ਹੋਇਆ। ਦੂਜੇ ਪਾਸੇ ਕੇ.ਐਫ.ਸੀ. ਦੇ ਆਪਰੇਟਰ ਨੇ ਵੀ ਕਿਹਾ ਹੈ ਕਿ ਉਹ "ਨੋਟਿਸ ਵਿੱਚ ਲਗਾਏ ਗਏ ਦੋਸ਼ਾਂ ਦੀ ਜਾਂਚ ਕਰਨਗੇ ਤੇ ਐਫ.ਐਸ.ਐਸ.ਏ.ਆਈ. ਦੇ ਸਾਹਮਣੇ ਆਪਣਾ ਪੱਖ ਪੇਸ਼ ਕਰਨਗੇ।" ਅਥਾਰਟੀ ਨੇ ਕੰਪਨੀਆਂ ਨੂੰ ਜਲਦ ਤੋਂ ਜਲਦ 'ਐਕਸ਼ਨ ਟੇਕਨ ਰਿਪੋਰਟ' ਸੌਂਪਣ ਦੇ ਹੁਕਮ ਦਿੱਤੇ ਹਨ।




# ਕੈਨੇਡਾ 'ਚ ਰਹਿ ਰਹੇ ਭਾਰਤੀ ਨਾਗਰਿਕਾਂ ਨੂੰ ਸਾਵਧਾਨ ਰਹਿਣ ਦੀ ਸਲਾਹ

ਓਟਾਵਾ, 13 ਜੂਨ (ਚ.ਨ.ਸ): ਕੈਨੇਡਾ ਵਿੱਚ ਭਾਰਤੀ ਮਿਸ਼ਨ ਨੇ ਭਾਰਤੀ ਨਾਗਰਿਕਾਂ ਲਈ ਇੱਕ ਸਲਾਹ ਜਾਰੀ ਕੀਤੀ ਹੈ। ਇਸ ਸਲਾਹ ਵਿੱਚ ਕਿਹਾ ਗਿਆ ਹੈ ਕਿ ਭਾਰਤੀ ਨਾਗਰਿਕ ਫੋਨ ਕਰਨ ਵਾਲੇ ਅਜਿਹੇ ਲੋਕਾਂ ਤੋਂ ਸਾਵਧਾਨ ਰਹਿਣ, ਜੋ ਖ਼ੁਦ ਨੂੰ ਦੂਤਾਵਾਸ ਦਾ ਅਧਿਕਾਰੀ ਦੱਸ ਕੇ ਵੀਜ਼ਾ, ਇਮੀਗ੍ਰੇਸ਼ਨ ਸਥਿਤੀ ਤੇ ਨੌਕਰੀ ਦੀਆਂ ਪੇਸ਼ਕਸ਼ਾਂ ਨਾਲ ਸਬੰਧਤ ਧੋਖਾਧੜੀ ਕਰਦੇ ਹਨ। ਟੋਰਾਂਟੋ ਵਿੱਚ ਭਾਰਤ ਦੇ ਕੌਂਸਲੇਟ ਜਨਰਲ ਨੇ ਵੀਰਵਾਰ ਨੂੰ ਇੱਕ ਪੋਸਟ ਵਿੱਚ ਕਿਹਾ ਕਿ ਦੇਸ਼ ਵਿੱਚ ਭਾਰਤੀ ਨਾਗਰਿਕਾਂ ਨੂੰ ਧੋਖਾਧੜੀ ਕਰਨ ਵਾਲਿਆਂ ਤੋਂ ਅਕਸਰ ਕਾਲਾਂ ਆ ਰਹੀਆਂ ਹਨ, ਜੋ ਕਈ ਵਾਰ ਦੂਤਾਵਾਸ ਅਧਿਕਾਰੀ ਹੋਣ ਦਾ ਦਾਅਵਾ ਕਰਦੇ ਹਨ। ਇਸ ਵਿੱਚ ਕਿਹਾ ਗਿਆ ਹੈ ਕਿ ਇਹ ਕਾਲਾਂ ਅਕਸਰ ਕੈਨੇਡੀਅਨ ਵੀਜ਼ਾ, ਸਥਾਈ ਨਿਵਾਸ, ਇਮੀਗ੍ਰੇਸ਼ਨ ਸਥਿਤੀ ਤੇ ਨੌਕਰੀ ਦੀਆਂ ਪੇਸ਼ਕਸ਼ਾਂ ਵਰਗੇ ਮਾਮਲਿਆਂ ਬਾਰੇ ਹੁੰਦੀਆਂ ਹਨ। ਕੌਂਸਲੇਟ ਜਨਰਲ ਨੇ ਭਾਰਤੀ ਨਾਗਰਿਕਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਆਪਣੇ ਨਾਮ 'ਤੇ ਆਉਣ ਵਾਲੀਆਂ ਅਜਿਹੀਆਂ ਸ਼ੱਕੀ ਫੋਨ ਕਾਲਾਂ 'ਤੇ ਧਿਆਨ ਨਾ ਦੇਣ ਤੇ ਅਜਿਹੀਆਂ ਕਾਲਾਂ ਦੇ ਜਵਾਬ ਵਿੱਚ ਕੋਈ ਨਿੱਜੀ ਜਾਣਕਾਰੀ ਪ੍ਰਦਾਨ ਨਾ ਕਰਨ ਤੇ ਨਾ ਹੀ ਪੈਸੇ ਟਰਾਂਸਫਰ ਕਰਨ।



# ਅਮਰੀਕਾ 'ਚ ਸਿੱਖ ਮਿਸ਼ਨ ਸਣੇ ਹੋਰ ਕਾਰਜ ਜਲਦ ਮੁਕੰਮਲ ਹੋਣਗੇ: ਧਾਮੀ

## ☛ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਸਥਾਨਕ ਸਿੱਖ ਆਗੂਆਂ ਨਾਲ ਮੀਟਿੰਗ

ਅੰਮ੍ਰਿਤਸਰ, 13 ਜੂਨ (ਚ.ਨ.ਸ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅਮਰੀਕਾ 'ਚ ਸਿੱਖ ਮਿਸ਼ਨ, ਪ੍ਰੈਸ ਤੇ ਗੁਰਮਤਿ ਵਿਦਿਆਲਾ ਖੋਲ੍ਹਣ ਲਈ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰ ਲਈਆਂ ਹਨ ਤੇ ਨਕਸ਼ੇ ਤਿਆਰ ਕਰਵਾਏ ਜਾ ਰਹੇ ਹਨ। ਸੰਗਤ ਦੇ ਸਹਿਯੋਗ ਨਾਲ ਜਲਦ ਇਸ ਕਾਰਜ ਦੀ ਆਰੰਭਤਾ ਕਰ ਦਿੱਤੀ ਜਾਵੇਗੀ ਤੇ ਇਸ ਕਾਰਜ ਨੂੰ ਪਹਿਲ ਦੇ ਆਧਾਰ 'ਤੇ ਮੁਕੰਮਲ ਕੀਤਾ ਜਾਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਦੀ ਅਗਵਾਈ ਹੇਠ ਅਮਰੀਕਾ ਪੁੱਜੇ ਉਚ ਪੱਧਰੀ ਵਫ਼ਦ ਨੇ ਦੀਦਾਰ ਸਿੰਘ ਬੈਂਸ ਦੇ ਘਰ ਸਥਾਨਕ ਸਿੱਖ ਆਗੂਆਂ ਤੇ ਪੰਜਾਬੀ ਭਾਈਚਾਰੇ ਨਾਲ ਮੀਟਿੰਗ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਣ ਵਾਲੇ ਧਰਮ ਪ੍ਰਚਾਰ ਕਾਰਜਾਂ ਸਬੰਧੀ ਵਿਚਾਰਾਂ ਕੀਤੀਆਂ। ਪ੍ਰਧਾਨ ਨੇ ਕਿਹਾ ਕਿ ਵਿਦੇਸ਼ਾਂ ਅੰਦਰ ਵੱਸਦੇ ਸਿੱਖਾਂ ਤੇ ਖ਼ਾਸਕਰ ਨੌਜਵਾਨ ਪੀੜ੍ਹੀ ਨੂੰ ਗੁਰਮਤਿ, ਸਿੱਖ ਇਤਿਹਾਸ ਤੇ ਆਪਣੇ ਵਿਰਸੇ ਨਾਲ ਜੋੜਨ ਲਈ ਅਮਰੀਕਾ ਦੇ ਯੂਬਾਸਿਟੀ 'ਚ ਸਿੱਖ ਸੈਂਟਰ ਸਥਾਪਤ ਕੀਤਾ ਜਾ ਰਿਹਾ ਹੈ। ਇਸ ਕਾਰਜ ਲਈ ਮਰਹੂਮ ਦੀਦਾਰ ਸਿੰਘ ਬੈਂਸ ਨੇ ਆਪਣੇ ਵੱਲੋਂ 14.5 ਏਕੜ ਜ਼ਮੀਨ ਸ਼੍ਰੋਮਣੀ ਕਮੇਟੀ ਨੂੰ ਦਿੱਤੀ ਸੀ। ਸਿੱਖ ਮਿਸ਼ਨ, ਪ੍ਰੈਸ ਤੇ ਗੁਰਮਤਿ ਵਿਦਿਆਲਾ ਖੋਲ੍ਹੇ ਜਾਣ ਦੇ ਕਾਰਜ ਲਈ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰ ਲਈਆਂ ਗਈਆਂ ਹਨ ਤੇ ਬਾਕੀ ਕਾਰਜ ਕਰਵਾਏ ਜਾ ਰਹੇ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਓਐਸਡੀ ਸਤਬੀਰ ਸਿੰਘ, ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਅਮਰੀਕਾ ਵਾਸੀ ਦਿਲਬਾਗ ਸਿੰਘ ਬੈਂਸ, ਕਰਮਦੀਪ ਸਿੰਘ ਬੈਂਸ, ਅਜੀਤ ਸਿੰਘ ਬੈਂਸ, ਕੇਵਲ ਸਿੰਘ ਨਾਗਰਾ, ਲਖਬੀਰ ਸਿੰਘ ਨਾਗਰਾ, ਹਰਜੀਤ ਸਿੰਘ, ਬਲਜਿੰਦਰ ਸਿੰਘ ਢਿੱਲੋਂ, ਨਰਿੰਦਰ ਸਿੰਘ ਅਟਵਾਲ, ਕੁਲਦੀਪ ਸਿੰਘ ਅਟਵਾਲ, ਅਮਰਜੀਤ ਸਿੰਘ ਸੰਘਾ, ਕੁਲਤਾਰ ਸਿੰਘ ਅਟਵਾਲ, ਹਰਭਜਨ ਸਿੰਘ ਸੰਧੂ, ਦਲਬੀਰ ਸਿੰਘ ਗਿੱਲ, ਰੁਪਿੰਦਰ ਸਿੰਘ ਗਿੱਲ, ਰਮਿੰਦਰ ਸਿੰਘ ਬਿਹਲਾ, ਸੁਖਜੀਵਨ ਸਿੰਘ ਬਿਹਲਾ ਤੇ ਹੋਰ ਮੌਜੂਦ ਸਨ।



# ਖੇਤਰੀ ਤਣਾਅ ਘਟਾਉਣ ਲਈ ਯੂ.ਏ.ਈ. ਵੱਲੋਂ ਈਰਾਨ ਲਈ ਅਰਬਾਂ ਡਾਲਰ ਦੇ ਫੰਡ ਜਾਰੀ ਕਰਨ ਦੀ ਸਹਿਮਤੀ

## ☛ਸੰਯੁਕਤ ਅਰਬ ਅਮੀਰਾਤ ਨੇ ਰਿਪੋਰਟਾਂ ਨੂੰ ਪੂਰੀ ਤਰ੍ਹਾਂ ਨਕਾਰਿਆ

ਦੁਬਈ/ਲੰਡਨ, 13 ਜੂਨ (ਚ.ਨ.ਸ): ਸੰਯੁਕਤ ਅਰਬ ਅਮੀਰਾਤ (ਯੂ.ਏ.ਈ.) ਤੇ ਈਰਾਨ ਵਿਚਾਲੇ ਚੱਲ ਰਹੇ ਖੇਤਰੀ ਤਣਾਅ ਦਰਮਿਆਨ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ। ਅੰਤਰਰਾਸ਼ਟਰੀ ਇੱਕ ਖ਼ਬਰ ਏਜੰਸੀ ਨੇ ਚਾਰ ਅਹਿਮ ਸਰੋਤਾਂ ਦੇ ਹਵਾਲੇ ਨਾਲ ਦਾਅਵਾ ਕੀਤਾ ਹੈ ਕਿ ਯੂ.ਏ.ਈ. ਈਰਾਨ ਲਈ ਅਰਬਾਂ ਡਾਲਰ ਦੇ ਫੰਡ ਜਾਰੀ ਕਰਨ (ਅਨਲਾਕ ਕਰਨ) ਲਈ ਸਹਿਮਤ ਹੋ ਗਿਆ ਹੈ। ਇਸ ਕਦਮ ਨੂੰ ਅਮਰੀਕਾ-ਇਜ਼ਰਾਈਲ ਤੇ ਇਸਲਾਮਿਕ ਗਣਰਾਜ ਈਰਾਨ ਵਿਚਾਲੇ ਚੱਲ ਰਹੀ ਜੰਗ ਦੌਰਾਨ ਅਮੀਰ ਖਾੜੀ ਦੇਸ਼ ਯੂ.ਏ.ਈ. ਉਤੇ ਹੋਏ ਕਈ ਈਰਾਨੀ ਹਮਲਿਆਂ ਤੋਂ ਬਾਅਦ ਇੱਕ ਵੱਡੀ ਰਣਨੀਤਕ ਤਬਦੀਲੀ ਵਜੋਂ ਦੇਖਿਆ ਜਾ ਰਿਹਾ ਹੈ। ਇਹ ਗੁਪਤ ਸਮਝੌਤਾ ਅਜਿਹੇ ਸਮੇਂ ਸਾਹਮਣੇ ਆਇਆ ਹੈ, ਜਦੋਂ ਤਹਿਰਾਨ ਤੇ ਵਾਸ਼ਿੰਗਟਨ ਵਿਚਾਲੇ ਜੰਗ ਨੂੰ ਖ਼ਤਮ ਕਰਨ ਲਈ ਵੱਡੇ ਪੱਧਰ 'ਤੇ ਗੱਲਬਾਤ ਆਖਰੀ ਦੌਰ ਵਿੱਚ ਪਹੁੰਚ ਚੁੱਕੀ ਹੈ। ਕੂਟਨੀਤਕਾਂ ਅਨੁਸਾਰ ਇਸ ਵਿਆਪਕ ਗੱਲਬਾਤ ਤਹਿਤ ਅਮਰੀਕੀ ਪਾਬੰਦੀਆਂ ਕਾਰਨ ਵਿਦੇਸ਼ੀ ਬੈਂਕਾਂ ਵਿੱਚ ਫ੍ਰੀਜ਼ (ਜ਼ਬਤ) ਕੀਤੇ ਗਏ, ਈਰਾਨ ਦੇ ਤੇਲ ਮਾਲੀਏ ਦੇ ਕਰੋੜਾਂ-ਅਰਬਾਂ ਡਾਲਰ ਵੀ ਰਿਲੀਜ਼ ਕੀਤੇ ਜਾ ਸਕਦੇ ਹਨ। ਸਮਝੌਤੇ ਦੇ ਵੇਰਵਿਆਂ ਬਾਰੇ ਦੋ ਖੇਤਰੀ ਸਰੋਤਾਂ ਨੇ ਦੱਸਿਆ ਕਿ ਯੂ.ਏ.ਈ. ਕੁੱਲ 10 ਅਰਬ ਡਾਲਰ ਜਾਰੀ ਕਰਨ ਲਈ ਸਹਿਮਤ ਹੋਇਆ ਹੈ, ਜਿਸ ਵਿੱਚੋਂ 3 ਅਰਬ ਡਾਲਰ ਤੋਂ ਵੱਧ ਦੀ ਪਹਿਲੀ ਕਿਸ਼ਤ ਪਹਿਲਾਂ ਹੀ ਈਰਾਨ ਨੂੰ ਦਿੱਤੀ ਜਾ ਚੁੱਕੀ ਹੈ। ਦੂਜੇ ਪਾਸੇ, ਇਸ ਮਾਮਲੇ ਦੀ ਜਾਣਕਾਰੀ ਰੱਖਣ ਵਾਲੇ ਦੋ ਹੋਰ ਸਰੋਤਾਂ ਨੇ ਦਾਅਵਾ ਕੀਤਾ ਕਿ ਇਹ ਕੁੱਲ ਰਕਮ 20 ਅਰਬ ਡਾਲਰ ਤੱਕ ਹੋ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇਹ ਵੱਡੀ ਰਕਮ ਯੂ.ਏ.ਈ. ਉਤੇ ਈਰਾਨ ਵੱਲੋਂ ਕੀਤੇ ਜਾਣ ਵਾਲੇ ਮਿਜ਼ਾਈਲ ਤੇ ਡਰੋਨ ਹਮਲਿਆਂ ਨੂੰ ਪੂਰੀ ਤਰ੍ਹਾਂ ਰੋਕਣ ਦੇ ਬਦਲੇ ਦਿੱਤੀ ਜਾ ਰਹੀ ਹੈ। ਦੂਜੇ ਪਾਸੇ, ਇਨ੍ਹਾਂ ਖ਼ਬਰਾਂ ਦੇ ਸਾਹਮਣੇ ਆਉਣ ਤੋਂ ਤੁਰੰਤ ਬਾਅਦ ਸੰਯੁਕਤ ਅਰਬ ਅਮੀਰਾਤ ਦੇ ਵਿਦੇਸ਼ ਮੰਤਰਾਲੇ ਨੇ ਇੱਕ ਅਧਿਕਾਰਤ ਬਿਆਨ ਜਾਰੀ ਕਰਕੇ ਇਨ੍ਹਾਂ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ। ਯੂ.ਏ.ਈ. ਨੇ ਮੀਡੀਆ ਰਿਪੋਰਟਾਂ ਨੂੰ ਪੂਰੀ ਤਰ੍ਹਾਂ ਝੂਠੀਆਂ ਤੇ ਬੇਬੁਨਿਆਦ ਕਰਾਰ ਦਿੰਦਿਆਂ ਸਪਸ਼ਟ ਕੀਤਾ ਹੈ ਕਿ ਈਰਾਨ ਨੂੰ ਕੋਈ ਵੀ ਫ੍ਰੀਜ਼ ਕੀਤੇ ਫੰਡ ਜਾਰੀ ਜਾਂ ਤਬਦੀਲ ਨਹੀਂ ਕੀਤੇ ਗਏ ਹਨ ਤੇ ਨਾ ਹੀ 3 ਅਰਬ ਡਾਲਰ ਦੀ ਕੋਈ ਰਕਮ ਦਿੱਤੀ ਗਈ ਹੈ।



# ਅਕਾਲੀ ਦਲ ਅੰਮ੍ਰਿਤਸਰ ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਨੂੰ ਮਿਲੀ ਜਾਨੋਂ ਮਾਰਨ ਦੀ ਧਮਕੀ

## ☛ਜ਼ਿਲ੍ਹਾ ਪੁਲਿਸ ਮੁਖੀ ਨੂੰ ਲਿਖਤੀ ਸ਼ਿਕਾਇਤ ਦੇ ਕੇ ਕਾਰਵਾਈ ਦੀ ਕੀਤੀ ਮੰਗ

ਅਮਲੋਹ, 13 ਜੂਨ (ਜਸਵੰਤ ਸਿੰਘ): ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਨੇ ਇੱਕ ਅਣਪਛਾਤੇ ਵਿਅਕਤੀ ਵੱਲੋਂ ਉਸ ਦੇ ਮੋਬਾਈਲ ਫੋਨ ਉਪਰ 'ਵੋਇਸ ਮੈਸਜ' ਰਾਹੀਂ ਜਾਨੋਂ ਮਾਰਨ ਦੀ ਧਮਕੀ ਦਾ ਦੋਸ਼ ਲਗਾਉਂਦੇ ਹੋਏ ਇਹ ਮਾਮਲਾ ਜ਼ਿਲ੍ਹਾ ਪੁਲਿਸ ਮੁਖੀ ਦੇ ਲਿਖਤੀ ਤੌਰ 'ਤੇ ਧਿਆਨ ਵਿੱਚ ਲਿਆ ਕੇ ਕਾਰਵਾਈ ਦੀ ਮੰਗ ਕੀਤੀ ਹੈ। ਪੱਤਰਕਾਰਾਂ ਨਾਲ ਗਲਬਾਤ ਦੌਰਾਨ ਉਨ੍ਹਾਂ ਦੱਸਿਆ ਕਿ ਸਬੰਧਤ ਵਿਅਕਤੀ ਆਪਣੇ-ਆਪ ਨੂੰ ਆਰ.ਐਸ.ਐਸ. ਤੇ ਭਾਜਪਾ ਕਾਰਕੁੰਨ ਦਸ ਰਿਹਾ ਸੀ, ਜਿਸ ਨੇ ਪਹਿਲਾ ਫੋਨ ਕਰਕੇ ਸ੍ਰੀ ਮਾਨ ਨੂੰ ਭਾਜਪਾ ਤੇ ਆਰ.ਐਸ.ਐਸ. ਖਿਲਾਫ਼ ਬਿਆਨਬਾਜ਼ੀ ਨਾ ਕਰਨ ਤੋਂ ਬਾਜ ਆਉਣ ਲਈ ਕਿਹਾ ਤੇ ਫੋਨ ਬੰਦ ਕਰਨ ਤੋਂ ਬਾਅਦ ਦੋ 'ਵੋਇਸ ਮੈਸਜ' ਭੇਜ ਕੇ ਬਹੁਤ ਹੀ ਗੰਦੀ ਸ਼ਬਦਾਵਲੀ ਦੀ ਵਰਤੋਂ ਕਰਦੇ ਹੋਏ ਜਾਨੋਂ ਮਾਰਨ ਦੀ ਧਮਕੀ ਦਿੱਤੀ। ਉਨ੍ਹਾਂ ਮੀਡੀਏ ਨੂੰ ਦਿਖਾਇਆ ਕਿ ਸਬੰਧਤ ਵਿਅਕਤੀ ਨੇ ਮੁਸਲਿਮ ਭਾਈਚਾਰੇ ਖਿਲਾਫ਼ ਵੀ ਗਲਤ ਸ਼ਬਦਾਵਲੀ ਮੈਸਜ ਵਿੱਚ ਵਰਤੀ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਰਮਨ ਮਲਿਕ ਨੇ ਵੀ ਖਾਲਿਸਤਾਨ ਦੀ ਮੰਗ ਕਰਨ ਵਾਲਿਆਂ ਦੇ ਮੱਥੇ ਵਿੱਚ ਗੋਲੀ ਮਾਰਨ ਦੀ ਵੀਡੀਓ ਪਾਈ ਸੀ, ਜਦੋਂ ਕਿ ਸੁਪਰੀਮ ਕੋਰਟ ਵੱਲੋਂ ਸ਼ਾਂਤੀ ਪੂਰਵਕ ਖਾਲਿਸਤਾਨ ਦੀ ਆਵਾਜ਼ ਕਰਨਾ ਕੋਈ ਜੁਰਮ ਨਹੀਂ। ਉਨ੍ਹਾਂ ਪ੍ਰੋ. ਸਰਚਾਂਦ ਸਿੰਘ ਵੱਲੋਂ ਵੀ ਦਮਦਮੀ ਟਕਸਾਲ ਦੀ ਸਟੇਜ ਉਪਰ ਇਸ ਸਬੰਧੀ ਕੀਤੀ ਬਿਆਨਬਾਜ਼ੀ ਦਾ ਜ਼ਿਕਰ ਕਰਦਿਆਂ ਦੋਸ਼ ਲਗਾਇਆ ਕਿ ਭਾਜਪਾ ਗਲਤ ਤਰੀਕੇ ਨਾਲ 2027 ਦੀਆਂ ਚੋਣਾਂ ਨੂੰ ਲੈ ਕੇ ਘੱਟ ਗਿਣਤੀਆਂ ਨੂੰ ਦਬਾਉਣ ਦਾ ਯਤਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਪਾਰਟੀ ਵੱਲੋਂ ਪਹਿਲਾਂ ਵੀ ਰਮਨ ਮਲਿਕ ਖਿਲਾਫ਼ ਪੁਲਿਸ ਨੂੰ ਕਾਰਵਾਈ ਲਈ ਲਿਖਤੀ ਸ਼ਿਕਾਇਤ ਦਿੱਤੀ ਸੀ, ਪ੍ਰੰਤੂ ਕੋਈ ਕਾਰਵਾਈ ਨਹੀਂ ਹੋਈ ਤੇ ਹੁਣ ਵੀ ਸਬੂਤਾਂ ਤੇ ਤੱਥਾਂ ਦੇ ਆਧਾਰ 'ਤੇ ਸਾਰੇ ਵੇਰਵੇ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕਾਰਵਾਈ ਨਾ ਹੋਈ ਤਾਂ ਜਲਦੀ ਹੀ ਅਗਲੀ ਰਣਨੀਤੀ ਬਣਾ ਕੇ ਸੰਘਰਸ਼ ਉਲੀਕਿਆ ਜਾਵੇਗਾ। ਇਸ ਮੌਕੇ ਪਾਰਟੀ ਦੇ ਮੁੱਖ ਬੁਲਾਰੇ, ਸਿਆਸੀ ਤੇ ਮੀਡੀਆ ਸਲਾਹਕਾਰ ਇਕਬਾਲ ਸਿੰਘ ਟਿਵਾਣਾ, ਪੀ.ਏ.ਸੀ. ਮੈਂਬਰ ਧਰਮ ਸਿੰਘ ਕਲੌੜ, ਗੁਰਪ੍ਰੀਤ ਸਿੰਘ ਝਾਮਪੁਰ ਤੇ ਹਰਦੀਪ ਸਿੰਘ ਟਾਪਰ ਹਾਜ਼ਰ ਸਨ।



# ਦੇਸ਼ ਭਗਤ ਆਯੁਰਵੈਦਿਕ ਕਾਲਜ ਤੇ ਹਸਪਤਾਲ 'ਚ ਜਲ-ਚਿਕਿਤਸਾ ਇਕਾਈ ਦਾ ਉਦਘਾਟਨ



ਮੰਡੀ ਗੋਬਿੰਦਗੜ੍ਹ, 13 ਜੂਨ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਆਯੁਰਵੈਦਿਕ ਕਾਲਜ ਤੇ ਹਸਪਤਾਲ ਦੇ ਵੈਲਨੈਸ ਕੇਂਦਰ ਨੇ ਕੁਦਰਤੀ ਚਿਕਿਤਸਾ ਰਾਹੀਂ ਸਮੁੱਚੀ ਸਿਹਤ ਸੰਭਾਲ ਤੇ ਤੰਦਰੁਸਤੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ ਨਵੀਂ ਜਲ-ਚਿਕਿਤਸਾ (ਹਾਈਡਰੋਥੈਰੇਪੀ) ਇਕਾਈ ਦਾ ਉਦਘਾਟਨ ਕੀਤਾ। ਇਸ ਜਲ-ਚਿਕਿਤਸਾ ਇਕਾਈ ਦਾ ਰਸਮੀ ਉਦਘਾਟਨ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਵੱਲੋਂ ਅਧਿਆਪਕਾਂ, ਵਿਦਿਆਰਥੀਆਂ ਤੇ ਸਿਹਤ ਸੇਵਾ ਮਾਹਿਰਾਂ ਦੀ ਹਾਜ਼ਰੀ ਵਿੱਚ ਕੀਤਾ ਗਿਆ। ਇਹ ਸਹੂਲਤ ਚਾਂਸਲਰ ਤੇ ਪ੍ਰੋ. ਚਾਂਸਲਰ ਦੀ ਸਰਪ੍ਰਸਤੀ ਤੇ ਦੂਰਅੰਦੇਸ਼ੀ ਅਗਵਾਈ ਹੇਠ ਸਥਾਪਤ ਕੀਤੀ ਗਈ ਹੈ। ਇਸ ਕਾਰਜ ਨੂੰ ਦੇਸ਼ ਭਗਤ ਆਯੁਰਵੈਦਿਕ ਕਾਲਜ ਤੇ ਹਸਪਤਾਲ ਦੇ ਡਾਇਰੈਕਟਰ ਤੇ ਯੋਗ ਵਿਭਾਗ ਦੇ ਪ੍ਰੋਫੈਸਰ ਤੇ ਮੁਖੀ ਡਾ. ਕੁਲਭੂਸ਼ਨ ਦੀ ਮਾਹਿਰਾਨਾ ਰਹਿਨੁਮਾਈ ਪ੍ਰਾਪਤ ਹੋਈ। ਕਾਲਜ ਪ੍ਰਿੰਸੀਪਲ ਡਾ. ਹੇਮਰਾਜ ਤੇ ਮੈਡੀਕਲ ਸੁਪਰਡੈਂਟ ਡਾ. ਜੋਤੀ ਐਚ. ਧਾਮੀ ਨੇ ਵੀ ਪੂਰਾ ਸਹਿਯੋਗ ਦਿੱਤਾ। ਉਦਘਾਟਨੀ ਸਮਾਗਮ ਵਿੱਚ ਕਾਲਜ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਭਾਗ ਲਿਆ। ਨਵੀਂ ਜਲ-ਚਿਕਿਤਸਾ ਇਕਾਈ ਵਿੱਚ ਆਧੁਨਿਕ ਤੇ ਉਚ-ਤਕਨੀਕੀ ਸਹੂਲਤਾਂ ਉਪਲਬਧ ਹਨ, ਜਿਨ੍ਹਾਂ ਵਿੱਚ ਗੀਜ਼ ਸਪਰੇਅ, ਗੀਜ਼ ਇਸ਼ਨਾਨ, ਬਾਂਹ ਇਸ਼ਨਾਨ, ਪੈਰ ਇਸ਼ਨਾਨ ਤੇ ਕਮਰ ਇਸ਼ਨਾਨ ਸ਼ਾਮਲ ਹਨ। ਜਲ-ਚਿਕਿਤਸਾ ਵਿੱਚ ਪਾਣੀ ਦੇ ਵੱਖ-ਵੱਖ ਰੂਪਾਂ ਦੀ ਵਰਤੋਂ ਕੀਤੀ ਜਾਂਦੀ ਹੈ, ਜਿਵੇਂ ਦਬਾਅ ਵਾਲੀਆਂ ਪਾਣੀ ਦੀਆਂ ਧਾਰਾਂ, ਗਰਮ ਤੇ ਠੰਢੇ ਤਾਪਮਾਨ ਦੀ ਵਰਤੋਂ ਤੇ ਬਰਫ਼ ਦੇ ਪੈਕ। ਇਹ ਕੁਦਰਤੀ ਇਲਾਜ ਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਦੀ ਹੈ। ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਆਧੁਨਿਕ ਜਲ-ਚਿਕਿਤਸਾ ਇਕਾਈ ਦਾ ਉਦੇਸ਼ ਇੱਕ ਅਜਿਹਾ ਆਸਾਨੀ ਨਾਲ ਪਹੁੰਚਯੋਗ ਤੇ ਘੱਟ ਦਬਾਅ ਵਾਲਾ ਇਲਾਜੀ ਮਾਹੌਲ ਸਿਰਜਣਾ ਹੈ ਜੋ ਕੁਦਰਤੀ ਚਿਕਿਤਸਾ ਨੂੰ ਫਿਜ਼ੀਓਥੈਰੇਪੀ, ਨਾੜੀ ਵਿਗਿਆਨ ਤੇ ਹੱਡੀ-ਜੋੜ ਚਿਕਿਤਸਾ ਨਾਲ ਜੋੜਦਾ ਹੋਵੇ। ਦੇਸ਼ ਭਗਤ ਆਯੁਰਵੈਦਿਕ ਕਾਲਜ ਤੇ ਹਸਪਤਾਲ ਹਮੇਸ਼ਾ ਸਮਾਜ ਦੀਆਂ ਸਿਹਤ ਸਬੰਧੀ ਲੋੜਾਂ ਦੀ ਪੂਰਤੀ ਲਈ ਸਮਰਪਿਤ ਰਿਹਾ ਹੈ ਤੇ ਅੱਗੇ ਵੀ ਇਸੇ ਤਰ੍ਹਾਂ ਸੇਵਾ ਕਰਦਾ ਰਹੇਗਾ। ਇਸ ਜਲ-ਚਿਕਿਤਸਾ ਇਕਾਈ ਦੀ ਸ਼ੁਰੂਆਤ ਆਯੁਰਵੇਦ, ਕੁਦਰਤੀ ਚਿਕਿਤਸਾ ਤੇ ਤੰਦਰੁਸਤੀ ਦੇ ਲਾਭਾਂ ਨੂੰ ਇਕੱਠਾ ਕਰਕੇ ਸਮੁੱਚੀ ਸਿਹਤ ਸੰਭਾਲ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਹੈ।

# ਰਾਤ ਦੀ ਹਨ੍ਹੇਰੀ ਨੇ ਟੀਸੀ ਰਾਈਸ ਮਿੱਲ ਦੇ ਸ਼ੈਡ ਦਾ ਭਾਰੀ ਨੁਕਸਾਨ ਕੀਤਾ

ਜ਼ੀਰਾ, 13 ਜੂਨ (ਦੀਪਕ ਭਾਰਗੋ): ਪਿਛਲੇ ਕੁਝ ਦਿਨਾਂ ਤੋਂ ਲਗਾਤਾਰ 45 ਤੋਂ 46 ਡਿਗਰੀ ਤਾਪਮਾਨ ਦੇ ਵਧਣ ਕਰਕੇ ਕੱਲ੍ਹ ਰਾਤ ਨੂੰ ਗਰਮੀ ਤੋਂ ਤਾਂ ਰਾਹਤ ਮਿਲ ਗਈ ਪਰ ਕਈ ਲੋਕਾਂ ਦਾ ਇਸ ਭਾਰੀ ਤੂਫਾਨ ਤੇ ਬਾਰਿਸ਼ ਨੇ ਭਾਰੀ ਨੁਕਸਾਨ ਕਰ ਦਿੱਤਾ। ਇਸੇ ਤਰ੍ਹਾਂ ਜ਼ੀਰਾ ਵਿੱਚ ਟੀਸੀ ਰਾਈਸ ਮਿੱਲ ਤਲਵੰਡੀ ਰੋਡ ਜ਼ੀਰਾ ਦੇ ਸ਼ੈਡ ਉਪਰ ਦਰੱਖਤ ਡਿੱਗਣ ਨਾਲ ਉਸ ਦਾ ਕਰੀਬ ਸਵਾ ਤੋਂ ਡੇਢ ਲੱਖ ਰੁਪਏ ਦਾ ਭਾਰੀ ਨੁਕਸਾਨ ਹੋਇਆ, ਜਿਸ ਦਾ ਵੇਰਵਾ ਉਸਦੇ ਮਾਲਕ ਯੁਧਿਸ਼ਟਰ ਅਗਰਵਾਲ ਵੱਲੋਂ ਦਿੱਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਭਾਰੀ ਬਾਰਿਸ਼ ਤੇ ਤੇਜ਼ ਹਵਾਵਾਂ ਦੇ ਨਾਲ ਇਹ ਨੁਕਸਾਨ ਹੋਇਆ ਹੈ ਤੇ ਜਾਨੀ ਨੁਕਸਾਨ ਹੋਣ ਤੋਂ ਬਚਾਅ ਰਿਹਾ ਹੈ।



# ਝੋਨੇ ਦੀ ਸਿੱਧੀ ਬਿਜਾਈ ਦੀ ਰਜਿਸਟ੍ਰੇਸ਼ਨ 15 ਤੱਕ: ਮੁੱਖ ਖੇਤੀਬਾੜੀ ਅਫ਼ਸਰ

## ☛ਸਿੱਧੀ ਬਿਜਾਈ ਕਰਨ ਵਾਲੇ ਕਿਸਾਨ ਨੂੰ 1500 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਮਿਲੇਗੀ

ਫਿਰੋਜ਼ਪੁਰ, 13 ਜੂਨ (ਤਿਵਾੜੀ): ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪਾਣੀ ਦੇ ਘੱਟ ਰਹੇ ਸਰੋਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪਾਣੀ ਦੀ ਬੱਚਤ ਕਰਨ ਵਾਲੀ ਬਿਨਾਂ ਕੱਦੂ ਕੀਤੇ ਝੋਨੇ ਦੀ ਸਿੱਧੀ ਬਿਜਾਈ ਦੀ ਤਕਨੀਕ ਨੂੰ ਖੇਤੀਬਾੜੀ ਵਿਭਾਗ ਰਾਹੀਂ ਪ੍ਰੋਤਸ਼ਾਹਿਤ ਕੀਤਾ ਜਾ ਰਿਹਾ ਹੈ ਤੇ ਸਿੱਧੀ ਬਿਜਾਈ ਕਰਨ ਵਾਲੇ ਕਿਸਾਨ ਨੂੰ 1500 ਰੁਪਏ ਪ੍ਰਤੀ ਏਕੜ ਦੀ ਪ੍ਰੋਤਸਾਹਨ ਰਾਸ਼ੀ ਦਿੱਤੀ ਜਾਵੇਗੀ। ਪ੍ਰੋਤਸਾਹਨ ਰਾਸ਼ੀ ਦੀ ਪ੍ਰਾਪਤੀ ਲਈ ਕਿਸਾਨ ਨੂੰ ਡੀ.ਐਸ.ਆਰ. ਪੋਰਟਲ 'ਤੇ 15 ਜੂਨ ਤੱਕ ਝੋਨੇ ਦੀ ਸਿੱਧੀ ਬਿਜਾਈ ਦੀ ਰਜਿਸਟ੍ਰੇਸ਼ਨ ਕਰਵਾਉਣੀ ਜ਼ਰੂਰੀ ਹੈ। ਜਾਣਕਾਰੀ ਦਿੰਦਿਆਂ ਡਾ. ਬਲਵਿੰਦਰ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਝੋਨੇ ਦੀ ਸਿੱਧੀ ਬਿਜਾਈ ਹੇਠ ਵੱਧ ਤੋਂ ਵੱਧ ਰਕਬਾ ਲਿਆਉਣ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਹੈ। ਮੁੱਖ ਖੇਤੀਬਾੜੀ ਅਫ਼ਸਰ ਨੇ ਕੱਦੂ ਕਰਕੇ ਲਗਾਏ ਝੋਨੇ ਨਾਲੋਂ ਸਿੱਧੀ ਬਿਜਾਈ ਦੇ ਫਾਇਦਿਆਂ ਬਾਰੇ ਦੱਸਿਆ ਕਿ ਇਸ ਨਾਲ 10 ਤੋਂ 20 ਪ੍ਰਤੀਸ਼ਤ ਪਾਣੀ ਦੀ ਬੱਚਤ, ਜ਼ਮੀਨ ਵਿੱਚ ਪਾਣੀ ਦਾ 10 ਤੋਂ 12 ਪ੍ਰਤੀਸ਼ਤ ਜ਼ਿਆਦਾ ਰੀਚਾਰਜ, ਮਜ਼ਦੂਰੀ ਦੀ ਬੱਚਤ, ਘੱਟ ਬਿਮਾਰੀਆਂ ਤੇ ਅਗਲੀ ਕਣਕ ਦੀ ਫ਼ਸਲ ਦਾ ਇੱਕ ਕੁਇੰਟਲ ਜ਼ਿਆਦਾ ਝਾੜ ਮਿਲਦਾ ਹੈ। ਉਨ੍ਹਾਂ ਨੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਬਲਾਕ ਪੱਧਰ 'ਤੇ ਸਥਿਤ ਖੇਤੀਬਾੜੀ ਦਫ਼ਤਰਾਂ ਨਾਲ ਸੰਪਰਕ ਕਰਕੇ, ਝੋਨੇ ਦੀ ਸਿੱਧੀ ਬਿਜਾਈ ਦੀ 15 ਜੂਨ ਤੋਂ ਪਹਿਲਾਂ-ਪਹਿਲਾਂ ਰਜਿਸਟ੍ਰੇਸ਼ਨ ਕਰਵਾਈ ਜਾਵੇ ਤਾਂ ਜੋ ਝੋਨੇ ਦੀਆਂ ਘੱਟ ਸਮਾਂ ਲੈਣ ਵਾਲੀਆਂ ਕਿਸਮਾਂ ਤੇ ਬਾਸਮਤੀ ਕਿਸਮਾਂ ਦੀ ਬਿਜਾਈ ਸਮੇਂ ਸਿਰ ਕੀਤੀ ਜਾ ਸਕੇ।



# ਚੈਕ ਬਾਊਂਸ ਮਾਮਲੇ 'ਚ ਭਗੌੜਾ ਗ੍ਰਿਫ਼ਤਾਰ

ਸ੍ਰੀ ਫਤਹਿਗੜ੍ਹ ਸਾਹਿਬ, 13 ਜੂਨ (ਰੂਪਲ ਸੂਦ): ਪੀ.ਓ. ਸਟਾਫ ਫਤਹਿਗੜ੍ਹ ਸਾਹਿਬ ਦੀ ਪੁਲਿਸ ਨੇ ਚੈਕ ਬਾਊਂਸ ਮਾਮਲੇ ਵਿੱਚ ਭਗੌੜੇ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਪੀ.ਓ. ਸਟਾਫ ਦੇ ਐਸ.ਐਚ.ਓ. ਕੁਲਵੰਤ ਸਿੰਘ ਨੇ ਦੱਸਿਆ ਕਿ ਪ੍ਰਦੀਪ ਕੁਮਾਰ ਵਾਸੀ ਸ਼ੰਕਰ ਮਿੱਲ ਰੋਡ ਮੰਡੀ ਗੋਬਿੰਦਗੜ੍ਹ ਦਾ ਲਖਵਿੰਦਰ ਸਿੰਘ ਨਾਲ ਪੈਸਿਆਂ ਦਾ ਲੈਣ-ਦੇਣ ਸੀ, ਜਿਸ ਕਰਕੇ ਪ੍ਰਦੀਪ ਕੁਮਾਰ ਨੇ ਲਖਵਿੰਦਰ ਸਿੰਘ ਖ਼ਿਲਾਫ਼ ਮਾਣਯੋਗ ਅਦਾਲਤ ਅਮਲੋਹ ਵਿੱਚ ਕੰਪਲੇਂਟ ਕੇਸ ਦਾਇਰ ਕੀਤਾ ਸੀ। ਜਿਸ ਵਿੱਚ ਅਦਾਲਤ ਨੇ 27 ਅਪ੍ਰੈਲ 2025 ਨੂੰ ਲਖਵਿੰਦਰ ਸਿੰਘ ਨੂੰ ਭਗੌੜਾ ਕਰਾਰ ਕੀਤਾ ਸੀ, ਜਿਸ 'ਤੇ ਕਾਰਵਾਈ ਕਰਦੇ ਹੋਏ ਪੀ.ਓ. ਦੀ ਪੁਲਿਸ ਨੇ ਲਖਵਿੰਦਰ ਸਿੰਘ ਨੂੰ ਗ੍ਰਿਫਤਾਰ ਕਰਕੇ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ, ਜਿੱਥੋਂ ਲਖਵਿੰਦਰ ਸਿੰਘ ਨੂੰ ਜ਼ਮਾਨਤ ਮਿਲ ਗਈ।



# ਖੇਤੀਬਾੜੀ ਵਿਭਾਗ ਨਾਲ ਸਬੰਧਤ ਸਕੀਮਾਂ ਦਾ ਲਾਭ ਲੈਣ ਲਈ ਹਰ ਕਿਸਾਨ ਨੂੰ ਫਾਰਮਰ ਆਈ.ਡੀ. ਬਣਵਾਉਣੀ ਜ਼ਰੂਰੀ: ਡੀ.ਸੀ.

ਸ੍ਰੀ ਫ਼ਤਹਿਗੜ੍ਹ ਸਾਹਿਬ, 13 ਜੂਨ (ਹਰਪ੍ਰੀਤ ਕੌਰ ਟਿਵਾਣਾ): ਐਗਰੀਸਟੈਕ ਸਕੀਮ ਅਧੀਨ ਕਿਸਾਨਾਂ ਦੀਆਂ ਆਈ.ਡੀਜ਼ ਬਣਾਉਣ ਲਈ ਵੱਧ ਤੋਂ ਵੱਧ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ ਤੇ ਭਵਿੱਖ ਵਿੱਚ ਸਰਕਾਰੀ ਸਕੀਮਾਂ ਦਾ ਲਾਭ ਲੈਣ ਲਈ ਹਰ ਕਿਸਾਨ ਨੂੰ ਆਈ.ਡੀ. ਬਣਵਾਉਣੀ ਜ਼ਰੂਰੀ ਹੈ ਤਾਂ ਜੋ ਉਹ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤੇ ਹੋਰ ਖੇਤੀਬਾੜੀ ਨਾਲ ਸਬੰਧਤ ਸਰਕਾਰੀ ਸਹੂਲਤਾਂ ਦਾ ਲਾਭ ਲੈ ਸਕਣ। ਇਹ ਹਦਾਇਤਾਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਖੇਤੀਬਾੜੀ ਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਐਗਰੀਸਟੈਕ ਸਕੀਮ ਦਾ ਰੀਵਿਊ ਮੀਟਿੰਗ ਦੌਰਾਨ ਦਿੱਤੀਆਂ। ਡਿਪਟੀ ਕਮਿਸ਼ਨਰ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਕਿਸਾਨਾਂ ਨੂੰ ਕਿਸਾਨ ਆਈ.ਡੀਜ਼ ਬਣਾਉਣ ਲਈ ਪ੍ਰੇਰਿਤ ਕਰਨ ਕਿ ਕਿਸਾਨ ਆਈ.ਡੀਜ਼ ਮੁਫ਼ਤ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਆਪਣੀ ਰਜਿਸਟ੍ਰੇਸ਼ਨ ਖੇਤੀਬਾੜੀ ਵਿਭਾਗ ਦੇ ਦਫਤਰ ਜਾਂ ਕਿਸੇ ਵੀ ਨੇੜੇ ਦੇ ਸੀ.ਐਸ.ਸੀ. ਸੈਂਟਰ 'ਤੇ ਜਾ ਕੇ ਕਰਵਾਉਣ ਤਾਂ ਜੋ ਖੇਤੀਬਾੜੀ ਨਾਲ ਸਬੰਧਤ ਸਰਕਾਰੀ ਸਕੀਮਾਂ ਦਾ ਭਵਿੱਖ ਵਿੱਚ ਲਾਭ ਲਿਆ ਜਾ ਸਕੇ। ਕਿਸਾਨ ਰਜਿਸਟ੍ਰੇਸ਼ਨ ਕਰਵਾਉਣ ਸਮੇਂ ਆਪਣਾ ਆਧਾਰ ਕਾਰਡ, ਆਧਾਰ ਕਾਰਡ ਨਾਲ ਲਿੰਕ ਮੋਬਾਇਲ ਤੇ ਜਮ੍ਹਾਂਬੰਦੀ ਨਾਲ ਲੈ ਕੇ ਜਾਣ ਤਾਂ ਜੋ ਪ੍ਰਕਿਰਿਆ ਬਿਨਾਂ ਕਿਸੇ ਰੁਕਾਵਟ ਦੇ ਮੌਕੇ 'ਤੇ ਪੂਰੀ ਕੀਤੀ ਜਾ ਸਕੇ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਜਗਦੇਵ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਲਗਭਗ 38 ਹਜ਼ਾਰ ਕਿਸਾਨਾਂ ਦੀਆਂ ਆਈ.ਡੀਜ਼ ਬਣਾਈਆਂ ਜਾਣੀਆਂ ਹਨ, ਜਿਸ ਵਿੱਚੋਂ ਹੁਣ ਤੱਕ ਲਗਭਗ 6 ਹਜ਼ਾਰ 900 ਕਿਸਾਨ ਆਪਣੀਆਂ ਆਈ.ਡੀਜ਼ ਬਣਵਾ ਚੁੱਕੇ ਹਨ। ਕਿਸਾਨਾਂ ਦੀਆਂ ਆਈ.ਡੀਜ਼ ਬਣਾਉਣ ਲਈ ਵਿਭਾਗ ਵੱਲੋਂ ਰੋਜ਼ਾਨਾ ਪਿੰਡ ਪੱਧਰੀ ਕੈਂਪ ਲਗਾਏ ਜਾ ਰਹੇ ਹਨ ਤੇ ਕਿਸਾਨਾਂ ਨੂੰ ਆਪਣੀ ਕਿਸਾਨ ਆਈ.ਡੀ. ਬਣਾਉਣ ਲਈ ਬਲਾਕ ਖੇਤੀਬਾੜੀ ਦਫਤਰ ਵਿੱਚ ਜਾਂ ਨੇੜੇ ਦੇ ਕਾਮਨ ਸਰਵਿਸ ਸੈਂਟਰ ਵਿਖੇ ਵੀ ਭੇਜਿਆ ਜਾ ਰਿਹਾ ਹੈ।



# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਨੌਜਵਾਨਾਂ ਲਈ ਮੁਫ਼ਤ ਹੁਨਰ ਵਿਕਾਸ ਵਰਕਸ਼ਾਪ

ਸ੍ਰੀ ਫਤਹਿਗੜ੍ਹ ਸਾਹਿਬ, 13 ਜੂਨ (ਹਰਪ੍ਰੀਤ ਕੌਰ ਟਿਵਾਣਾ): ਸਮਾਜਿਕ ਜ਼ਿੰਮੇਵਾਰੀ ਤੇ ਨੌਜਵਾਨਾਂ ਦੇ ਸਰਬਪੱਖੀ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਅੱਗੇ ਵਧਾਉਂਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਵੱਲੋਂ 1 ਤੋਂ 12 ਜੂਨ ਤੱਕ ਸੰਚਾਰ, ਡਿਜੀਟਲ ਹੁਨਰ ਤੇ ਨੈਤਿਕ ਅਗਵਾਈ ਵਿਸ਼ੇ ਉਤੇ ਵਰਕਸ਼ਾਪ ਕਰਵਾਈ ਗਈ। ਇਹ ਵਰਕਸ਼ਾਪ ਵਿਦਿਆਰਥੀਆਂ ਲਈ ਪੂਰੀ ਤਰ੍ਹਾਂ ਮੁਫ਼ਤ ਰੱਖੀ ਗਈ। ਅੰਗਰੇਜ਼ੀ ਵਿਭਾਗ ਵੱਲੋਂ ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਤੇ ਧਾਰਮਿਕ ਅਧਿਐਨ ਵਿਭਾਗ ਦੇ ਸਹਿਯੋਗ ਨਾਲ ਕਰਵਾਈ ਗਈ, ਇਸ ਵਰਕਸ਼ਾਪ ਵਿੱਚ ਪ੍ਰਭਾਵਸ਼ਾਲੀ ਸੰਚਾਰ, ਜਨਤਕ ਭਾਸ਼ਣ, ਡਿਜੀਟਲ ਸਾਖਰਤਾ, ਨੈਤਿਕ ਫ਼ੈਸਲਾ-ਸਮਰੱਥਾ ਤੇ ਅਗਵਾਈ ਨਾਲ ਸਬੰਧਤ ਵਿਸ਼ਿਆਂ ਉਤੇ ਵਿਹਾਰਕ ਤੇ ਭਾਗੀਦਾਰੀ ਆਧਾਰਿਤ ਸੈਸ਼ਨ ਆਯੋਜਿਤ ਕੀਤੇ ਗਏ। ਇਹ ਵਰਕਸ਼ਾਪ ਡਾ. ਅੰਕਦੀਪ ਕੌਰ ਅਟਵਾਲ, ਮੁਖੀ, ਅੰਗਰੇਜ਼ੀ ਵਿਭਾਗ, ਡਾ. ਹਰਦੇਵ ਸਿੰਘ, ਮੁਖੀ, ਧਾਰਮਿਕ ਅਧਿਐਨ ਵਿਭਾਗ ਤੇ ਡਾ. ਸਰਪ੍ਰੀਤ ਸਿੰਘ, ਮੁਖੀ, ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਦੀ ਅਗਵਾਈ ਹੇਠ ਕਰਵਾਈ ਗਈ। ਮਿਸ ਜਸਪ੍ਰੀਤ ਕੌਰ, ਸਹਾਇਕ ਪ੍ਰੋਫੈਸਰ, ਅੰਗਰੇਜ਼ੀ ਵਿਭਾਗ, ਨੇ ਵਰਕਸ਼ਾਪ ਦੇ ਕੋਆਰਡੀਨੇਟਰ ਵਜੋਂ ਸੇਵਾਵਾਂ ਨਿਭਾਈਆਂ। ਵਰਕਸ਼ਾਪ ਦੇ ਸਰੋਤ ਵਿਅਕਤੀਆਂ ਵਿੱਚ ਅੰਗਰੇਜ਼ੀ ਵਿਭਾਗ ਦੀ ਮਿਸ ਜਸਪ੍ਰੀਤ ਕੌਰ ਸ਼ਾਮਲ ਸਨ, ਜਿਨ੍ਹਾਂ ਨੇ ਸੰਚਾਰ ਹੁਨਰ, ਜਨਤਕ ਭਾਸ਼ਣ, ਪ੍ਰਭਾਵਸ਼ਾਲੀ ਮੌਖਿਕ ਤੇ ਗੈਰ-ਮੌਖਿਕ ਸੰਚਾਰ, ਪੇਸ਼ਕਾਰੀ ਕੌਸ਼ਲ ਤੇ ਆਤਮ-ਵਿਸ਼ਵਾਸ ਦੇ ਵਿਕਾਸ ਨਾਲ ਸਬੰਧਤ ਸੈਸ਼ਨ ਲਏ। ਨੈਤਿਕ ਅਗਵਾਈ ਨਾਲ ਸਬੰਧਤ ਸੈਸ਼ਨਾਂ ਲਈ ਧਾਰਮਿਕ ਅਧਿਐਨ ਵਿਭਾਗ ਦੇ ਡਾ. ਹਰਜੀਤ ਸਿੰਘ, ਡਾ. ਹਰਨੀਤ ਕੌਰ ਤੇ ਡਾ. ਅਜੈਪਾਲ ਸਿੰਘ ਨੇ ਨੈਤਿਕ ਫ਼ੈਸਲਾ ਲੈਣ ਦੀ ਸਮਰੱਥਾ, ਮਨੁੱਖੀ ਕਦਰਾਂ-ਕੀਮਤਾਂ, ਚਰਿੱਤਰ ਨਿਰਮਾਣ ਤੇ ਸਿੱਖੀ ਸਿਧਾਂਤਾਂ ਆਧਾਰਿਤ ਅਗਵਾਈ ਬਾਰੇ ਵਿਚਾਰ ਸਾਂਝੇ ਕੀਤੇ।ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ-ਚਾਂਸਲਰ, ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਨੌਜਵਾਨਾਂ ਨੂੰ ਸਮਰੱਥ, ਜ਼ਿੰਮੇਵਾਰ ਤੇ ਸੁਚੇਤ ਨਾਗਰਿਕ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।



# ਸ੍ਰੀ ਗੁਰੂ ਰਾਮਦਾਸ ਕਾਲਜ ਆਫ ਐਜੂਕੇਸ਼ਨ ਪੰਧੇਰ 'ਚ ਬੀ.ਐਡ ਲਈ ਦਾਖ਼ਲੇ ਸ਼ੁਰੂ

ਬਟਾਲਾ, 13 ਜੂਨ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਪੰਜਾਬ ਬੀ.ਐਡ. ਦਾਖਲਾ ਪ੍ਰੀਖਿਆ ਸੈਸ਼ਨ 2026-27 ਲਈ ਪ੍ਰਵੇਸ਼ ਪ੍ਰੀਖਿਆ ਦੀਆਂ ਤਰੀਕਾਂ ਦਾ ਐਲਾਨ ਕਰ ਦਿੱਤਾ ਗਿਆ ਹੈ। ਯੂਨੀਵਰਸਿਟੀ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਬੀ.ਐਡ. ਦਾਖਲਾ ਪ੍ਰਕਿਰਿਆ ਲਈ ਆਨਲਾਈਨ ਅਰਜ਼ੀਆਂ 20 ਜੂਨ 2026 ਤੋਂ ਸ਼ੁਰੂ ਹੋਣਗੀਆਂ ਤੇ ਦਾਖਲਾ ਪ੍ਰੀਖਿਆ 2 ਅਗਸਤ 2026 ਨੂੰ ਕਰਵਾਈ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਗੁਰੂ ਰਾਮਦਾਸ ਕਾਲਜ ਆਫ ਐਜੂਕੇਸ਼ਨ, ਪੰਧੇਰ, ਅੰਮ੍ਰਿਤਸਰ ਦੀ ਚੇਅਰਪਰਸਨ ਹਰਜਿੰਦਰ ਪਾਲ ਕੌਰ ਕੰਗ ਤੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਨੇ ਦੱਸਿਆ ਕਿ ਜਿਨ੍ਹਾਂ ਵਿਦਿਆਰਥੀਆਂ ਨੇ ਆਪਣੀ ਗ੍ਰੈਜੂਏਸ਼ਨ ਪੂਰੀ ਕਰ ਲਈ ਹੈ ਤੇ ਉਹ ਅਧਿਆਪਨ ਦੇ ਖੇਤਰ ਵਿੱਚ ਆਪਣਾ ਭਵਿੱਖ ਬਣਾਉਣਾ ਚਾਹੁੰਦੇ ਹਨ, ਉਹ ਬੀ.ਐਡ. ਦਾਖਲੇ ਲਈ ਜ਼ਰੂਰ ਅਪਲਾਈ ਕਰਨ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਰਾਮਦਾਸ ਕਾਲਜ ਆਫ ਐਜੂਕੇਸ਼ਨ ਪੰਧੇਰ, ਅੰਮ੍ਰਿਤਸਰ ਵਿੱਚ ਬੀ.ਐਡ. ਸੈਸ਼ਨ 2026-28 ਲਈ ਦਾਖਲੇ ਸ਼ੁਰੂ ਹੋ ਚੁੱਕੇ ਹਨ। ਕਾਲਜ ਵਿੱਚ ਕੁੱਲ 100 ਸੀਟਾਂ ਉਪਲਬਧ ਹਨ ਤੇ ਦਾਖਲੇ ਯੋਗਤਾ ਤੇ ਨਿਰਧਾਰਿਤ ਨਿਯਮਾਂ ਅਨੁਸਾਰ ਪਹਿਲਾਂ ਆਓ, ਪਹਿਲਾਂ ਪਾਓ ਦੇ ਆਧਾਰ 'ਤੇ ਕੀਤੇ ਜਾਣਗੇ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਆਪਣੀ ਰਜਿਸਟ੍ਰੇਸ਼ਨ ਕਰਵਾ ਕੇ ਇਸ ਸੁਨਹਿਰੀ ਮੌਕੇ ਦਾ ਲਾਭ ਉਠਾਉਣ। ਚੇਅਰਪਰਸਨ ਹਰਜਿੰਦਰਪਾਲ ਕੌਰ ਕੰਗ ਨੇ ਕਿਹਾ ਕਿ ਇੱਕ ਅਧਿਆਪਕ ਸਮਾਜ ਦੀ ਨੀਂਹ ਨੂੰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਬੀ.ਐਡ. ਕੋਰਸ ਵਿਦਿਆਰਥੀਆਂ ਨੂੰ ਇੱਕ ਕਾਬਲ, ਜ਼ਿੰਮੇਵਾਰ ਤੇ ਪ੍ਰਭਾਵਸ਼ਾਲੀ ਅਧਿਆਪਕ ਬਣਨ ਦਾ ਮੌਕਾ ਪ੍ਰਦਾਨ ਕਰਦਾ ਹੈ। ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਕਾਲਜ ਆਫ ਐਜੂਕੇਸ਼ਨ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਅਧਿਆਪਕ ਸਿੱਖਿਆ, ਤਜਰਬੇਕਾਰ ਫੈਕਲਟੀ ਤੇ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।



# ਜ਼ਿਲ੍ਹਾ ਰੋਜ਼ਗਾਰ ਬਿਊਰੋ ਵਿਖੇ ਲਗਾਏ ਕੈਂਪ 'ਚ ਐਚਡੀਐਫਸੀ ਬੈਂਕ ਵੱਲੋਂ 4 ਉਮੀਦਵਾਰਾਂ ਦੀ ਚੋਣ

ਸ੍ਰੀ ਫ਼ਤਹਿਗੜ੍ਹ ਸਾਹਿਬ, 13 ਜੂਨ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਸਰਵੋਤਮ ਮੌਕੇ ਪ੍ਰਦਾਨ ਕਰਨ ਦੇ ਮੰਤਵ ਨਾਲ 'ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ' ਵਿਖੇ ਇੱਕ ਵਿਸ਼ੇਸ਼ ਪਲੇਸਮੈਂਟ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਐਚਡੀਐਫਸੀ ਬੈਂਕ ਤੇ ਕੇਅਰ ਲਾਈਫ ਕੰਪਨੀ ਵੱਲੋਂ ਯੋਗ ਨੌਜਵਾਨਾਂ ਦੀ ਇੰਟਰਵਿਊ ਪ੍ਰਕਿਰਿਆ ਚਲਾਈ ਗਈ, ਜਿਸ ਵਿੱਚ ਐਚਡੀਐਫਸੀ ਬੈਂਕ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ 4 ਉਮੀਦਵਾਰਾਂ ਦੀ ਰੋਜ਼ਗਾਰ ਲਈ ਅੰਤਿਮ ਚੋਣ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਹਰਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਇਸ ਕੈਂਪ ਵਿੱਚ 12ਵੀਂ ਤੇ ਗ੍ਰੈਜੂਏਸ਼ਨ ਪਾਸ 18 ਤੋਂ 28 ਸਾਲ ਦੇ ਨੌਜਵਾਨਾਂ ਨੇ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਚੁਣੇ ਗਏ ਉਮੀਦਵਾਰਾਂ ਨੂੰ ਕੰਪਨੀ ਵੱਲੋਂ ਸਾਲਾਨਾ 4.4 ਲੱਖ ਰੁਪਏ ਤੱਕ ਦਾ ਆਕਰਸ਼ਕ ਤਨਖਾਹ ਪੈਕੇਜ ਦਿੱਤਾ ਜਾਵੇਗਾ। ਉਨ੍ਹਾਂ ਹੋਰ ਦੱਸਿਆ ਕਿ ਕੈਂਪ ਦੌਰਾਨ ਨੌਕਰੀਆਂ ਲਈ ਆਏ ਬੇਰੁਜ਼ਗਾਰ ਨੌਜਵਾਨਾਂ ਦੇ ਨਾਮ ਵੀ ਵਿਭਾਗੀ ਨਿਯਮਾਂ ਅਨੁਸਾਰ ਰੋਜ਼ਗਾਰ ਪੋਰਟਲ 'ਤੇ ਰਜਿਸਟਰ ਕੀਤੇ ਗਏ ਤਾਂ ਜੋ ਭਵਿੱਖ ਵਿੱਚ ਲੱਗਣ ਵਾਲੇ ਅਜਿਹੇ ਕੈਂਪਾਂ ਤੇ ਸਰਕਾਰੀ/ਨਿੱਜੀ ਖੇਤਰ ਦੀਆਂ ਅਸਾਮੀਆਂ ਬਾਰੇ ਉਨ੍ਹਾਂ ਨੂੰ ਸਮੇਂ ਸਿਰ ਸੂਚਿਤ ਕੀਤਾ ਜਾ ਸਕੇ।



# ਜਰਨੈਲ ਸਿੰਘ ਆਰਟਿਸਟ ਸਿਮਰਤੀ ਗ੍ਰੰਥ ' ਲੁਧਿਆਣਾ ਵਿੱਚ ਲੋਕ ਅਰਪਣ

## ਪ੍ਰੋ. ਜਗਮੋਹਨ ਸਿੰਘ, ਡਾ. ਐੱਸ.ਪੀ. ਸਿੰਘ, ਪ੍ਰੋ. ਗੁਰਭਜਨ ਸਿੰਘ ਗਿੱਲ ਤੇ ਸਾਥੀਆਂ ਨੇ ਕੀਤੀ ਘੁੰਡ ਚੁਕਾਈ



ਲੁਧਿਆਣਾ, 13 ਜੂਨ (ਵਿਸ਼ਾਲ ਸ਼ਰਮਾ) : ਵਿਸ਼ਵ ਪ੍ਰਸਿੱਧ ਪੰਜਾਬੀ ਲੋਕ ਕਲਾ ਫੁਲਕਾਰੀਆਂ ਅਤੇ ਸਿੱਖ ਇਤਿਹਾਸ ਨੂੰ ਵੱਖ ਵੱਖ ਪੇਂਟਿੰਗਜ਼ ਤੇ ਕੰਧ ਚਿੱਤਰਾਂ ਵਿੱਚ ਸੰਭਾਲਣ ਵਾਲੇ ਚਿੱਤਰਕਾਰ ਜਰਨੈਲ ਸਿੰਘ ਆਰਟਿਸਟ ਦੀ ਯਾਦ ਵਿੱਚ ਵੈਨਕੂਵਰ ਵਿਚਾਰ ਮੰਚ ਵੱਲੋਂ ਤਿਆਰ ਤੇ ਚੇਤਨਾ ਪ੍ਰਕਾਸ਼ਨ ਲੁਧਿਆਣਾ ਵੱਲੋਂ ਬਹੁਤ ਸੁੰਦਰ ਸਰੂਪ ਵਿੱਚ ਪੇਸ਼ ਪ੍ਰਕਾਸ਼ਨਾ ਨੂੰ ਉਨ੍ਹਾਂ ਦੇ ਜਨਮ ਦਿਨ ਮੌਕੇ ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਿਜ ਸਿਵਲ ਲਾਈਨਜ਼ ਲੁਧਿਆਣਾ ਵਿਖੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਡਾ. ਐਸ ਪੀ ਸਿੰਘ, ਸ਼ਹੀਦ ਏ ਆਜ਼ਮ ਭਗਤ ਸਿੰਘ ਦੇ ਭਾਣਜੇ ਪ੍ਰੋ. ਜਗਮੋਹਨ ਸਿੰਘ, ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ, ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨ ਕੌਂਸਲ ਦੇ ਆਨਰੇਰੀ ਸਕੱਤਰ ਹਰਸ਼ਰਨ ਸਿੰਘ ਨਰੂਲਾ, ਡਾ. ਲਖਵਿੰਦਰ ਜੌਹਲ, ਮਨਦੀਪ ਕੌਰ ਭਮਰਾ, ਕਾਲਿਜ ਪ੍ਰਿੰਸੀਪਲ ਡਾ. ਰਾਜਿੰਦਰ ਕੌਰ ਮਲਹੋਤਰਾ, ਪ੍ਰਕਾਸ਼ਕ ਸਤੀਸ਼ ਗੁਲਾਟੀ ਅਤੇ ਇਸ ਸਿਮਰਤੀ ਗ੍ਰੰਥ ਦੇ ਸੰਪਾਦਕੀ ਮੰਡਲ ਦੇ ਮੁਖੀ ਸ. ਜਰਨੈਲ ਸਿੰਘ ਸੇਖਾ ਦੇ ਸਪੁੱਤਰ ਨਵਨੀਤ ਸਿੰਘ ਸੇਖਾ ਨੇ ਲੋਕ ਅਰਪਣ ਕੀਤਾ।

ਇਸ ਸਿਮਰਤੀ ਗਰੰਥ ਦਾ ਸੰਪਾਦਨ ਜਰਨੈਲ ਸਿੰਘ ਸੇਖਾ, ਮੋਹਨ ਗਿੱਲ, ਹਰਦਮ ਸਿੰਘ ਮਾਨ, ਅੰਗਰੇਜ਼ ਸਿੰਘ ਬਰਾੜ ਤੇ ਜਰਨੈਲ ਸਿੰਘ ਦੀ ਬੇਟੀ ਨੀਤੀ ਸਿੰਘ ਨੇ ਕੀਤਾ ਹੈ।

ਪੰਜਾਬੀ ਲੋਕ ਵਿਰਾਸਤ ਅਕਾਦਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਜਰਨੈਲ ਸਿੰਘ ਆਰਟਿਸਟ ਬਾਰੇ ਜਾਣਕਾਰੀ ਦੇਂਦਿਆਂ ਮੀਡੀਆ ਨੂੰ ਦੱਸਿਆ ਕਿ ਜਰਨੈਲ ਸਿੰਘ ਆਰਟਿਸਟ ਨਾਲ ਮੇਰੀ ਸਾਂਝ 1983 ਵਿੱਚ ਡਾ. ਆਤਮ ਹਮਰਾਹੀ ਜੀ ਨੇ ਪੁਆਈ ਜਦ ਉਹ ਪਹਿਲੀ ਕਲਾ ਪ੍ਰਦਰਸ਼ਨੀ ਲਾਉਣ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵਿੱਚ ਆਏ। ਸਿੱਖ ਵਿਰਾਸਤ ਅਤੇ ਪੰਜਾਬੀ ਸੱਭਿਆਚਾਰ ਨੂੰ ਆਪਣੀਆਂ ਪੇਂਟਿੰਗਜ਼ ਰਾਹੀਂ ਉਹ ਉਸ ਤੋਂ ਬਾਅਦ ਦੁਨੀਆਂ ਭਰ ਵਿੱਚ ਪ੍ਰਸਿੱਧੀ ਪ੍ਰਾਪਤ ਕਰ ਗਏ। ਉਨ੍ਹਾਂ ਨੇ ਪੰਜਾਬ ਦੇ ਅਮੀਰ ਵਿਰਾਸਤੀ ਇਤਿਹਾਸ ਨੂੰ ਸੰਭਾਲਣ ਲਈ 40 ਸਾਲ ਤੋਂ ਵੱਧ ਸਮਾਂ ਗੁਜ਼ਾਰਿਆ। ਉਨ੍ਹਾਂ ਦੀ ਜੀਵਨ ਸਾਥਣ ਬਲਜੀਤ ਕੌਰ ਤੇ ਬੇਟੀ ਨੀਤੀ ਕੌਰ ਵੀ ਕਲਾ ਖੇਤਰ ਵਿੱਚ ਨਵੇਕਲੀ ਸ਼ਾਨ ਹਾਸਲ ਕੀਤੀ ਹੈ।

ਕੌਮਾਂਤਰੀ ਪ੍ਰਸਿੱਧੀ ਪ੍ਰਾਪਤ ਚਿੱਤਰਕਾਰ ਕਿਰਪਾਲ ਸਿੰਘ ਦੇ ਘਰ 12 ਜੂਨ 1956 ਨੂੰ ਜਨਮੇ ਇਸ ਕਲਾਕਾਰ ਨੇ 10 ਸਾਲ ਦੀ ਉਮਰ ਵਿੱਚ ਹੀ ਚਿੱਤਰਕਾਰੀ ਸ਼ੁਰੂ ਕਰ ਦਿੱਤੀ ਸੀ। ਉਹ ਸਾਲ 2000 ਵਿੱਚ ਭਾਰਤ ਤੋਂ ਕੈਨੇਡਾ ਚਲੇ ਗਏ ਸਨ ਅਤੇ ਸਰੀ ਵਿੱਚ ਰਹਿ ਕੇ ਆਪਣੀ ਕਲਾ ਦਾ ਪ੍ਰਕਾਸ਼ ਕਰ ਰਹੇ ਸਨ।

ਚਿੱਤਰਕਾਰੀ ਦੇ ਨਾਲ-ਨਾਲ ਉਨ੍ਹਾਂ ਨੇ ਲੇਖਕ ਵਜੋਂ ਵੀ ਕੰਮ ਪੁਸਤਕ 'ਪੰਜਾਬੀ ਚਿੱਤਰਕਾਰ' ਲਿਖੀ।

ਜਰਨੈਲ ਸਿੰਘ ਆਰਟਿਸਟ ਦੀਆਂ ਭਾਰਤ ਨਿਵਾਸ ਦੌਰਾਨ ਸਰਗਰਮੀਆਂ ਦਾ ਕੇਂਦਰ ਚੰਡੀਗੜ੍ਹ ਤੋਂ ਇਲਾਵਾ ਲੁਧਿਆਣਾ ਹੀ ਰਿਹਾ ਹੈ। ਇਸ ਕਾਲਿਜ ਤੇ ਇਸ ਦੇ ਪ੍ਰਬੰਧਕਾਂ ਨਾਲ ਜਰਨੈਲ ਸਿੰਘ ਆਰਟਿਸਟ ਦੇ ਸਬੰਧ ਬਹੁਤ ਗੂੜ੍ਹੇ ਸਨ।

ਇਸ ਸਮਾਗਮ ਵਿੱਚ ਡਾ. ਲਖਵਿੰਦਰ ਸਿੰਘ ਜੌਹਲ, ਸੁਰਿੰਦਰ ਰਾਮਪੁਰੀ, ਗੁਰਦਿਆਲ ਦਲਾਲ, ਤੇਲੂ ਰਾਮ ਕੋਹਾੜਾ, ਦੀਪ ਦਿਲਬਰ, ਰਾਜਦੀਪ ਸਿੰਘ ਤੂਰ, ਪੰਜਾਬੀ ਸਾਹਿੱਤ ਅਕਾਡਮੀ ਦੇ ਮੀਤ ਪ੍ਰਧਾਨ ਸਹਿਜਪ੍ਰੀਤ ਸਿੰਘ ਮਾਂਗਟ, ਜ਼ਿਲ੍ਹਾ ਭਾਸ਼ਾ ਅਫ਼ਸਰ ਲੁਧਿਆਣਾ ਡਾ. ਸੰਦੀਪ ਸ਼ਰਮਾ, ਲਿਖਾਰੀ ਸਭਾ ਰਾਮਪੁਰ ਦੇ ਸਾਬਕਾ ਪ੍ਰਧਾਨ, ਅਨਿਲ ਫਤਹਿਗੜ੍ਹ ਜੱਟਾਂ, ਪੰਜਾਬੀ ਸਾਹਿੱਤ ਸਭਾ ਭੈਣੀ ਸਾਹਿਬ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਤਰਨ ਸਿੰਘ ਬੱਲ, ਅਜਾਇਬ ਚਿੱਤਰਕਾਰ ਦੇ ਸਪੁੱਤਰ ਸੁਖਪਾਲ ਸਿੰਘ, ਰੀਟਾਇਰਡ ਪ੍ਰਿੰਸੀਪਲ ਪਰਮਜੀਤ ਸਿੰਘ ਗਰੇਵਾਲ, ਮਨਦੀਪ ਕੌਰ ਭਮਰਾ, ਪ੍ਰੋ. ਅਮਨਜੀਤ ਕੌਰ, ਦੀਪ ਜਗਦੀਪ ਸਿੰਘ, ਪ੍ਰੋ. ਮਨੀਸ਼ਾ ਸ਼ਰਮਾ, ਅਵਤਾਰ ਸਿੰਘ ਮੋਗਾ ਤੇ ਰਾਜਿੰਦਰ ਸਿੰਘ ਸੰਧੂ ਹਾਜ਼ਰ ਸਨ।

ਮੰਚ ਸੰਚਾਲਨ ਡਾ. ਮਨਦੀਪ ਕੌਰ ਰੰਧਾਵਾ ਨੇ ਕੀਤਾ ਜਦ ਕਿ ਆਏ ਮਹਿਮਾਨਾਂ ਤੇ ਲੇਖਕਾਂ ਦਾ ਧੰਨਵਾਦ ਕਾਲਿਜ ਪ੍ਰਿੰਸੀਪਲ ਡਾ. ਰਾਜਿੰਦਰ ਕੌਰ ਮਲਹੋਤਰਾ ਨੇ ਕੀਤਾ।

# ਐਸ.ਆਈ.ਆਰ. ਮੁਹਿੰਮ ਤਹਿਤ ਮਾਸਟਰ ਟ੍ਰੇਨਰਾਂ ਨੇ ਸਟਾਫ਼ ਨੂੰ ਦਿੱਤੀ ਸਿਖਲਾਈ



ਲੁਧਿਆਣਾ, 13 ਜੂਨ (ਵਿਸ਼ਾਲ ਸ਼ਰਮਾ): ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੋਟਰ ਸੂਚੀਆਂ ਦੀ ਸ਼ੁੱਧਤਾ ਅਤੇ ਪਾਰਦਰਸ਼ਤਾ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਮਾਸਟਰ ਟ੍ਰੇਨਰਾਂ (ਡੀ.ਐਲ.ਐਮ.ਟੀ) ਵੱਲੋਂ ਜ਼ਿਲ੍ਹੇ ਦੇ ਸਹਾਇਕ ਚੋਣ ਰਜਿਸਟਰੇਸ਼ਨ ਅਫਸਰਾਂ, ਅਸੈਂਬਲੀ ਲੈਵਲ ਮਾਸਟਰ ਟ੍ਰੇਨਰਾਂ, ਟੈਕਨੀਕਲ ਸਟਾਫ ਅਤੇ ਕਲੈਰੀਕਲ ਸਟਾਫ਼ ਨੂੰ ਅੱਜ ਸਥਾਨਕ ਬੱਚਤ ਭਵਨ ਵਿਖੇ ਵੱਖ-ਵੱਖ ਦੋ ਬੈਚ ਵਿੱਚ ਸਿਖਲਾਈ ਦਿੱਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਹਿਮਾਂਸ਼ੂ ਜੈਨ ਨੇ ਦੱਸਿਆ ਕਿ ਐਸ.ਆਈ.ਆਰ. ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਅਤੇ ਸੁਚਾਰੂ ਢੰਗ ਨਾਲ ਲਾਗੂ ਕੀਤੀ ਜਾਵੇਗੀ। ਜ਼ਿਲ੍ਹਾ ਚੋਣ ਅਫ਼ਸਰ ਜੈਨ ਨੇ ਅੱਗੇ ਦੱਸਿਆ ਕਿ ਦੋ ਰੋਜ਼ਾ ਸਿਖਲਾਈ ਪ੍ਰੋਗਰਾਮ ਤਹਿਤ ਹੁਣ ਅਗਲੀ ਟ੍ਰੇਨਿੰਗ 15 ਜੂਨ ਨੂੰ ਕਰਵਾਈ ਜਾਵੇਗੀ ਜਿਲ੍ਹਾ ਚੋਣ ਅਫਸਰ ਵਲੋਂ ਅੱਗੇ ਦੱਸਿਆ ਗਿਆ ਕਿ ਜਿਲ੍ਹਾ ਪੱਧਰੀ ਟ੍ਰੇਨਿੰਗ ਪ੍ਰਾਪਤ ਕਰਨ ਉਪਰੰਤ ਮਿਤੀ 15-20 ਜੂਨ ਦੌਰਾਨ ਹਰੇਕ ਹਲਕਾ ਪੱਧਰ 'ਤੇ ਸਮੂਹ ਬੂਥ ਲੈਵਲ ਅਫਸਰ (ਬੀ.ਐਲ.ਓਜ਼), ਸੁਪਰਵਾਈਜ਼ਰ, ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਵੱਲੋਂ ਨਿਯੁਕਤ ਕੀਤੇ ਗਏ ਬੂਥ ਲੈਵਲ ਏਜੰਟ (ਬੀ.ਐਲ.ਏ) ਨੂੰ ਐਸ.ਆਈ.ਆਰ. ਨਾਲ ਸਬੰਧਤ ਵਿਆਪਕ ਟ੍ਰੇਨਿੰਗ ਦਿੱਤੀ ਜਾਵੇਗੀ ਤਾਂ ਜੋ ਜ਼ਮੀਨੀ ਪੱਧਰ 'ਤੇ ਸੁਧਾਈ ਦੇ ਕੰਮ ਨੂੰ ਪਾਰਦਰਸ਼ੀ ਅਤੇ ਨਿਰਵਿਘਨ ਨੇਪਰੇ ਚੜ੍ਹਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਇਨ੍ਹਾਂ ਭਾਗੀਦਾਰਾਂ ਨੂੰ ਸੁਧਾਈ ਦੇ ਕੰਮ ਲਈ ਉਹਨਾਂ ਦੀ ਭੂਮਿਕਾ ਅਤੇ ਜਿੰਮੇਵਾਰੀਆਂ ਪ੍ਰਤੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਜਾ ਸਕੇ।

# ਧਾਰਮਿਕ ਗੀਤ 'ਧੰਨ ਜਿਗਰਾ' ਰਿਲੀਜ਼



ਲੁਧਿਆਣਾ, 13 ਜੂਨ (ਰਵਿੰਦਰ ਸਿੰਘ ਨਿੱਝਰ): ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਦਿੱਤੀ ਕੁਰਬਾਨੀ ਬਾਰੇ ਗਾਇਕਾ ਪ੍ਰੀਤ ਕਮਲ ਦੀ ਆਵਾਜ਼ ਵਿੱਚ ਧਾਰਮਿਕ ਗੀਤ 'ਧੰਨ ਜਿਗਰਾ' ਰਿਲੀਜ਼ ਕੀਤਾ ਗਿਆ ਹੈ। ਜੋਗੀ ਰਿਕਾਰਡਜ਼ ਵੱਲੋਂ ਰਿਲੀਜ਼ ਕੀਤੇ ਗਏ ਇਸ ਗੀਤ ਨੂੰ ਜੋਗੀ ਤਲਵੰਡੀਵਾਲਾ ਨੇ ਲਿਖਿਆ ਹੈ। ਇਸ ਦਾ ਸੰਗੀਤ ਨਾਮਵਰ ਸੰਗੀਤਕਾਰ ਅਵਤਾਰ ਧੀਮਾਨ ਨੇ ਤਿਆਰ ਕੀਤਾ ਹੈ। ਇਸ ਦੀ ਵੀਡੀਓ ਵੀ ਅਵਤਾਰ ਧੀਮਾਨ ਦੀ ਨਿਰਦੇਸ਼ਾਂ ਹੇਠ ਬਣਾਈ ਗਈ ਹੈ। ਇਸ ਗੀਤ ਦੇ ਬੋਲ ਕੁਰਬਾਨੀ ਦੇ ਕੇ ਮੁੱਲ ਤਾਰਨੇ ਸੌਖੇ ਨਹੀਂ ਹੁੰਦੇ, ਦੇਸ਼ ਕੌਮ ਲਈ ਪੁੱਤ ਵਾਰਨੇ ਸੌਖੇ ਨਹੀਂ ਹੁੰਦੇ। ਧੰਨ ਜਿਗਰਾ ਕਲਗੀਆਂ ਵਾਲੇ ਦਾ, ਧੰਨ ਜਿਗਰਾ ਬਾਜ਼ਾਂ ਵਾਲੇ ਦਾ। ਦਿਲ ਨੂੰ ਟੁੰਬਦੇ ਹਨ ਅਤੇ ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਆਪਣੇ ਸਾਹਿਬਜ਼ਾਦਿਆਂ ਨੂੰ ਦੇਸ਼ ਕੌਮ ਲਈ ਕੁਰਬਾਨ ਕਰ ਦੇਣ ਦੀ ਗਾਥਾ ਵੱਲ ਮੁੜ ਧਿਆਨ ਖਿੱਚਦੇ ਹਨ, ਜਿਸ ਨੂੰ ਕਿ ਕੋਈ ਸਿੱਖ ਕਦੇ ਵੀ ਭੁੱਲ ਨਹੀਂ ਸਕਦਾ ਅਤੇ ਰਹਿੰਦੀ ਦੁਨੀਆਂ ਤੱਕ ਚੇਤੇ ਕੀਤਾ ਜਾਂਦਾ ਰਹੇਗਾ। ਅਵਤਾਰ ਧੀਮਾਨ ਨੇ ਆਖਿਆ ਕਿ ਹਰ ਗਾਇਕ ਨੂੰ ਸਾਡੇ ਗੁਰੂਆਂ, ਪੀਰਾਂ, ਪੈਗੰਬਰਾਂ ਅਤੇ ਸ਼ਹੀਦਾਂ ਦੁਆਰਾ ਦਿੱਤੀ ਕੁਰਬਾਨੀ ਨੂੰ ਚੇਤੇ ਰੱਖਦੇ ਹੋਏ ਉਹਨਾਂ ਦੇ ਗੀਤ ਜ਼ਰੂਰ ਗਾਉਣੇ ਚਾਹੀਦੇ ਹਨ ਅਤੇ ਗੀਤਕਾਰਾਂ ਨੂੰ ਵੀ ਅਜਿਹੇ ਗੀਤਾਂ ਨੂੰ ਲਿਖ ਕੇ ਗੁਰੂ ਸਾਹਿਬਾਨਾਂ ਅਤੇ ਸ਼ਹੀਦਾਂ ਨੂੰ ਸ਼ਰਧਾ ਭੇਟ ਕਰਨੀ ਚਾਹੀਦੀ ਹੈ।

# ਸਰਕਾਰ ਦੀ ਸਿਹਤ ਕ੍ਰਾਂਤੀ, ਖੰਨਾ ਸਿਵਲ ਹਸਪਤਾਲ ਨੇ ਰਚਿਆ ਨਵਾਂ ਇਤਿਹਾਸ



ਖੰਨਾ, 13 ਜੂਨ (ਸੰਜੀਵ ਲਹਿਲ) : ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੇ ਸਾਕਾਰ ਨਤੀਜੇ ਸਰਕਾਰੀ ਹਸਪਤਾਲਾਂ ਵਿੱਚ ਸਪੱਸ਼ਟ ਤੌਰ 'ਤੇ ਨਜ਼ਰ ਆ ਰਹੇ ਹਨ। ਇਸਦੀ ਇੱਕ ਸ਼ਾਨਦਾਰ ਮਿਸਾਲ ਖੰਨਾ ਦਾ ਸਿਵਲ ਹਸਪਤਾਲ ਬਣ ਕੇ ਸਾਹਮਣੇ ਆਇਆ ਹੈ, ਜਿੱਥੇ ਸੀਨੀਅਰ ਮੈਡੀਕਲ ਅਫਸਰ (ਐੱਸ.ਐੱਮ.ਓ) ਡਾ. ਮਨਿੰਦਰ ਸਿੰਘ ਭਸੀਨ ਦੀ ਅਗਵਾਈ ਹੇਠ ਦੂਰਬੀਨ (ਲੈਪ੍ਰੋਸਕੋਪਿਕ) ਸਰਜਰੀਆਂ ਦੇ ਖੇਤਰ ਵਿੱਚ ਇੱਕ ਹੋਰ ਵੱਡੀ ਉਪਲਬਧੀ ਦਰਜ ਕੀਤੀ ਗਈ ਹੈ। ਐੱਸ.ਐੱਮ.ਓ ਡਾ. ਮਨਿੰਦਰ ਭਸੀਨ ਵੱਲੋਂ ਖੁਦ ਹੁਣ ਤੱਕ 300 ਤੋਂ ਵੱਧ ਸਫਲ ਦੂਰਬੀਨ ਸਰਜਰੀਆਂ ਕੀਤੀਆਂ ਜਾ ਚੁੱਕੀਆਂ ਹਨ, ਜਿਸ ਨਾਲ ਨਾ ਸਿਰਫ਼ ਸੈਂਕੜਿਆਂ ਮਰੀਜ਼ਾਂ ਨੂੰ ਉੱਚ ਪੱਧਰੀ ਇਲਾਜ ਮਿਲਿਆ ਹੈ, ਸਗੋਂ ਸਰਕਾਰੀ ਸਿਹਤ ਪ੍ਰਣਾਲੀ ਪ੍ਰਤੀ ਲੋਕਾਂ ਦਾ ਵਿਸ਼ਵਾਸ ਵੀ ਹੋਰ ਮਜ਼ਬੂਤ ਹੋਇਆ ਹੈ। ਦੂਰਬੀਨ ਸਰਜਰੀ ਆਧੁਨਿਕ ਮੈਡੀਕਲ ਵਿਗਿਆਨ ਦੀ ਇੱਕ ਅਜਿਹੀ ਤਕਨੀਕ ਹੈ ਜਿਸ ਵਿੱਚ ਛੋਟੇ ਚੀਰਾਂ ਰਾਹੀਂ ਆਪ੍ਰੇਸ਼ਨ ਕੀਤਾ ਜਾਂਦਾ ਹੈ। ਇਸ ਨਾਲ ਮਰੀਜ਼ ਨੂੰ ਘੱਟ ਦਰਦ ਹੁੰਦਾ ਹੈ, ਖੂਨ ਦੀ ਕਮੀ ਘੱਟ ਹੁੰਦੀ ਹੈ ਅਤੇ ਮਰੀਜ਼ ਜਲਦੀ ਸਿਹਤਯਾਬ ਹੋ ਜਾਂਦਾ ਹੈ। ਆਮ ਤੌਰ 'ਤੇ ਨਿੱਜੀ ਹਸਪਤਾਲਾਂ ਵਿੱਚ ਇਸ ਤਰ੍ਹਾਂ ਦੀ ਸਰਜਰੀ 'ਤੇ ਹਜ਼ਾਰਾਂ ਰੁਪਏ ਖਰਚ ਕਰਨੇ ਪੈਂਦੇ ਹਨ, ਪਰ ਖੰਨਾ ਦੇ ਸਿਵਲ ਹਸਪਤਾਲ ਵਿੱਚ ਇਹ ਸੇਵਾ ਪੂਰੀ ਤਰ੍ਹਾਂ ਮੁਫ਼ਤ ਮੁਹੱਈਆ ਕਰਵਾਈ ਜਾ ਰਹੀ ਹੈ। ਜਾਣਕਾਰੀ ਅਨੁਸਾਰ, ਜੇਕਰ ਇਹ 300 ਤੋਂ ਵੱਧ ਦੂਰਬੀਨ ਸਰਜਰੀਆਂ ਨਿੱਜੀ ਹਸਪਤਾਲਾਂ ਵਿੱਚ ਕਰਵਾਈਆਂ ਜਾਂਦੀਆਂ ਤਾਂ ਮਰੀਜ਼ਾਂ ਨੂੰ ਕਰੀਬ 1 ਕਰੋੜ 35 ਲੱਖ ਰੁਪਏ ਤੱਕ ਦਾ ਖਰਚਾ ਝੱਲਣਾ ਪੈਂਦਾ। ਖੰਨਾ ਦਾ ਸਿਵਲ ਹਸਪਤਾਲ ਅੱਜ ਪੰਜਾਬ ਸਰਕਾਰ ਦੀ ਸਿਹਤ ਕ੍ਰਾਂਤੀ ਦੀ ਇੱਕ ਮਜ਼ਬੂਤ ਮਿਸਾਲ ਬਣ ਕੇ ਉਭਰਿਆ ਹੈ। 300 ਤੋਂ ਵੱਧ ਦੂਰਬੀਨ ਸਰਜਰੀਆਂ ਦਾ ਅੰਕੜਾ ਸਿਰਫ਼ ਇੱਕ ਰਿਕਾਰਡ ਨਹੀਂ, ਸਗੋਂ ਇਸ ਗੱਲ ਦਾ ਸਬੂਤ ਹੈ ਕਿ ਜੇਕਰ ਇੱਛਾ ਸ਼ਕਤੀ, ਯੋਗ ਅਗਵਾਈ ਅਤੇ ਸਰਕਾਰ ਦਾ ਸਹਿਯੋਗ ਮਿਲੇ ਤਾਂ ਸਰਕਾਰੀ ਹਸਪਤਾਲ ਵੀ ਲੋਕਾਂ ਨੂੰ ਨਿੱਜੀ ਹਸਪਤਾਲਾਂ ਦੇ ਬਰਾਬਰ, ਬਲਕਿ ਕਈ ਵਾਰ ਉਸ ਤੋਂ ਵੀ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰ ਸਕਦੇ ਹਨ। ਇਸ ਮੌਕੇ ਡਾਕਟਰ ਰਾਘਵ ਅਗਰਵਾਲ, ਡਾਕਟਰ ਸ਼ੇਫਾਲੀ, ਡਾਕਟਰ ਨਵਨੀਤ ਕੌਰ, ਡਾਕਟਰ ਏਰਾਜੋਤ, ਡਾਕਟਰ ਅੰਮ੍ਰਿਤਪਾਲ ਕੌਰ, ਡਾਕਟਰ ਰਜਤ ਆਦਿ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਵਪਾਰ ਵਿੰਗ ਦੇ ਪ੍ਰਧਾਨ ਬਣਨ 'ਤੇ ਵਿਨੋਦ ਬਾਵਾ ਗੁਰੂਦਵਾਰਾ ਚਰਨ ਕਮਲ ਹੋਏ ਨਤਮਸਤਕ



ਘੁਮਾਣ/ ਸ੍ਰੀ ਹਰਗੋਬਿੰਦਪੁਰ ਸਾਹਿਬ, 13 ਜੂਨ (ਡਾ ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ) : ਬੀਤੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਦੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਵਪਾਰ ਵਿੰਗ ਦੇ ਸੂਬਾ ਪ੍ਰਧਾਨ ਐਨ.ਕੇ. ਸ਼ਰਮਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਵਪਾਰ ਵਿੰਗ ਕੀਤੀਆਂ ਗਈਆਂ ਨਿਯੁਕਤੀਆਂ ਵਿੱਚ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਦੀ ਸਿਫਾਰਸ਼ ਤੇ ਸੀਨੀਅਰ ਆਗੂ ਮਾ ਵਿਨੋਦ ਬਾਵਾ ਘੁਮਾਣ ਨੂੰ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਵਪਾਰ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਪ੍ਰਧਾਨ ਨਿਯੁਕਤ ਹੋਣ ਤੇ ਮਾ ਵਿਨੋਦ ਬਾਵਾ ਘੁਮਾਣ ਅਤੇ ਹਲਕਾ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਸਾਥੀਆਂ ਸਮੇਤ ਗੁਰੂ ਦਾ ਸ਼ੁਕਰਾਨਾ ਕਰਨ ਸ਼੍ਰੋਮਣੀ ਭਗਤ ਨਾਮਦੇਵ ਜੀ ਗੁਰੂਦੁਆਰਾ ਚਰਨ ਕਮਲ ਸਾਹਿਬ ਜੀ ਘੁਮਾਣ ਵਿਖੇ ਨਤਮਸਤਕ ਹੋਏ। ਇਸ ਮੌਕੇ ਹੈਡ ਗ੍ਰੰਥੀ ਗੁਰਦੁਆਰਾ ਚਰਨ ਕਮਲ ਸਾਹਿਬ ਜੀ ਅਤੇ ਪ੍ਰਬੰਧਕ ਕਮੇਟੀ ਵੱਲੋਂ ਨਵ ਨਿਯੁਕਤ ਪ੍ਰਧਾਨ ਵਿਨੋਦ ਬਾਵਾ ਘੁਮਾਣ ਅਤੇ ਹਲਕਾ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਵ ਨਿਯੁਕਤ ਪ੍ਰਧਾਨ ਮਾ ਵਿਨੋਦ ਬਾਵਾ ਘੁਮਾਣ ਨੇ ਕਿਹਾ ਕਿ ਗੁਰੂ ਦੀ ਅਪਾਰ ਕਿਰਪਾ ਸਦਕਾ ਮੈਨੂੰ ਸ਼੍ਰੋਮਣੀ ਅਕਾਲੀ ਦਲ ਦੇ ਵਪਾਰ ਵਿੰਗ ਦਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਵਪਾਰ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਕਰਕੇ ਮੈਂ ਗੁਰੂ ਜੀ ਦਾ ਸ਼ੁਕਰਾਨਾ ਕਰਨ ਗੁਰੂ ਘਰ ਸਾਥੀਆਂ ਸਮੇਤ ਨਤਮਸਤਕ ਹੋਣ ਅਤੇ ਗੁਰੂ ਸਾਹਿਬ ਜੀ ਅਸ਼ੀਰਵਾਦ ਲੈਣ ਗੁਰੂ ਘਰ ਪਹੁੰਚਿਆ ਇਸ ਮੌਕੇ ਯੂਥ ਵਿੰਗ ਸਰਕਲ ਘੁਮਾਣ ਦੇ ਪ੍ਰਧਾਨ ਅਮਿਤ ਬਾਵਾ , ਬਲਵਿੰਦਰ ਸਿੰਘ ਪੱਪੂ ਬਾਵਾ, ਜਗਜੀਤ ਸਿੰਘ ਬੇਦੀ, ਅਮਰਜੀਤ ਸਿੰਘ ਪੁਰਬਾ, ਜਗਤਾਰ ਸਿੰਘ ਬੇਦੀ, ਹੀਰਾ ਸਿੰਘ, ਜੋਗਾ ਸਿੰਘ ਬੇਦੀ, ਨਰਿੰਦਰ ਸਿੰਘ ਬੇਦੀ, ਤਰਲੋਕ ਨਾਥ, ਕੈਪਟਨ ਕੁਲਵਿੰਦਰ ਸਿੰਘ, ਸੰਜੋਗ ਦੀਪ ਸਿੰਘ ਘੁਮਾਣ, ਜ਼ਿਲ੍ਹਾ ਯੂਥ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਭੋਮਾ, ਰਕੇਸ਼ ਕੁਮਾਰ, ਨਰੇਸ਼ ਕੁਮਾਰ ਬੰਟੀ, ਮਲਕੀਤ ਸਿੰਘ ਗੋਲਡੀ, ਕਮਲਜੀਤ ਸਿੰਘ ਸੋਨੂੰ, ਰਣਜੀਤ ਸਿੰਘ ਜੀਤਾ, ਸੀਨੀਅਰ ਆਗੂ ਸੁਲੱਖਣ ਸਿੰਘ ਬਾਠ ਘੁਮਾਣ, ਆਸ਼ੂ ਬਾਵਾ,ਮਾ ਮਦਨ ਲਾਲ, ਮਲਕੀਤ ਸਿੰਘ ਦਕੋਹਾ, ਸਿਵ ਜ਼ਿਊਲਰ, ਅਖੀਲ, ਸੁਖਬਾਜ ਸਿੰਘ, ਮੰਨਾ ਘੁਮਾਣ, ਸ਼ਮਿੰਦਰ ਸਿੰਘ ਵਿੱਕੀ ਘੁਮਾਣ, ਅਨਿਲ ਕੁਮਾਰ ਮੰਗਾ, ਹਰਜੀਤ ਸਿੰਘ ਬੰਟੀ, ਬੇਅੰਤ ਸਿੰਘ ਆਦਿ ਹਾਜ਼ਰ ਸਨ।

# ਰਾਮਗੜ੍ਹੀਆ ਕੌਂਸਲ ਬਜ਼ੁਰਗਾਂ ਦੀਆਂ ਅਸੀਸਾਂ ਲੈ ਰਹੀ ਹੈ : ਗੋਗਾ



ਲੁਧਿਆਣਾ, 13 ਜੂਨ (ਰਵਿੰਦਰ ਸਿੰਘ ਨਿੱਝਰ): ਕੌਂਸਲਰ ਤੇ ਸਮਾਜ ਸੇਵਕ ਸੋਹਣ ਸਿੰਘ ਗੋਗਾ ਨੇ ਆਖਿਆ ਕਿ ਹਰ ਮਹੀਨੇ ਅੱਖਾਂ ਦੇ ਅਪਰੇਸ਼ਨ ਕੈਂਪ ਲਾ ਕੇ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਸੈਂਕੜੇ ਬਜ਼ੁਰਗਾਂ ਦੀਆਂ ਅਸੀਸਾਂ ਲੈ ਰਹੀ ਹੈ। ਸੰਕਰਾ ਆਈ ਹਸਪਤਾਲ ਵਿੱਚ ਇਸ ਮਹੀਨੇ 52 ਮਰੀਜ਼ਾਂ ਦੀਆਂ ਅੱਖਾਂ ਦੇ ਚਿੱਟੇ ਮੋਤੀਆ ਦੇ ਅਪਰੇਸ਼ਨ ਕੀਤੇ ਗਏ ਅਤੇ ਅਨੇਕਾਂ ਲੋਕਾਂ ਦੀਆਂ ਅੱਖਾਂ ਚੈੱਕ ਕੀਤੀਆਂ ਗਈਆਂ ਅਤੇ ਮੁਫਤ ਦਵਾਈਆਂ ਦਿੱਤੀਆਂ ਗਈਆਂ। ਡਾ ਕ੍ਰਿਸ਼ਨ ਮੁਰਾਰੀ ਦੀ ਟੀਮ ਨੇ ਸਾਰਿਆਂ ਸੇਵਾਵਾਂ ਨਿਭਾਈਆਂ। ਉਹਨਾਂ ਕਿਹਾ ਕਿ ਰਣਜੋਧ ਸਿੰਘ ਪ੍ਰਧਾਨ ਅਤੇ ਗੁਰਚਰਨ ਸਿੰਘ ਲੋਟੇ ਸਮਾਜ ਸੇਵਾ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾ ਰਹੇ ਹਨ।ਉਨ੍ਹਾਂ ਇਹ ਵੀ ਆਖਿਆ ਕਿ ਸਾਡੀ ਟੀਮ ਕੌਂਸਲ ਦੇ ਕੰਮਾਂ ਨੂੰ ਸਹਿਯੋਗ ਕਰਦੀ ਰਹੇਗੀ। ਇਸ ਮੌਕੇ ਹਰਦੀਪ ਸਿੰਘ ਹੈਰੀ, ਮਹਿੰਦਰ ਸਿੰਘ ਮਠਾੜੂ, ਕੁਲਵੰਤ ਸਿੰਘ, ਏਕਮ ਸਿੰਘ ਬਿਰਦੀ, ਅਕਾਸ਼ ਵਰਮਾ ਅਤੇ ਕਮਲਜੀਤ ਸਿੰਘ ਆਦਿ ਵੀ ਹਾਜ਼ਰ ਸਨ।

# ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ 1 ਜੁਲਾਈ ਤੋਂ ਖਾਤਿਆਂ ਵਿੱਚ ਆਉਣਗੇ ਪੈਸੇ : ਗਿਆਸਪੁਰਾ



ਖੰਨਾ/ਪਾਇਲ, 13 ਜੂਨ (ਸੰਜੀਵ ਲਹਿਲ): ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਨਮਾਨ, ਸਸ਼ਕਤੀਕਰਨ ਅਤੇ ਆਰਥਿਕ ਮਜ਼ਬੂਤੀ ਲਈ ਸ਼ੁਰੂ ਕੀਤੀ ਗਈ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ। ਇਸ ਯੋਜਨਾ ਤਹਿਤ ਅੱਜ ਪਾਇਲ ਵਿਖੇ ਰਜਿਸਟ੍ਰੇਸ਼ਨ ਸਬੰਧੀ ਟ੍ਰੇਨਿੰਗ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮਾਵਾਂ ਅਤੇ ਧੀਆਂ ਨੇ ਸ਼ਮੂਲੀਅਤ ਕਰਕੇ ਰਜਿਸਟ੍ਰੇਸ਼ਨ ਦੀ ਜਾਣਕਾਰੀ ਹਾਸਲ ਕੀਤੀ।

ਇਸ ਮੌਕੇ ਹਲਕਾ ਪਾਇਲ ਦੇ ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਲੋਕ ਭਲਾਈ ਦੀਆਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਪੰਜਾਬ ਦੀਆਂ ਮਹਿਲਾਵਾਂ ਲਈ ਇੱਕ ਇਤਿਹਾਸਕ ਪਹਿਲ ਹੈ, ਜਿਸ ਨਾਲ ਹਜ਼ਾਰਾਂ ਪਰਿਵਾਰਾਂ ਨੂੰ ਸਿੱਧਾ ਲਾਭ ਮਿਲੇਗਾ।ਵਿਧਾਇਕ ਗਿਆਸਪੁਰਾ ਨੇ ਦੱਸਿਆ ਕਿ ਸਰਕਾਰ ਵੱਲੋਂ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਆਸਾਨ ਬਣਾਇਆ ਗਿਆ ਹੈ ਤਾਂ ਜੋ ਕੋਈ ਵੀ ਯੋਗ ਮਹਿਲਾ ਇਸ ਯੋਜਨਾ ਦੇ ਲਾਭ ਤੋਂ ਵਾਂਝੀ ਨਾ ਰਹੇ। ਉਨ੍ਹਾਂ ਭਰੋਸਾ ਦਿੱਤਾ ਕਿ ਸਾਰੀਆਂ ਲੋੜੀਂਦੀਆਂ ਕਾਰਵਾਈਆਂ ਮੁਕੰਮਲ ਹੋਣ ਤੋਂ ਬਾਅਦ 1 ਜੁਲਾਈ ਤੋਂ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਰਕਮ ਆਉਣੀ ਸ਼ੁਰੂ ਹੋ ਜਾਵੇਗੀ, ਜਿਸ ਨਾਲ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਹੋਰ ਮਜ਼ਬੂਤੀ ਮਿਲੇਗੀ। ਇਲਾਕਾ ਵਾਸੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਭਲਾਈ ਸਕੀਮਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ ਅਤੇ ਮਾਵਾਂ-ਧੀਆਂ ਸਤਿਕਾਰ ਯੋਜਨਾ ਇਸ ਦਾ ਇੱਕ ਹੋਰ ਸਫਲ ਉਦਾਹਰਨ ਬਣ ਰਹੀ ਹੈ।

# ਗਿ: ਰਘਬੀਰ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਵੱਲੋਂ ਪੰਥ 'ਚੋਂ ਛੇਕ ਦੇਣਾ ਚਾਹੀਦੈ : ਬਰਾੜ



ਲੁਧਿਆਣਾ, 13 ਜੂਨ ਰਵਿੰਦਰ ਸਿੰਘ ਨਿੱਝਰ) : ਪੰਜਾਬ ਦੇ ਸਾਬਕਾ ਰਾਜ ਸੂਚਨਾ ਕਮਿਸ਼ਨਰ ਤੇ ਭਾਜਪਾ ਦੇ ਸੀਨੀਅਰ ਆਗੂ ਨਿਧੜਕ ਸਿੰਘ ਬਰਾੜ ਨੇ ਇੱਕ ਬਿਆਨ ਰਾਹੀਂ ਆਖਿਆ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਸਰਕਾਰ ਵੱਲੋਂ ਬਣਾਈ ਪੁਲਿਸ ਸਿੱਟ ਦੇ ਸਾਹਮਣੇ ਪੇਸ਼ ਹੋ ਕੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਖਿਲਾਫ ਜੋ ਬਿਆਨ ਦਿੱਤਾ ਹੈ, ਉਹ ਸਾਫ ਤੌਰ 'ਤੇ ਸਾਬਕਾ ਜਥੇਦਾਰ ਰਘਬੀਰ ਸਿੰਘ ਹੋਰਾਂ ਦੀ ਡਿੱਗੀ ਹੋਈ ਮਾਨਸਿਕਤਾ ਦਾ ਪ੍ਰਮਾਣ ਹੈ ਅਤੇ ਇਹ ਅਹਿਸਾਸ ਕਰਵਾਉਂਦਾ ਹੈ ਕਿ ਉਹ ਸਿਰਫ਼ ਨਿੱਜੀ ਕਿੜ ਕੱਢਣ ਲਈ ਸਾਰੀਆਂ ਮਾਨਤਾਵਾਂ ਨੂੰ ਛਿੱਕੇ ਟੰਗ ਕੇ ਸਰਕਾਰ ਦੀ ਝੋਲੀ ਵਿੱਚ ਬੈਠ ਚੁੱਕੇ ਹਨ। ਇਸ ਤਰ੍ਹਾਂ ਕਰਕੇ ਉਹਨਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੀਆਂ ਪ੍ਰੰਪਰਾਵਾਂ ਨੂੰ ਬਹੁਤ ਵੱਡਾ ਨੁਕਸਾਨ ਪਹੁੰਚਾਇਆ ਹੈ। ਉਹਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਦੋ ਦਸੰਬਰ ਨੂੰ ਬਹਿਬਲ ਕਲਾਂ ਗੋਲੀ ਕਾਂਡ ਉਹਨਾਂ ਦੀ ਸਰਕਾਰ ਦੇ ਕਾਲ ਦੌਰਾਨ ਵਾਪਰਨ ਦੀ ਨੈਤਿਕ ਤੇ ਰਾਜਨੀਤਿਕ ਜਿੰਮੇਵਾਰੀ ਕਬੂਲੀ ਸੀ ਨਾ ਕਿ ਕਿਸੇ ਸਾਜਿਸ਼ ਤਹਿਤ ਲੋਕਾਂ 'ਤੇ ਗੋਲੀਆਂ ਚਲਾਉਣ ਦੀ ਸਿੱਧੀ ਜਿੰਮੇਵਾਰੀ ਲਈ ਸੀ ਜਾਂ ਕੋਈ ਇਕਬਾਲੀਆ ਬਿਆਨ ਦਿੱਤਾ ਸੀ। ਸ੍ਰੀ ਅਕਾਲ ਤਖ਼ਤ 'ਤੇ ਪੇਸ਼ ਹੋ ਕੇ ਗੁਨਾਹ ਕਬੂਲਣੇ ਸਿੱਖੀ ਪ੍ਰੰਪਰਾਵਾਂ ਹਨ। ਇਹ ਮਾਨਸਿਕ ਸ਼ੁਧੀਕਰਨ ਲਈ ਕੀਤਾ ਜਾਂਦਾ ਹੈ। ਕੁਝ ਵਿਸ਼ੇਸ਼ ਕਾਰਨਾਂ ਕਰਕੇ ਜੇ ਉਹਨਾਂ ਨੂੰ ਅਹੁਦੇ ਤੋਂ ਹਟਾ ਵੀ ਦਿੱਤਾ ਗਿਆ ਸੀ ਤਾਂ ਵੀ ਉਹਨਾਂ ਨੂੰ ਸਿੱਟ ਦੇ ਅੱਗੇ ਅਜਿਹਾ ਬਿਆਨ ਨਹੀਂ ਸੀ ਦੇਣਾ ਚਾਹੀਦਾ। ਇਸ ਤਰ੍ਹਾਂ ਕਰਕੇ ਉਹਨਾਂ ਨੇ ਪੰਥ ਦੀਆਂ ਵੱਡੀਆਂ ਪਰੰਪਰਾਵਾਂ ਦਾ ਘਾਣ ਕੀਤਾ ਜਿਹਦੇ ਨਾਲ ਹਰ ਸਿੱਖ ਦਾ ਚਾਹੇ ਉਹ ਸੁਖਬੀਰ ਸਿੰਘ ਬਾਦਲ ਦਾ ਸਿਆਸੀ ਵਿਰੋਧੀ ਹੀ ਹੋਵੇ ਦਾ ਹਿਰਦਾ ਵਲੂੰਧਰਿਆ ਗਿਆ ਹੈ। ਬਰਾੜ ਨੇ ਮੰਗ ਕੀਤੀ ਕਿ ਉਹਨਾਂ ਨੂੰ ਪਰੰਪਰਾਵਾਂ ਨੂੰ ਨੁਕਸਾਨ ਪਹੁੰਚਾਉਣ ਕਰ ਕੇ ਖਾਲਸਾ ਪੰਥ ਵਿੱਚੋਂ ਛੇਕ ਦੇਣਾ ਚਾਹੀਦਾ ਹੈ।

# ਹਰਿਆਣਾ ਸਰਕਾਰ ਵੱਲੋਂ 8ਵੀਂ ਜਮਾਤ ਦੇ ਸਿਲੇਬਸ ਵਿੱਚ ਸਿੱਖ ਇਤਿਹਾਸ ਪੜ੍ਹਾਉਣਾ ਸ਼ਲਾਘਾਯੋਗ : ਟਿੱਕਾ



ਲੁਧਿਆਣਾ, 13 ਜੂਨ (ਰਵਿੰਦਰ ਸਿੰਘ ਨਿੱਝਰ) : ਪੰਜਾਬ ਭਾਜਪਾ ਦੇ ਸੀਨੀਅਰ ਆਗੂ ਤੇ ਪੰਜਾਬ ਮੀਡੀਅਮ ਉਦਯੋਗ ਵਿਕਾਸ ਬੋਰਡ ਦੇ ਸਾਬਕਾ ਚੇਅਰਮੈਨ ਅਮਰਜੀਤ ਸਿੰਘ ਟਿੱਕਾ ਨੇ ਹਰਿਆਣਾ ਦੀ ਸੈਣੀ ਸਰਕਾਰ ਵੱਲੋਂ ਹਰਿਆਣਾ 'ਚ 8ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਪੜ੍ਹਾਉਣ ਦੇ ਫੈਸਲੇ ਦਾ ਦਿਲੋਂ ਸੁਆਗਤ ਕੀਤਾ ਹੈ। ਓਹਨਾਂ ਆਖਿਆ ਕਿ ਇਸ ਨਾਲ ਸਾਡੇ ਸਿੱਖ , ਹਿੰਦੂ ਸਮਾਜ ਅਤੇ ਹੋਰ ਧਰਮਾਂ ਦੇ ਬੱਚਿਆਂ ਨੂੰ ਵੀ ਸਿੱਖ ਇਤਿਹਾਸ ਬਾਰੇ ਜਾਣਕਾਰੀ ਮਿਲੇਗੀ ਅਤੇ ਇਸ ਫੈਸਲੇ ਲਈ ਟਿੱਕਾ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਓਹਨਾਂ ਦੇ ਨਿਵਾਸ ਸਥਾਨ ਪੁੱਜ ਕੇ ਧੰਨਵਾਦ ਕੀਤਾ ਹੈ। ਏਥੇ ਜਿਕਰ ਯੋਗ ਹੈ ਕਿ ਸੈਣੀ ਸਰਕਾਰ ਨੇ ਪਹਿਲਾਂ ਵੀ ਸਿੱਖ ਸਮਾਜ ਦੀਆਂ ਕਈ ਮੰਗਾਂ ਮੰਨ ਕੇ ਸਿੱਖ ਧਰਮ ਅਤੇ ਸਮਾਜ ਪ੍ਰਤੀ ਆਪਣਾ ਆਦਰ ਸਤਿਕਾਰ ਅਤੇ ਸਨੇਹ ਪ੍ਰਗਟ ਕੀਤਾ ਹੈ।

# ਬੰਗਾਲ ਵਿੱਚ ਈ.ਵੀ.ਐਮ. ਸੜਨ ਦੇ ਮਾਮਲੇ ਦੀ ਉੱਚ ਪੱਧਰੀ ਜਾਂਚ ਹੋਵੇ : ਡਾ ਸ਼ਰਮਾ, ਬਹਾਦਰ



ਲੁਧਿਆਣਾ, 13 ਜੂਨ (ਰਵਿੰਦਰ ਸਿੰਘ ਨਿੱਝਰ): ਸੀਨੀਅਰ ਕਾਂਗਰਸੀ ਨੇਤਾਵਾਂ ਡਾ ਓਂਕਾਰ ਚੰਦ ਸ਼ਰਮਾ ਅਤੇ ਬਹਾਦਰ ਸਿੰਘ ਰਿਆਇਤ ਨੇ ਆਖਿਆ ਹੈ ਕਿ ਪੱਛਮੀ ਬੰਗਾਲ ਵਿੱਚ ਇੱਕ ਸਰਕਾਰੀ ਇਮਾਰਤ ਵਿੱਚ ਅੱਗ ਲੱਗਣ ਨਾਲ 4000 ਦੇ ਕਰੀਬ ਈਵੀਐਮ ਮਸ਼ੀਨਾਂ ਦਾ ਸੜਨਾ ਬੇਹੱਦ ਦੁਖਦਾਈ ਗੱਲ ਹੈ। ਉਹਨਾਂ ਆਖਿਆ ਕਿ ਇਸ ਪਿੱਛੇ ਕੋਈ ਸਾਜ਼ਿਸ਼ ਵੀ ਹੋ ਸਕਦੀ ਹੈ ਜਿਸ ਤੋਂ ਪਰਦਾ ਤਾਂ ਹੀ ਚੁੱਕਿਆ ਜਾ ਸਕੇਗਾ, ਜੇਕਰ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਹੋਵੇ। ਉਹਨਾਂ ਆਖਿਆ ਕਿ ਇੱਕ ਪਾਸੇ ਤਾਂ ਪੱਛਮੀ ਬੰਗਾਲ ਵਿੱਚ ਹੋਈਆਂ ਚੋਣਾਂ ਨੂੰ ਲੈ ਕੇ ਕਈ ਵਿਵਾਦ ਪੂਰਨ ਗੱਲਾਂ ਸੁਣਨ ਨੂੰ ਮਿਲ ਰਹੀਆਂ ਹਨ ਅਤੇ ਹੁਣ ਮਸ਼ੀਨਾਂ ਦਾ ਸੜ ਜਾਣਾ ਕੁਝ ਨਵੇਂ ਸਵਾਲ ਖੜ੍ਹੇ ਕਰਦਾ ਹੈ।ਉਹਨਾਂ ਆਖਿਆ ਕਿ ਲੋਕਤੰਤਰ ਵਿੱਚ ਲਾਪਰਵਾਹੀ ਦੀ ਕੋਈ ਥਾਂ ਨਹੀਂ ਹੁੰਦੀ ਅਤੇ ਹੁਣ ਲੋਕਾਂ ਦੁਆਰਾ ਪੁੱਛੇ ਜਾਂਦੇ ਸਵਾਲਾਂ ਦਾ ਜਵਾਬ ਚੋਣ ਕਮਿਸ਼ਨ ਜਾਂ ਪੱਛਮੀ ਬੰਗਾਲ ਦੀ ਮੌਜੂਦਾ ਸਰਕਾਰ ਨੂੰ ਇੱਕ ਨਾ ਇੱਕ ਦਿਨ ਦੇਣਾ ਹੀ ਪਵੇਗਾ।ਉਹਨਾਂ ਆਖਿਆ ਕਿ ਸਰਕਾਰ ਦੱਸੇ ਕਿ ਅੱਗ ਕਿਉਂ ਲੱਗੀ ਸੁਰੱਖਿਆ ਵਿੱਚ ਕੀ ਕੀ ਕਮੀਆਂ ਸਨ ਅਤੇ ਇਮਾਰਤ ਦੀ ਉਸ ਉੱਪਰਲੀ ਮੰਜ਼ਿਲ ਜਿਸ ਵਿੱਚ ਮਸ਼ੀਨਾਂ ਪਈਆਂ ਸਨ, ਉੱਥੇ ਤੱਕ ਅੱਗ ਕਿਵੇਂ ਪਹੁੰਚੀ? ਉਹਨਾਂ ਕਿਹਾ ਕਿ ਸਰਕਾਰ ਅਤੇ ਚੋਣ ਕਮਿਸ਼ਨ ਦੱਸਣ ਕਿ ਇਸ ਦੇ ਲਈ ਕੌਣ ਜਿੰਮੇਵਾਰ ਹੈ ਅਤੇ ਇਸ ਮਾਮਲੇ ਦੀ ਸੁਤੰਤਰ ਅਤੇ ਉੱਚ ਪੱਧਰੀ ਜਾਂਚ ਬੇਹੱਦ ਜਰੂਰੀ ਹੈ ਤਾਂ ਕਿ ਸੱਚ ਸਾਹਮਣੇ ਆ ਸਕੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ 'ਤੇ ਕਾਬੂ ਪਾਇਆ ਜਾ ਸਕੇ।

# ਸੂਬੇ ਵਿੱਚ ਅਜਿਹੀ ਸਰਕਾਰ ਬਣੇ ਜੋ ਨਿੱਜੀ ਫਾਇਦੇ ਤੋਂ ਉੱਪਰ ਉੱਠ ਕੇ ਪੰਜਾਬ ਬਾਰੇ ਸੋਚੇ : ਮਨੀਸ਼ ਤਿਵਾੜੀ



ਲੁਧਿਆਣਾ, 13 ਜੂਨ (ਕਰਨੈਲ ਸਿੰਘ ਐੱਮ.ਏ.): ਸਾਬਕਾ ਕੇਂਦਰੀ ਮੰਤਰੀ ਅਤੇ ਚੰਡੀਗੜ੍ਹ ਤੋਂ ਲੋਕ ਸਭਾ ਮੈਂਬਰ ਮਨੀਸ਼ ਤਿਵਾੜੀ ਨੇ ਕਿਹਾ ਕਿ ਸੂਬੇ ਵਿੱਚ ਅਗਲੀ ਵਾਰ ਅਜਿਹੀ ਸਰਕਾਰ ਬਣੇ, ਜੋ ਆਪਣੇ ਨਿੱਜੀ ਫਾਇਦੇ ਤੋਂ ਉੱਪਰ ਉੱਠ ਕੇ ਪੰਜਾਬ ਦੇ ਬਾਰੇ ਸੋਚੇ। ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਪਹਿਲਵਾਨ ਦੇ ਘਰ ਵਿਸ਼ੇਸ਼ ਮੁਲਾਕਾਤ ਲਈ ਪਹੁੰਚੇ ਐਮ ਪੀ ਮਨੀਸ਼ ਤਿਵਾੜੀ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਜਾਬ ਦੇ ਸਾਹਮਣੇ ਕਈ ਗੰਭੀਰ ਚੁਣੌਤੀਆਂ ਹਨ। ਆਪ ਸਰਕਾਰ ਨੇ ਪੰਜਾਬ ਤੇ 4.47 ਲੱਖ ਕਰੋੜ ਰੁਪਏ ਦਾ ਕਰਜ਼ਾ ਚੜ੍ਹਾ ਦਿੱਤਾ ਹੈ। ਸਰਕਾਰ ਨੂੰ ਪਿਛਲੇ ਕਰਜ਼ੇ ਦਾ ਵਿਆਜ਼ ਚੁਕਾਉਣ ਲਈ ਵੀ ਕਰਜ਼ਾ ਹੀ ਲੈਣਾ ਪੈਂਦਾ ਹੈ। ਸੂਬੇ ਦੇ 84 ਫੀਸਦੀ ਕਿਸਾਨਾਂ ਕੋਲ ਢਾਈ ਤੋਂ ਤਿੰਨ ਏਕੜ ਜ਼ਮੀਨ ਹੀ ਬਚੀ ਹੈ। 1980 ਤੋਂ ਹੁਣ ਤੱਕ ਧਰਤੀ ਦਾ ਭੂਜਲ ਪੱਧਰ 20 ਮੀਟਰ ਤੱਕ ਹੇਠਾਂ ਡਿੱਗ ਚੁੱਕਾ ਹੈ। ਆਇਲੈਟਸ ਦਾ ਕੰਮ ਵੀ ਬੰਦ ਹੋ ਗਿਆ ਹੈ, ਕਿਓਂਕਿ ਕਈ ਦੇਸ਼ਾਂ ਨੇ ਨਿਯਮ ਐਨੇ ਸਖ਼ਤ ਕਰ ਦਿੱਤੇ ਹਨ ਕਿ ਓਥੇ ਜਾਣਾ ਅਤੇ ਸਰਵਾਈਵ ਕਰਨਾ ਮੁਸ਼ਕਿਲ ਹੋ ਗਿਆ ਹੈ। ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਖਰਾਬ ਹੋ ਚੁੱਕੀ ਹੈ। ਪਾਕਿਸਤਾਨ ਦੀ ਦਖਲਅੰਦਾਜ਼ੀ ਸੀਮਾ ਪਾਰ ਤੋਂ ਆਉਣ ਵਾਲੇ ਡਰੋਨ ਅਤੇ ਲਗਾਤਾਰ ਵਧ ਰਿਹਾ ਨਸ਼ਾ ਪੰਜਾਬ ਲਈ ਵੱਡੀਆਂ ਚੁਨੌਤੀਆਂ ਹਨ। ਇਸ ਕਰਕੇ ਪੰਜਾਬ ਨੂੰ ਇਸ ਵੇਲੇ ਅਜਿਹੀ ਸਰਕਾਰ ਦੀ ਲੋੜ ਹੈ, ਜਿਸਦੇ ਸਾਹਮਣੇ ਪੰਜਾਬ ਨੂੰ ਮੁੜ ਵਿਕਾਸ ਦੀ ਲੀਹਾਂ ਤੇ ਲਿਆਉਣਾ ਮੁੱਖ ਏਜੰਡਾ ਹੋਵੇ। ਉਹਨਾਂ ਕਿਹਾ ਕਿ ਪਿਛਲੇ ਸਾਲਾਂ ਵਿੱਚ ਪੰਜਾਬ ਵਿੱਚ ਕੋਈ ਨਵੀਂ ਇੰਡਸਟਰੀ ਨਹੀਂ ਲੱਗੀ। ਜਦਕਿ ਗੁਜਰਾਤ, ਮਹਾਂਰਾਸ਼ਟਰ ਤੇ ਕਰਨਾਟਕ ਵਰਗੇ ਰਾਜਾਂ ਵਿੱਚ ਇੰਡਸਟਰੀ ਲਗਾਤਾਰ ਵਧ ਰਹੀ ਹੈ। ਪੰਜਾਬ ਵਿੱਚ ਅਜਿਹੀ ਸੂਝਵਾਨ ਸਰਕਾਰ ਆਉਣੀ ਚਾਹੀਦੀ ਹੈ, ਜੋ 60 ਮਹੀਨਿਆਂ ਵਿੱਚ ਸੂਬੇ ਨੂੰ ਵਿਕਾਸ ਦੀਆਂ ਲੀਹਾਂ ਤੇ ਲੈ ਆਵੇ। ਮਨੀਸ਼ ਤਿਵਾੜੀ ਨੇ ਕਿਹਾ ਕਿ ਸਰਕਾਰਾਂ ਆਉਂਦੀਆਂ ਜਾਂਦੀਆਂ ਰਹਿੰਦੀਆਂ ਹਨ, ਪਰ ਜੇਕਰ ਉਹਨਾਂ ਦੀ ਸੋਚ ਵਿਕਾਸਪੱਖੀ ਨਹੀਂ ਹੈ ਤਾਂ ਸਰਕਾਰ ਬਦਲਣ ਦਾ ਕੋਈ ਲਾਭ ਨਹੀਂ ਹੈ। ਪੰਜਾਬ ਨੂੰ ਕਾਂਗਰਸ ਦੀ ਮਜ਼ਬੂਤ ਸਰਕਾਰ ਦੀ ਲੋੜ ਹੈ ਤਾਂ ਜੋ ਪੰਜਾਬ ਫਿਰ ਤੋਂ ਰੰਗਲਾ ਪੰਜਾਬ ਬਣ ਸਕੇ।

**ਹਲਕਾ ਪੂਰਬੀ ਵਿੱਚ ਬਹੁਤ ਕੰਮ ਕਰਨ ਦੀ ਲੋੜ ਹੈ : ਗੁਰਮੇਲ ਪਹਿਲਵਾਨ**

ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਪਹਿਲਵਾਨ ਨੇ ਕਿਹਾ ਕਿ ਹਲਕਾ ਪੂਰਬੀ ਵਿੱਚ ਬਹੁਤ ਕੰਮ ਕਰਨ ਦੀ ਲੋੜ ਹੈ। ਇਸ ਵੇਲੇ ਰਜਿਸਟਰੀਆਂ ਦਾ ਕੰਮ ਪੂਰੀ ਤਰ੍ਹਾਂ ਠੱਪ ਪਿਆ ਹੈ। ਵਪਾਰੀਆਂ ਤੇ ਉਦਯੋਗਪਤੀਆਂ ਨੂੰ ਗੈਂਗਸਟਰਾਂ ਦੇ ਫਿਰੌਤੀਆਂ ਲਈ ਫੋਨ ਆ ਰਹੇ ਹਨ। ਇੱਥੋਂ ਤੱਕ ਕਿ 'ਆਪ' ਦੇ ਵੱਡੇ ਆਗੂਆਂ ਨੂੰ ਵੀ ਅਜਿਹੇ ਹੀ ਫੋਨ ਆ ਰਹੇ ਹਨ। ਹਲਕਾ ਪੂਰਬੀ ਵਿਕਾਸ ਦੇ ਮਾਮਲੇ ਵਿੱਚ ਬਹੁਤ ਪਿੱਛੇ ਹਨ। ਉਹਨਾਂ ਕਿਹਾ ਕਿ ਉਹ ਲਗਾਤਾਰ ਹਲਕਾ ਪੂਰਬੀ ਵਿੱਚ ਕੰਮ ਕਰ ਰਹੇ ਹਨ। ਲੋਕ ਚਾਹੁੰਦੇ ਹਨ ਕਿ ਪੰਜਾਬ ਵਿੱਚ ਹੁਣ ਕਾਂਗਰਸ ਦੀ ਸਰਕਾਰ ਬਣੇ। ਤਾਂ ਜੋ ਪੰਜਾਬ ਫਿਰ ਤੋਂ ਵਿਕਾਸ ਦੀਆਂ ਲੀਹਾਂ 'ਤੇ ਚੜ੍ਹ ਸਕੇ। ਉਹਨਾਂ ਕਿਹਾ ਕਿ ਉਹ ਲੰਬੇ ਸਮੇਂ ਤੋਂ ਰਾਹੋਂ ਰੋਡ ਦੀ ਖਸਤਾ ਹਾਲਤ ਦੀ ਲੜਾਈ ਲੜ ਰਹੇ ਹਨ, ਪਰ ਸਰਕਾਰ ਦੇ ਕੰਨਾਂ ਤੇ ਜੂੰ ਨਹੀਂ ਰੇਂਗ ਰਹੀ।

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਲੜੀਵਾਰ ਕੀਰਤਨ ਸਮਾਗਮ



ਲੁਧਿਆਣਾ, 13 ਜੂਨ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿਖੇ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਕੀਰਤਨ ਲੜੀ ਜੋ ਕਿ 9 ਮਈ ਤੋਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਗੁਰੂ ਘਰ ਦੀ ਇਸਤ੍ਰੀ ਸਤਿਸੰਗ ਸਭਾ ਵੱਲੋਂ ਚਲਾਈ ਜਾ ਰਹੀ ਹੈ। ਉਸ ਵਿੱਚ ਸੰਗਤਾਂ ਦਾ ਭਰਪੂਰ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋ ਕੇ ਹਾਜ਼ਰੀਆਂ ਭਰ ਰਹੀਆਂ ਹਨ। ਇਸ ਲੜੀ ਦੇ ਚੱਲਦਿਆਂ ਅੱਜ 36ਵੇਂ ਦਿਨ 13 ਜੂਨ ਦਿਨ ਸ਼ਨੀਵਾਰ ਨੂੰ ਗੁਰੂ ਘਰ ਵਿਖੇ ਕੀਰਤਨ ਦੀ ਲੜੀ ਦੇ ਤਹਿਤ ਕੀਰਤਨ ਸਮਾਗਮ ਕੀਤੇ ਗਏ, ਜਿਨ੍ਹਾਂ ਵਿੱਚ ਬੀਬੀ ਦਵਿੰਦਰ ਕੌਰ, ਬੀਬੀ ਸਿਮਰਨ ਕੌਰ, ਬੀਬੀ ਰਵਿੰਦਰ ਕੌਰ, ਅੰਮ੍ਰਿਤਪਾਲ ਕੌਰ, ਕੁਲਜੀਤ ਕੌਰ, ਬੀਬੀ ਜਸਪਾਲ ਕੌਰ ਮਖੀਜਾ, ਸੁਰਿੰਦਰ ਕੌਰ ਢੱਲ, ਅਮਨ ਨੇ ਸਬਦ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਬਾਅਦ ਵਿੱਚ ਬੀਬੀ ਦਵਿੰਦਰ ਕੌਰ ਅਤੇ ਰਵਿੰਦਰ ਕੌਰ ਕਾਲੜਾ ਨੇ ਅਨੰਦ ਸਾਹਿਬ ਦੇ ਪਾਠ ਦੀ ਸੇਵਾ ਨਿਭਾਈ। ਭਾਰੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ ਅਤੇ ਕੀਰਤਨ ਦਾ ਅਨੰਦ ਮਾਣਿਆ। ਅਰਦਾਸ ਉਪਰੰਤ ਗੁਰੂ ਕਾ ਲੰਗਰ ਅਤੇ ਚਾਹ ਦੇ ਲੰਗਰ ਅਤੁੱਟ ਵਰਤਾਏ ਗਏ। ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਆਈਆਂ ਸਾਰੀਆਂ ਇਸਤ੍ਰੀ ਸਤਿਸੰਗ ਦੀਆਂ ਬੀਬੀਆਂ ਦਾ ਧੰਨਵਾਦ ਕੀਤਾ। ਸੰਗਤਾਂ ਵਿੱਚ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਬੀਬੀ ਦਵਿੰਦਰ ਕੌਰ, ਅੰਮ੍ਰਿਤਪਾਲ ਕੌਰ, ਬੀਬੀ ਸਿਮਰਨ ਕੌਰ, ਕੁਲਜੀਤ ਕੌਰ, ਕਰਮਜੀਤ ਕੌਰ, ਮਨਜੀਤ ਕੌਰ ਚੱਗਰ, ਜਸਪਾਲ ਕੌਰ ਮਖੀਜਾ, ਰਵਿੰਦਰ ਕੌਰ ਢੱਲ, ਸਰਬਜੀਤ ਕੌਰ ਬੇਦੀ, ਰਵਿੰਦਰ ਕੌਰ ਰਹੈਜਾ, ਬੀਬੀ ਨਿਰਮਲ ਕੌਰ ਪਾਇਲ, ਜਸਵਿੰਦਰ ਕੌਰ ਪਾਇਲ, ਰਵਿੰਦਰ ਕੌਰ, ਬਲਵਿੰਦਰ ਕੌਰ ਬੱਤਰਾ, ਕਮਲਪ੍ਰੀਤ ਕੌਰ, ਤਮਨਦੀਪ ਕੌਰ, ਸਿਮਰਦੀਪ ਕੌਰ ਪਾਇਲ ਹਾਜ਼ਰ ਸਨ।

# ਅੱਠਵੀਂ, ਨੌਵੀਂ ਅਤੇ ਦਸਵੀਂ ਜਮਾਤ ਦੀ ਰਜਿਸਟਰੇਸ਼ਨ 15 ਅਗਸਤ ਤੱਕ ਕੀਤੀ ਜਾਵੇ : ਆਜ਼ਾਦ



ਲੁਧਿਆਣਾ, 13 ਜੂਨ (ਕਰਨੈਲ ਸਿੰਘ ਐੱਮ.ਏ.) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ, ਨੌਵੀਂ ਅਤੇ ਦਸਵੀਂ ਜਮਾਤ ਲਈ ਰਜਿਸਟਰੇਸ਼ਨ ਦੀ ਮਿਤੀ 10 ਜੁਲਾਈ ਰੱਖੀ ਹੋਈ ਹੈ। ਇਸ ਵਾਰ ਵਿਦਿਆਰਥੀਆਂ ਨੂੰ ਡਿਜੀਟਲ ਜਨਮ ਸਰਟੀਫਿਕੇਟ ਨਾਲ ਅਪਲੋਡ ਕਰਨਾ ਜ਼ਰੂਰੀ ਲਿਖਿਆ ਹੈ। ਪਰ ਇਸ ਸਮੇਂ ਸਕੂਲਾਂ 'ਚ ਛੁੱਟੀਆਂ ਚੱਲ ਰਹੀਆਂ ਹਨ, ਜਿਸ ਕਾਰਨ ਸਕੂਲ ਮੁਖੀਆਂ ਵੱਲੋਂ ਬੱਚਿਆਂ ਨੂੰ ਡਿਜੀਟਲ ਸਰਟੀਫਿਕੇਟ ਲਿਆਉਣ ਲਈ ਕਿਹਾ ਜਾ ਰਿਹਾ ਹੈ। ਜੋ ਮਾਪਿਆਂ ਲਈ ਪਰੇਸ਼ਾਨੀ ਦਾ ਕਾਰਨ ਬਣਦੇ ਹਨ ਕਿਉਂਕਿ ਕਈ ਬੱਚੇ ਆਪਣੇ ਰਿਸ਼ਤੇਦਾਰਾਂ ਦੇ ਗਏ ਹੋਏ ਹਨ। ਇਸ ਤੋਂ ਇਲਾਵਾ ਕਈਆਂ ਕੋਲ ਇਹ ਡਿਜੀਟਲ ਸਰਟੀਫਿਕੇਟ ਨਹੀਂ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਹਿਊਮਨ ਰਾਈਟਸ ਕੌਂਸਲ ਦੇ ਕੌਮੀ ਪ੍ਰਧਾਨ ਆਸਾ ਸਿੰਘ ਆਜ਼ਾਦ ਨੇ ਪੱਤਰਕਾਰਾਂ ਨਾਲ ਸਾਂਝਾ ਕੀਤਾ। ਉਹਨਾਂ ਕਿਹਾ ਕਿ ਹੈਰਾਨੀ ਇਸ ਗੱਲ ਦੀ ਹੈ ਕਿ ਇੱਕ ਪਾਸੇ ਬੋਰਡ ਨੇ ਦਾਖਲਾ ਮਿਤੀ 15 ਅਗਸਤ 2026 ਰੱਖੀ ਹੋਈ ਹੈ। ਸੋ ਜੇਕਰ ਕਿਸੇ ਵਿਦਿਆਰਥੀ ਨੇ ਪਹਿਲੀ ਅਗਸਤ ਨੂੰ ਦਾਖਲਾ ਲਿਆ ਤਾਂ ਉਸ ਦੀ ਰਜਿਸਟਰੇਸ਼ਨ ਕਿਵੇਂ ਜਾਵੇਗੀ। ਇਸ ਸੰਬੰਧੀ ਇੱਕ ਮਾਤਾ ਸੀਤਾ ਰਾਣੀ ਨੇ ਦੱਸਿਆ ਕਿ ਬੋਰਡ ਰਜਿਸਟਰੇਸ਼ਨ ਦੀ ਮਿਤੀ ਵੀ 15 ਅਗਸਤ ਕਰੇ। ਕਿਉਂਕਿ ਬੱਚੇ ਆਪਣਾ ਰਿਕਾਰਡ ਚੰਗੀ ਤਰ੍ਹਾਂ ਦਰਜ ਕਰਾ ਸਕਣਗੇ। ਜਿਸ ਕਾਰਨ ਬੱਚਿਆਂ ਦੀ ਰਜਿਸਟਰੇਸ਼ਨ ਕਰਨੀ ਮੁਸ਼ਕਲ ਹੋ ਰਹੀ ਹੈ। ਆਜਾਦ ਨੇ ਕਿਹਾ ਕਿ ਬੋਰਡ ਇਹ ਮਿਤੀ 20 ਅਗਸਤ ਕਰੇ ਤਾਂ ਜੋ ਬੱਚਿਆਂ ਦਾ ਡਾਟਾ ਸਹੀ ਤਰੀਕੇ ਭਰਿਆ ਜਾ ਸਕੇ। ਇੱਕ ਸਕੂਲ ਦੀ ਕੰਪਿਊਟਰ ਟੀਚਰ ਨੇ ਆਪਣਾ ਨਾਂ ਲੈਣ ਦੀ ਸੂਰਤ ਵਿੱਚ ਦੱਸਿਆ ਕਿ ਬੱਚਿਆਂ ਦਾ ਅੱਠਵੀਂ, ਨੌਵੀਂ ਦਸਵੀਂ ਦਾ ਡਾਟਾ ਬਹੁਤ ਧਿਆਨ ਨਾਲ ਭਰਨਾ ਪੈਂਦਾ ਹੈ ਕਿਉਂਕਿ ਦਸਵੀਂ ਦਾ ਸਰਟੀਫਿਕੇਟ ਸਾਰੀ ਉਮਰ ਬੱਚੇ ਦੇ ਕੰਮ ਆਉਂਦਾ ਹੈ। ਸੋ ਇਹ ਕੰਮ ਜਲਦੀ ਵਾਲਾ ਨਹੀਂ, ਬੋਰਡ ਇਸ ਲਈ ਅਗਸਤ ਮਹੀਨਾ ਪੂਰਾ ਸਕੂਲਾਂ ਨੂੰ ਦੇਵੇ ਤਾਂ ਜੋ ਬੱਚਿਆਂ ਦਾ ਰਿਕਾਰਡ ਸਹੀ ਤਰ੍ਹਾਂ ਭਰਿਆ ਜਾ ਸਕੇ।

## ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
**In The Court of Sh. Palwinder Singh**
**Additional Civil Judge (Senior Division), Ajnala**
CNR No.PBASA0-000447-2026
Next Date: 21.07.2026
Harjinder Singh etc
Versus
General Public
Notice to: General Public:- General Public

In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 21.07.2026 at 10:00 am. For details logon to https://highcourtchd.gov.in/?trs=district_notice&district=Amritsar
Dated this day of 21-05-2026
**Sd/- Additional Civil Judge (Senior Division), Ajnala**

---

(U/o 5 Rule 20 CPC)
**In The Court of Sh. Pritpal Singh Principal Judge Family Court, Gurdaspur**
CNR No.PBGD01-008115-2025
Next Date: 21.07.2026
GW/48/2025
Amandeep Kaur
Versus
Jaspreet Kaur
Notice to: General Public:- General Public

In above titled case the defendant(s)/respondent(s) could not be served. It is ordered that the defendant(s)/respondent(s) should appear in person or through counsel on **21.**07.2026 at 10:00 A.M.
For details logon to https://highcourtchd.gov.in/?mod=district_notice&district=Gurdaspur
Dated this day of 02-05-2026
**Sd/- Principal Judge Family Court, Gurdaspur**

---

**In The Court of Ms. Lavleen Sandhu**
**Judicial Magistrate First Class-3, Moga**
CNR No. PBMO03-007826-2023
Next Date:- 27-07-2026
**Nact/1196/2023**
Kashmir Chand
Versus
Amrinder Singh
Notice to: Amrinder Singh Spouse:- Gurpreet Singh Baddo Patti, Village Lopon, Tehsil And District Moga

In above titled case the accused could not be served. It is ordered that the accused should appear in person or through counsel on **27.**07.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 09-06-2026
**Sd/- Judicial Magistrate First Class-3, Moga**

---

(U/o 5 Rule 20 CPC)
**In The Court of Ms. Tarandeep Kaur**
**Civil Judge (Junior Division),**
CNR No. PBSB02-000140-2026
Next Date:- 22-07-2026
Punjab National Bank
Versus
Raj Kumar
Suit for reccovery
Notice to: Raj Kumar Son-Sital Ram Resident Of House No. 89 Vpo Langroya Tehsil Nawanshahr District Sbs Nagar

In above titled case the defendant(s)/respondent(s) could not be served. It is ordered that the defendant(s)/respondent(s) should appear in person or through counsel on 22.07.2026 at 10:00 A.M.
For details logon to https://highcourtchd.gov.in/?mod=district_notice&district=sbsnagar
Dated this day of 11-06-2026
**Sd/- Civil Judge (Junior Division),**

---

(U/o 5 Rule 20 CPC)
**In The Court of Ms. Riffi Bhatti Civil Judge (Junior Division), Jagraon**
CNR No:-PBLDB0-001334-2023
Next Date: 22.07.2026
Nirmal Singh @Nimma
Versus
Kuldeep Singh
Notice to: 1. Kuldeep Singh S/O Late Nachhatar Singh R/O H No.675, Street No.8, Block 1x, Mohalla Ajit Nagar, Tehsil Jagraon, Distt Ludhiana 2. Charan Singh S/O Late Nachhatar Singh R/O Mohalla Ajit Nagar, Tehsil Jagraon, Distt Ludhiana

In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **22.**07.2026 at 10:00 A.M.
For details logon to https://highcourtchd.gov.in/?mod=district_notice&district=ludhianacourt
Dated, this day of 08-06-2026
**Sd/- Civil Judge (Junior Division), Jagraon**

---

(U/o 5 Rule 20 CPC)
**In The Court of Sh. Hem Amrit Mahi**
**Civil Judge (Senior Division), Gurdaspur**
CNR No. PBGD02-000627-2026
Next Date:- 20-07-2026
SUCC/9/2026
Mangal Dev
Versus
General Public
Notice to: General Public

In above titled case the defendant(s)/respondent(s) could not be served. It is ordered that the defendant(s)/respondent(s) should appear in person or through counsel on 20.07.2026 at 10:00 A.M.
For details logon to https://highcourtchd.gov.in/?mod=district_notice&district=Gurdaspur
Dated this day of 20-05-2026
**Sd/- Civil Judge (Senior Division), Gurdaspur**

---

(U/o 5 Rule 20 CPC)
**In The Court of Sh. Ranjeev Pal Singh Cheema**
**Additional District and Sessions Judge, Gurdaspur**
CNR No. PBGD01-001968-2021
Next Date:- 20-07-2026
Urmila Devi
Versus
Shashi Kumar
Notice to: 2. Deepak Kumar Son::-Raj Kumar R/O Village Ratangarh, Tehsil And District .Pathankot (Owner Of The Motorcycle Bearing Number PB-58-B-1855)

In above titled case the defendant(s)/respondent(s) could not be served. It is ordered that the defendant(s)/respondent(s) should appear in person or through counsel on 20.07.2026 at 10:00 A.M.
For details logon to https://highcourtchd.gov.in/?mod=district_notice&district=Gurdaspur
Dated this day of 08-06-2026
**Sd/- Additional District and Sessions Judge, Gurdaspur**

---

(U/o 5 Rule 20 CPC)
**In The Court of Ms. Ramandeep Neetu**
**Additional Civil Judge (Senior Division), Mukerian**
CNR No.PBHOC0-000336-2026
Next Date: 20.07.2026
CS-243-2026
Sukhwinder Singh S/O Sarwan Dass S/O Ujjar Singh R/O Village Theh Barnala Po Bhagran Tehsil Mukerian Through His Nathrural Gurdian(Father) Sarwan Dass S/O Ujjar Singh R/O Village Theh Barnala Po Bhagran Tehsil Mukerian District Hoshiarpur
Versus
General Public
Suit For Declaration
Notice to: General Public:- General Public

In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 20.07.2026 at 10:00 am. For details logon to https://highcourtchd.gov.in/?mod=district_notice&district=Hoshiarpur
Dated this day of 09-06-2026
**Sd/- Additional Civil Judge (Senior Division), Mukerian**

### ਕੰਨਿਆ ਦੀ ਲੋੜ

ਰਵਿਦਾਸੀਆ ਸਿੱਖ ਬੀਟੈਕ (1993) 5' 7" ਕਨੇਡਾ ਪੀਆਰ ਪਿਤਾ ਆਰਮੀ 'ਚੋਂ ਰਿਟਾਇਰਡ ਲੜਕੇ ਲਈ ਸੁੰਦਰ, ਪੜ੍ਹੀ-ਲਿਖੀ ਬੀਐਸਸੀ ਨਰਸਿੰਗ ਕੰਨਿਆ ਦੀ ਲੋੜ ਹੈ। ਬਰਨਾਲਾ, ਲੁਧਿਆਣਾ ਨੂੰ ਪਹਿਲ, ਸੰਪਰਕ 98157-65087,90600-98000


# ਸਿੱਖਾਂ ਨੂੰ ਸੜਕਾਂ 'ਤੇ ਉਤਰਨ ਲਈ ਮਜਬੂਰ ਨਾ ਕਰੋ : ਬਾਬਾ ਨਿਧਾਨ ਸਿੰਘ



ਜਥੇਦਾਰ. ਡਾ. ਲੱਖਬੀਰ ਸਿੰਘ ਜਥੇਦਾਰ. ਮੌਨਿਦਰ ਸਿੰਘ ਜਥੇਦਾਰ. ਅਮਰਜੀਤ ਸਿੰਘ

ਆਦਮਪੁਰ, 13 ਜੂਨ (ਅਮਰਜੀਤ ਸਿੰਘ ਸੈਣੀ): ਫਾਜ਼ਿਲਕਾ ਮਹਾਰਾਸ਼ਟਰ ਵਿੱਚ ਹੋ ਰਹੇ ਸਿੱਖਾਂ 'ਤੇ ਅੱਤਿਆਚਾਰ ਸਬੰਧੀ ਸੰਤ ਬਾਬਾ ਨਿਧਾਨ ਸਿੰਘ ਨੇ ਕਿਹਾ ਕਿ ਪੰਜ ਹੱਥਾਂ ਜੱਥੇਬੰਦੀ ਵੱਲੋਂ ਕੀਤੇ ਜਾ ਰਹੇ ਸ਼ਲਾਘਾਯੋਗ ਕਾਰਜਾਂ ਨੂੰ ਦੇਖਦਿਆਂ ਮਹਾਰਾਸ਼ਟਰ ਵਿੱਚ ਸਿੱਖਾਂ ਵਿਰੁੱਧ ਹੋ ਰਹੇ ਅੱਤਿਆਚਾਰਾਂ ਦਾ ਮਾਮਲਾ ਸਾਹਮਣੇ ਆਇਆ ਹੈ। ਜੱਥੇਬੰਦੀ ਦੇ ਜਥੇਦਾਰ ਡਾ. ਲਖਬੀਰ ਸਿੰਘ ਚੱਬੇਵਾਲ ਨੇ ਕਿਹਾ ਕਿ ਮੀਡੀਆ ਰਿਪੋਰਟਾਂ ਮੁਤਾਬਕ ਮਹਾਰਾਸ਼ਟਰ ਵਿੱਚ ਸਿੱਖਾਂ ਦੇ ਸ਼ਸਤਰਾਂ ਨੂੰ ਮੋਹਰਾ ਬਣਾ ਕੇ ਉਹਨਾਂ ਉੱਤੇ ਝੂਠੇ ਕੇਸ ਦਰਜ ਕੀਤੇ ਜਾ ਰਹੇ ਹਨ।ਉਹਨਾਂ ਕਿਹਾ ਅੱਜ ਤੱਕ ਇਤਿਹਾਸ ਵਿੱਚ ਅਜਿਹਾ ਨਹੀਂ ਹੋਇਆ ਕਿ ਸਿੱਖਾਂ ਦੇ ਪੰਜ ਕਕਾਰਾਂ 'ਤੇ ਸਰੇਆਮ ਹਮਲੇ ਕੀਤੇ ਗਏ ਹੋਣ। ਪਰ ਮਹਾਰਾਸ਼ਟਰ ਵਿੱਚ ਸਿੱਖ ਵੀਰਾਂ ਨੂੰ ਰੋਜ਼ਗਾਰ ਤੋਂ ਵਾਂਝੇ ਕੀਤਾ ਜਾ ਰਿਹਾ ਹੈ, ਭੈਣਾਂ ਨਾਲ ਬਦਸਲੂਕੀ ਹੋ ਰਹੀ ਹੈ ਅਤੇ ਸਿੱਖਾਂ ਦੀਆਂ ਧੀਆਂ-ਭੈਣਾਂ ਦੀ ਬੇਅਦਬੀ ਕੀਤੀ ਜਾ ਰਹੀ ਹੈ। ਇੱਥੋਂ ਤੱਕ ਕਿ ਸਿੱਖਾਂ ਨੂੰ ਜ਼ਬਰਦਸਤੀ ਹਿੰਦੂ-ਮੁਸਲਮਾਨ ਬਣਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਡਾ. ਲਖਬੀਰ ਸਿੰਘ ਚੱਬੇਵਾਲ ਨੇ ਸਮੂਹ ਸਿੱਖ ਜੱਥੇਬੰਦੀਆਂ ਨੂੰ ਅਪੀਲ ਕੀਤੀ ਕਿ ਇੱਕਜੁੱਟ ਹੋ ਕੇ ਸਿੱਖਾਂ ਅਤੇ ਪੰਜ ਕਕਾਰਾਂ ਦੀ ਰਾਖੀ ਕੀਤੀ ਜਾਵੇ। ਉਹਨਾਂ ਦਮਦਮੀ ਟਕਸਾਲ ਦੇ ਜਥੇਦਾਰ ਬਾਬਾ ਹਰਨਾਮ ਸਿੰਘ ਧੁਮਾਂ ਨੂੰ ਕਿਹਾ ਕਿ ਮਹਾਰਾਸ਼ਟਰ ਇਲੈਕਸ਼ਨ ਸਮੇਂ ਉਹਨਾਂ ਨੇ ਬੀ.ਜੇ.ਪੀ. ਨੂੰ ਜਿਤਾਉਣ ਲਈ ਲੈਟਰ ਜਾਰੀ ਕੀਤੇ ਸਨ, ਤਾਂ ਜੋ ਲੋਕਾਂ ਨੂੰ ਸਰਕਾਰੀ ਸਹਾਇਤਾ ਮਿਲੇ, ਪਰ ਹੁਣ ਸਿੱਖਾਂ 'ਤੇ ਹੋ ਰਹੇ ਅੱਤਿਆਚਾਰਾਂ 'ਤੇ ਅੱਗੇ ਆਉਣ। ਉਹਨਾਂ ਕਿਹਾ ਕੇ 84 ਦੇ ਘੱਲੂਘਾਰੇ ਦੇ ਪ੍ਰੋਗਰਾਮ ਵਿੱਚ ਬੀ.ਜੇ.ਪੀ.ਦੇ ਖ਼ਾਸ ਲੀਡਰ ਨੂੰ ਬੁਲਾਇਆ ਗਿਆ, ਪਰ ਅੱਜ ਸਿੱਖ ਵੀਰ-ਭੈਣਾਂ 'ਤੇ ਹੋ ਰਹੇ ਹਮਲਿਆਂ ਦਾ ਉਹਨਾਂ ਨੂੰ ਕੋਈ ਦੁੱਖ ਨਹੀਂ। ਬਾਬਾ ਹਰਨਾਮ ਸਿੰਘ ਨੂੰ ਬੇਨਤੀ ਹੈ ਕਿ ਦਮਦਮੀ ਟਕਸਾਲ ਸਿੱਖਾਂ ਦੀ ਰਾਖੀ ਲਈ ਅੱਗੇ ਆਉਣ। ਇਸ ਮੌਕੇ 'ਤੇ ਡਾ: ਲਖਬੀਰ ਸਿੰਘ ਚੱਬੇਵਾਲ ਨੇ ਬੀ.ਜੇ.ਪੀ. ਸਰਕਾਰ ਦੀਆਂ ਗਲਤ ਨੀਤੀਆਂ ਦਾ ਸਖ਼ਤ ਵਿਰੋਧ ਕਰਦੇ ਹੋਏ ਕਿਹਾ ਕਿ ਜੇਕਰ ਇਹਨਾਂ ਘਟਨਾਵਾਂ ਨੂੰ ਜਲਦ ਨੱਥ ਨਾ ਪਾਈ ਗਈ ਤਾਂ ਸਿੱਖ ਭਾਈਚਾਰੇ ਨੂੰ ਸੜਕਾਂ 'ਤੇ ਉੱਤਰ ਕੇ ਰੋਸ ਪ੍ਰਗਟ ਕਰਨਾ ਪਵੇਗਾ। ਉਨ੍ਹਾਂ ਨੇ ਸਿੱਖ ਬੀਬੀਆਂ ਨੂੰ ਵੀ ਇੱਕਜੁੱਟ ਹੋਣ ਦੀ ਅਪੀਲ ਕੀਤੀ ਹੈ।

ਇਸ ਮੌਕੇ ਸੰਤ ਬਾਬਾ ਨਿਧਾਨ ਸਿੰਘ, ਡਾ. ਲਖਬੀਰ ਸਿੰਘ ਚੱਬੇਵਾਲ, ਸਰਦਾਰ ਮਨਿੰਦਰ ਸਿੰਘ ਖ਼ਾਲਸਾ ਅਤੇ ਭਾਈ ਅਮਰਜੀਤ ਸਿੰਘ ਆਲਮ ਨੇ ਮੰਗ ਕੀਤੀ ਹੈ ਕਿ ਮਹਾਰਾਸ਼ਟਰ ਵਿੱਚ ਸਿੱਖਾਂ 'ਤੇ ਹੋ ਰਹੇ ਅੱਤਿਆਚਾਰਾਂ ਨੂੰ ਤੁਰੰਤ ਰੋਕਿਆ ਜਾਵੇ ਅਤੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ।

# ਪੰਥਕ ਕਹਾਉਣ ਵਾਲਿਆਂ ਨੇ ਹੀ ਪੰਥ ਦਾ ਨੁਕਸਾਨ ਕੀਤਾ: ਮਾਸਟਰ ਕੁਲਦੀਪ ਸਿੰਘ ਮਸੀਤੀ



ਟਾਂਡਾ ਉੜਮੁੜ, 13 ਜੂਨ (ਅਰਜੁਨ ਜੈਨ):ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਫਗਵਾੜਾ ਵਿੱਚ ਕੀਤੇ ਜਾ ਰਹੇ ਬੇਗਮਪੁਰਾ ਲਹਿਰ ਖਾਲਸਾ ਪੰਥਕ ਇਕੱਠ ਵਿੱਚ ਟਾਂਡਾ ਤੋਂ ਪਾਰਟੀ ਵਰਕਰਾਂ ਦਾ ਇੱਕ ਜਥਾ ਭਾਗ ਲੈਣ ਲਈ ਰਵਾਨਾ ਹੋਇਆ।ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਤੇ ਪਾਰਟੀ ਦੇ ਸੀਨੀਅਰ ਆਗੂ ਮਾਸਟਰ ਕੁਲਦੀਪ ਸਿੰਘ ਮਸੀਤੀ ਦੀ ਅਗਵਾਈ ਵਿੱਚ ਰਵਾਨਾ ਹੋਏ ਜਥੇ ਵਿੱਚ ਕਾ ਟਾਂਡਾ ਦੇ ਵੱਖ ਵੱਖ ਪਿੰਡਾਂ ਤੋਂ ਪਾਰਟੀ ਵਰਕਰ ਸ਼ਾਮਿਲ ਹੋਏ ਇਸ ਮੌਕੇ ਮਾਸਟਰ ਕੁਲਦੀਪ ਸਿੰਘ ਮਸੀਤੀ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਥਕ ਅਖਵਾਉਣ ਵਾਲਿਆਂ ਨੇ ਹੀ ਹੁਣ ਤੱਕ ਪੰਥ ਦਾ ਨੁਕਸਾਨ ਕੀਤਾ ਹੈ ਜਿਸ ਕਾਰਨ ਅੱਜ ਸਿੱਖਾਂ ਵਿੱਚ ਬਹੁਤ ਵੱਡੀ ਪੱਧਰ 'ਤੇ ਬਖੇਰਵੇਂ ਪੈ ਚੁੱਕੇ ਹਨ।

ਇਸ ਮੌਕੇ ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸਰਪ੍ਰਸਤ ਪ੍ਰਧਾਨ ਸਾਬਕਾ ਸੰਸਦ ਮੈਂਬਰ ਸਿਮਰਜੀਤ ਸਿੰਘ ਮਾਨ, ਪਾਰਟੀ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਇਮਾਨ ਸਿੰਘ ਮਾਨ ਤੇ ਪਾਰਟੀ ਦੇ ਜਨਰਲ ਸਕੱਤਰ ਡਾ. ਹਰਜਿੰਦਰ ਸਿੰਘ ਜੱਖੂ ਦੀ ਸੋਚ ਸਦਕਾ ਕੀਤਾ ਜਾ ਰਿਹਾ ਬੇਗਮਪੁਰਾ ਪੰਥਕ ਇਕੱਠ ਪੰਥ ਨੂੰ ਇੱਕ ਪਲੇਟਫਾਰਮ 'ਤੇ ਇਕੱਠਿਆ ਕਰਨ ਲਈ ਸਾਰਥਕ ਸਾਬਤ ਹੋਵੇਗਾ। ਇਸ ਮੌਕੇ ਉਨ੍ਹਾਂ ਨੇ ਹੋਰ ਕਿਹਾ ਕਿ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੇ ਸਰਕਾਰ ਦੇ ਕਾਰਜਕਾਲ ਜਿੱਥੇ ਪੰਜਾਬ ਅੰਦਰ ਬੇਰੁਜ਼ਗਾਰੀ ਤੇ ਨਸ਼ਾਖੋਰੀ ਵਿੱਚ ਵਾਧਾ ਹੋਇਆ ਹੈ, ਉੱਥੇ ਹੀ ਨਿਤ ਦਿਨ ਵਾਪਰ ਰਹੀਆਂ ਅਪਰਾਧਿਕ ਘਟਨਾਵਾਂ ਨੇ ਪੰਜਾਬ ਦੀ ਕਾਨੂੰਨ ਵਿਵਸਥਾ 'ਤੇ ਵੀ ਵੱਡਾ ਸਵਲ ਖੜਾ ਕੀਤਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਕਲ ਪ੍ਰਧਾਨ ਜਸਵੰਤ ਸਿੰਘ ਫੌਜੀ, ਦਲਜੀਤ ਸਿੰਘ ,ਬਲਵੀਰ ਸਿੰਘ, ਪ੍ਰਿੰਸੀਪਾਲ ਸਿੰਘ, ਹਰਜਿੰਦਰ ਸਿੰਘ ਫੌਜੀ, ਬਲਵਿੰਦਰ ਸਿੰਘ ਰਣਜੀਤ ਸਿੰਘ, ਦਰਸ਼ਨ ਸਿੰਘ, ਸਰਪੰਚ ਸਤਨਾਮ ਸਿੰਘ, ਜਗਦੀਸ ਸਿੰਘ ਚੌਟਾਲਾ, ਬਲਵੰਤ ਸਿੰਘ, ਜਰਨੈਲ ਸਿੰਘ,ਬਲਵਿੰਦਰ ਸਿੰਘ ਜਹੂਰਾ, ਮਨਜੀਤ ਸਿੰਘ, ਬਲਜੀਤ ਸਿੰਘ, ਗੁਰਨੇਕ ਸਿੰਘ ਵੀ ਹਾਜਰ ਸਨ।

# ਧਾਰੀਵਾਲ ਪੁਲਿਸ ਵੱਲੋਂ 30 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਵਿਅਕਤੀ ਗ੍ਰਿਫ਼ਤਾਰ

ਧਾਰੀਵਾਲ 13 ਜੂਨ (ਅਸ਼ੋਕ ਕੁਮਾਰ) ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਤਹਿਤ ਗੁਰਦਾਸਪੁਰ ਪੁਲਿਸ ਨੂੰ ਨਸ਼ਾ ਤਸਕਰੀ ਖ਼ਿਲਾਫ਼ ਕਾਰਵਾਈ ਦੌਰਾਨ ਇੱਕ ਹੋਰ ਸਫਲਤਾ ਮਿਲੀ ਹੈ। ਸੀਨੀਅਰ ਅਧਿਕਾਰੀਆਂ ਦੇ ਦਿਸ਼ਾ-ਨਿਰਦੇਸ਼ਾਂ ਤੇ ਥਾਣਾ ਧਾਰੀਵਾਲ ਦੀ ਪੁਲਿਸ ਨੇ ਹੈਪੀ ਕੁਮਾਰ ਉਰਫ਼ ਅੰਕਿਤ ਨੂੰ ਗ੍ਰਿਫਤਾਰ ਕਰਕੇ ਉਸ ਦੇ ਕਬਜ਼ੇ ਵਿਚੋਂ 30 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ।



ਪੁਲਿਸ ਵੱਲੋਂ ਦੋਸ਼ੀ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 22, 61 ਅਤੇ 85 ਤਹਿਤ ਥਾਣਾ ਧਾਰੀਵਾਲ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪੁਲਿਸ ਇਹ ਵੀ ਪਤਾ ਲਗਾ ਰਹੀ ਹੈ ਕਿ ਦੋਸ਼ੀ ਨਸ਼ੀਲੇ ਪਦਾਰਥ ਕਿੱਥੋਂ ਲਿਆਉਂਦਾ ਸੀ ਅਤੇ ਇਸ ਕਾਰੋਬਾਰ ਨਾਲ ਹੋਰ ਕੌਣ-ਕੌਣ ਜੁੜਿਆ ਹੋਇਆ ਹੈ। ਇਸ ਮੌਕੇ ਸ੍ਰੀ ਆਦਿੱਤਿਆ, ਆਈ.ਪੀ.ਐਸ., ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਾ ਤਸਕਰਾਂ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਬਾਰੇ ਜਾਣਕਾਰੀ ਤੁਰੰਤ ਪੁਲਿਸ ਨਾਲ ਸਾਂਝੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਪੁਲਿਸ ਨਸ਼ਿਆਂ ਦੇ ਖਾਤਮੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਦੋ ਦਿਨ ਬਾਅਦ ਕਿਸਾਨਾਂ ਨੂੰ ਬਿਜਲੀ ਪੂਰੀ ਦੇਵਾਂਗੇ. ਇੰਜਨੀਅਰ



ਭੋਗਪੁਰ.ਆਦਮਪੁਰ 13 ਜੂਨ (ਅਮਰਜੀਤ ਸਿੰਘ ਸੈਣੀ): ਭੋਗਪੁਰ ਕਿਸਾਨ ਜਥੇਬੰਦੀਆਂ ਨੇ ਬਿਜਲੀ ਸਪਲਾਈ ਤੋਂ ਦੁਖੀ ਹੋ ਕੇ ਅੱਜ ਭੋਗਪੁਰ ਵਿਖੇ ਪਾਵਰ ਕਾਮ ਕਾਰਪੋਰੇਸ਼ਨ ਲਿਮ: ਕਾਰਜਕਾਰੀ ਇੰਜੀਨੀਅਰ ਦੇ ਦਫਤਰ ਮੂਹਰੇ ਧਰਨਾ ਮਾਰਿਆ ਅਤੇ ਜਮ ਕੇ ਮੁਰਦਾਬਾਦ ਕੀਤੀ,ਆਗੂਆਂ ਨੇ ਕਿਹਾ ਕਿ ਰਾਜਪੁਰ ਫੀਡਰ ਨਾਲ ਲੱਗਦੇ ਪਿੰਡ.ਪਤਿਆਲਾਂ ਬੜਚੂਹੀ.ਟਾਂਡੀ ਹੋਰ ਵੀ ਪਿੰਡ ਹਨ ਪਿਛਲੇ 6 ਦਿਨਾਂ ਤੋਂ ਮੋਟਰਾਂ ਦੀ ਬੱਤੀ ਨਹੀਂ ਛੱਡੀ ਗਈ.ਜਿਸ ਕਾਰਨ ਫਸਲਾਂ ਸੁੱਕ ਰਹੀਆਂ ਹਨ .ਆਗੂਆਂ ਨੇ ਕਿਹਾ ਕੇ ਕਈ ਵਾਰ ਜੇਈ ਜਾਂ ਐਸਡੀਓ ਅਫੀਸਰਾਂ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਪਰ ਸਾਡੇ ਫੋਨ ਨਹੀਂ ਉਠਾਏ ਗਏ.ਜਿਸ ਕਰਕੇ ਅੱਜ ਮਜਬੂਰਨ ਧਰਨਾ ਮਾਰਨਾ ਪਿਆ ਹੈ, ਇਸ ਦੇ ਸਬੰਧ ਵਿੱਚ ਕਾਰਜਕਾਰੀ ਇੰਜੀਨੀਅਰ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਕਿਹਾ ਹਨੇਰੀ ਤੂਫਾਨ ਆਉਣ ਕਰਕੇ ਥੋੜੀ ਜਿਹੀ ਮੁਸ਼ਕਲ ਪਈ ਹੈ ਦੋ ਦਿਨ ਤੱਕ ਬਿਜਲੀ ਦੀ ਸਪਲਾਈ ਪਿੰਡਾਂ ਵਿੱਚ ਪੂਰੀ ਦਿੱਤੀ ਜਾਵੇਗੀ ਇਸ ਮੌਕੇ ਤੇ ਕਿਸਾਨ ਜਥੇਬੰਦੀਆਂ ਦੇ ਆਗੂ.ਵੱਖ ਵੱਖ ਪਿੰਡਾਂ ਤੋਂ ਮਜੂਦ ਸਨ।

# ਅਕਾਲੀ ਦਲ ਵੱਲੋਂ ਐਸ.ਸੀ ਵਿੰਗ ਦੇ 85 ਵੱਖ—ਵੱਖ ਵਿਧਾਨ ਸਭਾ ਹਲਕਿਆਂ ਦੇ ਹਲਕਾ ਪ੍ਰਧਾਨਾਂ ਦਾ ਐਲਾਨ



ਚੰਡੀਗੜ੍ਹ, 13 ਜੂਨ (ਚ.ਨ.ਸ.):ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਐਸ.ਸੀ ਵਿੰਗ ਦੇ ਪ੍ਰਧਾਨ ਤੇ ਸਾਬਕਾ ਕੈਬਨਿਟ ਮੰਤਰੀ ਗੁਲਜਾਰ ਸਿੰਘ ਰਾਣੀਕੇ ਤੇ ਵੱਖ-ਵੱਖ ਵਿਧਾਨ ਸਭਾ ਦੇ ਹਲਕਾ ਇੰਚਾਰਜ਼ਾਂ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ ਐਸ.ਸੀ ਵਿੰਗ ਦੇ 85 ਵੱਖ—ਵੱਖ ਵਿਧਾਨ ਸਭਾ ਹਲਕਿਆਂ ਦੇ ਹਲਕਾ ਪ੍ਰਧਾਨਾਂ ਦਾ ਐਲਾਨ ਕਰ ਦਿੱਤਾ।

ਅੱਜ ਪਾਰਟੀ ਦੇ ਮੁੱਖ ਦਫਤਰ ਤੋਂ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਪਾਰਟੀ ਦੇ ਐਸ.ਸੀ ਵਿੰਗ ਨਾਲ ਸਬੰਧਤ ਮਿਹਨਤੀ ਅਤੇ ਜੁਝਾਰੂ ਆਗੂਆਂ ਨੂੰ ਵੱਖ—ਵੱਖ 85 ਵਿਧਾਨ ਸਭਾ ਹਲਕਿਆਂ ਦਾ ਹਲਕਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਜਿਹੜੇ ਮਿਹਨਤੀ ਆਗੂਆਂ ਨੂੰ ਐਸ.ਸੀ ਵਿੰਗ ਦੇ ਵੱਖ—ਵੱਖ ਹਲਕਿਆਂ ਦਾ ਹਲਕਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਉਹਨਾਂ ਵਿੱਚ ਹਲਕਾ ਅਟਾਰੀ (ਐਸ.ਸੀ) ਬਲਦੇਵ ਸਿੰਘ ਖੈਰਾਬਾਦ, ਹਲਕਾ ਬਾਬਾ ਬਕਾਲਾ (ਐਸ.ਸੀ) ਤਰਸੇਮ ਸਿੰਘ ਕਾਲੇਕੇ, ਹਲਕਾ ਜੰਡਿਆਲਾ ਗੁਰੂ (ਐਸ.ਸੀ) ਕੈਪਟਨ ਨਰੰਜਨ ਸਿੰਘ ਵਡਾਲਾ ਜੌਹਲ, ਹਲਕਾ ਅੰਮ੍ਰਿਤਸਰ ਪੱਛਮੀ(ਐਸ.ਸੀ) ਸੰਦੀਪ ਸਿੰਘ ਗੁੰਮਟਾਲਾ, ਹਲਕਾ ਬਠਿੰਡਾ (ਸ਼ਹਿਰੀ) ਹਰਪ੍ਰੀਤ ਸਿੰਘ ਹੈਪੀ, ਹਲਕਾ ਰਾਮਪੁਰਾ ਫੂਲ ਬੇਅੰਤ ਸਿੰਘ ਮਹਿਰਾਜ, ਹਲਕਾ ਮੌੜ ਰਾਜਪਾਲ ਸਿੰਘ ਜੇਠੂਕੇ, ਹਲਕਾ ਭੁੱਚੋ (ਐਸ.ਸੀ) ਹਰਪਾਲ ਸਿੰਘ ਕਲਿਆਣ, ਹਲਕਾ ਭਦੌੜ (ਐਸ.ਸੀ) ਧੰਨਾ ਸਿੰਘ ਪੱਖੋ ਕਲਾਂ, ਹਲਕਾ ਬਰਨਾਲਾ ਬਿੰਦਰੀ ਕੁਮਾਰ ਨਾਨਕਪੁਰ ਬੱਸਤੀ, ਹਲਕਾ ਮਹਿਲ ਕਲਾਂ (ਐਸ.ਸੀ) ਜਗਸੀਰ ਸਿੰਘ ਗਹਿਲ, ਹਲਕਾ ਫਿਰੋਜ਼ਪੁਰ (ਸ਼ਹਿਰੀ) ਮਨੋਹਰ ਲਾਲ ਗਿਲਕੋ ਵੈਲੀ, ਹਲਕਾ ਫਿਰੋਜ਼ਪੁਰ ਦਿਹਾਤੀ (ਐਸ.ਸੀ) ਡਾ. ਜਸਵੰਤ ਸਿੰਘ ਵਾਹਗੇਵਾਲਾ, ਹਲਕਾ ਗੁਰੂਹਰਿਸਹਾਏ ਹਰਬੰਸ ਸਿੰਘ ਕੇਸਰ ਸਿੰਘ ਵਾਲਾ, ਹਲਕਾ ਜ਼ੀਰਾ ਹਰਜਿੰਦਰ ਸਿੰਘ ਅਕਬਰਵਾਲ, ਹਲਕਾ ਕੋਟਕਪੂਰਾ ਸ. ਸੁਖਦੇਵ ਸਿੰਘ ਸੰਧਵਾਂ, ਹਲਕਾ ਜੈਤੋ (ਐਸ ਸੀ) ਸ ਗੁਰਚਰਨ ਸਿੰਘ ਜੈਤੋ, ਹਲਕਾ ਜਲਾਲਾਬਾਦ ਸ. ਮੰਗਤ ਸਿੰਘ ਢਾਣੀ ਚਰਾਗੇ, ਹਲਕਾ ਬੱਲੂਆਣਾ (ਐਸ.ਸੀ) ਸ. ਕੇਵਲ ਸਿੰਘ ਢਾਬਾ ਕੋਕਰੀਆਂ, ਹਲਕਾ ਸ਼੍ਰੀ ਫਤਿਹਗੜ੍ਹ ਸਾਹਿਬ ਸ. ਦਵਿੰਦਰ ਸਿੰਘ ਬਹਿਲੋਲਪੁਰ, ਹਲਕਾ ਬੱਸੀ ਪਠਾਣਾ (ਐਸ.ਸੀ) ਸ਼੍ਰੀ ਫਕੀਰ ਚੰਦ ਜਟਾਣਾ ਉੱਚਾ, ਹਲਕਾ ਗੁਰਦਾਸਪੁਰ ਸ਼੍ਰੀ ਸਤਪਾਲ ਘੁਰਾਲਾ, ਹਲਕਾ ਕਾਦੀਆਂ ਸ਼੍ਰੀ ਸੁਖਵਿੰਦਰਪਾਲ, ਹਲਕਾ ਬਟਾਲਾ ਮਾਸਟਰ ਸਤਪਾਲ ਬਟਾਲਾ, ਹਲਕਾ ਫਤਿਹਗੜ੍ਹ ਚੂੜੀਆਂ ਸੁਖਜਿੰਦਰ ਸਿੰਘ ਪਾਰਸ, ਹਲਕਾ ਸ਼੍ਰੀ ਹਰਿਗੋਬਿੰਦਪੁਰ(ਐਸ.ਸੀ) ਕੈਪਟਨ ਕੁਲਵਿੰਦਰ ਸਿੰਘ ਉਧਨਵਾਲ, ਹਲਕਾ ਦੀਨਾਨਗਰ(ਐਸ.ਸੀ) ਸਰਦੂਲਪਾਲ ਬਾਉਜੱਟਾ, ਹਲਕਾ ਡੇਰਾਬਾਬਾ ਨਾਨਕ ਬਲਵਿੰਦਰ ਸਿੰਘ ਮੰਗਾ ਕੋਟਲੀ ਸੂਰਤ ਮੱਲੀ, ਹਲਕਾ ਹੁਸ਼ਿਆਰਪੁਰ ਸ਼੍ਰੀ ਧਰਮਿੰਦਰ ਪਾਲ, ਹਲਕਾ ਚੱਬੇਵਾਲ (ਐਸ.ਸੀ) ਸ਼੍ਰੀ ਰਾਜ ਕੁਮਾਰ ਭੂੰਗਰਨੀ, ਹਲਕਾ ਸ਼ਾਮਚੁਰਾਸੀ ਸ਼੍ਰੀ ਅੰਕੁਸ਼ ਹਰਦੋਖਾਲਪੁਰ, ਹਲਕਾ ਗੜ੍ਹਸ਼ੰਕਰ ਸ. ਕੁਲਵੀਰ ਸਿੰਘ ਡੋਗਰਪੁਰ, ਹਲਕਾ ਫਿਲੌਰ (ਐਸ.ਸੀ) ਸ਼੍ਰੀ ਜਸਵਿੰਦਰ ਕੁਮਾਰ ਜੌਹਲ, ਹਲਕਾ ਸ਼ਾਹਕੋਟ, ਪਰਮਜੀਤ ਸਿੰਘ ਪਰਜੀਆਂ ਕਲਾਂ, ਹਲਕਾ ਜਲੰਧਰ ਨੌਰਥ ਸ਼੍ਰੀ ਬਾਲ ਕ੍ਰਿਸ਼ਨ ਬਾਲੀ, ਹਲਕਾ ਜਲੰਧਰ ਪੱਛਮੀ (ਐਸ.ਸੀ) ਸ਼੍ਰੀ ਕਮਲ ਬਬਲੂ, ਹਲਕਾ ਜਲੰਧਰ ਸੈਂਟਰਲ ਸ਼੍ਰੀ ਰਿੱਕੀ ਲੂਥਰ, ਹਲਕਾ ਜਲੰਧਰ ਕੈਂਟ ਸ. ਬਲਬੀਰ ਸਿੰਘ ਸਰਪੰਚ, ਹਲਕਾ ਕਪੂਰਥਲਾ, ਸੁਰਜੀਤ ਸਿੰਘ ਰਾਣਾ, ਦੇ ਨਾਮ ਸ਼ਾਮਲ ਹਨ।

# ਇਫਕੋ, ਖੇਤੀਬਾੜੀ ਵਿਭਾਗ ਅਤੇ ਏਪੀਡਾ ਨਾਲ ਮਿਲ ਕੇ ਪੀ.ਏ.ਯੂ.-ਕੇਵੀਕੇ ਵੱਲੋਂ 'ਖੇਤ ਬਚਾਓ ਅਭਿਆਨ' ਤਹਿਤ ਕਿਸਾਨਾਂ ਨੂੰ ਕੀਤਾ ਜਾਗਰੂਕ

ਫ਼ਿਰੋਜ਼ਪੁਰ, 13 ਜੂਨ (ਚ.ਨ.ਸ.): ਇਫਕੋ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਫਿਰੋਜ਼ਪੁਰ ਅਤੇ ਏਪੀਡਾ ਵੱਲੋਂ ਖੇਤੀਬਾੜੀ ਵਿਭਾਗ ਅਤੇ ਪਿੰਡ ਫਿਰੋਜ਼ਸ਼ਾਹ ਵਿਖੇ ਆਯੋਜਿਤ ਸਿਖਲਾਈ ਪ੍ਰੋਗਰਾਮ ਅਤੇ ਜਾਗਰੂਕਤਾ ਕੈਂਪਾਂ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.) ਫ਼ਿਰੋਜ਼ਪੁਰ ਵੱਲੋਂ ਡਿਪਟੀ ਡਾਇਰੈਕਟਰ ਡਾ. ਗੁਰਮੇਲ ਸਿੰਘ ਸੰਧੂ ਦੀ ਯੋਗ ਅਗਵਾਈ ਹੇਠ ਕਿਸਾਨਾਂ ਨੂੰ 'ਖੇਤ ਬਚਾਓ ਅਭਿਆਨ' ਤਹਿਤ ਜਾਗਰੂਕ ਕੀਤਾ ਗਿਆ। ਕੈਂਪ ਦੀ ਸ਼ੁਰੂਆਤ ਦੌਰਾਨ ਇਫਕੋ ਦੇ ਜ਼ਿਲ੍ਹਾ ਮੈਨੇਜਰ, ਸੰਦੀਪ ਨੇ ਮੁੱਖ ਖੇਤੀਬਾੜੀ ਅਫ਼ਸਰ, ਡਾ ਬਲਵਿੰਦਰ ਸਿੰਘ, ਇਫਕੋ ਦੇ ਸਟੇਟ ਹੈੱਡ ਸ੍ਰੀ ਜੀਤ ਰਾਮ, ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ, ਕੇ.ਵੀ.ਕੇ ਟੀਮ ਅਤੇ ਪਹੁੰਚੇ ਕਿਸਾਨਾਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਨੇ ਇਫਕੋ ਵੱਲੋਂ ਕੀਤੇ ਗਏ ਕੰਮਾਂ ਅਤੇ ਉਤਪਾਦਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਇਫਕੋ ਦੇ ਸਟੇਟ ਹੈੱਡ ਜੀਤ ਰਾਮ ਨੇ ਅਧਿਕਾਰੀਆਂ ਨੂੰ ਖਾਦ ਦੀ ਸਪਲਾਈ ਅਤੇ ਰਾਜ ਪੱਧਰ 'ਤੇ ਕੀਤੇ ਜਾ ਰਹੇ ਕੰਮਾਂ ਬਾਰੇ ਅੰਕੜੇ ਸਾਂਝੇ ਕੀਤੇ।ਇਸ ਦੌਰਾਨ ਕੇ.ਵੀ.ਕੇ ਦੇ ਡਾ. ਭੱਲਣ ਸਿੰਘ ਸੇਖੋਂ ਨੇ ਕਿਸਾਨਾਂ ਅਤੇ ਖੇਤੀਬਾੜੀ ਅਧਿਕਾਰੀਆਂ ਨੂੰ ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਮਿੱਟੀ ਅਤੇ ਪਾਣੀ ਦੀ ਪਰਖ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਅਹਿਮ ਨੁਕਤਾ ਸਾਂਝਾ ਕਰਦਿਆਂ ਦੱਸਿਆ ਕਿ ਜਿਹੜੇ ਕਿਸਾਨਾਂ ਨੇ ਹਰੀ ਖਾਦ ਦੀ ਬਿਜਾਈ ਕੀਤੀ




ਹੈ, ਉਹ ਝੋਨੇ ਵਿੱਚ ਪ੍ਰਤੀ ਏਕੜ 55 ਕਿੱਲੋ ਯੂਰੀਆ ਘੱਟ ਕਰ ਸਕਦੇ ਹਨ। ਹਰੀ ਖਾਦ ਵਾਲੇ ਖੇਤਾਂ ਵਿੱਚ ਬਾਸਮਤੀ ਦੀ ਫ਼ਸਲ ਨੂੰ ਯੂਰੀਆ ਪਾਉਣ ਦੀ ਬਿਲਕੁਲ ਲੋੜ ਨਹੀਂ ਹੈ। ਜੇਕਰ ਪਿਛਲੀ ਫ਼ਸਲ ਨੂੰ ਫ਼ਾਸਫ਼ੋਰਸ (ਡੀ.ਏ.ਪੀ.) ਦੀ ਸਿਫ਼ਾਰਸ਼ ਕੀਤੀ ਖ਼ੁਰਾਕ ਪਾਈ ਗਈ ਸੀ, ਤਾਂ ਝੋਨੇ ਵਿੱਚ ਫ਼ਾਸਫ਼ੋਰਸ ਪਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਸਾਨਾਂ ਨੂੰ ਸਬਜ਼ੀਆਂ ਵਿੱਚ ਖਾਦਾਂ ਦੀ ਵਰਤੋਂ ਪੀ.ਏ.ਯੂ. ਦੀਆਂ ਸਿਫ਼ਾਰਸ਼ਾਂ ਅਨੁਸਾਰ ਹੀ ਕਰਨ ਦੀ ਸਲਾਹ ਦਿੱਤੀ।ਇਸ ਮੌਕੇ ਏ ਪੀਡਾ ਦੇ ਡਾ ਪ੍ਰਮੋਦ ਕੁਮਾਰ ਤੋਮਰ ਨੇ ਕਿਸਾਨਾਂ ਨੂੰ ਬਾਸਮਤੀ ਵਿੱਚ ਕੀਟਨਾਸ਼ਕਾਂ ਦੀਆਂ ਬੇਲੋੜੀਆਂ ਸਪਰੇਆਂ ਨਾ ਕਰਨ ਦੀ ਅਪੀਲ ਕੀਤੀ ਅਤੇ ਮਿੱਤਰ ਕੀਟਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਖੇਤੀਬਾੜੀ ਵਿਭਾਗ ਦੇ ਡਾ ਸੰਦੀਪ ਸਿੰਘ ਅਤੇ ਡਾ ਮਨਵਿੰਦਰ ਸਿੰਘ ਨੇ ਕਿਸਾਨਾਂ ਨੂੰ ਵਿਭਾਗੀ ਸਕੀਮਾਂ, ਕਿਸਾਨ ਆਈ ਡੀ ਅਤੇ ਬਾਸਮਤੀ ਵਿੱਚ ਕੀਟਨਾਸ਼ਕਾਂ ਦੀ ਸੁਚੱਜੀ ਅਤੇ ਸੰਜਮ ਨਾਲ ਵਰਤੋਂ ਕਰਨ 'ਤੇ ਜ਼ੋਰ ਦਿੱਤਾ, ਤਾਂ ਜੋ ਅੰਤਰਰਾਸ਼ਟਰੀ ਪੱਧਰ 'ਤੇ ਨਿਰਯਾਤ (ਐਕਸਪੋਰਟ) ਦੀਆਂ ਸੰਭਾਵਨਾਵਾਂ ਨੂੰ ਤਲਾਸ਼ ਕੇ ਕਿਸਾਨ ਵਧੇਰੇ ਮੁਨਾਫ਼ਾ ਕਮਾ ਸਕਣ। ਕੈਂਪ ਦੇ ਅਖੀਰ ਵਿੱਚ ਕਿਸਾਨਾਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ ਅਤੇ ਇਹ ਕੈਂਪ ਇਲਾਕੇ ਦੇ ਕਿਸਾਨਾਂ ਲਈ ਕਾਫ਼ੀ ਲਾਹੇਵੰਦ ਸਾਬਤ ਹੋਇਆ।

# ਹਰਿਆਣਾ ਵਿੱਚ ਡਾ. ਬੀ.ਆਰ. ਅੰਬੇਡਕਰ ਲਾਇਬ੍ਰੇਰੀ ਦਾ ਨਾਮ ਬਦਲਣ ਦੇ ਫ਼ੈਸਲੇ ਖ਼ਿਲਾਫ਼ ਕਾਂਗਰਸ ਵਿੱਚ ਰੋਸ :ਹੈਪੀ

ਤਲਵਾੜਾ, 13 ਜੂਨ (ਜਗਮੋਹਨ ਸ਼ਰਮਾ) : ਹਰਿਆਣਾ ਸਰਕਾਰ ਵੱਲੋਂ ਡਾ. ਭੀਮ ਰਾਓ ਅੰਬੇਡਕਰ ਦੇ ਨਾਮ 'ਤੇ ਸਥਾਪਿਤ ਲਾਇਬ੍ਰੇਰੀ ਦਾ ਨਾਮ ਬਦਲ ਕੇ ਅਟਲ ਪੁਸਤਕਾਲਾਰੱਖਣ ਦੇ ਫ਼ੈਸਲੇ ਨੂੰ ਲੈ ਕੇ ਕਾਂਗਰਸ ਪਾਰਟੀ ਅਤੇ ਸੰਵਿਧਾਨ ਪ੍ਰੇਮੀਆਂ ਵਿੱਚ ਗਹਿਰਾ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਦੇਸ਼ ਦੇ ਰਾਸ਼ਟਰਪਤੀ ਕੋਲ ਦਖ਼ਲਅੰਦਾਜ਼ੀ ਦੀ ਮੰਗ ਕਰਦੇ ਹੋਏ ਫ਼ੈਸਲਾ ਰੱਦ ਕਰਨ ਅਤੇ ਲਾਇਬ੍ਰੇਰੀ ਦਾ ਮੂਲ ਨਾਮ ਮੁੜ ਬਹਾਲ ਕਰਨ ਦੀ ਅਪੀਲ ਕੀਤੀ ਗਈ ਹੈ।ਤਲਵਾੜਾ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਂਗਰਸ ਦੇ ਵਾਈਸ ਸੀਨੀਅਰ ਬਲਾਕ ਪ੍ਰਧਾਨ ਅਮਨਦੀਪ ਸਿੰਘ ਹੈਪੀ ਨੇ ਕਿਹਾ ਕਿ ਵੱਖ-ਵੱਖ ਸਮਾਜਿਕ ਅਤੇ ਕਾਂਗਰਸ ਪਾਰਟੀ ਵੱਲੋਂ ਰਾਸ਼ਟਰਪਤੀ ਨੂੰ ਭੇਜੇ ਗਏ ਮੰਗ-ਪੱਤਰ ਵਿੱਚ ਇਹ ਮਾਮਲਾ ਉਠਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਕੇਵਲ ਕਿਸੇ ਸੰਸਥਾ ਦਾ ਨਾਮ ਬਦਲਣ ਦਾ ਮਾਮਲਾ ਨਹੀਂ, ਸਗੋਂ ਕਰੋੜਾਂ ਦਲਿਤਾਂ, ਪੱਛੜੇ ਵਰਗਾਂ, ਵੰਚਿਤ ਅਤੇ ਸ਼ੋਸ਼ਿਤ ਲੋਕਾਂ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਮੁੱਦਾ ਹੈ।ਹੈਪੀ ਨੇ ਦੱਸਿਆ ਕਿ ਹਰਿਆਣਾ ਦੇ ਸੈਂਕੜੇ ਪਿੰਡਾਂ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਨਾਮ 'ਤੇ ਈ-ਲਾਇਬ੍ਰੇਰੀਆਂ ਸਥਾਪਿਤ ਕੀਤੀਆਂ ਗਈਆਂ ਹਨ। ਇਨ੍ਹਾਂ ਦਾ ਮੁੱਖ ਉਦੇਸ਼ ਸਿੱਖਿਆ ਦਾ ਪ੍ਰਸਾਰ ਕਰਨਾ, ਵਿਗਿਆਨਕ ਸੋਚ ਨੂੰ ਉਤਸ਼ਾਹਿਤ ਕਰਨਾ, ਸੰਵਿਧਾਨਕ ਮੁੱਲਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਸਮਾਜ ਵਿੱਚ ਸਮਾਨਤਾ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ। ਅਜਿਹੇ ਵਿੱਚ ਇਨ੍ਹਾਂ ਸੰਸਥਾਵਾਂ ਦੇ ਨਾਮ ਬਦਲਣ ਨੂੰ ਲੋਕ ਸਿਰਫ਼ ਇੱਕ ਪ੍ਰਸ਼ਾਸਨਿਕ ਫ਼ੈਸਲਾ ਨਹੀਂ, ਸਗੋਂ ਸਮਾਜ ਦੇ ਵੱਡੇ ਹਿੱਸੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਕਦਮ ਮੰਨ ਰਹੇ ਹਨ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਕਿਸੇ ਇੱਕ ਵਰਗ ਜਾਂ ਭਾਈਚਾਰੇ ਦੇ ਆਗੂ ਨਹੀਂ ਸਨ, ਸਗੋਂ ਪੂਰੇ ਦੇਸ਼ ਦੀ ਸਾਂਝੀ ਵਿਰਾਸਤ ਹਨ। ਭਾਰਤੀ ਸੰਵਿਧਾਨ ਦੀ ਰਚਨਾ, ਸਮਾਜਿਕ ਨਿਆਂ, ਬਰਾਬਰੀ ਅਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦਾ ਯੋਗਦਾਨ ਇਤਿਹਾਸਕ ਅਤੇ ਅਮੁੱਲ ਹੈ। ਇਸ ਲਈ ਉਨ੍ਹਾਂ ਦੇ ਨਾਮ 'ਤੇ ਬਣੀਆਂ ਸੰਸਥਾਵਾਂ ਦੀ ਪਛਾਣ ਅਤੇ ਸਨਮਾਨ ਨੂੰ ਕਾਇਮ ਰੱਖਣਾ ਦੇਸ਼ ਦੇ ਲੋਕਤਾਂਤਰਿਕ ਮੁੱਲਾਂ ਦੀ ਰੱਖਿਆ ਦੇ ਬਰਾਬਰ ਹੈ।ਹੈਪੀ ਨੇ ਦਸਿਆ ਕਿ ਮੰਗ-ਪੱਤਰ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਲਾਇਬ੍ਰੇਰੀ ਦਾ ਨਾਮ ਬਦਲਣਾ ਸਮਾਜਿਕ ਨਿਆਂ, ਸਮਾਨਤਾ ਅਤੇ ਸੰਵਿਧਾਨਕ ਸਨਮਾਨ ਦੀ ਭਾਵਨਾ ਦੇ ਉਲਟ ਹੈ। ਇਸ ਫ਼ੈਸਲੇ ਨਾਲ ਸਮਾਜ ਵਿੱਚ ਗਲਤ ਸੰਦੇਸ਼ ਜਾਵੇਗਾ ਅਤੇ ਸੰਵਿਧਾਨ ਨਿਰਮਾਤਾ ਪ੍ਰਤੀ ਲੋਕਾਂ ਦੇ ਸਤਿਕਾਰ ਨੂੰ ਠੇਸ ਪਹੁੰਚੇਗੀ।ਹੈਪੀ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਰਾਸ਼ਟਰਪਤੀ ਤੋਂ ਮੰਗ ਕੀਤੀ ਹੈ ਕਿ ਉਹ ਇਸ ਮਾਮਲੇ ਦਾ ਤੁਰੰਤ ਨੋਟਿਸ ਲੈਣ ਅਤੇ ਹਰਿਆਣਾ ਸਰਕਾਰ ਨੂੰ ਡਾ. ਬੀ.ਆਰ. ਅੰਬੇਡਕਰ ਲਾਇਬ੍ਰੇਰੀ ਦਾ ਨਾਮ ਬਦਲਣ ਸਬੰਧੀ ਫ਼ੈਸਲਾ ਵਾਪਸ ਲੈਣ ਅਤੇ ਮੂਲ ਨਾਮ ਬਹਾਲ ਕਰਨ ਲਈ ਨਿਰਦੇਸ਼ ਜਾਰੀ ਕਰਨ, ਤਾਂ ਜੋ ਕਰੋੜਾਂ ਲੋਕਾਂ ਦੀਆਂ ਭਾਵਨਾਵਾਂ ਦਾ ਸਨਮਾਨ ਬਣਿਆ ਰਹੇ।ਅੰਤ ਵਿੱਚ ਅਮਨਦੀਪ ਸਿੰਘ ਹੈਪੀ ਨੇ ਕਿਹਾ ਕਿ ਬਾਬਾ ਸਾਹਿਬ ਦੇ ਨਾਮ ਨਾਲ ਜੁੜੀਆਂ ਸੰਸਥਾਵਾਂ ਦਾ ਸਨਮਾਨ ਬਰਕਰਾਰ ਰੱਖਣਾ ਸਿਰਫ਼ ਇੱਕ ਨਾਮ ਦਾ ਸਵਾਲ ਨਹੀਂ, ਸਗੋਂ ਭਾਰਤੀ ਸੰਵਿਧਾਨ, ਲੋਕਤੰਤਰ ਅਤੇ ਸਮਾਜਿਕ ਸਦਭਾਵਨਾ ਪ੍ਰਤੀ ਦੇਸ਼ ਦੀ ਵਚਨਬੱਧਤਾ ਦਾ ਪ੍ਰਤੀਕ ਹੈ।

# ਸਨੀ ਮਹੇਤਾ ਨੇ ਕਰਨਾਟਕਾ ਦੇ ਮੁੱਖ ਮੰਤਰੀ ਨਾਲ ਕੀਤੀ ਸ਼ਿਸ਼ਟਾਚਾਰ ਮੁਲਾਕਾਤ, ਦਿੱਤੀਆਂ ਵਧਾਈਆਂ ਅਤੇ ਸ਼ੁਭਕਾਮਨਾਵਾਂ

ਤਲਵਾੜਾ, 13 ਜੂਨ (ਜਗਮੋਹਨ ਸ਼ਰਮਾ) :- ਸਮਾਜ ਸੇਵਾ ਅਤੇ ਜਨਹਿੱਤ ਦੇ ਕੰਮਾਂ ਨਾਲ ਜੁੜੇ ਕਾਂਗਰਸ ਯੂਥ ਆਗੂ ਸਨੀ ਮਹੇਤਾ ਨੇ ਅੱਜ ਕਰਨਾਟਕ ਦੇ ਮੁੱਖ ਮੰਤਰੀ ਸਿਧੱਰਈਆ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਨੇ ਮੁੱਖ ਮੰਤਰੀ ਨੂੰ ਹਾਰਦਿਕ ਵਧਾਈਆਂ ਅਤੇ ਸ਼ੁਭਕਾਮਨਾਵਾਂ ਭੇਟ ਕੀਤੀਆਂ ਅਤੇ ਉਨ੍ਹਾਂ ਦੇ ਸਫਲ, ਲੋਕ-ਹਿਤੈਸ਼ੀ ਅਤੇ ਵਿਕਾਸਮੁੱਖੀ ਕਾਰਜਕਾਲ ਦੀ ਕਾਮਨਾ ਕੀਤੀ। ਇਹਨਾਂ ਗੱਲਾਂ ਦਾ ਪ੍ਰਗਟਾਵਾ ਪ੍ਰੈਸ ਨੋਟ ਰਾਹੀਂ ਤਲਵਾੜਾ ਦੇ ਪੱਤਰਕਾਰਾਂ ਨਾਲ ਸੰਨੀ ਮੇਹਤ ਨੇ ਕੀਤੀ। ਉਨ੍ਹਾਂ ਕਿਹਾ ਕਿ ਮੁਲਾਕਾਤ ਦੌਰਾਨ ਦੋਵਾਂ ਆਗੂਆਂ ਵਿਚਕਾਰ ਜਨਹਿੱਤ ਨਾਲ ਜੁੜੇ ਵੱਖ-ਵੱਖ ਮੁੱਦਿਆਂ, ਸਮਾਜਿਕ ਵਿਕਾਸ, ਨੌਜਵਾਨਾਂ ਦੇ ਸਸ਼ਕਤੀਕਰਨ, ਰੁਜ਼ਗਾਰ ਦੇ ਮੌਕਿਆਂ, ਸਿੱਖਿਆ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਰਾਜਾਂ ਵਿਚਕਾਰ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਸਤ੍ਰਿਤ ਅਤੇ ਸਕਾਰਾਤਮਕ ਵਿਚਾਰ-ਵਟਾਂਦਰਾ ਹੋਇਆ।ਇਸ ਮੌਕੇ ਸਨੀ ਮਹੇਤਾ ਨੇ ਕਿਹਾ ਕਿ ਦੇਸ਼ ਦੇ ਸਮੁੱਚੇ ਵਿਕਾਸ ਲਈ ਸਾਰੇ ਰਾਜਾਂ ਵਿਚਕਾਰ ਆਪਸੀ ਤਾਲਮੇਲ, ਸੰਵਾਦ ਅਤੇ ਸਹਿਯੋਗ ਦੀ ਭਾਵਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜਦੋਂ ਵੱਖ-ਵੱਖ ਰਾਜ ਇੱਕ-ਦੂਜੇ ਦੇ ਤਜਰਬਿਆਂ ਅਤੇ ਵਿਕਾਸ ਮਾਡਲਾਂ ਤੋਂ ਸਿੱਖਦੇ ਹਨ ਤਾਂ ਇਸ ਦਾ ਸਿੱਧਾ ਲਾਭ ਆਮ ਲੋਕਾਂ ਨੂੰ ਮਿਲਦਾ ਹੈ ਅਤੇ ਦੇਸ਼ ਦੀ ਤਰੱਕੀ ਨੂੰ ਨਵੀਂ ਦਿਸ਼ਾ ਮਿਲਦੀ ਹੈ।ਸਨੀ ਮਹੇਤਾ ਨੇ ਕਰਨਾਟਕ



ਸਰਕਾਰ ਵੱਲੋਂ ਵਿਕਾਸ, ਸਿੱਖਿਆ, ਉਦਯੋਗ, ਨਿਵੇਸ਼ ਅਤੇ ਲੋਕ ਭਲਾਈ ਲਈ ਕੀਤੇ ਜਾ ਰਹੇ ਯਤਨਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਦੇ ਨੇਤ੍ਰਿਤਵ ਹੇਠ ਕਰਨਾਟਕ ਨੇ ਕਈ ਖੇਤਰਾਂ ਵਿੱਚ ਮਹੱਤਵਪੂਰਨ ਉਪਲਬਧੀਆਂ ਹਾਸਲ ਕੀਤੀਆਂ ਹਨ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਰਾਜ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਦੀਆਂ ਨਵੀਆਂ ਉਚਾਈਆਂ ਨੂੰ ਛੂਹੇਗਾ ਅਤੇ ਦੇਸ਼ ਦੀ ਆਰਥਿਕ ਅਤੇ ਸਮਾਜਿਕ ਤਰੱਕੀ ਵਿੱਚ ਅਹਿਮ ਯੋਗਦਾਨ ਪਾਉਂਦਾ ਰਹੇਗਾ।ਮੁਲਾਕਾਤ ਦੌਰਾਨ ਸਮਾਜ ਸੇਵਾ, ਲੋਕਾਂ ਦੀਆਂ ਬੁਨਿਆਦੀ ਜ਼ਰੂਰਤਾਂ, ਨੌਜਵਾਨਾਂ ਨੂੰ ਸਹੀ ਦਿਸ਼ਾ ਅਤੇ ਮੌਕੇ ਪ੍ਰਦਾਨ ਕਰਨ, ਅਤੇ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਸਾਂਝੇ ਯਤਨਾਂ ਦੀ ਲੋੜ @ਤੇ ਵੀ ਜ਼ੋਰ ਦਿੱਤਾ ਗਿਆ। ਦੋਵਾਂ ਆਗੂਆਂ ਨੇ ਦੇਸ਼ ਦੀ ਏਕਤਾ, ਵਿਕਾਸ ਅਤੇ ਲੋਕ-ਕਲਿਆਣ ਲਈ ਮਿਲ ਕੇ ਕੰਮ ਕਰਨ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਉੱਤੇ ਸਹਿਮਤੀ ਜਤਾਈ।ਇਹ ਮੁਲਾਕਾਤ ਬਹੁਤ ਹੀ ਸੌਹਰਦਪੂਰਨ ਅਤੇ ਸਕਾਰਾਤਮਕ ਮਾਹੌਲ ਵਿੱਚ ਸੰਪੰਨ ਹੋਈ, ਜਿਸ ਦੌਰਾਨ ਦੇਸ਼ ਦੇ ਵਿਕਾਸ, ਲੋਕ ਭਲਾਈ ਅਤੇ ਨੌਜਵਾਨ ਪੀੜ੍ਹੀ ਦੇ ਭਵਿੱਖ ਨਾਲ ਸਬੰਧਿਤ ਕਈ ਮਹੱਤਵਪੂਰਨ ਮੁੱਦਿਆਂ @ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ ਗਿਆ। ਸਨੀ ਮਹੇਤਾ ਨੇ ਅੰਤ ਵਿੱਚ ਮੁੱਖ ਮੰਤਰੀ ਨੂੰ ਉਨ੍ਹਾਂ ਦੇ ਭਵਿੱਖ ਦੇ ਕਾਰਜਾਂ ਲਈ ਸ਼ੁਭਕਾਮਨਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਕਰਨਾਟਕ ਵਿਕਾਸ ਅਤੇ ਖੁਸ਼ਹਾਲੀ ਦੇ ਖੇਤਰ ਵਿੱਚ ਨਵੇਂ ਕੀਰਤੀਮਾਨ ਸਥਾਪਿਤ ਕਰੇਗਾ।

# ਟੀਨਾ ਚੌਧਰੀ ਨੈਸ਼ਨਲ ਕੋਆਰਡੀਨੇਟਰ ਨੇ ਹਲਕਾ .ਫਤਹਿਗੜ ਚੂੜੀਆਂ ਦੇ ਕਾਂਗਰਸੀ ਆਗੂਆਂ ਨੂੰ SIR ਦਾ ਪਾਠ ਪੜ੍ਹਾਇਆ

ਬਟਾਲਾ,13 ਜੂਨ -(ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ)- ਅੱਜ ਫਤਿਹਗੜ੍ਹ ਚੂੜੀਆਂ ਵਿਖੇ ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਤੇ ਟੀਨਾ ਚੌਧਰੀ ਪੰਜਾਬ ਕਾਂਗਰਸ ਬੁਲਾਰਾ ਤੇ ਨੈਸ਼ਨਲ ਕੋਆਰਡੀਨੇਟਰ ਨੇ ਸਮੇਤ ਹਲਕਾ ਵਰਕਰਾਂ ਨੂੰ 2027 ਦੀਆਂ ਚੋਣਾਂ ਸਬੰਧੀ ਵੋਟਿੰਗ ਪ੍ਰਕਿਰਿਆ ਸੋਧ ਹੋਣ ਜਾ ਰਹੀ ਹੈ ਤੋਂ ਜਾਣੂ ਕਰਵਾਇਆ। ਉਹਨਾਂ ਕਿਹਾ ਕਿ ਜੇਕਰ ਵੋਟਾਂ ਦੀ ਕਾਗਜੀ ਕਾਰਵਾਈ ਸਬੰਧੀ ਜਾਣੂ ਨਾ ਹੋਏ ਤਾਂ ਭਾਜਪਾ ਵੱਲੋਂ ਵੋਟਾਂ ਪਾਉਣ ਦਾ ਹੱਕ ਤੁਹਾਡੇ ਤੋਂ ਖੋਹ ਲਿਆ ਜਾਏਗਾ। ਜਿਸ ਸਬੰਧੀ ਸਾਰੀ ਜਾਣਕਾਰੀ ਹੋਣਾ ਸਮੇਂ ਦੀ ਮੁੱਖ ਮੰਗ ਹੈ। ਉਹਨਾਂ ਕਿਹਾ ਕਿ ਸਰਕਾਰੀ ਅਧਿਕਾਰੀ ਤੁਹਾਡੇ ਤੋਂ ਵੋਟ ਸਬੰਧੀ ਜੋ ਵੀ ਜਰੂਰੀ ਕਾਗਜਾਤ ਹਨ ਦੀ ਮੰਗ ਕਰੇਗਾ ਉਸ ਨੂੰ ਤੁਸੀਂ ਬਿਨਾਂ ਝਿਜਕ ਪੂਰਾ ਕਰਨਾ ਹੈ ਤਾਂ ਜੋ ਤੁਸੀਂ ਭਾਰਤ ਦੇ ਨਾਗਰਿਕ ਵਜੋਂ ਆਪਣੀ ਵੋਟ ਦਾ ਹੱਕ ਖੋਹ ਨਾ ਬੈਠੋ। ਇਸ



ਲਈ ਹੁਣ ਤੋਂ ਹੀ ਆਪਣੇ ਜਰੂਰੀ ਕਾਗਜਾਤ ਜੋ ਚਾਹੀਦੇ ਹਨ ਤਿਆਰ ਕਰਕੇ ਰੱਖੋ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਖ ਵੱਖ ਸੂਬਿਆਂ ਵਿੱਚ ਵੋਟ ਦੇ ਅਧਿਕਾਰ ਤੋ ਸਾਨੂੰ ਵਾਂਝਾ ਕਰਕੇ ਕਈ ਰਾਜਾਂ ਵਿੱਚ ਸਰਕਾਰ ਸਥਾਪਿਤ ਕਰਨ ਵਿੱਚ ਕਾਮਯਾਬ ਹੋਈ ਹੈ ਇਸ ਲਈ ਸਾਨੂੰ ਅੱਜ ਤੋਂ ਹੀ ਆਪਣੀ ਵੋਟ ਦੀ ਰਾਖੀ ਲਈ ਲਾਮਬੰਦ ਹੋਣਾ ਪਵੇਗਾ ਤਾਂ ਜੋ ਸਾਡਾ ਲੋਕਤੰਤਰ ਬਹਾਲ ਰਹੇ ਤੇ ਅਸੀਂ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਦਿਆ ਸਹੀ ਤੇ ਯੋਗ ਸਰਕਾਰ ਦੀ ਚੋਣ ਕਰ ਸਕੀਏ। ਇਸ ਮੌਕੇ ਚੇਅਰਮੈਨ ਓਂਕਾਰ ਸਿੰਘ ਲਾਟੀ ਮਾਰਕੀਟ ਕਮੇਟੀ ਫਤਿਹਗੜ੍ਹ ਚੂੜੀਆਂ, ਬਲਵਿੰਦਰ ਸਿੰਘ ਭਾਲੋਵਾਲੀ, ਕਰਨ ਮੁਰੀਦਕੇ, ਐਡਵੋਕੇਟ ਨਵਤੇਜ ਸਿੰਘ ਰੰਧਾਵਾ,ਨਿਰਮਲ ਸਿੰਘ ਬੰਦੇਸ਼ਾ, ਸੁਭਾਸ਼ਮਾਨ, ਦਵਿੰਦਰ ਪਾਲ ਸਿੰਘ ਮੱਘਾ, ਨਿਰਮਲ ਸਿੰਘ ਗੋਰਾਇਆ, ਹਰਦਿਆਲ ਸਿੰਘ ਖੋਖਰ, ਤੀਰਥ ਪਾਲ ਸਿੰਘ ਬੱਬੂ ਛਿਛਰੇਵਾਲ, ਨਿਸ਼ਾਨ ਸਿੰਘ ਬੰਦੇਸ਼ਾ, ਰਸ਼ਪਾਲ ਸਿੰਘ, ਰਕੇਸ਼ ਕੁਮਾਰ ਲੱਕੀ, ਸਾਬਕਾ ਸਰਪੰਚ ਲਵਰਾਜ ਸਿੰਘ ਪੰਨਵਾਂ, ਕੁਲਵਿੰਦਰ ਸਿੰਘ ਲਾਲੀ,ਸ਼ੱਬਾ ਨਾਸਰਕੇ, ਨਰਿੰਦਰ ਸਿੰਘ ਮੁਰੀਦਕੇ, ਕਾਬਲ ਸਿੰਘ ਸੋਨੂ ਰੰਧਾਵਾ, ਹਰਕਵਲਪ੍ਰੀਤ ਸਿੰਘ ਸ਼ਮਸ਼ੇਰਪੁਰ, ਜੰਗ ਬਹਾਦਰ ਸਿੰਘ ਖੋਖਰ, ਧੀਰ ਸਿੰਘ ਝੰਝੀਆ, ਸਾ ਸਰਪੰਚ ਸੰਦੀਪ ਸਿੰਘ ਵੀਲ ਤੇਜਾ, ਬਲਕਾਰ ਬੱਦੋਵਾਲ,ਸਰਪੰਚ ਨਿਸ਼ਾਨ ਸਿੰਘ ਮਲਕਵਾਲ, ਕੁਲਵੰਤ ਸਿੰਘ ਹੇਅਰ, ਗੁਰਭੇਜ ਸਿੰਘ ਛਿਛਰੇਵਾਲ, ਸਰਪੰਚ ਅਵਤਾਰ ਸਿੰਘ ਤੇਜਾ ਕਲਾਂ, ਸਾਬਕਾ ਸਰਪੰਚ ਪੁਸ਼ਪ ਚੰਦਰ ਡਾਲੇਚੱਕ, ਰਣਜੋਧ ਸਿੰਘ ਦਿਓ, ਬਲਵਿੰਦਰ ਸਿੰਘ ਰੰਧਾਵਾ, ਸੰਦੀਪ ਬੇਦੀ ਆਦਿ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।


### ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।




ਇਤਿਹਾਸਕ ਤੇ ਸਾਹਿਤਕ ਮਿਲਣੀ ਦਾ ਸਬੱਬ : ਪੱਤਰਕਾਰੀ ਅਤੇ ਸਾਹਿਤ ਦਾ ਰਿਸ਼ਤਾ ਹਮੇਸ਼ਾ ਹੀ ਬਹੁਤ ਗੂੜ੍ਹਾ ਰਿਹਾ ਹੈ। ਪਟਿਆਲਾ ਵਿਖੇ 'ਅਦਾਰਾ ਚੜ੍ਹਦੀਕਲਾ' ਦੇ ਮੁੱਖ ਦਫ਼ਤਰ ਵਿੱਚ ਇੱਕ ਬਹੁਤ ਹੀ ਸਤਿਕਾਰਯੋਗ, ਭਾਵਨਾਤਮਕ ਅਤੇ ਵਿਰਾਸਤੀ ਮਹੱਤਵ ਵਾਲਾ ਇਤਿਹਾਸਕ ਪਲ ਦੇਖਣ ਨੂੰ ਮਿਲਿਆ। ਪੰਜਾਬੀ ਸਾਹਿਤ ਜਗਤ ਦੇ ਪ੍ਰਸਿੱਧ ਹਸਤਾਖਰ, ਪ੍ਰਸਿੱਧ ਸਾਹਿਤਕਾਰ ਤੇ ਸੁਲਝੇ ਹੋਏ ਲੇਖਕ ਸਰਦਾਰ ਅਨੋਖ ਸਿੰਘ ਜੀ ਵਿਰਕ ਅਤੇ ਉਨ੍ਹਾਂ ਦੇ ਨਾਲ ਕੈਪਟਨ ਹਰਕੇਸ਼ ਸਿੰਘ ਅਦਾਰਾ ਚੜ੍ਹਦੀਕਲਾ ਦੇ ਮੁੱਖ ਦਫ਼ਤਰ ਵਿਖੇ ਪਹੁੰਚੇ। ਇਸ ਮੁਲਾਕਾਤ ਦਾ ਮੁੱਖ ਮਨੋਰਥ ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ, ਪੱਤਰਕਾਰੀ ਦੇ ਭੀਸ਼ਮ ਪਿਤਾਮਾ ਪਦਮ ਸ੍ਰੀ ਡਾ. ਜਗਜੀਤ ਸਿੰਘ ਦਰਦੀ ਦਾ ਹਾਲ-ਚਾਲ ਜਾਣਨਾ ਅਤੇ ਉਨ੍ਹਾਂ ਦੇ ਵਡਮੁੱਲੇ ਪਰਿਵਾਰਕ ਤੇ ਇਤਿਹਾਸਕ ਪਿਛੋਕੜ ਯਾਨੀ 'ਪੋਠੋਹਾਰ ਦੀ ਮਹਾਨ ਵਿਰਾਸਤ' ਬਾਰੇ ਗੰਭੀਰ ਸੰਵਾਦ ਰਚਾਉਣਾ ਸੀ।

ਇਹ ਮੁਲਾਕਾਤ ਮਹਿਜ਼ ਇੱਕ ਰਸਮੀ ਮੁਲਾਕਾਤ ਨਹੀਂ ਸੀ, ਸਗੋਂ ਇਹ ਸਿੱਖ ਇਤਿਹਾਸ, ਪੋਠੋਹਾਰ ਦੀ ਮਿੱਟੀ ਦੀ ਖੁਸ਼ਬੂ, ਸੇਵਾ, ਸਿਮਰਨ ਅਤੇ ਸ਼ਹਾਦਤ ਦੇ ਅਣਗੌਲੇ ਪੰਨਿਆਂ ਨੂੰ ਫਰੋਲਣ ਵਾਲਾ ਇੱਕ ਅਧਿਆਤਮਿਕ ਸੰਵਾਦ ਬਣ ਗਈ। ਡਾ. ਦਰਦੀ ਜੀ ਨੇ ਬੜੀ ਨਿਮਰਤਾ, ਗੰਭੀਰਤਾ ਅਤੇ ਅੰਦਰੂਨੀ ਆਤਮਿਕ ਖੁਸ਼ੀ ਨਾਲ ਆਪਣੇ ਦਿਲ ਦੇ ਕਵਾੜ ਖੋਲ੍ਹਦਿਆਂ ਉਸ ਵਿਰਾਸਤ ਦੇ ਦਰਸ਼ਨ ਕਰਵਾਏ, ਜਿਸ ਦੀ ਬਦੌਲਤ ਅੱਜ 'ਅਦਾਰਾ ਚੜ੍ਹਦੀ ਕਲਾ' ਪੂਰੀ ਦੁਨੀਆ ਵਿੱਚ ਸਿੱਖੀ ਅਤੇ ਨਿਰਪੱਖ ਪੱਤਰਕਾਰੀ ਦਾ ਪ੍ਰਚੰਡ ਮੁਨਾਰਾ ਬਣਿਆ ਹੋਇਆ ਹੈ।

ਪੋਠੋਹਾਰ ਦੀ ਪਵਿੱਤਰ ਧਰਤੀ ਅਤੇ ਕਹੂਟਾ ਦਾ ਵਿਸ਼ਵ-ਵਿਆਪੀ ਮਹੱਤਵ : ਡਾ. ਜਗਜੀਤ ਸਿੰਘ ਦਰਦੀ ਦੀਆਂ ਰਗਾਂ ਵਿੱਚ ਪੋਠੋਹਾਰ ਦੀ ਉਸ ਮਿੱਟੀ ਦਾ ਰੰਗ ਹੈ, ਜਿਸ ਨੇ ਸਿੱਖ ਕੌਮ ਨੂੰ ਬੇਮਿਸਾਲ ਜਰਨੈਲ, ਵਿਦਵਾਨ ਅਤੇ ਸਿਦਕੀ ਸਿੱਖ ਦਿੱਤੇ ਹਨ। ਡਾ. ਦਰਦੀ ਦੇ ਪੂਜਨੀਕ ਮਾਤਾ-ਪਿਤਾ ਦੀ ਪੈਦਾਇਸ਼ ਰਾਵਲਪਿੰਡੀ ਜ਼ਿਲ੍ਹੇ ਦੀ ਇਤਿਹਾਸਕ ਤਹਿਸੀਲ ਕਹੂਟਾ ਦੀ ਹੈ। ਰਾਵਲਪਿੰਡੀ, ਮਰੀ, ਗੁਜਰ ਖਾਨ ਅਤੇ ਕਹੂਟਾ ਵਰਗੀਆਂ ਚਾਰ ਪ੍ਰਮੁੱਖ ਤਹਿਸੀਲਾਂ ਨੂੰ ਮਿਲਾ ਕੇ ਬਣਿਆ ਇਹ ਖੇਤਰ, ਜਿਸ ਦੇ ਨਾਲ ਕੈਮਲਪੁਰ ਅਤੇ ਜੇਹਲਮ ਦਾ ਇਲਾਕਾ ਵੀ ਲੱਗਦਾ ਹੈ, ਇਤਿਹਾਸ ਵਿੱਚ 'ਪੋਠੋਹਾਰ ਦੀ ਧਰਤੀ' ਵਜੋਂ ਪ੍ਰਸਿੱਧ ਹੈ। ਇੱਥੋਂ ਦਾ ਭੂਗੋਲਿਕ ਹੁਸਨ, ਨਦੀਆਂ-ਨਾਲੇ, ਝਰਨੇ ਅਤੇ ਮਰੀ ਦੀਆਂ ਪਹਾੜੀਆਂ ਇਸ ਨੂੰ ਕਸ਼ਮੀਰ ਵਰਗੀ ਖੂਬਸੂਰਤੀ ਪ੍ਰਦਾਨ ਕਰਦੇ ਹਨ।

ਅਜੋਕੇ ਦੌਰ ਵਿੱਚ ਕਹੂਟਾ ਦਾ ਨਾਮ ਅੰਤਰਰਾਸ਼ਟਰੀ ਪੱਧਰ 'ਤੇ ਸੁਰਖੀਆਂ ਵਿੱਚ ਰਿਹਾ ਹੈ, ਕਿਉਂਕਿ ਪਾਕਿਸਤਾਨ ਨੇ ਇਸੇ ਇਲਾਕੇ ਦੇ 'ਹੋਕਾ' ਨਾਮਕ ਸਥਾਨ 'ਤੇ ਆਪਣਾ ਸਭ ਤੋਂ ਸੰਵੇਦਨਸ਼ੀਲ ਐਟਾਮਿਕ ਪਲਾਂਟ (ਪਰਮਾਣੂ ਪਲਾਂਟ) ਸਥਾਪਿਤ ਕੀਤਾ ਹੋਇਆ ਹੈ। ਇਹ ਖੇਤਰ ਸੁਰੱਖਿਆ ਪੱਖੋਂ ਇੰਨਾ ਸੰਵੇਦਨਸ਼ੀਲ ਹੈ ਕਿ ਇੱਥੇ ਆਮ ਨਾਗਰਿਕਾਂ ਦੇ ਜਾਣ 'ਤੇ ਪੂਰਨ ਪਾਬੰਦੀ ਹੈ। ਡਾ. ਦਰਦੀ ਜੀ ਨੇ ਬੜੀ ਭਾਵੁਕਤਾ ਨਾਲ ਸਾਂਝਾ ਕੀਤਾ ਕਿ ਉਹ ਸਿੱਖ ਇਤਿਹਾਸ ਦੇ ਵਿਦਿਆਰਥੀ ਹੋਣ ਨਾਤੇ ਆਪਣੇ ਪਿਤਾ-ਪੁਰਖੀ ਘਰ ਨੂੰ ਦੇਖਣ ਲਈ ਪਿਛਲੇ ਕਈ ਦਹਾਕਿਆਂ ਤੋਂ ਯਤਨਸ਼ੀਲ ਰਹੇ।

"ਸਾਲ 1986 ਵਿੱਚ ਜਦੋਂ ਮੈਂ ਪਾਕਿਸਤਾਨ ਗਏ ਗੁਰਧਾਮਾਂ ਦੇ ਜਥੇ ਦਾ ਲੀਡਰ ਸੀ, ਉਦੋਂ ਮੈਂ ਉੱਥੋਂ ਦੇ ਰਾਸ਼ਟਰਪਤੀ ਜਨਰਲ ਜ਼ਿਆ-ਉਲ-ਹਕ ਨੂੰ ਮਿਲ ਕੇ ਉੱਥੇ ਜਾਣ ਦੀ ਇਜਾਜ਼ਤ ਮੰਗੀ। ਬਾਅਦ ਵਿੱਚ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨਾਲ ਦੋ ਵਾਰ ਪਾਕਿਸਤਾਨ ਫੇਰੀ ਦੌਰਾਨ ਅਤੇ ਜਨਰਲ ਪਰਵੇਜ਼ ਮੁਸ਼ੱਰਫ਼ ਦੀ ਇੰਟਰਵਿਊ ਦੌਰਾਨ ਵੀ ਮੈਂ ਆਪਣੇ ਪਿਤਾ-ਪੁਰਖੀ ਘਰ ਨੂੰ ਦੇਖਣ ਦੀ ਬੇਨਤੀ ਕੀਤੀ। ਇੱਥੋਂ ਤੱਕ ਕਿ ਨਵਾਜ਼ ਸ਼ਰੀਫ ਸਰਕਾਰ ਅੱਗੇ ਵੀ ਗੁਹਾਰ ਲਗਾਈ, ਪਰ ਸੁਰੱਖਿਆ ਕਾਰਨਾਂ ਕਰਕੇ ਪਾਕਿਸਤਾਨ ਸਰਕਾਰ ਨੇ ਕਦੇ ਵੀ ਉੱਥੇ ਜਾਣ ਦੀ ਮਨਜ਼ੂਰੀ ਨਹੀਂ ਦਿੱਤੀ। ਇਹ ਗੱਲ ਸਾਬਤ ਕਰਦੀ ਹੈ ਕਿ ਕਹੂਟਾ ਦਾ ਇਲਾਕਾ ਅੱਜ ਵੀ ਪਾਕਿਸਤਾਨ ਲਈ ਕਿੰਨਾ ਰਣਨੀਤਕ ਮਹੱਤਵ ਰੱਖਦਾ ਹੈ।"

ਗੁਰੂ ਗੋਬਿੰਦ ਸਿੰਘ ਜੀ ਦੀ ਕਿਰਪਾ ਅਤੇ ਸੰਤ ਅਤਰ ਸਿੰਘ ਮਹਾਰਾਜ ਦੀ ਤਪੋਭੂਮੀ : ਪੋਠੋਹਾਰ ਦੀ ਇਸ ਧਰਤੀ ਨੂੰ ਇਹ ਮਾਣ ਹਾਸਲ ਹੈ ਕਿ ਇੱਥੇ ਸਿੱਖੀ ਦੀ ਪੁਨਰ-ਜਾਗਰਤੀ ਦਾ ਮੁੱਢ ਬੱਝਿਆ। ਡਾ. ਦਰਦੀ ਜੀ ਅਨੁਸਾਰ, ਉਨ੍ਹੀਵੀਂ ਸਦੀ ਦੇ ਅਖੀਰ ਵਿੱਚ ਸਿੱਖ ਕੌਮ ਦੀ ਹਾਲਤ ਬਹੁਤ ਚਿੰਤਾਜਨਕ ਸੀ। ਸਾਲ 1890 ਦੀ ਮਰਦਮਸ਼ੁਮਾਰੀ (Census) ਵਿੱਚ ਖਾਲਸਾ ਪੰਥ ਦੀ ਕੁੱਲ ਗਿਣਤੀ ਘਟ ਕੇ 15 ਲੱਖ ਤੋਂ ਵੀ ਘੱਟ ਰਹਿ ਗਈ ਸੀ। ਸ਼ੇਰੇ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਵੇਲੇ ਜੋ ਗਿਣਤੀ ਲਗਭਗ ਸਵਾ ਕਰੋੜ ਸੀ, ਉਹ ਅੰਗਰੇਜ਼ਾਂ ਦੀਆਂ ਚਾਲਾਂ, ਈਸਾਈ ਮਿਸ਼ਨਰੀਆਂ ਦੇ ਪ੍ਰਚਾਰ ਅਤੇ ਸਿੱਖਾਂ ਦੇ ਪਤਿਤਪੁਣੇ ਕਾਰਨ ਬਹੁਤ ਸੁੰਗੜ ਚੁੱਕੀ ਸੀ। ਅੰਗਰੇਜ਼ ਤਾਂ ਇੱਥੋਂ ਤੱਕ ਦਾਅਵੇ ਕਰਨ ਲੱਗ ਪਏ ਸਨ ਕਿ ਸਿੱਖ ਕੌਮ ਜਲਦੀ ਹੀ ਖ਼ਤਮ ਹੋ ਜਾਵੇਗੀ।



ਗੁਰੂ ਗੋਬਿੰਦ ਸਿੰਘ ਜੀ ਦੀ ਕਿਰਪਾ ਅਤੇ ਸੰਤ ਅਤਰ ਸਿੰਘ ਮਹਾਰਾਜ ਦੀ ਤਪੋਭੂਮੀ : ਪੋਠੋਹਾਰ ਦੀ ਇਸ ਧਰਤੀ ਨੂੰ ਇਹ ਮਾਣ ਹਾਸਲ ਹੈ ਕਿ ਇੱਥੇ ਸਿੱਖੀ ਦੀ ਪੁਨਰ-ਜਾਗਰਤੀ ਦਾ ਮੁੱਢ ਬੱਝਿਆ। ਡਾ. ਦਰਦੀ ਜੀ ਅਨੁਸਾਰ, ਉਨ੍ਹੀਵੀਂ ਸਦੀ ਦੇ ਅਖੀਰ ਵਿੱਚ ਸਿੱਖ ਕੌਮ ਦੀ ਹਾਲਤ ਬਹੁਤ ਚਿੰਤਾਜਨਕ ਸੀ। ਸਾਲ 1890 ਦੀ ਮਰਦਮਸ਼ੁਮਾਰੀ (Census) ਵਿੱਚ ਖਾਲਸਾ ਪੰਥ ਦੀ ਕੁੱਲ ਗਿਣਤੀ ਘਟ ਕੇ 15 ਲੱਖ ਤੋਂ ਵੀ ਘੱਟ ਰਹਿ ਗਈ ਸੀ। ਸ਼ੇਰੇ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਵੇਲੇ ਜੋ ਗਿਣਤੀ ਲਗਭਗ ਸਵਾ ਕਰੋੜ ਸੀ, ਉਹ ਅੰਗਰੇਜ਼ਾਂ ਦੀਆਂ ਚਾਲਾਂ, ਈਸਾਈ ਮਿਸ਼ਨਰੀਆਂ ਦੇ ਪ੍ਰਚਾਰ ਅਤੇ ਸਿੱਖਾਂ ਦੇ ਪਤਿਤਪੁਣੇ ਕਾਰਨ ਬਹੁਤ ਸੁੰਗੜ ਚੁੱਕੀ ਸੀ। ਅੰਗਰੇਜ਼ ਤਾਂ ਇੱਥੋਂ ਤੱਕ ਦਾਅਵੇ ਕਰਨ ਲੱਗ ਪਏ ਸਨ ਕਿ ਸਿੱਖ ਕੌਮ ਜਲਦੀ ਹੀ ਖ਼ਤਮ ਹੋ ਜਾਵੇਗੀ ਅਤੇ ਉਨ੍ਹਾਂ ਨੇ ਸ੍ਰੀ ਹਰਿਮੰਦਰ ਸਾਹਿਬ ਨੂੰ ਚਰਚ ਵਿੱਚ ਤਬਦੀਲ ਕਰਨ ਤੱਕ ਦੀ ਜੁਰਅੱਤ ਕਰਨੀ ਚਾਹੀ।

ਅਜਿਹੇ ਨਾਜ਼ੁਕ ਦੌਰ ਵਿੱਚ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਆਪ ਬਹੁੜੀ ਕੀਤੀ। ਗੁਰੂ ਸਾਹਿਬ ਨੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਤੋਂ ਸ੍ਰੀਮਾਨ ਸੰਤ ਅਤਰ ਸਿੰਘ ਜੀ ਮਹਾਰਾਜ ਨੂੰ ਥਾਪੜਾ, ਬਲ ਅਤੇ ਬਰਕਤਾਂ ਦੇ ਕੇ ਪੋਠੋਹਾਰ ਦੀ ਧਰਤੀ ਵੱਲ ਤੋਰਿਆ। ਸੰਤ ਅਤਰ ਸਿੰਘ ਜੀ ਮਹਾਰਾਜ ਨੇ ਕਹੂਟਾ ਦੀ ਇਸ ਪਵਿੱਤਰ ਤਹਿਸੀਲ ਵਿੱਚ ਲਗਭਗ ਚਾਰ ਸਾਲ ਗੁਫਾ ਵਿੱਚ ਬੈਠ ਕੇ ਘੋਰ ਤਪੱਸਿਆ ਕੀਤੀ। ਉਨ੍ਹਾਂ ਦੇ ਅੰਦਰੋਂ ਨਿਕਲਦੀ 'ਵਾਹਿਗੁਰੂ' ਦੀ ਮਿੱਠੀ ਧੁਨ ਸੁਣਨ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਗੁਫਾ ਦੇ ਬਾਹਰ ਜੁੜਨ ਲੱਗ ਪਈਆਂ। ਸੰਤ ਜੀ ਦੇ ਇਸ ਤਪ ਦਾ ਅਜਿਹਾ ਅਸਰ ਹੋਇਆ ਕਿ ਕਹੂਟਾ ਦੁਨੀਆ ਦੀ ਇੱਕੋ-ਇੱਕ ਅਜਿਹੀ ਤਹਿਸੀਲ ਬਣ ਗਈ, ਜਿੱਥੇ 100% ਸਿੱਖ ਆਬਾਦੀ ਅੰਮ੍ਰਿਤਧਾਰੀ ਹੋ ਗਈ। ਇੱਕ ਵੀ ਸਿੱਖ ਬਿਨਾਂ ਅੰਮ੍ਰਿਤ ਤੋਂ ਨਹੀਂ ਰਿਹਾ।

ਡਾ. ਦਰਦੀ ਦੇ ਪੁਰਖਿਆਂ ਦਾ ਯੋਗਦਾਨ; ਸਿਮਰਨ ਅਤੇ ਸੇਵਾ ਦਾ ਸਿਖਰ : ਡਾ. ਜਗਜੀਤ ਸਿੰਘ ਦਰਦੀ ਜੀ ਦਾ ਪਰਿਵਾਰ ਇਸ ਮਹਾਨ ਅਧਿਆਤਮਿਕ ਕ੍ਰਾਂਤੀ ਦਾ ਕੇਂਦਰ ਬਿੰਦੂ ਰਿਹਾ ਹੈ। ਡਾ. ਦਰਦੀ ਦੇ ਪੂਜਨੀਕ ਦਾਦਾ ਜੀ, ਭਾਈ ਸਾਧੂ ਸਿੰਘ ਜੀ (ਜਿਨ੍ਹਾਂ ਦਾ ਜਨਮ ਸੰਤ ਅਤਰ ਸਿੰਘ ਜੀ ਦੇ ਹਾਣੀ ਵਜੋਂ 1866 ਵਿੱਚ ਹੋਇਆ ਸੀ) ਸੰਤ ਜੀ ਦੇ ਬਹੁਤ ਨਿਕਟਵਰਤੀ ਅਤੇ ਅਨਿਨ ਸ਼ਰਧਾਵਾਨ ਸਨ। ਇਸੇ ਤਰ੍ਹਾਂ ਡਾ. ਦਰਦੀ ਜੀ ਦੇ ਦਾਦਾ ਜੀ ਦੇ ਦਾਦਾ ਜੀ, ਬਾਪੂ ਬੁੱਧ ਸਿੰਘ ਜੀ (ਜਿਨ੍ਹਾਂ ਦੀ ਉਮਰ ਉਸ ਵੇਲੇ 127 ਸਾਲ ਸੀ) ਕਹੂਟਾ ਵਿੱਚ ਅੰਮ੍ਰਿਤ ਛਕਣ ਵਾਲੇ ਪਹਿਲੇ ਸਿੱਖ ਸਨ। ਸੰਤ ਅਤਰ ਸਿੰਘ ਜੀ ਮਹਾਰਾਜ ਨੇ ਆਪਣੇ ਹਸਤ-ਕਮਲਾਂ ਨਾਲ ਪਹਿਲਾ ਅੰਮ੍ਰਿਤ ਸੰਚਾਰ ਡਾ. ਦਰਦੀ ਦੇ ਪਿਤਾ-ਪੁਰਖੀ ਘਰ ਵਿੱਚ ਹੀ ਕੀਤਾ ਸੀ।

ਜਦੋਂ ਕਹੂਟਾ ਦੇ ਹਿੰਦੂ ਪਰਿਵਾਰ ਸਿੱਖੀ ਰਹਿਤ-ਮਰਯਾਦਾ, ਕੇਸ-ਦਾੜ੍ਹੀ ਅਤੇ ਨਿਤਨੇਮ ਦੀ ਕਠਿਨਾਈ ਤੋਂ ਡਰਦੇ ਹੋਏ ਅੰਮ੍ਰਿਤ ਛਕਣ ਤੋਂ ਝਿਜਕ ਰਹੇ ਸਨ, ਤਾਂ 127 ਸਾਲਾ ਬਜ਼ੁਰਗ ਬਾਪੂ ਬੁੱਧ ਸਿੰਘ ਜੀ ਨੇ ਉਨ੍ਹਾਂ ਨੂੰ ਸ੍ਰੀ ਮਦ ਭਗਵਦ ਗੀਤਾ ਦੀਆਂ ਸਾਖੀਆਂ ਸੁਣਾ ਕੇ ਮਾਨਸਿਕ ਤੌਰ 'ਤੇ ਤਿਆਰ ਕੀਤਾ। ਇਸ ਦਾ ਅਜਿਹਾ ਪ੍ਰਭਾਵ ਪਿਆ ਕਿ ਸਾਰੇ ਹਿੰਦੂ ਪਰਿਵਾਰਾਂ ਨੇ ਗੁਰੂ ਚਰਨਾਂ ਵਿੱਚ ਸੀਸ ਭੇਟ ਕਰਕੇ ਅੰਮ੍ਰਿਤ ਪਾਨ ਕਰ ਲਿਆ। ਇੱਥੋਂ ਤੱਕ ਕਿ ਸਿੱਖ ਕੌਮ ਦੇ ਮਹਾਨ ਨੇਤਾ ਪੰਥ ਰਤਨ ਮਾਸਟਰ ਤਾਰਾ ਸਿੰਘ (ਜਿਨ੍ਹਾਂ ਦਾ ਬਚਪਨ ਦਾ ਨਾਮ ਨਾਨਕ ਚੰਦ ਸੀ) ਵੀ ਸੰਤ ਅਤਰ ਸਿੰਘ ਜੀ ਦੀ ਘਾਲ-ਕਮਾਈ ਤੋਂ ਪ੍ਰਭਾਵਿਤ ਹੋ ਕੇ ਇਸੇ ਕਹੂਟਾ ਤਹਿਸੀਲ ਵਿੱਚ ਅੰਮ੍ਰਿਤ ਛਕ ਕੇ 'ਨਾਨਕ ਚੰਦ' ਤੋਂ 'ਤਾਰਾ ਸਿੰਘ' ਬਣੇ।

ਸੰਤ ਅਤਰ ਸਿੰਘ ਜੀ ਮਹਾਰਾਜ ਦੀ ਜੀਵਨੀ (Biography) ਵਿੱਚ ਡਾ. ਦਰਦੀ ਦੇ ਪਰਿਵਾਰ ਦਾ ਵਿਸ਼ੇਸ਼ ਜ਼ਿਕਰ ਮਿਲਦਾ ਹੈ। ਸਿੱਖ ਕੌਮ ਦੇ ਮਹਾਨ ਅਕਾਦਮਿਕ ਅਤੇ ਅਧਿਆਤਮਿਕ ਕੇਂਦਰ ਗੁਰਦੁਆਰਾ ਮਸਤੂਆਣਾ ਸਾਹਿਬ ਨੂੰ ਬਣਾਉਣ ਦੀ ਸੰਪੂਰਨ ਯੋਜਨਾ ਵੀ ਡਾ. ਦਰਦੀ ਦੇ ਕਹੂਟਾ ਸਥਿਤ ਘਰ ਵਿੱਚ ਹੀ ਤਿਆਰ ਹੋਈ ਸੀ, ਅਤੇ ਉਨ੍ਹਾਂ ਦੇ ਦਾਦਾ ਜੀ ਨੇ ਮਸਤੂਆਣਾ ਸਾਹਿਬ ਲਈ ਪਹਿਲੀ ਮਾਇਆ ਦੀ ਉਗਰਾਹੀ 14,000 ਰੁਪਏ ਸੰਤ ਜੀ ਦੇ ਚਰਨਾਂ ਵਿੱਚ ਭੇਟ ਕੀਤੀ ਸੀ।



ਵਿੰਕਲਜੀਤ ਸਿੰਘ ਸਰਾ
95014-77889

ਇਸੇ ਤਰ੍ਹਾਂ, ਜਦੋਂ ਗੁਰੂ ਗੋਬਿੰਦ ਸਿੰਘ ਜੀ ਨੇ ਸੰਤ ਨਿਧਾਨ ਸਿੰਘ ਜੀ (ਲੰਗਰ ਸਾਹਿਬ ਵਾਲੇ) ਨੂੰ ਦਰਸ਼ਨ ਦੇ ਕੇ ਵਰ ਦਿੱਤਾ ਸੀ ਕਿ "ਲੰਗਰ ਤੇਰਾ ਤੇ ਖੀਸਾ ਡੇਰਾ", ਤਾਂ ਸੰਤ ਨਿਧਾਨ ਸਿੰਘ ਜੀ ਕਹੂਟਾ ਸ਼ਹਿਰ ਆਏ ਸਨ। ਉਹ ਡਾ. ਦਰਦੀ ਜੀ ਦੇ ਪਰਿਵਾਰ ਕੋਲ ਇੱਕ ਮਹੀਨਾ ਰਹੇ ਅਤੇ ਲੰਗਰ ਦੀ ਸਭ ਤੋਂ ਪਹਿਲੀ ਉਗਰਾਹੀ ਵੀ ਡਾ. ਦਰਦੀ ਦੇ ਦਾਦਾ ਜੀ ਨੇ ਹੀ ਇਕੱਠੀ ਕਰਕੇ ਭੇਜੀ ਸੀ।

ਮਾਤਾ ਜੀ ਦੀ ਉੱਚੀ ਆਤਮਿਕ ਅਵਸਥਾ ਅਤੇ 'ਦੁੱਖ ਭੰਜਨੀ ਸਾਹਿਬ' ਦੀ ਮਹਿਮਾ : ਡਾ. ਜਗਜੀਤ ਸਿੰਘ ਦਰਦੀ ਨੂੰ ਸੇਵਾ ਅਤੇ ਸਿਮਰਨ ਦੀ ਗੁੜ੍ਹਤੀ ਆਪਣੀ ਪੂਜਨੀਕ ਮਾਤਾ ਜੀ ਤੋਂ ਮਿਲੀ। ਕਹੂਟਾ ਵਿਖੇ ਜਿਸ ਸਥਾਨ 'ਤੇ ਸੰਤ ਅਤਰ ਸਿੰਘ ਜੀ ਨੇ ਤਪ ਕੀਤਾ ਸੀ, ਉਸ ਦਾ ਨਾਮ 'ਗੁਰਦੁਆਰਾ ਦੁੱਖ ਭੰਜਨੀ ਸਾਹਿਬ' ਸੀ। ਡਾ. ਦਰਦੀ ਜੀ ਦੀ ਮਾਤਾ ਜੀ ਨੇ ਵਿਆਹ ਤੋਂ ਪਹਿਲਾਂ ਲਗਾਤਾਰ 13 ਸਾਲ ਉਸ ਪਵਿੱਤਰ ਅਸਥਾਨ 'ਤੇ ਜਾ ਕੇ ਤਪੱਸਿਆ ਕੀਤੀ, ਗੁਰਬਾਣੀ ਦੀ ਸੰਥਿਆ ਲਈ ਅਤੇ 15 ਦੇ ਕਰੀਬ ਸਹਿਜ ਪਾਠ ਸ਼ੁੱਧ ਉਚਾਰਨ ਨਾਲ ਸੰਪੂਰਨ ਕੀਤੇ।

ਅਜਿਹੇ ਨਾਜ਼ੁਕ ਦੌਰ ਵਿੱਚ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਆਪ ਬਹੁੜੀ ਕੀਤੀ। ਗੁਰੂ ਸਾਹਿਬ ਨੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਤੋਂ ਸ੍ਰੀਮਾਨ ਸੰਤ ਅਤਰ ਸਿੰਘ ਜੀ ਮਹਾਰਾਜ ਨੂੰ ਥਾਪੜਾ, ਬਲ ਅਤੇ ਬਰਕਤਾਂ ਦੇ ਕੇ ਪੋਠੋਹਾਰ ਦੀ ਧਰਤੀ ਵੱਲ ਤੋਰਿਆ। ਸੰਤ ਅਤਰ ਸਿੰਘ ਜੀ ਮਹਾਰਾਜ ਨੇ ਕਹੂਟਾ ਦੀ ਇਸ ਪਵਿੱਤਰ ਤਹਿਸੀਲ ਵਿੱਚ ਲਗਭਗ ਚਾਰ ਸਾਲ ਗੁਫਾ ਵਿੱਚ ਬੈਠ ਕੇ ਘੋਰ ਤਪੱਸਿਆ ਕੀਤੀ। ਉਨ੍ਹਾਂ ਦੇ ਅੰਦਰੋਂ ਨਿਕਲਦੀ 'ਵਾਹਿਗੁਰੂ' ਦੀ ਮਿੱਠੀ ਧੁਨ ਸੁਣਨ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਗੁਫਾ ਦੇ ਬਾਹਰ ਜੁੜਨ ਲੱਗ ਪਈਆਂ। ਸੰਤ ਜੀ ਦੇ ਇਸ ਤਪ ਦਾ ਅਜਿਹਾ ਅਸਰ ਹੋਇਆ ਕਿ ਕਹੂਟਾ ਦੁਨੀਆ ਦੀ ਇੱਕੋ-ਇੱਕ ਅਜਿਹੀ ਤਹਿਸੀਲ ਬਣ ਗਈ, ਜਿੱਥੇ 100% ਸਿੱਖ ਆਬਾਦੀ ਅੰਮ੍ਰਿਤਧਾਰੀ ਹੋ ਗਈ।

ਸੁਰਗਵਾਸ ਹੋਣ ਤੋਂ ਪਹਿਲਾਂ ਚੜ੍ਹਦੀਕਲਾ ਟਾਈਮ ਟੀਵੀ ਨੂੰ ਦਿੱਤੀ ਇੱਕ ਇੰਟਰਵਿਊ ਵਿੱਚ ਉਨ੍ਹਾਂ ਦੇ ਮਾਤਾ ਜੀ ਨੇ ਦੱਸਿਆ ਸੀ ਕਿ ਕਹੂਟਾ ਦੀ ਇਹ ਰੀਤ ਸੀ ਕਿ 7-8 ਸਾਲ ਦੀ ਉਮਰ ਤੋਂ ਬਾਅਦ ਸ਼ਹਿਰ ਦੀ ਹਰ ਬੱਚੀ ਰੋਜ਼ਾਨਾ ਦੁੱਖ ਭੰਜਨੀ ਸਾਹਿਬ ਜਾਂਦੀ ਸੀ ਅਤੇ ਸਿਮਰਨ ਕਰਦੀ ਸੀ। ਇਸ ਪਵਿੱਤਰ ਮਾਹੌਲ ਵਿੱਚੋਂ ਨਿਕਲੀਆਂ ਮਾਵਾਂ ਦੀ ਕੁੱਖੋਂ ਅਜਿਹੀਆਂ ਸ਼ਖ਼ਸੀਅਤਾਂ ਨੇ ਜਨਮ ਲਿਆ, ਜਿਨ੍ਹਾਂ ਨੇ ਅੱਗੇ ਚੱਲ ਕੇ ਸਿੱਖ ਪੰਥ ਦੀ ਮਹਾਨ ਸੇਵਾ ਕੀਤੀ। ਇਨ੍ਹਾਂ ਵਿੱਚ: ਪਦਮ ਸ੍ਰੀ ਡਾ. ਜਗਜੀਤ ਸਿੰਘ ਦਰਦੀ (ਚੇਅਰਮੈਨ, ਚੜ੍ਹਦੀਕਲਾ ਗਰੁੱਪ), ਡਾ. ਦਵਿੰਦਰ ਸਿੰਘ (ਪ੍ਰਧਾਨ, ਕਲਗੀਧਰ ਟਰਸਟ, ਬੜੂ ਸਾਹਿਬ) ਜਿਨ੍ਹਾਂ ਦੇ ਮਾਤਾ ਜੀ ਵੀ ਉੱਥੇ ਹੀ ਜਾਂਦੇ ਸਨ, ਸਿੰਘ ਸਾਹਿਬ ਗਿਆਨੀ ਸਾਹਿਬ ਸਿੰਘ ਜੀ (ਸ਼ਾਹਬਾਦ ਮਾਰਕੰਡਾ ਵਾਲੇ, ਪ੍ਰਸਿੱਧ ਕਥਾਵਾਚਕ) ਜਿਨ੍ਹਾਂ ਦੇ ਮਾਤਾ ਜੀ ਵੀ ਉਸੇ ਅਸਥਾਨ 'ਤੇ ਤਪ ਕਰਦੇ ਸਨ।

ਪੋਠੋਹਾਰ ਦਾ ਗੌਰਵਮਈ ਇਤਿਹਾਸਕ ਪਿਛੋਕੜ : ਪੋਠੋਹਾਰ ਦੀ ਧਰਤੀ ਦਾ ਸਿੱਖ ਇਤਿਹਾਸ ਦੇ ਸ਼ੁਰੂਆਤੀ ਦੌਰ ਤੋਂ ਹੀ ਗੂੜ੍ਹਾ ਸਬੰਧ ਰਿਹਾ ਹੈ: ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ: ਜਦੋਂ ਗੁਰੂ ਨਾਨਕ ਦੇਵ ਜੀ ਹਸਨ ਅਬਦਾਲ (ਪੰਜਾ ਸਾਹਿਬ) ਤੋਂ ਅੱਗੇ ਗਏ, ਤਾਂ ਉਹ ਕਹੂਟਾ ਸ਼ਹਿਰ ਵਿੱਚ ਇੱਕ ਬੋਹੜ ਦੇ ਦਰਖਤ ਹੇਠ ਬਿਰਾਜੇ ਸਨ। ਮਹਾਨ ਸ਼ਹੀਦ: ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਨਾਲ ਸ਼ਹੀਦ ਹੋਣ ਵਾਲੇ ਭਾਈ ਮਤੀ ਦਾਸ ਜੀ ਅਤੇ ਭਾਈ ਸਤੀ ਦਾਸ ਜੀ ਕਹੂਟਾ ਦੇ ਨੇੜੇ ਸਥਿਤ 'ਮਨਕੈਲਾ ਰੇਲਵੇ ਸਟੇਸ਼ਨ' ਦੇ ਕੋਲ ਇੱਕ ਪਿੰਡ ਦੇ ਰਹਿਣ ਵਾਲੇ ਸਨ। ਜਰਨੈਲ ਹਰੀ ਸਿੰਘ ਨਲੂਆ: ਦੁਨੀਆ ਦੇ ਸਭ ਤੋਂ ਮਹਾਨ ਜਰਨੈਲ ਸਰਦਾਰ ਹਰੀ ਸਿੰਘ ਨਲੂਆ ਜੀ ਦਾ ਸਹੁਰਾ ਘਰ ਵੀ ਕਹੂਟਾ ਵਿੱਚ ਹੀ ਸੀ, ਉਨ੍ਹਾਂ ਦੀ ਧਰਮਪਤਨੀ ਇੱਥੋਂ ਦੇ ਹੀ ਰਹਿਣ ਵਾਲੇ ਸਨ। ਇਤਿਹਾਸਕ ਲੇਖਕ: ਗੁਰੂ ਨਾਨਕ ਦੇਵ ਜੀ ਦੀ ਜਨਮਸਾਖੀ ਲਿਖਣ ਵਾਲੇ ਭਾਈ ਪੈੜਾ ਜੀ (ਜੋ ਪਹਿਲਾਂ ਸੁਲਤਾਨਪੁਰ ਲੋਧੀ ਰਹਿੰਦੇ ਸਨ) ਬਾਅਦ ਵਿੱਚ ਕਹੂਟਾ ਆ ਗਏ ਸਨ ਅਤੇ ਉਨ੍ਹਾਂ ਦੀ ਸਮਾਧੀ ਕਹੂਟਾ ਵਿੱਚ ਹੀ ਸਥਿਤ ਸੀ। ਚਮਕੌਰ ਦੇ ਸ਼ਹੀਦ: ਚਮਕੌਰ ਦੀ ਜੰਗ ਵਿੱਚ ਸ਼ਹੀਦ ਹੋਣ ਵਾਲੇ ਭਾਈ ਸੰਗਤ ਸਿੰਘ ਜੀ ਅਤੇ ਭਾਈ ਸੰਤ ਸਿੰਘ ਜੀ ਵੀ ਪੋਠੋਹਾਰ ਦੇ ਇਲਾਕੇ ਨਾਲ ਹੀ ਸਬੰਧ ਰੱਖਦੇ ਸਨ। ਦੇਸ਼ ਦੇ ਮਹਾਨ ਨੇਤਾ: ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ, ਆਈ. ਕੇ. ਗੁਜਰਾਲ, 1971 ਦੀ ਜੰਗ ਦੇ ਨਾਇਕ ਜਨਰਲ ਜਗਜੀਤ ਸਿੰਘ ਅਰੋੜਾ ਅਤੇ ਸਾਬਕਾ ਵਿੱਤ ਮੰਤਰੀ ਸਰਦਾਰ ਬਲਦੇਵ ਸਿੰਘ ਵਰਗੀਆਂ ਅਜ਼ੀਮ ਸ਼ਖ਼ਸੀਅਤਾਂ ਦਾ ਪਿਛੋਕੜ ਵੀ ਪੋਠੋਹਾਰ ਦੀ ਧਰਤੀ ਹੀ ਹੈ।

ਸੰਨ 1947 ਦੀ ਵੰਡ ਦਾ ਦਰਦ ਅਤੇ ਸਿਦਕ ਦੀ ਅਦੁੱਤੀ ਮਿਸਾਲ : ਸਾਲ 1947 ਵਿੱਚ ਦੇਸ਼ ਦੀ ਵੰਡ ਦੌਰਾਨ ਪੋਠੋਹਾਰ ਦੇ ਸਿੱਖਾਂ 'ਤੇ ਮੁਸੀਬਤਾਂ ਦਾ ਪਹਾੜ ਟੁੱਟ ਪਿਆ। ਅੰਗਰੇਜ਼ਾਂ ਦੇ ਰਾਜ ਵਿੱਚ ਅਤੇ ਸ਼ੇਰੇ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਦੌਰ ਵਿੱਚ ਇਸ ਪਰਿਵਾਰ ਨੂੰ 'ਰਾਜਿਆਂ ਦੇ ਖ਼ਿਤਾਬ', ਹਵੇਲੀਆਂ, ਕਿਲ੍ਹੇ, ਹਾਥੀ-ਘੋੜੇ ਅਤੇ ਹਥਿਆਰ ਮਿਲੇ ਹੋਏ ਸਨ। ਅੰਗਰੇਜ਼ ਸਰਕਾਰ ਦੋਵਾਂ ਵਿਸ਼ਵ ਯੁੱਧਾਂ ਦੌਰਾਨ ਇਨ੍ਹਾਂ ਕੋਲੋਂ ਕਰਜ਼ੇ ਲੈਂਦੀ ਹੁੰਦੀ ਸੀ। ਪਰ ਦੇਸ਼ ਦੀ ਆਜ਼ਾਦੀ ਲਈ ਇਸ ਪਰਿਵਾਰ ਅਤੇ ਪੋਠੋਹਾਰ ਦੇ ਸਿੱਖਾਂ ਨੇ ਆਪਣਾ ਸਭ ਕੁਝ ਕੁਰਬਾਨ ਕਰ ਦਿੱਤਾ।

ਵੰਡ ਦੇ ਸਮੇਂ 8 ਮਾਰਚ 1947 ਨੂੰ ਕਹੂਟਾ ਉੱਤੇ ਲਗਭਗ 50,000 ਕਬਾਇਲੀਆਂ ਅਤੇ ਹਮਲਾਵਰਾਂ ਨੇ ਹਮਲਾ ਕਰ ਦਿੱਤਾ। ਸੰਤ ਨਿਧਾਨ ਸਿੰਘ ਜੀ ਨੇ ਪਹਿਲਾਂ ਹੀ ਭਵਿੱਖਬਾਣੀ ਕੀਤੀ ਸੀ ਕਿ ਅਜਿਹਾ ਹਮਲਾ ਹੋਵੇਗਾ, ਅਤੇ ਉਨ੍ਹਾਂ ਨੇ ਪਰਿਵਾਰ ਨੂੰ ਇੱਕ 'ਬੁਲੇਟਪਰੂਫ ਗੁਰਦੁਆਰਾ ਸਾਹਿਬ' ਬਣਾਉਣ ਦੀ ਜੁਗਤ ਦੱਸੀ ਸੀ। ਜਦੋਂ ਘਰਾਂ ਨੂੰ ਅੱਗ ਲਗਾਈ ਗਈ, ਤਾਂ ਸਾਰੀਆਂ ਸੰਗਤਾਂ ਉਸ ਗੁਰਦੁਆਰੇ ਵਿੱਚ ਇਕੱਠੀਆਂ ਹੋ ਗਈਆਂ। ਬੰਬਾਂ ਅਤੇ ਗੋਲੀਆਂ ਦੇ ਮੀਂਹ ਵਿੱਚ ਵੀ ਸੰਗਤਾਂ ਸੁਰੱਖਿਅਤ ਰਹੀਆਂ। 13 ਸਿੰਘ-ਸਿੰਘਣੀਆਂ ਲੜਦੇ ਹੋਏ ਸ਼ਹੀਦ ਹੋਏ, ਅਤੇ ਬਾਅਦ ਵਿੱਚ ਡੋਗਰਾ ਮਿਲਟਰੀ ਨੇ ਉਨ੍ਹਾਂ ਨੂੰ ਸੁਰੱਖਿਅਤ ਕੱਢ ਕੇ ਵਾਹ ਕੈਂਪ ਪਹੁੰਚਾਇਆ। ਡਾ. ਜਗਜੀਤ ਸਿੰਘ ਦਰਦੀ ਦਾ ਜਨਮ ਵੀ ਉਸੇ ਉਜਾੜੇ ਦੌਰਾਨ ਕੁਰੂਕਸ਼ੇਤਰ ਦੇ ਰਿਫਿਊਜੀ (ਫਿਜ਼ੀ) ਕੈਂਪ ਵਿੱਚ ਹੋਇਆ ਸੀ।

ਪੋਠੋਹਾਰ ਦੇ ਇਲਾਕੇ ਵਿੱਚ ਸਿੱਖੀ ਸਿਦਕ ਦੀਆਂ ਅਜਿਹੀਆਂ ਮਿਸਾਲਾਂ ਮਿਲਦੀਆਂ ਹਨ ਜੋ ਦੁਨੀਆ ਦੇ ਇਤਿਹਾਸ ਵਿੱਚ ਕਿਧਰੇ ਨਹੀਂ ਹਨ। 'ਥੋਆ ਖਾਲਸਾ' ਪਿੰਡ ਵਿਖੇ ਸਾਡੀਆਂ 90 ਬੀਬੀਆਂ, ਧੀਆਂ-ਭੈਣਾਂ ਅਤੇ ਮਾਵਾਂ ਨੇ ਆਪਣੀ ਪਤ ਰੱਖਣ ਲਈ ਖੂਹਾਂ ਵਿੱਚ ਛਾਲਾਂ ਮਾਰ ਕੇ ਸ਼ਹਾਦਤਾਂ ਪ੍ਰਾਪਤ ਕੀਤੀਆਂ, ਪਰ ਮੁਗਲਈ ਸੋਚ ਅੱਗੇ ਗੋਡੇ ਨਹੀਂ ਟੇਕੇ। 'ਥਵਾਲੀ' ਅਤੇ 'ਦੁਬੇਰਾ' ਵਰਗੇ ਪਿੰਡਾਂ ਵਿੱਚ ਸਿੱਖਾਂ ਨੇ ਰਣ-ਤੱਤੇ ਵਿੱਚ ਜੂਝ ਕੇ ਸ਼ਹਾਦਤਾਂ ਪਾਈਆਂ, ਕਈ ਥਾਵਾਂ 'ਤੇ ਇੱਕ ਵੀ ਸਿੱਖ ਜ਼ਿੰਦਾ ਨਹੀਂ ਬਚਿਆ, ਪਰ ਕਿਸੇ ਇੱਕ ਵੀ ਸਿੱਖ ਨੇ ਆਪਣਾ ਧਰਮ ਬਦਲ ਕੇ ਮੁਸਲਮਾਨ ਬਣਨਾ ਪ੍ਰਵਾਨ ਨਹੀਂ ਕੀਤਾ। ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਮਹਾਂਵਾਕ ਅਨੁਸਾਰ:

"ਬਾਂਹ ਜਿਨ੍ਹਾਂ ਦੀ ਪਕੜੀਏ, ਸਿਰ ਦੀਜੈ ਬਾਂਹ ਨ ਛੋੜੀਏ।"

'ਅਦਾਰਾ ਚੜ੍ਹਦੀਕਲਾ'; ਪੋਠੋਹਾਰੀ ਬਰਕਤ ਦਾ ਜੀਵੰਤ ਰੂਪ : ਅੱਜ 'ਅਦਾਰਾ ਚੜ੍ਹਦੀਕਲਾ' ਜਿਸ ਮੁਕਾਮ 'ਤੇ ਹੈ, ਉਹ ਪੋਠੋਹਾਰ ਦੀ ਉਸੇ ਪਵਿੱਤਰ ਮਿੱਟੀ, ਮਾਵਾਂ ਦੀ ਭਗਤੀ, ਅਤੇ ਸੰਤਾਂ-ਮਹਾਂਪੁਰਖਾਂ ਦੀਆਂ ਬਖਸ਼ਿਸ਼ਾਂ ਦਾ ਪ੍ਰਤੱਖ ਪ੍ਰਮਾਣ ਹੈ। ਡਾ. ਜਗਜੀਤ ਸਿੰਘ ਦਰਦੀ ਦੇ ਪਿਤਾ ਜੀ ਨੇ ਸਾਲ 1969 ਵਿੱਚ, ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 500 ਸਾਲਾ ਪ੍ਰਕਾਸ਼ ਪੁਰਬ ਦੇ ਮੁਬਾਰਕ ਮੌਕੇ 'ਚੜ੍ਹਦੀਕਲਾ' ਅਖ਼ਬਾਰ ਦੀ ਨੀਂਹ ਰੱਖੀ ਸੀ। ਬਿਖੜੇ ਪੈਂਡਿਆਂ ਅਤੇ ਵੱਡੇ ਸੰਘਰਸ਼ਾਂ ਵਿੱਚੋਂ ਲੰਘਦਿਆਂ, ਇਸ ਅਦਾਰੇ ਨੇ ਹਮੇਸ਼ਾ ਸੱਚ ਅਤੇ ਨਿਰਪੱਖਤਾ ਦਾ ਪੱਲਾ ਫੜੀ ਰੱਖਿਆ। ਬਾਅਦ ਵਿੱਚ, ਇਸੇ ਅਧਿਆਤਮਿਕ ਬਰਕਤ ਸਦਕਾ 'ਚੜ੍ਹਦੀਕਲਾ ਟਾਈਮ ਟੀਵੀ' ਦਾ ਜਨਮ ਹੋਇਆ, ਜੋ ਅੱਜ ਪੂਰੀ ਦੁਨੀਆ ਵਿੱਚ ਪੰਜਾਬੀਅਤ, ਸਿੱਖ ਇਤਿਹਾਸ, ਗੁਰਬਾਣੀ ਪ੍ਰਚਾਰ ਅਤੇ ਨਿਰਪੱਖ ਪੱਤਰਕਾਰੀ ਦਾ ਸਭ ਤੋਂ ਸਤਿਕਾਰਯੋਗ ਅਤੇ ਵੱਡਾ ਸੈਟੇਲਾਈਟ ਚੈਨਲ ਹੈ।

ਇਸ ਦੇ ਨਾਲ ਹੀ, ਸੰਤ ਅਤਰ ਸਿੰਘ ਜੀ ਦੇ ਵਿੱਦਿਅਕ ਮਿਸ਼ਨ ਨੂੰ ਅੱਗੇ ਵਧਾਉਂਦਿਆਂ, ਦਿੱਲੀ ਵਿੱਚ 'ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ' ਦੀ ਸਥਾਪਨਾ ਡਾ. ਦਰਦੀ ਦੇ ਨਾਨਾ ਜੀ, ਬਖਸ਼ੀ ਗੁਰਚਰਨ ਸਿੰਘ ਜੀ (ਜੋ ਦਿੱਲੀ ਗੁਰਦੁਆਰਾ ਕਮੇਟੀ ਦੇ ਪਹਿਲੇ ਪ੍ਰਧਾਨ ਬਣੇ) ਨੇ ਇੰਡੀਆ ਗੇਟ ਵਿਖੇ ਕੀਤੀ ਸੀ। ਪੰਜਾਬ ਵਿੱਚ ਇਸ ਮਿਸ਼ਨ ਨੂੰ ਡਾ. ਦਰਦੀ ਜੀ ਦੇ ਮਾਤਾ-ਪਿਤਾ ਨੇ ਅੱਗੇ ਵਧਾਇਆ ਅਤੇ ਅੱਜ ਉਨ੍ਹਾਂ ਦੀ ਧਰਮਪਤਨੀ ਸਰਦਾਰਨੀ ਜਸਵਿੰਦਰ ਕੌਰ ਜੀ ਪੰਜ ਪ੍ਰਮੁੱਖ ਸਕੂਲਾਂ ਦਾ ਸੰਚਾਲਨ ਬੜੀ ਸਫ਼ਲਤਾਪੂਰਵਕ ਕਰਕੇ ਹਜ਼ਾਰਾਂ ਬੱਚਿਆਂ ਦੇ ਭਵਿੱਖ ਨੂੰ ਰੋਸ਼ਨ ਕਰ ਰਹੇ ਹਨ।

ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਸਰੋਤ : ਸਰਦਾਰ ਅਨੋਖ ਸਿੰਘ ਵਿਰਕ ਅਤੇ ਕੈਪਟਨ ਹਰਕੇਸ਼ ਸਿੰਘ ਦੀ ਪਦਮ ਸ੍ਰੀ ਡਾ. ਜਗਜੀਤ ਸਿੰਘ ਦਰਦੀ ਨਾਲ ਹੋਈ ਇਹ ਵਿਸ਼ੇਸ਼ ਮੁਲਾਕਾਤ ਸਾਨੂੰ ਇਹ ਅਹਿਸਾਸ ਕਰਵਾਉਂਦੀ ਹੈ ਕਿ 'ਵਿਰਾਸਤ' ਸਿਰਫ਼ ਜ਼ਮੀਨ ਦੇ ਟੁਕੜਿਆਂ ਨਾਲ ਨਹੀਂ ਬਣਦੀ, ਸਗੋਂ ਇਹ ਉੱਚੇ ਆਤਮਿਕ ਸੰਸਕਾਰਾਂ, ਪੁਰਖਿਆਂ ਦੀਆਂ ਕੁਰਬਾਨੀਆਂ, ਗੁਰੂ ਪ੍ਰਤੀ ਅਡੋਲ ਵਿਸ਼ਵਾਸ ਅਤੇ ਮਨੁੱਖਤਾ ਦੀ ਸੇਵਾ ਨਾਲ ਸਿਰਜੀ ਜਾਂਦੀ ਹੈ। ਪੋਠੋਹਾਰ ਦੇ ਸਿੱਖਾਂ ਨੇ ਉਜਾੜੇ ਤੋਂ ਬਾਅਦ ਭਾਰਤ ਵਿੱਚ ਆ ਕੇ ਆਪਣੀ ਮਿਹਨਤ ਦੇ ਬਲਬੂਤੇ ਆਪਣਾ ਸਟੇਟਸ ਮੁੜ ਬਹਾਲ ਕੀਤਾ ਅਤੇ ਦੇਸ਼-ਕੌਮ ਦੀ ਸੇਵਾ ਵਿੱਚ ਅਹਿਮ ਯੋਗਦਾਨ ਪਾਇਆ।

ਅਦਾਰਾ ਚੜ੍ਹਦੀਕਲਾ ਅੱਜ ਵੀ ਉਸੇ ਪੋਠੋਹਾਰੀ ਸੁਗੰਧੀ ਅਤੇ ਗੁਰੂ ਸਾਹਿਬਾਨ ਦੇ ਮਨੁੱਖੀ ਸਾਂਝੀਵਾਲਤਾ ਦੇ ਸੰਦੇਸ਼ ਨੂੰ ਪੂਰੀ ਦੁਨੀਆ ਵਿੱਚ ਫੈਲਾਉਣ ਲਈ ਵਚਨਬੱਧ ਹੈ। ਇਹ ਮੁਲਾਕਾਤ ਸਾਹਿਤ, ਇਤਿਹਾਸ ਅਤੇ ਪੱਤਰਕਾਰੀ ਦੇ ਸੁਮੇਲ ਦੀ ਇੱਕ ਅਜਿਹੀ ਮਿਸਾਲ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾ ਇੱਕ ਰਾਹ-ਦਰਸਾਵਾ ਜੋਤ ਬਣੀ ਰਹੇਗੀ।

ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ।

# ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਸੋਧ ਕਾਨੂੰਨ-2026



ਡਾ. ਕੁਲਵੰਤ ਕੌਰ
98156-20515

ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸੋਧ ਕਾਨੂੰਨ 2026, ਦਰਅਸਲ ਬਾਦਲ ਸਰਕਾਰ ਵਲੋਂ 2008 ਵਿਚ ਬਣਾਏ ਗਏ ਕਾਨੂੰਨ ਦਾ ਹੀ ਸੋਧਿਆ ਹੋਇਆ ਰੂਪ ਹੈ, ਜਿਸ ਵਿਚ ਮੌਜੂਦਾ ਪ੍ਰਸਥਿਤੀਆਂ ਅਨੁਸਾਰ ਵਾਧੇ ਘਾਟੇ ਕਰਕੇ ਦੋਖੀਆਂ ਤੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਦਾ ਪ੍ਰਾਵਧਾਨ ਕੀਤਾ ਗਿਆ ਹੈ। 2008 ਵਿਚ, ਪੰਥਕ ਅਖਵਾਉਂਦੀ ਸਰਕਾਰ ਵਲੋਂ, ਬਣਾਏ ਕਾਨੂੰਨ ਵਿਚ ਮੁੱਖ ਤੌਰ 'ਤੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਜਾਂ ਇਸ ਵਲੋਂ ਅਧਿਕਾਰਤ ਸੰਸਥਾਵਾਂ ਨੂੰ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਛਾਪਣ, ਪ੍ਰਕਾਸ਼ਿਤ ਕਰਨ, ਸਾਂਭਣ ਜਾਂ ਵੰਡਣ ਦਾ ਆਦੇਸ਼ ਦਿੱਤਾ ਗਿਆ ਸੀ ਤਾਂ ਜੋ ਇਨ੍ਹਾਂ ਦੀ ਮਰਯਾਦਾ, ਭੰਡਾਰਨ, ਪਵਿੱਤਰਤਾ ਤੇ ਸਤਿਕਾਰ ਬਰਕਰਾਰ ਰੱਖਿਆ ਜਾ ਸਕੇ ਕਿਉਂਕਿ ਉਦੋਂ ਜਾਣਕਾਰੀਆਂ ਮਿਲ ਰਹੀਆਂ ਸਨ ਕਿ ਕਈ ਪ੍ਰਾਈਵੇਟ ਅਦਾਰੇ ਜਾਂ ਵਿਦੇਸ਼ੀ ਧਰਤੀਆਂ 'ਤੇ ਵੀ ਨਵੀਆਂ ਬੀੜਾਂ ਦੀ ਪ੍ਰਕਾਸ਼ਨਾ ਹੋ ਰਹੀ ਹੈ। ਇਸ ਕਾਨੂੰਨ ਦਾ ਅਸਲ ਉਦੇਸ਼ ਸੁਚੱਜੀ ਸਾਂਭ-ਸੰਭਾਲ ਅਤੇ ਲਿਆਉਣ-ਲਿਜਾਣ ਸਮੇਂ ਪੂਰੀ ਮਰਯਾਦਾ ਦੀ ਬਹਾਲੀ ਸੀ। ਇੰਵ, ਛਪਾਈ, ਲੱਦਾਈ ਤੇ ਸੁਧਾਈ ਵੇਲੇ ਹੋਣ ਵਾਲੀਆਂ ਕੁਤਾਹੀਆਂ ਘਟਾਉਣ ਦੇ ਇਰਾਦੇ ਨਾਲ ਹੀ ਇਹ ਕਾਨੂੰਨ ਹੋਂਦ ਵਿਚ ਲਿਆਂਦਾ ਗਿਆ ਸੀ। ਇਸ ਅਨੁਸਾਰ ਕੁਤਾਹੀ ਕਰਨ, ਮਰਯਾਦਾ ਭੰਗ ਕਰਨ ਤੇ ਬੇਅਦਬੀ ਲਈ ਦੋ ਸਾਲ ਤੱਕ ਦੀ ਸਜ਼ਾ ਤੇ ਪੰਜਾਹ ਹਜ਼ਾਰ ਰੁਪਏ ਜੁਰਮਾਨੇ ਤੱਕ ਦੀ ਵਿਵਸਥਾ ਕੀਤੀ ਗਈ ਸੀ। ਪਰ ਵਿਚਾਰਨਯੋਗ ਤੱਥ ਇਹ ਹੈ ਕਿ 2008 ਤੋਂ ਬਾਅਦ ਕੀ ਕੁਝ ਨਹੀਂ ਵਾਪਰਿਆ? ਓਸ ਵੇਲੇ ਪਾਸ ਕੀਤੇ ਕਾਨੂੰਨ ਮੁਤਾਬਿਕ, ਕੋਈ ਵੀ ਲੋੜੀਂਦਾ ਕਦਮ ਚੁੱਕਿਆ ਹੁੰਦਾ ਤਾਂ ਅੱਜ ਦਹਾਕਿਆਂ ਉਪਰੰਤ ਅਜਿਹਾ ਵਾਵੇਲਾ ਖੜ੍ਹਾ ਨਾ ਹੁੰਦਾ। ਪੰਥ ਪਾੜਿਆ ਨਾ ਜਾਂਦਾ। ਸਿਆਸਤ ਇਸ ਕਦਰ ਗੰਧਲੀ ਨਾ ਹੁੰਦੀ। ਸਾਢੇ ਪੰਜ ਸਦੀਆਂ ਪੁਰਾਣੇ ਇਲਾਹੀ ਮਿਸ਼ਨ ਨੂੰ, ਪੈਰਾਂ ਹੇਠ ਰੋਲਣ ਦੀ, ਇਕ ਪਰਿਵਾਰ ਦੀ ਕਦੇ ਹਿੰਮਤ ਹੀ ਨਾ ਪੈਂਦੀ ਤੇ ਮਹਾਨ ਤੇ ਸਰਵੋਚ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਤਾਨਾਸ਼ਾਹੀਆਂ ਚਲਾਉਣ ਵਾਲੇ ਕਿਰਦਾਰ ਨਾ ਬੈਠਾਏ ਜਾਂਦੇ।

ਜਿਸ ਦਿਨ ਤੋਂ (13 ਅਪ੍ਰੈਲ) ਇਹ ਕਾਨੂੰਨ ਬਣਾਇਆ ਤੇ ਲਾਗੂ ਕੀਤਾ ਗਿਆ ਹੈ, ਓਸੇ ਦਿਨ ਤੋਂ ਭੰਬਲਭੂਸੇ, ਭੰਡੀ ਪ੍ਰਚਾਰ ਤੇ ਸ਼ੰਕਾਵਾਂ ਖੜ੍ਹੀਆਂ ਕੀਤੀਆਂ ਗਈਆਂ ਹਨ। ਬੇਅਦਬੀਆਂ ਨਾਲ ਵਲੂੰਧਰੇ ਹਿਰਦੇ, ਇਸ ਚੁੰਜ ਚਰਚਾ ਨਾਲ ਹੋਰ ਵੀ ਲੂਹੇ ਜਾ ਰਹੇ ਹਨ। ਪੌਣੀ ਸਦੀ ਵਿਚ ਐਨੀ ਸੰਤਪਿਤ ਮੈਂ, ਆਪਣੇ ਆਪ ਨੂੰ ਕਦੇ ਨਹੀਂ ਸੀ ਮਹਿਸੂਸ ਕੀਤਾ ਜਿੰਨਾ ਅੱਜ ਕੱਲ ਕਰ ਰਹੀ ਹਾਂ ਕਿਉਂਕਿ ਜਾਣੀਆਂ ਪਛਾਣੀਆਂ ਪੰਥਕ ਧਿਰਾਂ, ਅਦਾਰਿਆਂ ਤੇ ਦਲਾਂ ਵਲੋਂ ਕੀਤਾ ਜਾ ਰਿਹਾ ਵਿਰੋਧ (ਨਵੇਂ ਕਾਨੂੰਨ ਦਾ) ਸਮਝੋਂ ਬਾਹਰਾ ਹੈ। ਗ਼ਲਤ ਫਹਿਮੀਆਂ ਤੇ ਨਿਰਮੂਲ ਸ਼ੰਕਿਆਂ ਕਾਰਨ ਖਾਹ ਮਖਾਹ ਹੀ ਇਕ ਜ਼ਿੱਦ ਪੁਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਸ੍ਰੀ ਗੁਰੂ ਗ੍ਰੰਥ ਸਾਹਿਬ ਮਹਿਜ਼ ਕੋਈ ਧਾਰਮਿਕ ਪੁਸਤਕ ਨਹੀਂ ਹੈ- ਜਿਸ ਦਾ ਰਾਮਾਇਣ, ਗੀਤਾ, ਬਾਈਬਲ, ਕੁਰਾਨ ਜਾਂ ਦੂਸਰੇ ਉਪਨਿਸ਼ਦਾਂ ਤੇ ਵੇਦਾਂ ਅਤੇ ਵਿਭਿੰਨ ਮੂਰਤੀਆਂ ਨਾਲ ਮੁਕਾਬਲਾ ਕੀਤਾ ਜਾ ਸਕੇ। ਨਿਰਸੰਦੇਹ, ਇਨ੍ਹਾਂ ਸਾਰਿਆਂ ਵਿਚ ਵੀ ਆਪੋ ਆਪਣੇ ਅਕੀਦੇ, ਮਜਹਬ, ਵਿਸ਼ਵਾਸ, ਮਰਯਾਦਾ ਅਤੇ ਫਲਸਫ਼ੇ ਦਾ ਵਿਸਥਾਰ ਅੰਕਿਤ ਕੀਤਾ ਗਿਆ ਹੈ (ਜੋ ਕਰੋੜਾਂ ਲੋਕਾਂ ਦੀ ਆਸਥਾ ਨਾਲ ਜੁੜਿਆ ਹੋਇਆ ਹੈ) ਪਰੰਤੂ ਸ੍ਰੀ ਗੁਰੂ ਗ੍ਰੰਥ ਸਾਹਿਬ ਤਾਂ ਪ੍ਰਤੱਖ ਨਿਰੰਕਾਰੀ ਬਚਨ ਹਨ, ਜਿਹੜੇ ਕਈ ਸੌ ਸਾਲਾਂ ਦੇ ਅੰਤਰਾਲ (ਭਗਤ ਜੈ ਦੇਵ ਜੀ (1170)) ਤੋਂ ਲੈ ਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ (1675 ਤੱਕ) ਵਿਚ ਵਿਚਰੇ ਰੂਹਾਨੀ ਪਰਮਪੁਰਖਿਆਂ ਦੇ ਅਨੁਭੂਤ ਬਚਨ ਹਨ। ਜਿਵੇਂ ਵਿਭਿੰਨ ਰਹਿਬਰਾਂ ਨੇ ਸਪੱਸ਼ਟ ਕੀਤਾ ਹੈ :-

**ਜੈਸੀ ਮੈ ਆਵੈ**
**ਖਸਮ ਕੀ ਬਾਣੀ।**
**ਤੈਸੜਾ ਕਰੀ**
**ਗਿਆਨੁ ਵੇ ਲਾਲੋ।**
**ਅਤੇ**
**ਵਾਹੁ-ਵਾਹੁ ਬਾਣੀ ਨਿਰੰਕਾਰ ਹੈ**
**ਤਿਸੁ ਜੇਵਡੁ ਅਵਰੁ ਨ ਕੋਇ।**

ਇਸ ਪ੍ਰਕਾਰ, ਕਤਈ ਵੀ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਕਿਸੇ ਹੋਰ ਪੋਥੀ, ਧਾਰਮਿਕ ਪੁਸਤਕ ਜਾਂ ਸ਼ਾਸਤਰ ਨਾਲ ਨਹੀਂ ਤੁਲਨਾਇਆ ਜਾ ਸਕਦਾ, ਉਪਮਾਇਆ ਜਾ ਸਕਦਾ। ਹਾਂ, ਇਨ੍ਹਾਂ ਸਭਨਾਂ 'ਚ ਸਤਿਕਾਰ, ਅਦਬ ਤੇ ਸਾਂਭ-ਸੰਭਾਲ ਬਹੁਤ ਜ਼ਰੂਰੀ ਹੈ ਤੇ ਬੇਅਦਬੀ ਕਰਨ ਵਾਲੇ ਨਾਲ ਸਖ਼ਤਾਈ ਨਾਲ ਨਜਿੱਠਣਾ ਵੀ ਜ਼ਰੂਰੀ ਹੈ ਪਰ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਦੇਸ਼ ਦੀ ਸਰਵੋਚ ਅਦਾਲਤ ਵਲੋਂ **'ਜਗਤ ਜੋਤ ਇਸ਼ਟ'** ਵਜੋਂ ਪ੍ਰਵਾਨਿਆ ਜਾ ਚੁੱਕਾ ਹੈ। ਵਿ ਲੱ ਖ ਣ ਪਹਿਚਾਣ ਨੰਬਰ ਲਾਉਣ ਨੂੰ ਵੀ, ਪਵਿੱਤਰ ਬੀੜ ਦੇ ਮੂਲ ਸਰੂਪ ਨਾਲ ਜੇਕਰ ਛੇੜਛਾੜ ਮੰਨਿਆ ਜਾ ਰਿਹਾ ਹੈ ਤਾਂ ਹੀ ਨਾਭ ਕੰਵਲ ਰਾਜਾ ਸਾਹਿਬ ਵਿਖੇ ਮਿਲੀਆਂ ਸੈਂਕੜੇ ਬੀੜਾਂ ਸਬੰਧੀ ਭੁਲੇਖੇ ਪੈਦਾ ਹੋਏ ਸਨ। ਇੱਕੀਵੀਂ ਸਦੀ ਵਿਚ ਵੀ ਜੇਕਰ ਸੋਚ ਮੱਧਕਾਲੀਨ ਹੀ ਰੱਖਣੀ ਹੈ ਤਾਂ ਫਿਰ ਆਲੀਸ਼ਾਨ ਗੱਡੀਆਂ ਦੀ ਸਵਾਰੀ ਕਰ ਰਹੇ ਸਾਡੇ ਜਥੇਦਾਰ, ਘੋੜਿਆਂ ਦੀ ਸਵਾਰੀ ਕਿਉਂ ਨਹੀਂ ਕਰਦੇ? 328 ਸਰੂਪਾਂ ਦੇ ਲਾਪਤਾ ਹੋਣ ਦਾ ਸਭ ਤੋਂ ਵੱਡਾ ਕਾਰਨ ਵੀ ਵਿਲੱਖਣ ਪਹਿਚਾਣ ਨੰਬਰ ਦੀ ਘਾਟ ਕਹੀ ਜਾ ਸਕਦੀ ਹੈ। ਇਸ ਨਾਲ ਬਾਣੀ ਦੇ ਮਹਾਨ ਸੰਦੇਸ਼ 'ਤੇ ਭਲਾ ਕਿਹੜੀ ਆਂਚ ਆ ਸਕਦੀ ਹੈ? ਸਾਡੀ ਜਾਣਕਾਰੀ ਅਨੁਸਾਰ, ਬੀਤੇ ਸਮਿਆਂ ਵਿਚ ਵੀ ਲੜੀ ਨੰਬਰ ਆਦਿ ਰਾਹੀਂ ਪਛਾਣ ਦਾ ਪ੍ਰਾਵਧਾਨ ਰਿਹਾ ਹੈ।

ਇਸ ਮੁੱਦੇ 'ਤੇ ਵਿਚਾਰ ਪ੍ਰਗਟਾਉਣ ਦੀ ਲੰਮੀ ਚੌੜੀ ਗੁੰਜਾਇਸ਼ ਹੈ ਪਰੰਤੂ ਇਕ ਜ਼ਰੂਰੀ ਨੁਕਤੇ 'ਤੇ ਗੱਲ ਕਰਕੇ, ਇਸ ਵਿਚਾਰ-ਚਰਚਾ ਨੂੰ ਸਮੇਟਣਾ ਚਾਹਾਂਗੀ। ਸਿੱਖ ਗੁਰਦਵਾਰਾ ਐਕਟ 1925 ਦੀ ਧਾਰਾ 142 ਅਧੀਨ, ਸ਼੍ਰੋਮਣੀ ਕਮੇਟੀ, ਦੀਵਾਨੀ ਮਾਮਲਿਆਂ ਵਿਚ ਗੁਰਦਵਾਰਾ ਕਮਿਸ਼ਨ ਨੂੰ ਜਵਾਬਦੇਹ ਹੈ, ਕਾਨੂੰਨੀ ਤੌਰ 'ਤੇ। ਭਾਵੇਂ ਕਮਿਸ਼ਨ ਦੇ ਫ਼ੈਸਲੇ (ਫੌਜਦਾਰੀ ਮਾਮਲੇ 'ਚ) ਨੂੰ ਅਦਾਲਤ ਵਿਚ ਚੁਣੌਤੀ ਦਿੱਤੀ ਜਾ ਸਕਦੀ ਹੈ। ਇਸ ਐਕਟ ਅਨੁਸਾਰ, ਸ਼੍ਰੋਮਣੀ ਕਮੇਟੀ, ਵਿੱਤੀ ਲੈਣ-ਦੇਣ, ਔਡਿਟ (ਔਡਿਟਰ ਸਰਕਾਰ ਵੱਲੋਂ ਨਿਯੁਕਤ ਕੀਤਾ ਜਾਣਾ ਹੁੰਦਾ ਹੈ) ਪੜਤਾਲ ਤੇ ਹਰ ਨਿੱਕਾ ਨੰਨਾ ਵੇਰਵਾ ਸਰਕਾਰ ਨੂੰ ਦੇਣ ਲਈ ਪਾਬੰਦ ਹੈ। ਸੋ ਜਥੇਦਾਰ ਵੱਲੋਂ ਸ਼੍ਰੋਮਣੀ ਕਮੇਟੀ ਦੀ ਖ਼ੁਦਮੁਖਤਿਆਰੀ ਦਾ ਦਾਅਵਾ ਖੋਖਲਾ ਤੇ ਨਿਰਆਧਾਰ ਹੈ। ਸਮੁੱਚੇ ਤੌਰ 'ਤੇ ਕਿਹਾ ਜਾ ਸਕਦਾ ਹੈ ਕਿ ਦਹਾਕੇ ਭਰ ਤੋਂ ਚੱਲ ਰਿਹਾ ਬੇਅਦਬੀ ਦਾ ਨਿਰੰਤਰ ਸਿਲਸਿਲਾ, ਮੌਜੂਦਾ ਕਾਨੂੰਨ ਬਣਨ ਉਪਰੰਤ ਵੀ ਬੰਦ ਨਹੀਂ ਹੋਇਆ - ਤਿੰਨ ਚਾਰ ਥਾਵਾਂ 'ਤੇ ਅਜਿਹੀਆਂ ਦਿਲ ਹਲੂਣੀ ਵਾਲੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ ਤੇ ਕਿਹੜੇ ਦੋਖੀ ਫੜੇ ਗਏ ਹਨ ਹੁਣ ਤੱਕ? ਕਾਨੂੰਨ ਤਾਂ 2012 ਵਿਚ ਵੀ ਬਣਿਆ ਸੀ ਨਿਰਭੈਆ ਕਾਂਡ ਵਾਪਰਨ ਪਿਛੋਂ ਪਰ ਬੱਸਾਂ ਵਿਚ, ਹੁਣ ਵੀ ਸਮੂਹਿਕ ਬਲਾਤਕਾਰ ਹੋ ਰਹੇ ਹਨ। ਗੱਲ ਸੋਝੀ, ਸਮਝਦਾਰੀ, ਸੰਵੇਦਨਸ਼ੀਲਤਾ, ਰੱਬੀ ਭੈਅ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਲਾਸਾਨੀਅਤ, ਸਰਬ ਸਾਂਝੇ ਸੰਦੇਸ਼ ਤੇ ਮਹਾਨਤਾ ਸਮਝਣ ਦੀ ਹੈ। ਵਿਰੋਧ ਲਈ ਵਿਰੋਧ ਕਰਨ ਦੀ ਬਜਾਇ, ਅਮਨ ਅਮਾਨ ਨਾਲ ਬੈਠ ਕੇ ਵੀ ਮਸਲੇ ਸੁਲਝਾਏ ਜਾ ਸਕਦੇ ਹਨ।

# ਕੇਂਦਰ ਸਰਕਾਰ ਦੇ 12 ਸਾਲ ਪੂਰੇ ਹੋਣ 'ਤੇ ਰੁੱਖ ਲਗਾਉਣ ਦਾ ਪ੍ਰੋਗਰਾਮ ਆਯੋਜਿਤ



ਅਸੰਧ, 13 ਜੂਨ (ਦਲਸਿੰਘ ਮਾਨ): ਕੇਂਦਰ ਸਰਕਾਰ ਦੇ 12 ਸਾਲ ਪੂਰੇ ਹੋਣ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ, ਅਸੰਧ ਦੇ ਵਿਧਾਇਕ ਯੋਗੇਂਦਰ ਰਾਣਾ ਨੇ ਕਿਹਾ ਕਿ ਰੁੱਖ ਕੁਦਰਤ ਦਾ ਅਨਮੋਲ ਤੋਹਫ਼ਾ ਹਨ, ਅਤੇ ਉਨ੍ਹਾਂ ਦੀ ਸੰਭਾਲ ਮਨੁੱਖੀ ਜੀਵਨ ਦੇ ਵਜੂਦ ਅਤੇ ਭਵਿੱਖ ਨੂੰ ਸੁਰੱਖਿਅਤ ਕਰੇਗੀ। ਹੋਰ ਰੁੱਖ ਲਗਾ ਕੇ ਅਤੇ ਉਨ੍ਹਾਂ ਦੀ ਰੱਖਿਆ ਕਰਕੇ, ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸਾਫ਼ ਅਤੇ ਸੁਰੱਖਿਅਤ ਵਾਤਾਵਰਣ ਯਕੀਨੀ ਬਣਾ ਸਕਦੇ ਹਾਂ। ਵਿਧਾਇਕ ਸਰਕਾਰ ਦੀ 12 ਸਾਲਾ ਵਰ੍ਹੇਗੰਢ ਮੌਕੇ ਚਲਾਈ ਜਾ ਰਹੀ ਰੁੱਖ ਲਗਾਉਣ ਮੁਹਿੰਮ ਦੇ ਹਿੱਸੇ ਵਜੋਂ ਸ਼ਨੀਵਾਰ ਨੂੰ ਵਾਰਡ 1 ਦੇ ਫਾਈਵ ਪੌਂਡ ਵਿਖੇ ਉਪ-ਮੰਡਲ ਪ੍ਰਸ਼ਾਸਨ ਵੱਲੋਂ ਆਯੋਜਿਤ ਇੱਕ ਵਿਸ਼ੇਸ਼ ਰੁੱਖ ਲਗਾਉਣ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਬੋਲ ਰਹੇ ਸਨ। ਸਮਾਰੋਹ ਦੌਰਾਨ, ਵਿਧਾਇਕ ਨੇ ਇੱਕ ਪੌਦਾ ਲਗਾਇਆ ਅਤੇ ਵਾਤਾਵਰਣ ਸੁਰੱਖਿਆ ਦਾ ਸੰਦੇਸ਼ ਦਿੱਤਾ ਅਤੇ ਨਾਗਰਿਕਾਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਉਨ੍ਹਾਂ ਦੀ ਨਿਯਮਤ ਦੇਖਭਾਲ ਕਰਨ ਦੀ ਅਪੀਲ ਕੀਤੀ। ਇਸ ਮੌਕੇ ਐਸਡੀਐਮ ਸੁਮਿਤ ਸਿਹਾਗ ਨੇ ਵੀ ਇੱਕ ਪੌਦਾ ਲਗਾਇਆ ਅਤੇ ਜਨਤਾ ਨੂੰ ਸਾਫ਼-ਸੁਥਰਾ ਅਤੇ ਸੁਰੱਖਿਅਤ ਵਾਤਾਵਰਣ ਬਣਾਈ ਰੱਖਣ ਦਾ ਸੰਦੇਸ਼ ਦਿੱਤਾ। ਵਿਧਾਇਕ ਦੀ ਅਗਵਾਈ ਹੇਠ, ਸਥਾਨਕ ਪ੍ਰਤੀਨਿਧੀਆਂ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ, ਸਮਾਜ ਸੇਵਕਾਂ ਅਤੇ ਪ੍ਰਮੁੱਖ ਨਾਗਰਿਕਾਂ ਦੁਆਰਾ ਫਾਈਵ ਪੌਂਡ ਤਲਾਅ 'ਤੇ ਵੱਖ-ਵੱਖ ਕਿਸਮਾਂ ਦੇ 100 ਤੋਂ ਵੱਧ ਪੌਦੇ ਲਗਾਏ ਗਏ। ਇਸ ਮੌਕੇ 'ਤੇ, ਵਿਧਾਇਕ ਨੇ ਸਭ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਆਪਣੇ ਕਾਰਜਕਾਲ ਦੇ 12 ਸ਼ਾਨਦਾਰ ਸਾਲ ਪੂਰੇ ਕਰਨ 'ਤੇ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਇਨ੍ਹਾਂ 12 ਸਾਲਾਂ ਦੀਆਂ ਪ੍ਰਾਪਤੀਆਂ ਨੂੰ ਯਾਦ ਕਰਦਿਆਂ, ਉਨ੍ਹਾਂ ਕਿਹਾ ਕਿ ਕਈ ਵਿਕਾਸ ਅਤੇ ਲੋਕ ਭਲਾਈ ਯੋਜਨਾਵਾਂ ਨੂੰ ਲਾਗੂ ਕਰਨ ਨਾਲ ਆਮ ਨਾਗਰਿਕਾਂ ਨੂੰ ਲਾਭ ਹੋ ਰਿਹਾ ਹੈ। ਪੌਦੇ ਲਗਾਉਣ ਦੌਰਾਨ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਧਦੇ ਪ੍ਰਦੂਸ਼ਣ, ਜਲਵਾਯੂ ਪਰਿਵਰਤਨ ਅਤੇ ਵਾਤਾਵਰਣ ਚੁਣੌਤੀਆਂ ਦੇ ਇਸ ਯੁੱਗ ਵਿੱਚ, ਰੁੱਖ ਲਗਾਉਣਾ ਸਿਰਫ਼ ਇੱਕ ਮੁਹਿੰਮ ਨਹੀਂ ਸਗੋਂ ਆਉਣ ਵਾਲੀਆਂ ਪੀੜ੍ਹੀਆਂ ਪ੍ਰਤੀ ਇੱਕ ਜ਼ਿੰਮੇਵਾਰੀ ਹੈ।

शिक्षा मंत्रालय
MINISTRY OF EDUCATION
Government of India

"ਮੈਂ ਦੁਨੀਆ ਭਰ ਦੇ ਨੇਤਾਵਾਂ, ਸੀਈਓਜ਼, ਨਿਵੇਸ਼ਕਾਂ ਅਤੇ ਯੂਨੀਵਰਸਿਟੀਆਂ ਨੂੰ ਭਾਰਤ ਵਿੱਚ ਇੱਕ ਅਜਿਹੇ ਭਵਿੱਖ ਦੇ ਨਿਰਮਾਣ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੰਦਾ ਹਾਂ ਜਿੱਥੇ ਤਕਨਾਲੋਜੀ ਮਨੁੱਖਤਾ ਦੀ ਸੇਵਾ ਕਰਦੀ ਹੈ ਅਤੇ ਤਰੱਕੀ ਸ਼ਾਮਲ ਹੈ।"

- ਨਰੇਂਦਰ ਮੋਦੀ
ਪ੍ਰਧਾਨ ਮੰਤਰੀ



bharat INNOVATES
NICE, FRANCE 14-16 JUNE, 2026

ਭਾਰਤ ਦੀ ਨਵੀਨਤਾ ਨੂੰ ਦੁਨੀਆ ਨਾਲ ਜੋੜਨ ਲਈ ਇੱਕ ਪਲੇਟਫਾਰਮ

ਭਾਰਤ ਦੇ ਡੀਪ-ਟੈਕ ਸਟਾਰਟਅੱਪਸ, ਉਦਯੋਗਾਂ, ਨਿਵੇਸ਼ਕਾਂ ਅਤੇ ਸੰਸਥਾਵਾਂ ਨੂੰ ਇਕੱਠੇ ਲਿਆਉਣ ਲਈ ਇੱਕ ਪਹਿਲਕਦਮੀ

ਭਾਰਤ ਦੀਆਂ ਉੱਭਰ ਰਹੀਆਂ ਕਾਢਾਂ ਦਾ ਵਿਸ਼ਵਵਿਆਪੀ ਪ੍ਰਦਰਸ਼ਨ

120+ ਡੀਪ-ਟੈਕ ਸਟਾਰਟਅੱਪ | 15+ ਪ੍ਰਮੁੱਖ ਭਾਰਤੀ ਸੰਸਥਾਵਾਂ | 13 ਉਭਰਦੇ ਟੈਕਨਾਲੋਜੀ ਖੇਤਰ

ਮਾਨਯੋਗ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੁਆਰਾ ਉਦਘਾਟਨ

14 ਜੂਨ, 2026 ਨੂੰ ਦੁਪਹਿਰ 1 ਵਜੇ (IST) ਡੀਡੀ ਨਿਊਜ਼ 'ਤੇ ਸਿੱਧੇ ਪ੍ਰਸਾਰਨ ਨਾਲ ਜੁੜੋ।

'ਭਾਰਤ ਇਨੋਵੇਟਸ ਕੌਫੀ ਟੇਬਲ ਬੁੱਕ' ਦੇਖਣ ਲਈ ਸਕੈਨ ਕਰੋ

CBC21201/13/0010/2627




## ਕੀ ਨੇ ਸਿਆਸੀ ਅਰਥ? ਇਕ ਵਿਸ਼ਲੇਸ਼ਣ

ਪੰਜਾਬ ਦੀ ਸਿਆਸਤ ਇਸ ਸਮੇਂ ਤੇਜ਼ੀ ਨਾਲ ਗਰਮਾ ਰਹੀ ਹੈ। ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਬਠਿੰਡਾ ਵਿਖੇ ਇੱਕ ਰੋਡ ਸ਼ੋਅ ਦੌਰਾਨ ਭਗਵੰਤ ਮਾਨ ਨੂੰ ਪਾਰਟੀ ਦਾ ਮੁੱਖ ਮੰਤਰੀ ਅਹੁਦੇ ਦਾ ਚਿਹਰਾ ਐਲਾਨਿਆ ਅਤੇ ਕਿਹਾ ਕਿ ਸਾਨੂੰ ਉਨ੍ਹਾਂ ਨੂੰ ਮੁੜ ਮੁੱਖ ਮੰਤਰੀ ਬਣਾਉਣਾ ਹੈ। ਇਸ ਐਲਾਨ ਦੇ ਨਾਲ-ਨਾਲ ਕੇਜਰੀਵਾਲ ਨੇ ਇੱਕ ਹੋਰ ਅਹਿਮ ਦਾਅਵਾ ਕੀਤਾ ਕਿ ਪੰਜਾਬ ਵਿਧਾਨ ਸਭਾ ਚੋਣਾਂ ਫਰਵਰੀ 2027 ਦੀ ਬਜਾਏ ਨਵੰਬਰ 2026 ਵਿੱਚ ਹੀ ਹੋ ਸਕਦੀਆਂ ਹਨ ਅਤੇ ਪਾਰਟੀ ਵਰਕਰਾਂ ਨੂੰ ਹੁਣੇ ਤੋਂ ਤਿਆਰੀ ਸ਼ੁਰੂ ਕਰ ਲੈਣੀ ਚਾਹੀਦੀ ਹੈ। ਇਹ ਐਲਾਨ ਸਿਆਸੀ ਪੱਖੋਂ ਬਹੁਤ ਮਹੱਤਵਪੂਰਨ ਹੈ ਅਤੇ ਪੰਜਾਬ ਦੇ ਸਿਆਸੀ ਮਾਹੌਲ ਨੂੰ ਸਮਝਣ ਲਈ ਇਸਦਾ ਡੂੰਘਾ ਵਿਸ਼ਲੇਸ਼ਣ ਜ਼ਰੂਰੀ ਹੈ।

### ਬਠਿੰਡਾ ਰੋਡ ਸ਼ੋਅ: ਸਿਆਸੀ ਸੰਦੇਸ਼ ਕੀ ਸੀ?

ਬਠਿੰਡਾ ਵਿਖੇ ਹੋਏ ਇਸ ਹਾਈ-ਪ੍ਰੋਫਾਈਲ ਰੋਡ ਸ਼ੋਅ ਵਿੱਚ ਮੁੱਖ ਮੰਤਰੀ ਭਗਵੰਤ ਮਾਨ, ਅਰਵਿੰਦ ਕੇਜਰੀਵਾਲ ਅਤੇ ਹੋਰ ਸੀਨੀਅਰ ਆਗੂਆਂ ਨੇ ਭਾਗ ਲਿਆ। ਇਸ ਸਮਾਗਮ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਜ਼ਮੀਨੀ ਪੱਧਰ 'ਤੇ ਪਾਰਟੀ ਦੀ ਮੌਜੂਦਗੀ ਮਜ਼ਬੂਤ ਕਰਨ ਦੀ ਵੱਡੀ ਕੋਸ਼ਿਸ਼ ਵਜੋਂ ਦੇਖਿਆ ਜਾ ਰਿਹਾ ਹੈ। ਕੇਜਰੀਵਾਲ ਦੇ ਨਾਲ ਮਨੀਸ਼ ਸਿਸੋਦੀਆ ਅਤੇ ਪੰਜਾਬ ਆਪ ਦੇ ਪ੍ਰਧਾਨ ਅਮਨ ਅਰੋੜਾ ਵੀ ਮੌਜੂਦ ਸਨ।

ਇਸ ਰੋਡ ਸ਼ੋਅ ਦੇ ਕਈ ਸੰਦੇਸ਼ ਇੱਕੋ ਵੇਲੇ ਦਿੱਤੇ ਗਏ। ਪਹਿਲਾ, ਭਗਵੰਤ ਮਾਨ ਦਾ ਮੁੱਖ ਮੰਤਰੀ ਦੇ ਚਿਹਰੇ ਵਜੋਂ ਸ਼ੁਰੂਆਤੀ ਐਲਾਨ ਕਰਕੇ ਪਾਰਟੀ ਅੰਦਰੂਨੀ ਏਕਤਾ ਦਿਖਾਉਣਾ ਚਾਹੁੰਦੀ ਸੀ। ਦੂਜਾ, ਚੋਣਾਂ ਦੇ ਅਗੇਤੇ ਹੋਣ ਦੀ ਸੰਭਾਵਨਾ ਜ਼ਾਹਰ ਕਰਕੇ ਵਿਰੋਧੀ ਧਿਰਾਂ ਵਿੱਚ ਘਬਰਾਹਟ ਪੈਦਾ ਕਰਨਾ ਵੀ ਇੱਕ ਸੋਚੀ-ਸਮਝੀ ਰਣਨੀਤੀ ਜਾਪਦੀ ਹੈ।

### ਨਗਰ ਨਿਗਮ ਚੋਣਾਂ: ਆਪ ਲਈ ਹੁਲਾਰਾ

ਬਠਿੰਡਾ ਰੋਡਸ਼ੋ ਦੀ ਪਿੱਠਭੂਮੀ ਵਿੱਚ ਤਾਜ਼ਾ ਨਗਰ ਨਿਗਮ ਚੋਣਾਂ ਦੇ ਨਤੀਜੇ ਹਨ। ਆਮ ਆਦਮੀ ਪਾਰਟੀ ਨੇ ਪੰਜਾਬ ਨਗਰ ਨਿਗਮ ਚੋਣਾਂ ਵਿੱਚ ਕੁੱਲ 1,977 ਵਾਰਡਾਂ ਵਿੱਚੋਂ 958 ਵਾਰਡ ਜਿੱਤੇ, ਜੋ ਕਿ ਕੁੱਲ ਵਾਰਡਾਂ ਦਾ 48 ਫ਼ੀਸਦੀ ਤੋਂ ਵੱਧ ਹੈ। ਕਾਂਗਰਸ 397 ਵਾਰਡਾਂ ਨਾਲ ਦੂਜੇ ਸਥਾਨ 'ਤੇ ਰਹੀ, ਜਦੋਂ ਕਿ ਸ਼੍ਰੋਮਣੀ ਅਕਾਲੀ ਦਲ ਨੂੰ 191 ਅਤੇ ਭਾਜਪਾ ਨੂੰ 172 ਵਾਰਡ ਮਿਲੇ।

ਚਾਰ ਆਪ ਕੌਂਸਲਰਾਂ ਨੂੰ ਬਰਨਾਲਾ, ਮੋਗਾ, ਬਟਾਲਾ ਅਤੇ ਬਠਿੰਡਾ ਦੀਆਂ ਨਗਰ ਨਿਗਮਾਂ ਦੇ ਮੇਅਰ ਚੁਣਿਆ ਗਿਆ। ਇਹ ਨਤੀਜੇ ਆਪ ਲਈ ਵੱਡਾ ਹੁਲਾਰਾ ਹਨ ਅਤੇ ਇਹ ਦਰਸਾਉਂਦੇ ਹਨ ਕਿ ਪਾਰਟੀ ਦਾ ਸ਼ਹਿਰੀ ਵੋਟਰਾਂ ਵਿੱਚ ਅਧਾਰ ਅਜੇ ਵੀ ਮਜ਼ਬੂਤ ਹੈ। ਕੇਜਰੀਵਾਲ ਨੇ ਇਸ ਜਿੱਤ ਨੂੰ ਭਗਵੰਤ ਮਾਨ ਸਰਕਾਰ ਦੇ ਚਾਰ ਸਾਲਾਂ ਦੇ "ਇਮਾਨਦਾਰ ਰਾਜ" ਦੀ ਪ੍ਰਵਾਨਗੀ ਵਜੋਂ ਪੇਸ਼ ਕੀਤਾ।

### ਭਗਵੰਤ ਮਾਨ ਦੀ ਅਗਵਾਈ: ਤਾਕਤ ਅਤੇ ਚੁਣੌਤੀਆਂ

ਕੇਜਰੀਵਾਲ ਨੇ ਭਗਵੰਤ ਮਾਨ ਦੀ ਤਾਰੀਫ਼ ਕਰਦੇ ਹੋਏ ਕਿਹਾ ਕਿ ਪਿਛਲੇ 75 ਸਾਲਾਂ ਵਿੱਚ ਪੰਜਾਬ ਨੇ ਕਈ ਮੁੱਖ ਮੰਤਰੀ ਦੇਖੇ, ਪਰ ਭਗਵੰਤ ਮਾਨ ਜਿੰਨਾ ਇਮਾਨਦਾਰ ਕੋਈ ਨਹੀਂ ਸੀ। ਪਿਛਲੇ ਸਾਰੇ ਮੁੱਖ ਮੰਤਰੀਆਂ 'ਤੇ ਭ੍ਰਿਸ਼ਟਾਚਾਰ ਅਤੇ ਘੁਟਾਲਿਆਂ ਦੇ ਇਲਜ਼ਾਮ ਲੱਗਦੇ ਰਹੇ।

ਸਰਕਾਰੀ ਦਾਅਵਿਆਂ ਅਨੁਸਾਰ ਚਾਰ ਸਾਲਾਂ ਵਿੱਚ ਮੁਫ਼ਤ ਬਿਜਲੀ, ਸਿੱਖਿਆ ਸੁਧਾਰ, ਸਿਹਤ ਸਹੂਲਤਾਂ ਅਤੇ ਰੁਜ਼ਗਾਰ ਵਰਗੇ ਖੇਤਰਾਂ ਵਿੱਚ ਕੰਮ ਹੋਇਆ ਹੈ। ਸਰਕਾਰ ਦਾ ਦਾਅਵਾ ਹੈ ਕਿ 90 ਫ਼ੀਸਦੀ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ ਅਤੇ 67,000 ਨੌਜਵਾਨਾਂ ਨੂੰ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ।

ਪਰ ਦੂਜੇ ਪਾਸੇ ਵਿਰੋਧੀ ਧਿਰਾਂ ਕਾਨੂੰਨ-ਵਿਵਸਥਾ, ਕਿਸਾਨੀ ਸਮੱਸਿਆਵਾਂ, ਨਸ਼ਿਆਂ ਦੀ ਸਮੱਸਿਆ ਅਤੇ ਵਿੱਤੀ ਸੰਕਟ ਵਰਗੇ ਮੁੱਦਿਆਂ 'ਤੇ ਸਰਕਾਰ ਦੀ ਆਲੋਚਨਾ ਕਰਦੀਆਂ ਰਹੀਆਂ ਹਨ। ਇਹ ਚੁਣੌਤੀਆਂ 2027 ਵਿੱਚ ਆਪ ਲਈ ਔਖਾ ਰਾਹ ਤਿਆਰ ਕਰ ਸਕਦੀਆਂ ਹਨ।

### ਵਿਰੋਧੀ ਧਿਰਾਂ ਦੀ ਸਥਿਤੀ

ਕੇਜਰੀਵਾਲ ਨੇ ਆਪਣੇ ਭਾਸ਼ਣ ਵਿੱਚ ਵਿਰੋਧੀ ਧਿਰਾਂ 'ਤੇ ਤਿੱਖੇ ਵਾਰ ਕੀਤੇ। ਉਨ੍ਹਾਂ ਨੇ ਬਿਨਾਂ ਨਾਂ ਲਏ ਤਿੰਨ ਪਾਰਟੀਆਂ ਦਾ ਜ਼ਿਕਰ ਕੀਤਾ — ਇੱਕ ਨੂੰ "ਚਿੱਟੇ ਵਾਲੀ ਪਾਰਟੀ", ਦੂਜੀ ਨੂੰ "ਝਗੜੇ ਵਾਲੀ ਪਾਰਟੀ" ਅਤੇ ਤੀਜੀ ਨੂੰ "ਈਡੀ ਵਾਲੀ ਪਾਰਟੀ" ਕਿਹਾ। ਇਹ ਇਸ਼ਾਰੇ ਕ੍ਰਮਵਾਰ ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਵੱਲ ਸਨ।

### ਮੁੱਖ ਮੰਤਰੀ ਦਾ ਚਿਹਰਾ ਚੋਣਾਂ ਤੋਂ ਪਹਿਲਾਂ ਐਲਾਨਣ ਦੇ ਕੀ ਲਾਭ ਤੇ ਨੁਕਸਾਨ ਹਨ?

ਚੋਣਾਂ ਤੋਂ ਪਹਿਲਾਂ ਮੁੱਖ ਮੰਤਰੀ ਦੇ ਚਿਹਰੇ ਦਾ ਐਲਾਨ ਕਰਨਾ ਭਾਰਤੀ ਰਾਜਨੀਤੀ ਵਿੱਚ ਇੱਕ ਮਹੱਤਵਪੂਰਨ ਰਣਨੀਤੀ ਮੰਨੀ ਜਾਂਦੀ ਹੈ। ਇਸ ਦੇ ਕਈ ਲਾਭ ਹਨ। ਸਭ ਤੋਂ ਪਹਿਲਾਂ, ਵੋਟਰਾਂ ਨੂੰ ਇਹ ਸਪਸ਼ਟ ਸੰਦੇਸ਼ ਮਿਲਦਾ ਹੈ ਕਿ ਜੇ ਪਾਰਟੀ ਸੱਤਾ ਵਿੱਚ ਆਉਂਦੀ ਹੈ ਤਾਂ ਸਰਕਾਰ ਦੀ ਅਗਵਾਈ ਕੌਣ ਕਰੇਗਾ। ਇਸ ਨਾਲ ਵੋਟਰਾਂ ਦਾ ਭਰੋਸਾ ਵਧਦਾ ਹੈ ਅਤੇ ਉਨ੍ਹਾਂ ਲਈ ਫੈਸਲਾ ਲੈਣਾ ਆਸਾਨ ਹੋ ਜਾਂਦਾ ਹੈ। ਇੱਕ ਲੋਕਪ੍ਰਿਯ ਅਤੇ ਪ੍ਰਭਾਵਸ਼ਾਲੀ ਚਿਹਰਾ ਪਾਰਟੀ ਦੇ ਚੋਣ ਪ੍ਰਚਾਰ ਨੂੰ ਵੀ ਮਜ਼ਬੂਤੀ ਦਿੰਦਾ ਹੈ। ਕਾਰਕੁਨ ਇੱਕ ਨੇਤਾ ਦੇ ਆਲੇ-ਦੁਆਲੇ ਇਕੱਠੇ ਹੋ ਕੇ ਵੱਧ ਜੋਸ਼ ਨਾਲ ਕੰਮ ਕਰਦੇ ਹਨ ਅਤੇ ਪਾਰਟੀ ਨੂੰ ਵਾਧੂ ਸਿਆਸੀ ਲਾਭ ਮਿਲ ਸਕਦਾ ਹੈ। ਇਸ ਤੋਂ ਇਲਾਵਾ, ਪਾਰਟੀ ਅੰਦਰ ਨੇਤ੍ਰਿਤਵ ਨੂੰ ਲੈ ਕੇ ਅਸਮੰਜਸਾ ਘੱਟ ਹੁੰਦਾ ਹੈ। ਹਾਲਾਂਕਿ, ਇਸ ਦੇ ਕੁਝ ਨੁਕਸਾਨ ਵੀ ਹਨ। ਜੇ ਐਲਾਨਿਆ ਗਿਆ ਚਿਹਰਾ ਵਿਵਾਦਾਂ ਵਿੱਚ ਘਿਰ ਜਾਵੇ ਜਾਂ ਲੋਕਾਂ ਵਿੱਚ ਉਸ ਦੀ ਸਵੀਕਾਰਤਾ ਘੱਟ ਹੋਵੇ ਤਾਂ ਇਸ ਦਾ ਸਿੱਧਾ ਨੁਕਸਾਨ ਪਾਰਟੀ ਨੂੰ ਹੋ ਸਕਦਾ ਹੈ। ਕਈ ਵਾਰ ਹੋਰ ਸੀਨੀਅਰ ਆਗੂ ਆਪਣੇ ਆਪ ਨੂੰ ਅਣਡਿੱਠਾ ਮਹਿਸੂਸ ਕਰਦੇ ਹਨ, ਜਿਸ ਨਾਲ ਧੜੇਬੰਦੀ ਅਤੇ ਅੰਦਰੂਨੀ ਟਕਰਾਅ ਵਧ ਸਕਦਾ ਹੈ। ਇਸ ਤੋਂ ਇਲਾਵਾ, ਵਿਰੋਧੀ ਪਾਰਟੀਆਂ ਲਈ ਵੀ ਇੱਕ ਹੀ ਵਿਅਕਤੀ ਨੂੰ ਨਿਸ਼ਾਨਾ ਬਣਾ ਕੇ ਹਮਲੇ ਕਰਨਾ ਆਸਾਨ ਹੋ ਜਾਂਦਾ ਹੈ। ਜੇ ਚੋਣ ਨਤੀਜੇ ਉਮੀਦਾਂ ਅਨੁਸਾਰ ਨਾ ਆਉਣ ਤਾਂ ਪਾਰਟੀ ਦੀ ਸਾਰੀ ਰਣਨੀਤੀ ਸਵਾਲਾਂ ਦੇ ਘੇਰੇ ਵਿੱਚ ਆ ਸਕਦੀ ਹੈ। ਇਸ ਲਈ ਮੁੱਖ ਮੰਤਰੀ ਦਾ ਚਿਹਰਾ ਪਹਿਲਾਂ ਐਲਾਨਣਾ ਇੱਕ ਪ੍ਰਭਾਵਸ਼ਾਲੀ ਪਰ ਜੋਖ਼ਮ ਭਰਿਆ ਸਿਆਸੀ ਫੈਸਲਾ ਹੈ, ਜਿਸ ਦੀ ਸਫ਼ਲਤਾ ਉਮੀਦਵਾਰ ਦੀ ਲੋਕਪ੍ਰਿਯਤਾ, ਪਾਰਟੀ ਦੀ ਏਕਤਾ ਅਤੇ ਸਮੇਂ ਦੇ ਸਿਆਸੀ ਮਾਹੌਲ 'ਤੇ ਨਿਰਭਰ ਕਰਦੀ ਹੈ।

ਕਾਂਗਰਸ ਦੀ ਗੱਲ ਕਰੀਏ ਤਾਂ ਨਗਰ ਨਿਗਮ ਚੋਣਾਂ ਵਿੱਚ ਕਾਂਗਰਸ 397 ਵਾਰਡਾਂ ਨਾਲ ਦੂਜੇ ਸਥਾਨ 'ਤੇ ਰਹੀ। ਇਹ ਦਰਸਾਉਂਦਾ ਹੈ ਕਿ ਕਾਂਗਰਸ ਅਜੇ ਵੀ ਪੰਜਾਬ ਵਿੱਚ ਢੁੱਕਵੀਂ ਸਿਆਸੀ ਤਾਕਤ ਵਜੋਂ ਖੜ੍ਹੀ ਹੈ ਅਤੇ ਮੁੱਖ ਵਿਰੋਧੀ ਧਿਰ ਦੀ ਭੂਮਿਕਾ ਨਿਭਾਅ ਰਹੀ ਹੈ।

ਸ਼੍ਰੋਮਣੀ ਅਕਾਲੀ ਦਲ ਲਈ ਨਤੀਜੇ ਮਿਲੇ-ਜੁਲੇ ਰਹੇ। ਨਗਰ ਨਿਗਮ ਚੋਣਾਂ ਵਿੱਚ ਅਕਾਲੀ ਦਲ ਦੁਆਰਾ ਵਾਪਸੀ ਦੀ ਕੋਸ਼ਿਸ਼ ਕੀਤੀ ਗਈ। ਪਰ ਪਾਰਟੀ ਦੀਆਂ ਅੰਦਰੂਨੀ ਮੁਸ਼ਕਲਾਂ ਅਤੇ ਬਾਦਲ ਪਰਿਵਾਰ ਦੀ ਘੱਟਦੀ ਪਕੜ ਨੇ ਉਨ੍ਹਾਂ ਦੀ ਰਾਹ ਔਖੀ ਕੀਤੀ ਹੈ।

ਭਾਜਪਾ ਦੀ ਸਥਿਤੀ ਪੰਜਾਬ ਵਿੱਚ ਕਮਜ਼ੋਰ ਰਹੀ ਹੈ। ਭਾਜਪਾ ਨੂੰ ਨਗਰ ਨਿਗਮ ਚੋਣਾਂ ਵਿੱਚ ਸਿਰਫ਼ 172 ਵਾਰਡ ਹੀ ਮਿਲੇ। ਕਿਸਾਨ ਅੰਦੋਲਨ ਤੋਂ ਬਾਅਦ ਭਾਜਪਾ ਦਾ ਪੰਜਾਬ ਦੇ ਪੇਂਡੂ ਵੋਟਰਾਂ ਵਿੱਚ ਰਸੂਖ਼ ਕਾਫ਼ੀ ਘੱਟਿਆ ਹੈ।

### ਕੀ ਚੋਣਾਂ ਸੱਚਮੁੱਚ ਨਵੰਬਰ 2026 ਵਿੱਚ ਹੋਣਗੀਆਂ?

ਕੇਜਰੀਵਾਲ ਦਾ ਇਹ ਦਾਅਵਾ ਕਿ ਚੋਣਾਂ ਨਵੰਬਰ 2026 ਵਿੱਚ ਹੋ ਸਕਦੀਆਂ ਹਨ, ਸਿਆਸੀ ਤੌਰ 'ਤੇ ਧਿਆਨ ਦੇਣ ਯੋਗ ਹੈ। ਦੇਸ਼ ਵਿੱਚ ਰਾਜ ਵਿਧਾਨ ਸਭਾਵਾਂ ਦੀਆਂ ਚੋਣਾਂ ਅਗੇਤੀਆਂ ਕਰਾਉਣ ਦਾ ਅਧਿਕਾਰ ਸਿਰਫ਼ ਰਾਜਪਾਲ ਅਤੇ ਮੁੱਖ ਚੋਣ ਕਮਿਸ਼ਨਰ ਕੋਲ ਹੈ, ਅਤੇ ਕਿਸੇ ਸਿਆਸੀ ਆਗੂ ਦੇ ਦਾਅਵੇ ਨਾਲ ਇਹ ਸੰਭਵ ਨਹੀਂ ਹੁੰਦਾ। ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਇਹ ਬਿਆਨ ਵਰਕਰਾਂ ਵਿੱਚ ਤੁਰੰਤ ਜੋਸ਼ ਭਰਨ ਅਤੇ ਵਿਰੋਧੀ ਧਿਰਾਂ ਨੂੰ ਦਬਾਅ ਵਿੱਚ ਲਿਆਉਣ ਦੀ ਰਣਨੀਤੀ ਹੈ।

### ਆਪ ਦੀ ਰਣਨੀਤੀ: ਕੀ ਕੰਮ ਕਰੇਗਾ?

ਆਪ ਦੀ 2027 ਦੀ ਰਣਨੀਤੀ ਕਈ ਥੰਮ੍ਹਾਂ 'ਤੇ ਟਿਕੀ ਹੈ। ਪਹਿਲਾ, ਭਗਵੰਤ ਮਾਨ ਦੀ ਅਗੇਤੀ ਘੋਸ਼ਣਾ ਕਰਕੇ ਪਾਰਟੀ ਨੇ ਸਪਸ਼ਟ ਕੀਤਾ ਹੈ ਕਿ ਕੋਈ ਅੰਦਰੂਨੀ ਤਣਾਅ ਨਹੀਂ ਹੈ। ਦਿੱਲੀ ਚੋਣਾਂ ਵਿੱਚ ਹਾਰ ਤੋਂ ਬਾਅਦ ਕੇਜਰੀਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਅਤੇ ਵਿਧਾਇਕਾਂ ਨਾਲ ਮੀਟਿੰਗ ਕਰਕੇ ਏਕਤਾ ਦਾ ਸੁਨੇਹਾ ਦਿੱਤਾ ਅਤੇ 2027 ਵਿਧਾਨ ਸਭਾ ਚੋਣਾਂ 'ਤੇ ਧਿਆਨ ਕੇਂਦਰਿਤ ਕਰਨ ਦੀ ਅਪੀਲ ਕੀਤੀ ਸੀ। ਦੂਜਾ, ਸ਼ਹਿਰੀ ਚੋਣਾਂ ਵਿੱਚ ਜਿੱਤ ਨੂੰ ਵਿਧਾਨ ਸਭਾ ਚੋਣਾਂ ਦੀ ਪੂਰਵ-ਸੂਚਨਾ ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਤੀਜਾ, ਭਲਾਈ ਯੋਜਨਾਵਾਂ ਦਾ ਲਾਭ ਉਠਾ ਕੇ ਵੋਟਰਾਂ ਤੱਕ ਪਹੁੰਚਣਾ ਪਾਰਟੀ ਦੀ ਮੁੱਖ ਯੋਜਨਾ ਹੈ।

### ਮੁੱਖ ਚੁਣੌਤੀਆਂ

ਆਪ ਨੂੰ ਕਈ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪਵੇਗਾ। ਦਿੱਲੀ ਵਿਧਾਨ ਸਭਾ ਚੋਣਾਂ 2025 ਵਿੱਚ ਹਾਰ ਤੋਂ ਬਾਅਦ ਰਾਸ਼ਟਰੀ ਪੱਧਰ 'ਤੇ ਪਾਰਟੀ ਦਾ ਅਕਸ ਕਮਜ਼ੋਰ ਹੋਇਆ ਹੈ। ਵਿਰੋਧੀ ਪਾਰਟੀਆਂ ਨੇ ਨਗਰ ਨਿਗਮ ਚੋਣਾਂ ਵਿੱਚ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਦੇ ਦੋਸ਼ ਲਗਾਏ ਹਨ। ਇਸ ਤੋਂ ਇਲਾਵਾ ਪੰਜਾਬ ਦੀ ਵਿੱਤੀ ਸਥਿਤੀ, ਨਸ਼ਿਆਂ ਦੀ ਸਮੱਸਿਆ ਅਤੇ ਪੇਂਡੂ ਕਿਸਾਨਾਂ ਦੀਆਂ ਮੰਗਾਂ ਅਜਿਹੇ ਮੁੱਦੇ ਹਨ ਜੋ ਵਿਰੋਧੀ ਧਿਰਾਂ ਉਠਾਉਣਗੀਆਂ।

ਬਠਿੰਡਾ ਰੋਡ ਸ਼ੋਅ ਅਤੇ ਭਗਵੰਤ ਮਾਨ ਦੀ ਮੁੜ-ਘੋਸ਼ਣਾ ਦਰਸਾਉਂਦੀ ਹੈ ਕਿ ਆਮ ਆਦਮੀ ਪਾਰਟੀ 2027 ਦੀਆਂ ਚੋਣਾਂ ਲਈ ਹੁਣੇ ਤੋਂ ਮੈਦਾਨ ਵਿੱਚ ਉੱਤਰ ਚੁੱਕੀ ਹੈ। ਨਗਰ ਨਿਗਮ ਚੋਣਾਂ ਦੀ ਜਿੱਤ ਨੇ ਆਪ ਦੇ ਮਨੋਬਲ ਨੂੰ ਉੱਚਾ ਕੀਤਾ ਹੈ। ਪਰ ਸਿਆਸਤ ਵਿੱਚ ਸ਼ਹਿਰੀ ਜਿੱਤਾਂ ਅਤੇ ਵਿਧਾਨ ਸਭਾ ਜਿੱਤਾਂ ਵਿੱਚ ਬਹੁਤ ਅੰਤਰ ਹੁੰਦਾ ਹੈ। ਕਾਂਗਰਸ ਦੀ ਵਾਪਸੀ, ਅਕਾਲੀ ਦਲ ਦੀ ਮੁੜ-ਸੰਗਠਨ ਦੀ ਕੋਸ਼ਿਸ਼ ਅਤੇ ਭਾਜਪਾ ਦੀਆਂ ਸੰਭਾਵਿਤ ਗੱਠਜੋੜ ਯੋਜਨਾਵਾਂ ਆਪ ਲਈ ਸੁਖਾਲੀ ਰਾਹ ਨਹੀਂ ਛੱਡਣਗੀਆਂ। ਅਸਲ ਪ੍ਰੀਖਿਆ ਅਗਲੇ ਕੁਝ ਮਹੀਨਿਆਂ ਵਿੱਚ ਹੋਵੇਗੀ ਜਦੋਂ ਸਾਰੀਆਂ ਪਾਰਟੀਆਂ ਜ਼ਮੀਨੀ ਪੱਧਰ 'ਤੇ ਆਪਣੀ ਤਾਕਤ ਦਿਖਾਉਣਗੀਆਂ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੰਜਾਬ 'ਚ 90,000 ਤੋਂ ਵੱਧ ਨਸ਼ਾ ਪੀੜਤਾਂ ਨੂੰ ਇਲਾਜ ਤੇ ਰਿਕਵਰੀ ਦੀ ਸਹੂਲਤ ਮੁਹੱਈਆ ਕਰਵਾਈ

ਚੰਡੀਗੜ੍ਹ, 13 ਜੂਨ (ਚ.ਨ.ਸ.): ਭਗਵੰਤ ਮਾਨ ਸਰਕਾਰ ਦੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ ਸਕਾਰਾਤਮਕ ਨਤੀਜੇ ਸਾਹਮਣੇ ਆਉਣ ਲੱਗੇ ਹਨ। ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਮੁਹਿੰਮ ਦੀ ਸਥਾਈ ਸਫ਼ਲਤਾ ਸਿਰਫ਼ ਨਸ਼ਾ ਤਸਕਰਾਂ ਅਤੇ ਸਪਲਾਇਰਾਂ ਖ਼ਿਲਾਫ਼ ਸਖ਼ਤ ਕਾਰਵਾਈ 'ਤੇ ਹੀ ਨਹੀਂ, ਸਗੋਂ ਰੋਕਥਾਮ, ਸਮੇਂ ਸਿਰ ਪਛਾਣ, ਇਲਾਜ ਤੇ ਪਰਿਵਾਰਾਂ ਤੇ ਸਮਾਜ ਵੱਲੋਂ ਸਮੇਂ ਸਿਰ ਸਹਿਯੋਗ 'ਤੇ ਵੀ ਓਨੀ ਹੀ ਨਿਰਭਰ ਕਰੇਗੀ। 1 ਮਾਰਚ 2025 ਨੂੰ ਸ਼ੁਰੂ ਕੀਤੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਸੂਬੇ ਦੀਆਂ ਸਭ ਤੋਂ ਮਹੱਤਵਪੂਰਨ ਨਸ਼ਾ ਵਿਰੋਧੀ ਪਹਿਲਕਦਮੀਆਂ ਵਿੱਚੋਂ ਇੱਕ ਬਣ ਚੁੱਕੀ ਹੈ, ਜਿਸ ਤਹਿਤ ਸਖ਼ਤ ਕਾਰਵਾਈ ਦੇ ਨਾਲ-ਨਾਲ ਨਸ਼ਾ ਮੁਕਤੀ, ਮੁੜ ਵਸੇਬਾ ਅਤੇ ਜਨ-ਜਾਗਰੂਕਤਾ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "ਰੋਕਥਾਮ ਅਤੇ ਮੁੜ ਵਸੇਬਾ ਯਤਨਾਂ ਤਹਿਤ 1 ਮਾਰਚ 2025 ਤੋਂ ਮਈ 2026 ਤੱਕ ਪੰਜਾਬ ਭਰ ਦੇ ਨਸ਼ਾ ਮੁਕਤੀ ਕੇਂਦਰਾਂ ਤੇ ਆਊਟਪੇਸ਼ੈਂਟ ਓਪੀਓਇਡ ਅਸਿਸਟਡ ਟ੍ਰੀਟਮੈਂਟ (ਓਓਏਟੀ) ਕੇਂਦਰਾਂ ਵਿੱਚ ਨਸ਼ੇ ਤੋਂ ਪ੍ਰਭਾਵਿਤ 90,000 ਤੋਂ ਵੱਧ ਵਿਅਕਤੀਆਂ ਨੂੰ ਦਾਖ਼ਲ ਕਰਕੇ ਇਲਾਜ ਮੁਹੱਈਆ ਕਰਵਾਇਆ ਗਿਆ ਹੈ। "ਉਨ੍ਹਾਂ ਕਿਹਾ ਕਿ ਇਹ ਅੰਕੜਾ ਸਖ਼ਤ ਕਾਰਵਾਈ ਦੇ ਨਾਲ-ਨਾਲ ਇਲਾਜ ਤੇ ਰਿਕਵਰੀ 'ਤੇ ਪੰਜਾਬ ਸਰਕਾਰ ਦੇ ਵਿਸ਼ੇਸ਼ ਧਿਆਨ ਨੂੰ ਦਰਸਾਉਂਦਾ ਹੈ।

ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ ਨਸ਼ਿਆਂ ਖ਼ਿਲਾਫ਼ ਕਾਰਵਾਈ ਜਾਰੀ ਹੈ; ਪਰ ਅਜਿਹੇ ਸੰਵੇਦਨਸ਼ੀਲ ਵਿਅਕਤੀਆਂ ਜਿਨ੍ਹਾਂ ਵਿੱਚ ਨਸ਼ੇ ਦੀ ਆਦਤ ਵਿਕਸਤ ਹੋਣ ਦਾ ਖ਼ਤਰਾ ਹੁੰਦਾ ਹੈ, ਦੀ ਪਛਾਣ ਕਰਨ ਵਿੱਚ ਅਧਿਆਪਕਾਂ, ਮਾਪਿਆਂ ਤੇ ਸਮਾਜ ਦੇ ਮੈਂਬਰਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ, "ਨਸ਼ੇ ਦੇ ਆਦਿ ਹੋਣ ਦੇ ਸ਼ੁਰੂਆਤੀ ਸੰਕੇਤ ਅਕਸਰ ਅਣਗੌਲਿਆਂ ਰਹਿ ਜਾਂਦੇ ਹਨ ਤੇ ਇਹ ਭਾਵਨਾਤਮਕ, ਵਿਵਹਾਰਕ ਤੇ ਸਰੀਰਕ ਤਬਦੀਲੀਆਂ ਦੇ ਰੂਪ ਵਿੱਚ ਸਾਹਮਣੇ ਆਉਂਦੇ ਹਨ।" ਸ਼ੁਰੂਆਤੀ ਸੰਕੇਤਾਂ ਵਿੱਚ ਅਚਾਨਕ ਮੂਡ ਬਦਲਣਾ, ਚਿੜਚਿੜਾਪਣ, ਪੜ੍ਹਾਈ ਜਾਂ ਕੰਮਕਾਜ ਵਿੱਚ ਧਿਆਨ ਨਾ ਲਗਣਾ, ਪਰਿਵਾਰ ਤੋਂ ਦੂਰੀ ਬਣਾਉਣਾ, ਆਪਣੀਆਂ ਗਤੀਵਿਧੀਆਂ ਬਾਰੇ ਗੁਪਤਤਾ ਰੱਖਣਾ, ਪੈਸਿਆਂ ਦੀ ਵਾਰ-ਵਾਰ ਮੰਗ ਕਰਨਾ, ਨਵੇਂ ਦੋਸਤਾਂ ਦਾ ਸਾਥ ਬਣਨਾ, ਨੀਂਦ ਵਿੱਚ ਗੜਬੜ ਅਤੇ ਖੇਡਾਂ ਜਾਂ ਹੋਰ ਗਤੀਵਿਧੀਆਂ ਵਿੱਚ ਦਿਲਚਸਪੀ ਘਟਣਾ ਸ਼ਾਮਲ ਹੋ ਸਕਦਾ ਹੈ।

ਸਰੀਰਕ ਲੱਛਣਾਂ ਵਿੱਚ ਨਿੱਜੀ ਸਫ਼ਾਈ ਦੀ ਅਣਦੇਖੀ, ਥਕਾਵਟ, ਅੱਖਾਂ ਦਾ ਲਾਲ ਹੋਣਾ, ਬਹੁਤ ਜ਼ਿਆਦਾ ਨੀਂਦ ਆਉਣਾ, ਖਾਣ-ਪੀਣ ਦੀਆਂ ਆਦਤਾਂ ਵਿੱਚ ਤਬਦੀਲੀ ਅਤੇ ਵਜ਼ਨ ਵਿੱਚ ਬਿਨਾਂ ਕਾਰਨ ਉਤਾਰ-ਚੜ੍ਹਾਅ ਸ਼ਾਮਲ ਹੋ ਸਕਦੇ ਹਨ। ਮੁਹਿੰਮ ਨਾਲ ਜੁੜੇ ਮਾਹਿਰਾਂ ਨੇ ਪਰਿਵਾਰਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਅਜਿਹੀਆਂ ਵਿਵਹਾਰਕ ਤਬਦੀਲੀਆਂ ਨੂੰ ਅਣਗੌਲਿਆ ਨਾ ਕਰਨ। ਮਾਪਿਆਂ ਨੂੰ ਬਿਨਾਂ ਡਾਂਟ-ਫਟਕਾਰ ਜਾਂ ਦੋਸ਼ ਲਗਾਏ ਬੱਚਿਆਂ ਨਾਲ ਸ਼ਾਂਤ ਤੇ ਸਹਿਯੋਗੀ ਢੰਗ ਨਾਲ ਗੱਲਬਾਤ ਕਰਨੀ ਚਾਹੀਦੀ ਹੈ ਅਤੇ ਲੋੜ ਪੈਣ 'ਤੇ ਮਾਹਿਰਾਂ ਦੀ ਮਦਦ ਲੈਣੀ ਚਾਹੀਦੀ ਹੈ। "ਯੁੱਧ ਨਸ਼ਿਆਂ ਵਿਰੁੱਧ" ਤਹਿਤ ਕੀਤੀ ਗਈ ਕਾਰਵਾਈ ਤੋਂ ਬਾਅਦ ਕਈ ਵਿਅਕਤੀਆਂ ਨੇ ਸਫ਼ਲਤਾਪੂਰਵਕ ਇਲਾਜ ਅਤੇ ਮੁੜ ਵਸੇਬਾ ਦੀ ਸਹੂਲਤ ਪ੍ਰਾਪਤ ਕੀਤੀ ਹੈ ਅਤੇ ਹੁਣ ਸਿਹਤਮੰਦ ਜੀਵਨ ਬਤੀਤ ਕਰ ਰਹੇ ਹਨ।

ਅੰਮ੍ਰਿਤਸਰ ਦੇ ਮਨਪ੍ਰੀਤ ਸਿੰਘ (ਬਦਲਿਆ ਹੋਇਆ ਨਾਮ), ਜੋ ਨਸ਼ੇ ਦੀ ਲਤ ਤੋਂ ਉੱਭਰ ਚੁੱਕੇ ਹਨ, ਨੇ ਕਿਹਾ, "ਇੱਕ ਸਮਾਂ ਅਜਿਹਾ ਸੀ ਜਦੋਂ ਮੈਂ ਆਪਣੇ ਆਪ ਤੋਂ ਉਮੀਦ ਛੱਡ ਦਿੱਤੀ ਸੀ। ਪੰਜਾਬ ਸਰਕਾਰ ਦੇ ਨਸ਼ਾ ਮੁਕਤੀ ਕੇਂਦਰ ਨੇ ਮੈਨੂੰ ਜ਼ਿੰਦਗੀ ਦੀ ਨਵੀਂ ਦਿਸ਼ਾ ਦਿੱਤੀ। ਇੱਥੋਂ ਦੇ ਸਟਾਫ਼ ਨੇ ਮੇਰਾ ਸਤਿਕਾਰ ਅਤੇ ਪੂਰੀ ਦੇਖਭਾਲ ਨਾਲ ਇਲਾਜ ਕੀਤਾ। ਅੱਜ ਮੈਂ ਨਸ਼ਿਆਂ ਤੋਂ ਮੁਕਤ ਹਾਂ ਅਤੇ ਬਿਹਤਰ ਭਵਿੱਖ ਵੱਲ ਵਧ ਰਿਹਾ ਹਾਂ। ਮੇਰਾ ਸੰਦੇਸ਼ ਸਿਰਫ਼ ਇਹ ਹੈ ਕਿ ਜੇਕਰ ਤੁਸੀਂ ਪਹਿਲਾ ਕਦਮ ਚੁੱਕਣ ਦਾ ਹੌਸਲਾ ਕਰੋ ਤਾਂ ਨਸ਼ੇ ਤੋਂ ਮੁਕਤੀ ਸੰਭਵ ਹੈ।" ਤਰਨ ਤਾਰਨ ਜ਼ਿਲ੍ਹੇ ਦੇ ਭਿੱਖੀਵਿੰਡ ਨਿਵਾਸੀ ਖੁਸ਼ਬਾਜ਼ ਸਿੰਘ (ਬਦਲਿਆ ਹੋਇਆ ਨਾਮ), ਜੋ ਇਸ ਸਮੇਂ ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਦੇ ਨਸ਼ਾ ਮੁਕਤੀ ਕੇਂਦਰ ਵਿੱਚ ਦਾਖ਼ਲ ਹਨ, ਨੇ ਕਿਹਾ, "ਇਲਾਜ ਤੇ ਕਾਊਂਸਲਿੰਗ ਨੇ ਮੈਨੂੰ ਨਸ਼ੇ ਦੀ ਲਤ ਤੋਂ ਬਾਹਰ ਨਿਕਲਣ ਅਤੇ ਆਮ ਜ਼ਿੰਦਗੀ ਵਿੱਚ ਵਾਪਸੀ ਕਰਨ ਵਿੱਚ ਮਦਦ ਕੀਤੀ। ਅੱਜ ਮੇਰਾ ਧਿਆਨ ਆਪਣੇ ਪਰਿਵਾਰ, ਕੰਮ ਤੇ ਸਿਹਤਮੰਦ ਭਵਿੱਖ 'ਤੇ ਹੈ। ਇੱਥੋਂ ਦਾ ਸਟਾਫ਼ ਬਹੁਤ ਸਹਿਯੋਗੀ ਹੈ।"

**ਮਾਪਿਆਂ ਲਈ ਦਿਸ਼ਾ-ਨਿਰਦੇਸ਼ :**

- ਬੱਚਿਆਂ, ਖ਼ਾਸ ਕਰਕੇ ਨੌਜਵਾਨਾਂ, ਨਾਲ ਵੱਧ ਤੋਂ ਵੱਧ ਸਮਾਂ ਬਿਤਾਓ।
- ਉਨ੍ਹਾਂ ਨਾਲ ਖੁੱਲ੍ਹਾ ਅਤੇ ਦੋਸਤਾਨਾ ਸੰਵਾਦ ਬਣਾਈ ਰੱਖੋ।
- ਉਨ੍ਹਾਂ ਦੇ ਦੋਸਤਾਂ ਅਤੇ ਰੋਜ਼ਾਨਾ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਰੱਖੋ।
- ਵਿਵਹਾਰ, ਭਾਵਨਾਤਮਕ ਹਾਲਤ ਤੇ ਆਰਥਿਕ ਲੋੜਾਂ ਵਿੱਚ ਆਉਣ ਵਾਲੀਆਂ ਤਬਦੀਲੀਆਂ 'ਤੇ ਨਜ਼ਰ ਰੱਖੋ।
- ਉਨ੍ਹਾਂ ਨੂੰ ਖੇਡਾਂ, ਸੱਭਿਆਚਾਰਕ ਤੇ ਭਾਈਚਾਰਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰੋ।
- ਕਿਸੇ ਵੀ ਸਮੱਸਿਆ ਦੇ ਸ਼ੁਰੂਆਤੀ ਸੰਕੇਤ ਮਿਲਣ 'ਤੇ ਕਾਊਂਸਲਿੰਗ ਜਾਂ ਡਾਕਟਰੀ ਸਹਾਇਤਾ ਲਵੋ।

ਭਗਵੰਤ ਮਾਨ ਸਰਕਾਰ ਦਾ ਮੰਨਣਾ ਹੈ ਕਿ ਨਸ਼ੇ ਦੀ ਸਮੱਸਿਆ ਨਾਲ ਨਜਿੱਠਣ ਦੇ ਤਿੰਨ ਮੁੱਖ ਥੰਮ੍ਹ ਹਨ "ਨਸ਼ਾ ਮੁਕਤੀ, ਮੁੜ ਵਸੇਬਾ ਤੇ ਕਾਊਂਸਲਿੰਗ। "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਰਾਹੀਂ ਸਰਕਾਰ ਨਸ਼ੀਲੇ ਪਦਾਰਥਾਂ ਦੀ ਸਪਲਾਈ 'ਤੇ ਰੋਕ ਲਗਾਉਣ, ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਵਧਾਉਣ ਅਤੇ ਪ੍ਰਭਾਵਿਤ ਵਿਅਕਤੀਆਂ ਦੀ ਰਿਕਵਰੀ ਨੂੰ ਯਕੀਨੀ ਬਣਾਉਣ ਲਈ ਕੰਮ ਕਰ ਰਹੀ ਹੈ।

ਸਰਕਾਰ ਦਾ ਜ਼ੋਰ ਇਸ ਗੱਲ 'ਤੇ ਹੈ ਕਿ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਸਖ਼ਤ ਕਾਰਵਾਈ ਤੱਕ ਸੀਮਤ ਨਾ ਹੋਵੇ। ਪਰਿਵਾਰਾਂ, ਵਿੱਦਿਅਕ ਸੰਸਥਾਵਾਂ, ਸਿਹਤ ਮਾਹਿਰਾਂ ਤੇ ਸਮਾਜ ਨੂੰ ਮਿਲ ਕੇ ਸ਼ੁਰੂਆਤੀ ਚੇਤਾਵਨੀ ਸੰਕੇਤਾਂ ਦੀ ਪਛਾਣ ਕਰਨੀ ਹੋਵੇਗੀ ਅਤੇ ਪ੍ਰਭਾਵਿਤ ਵਿਅਕਤੀਆਂ ਨੂੰ ਇਲਾਜ, ਮੁੜ ਵਸੇਬਾ ਤੇ ਰਿਕਵਰੀ ਦੀ ਦਿਸ਼ਾ ਵਿੱਚ ਸਹਿਯੋਗ ਦੇਣਾ ਹੋਵੇਗਾ। ਮੁਹਿੰਮ ਇਸ ਗੱਲ 'ਤੇ ਜ਼ੋਰ ਦਿੰਦੀ ਹੈ ਕਿ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਦੇ ਨਾਲ-ਨਾਲ ਰੋਕਥਾਮ, ਇਲਾਜ ਤੇ ਮੁੜ ਵਸੇਬਾ ਦੇ ਯਤਨ ਵੀ ਜਾਰੀ ਰਹਿਣੇ ਚਾਹੀਦੇ ਹਨ ਤਾਂ ਹੀ ਪੰਜਾਬ ਨੂੰ ਨਸ਼ਿਆਂ ਦੀ ਲਾਹਣਤ ਤੋਂ ਸਥਾਈ ਤੌਰ 'ਤੇ ਮੁਕਤ ਕੀਤਾ ਜਾ ਸਕੇਗਾ।

## "ਵਰਲਡ ਐਲਡਰ ਐਬਿਊਜ਼ ਅਵੇਅਰਨੈੱਸ ਡੇਅ" ਮੌਕੇ ਸੂਬਾ ਸਰਕਾਰ ਨੇ ਸੀਨੀਅਰ ਨਾਗਰਿਕਾਂ ਲਈ ਸਰਬ-ਸਾਂਝੇ ਸ਼ਾਸਨ ਦਾ ਮਾਡਲ ਕੀਤਾ ਪੇਸ਼

ਚੰਡੀਗੜ੍ਹ, 13 ਜੂਨ (ਚ.ਨ.ਸ.): ਵਰਲਡ ਐਲਡਰ ਐਬਿਊਜ਼ ਅਵੇਅਰਨੈੱਸ ਡੇਅ (ਵਿਸ਼ਵ ਬਜ਼ੁਰਗ ਦੁਰਵਿਵਹਾਰ ਜਾਗਰੂਕਤਾ ਦਿਵਸ) ਮੌਕੇ ਪੰਜਾਬ ਦੀ 1076 ਡੋਰਸਟੈਪ ਗਵਰਨੈਂਸ ਪਹਿਲ ਬਜ਼ੁਰਗਾਂ ਦੀ ਭਲਾਈ ਦੇ ਖੇਤਰ ਵਿੱਚ ਇੱਕ ਮਹੱਤਵਪੂਰਨ ਪਹਿਲ ਵਜੋਂ ਉੱਭਰ ਰਹੀ ਹੈ। ਇਹ ਪਹਿਲ ਪੈਨਸ਼ਨਾਂ, ਸਰਟੀਫਿਕੇਟਾਂ ਤੇ ਸੈਂਕੜੇ ਸਰਕਾਰੀ ਸੇਵਾਵਾਂ ਨੂੰ ਸਿੱਧੇ ਉਨ੍ਹਾਂ ਲੋਕਾਂ ਦੇ ਘਰਾਂ ਤੱਕ ਪਹੁੰਚਾ ਰਹੀ ਹੈ, ਜਿਨ੍ਹਾਂ ਨੂੰ ਇਨ੍ਹਾਂ ਦੀ ਸਭ ਤੋਂ ਵੱਧ ਲੋੜ ਹੈ। ਸਮਾਜ ਦੇ ਸੀਨੀਅਰ ਨਾਗਰਿਕਾਂ ਲਈ ਕਿਸੇ ਸਰਕਾਰੀ ਦਫ਼ਤਰ ਦਾ ਇੱਕ ਗੇੜਾ ਵੀ ਕਈ ਵਾਰ ਵੱਡੀ ਚੁਣੌਤੀ ਬਣ ਜਾਂਦਾ ਹੈ। 74 ਸਾਲਾ ਗੁਰਮੇਲ ਕੌਰ ਨੂੰ ਹੁਣ ਕਿਸੇ ਸਰਕਾਰੀ ਕੰਮ ਲਈ ਆਪਣੇ ਪੁੱਤਰ 'ਤੇ ਨਿਰਭਰ ਨਹੀਂ ਰਹਿਣਾ ਪੈਂਦਾ ਕਿ ਉਹ ਨੌਕਰੀ ਤੋਂ ਛੁੱਟੀ ਲੈ ਕੇ ਉਨ੍ਹਾਂ ਨੂੰ ਸਰਕਾਰੀ ਦਫ਼ਤਰ ਲੈ ਕੇ ਜਾਵੇ। ਸ਼ਹਿਰ ਭਰ ਵਿੱਚ ਸਫ਼ਰ ਕਰਨ, ਲੰਬੀਆਂ ਕਤਾਰਾਂ ਵਿੱਚ ਖੜ੍ਹੇ ਹੋਣ ਅਤੇ ਵਾਰ-ਵਾਰ ਦਫ਼ਤਰਾਂ ਦੇ ਚੱਕਰ ਲਗਾਉਣ ਦੀ ਬਜਾਏ ਹੁਣ ਉਹ ਸਿਰਫ਼ ਇੱਕ ਫ਼ੋਨ ਕਾਲ ਰਾਹੀਂ ਕਈ ਸਰਕਾਰੀ ਸੇਵਾਵਾਂ ਦਾ ਲਾਭ ਆਪਣੇ ਘਰ ਬੈਠੇ ਲੈ ਸਕਦੀ ਹੈ।

ਬਹੁਤ ਸਾਰੇ ਸੀਨੀਅਰ ਨਾਗਰਿਕਾਂ ਲਈ ਪੈਨਸ਼ਨ ਲਈ ਅਰਜ਼ੀ ਦੇਣਾ, ਸਰਟੀਫਿਕੇਟ ਪ੍ਰਾਪਤ ਕਰਨਾ, ਰਿਕਾਰਡ ਅਪਡੇਟ ਕਰਵਾਉਣਾ ਜਾਂ ਭਲਾਈ ਸਕੀਮਾਂ ਦਾ ਲਾਭ ਲੈਣਾ ਅਕਸਰ ਆਵਾਜਾਈ ਦਾ ਪ੍ਰਬੰਧ ਕਰਨ, ਲੰਬੀਆਂ ਕਤਾਰਾਂ ਵਿੱਚ ਖੜ੍ਹੇ ਰਹਿਣ, ਕਾਗਜ਼ੀ ਕਾਰਵਾਈ ਪੂਰੀ ਕਰਨ ਅਤੇ ਪਰਿਵਾਰਕ ਮੈਂਬਰਾਂ 'ਤੇ ਨਿਰਭਰ ਰਹਿਣ ਨਾਲ ਜੁੜਿਆ ਹੁੰਦਾ ਹੈ। ਇਕੱਲੇ ਰਹਿ ਰਹੇ ਜਾਂ ਆਉਣ-ਜਾਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਬਜ਼ੁਰਗਾਂ ਲਈ ਤਾਂ ਇੱਕ ਆਮ ਪ੍ਰਸ਼ਾਸਕੀ ਕੰਮ ਵੀ ਤਣਾਅ ਅਤੇ ਚਿੰਤਾ ਦਾ ਕਾਰਨ ਬਣ ਸਕਦਾ ਹੈ।

ਪੰਜਾਬ ਦੀ 1076 ਡੋਰਸਟੈਪ ਗਵਰਨੈਂਸ ਪਹਿਲ ਇਸ ਸਥਿਤੀ ਨੂੰ ਬਦਲਣ ਦਾ ਯਤਨ ਕਰ ਰਹੀ ਹੈ।

ਹਰ ਸਾਲ 15 ਜੂਨ ਨੂੰ ਮਨਾਏ ਜਾਣ ਵਾਲੇ ਵਿਸ਼ਵ ਬਜ਼ੁਰਗ ਦੁਰਵਿਵਹਾਰ ਜਾਗਰੂਕਤਾ ਦਿਵਸ ਮੌਕੇ ਚਰਚਾਵਾਂ ਅਕਸਰ ਆਰਥਿਕ ਸ਼ੋਸ਼ਣ, ਅਣਗਹਿਲੀ ਅਤੇ ਸਮਾਜਿਕ ਇਕੱਲੇਪਣ 'ਤੇ ਕੇਂਦਰਿਤ ਰਹਿੰਦੀਆਂ ਹਨ। ਪਰ ਇੱਕ ਅਜਿਹੀ ਚੁਣੌਤੀ ਵੀ ਹੈ ਜਿਸ ਵੱਲ ਮੁਕਾਬਲਤਨ ਘੱਟ ਧਿਆਨ ਦਿੱਤਾ ਜਾਂਦਾ ਹੈ "ਸੀਨੀਅਰ ਨਾਗਰਿਕਾਂ ਲਈ ਬੁਨਿਆਦੀ ਸਰਕਾਰੀ ਸੇਵਾਵਾਂ ਤੱਕ ਸੁਤੰਤਰ ਤੌਰ 'ਤੇ ਪਹੁੰਚ ਬਣਾਉਣ ਦੀ ਮੁਸ਼ਕਲ। ਇਸ ਲੋੜ ਨੂੰ ਸਮਝਦਿਆਂ ਪੰਜਾਬ ਸਰਕਾਰ ਨੇ ਦਸੰਬਰ 2023 ਵਿੱਚ "ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ" ਯੋਜਨਾ ਸ਼ੁਰੂ ਕੀਤੀ ਸੀ। ਇਸ ਦਾ ਉਦੇਸ਼ ਨਾਗਰਿਕਾਂ ਨੂੰ ਵਾਰ-ਵਾਰ ਸਰਕਾਰੀ ਦਫ਼ਤਰਾਂ ਦੇ ਚੱਕਰ ਲਗਾਉਣ ਦੀ ਲੋੜ ਤੋਂ ਬਚਾਉਂਦਿਆਂ ਸਰਕਾਰੀ ਸੇਵਾਵਾਂ ਸਿੱਧੇ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਉਣਾ ਸੀ।

45 ਸੇਵਾਵਾਂ ਨਾਲ ਸ਼ੁਰੂ ਹੋਈ ਇਹ ਪਹਿਲ ਅੱਜ ਕਾਫ਼ੀ ਵਿਸ਼ਾਲ ਰੂਪ ਧਾਰ ਚੁੱਕੀ ਹੈ। ਮੌਜੂਦਾ ਸਮੇਂ ਵਿੱਚ ਨਾਗਰਿਕ 29 ਸਰਕਾਰੀ ਵਿਭਾਗਾਂ ਦੀਆਂ 436 ਸੇਵਾਵਾਂ ਦਾ ਲਾਭ ਸਿਰਫ਼ 1076 ਹੈਲਪਲਾਈਨ 'ਤੇ ਕਾਲ ਕਰਕੇ ਘਰ ਬੈਠੇ ਲੈ ਸਕਦੇ ਹਨ। ਇੱਕ ਸਿਖਲਾਈ ਪ੍ਰਾਪਤ ਸੇਵਾ ਸਹਾਇਕ ਬਿਨੈਕਾਰ ਦੇ ਘਰ ਪਹੁੰਚ ਕੇ ਦਸਤਾਵੇਜ਼ੀ ਕਾਰਵਾਈ ਵਿੱਚ ਮਦਦ ਕਰਦਾ ਹੈ, ਰਿਕਾਰਡ ਦੀ ਪੁਸ਼ਟੀ ਕਰਦਾ ਹੈ ਅਤੇ ਅਰਜ਼ੀ ਦੀ ਪੂਰੀ ਪ੍ਰਕਿਰਿਆ ਘਰ ਵਿੱਚ ਹੀ ਮੁਕੰਮਲ ਕਰਵਾਉਂਦਾ ਹੈ।

ਇਸ ਯੋਜਨਾ ਨੂੰ ਵਿਆਪਕ ਲੋਕ ਸਮਰਥਨ ਮਿਲਿਆ ਹੈ। ਸਰਕਾਰੀ ਅੰਕੜਿਆਂ ਅਨੁਸਾਰ, ਪ੍ਰੋਗਰਾਮ ਦੇ ਸ਼ੁਰੂਆਤੀ ਪੜਾਵਾਂ ਦੌਰਾਨ ਹੁਣ ਤੱਕ 3,31,000 ਤੋਂ ਵੱਧ ਅਰਜ਼ੀਆਂ ਪ੍ਰਾਪਤ ਹੋਈਆਂ। ਸੇਵਾ ਨੂੰ ਹੋਰ ਕਿਫ਼ਾਇਤੀ ਅਤੇ ਸੌਖਾ ਬਣਾਉਣ ਲਈ ਰਾਜ ਸਰਕਾਰ ਨੇ ਡੋਰਸਟੈਪ ਸੇਵਾ ਫ਼ੀਸ ₹120 ਤੋਂ ਘਟਾ ਕੇ ਸਿਰਫ਼ ₹50 ਕਰ ਦਿੱਤੀ।

ਸੀਨੀਅਰ ਨਾਗਰਿਕਾਂ ਵੱਲੋਂ ਸਭ ਤੋਂ ਵੱਧ ਪ੍ਰਾਪਤ ਕੀਤੀਆਂ ਜਾਣ ਵਾਲੀਆਂ ਸੇਵਾਵਾਂ ਵਿੱਚ ਬੁਢਾਪਾ ਪੈਨਸ਼ਨ ਸਕੀਮ ਪ੍ਰਮੁੱਖ ਰਹੀ ਹੈ। ਹਜ਼ਾਰਾਂ ਬਜ਼ੁਰਗਾਂ ਨੇ ਸਰਕਾਰੀ ਦਫ਼ਤਰਾਂ ਵਿੱਚ ਗਏ ਬਿਨਾਂ 1076 ਹੈਲਪਲਾਈਨ ਰਾਹੀਂ ਬੁਢਾਪਾ ਪੈਨਸ਼ਨ ਲਈ ਅਰਜ਼ੀਆਂ ਦਿੱਤੀਆਂ ਹਨ। ਇਹ ਇਸ ਗੱਲ ਦਾ ਸਬੂਤ ਹੈ ਕਿ ਡੋਰਸਟੈਪ ਗਵਰਨੈਂਸ ਸਮਾਜਿਕ ਭਲਾਈ ਸੇਵਾਵਾਂ ਦੀ ਪਹੁੰਚ ਵਿੱਚ ਮੌਜੂਦ ਇੱਕ ਮਹੱਤਵਪੂਰਨ ਖਾਈ ਨੂੰ ਪੂਰਾ ਕਰਨ ਵਿੱਚ ਮਦਦ ਕਰ ਰਹੀ ਹੈ। ਅਕਤੂਬਰ 2025 ਵਿੱਚ ਜਦੋਂ ਇਹ ਸਹੂਲਤ ਸ਼ੁਰੂ ਕੀਤੀ ਗਈ ਸੀ, ਉਸ ਵੇਲੇ 685 ਸੀਨੀਅਰ ਨਾਗਰਿਕਾਂ ਨੇ ਬੁਢਾਪਾ ਪੈਨਸ਼ਨ ਲਈ ਅਰਜ਼ੀ ਦਿੱਤੀ ਸੀ। ਫ਼ਰਵਰੀ 2026 ਵਿੱਚ ਇਹ ਗਿਣਤੀ ਵਧ ਕੇ 1,658 ਤੱਕ ਪਹੁੰਚ ਗਈ, ਜਦਕਿ ਅਪ੍ਰੈਲ 2026 ਵਿੱਚ 1,125 ਅਰਜ਼ੀਆਂ ਦਰਜ ਕੀਤੀਆਂ ਗਈਆਂ।

ਬਹੁਤ ਸਾਰੇ ਬਜ਼ੁਰਗਾਂ ਲਈ ਚੁਣੌਤੀ ਸਿਰਫ਼ ਸਰੀਰਕ ਗਤੀਸ਼ੀਲਤਾ ਤੱਕ ਸੀਮਿਤ ਨਹੀਂ ਹੈ, ਸਗੋਂ ਡਿਜੀਟਲ ਦੁਨੀਆ ਤੋਂ ਦੂਰੀ ਵੀ ਇੱਕ ਵੱਡੀ ਸਮੱਸਿਆ ਹੈ। ਜਿਵੇਂ-ਜਿਵੇਂ ਸਰਕਾਰੀ ਪ੍ਰਣਾਲੀਆਂ ਵਧੇਰੇ ਤਕਨਾਲੋਜੀ ਆਧਾਰਿਤ ਹੋ ਰਹੀਆਂ ਹਨ, ਸੀਨੀਅਰ ਨਾਗਰਿਕਾਂ ਨੂੰ ਆਨਲਾਈਨ ਪੋਰਟਲਾਂ, ਦਸਤਾਵੇਜ਼ ਅਪਲੋਡ ਕਰਨ, ਓਟੀਪੀ ਵੈਰੀਫਿਕੇਸ਼ਨ ਅਤੇ ਹੋਰ ਡਿਜੀਟਲ ਪ੍ਰਕਿਰਿਆਵਾਂ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। 1076 ਮਾਡਲ ਤਕਨਾਲੋਜੀ ਨੂੰ ਮਨੁੱਖੀ ਸਹਾਇਤਾ ਨਾਲ ਜੋੜ ਕੇ ਇਸ ਸਮੱਸਿਆ ਦਾ ਹੱਲ ਪੇਸ਼ ਕਰਦਾ ਹੈ ਅਤੇ ਇਹ ਯਕੀਨੀ ਬਣਾਉਂਦਾ ਹੈ ਕਿ ਡਿਜੀਟਲੀਕਰਨ ਦੇ ਯੁੱਗ ਵਿੱਚ ਕੋਈ ਵੀ ਕਮਜ਼ੋਰ ਵਰਗ ਪਿੱਛੇ ਨਾ ਰਹਿ ਜਾਵੇ।

ਇਹ ਪਹਿਲ ਸੀਨੀਅਰ ਨਾਗਰਿਕਾਂ ਲਈ ਪੰਜਾਬ ਸਰਕਾਰ ਦੇ ਵਿਆਪਕ ਯਤਨਾਂ ਦਾ ਵੀ ਹਿੱਸਾ ਹੈ। ਰਾਜ ਦੀ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਬਜ਼ੁਰਗਾਂ ਨੂੰ ਪੈਨਸ਼ਨਾਂ, ਸਿਹਤ ਸੇਵਾਵਾਂ, ਸੀਨੀਅਰ ਸਿਟੀਜ਼ਨ ਪਛਾਣ ਪੱਤਰਾਂ, ਸਹਾਇਕ ਉਪਕਰਨਾਂ ਅਤੇ ਹੋਰ ਭਲਾਈ ਯੋਜਨਾਵਾਂ ਨਾਲ ਜੋੜਨ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ।

ਮੁੱਖ ਮੰਤਰੀ ਭਗਵੰਤ ਮਾਨ ਨੇ ਵਾਰ-ਵਾਰ ਇਸ ਗੱਲ 'ਤੇ ਜ਼ੋਰ ਦਿੱਤਾ ਹੈ ਕਿ ਨਾਗਰਿਕਾਂ ਲਈ ਸਰਕਾਰੀ ਸੇਵਾਵਾਂ ਅਤੇ ਪ੍ਰਕਿਰਿਆਵਾਂ ਤੱਕ ਪਹੁੰਚ ਨੂੰ ਸਰਲ ਬਣਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਲਗਾਤਾਰ ਕਿਹਾ ਹੈ ਕਿ ਸਰਕਾਰੀ ਦਫ਼ਤਰ ਨਾਗਰਿਕਾਂ 'ਤੇ ਬੋਝ ਨਹੀਂ ਬਣਨੇ ਚਾਹੀਦੇ, ਸਗੋਂ ਸਰਕਾਰ ਨੂੰ ਖ਼ੁਦ ਨਾਗਰਿਕਾਂ ਤੱਕ ਪਹੁੰਚਣਾ ਚਾਹੀਦਾ ਹੈ। 1076 ਹੈਲਪਲਾਈਨ ਇਸ ਸੋਚ ਦਾ ਸਾਕਾਰ ਰੂਪ ਹੈ, ਜੋ ਖ਼ਾਸ ਤੌਰ 'ਤੇ ਉਨ੍ਹਾਂ ਲੋਕਾਂ ਦੇ ਘਰਾਂ ਤੱਕ ਸੇਵਾਵਾਂ ਪਹੁੰਚਾਉਂਦੀ ਹੈ ਜਿਨ੍ਹਾਂ ਨੂੰ ਇਨ੍ਹਾਂ ਦੀ ਸਭ ਤੋਂ ਵੱਧ ਲੋੜ ਹੈ।

ਅਜਿਹੀਆਂ ਯੋਜਨਾਵਾਂ ਦੀ ਮਹੱਤਤਾ ਸਿਰਫ਼ ਪ੍ਰਸ਼ਾਸਕੀ ਕੁਸ਼ਲਤਾ ਤੱਕ ਸੀਮਿਤ ਨਹੀਂ ਹੈ। ਪੈਨਸ਼ਨ ਦੀ ਹੱਕਦਾਰ ਬਜ਼ੁਰਗ ਵਿਧਵਾ, ਸਰਕਾਰੀ ਦਸਤਾਵੇਜ਼ਾਂ ਦੀ ਲੋੜ ਵਾਲੇ ਸੇਵਾਮੁਕਤ ਅਧਿਆਪਕ ਜਾਂ ਜ਼ਮੀਨੀ ਰਿਕਾਰਡ ਪ੍ਰਾਪਤ ਕਰਨ ਵਾਲੇ ਸੀਨੀਅਰ ਕਿਸਾਨ ਲਈ ਡੋਰਸਟੈਪ ਗਵਰਨੈਂਸ ਸਿਰਫ਼ ਇੱਕ ਸਹੂਲਤ ਨਹੀਂ, ਸਗੋਂ ਇਸ ਤੋਂ ਕਿਤੇ ਵੱਧ ਹੈ।

ਇਹ ਸਨਮਾਨ ਦਾ ਪ੍ਰਤੀਕ ਹੈ। ਇਹ ਆਤਮਨਿਰਭਰਤਾ ਦਾ ਪ੍ਰਤੀਕ ਹੈ। ਅਤੇ ਇਹ ਇਸ ਭਰੋਸੇ ਦਾ ਪ੍ਰਤੀਕ ਹੈ ਕਿ ਵਧਦੀ ਉਮਰ ਕਦੇ ਵੀ ਜਨਤਕ ਸੇਵਾਵਾਂ ਤੱਕ ਪਹੁੰਚ ਵਿੱਚ ਰੁਕਾਵਟ ਨਹੀਂ ਬਣੇਗੀ।

ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨੀਕ ਮੰਤਰੀ ਅਮਨ ਅਰੋੜਾ ਨੇ ਕਿਹਾ, "ਵਰਲਡ ਐਲਡਰ ਐਬਿਊਜ਼ ਅਵੇਅਰਨੈੱਸ ਡੇਅ ਮੌਕੇ ਸਰਬ-ਸਾਂਝੇ ਸਮਾਜ ਲਈ ਦਿੱਤਾ ਜਾਣ ਵਾਲਾ ਸਭ ਤੋਂ ਪ੍ਰਭਾਵਸ਼ਾਲੀ ਸੰਦੇਸ਼ ਸ਼ਾਇਦ ਇਹੀ ਹੈ ਕਿ ਸੀਨੀਅਰ ਨਾਗਰਿਕ ਸਿਰਫ਼ ਸਰਕਾਰੀ ਯੋਜਨਾਵਾਂ ਦੇ ਲਾਭਪਾਤਰੀ ਨਾ ਰਹਿਣ, ਸਗੋਂ ਜਨਤਕ ਜੀਵਨ ਵਿੱਚ ਸਰਗਰਮ ਭਾਗੀਦਾਰ ਵੀ ਬਣਨ।"

ਹਰ ਉਸ ਬਜ਼ੁਰਗ ਨਾਗਰਿਕ ਲਈ ਜਿਸ ਨੂੰ ਹੁਣ ਆਵਾਜਾਈ ਦਾ ਪ੍ਰਬੰਧ ਨਹੀਂ ਕਰਨਾ ਪੈਂਦਾ, ਲੰਬੀਆਂ ਕਤਾਰਾਂ ਵਿੱਚ ਨਹੀਂ ਖੜ੍ਹਨਾ ਪੈਂਦਾ ਅਤੇ ਇੱਕ ਆਮ ਪ੍ਰਸ਼ਾਸਕੀ ਕੰਮ ਲਈ ਦੂਜਿਆਂ 'ਤੇ ਨਿਰਭਰ ਨਹੀਂ ਰਹਿਣਾ ਪੈਂਦਾ, ਪੰਜਾਬ ਦੀ ਡੋਰਸਟੈਪ ਗਵਰਨੈਂਸ ਪਹਿਲ ਸਿਰਫ਼ ਸੇਵਾ ਪ੍ਰਦਾਨ ਕਰਨ ਵਿੱਚ ਸੁਧਾਰ ਨਹੀਂ ਹੈ ਬਲਕਿ ਇਹ ਇੱਕ ਵਾਅਦਾ ਹੈ ਕਿ ਜਦੋਂ ਨਾਗਰਿਕਾਂ ਨੂੰ ਸਭ ਤੋਂ ਵੱਧ ਲੋੜ ਹੋਵੇਗੀ, ਤਾਂ ਸਰਕਾਰ ਖ਼ੁਦ ਉਨ੍ਹਾਂ ਦੇ ਦੁਆਰ ਉੱਤੇ ਖੜ੍ਹੀ ਹੋਵੇਗੀ।

## ਪਾਰਟੀ ਹਾਈਕਮਾਨ ਦੇ ਹੁਕਮਾਂ 'ਤੇ ਭਲਕੇ ਤੋਂ "ਲੋਕ ਮਿਲਣੀ ਸਮਾਰੋਹ" ਕਰਵਾਇਆ ਜਾਵੇਗਾ : ਬਲਕਾਰ ਸਿੱਧੂ

ਰਾਮਪੁਰਾ ਫੂਲ, 13 ਜੂਨ (ਮਨਪ੍ਰੀਤ ਮਿੱਟੂ): ਆਮ ਆਦਮੀ ਪਾਰਟੀ ਦੇ ਹ ਰ ਮ ਨ ਪਿ ਆ ਰੇ ਵਿਧਾਇਕ ਬਲਕਾਰ ਸਿੱਧੂ ਨੇ ਪਾਰਟੀ ਹਾਈਕਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਹਲਕਾ ਰਾਮਪੁਰਾ ਫੂਲ ਵਿੱਚ ਵੱਡੇ ਪੱਧਰ 'ਤੇ ਚੋਣੀ ਸਰਗਰਮੀਆਂ ਦਾ ਐਲਾਨ ਕਰਦਿਆਂ ਕਿਹਾ ਕਿ 15 ਜੂਨ ਤੋਂ "ਲੋਕ ਮਿਲਣੀ ਪ੍ਰੋਗਰਾਮ" ਦੀ ਸ਼ੁਰੂਆਤ ਸ਼ਹਿਰ ਰਾਮਪੁਰਾ ਫੂਲ ਤੋਂ ਕੀਤੀ ਜਾਵੇਗੀ। ਇਸ ਮੁਹਿੰਮ ਤਹਿਤ ਇੱਕ ਮਹੀਨੇ ਦੇ ਅੰਦਰ ਹਲਕੇ ਦੇ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ 136 ਲੋਕ ਮਿਲਣੀ ਸਮਾਗਮ ਕਰਵਾਏ ਜਾਣਗੇ। ਵਿਧਾਇਕ ਸਿੱਧੂ ਨੇ ਦੱਸਿਆ ਕਿ ਇਨ੍ਹਾਂ ਸਮਾਗਮਾਂ ਰਾਹੀਂ ਪੰਜਾਬ ਸਰਕਾਰ ਵੱਲੋਂ ਸਾਢੇ ਚਾਰ ਸਾਲਾਂ ਦੌਰਾਨ ਕੀਤੇ ਗਏ ਇਤਿਹਾਸਕ ਵਿਕਾਸ ਕਾਰਜਾਂ, ਲੋਕ ਭਲਾਈ ਦੀਆਂ ਯੋਜਨਾਵਾਂ ਅਤੇ ਪੂਰੇ ਕੀਤੇ ਗਏ ਵਾਅਦਿਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ।



ਬਲਕਾਰ ਸਿੱਧੂ ਨੇ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਖੋਖਲੇ ਵਾਅਦਿਆਂ ਅਤੇ ਰਵਾਇਤੀ ਸਿਆਸਤ ਤੋਂ ਅੱਕ ਚੁੱਕੀ ਹੈ ਅਤੇ ਵਿਕਾਸ ਤੇ ਕੰਮ ਕਰਨ ਵਾਲੀ ਸਰਕਾਰ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਫੈਸਲਾ ਜਾਤ-ਪਾਤ, ਧੜੇਬੰਦੀ ਜਾਂ ਨਫ਼ਰਤ ਦੀ ਰਾਜਨੀਤੀ 'ਤੇ ਨਹੀਂ, ਸਗੋਂ ਵਿਕਾਸ ਤੇ ਲੋਕ ਸੇਵਾ ਦੇ ਆਧਾਰ 'ਤੇ ਹੋਵੇਗਾ। ਵਿਧਾਇਕ ਸਿੱਧੂ ਨੇ ਹਲਕੇ ਦੇ ਆਗੂਆਂ, ਵਰਕਰਾਂ ਅਤੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਉਹ ਹੁਣ ਤੋਂ ਹੀ ਚੋਣੀ ਤਿਆਰੀਆਂ ਵਿੱਚ ਜੁਟ ਜਾਣ ਅਤੇ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਹਰ ਘਰ ਤੱਕ ਪਹੁੰਚਾਉਣ।

ਇਸ ਮੌਕੇ ਬਲਕਾਰ ਸਿੱਧੂ ਨੇ ਬਿਨਾਂ ਨਾਮ ਲਏ ਹਲਕੇ ਦੇ ਦੋ ਸਾਬਕਾ ਮੰਤਰੀਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਕੁਝ ਲੋਕ ਸਾਲਾਂ ਤੱਕ ਆਪਣੀ ਸਿਆਸੀ ਰੋਟੀ ਸੇਕਣ ਲਈ ਹਲਕੇ ਵਿੱਚ ਧੜੇਬੰਦੀ ਅਤੇ ਭਰਾ-ਮਾਰੂ ਰਾਜਨੀਤੀ ਨੂੰ ਹਵਾ ਦਿੰਦੇ ਰਹੇ ਹਨ, ਪਰ ਹੁਣ ਲੋਕ ਉਨ੍ਹਾਂ ਦੀਆਂ ਚਾਲਾਂ ਨੂੰ ਚੰਗੀ ਤਰ੍ਹਾਂ ਸਮਝ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹਲਕੇ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਭਾਈਚਾਰਕ ਸਾਂਝ, ਏਕਤਾ ਅਤੇ ਵਿਕਾਸ ਦੀ ਰਾਜਨੀਤੀ ਹੀ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ 136 ਲੋਕ ਮਿਲਣੀ ਸਮਾਗਮਾਂ ਦੀ ਇਹ ਵਿਸ਼ਾਲ ਮੁਹਿੰਮ ਹਲਕੇ ਵਿੱਚ ਨਵਾਂ ਜੋਸ਼ ਤੇ ਉਤਸ਼ਾਹ ਪੈਦਾ ਕਰੇਗੀ ਤੇ ਆਉਣ ਵਾਲੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਪਹਿਲਾਂ ਨਾਲੋਂ ਵੀ ਵੱਡੀ ਜਿੱਤ ਦਿਵਾਏਗੀ। "ਅਸੀਂ ਕੰਮ ਦੀ ਰਾਜਨੀਤੀ ਕੀਤੀ ਹੈ ਅਤੇ ਲੋਕਾਂ ਦੀ ਕਚਹਿਰੀ ਵਿੱਚ ਜਾਣ ਲਈ ਪੂਰੀ ਤਰ੍ਹਾਂ ਤਿਆਰ ਹਾਂ। ਲੋਕ ਵਿਕਾਸ ਦੇ ਆਧਾਰ 'ਤੇ ਫੈਸਲਾ ਕਰਨਗੇ ਤੇ ਹਲਕੇ ਨੂੰ ਵੰਡਣ ਵਾਲੀ ਸਿਆਸਤ ਨੂੰ ਕਰਾਰਾ ਜਵਾਬ ਦੇਣਗੇ," ਬਲਕਾਰ ਸਿੱਧੂ ਨੇ ਭਰੋਸੇ ਨਾਲ ਕਿਹਾ।

## ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ 7 ਕੈਡੇਟ ਫ਼ੌਜ ਤੇ ਹਵਾਈ ਸੈਨਾ 'ਚ ਕਮਿਸ਼ਨਡ ਅਫ਼ਸਰ ਬਣੇ

ਚੰਡੀਗੜ੍ਹ/ਐਸ.ਏ.ਐਸ. ਨਗਰ, 13 ਜੂਨ (ਚ.ਨ.ਸ.): ਪੰਜਾਬ ਲਈ ਮਾਣਮੱਤੀ ਉਪਲਬਧੀ ਵਿੱਚ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਐਮ.ਆਰ.ਐਸ.ਐਫ.ਪੀ.ਆਈ.) ਦੇ 7 ਸਾਬਕਾ ਕੈਡੇਟ ਅੱਜ ਭਾਰਤੀ ਫ਼ੌਜ ਅਤੇ ਭਾਰਤੀ ਹਵਾਈ ਸੈਨਾ ਵਿੱਚ ਕਮਿਸ਼ਨਡ ਅਫ਼ਸਰ ਵਜੋਂ ਸ਼ਾਮਲ ਹੋਏ ਹਨ। ਇਹ ਸ਼ਾਨਦਾਰ ਉਪਲਬਧੀ ਦੇਸ਼ ਦੀਆਂ ਰੱਖਿਆ ਸੇਵਾਵਾਂ ਵਿੱਚ ਯੋਗਦਾਨ ਪਾਉਣ ਲਈ ਪੰਜਾਬ ਸਰਕਾਰ ਦੁਆਰਾ ਚਲਾਈ ਜਾ ਰਹੀ ਸੰਸਥਾ ਦੀ ਵੱਧ ਰਹੀ ਭੂਮਿਕਾ ਨੂੰ ਦਰਸਾਉਂਦੀ ਹੈ। ਆਈ.ਐਮ.ਏ. ਦੇਹਰਾਦੂਨ ਵਿਖੇ 158ਵੇਂ ਰੈਗੂਲਰ ਕੋਰਸ ਪਾਸਿੰਗ ਆਊਟ ਪਰੇਡ ਵਿੱਚ ਚਾਰ ਐਮ.ਆਰ.ਐਸ.ਐਫ.ਪੀ.ਆਈ. ਕੈਡੇਟਾਂ ਨੂੰ ਫ਼ੌਜ ਵਿੱਚ ਕਮਿਸ਼ਨ ਮਿਲਿਆ ਹੈ, ਜਿਸਦੀ ਸਮੀਖਿਆ ਭਾਰਤ ਦੇ ਰਾਸ਼ਟਰਪਤੀ ਸ੍ਰੀਮਤੀ ਦ੍ਰੋਪਦੀ ਮੁਰਮੂ ਵੱਲੋਂ ਕੀਤੀ ਗਈ, ਜੋ ਹਥਿਆਰਬੰਦ ਸੈਨਾਵਾਂ ਦੀ ਸੁਪਰੀਮ ਕਮਾਂਡਰ ਵੀ ਹਨ। ਨਵੇਂ ਫ਼ੌਜ ਅਧਿਕਾਰੀਆਂ ਵਿੱਚ ਹੁਸ਼ਿਆਰਪੁਰ ਤੋਂ ਪਰਮਜੋਤ ਸਿੰਘ ਸ਼ਾਮਲ ਹਨ, ਜਿਸਦੇ ਪਿਤਾ ਇੱਕ ਵਪਾਰੀ ਅਤੇ ਮਾਤਾ ਸਿਹਤ ਵਿਭਾਗ ਵਿੱਚ ਸਟਾਫ਼ ਨਰਸ ਵਜੋਂ ਸੇਵਾਵਾਂ ਨਿਭਾ ਰਹੇ ਹਨ। ਇਸੇ ਤਰ੍ਹਾਂ ਮੋਹਾਲੀ ਤੋਂ ਅਭੈ ਸਿੰਘ ਰਾਘਵ ਫੌਜ ਅਧਿਕਾਰੀ ਬਣੇ ਹਨ, ਜਿਸਦੇ ਪਿਤਾ ਸਿਹਤ ਵਿਭਾਗ ਦੇ ਸਿਵਲ ਰਜਿਸਟ੍ਰੇਸ਼ਨ ਅਫ਼ਸਰ ਅਤੇ ਮਾਤਾ ਇੱਕ ਪ੍ਰਾਈਵੇਟ ਸਕੂਲ ਵਿੱਚ ਅਧਿਆਪਕ ਹਨ। ਹੁਸ਼ਿਆਰਪੁਰ ਤੋਂ ਅਨਿਕੇਤ ਕਹੋਲ ਹਵਾਈ ਸੇਵਾਵਾਂ ਵਿੱਚ ਅਧਿਕਾਰੀ ਵਜੋਂ ਸ਼ਾਮਲ ਹੋਏ ਹਨ, ਜਿਨ੍ਹਾਂ ਦੇ ਪਿਤਾ ਇੱਕ ਵਪਾਰੀ ਹਨ ਤੇ ਪਠਾਨਕੋਟ ਤੋਂ ਅਨੁਰਾਗ ਚੌਹਾਨ ਫ਼ੌਜ ਅਧਿਕਾਰੀ ਬਣੇ ਹਨ।



ਇਸ ਦੇ ਨਾਲ ਹੀ ਤਿੰਨ ਕੈਡੇਟ ਹੈਦਰਾਬਾਦ ਦੇ ਡੰਡੀਗਲ ਵਿੱਚ ਏਅਰ ਫੋਰਸ ਅਕੈਡਮੀ ਦੇ 217ਵੇਂ ਕੋਰਸ ਕੰਬਾਈਨਡ ਗ੍ਰੈਜੂਏਸ਼ਨ ਪਰੇਡ ਵਿੱਚ ਫਲਾਇੰਗ ਅਫ਼ਸਰ ਬਣੇ ਹਨ। ਪਰੇਡ ਦਾ ਨਿਰੀਖਣ ਭਾਰਤ ਦੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕੀਤਾ। ਫਲਾਇੰਗ ਅਫ਼ਸਰਾਂ ਵਜੋਂ ਕਮਿਸ਼ਨ ਪ੍ਰਾਪਤ ਕਰਨ ਵਾਲਿਆਂ ਵਿੱਚ ਰੋਪੜ ਤੋਂ ਉਦੈਬੀਰ ਸਿੰਘ, ਜਿਸਦੇ ਪਿਤਾ ਹਵਾਈ ਸੈਨਾ ਦੇ ਸਾਬਕਾ ਸੈਨਿਕ ਰਹੇ ਹਨ; ਐਸ.ਏ.ਐਸ. ਨਗਰ ਤੋਂ ਵਾਸੂ ਮਹਿਤਾ, ਜਿਸਦੇ ਮਾਪੇ ਸਰਕਾਰੀ ਅਧਿਆਪਕ ਹਨ ਤੇ ਐਸ.ਏ.ਐਸ. ਨਗਰ ਤੋਂ ਕਰਨ ਕੌਸ਼ਿਸ਼ ਹਨ, ਜਿਸਦੀ ਮਾਂ ਨਿਆਂਇਕ ਅਦਾਲਤ ਵਿੱਚ ਸੇਵਾਵਾਂ ਨਿਭਾ ਰਹੀ ਹੈ ਤੇ ਉਸਦੇ ਪਿਤਾ ਇੱਕ ਵਪਾਰੀ ਹਨ।

ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਇਨ੍ਹਾਂ ਸਾਰੇ ਕੈਡਿਟਾਂ ਨੂੰ ਕਮਿਸ਼ਨਡ ਮਿਲਣ ਲਈ ਵਧਾਈ ਦਿੱਤੀ ਤੇ ਇਸ ਦੇ ਨਾਲ ਹੀ ਉਨ੍ਹਾਂ ਨੂੰ ਸੇਵਾ ਅਧਿਕਾਰੀ ਵਜੋਂ ਆਪਣੇ ਕਰੀਅਰ ਵਿੱਚ ਹੋਰ ਸਖ਼ਤ ਮਿਹਨਤ ਕਰਨ ਤੇ ਸ਼ਾਨਦਾਰ ਸੇਵਾਵਾਂ ਨਿਭਾ ਕੇ ਸੂਬੇ ਦਾ ਮਾਣ ਵਧਾਉਣ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਸ਼ਾਮਲ ਹੋਣ ਵਿੱਚ ਸਹਾਇਤਾ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ। ਅਰੋੜਾ ਨੇ ਕਿਹਾ ਕਿ ਇਨ੍ਹਾਂ 7 ਕੈਡੇਟਾਂ ਦੇ ਕਮਿਸ਼ਨਡ ਹੋਣ ਨਾਲ ਭਗਵੰਤ ਮਾਨ ਸਰਕਾਰ ਦੇ ਪੰਜਾਬ ਵਿੱਚ ਸੱਤਾ ਸੰਭਾਲਣ ਤੋਂ ਬਾਅਦ ਐਮ.ਆਰ.ਐਸ.ਐਫ.ਪੀ.ਆਈ. ਕੈਡੇਟਾਂ ਦੀ ਗਿਣਤੀ 97 ਹੋ ਗਈ ਹੈ। ਐਮ.ਆਰ.ਐਸ.ਐਫ.ਪੀ.ਆਈ. ਦੇ ਡਾਇਰੈਕਟਰ ਮੇਜਰ ਜਨਰਲ ਅਜੈ ਐਚ. ਚੌਹਾਨ, ਵੀ.ਐਸ.ਐਮ. (ਸੇਵਾਮੁਕਤ) ਨੇ ਕੈਡਿਟਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਰੱਖਿਆ ਸੇਵਾਵਾਂ ਦੇ ਸਿਧਾਤਾਂ ਨੂੰ ਬਰਕਰਾਰ ਰੱਖਣ ਅਤੇ ਦੇਸ਼, ਸੂਬੇ ਅਤੇ ਆਪਣੀ ਸੰਸਥਾ ਦਾ ਮਾਣ ਵਧਾਉਣ ਲਈ ਪ੍ਰੇਰਿਆ।

## ਹਲਕਾ ਮੌੜ ਵਿਖੇ ਐਸ.ਆਈ.ਆਰ. ਹੋਈ ਅਹਿਮ ਮੀਟਿੰਗ

ਮੌੜ ਮੰਡੀ 13 ਜੂਨ (ਭੋਲਾ ਸਿੰਘ ਮਾਨ): ਵਿਧਾਨ ਸਭਾ ਹਲਕਾ ਮੌੜ ਤੋਂ ਕਾਂਗਰਸ ਪਾਰਟੀ ਦੇ ਬੀਐਲਏ 1, ਸੁਖਦੀਪ ਸਿੰਘ ਰਾਮਨਗਰ ਦੀ ਅਗਵਾਈ ਹੇਠ ਵਾਈਟ ਕ੍ਰਿਸਟਲ ਪੈਲਸ ਵਿਖੇ ਟ੍ਰੇਨਿੰਗ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਜਿਲਾ ਕੁਆਰਡੀਨੇਟਰ ਦੀਪਕ ਗਰਗ ਅਤੇ ਜਿਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਪ੍ਰੀਤਮ ਸਿੰਘ ਕੋਟਭਾਈ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਵਿੱਚ ਵੱਡੀ ਗਿਣਤੀ ਕਾਂਗਰਸ ਦੇ ਬੀਐਲਏ 2 ਦੇ ਆਹੁਦੇਦਾਰਾਂ ਨੇ ਭਾਗ ਲਿਆ। ਜ਼ਿਲ੍ਹਾ ਕੁਆਰਡੀਨ ਦੀਪਕ ਗਰਗ ਨੇ ਦੱਸਿਆ ਕਿ ਇਸ ਟ੍ਰੇਨਿੰਗ ਸੈਸ਼ਨ ਦਾ ਮੁੱਖ ਮਕਸਦ ਹੈ ਕਿ ਵੋਟਰ ਸੂਚੀਆਂ ਦੀ ਸ਼ੁੱਧਤਾ, ਬੂਥ ਪੱਧਰ 'ਤੇ ਸੰਗਠਨ ਦੀ ਭੂਮਿਕਾ ਅਤੇ ਬੀਐਲਏ ਸਾਥੀ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਨਾਲ ਕੰਮ ਕਰਨ। ਉਹਨਾਂ ਅੱਗੇ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਹਰ ਯੋਗ ਵੋਟਰ ਤੱਕ ਪਹੁੰਚ ਯਕੀਨੀ ਬਣਾਈ ਜਾਵੇ, ਬੂਥ ਪੱਧਰ 'ਤੇ ਮਜ਼ਬੂਤ ਟੀਮ ਹੀ ਪਾਰਟੀ ਦੀ ਅਸਲ ਤਾਕਤ ਹੁੰਦੀ ਹੈ।



ਜ਼ਿਲ੍ਹਾ ਪ੍ਰਧਾਨ ਪ੍ਰੀਤਮ ਸਿੰਘ ਕੋਟਭਾਈ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸੰਗਠਨ ਦੀ ਏਕਤਾ, ਅਨੁਸ਼ਾਸਨ ਅਤੇ ਸਮਰਪਣ ਦੀ ਭਾਵਨਾ ਨਾਲ ਆਪਾਂ ਨੂੰ ਕੰਮ ਕਰਨਾ ਪਵੇਗਾ। ਉਹਨਾਂ ਵਰਕਰਾਂ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਨਾਲ ਕੰਮ ਕਰਨ ਦਾ ਸੱਦਾ ਦਿੱਤਾ ਤੇ ਲੋਕਤੰਤਰ ਦੀ ਮਜ਼ਬੂਤੀ ਲਈ ਹਰ ਯੋਗ ਵੋਟਰ ਤੱਕ ਪਹੁੰਚ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ। ਸੁਖਦੀਪ ਸਿੰਘ ਰਾਮਨਗਰ ਨੇ ਬੋਲਦੇ ਹੋਏ ਕਿਹਾ ਕਿ ਤੁਸੀਂ ਕਾਂਗਰਸ ਪਾਰਟੀ ਦੇ ਉਹ "ਯੋਧੇ" ਹੋ ਜਿਨ੍ਹਾਂ ਦੇ ਦਮ 'ਤੇ ਕਾਂਗਰਸ ਪਾਰਟੀ ਐਸ ਆਈ ਆਰ ਦੀ ਇਹ ਵੱਡੀ ਲੜਾਈ ਲੜ ਰਹੀ ਹੈ।

ਸੁਖਦੀਪ ਸਿੰਘ ਰਾਮਨਗਰ ਨੇ ਵਰਕਰਾਂ ਤੇ ਬੀ ਐਲ ਏ 2 ਨੂੰ ਅਪੀਲ ਹੈ ਕਿ ਇੱਕ-ਇੱਕ ਵੋਟਰ ਤੱਕ ਪਹੁੰਚ ਯਕੀਨੀ ਬਣਾਈ ਜਾਵੇ ਤਾਂ ਜੋ ਲੋਕਾਂ ਦੀ ਮੱਦਦ ਨਾਲ ਇਸ ਮੁਹਿੰਮ ਨੂੰ ਨੂੰ ਸਫ਼ਲ ਬਣਾਇਆ ਜਾ ਸਕੇ। ਉਹਨਾਂ ਬੀ ਐਲ ਏ ਸਾਥੀਆਂ ਅਤੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਇਸ ਟ੍ਰੇਨਿੰਗ ਕੈਂਪ ਨੂੰ ਨੂੰ ਸਫ਼ਲ ਬਣਾਇਆ ਹੈ। ਇਸ ਮੌਕੇ ਸਪੈਸ਼ਲ ਇਨਵਾਇਟੀ ਮੈਂਬਰ ਹਰਲਾਲ ਸਿੰਘ, ਬਲਾਕ ਰਾਮਪੁਰਾ ਦੇ ਪ੍ਰਧਾਨ ਸੁਰਜੀਤ ਸਿੰਘ, ਸੁਰਜੀਤ ਸਿੰਘ ਖੋਖਰ ਸਾਬਕਾ ਪ੍ਰਧਾਨ, ਤੀਰਥ ਰਾਮ ਸਿੰਗਲਾ, ਮਕੰਦ ਲਾਲ ਰਾਮਨਗਰ, ਮੰਦਰ ਸਿੰਘ ਸਾਬਕਾ ਸਰਪੰਚ, ਧਰਮ ਸਿੰਘ ਸਾਬਕਾ ਸਰਪੰਚ, ਕੌਂਸਲਰ ਸ਼ੰਮੀ ਜੈਲਦਾਰ, ਕੌਂਸਲਰ ਰਾਣਾ ਮੌੜ, ਕੌਂਸਲਰ ਲਖਵੀਰ ਸਿੰਘ ਨਾਜ਼ੀ, ਮੱਖਣ ਸਿੰਘ ਕੋਟਲੀ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਬੀਐਲਏ 2 ਦੇ ਮੈਂਬਰ ਮੌਜੂਦ ਸਨ।

## ਖ਼ੂਨਦਾਨ ਸਭ ਦਾਨਾਂ ਤੋਂ ਉੱਤਮ ਸੇਵਾ : ਗੋਇਲ

ਖਨੌਰੀ, 13 ਮਈ (ਓਮਪ੍ਰਕਾਸ ਮੁਆਲ): ਅਲਵੇਲ ਸਿੰਘ ਵੈਲਫੇਅਰ ਕਲੱਬ ਵੱਲੋਂ ਏਕ ਨੂਰ ਯੂਥ ਕਲੱਬ ਦੇ ਸਹਿਯੋਗ ਨਾਲ ਨਜ਼ਦੀਕੀ ਪਿੰਡ ਠਸਕਾ ਵਿੱਚ ਅੱਖਾਂ ਜਾਂਚ ਅਤੇ ਖੂਨ ਦਾਨ ਕੈਂਪ ਲਗਾਇਆ ਗਿਆ। ਜਿਸ ਦਾ ਉਦਘਾਟਨ ਸਰਪੰਚ ਕਰਮਜੀਤ ਕੌਰ ਨਾਲ ਕਿਸਾਨ ਆਗੂ ਜਸਵੰਤ ਸਿੰਘ ਵੱਲੋਂ ਕੀਤਾ ਗਿਆ। ਜਿਸ ਵਿੱਚ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੇ ਪੁੱਤਰ ਗੌਰਵ ਗੋਇਲ ਮੁੱਖ ਮਹਿਮਾਨ ਤੇ ਉਨ੍ਹਾਂ ਨਾਲ ਤੇਜਵੀਰ ਸਿੰਘ ਠਸਕਾ ਵਾਇਸ ਚੇਅਰਮੈਨ ਬਲਾਕ ਸੰਮਤੀ ਅਨਦਾਨਾ ਐਟ ਮੂਨਕ ਵਿਸ਼ੇਸ਼ ਤੌਰ ਤੇ ਪਹੁੰਚੇ। ਜਿਨ੍ਹਾਂ ਨਾਲ ਪੀਏ ਮੱਖਣ ਸਿੰਘ ਵੀ ਨਾਲ ਹਾਜ਼ਰ ਸਨ। ਇਸ ਮੌਕੇ ਹੈਂਡਾ ਹਸਪਤਾਲ ਪਟਿਆਲਾ ਤੋਂ ਪਹੁੰਚੀ ਡਾਕਟਰਾਂ ਦੀ ਟੀਮ ਦੁਆਰਾ ਅੱਖਾਂ ਦੀਆਂ ਬਿਮਾਰੀਆਂ ਦੀਆਂ 25 ਓਪੀਡੀਆਂ ਕੀਤੀਆਂ। ਮੋਤੀਆਂ ਬਿੰਦ ਬਿਮਾਰੀ ਤੋਂ ਪੀੜ੍ਹਤ 5 ਮਰੀਜ਼ਾਂ ਨੂੰ ਲੈਜ ਪਾਉਣ ਲਈ ਹਸਪਤਾਲ ਲਿਜਾਇਆ ਗਿਆ। ਇਸ ਦੇ ਨਾਲ ਹੀ 21 ਨੌਜਵਾਨਾਂ ਵੱਲੋਂ ਖੂਨਦਾਨ ਕੀਤਾ। ਇਸ ਮੌਕੇ ਖੂਨਦਾਨੀਆਂ ਨੂੰ ਪ੍ਰੰਸ਼ਸਾ ਪੱਤਰ ਦਿੰਦਿਆਂ ਗੌਰਵ ਗੋਇਲ ਨੇ ਕਿਹਾ ਕਿ ਖੂਨਦਾਨ ਸਭ ਤੋਂ ਉੱਤਮ ਦਾਨ ਸੇਵਾ ਹੈ, ਜਿਸ ਨਾਲ ਅਨੇਕਾਂ ਅਨਮੋਲ ਜ਼ਿੰਦਗੀਆਂ ਨੂੰ ਬਚਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਦਾ ਇਹ ਬਹੁਤ ਹੀ ਪ੍ਰੰਸ਼ਸਾ ਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਵੀ ਇਹੀ ਉਪਰਾਲਾ ਹੈ, ਕਿ ਪੰਜਾਬ ਦਾ ਨੌਜਵਾਨ ਨਸ਼ਿਆਂ ਦਾ ਤਿਆਗ ਕਰਕੇ ਨਰੋਈ ਸਿਹਤ ਦਾ ਮਾਲਕ ਬਣੇ। ਕੈਂਪ ਦੌਰਾਨ ਏਕ ਨੂਰ ਯੂਥ ਕਲੱਬ ਦੇ ਪ੍ਰਧਾਨ ਸੁਖਦੇਵ ਰਾਮ ਧਰਮਸੋਤ ਦਾ ਵਿਸ਼ੇਸ਼ ਸਹਿਯੋਗ ਰਿਹਾ। ਪਿੰਡ ਵਾਸੀਆਂ ਵੱਲੋਂ ਆਈ ਡਾਕਟਰੀ ਟੀਮ ਮੈਂਬਰਾਂ ਦਾ ਸਹਿਯੋਗ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ।



ਇਸ ਮੌਕੇ ਡਾਕਟਰ ਸੁੱਖਵੀਰ ਸਿੰਘ, ਰੂਪ ਸਿੰਘ, ਕਮਲ ਸਿੰਘ, ਜਗਜੀਤ ਸਿੰਘ, ਤੇਜਿੰਦਰ ਪਾਲ ਸਿੰਘ, ਪਰਵਿੰਦਰ ਸਿੰਘ, ਮਾਸਟਰ ਸੁਖਜੀਵਨ ਸਿੰਘ, ਨੰਬਰਦਾਰ ਸ਼ਰਨਜੀਤ ਸਿੰਘ ਆਦਿ ਪਿੰਡ ਵਾਸੀਆਂ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਪ੍ਰਗਟ ਕੀਤਾ ਗਿਆ।

# 2047 ਤੱਕ ਵਿਕਸਤ ਰਾਸ਼ਟਰ ਬਣਨ ਦਾ ਭਾਰਤ ਦਾ ਰਸਤਾ ਇਸਦੇ ਖੇਤਾਂ, ਕਿਸਾਨਾਂ ਅਤੇ ਪਿੰਡਾਂ 'ਚੋਂ ਲੰਘਦੈ: ਲੋਕ ਸਭਾ ਸਪੀਕਰ

ਨਵੀਂ ਦਿੱਲੀ, 13 ਜੂਨ (ਅੰਮ੍ਰਿਤਪਾਲ ਸਿੰਘ): ਲੋਕ ਸਭਾ ਸਪੀਕਰ ਸ਼੍ਰੀ ਓਮ ਬਿਰਲਾ ਨੇ ਅੱਜ ਕਿਹਾ ਕਿ 2047 ਤੱਕ ਵਿਕਸਤ ਰਾਸ਼ਟਰ ਬਣਨ ਦੀ ਭਾਰਤ ਦੀ ਯਾਤਰਾ ਇਸਦੇ ਖੇਤਾਂ, ਕਿਸਾਨਾਂ ਅਤੇ ਪਿੰਡਾਂ ਵਿੱਚੋਂ ਲੰਘਦੀ ਹੈ। ਉਨ੍ਹਾਂ ਕਿਹਾ ਕਿ ਟਿਕਾਊ ਖੇਤੀਬਾੜੀ, ਨਵੀਨਤਾ ਅਤੇ ਖੋਜ @2047 ਵਿੱਚ ਵਿਕਸਤ ਭਾਰਤ@ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਦੇ ਮੁੱਖ ਥੰਮ੍ਹ ਹਨ। ਰਵਾਇਤੀ ਗਿਆਨ ਅਤੇ ਆਧੁਨਿਕ ਤਕਨਾਲੋਜੀ ਦੇ ਪ੍ਰਭਾਵਸ਼ਾਲੀ ਏਕੀਕਰਨ ਰਾਹੀਂ, ਭਾਰਤ ਵਿੱਚ ਇੱਕ ਵਿਸ਼ਵਵਿਆਪੀ ਖੇਤੀਬਾੜੀ ਆਗੂ ਵਜੋਂ ਉਭਰਨ ਦੀ ਸਮਰੱਥਾ ਹੈ।



ਸ਼੍ਰੀ ਬਿਰਲਾ 2047 ਵਿੱਚ ਇੱਕ ਵਿਕਸਤ ਭਾਰਤ ਲਈ ਟਿਕਾਊ ਖੇਤੀਬਾੜੀ: ਪਰੰਪਰਾ, ਤਕਨਾਲੋਜੀ ਅਤੇ ਠੋਸ ਨਤੀਜੇ ਵਿਸ਼ੇ 'ਤੇ ਦੋ-ਰੋਜ਼ਾ ਰਾਸ਼ਟਰੀ ਸੰਮੇਲਨ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰ ਰਹੇ ਸਨ। ਇਹ ਸੰਮੇਲਨ ਨਵੀਂ ਦਿੱਲੀ ਵਿੱਚ ਆਲ ਇੰਡੀਆ ਰਾਸ਼ਟਰੀ ਸਿੱਖਿਆ ਸੰਘ ਦੁਆਰਾ ਭਾਰਤੀ ਖੇਤੀਬਾੜੀ ਖੋਜ ਪ੍ਰੀਸ਼ਦ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਆਪਣੇ ਸੰਬੋਧਨ ਵਿੱਚ, ਸ਼੍ਰੀ ਬਿਰਲਾ ਨੇ ਕਿਹਾ ਕਿ ਭਾਰਤ ਵਿੱਚ ਖੇਤੀਬਾੜੀ ਸਿਰਫ਼ ਇੱਕ ਆਰਥਿਕ ਗਤੀਵਿਧੀ ਨਹੀਂ ਹੈ, ਸਗੋਂ ਦੇਸ਼ ਦੀ ਸੰਸਕ੍ਰਿਤੀ, ਸਭਿਅਤਾ ਅਤੇ ਜੀਵਨ ਦੇ ਦਰਸ਼ਨ ਦਾ ਇੱਕ ਅਨਿੱਖੜਵਾਂ ਅੰਗ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਖੇਤੀਬਾੜੀ ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਣ, ਪੇਂਡੂ ਖੁਸ਼ਹਾਲੀ ਨੂੰ ਉਤਸ਼ਾਹਿਤ ਕਰਨ, ਸਮਾਜਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਅਤੇ ਸਮਾਵੇਸ਼ੀ ਵਿਕਾਸ ਨੂੰ ਤੇਜ਼ ਕਰਨ ਵਿੱਚ ਕੇਂਦਰੀ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭਾਰਤ ਦੇ ਪਿੰਡ ਇਸਦੀ ਅਸਲ ਤਾਕਤ ਹਨ, ਅਤੇ ਕਿਸਾਨ ਦੇਸ਼ ਦੀ ਆਰਥਿਕਤਾ ਦੇ ਨਾਲ-ਨਾਲ ਇਸਦੇ ਸਮਾਜਿਕ ਢਾਂਚੇ ਦੇ ਥੰਮ੍ਹ ਹਨ। ਜਲਵਾਯੂ ਪਰਿਵਰਤਨ ਅਤੇ ਵਿਸ਼ਵਵਿਆਪੀ ਸਥਿਤੀਆਂ ਵਿੱਚ ਤੇਜ਼ੀ ਨਾਲ ਹੋਣ ਵਾਲੀਆਂ ਤਬਦੀਲੀਆਂ ਕਾਰਨ ਪੈਦਾ ਹੋਈਆਂ ਚੁਣੌਤੀਆਂ ਦਾ ਹਵਾਲਾ ਦਿੰਦੇ ਹੋਏ, ਲੋਕ ਸਭਾ ਦੇ ਸਪੀਕਰ ਨੇ ਕਿਹਾ ਕਿ ਵਿਗਿਆਨ-ਅਧਾਰਤ, ਖੋਜ-ਅਧਾਰਤ ਅਤੇ ਨਵੀਨਤਾ-ਕੇਂਦ੍ਰਿਤ ਖੇਤੀਬਾੜੀ ਦੀ ਜ਼ਰੂਰਤ ਪਹਿਲਾਂ ਨਾਲੋਂ ਕਿਤੇ ਵੱਧ ਵਧ ਗਈ ਹੈ। ਉਨ੍ਹਾਂ ਕਿਹਾ ਕਿ ਸਿਰਫ ਰਵਾਇਤੀ ਖੇਤੀਬਾੜੀ ਗਿਆਨ ਅਤੇ ਅਤਿ-ਆਧੁਨਿਕ ਤਕਨਾਲੋਜੀਆਂ ਦਾ ਏਕੀਕਰਨ ਹੀ ਇੱਕ ਅਜਿਹਾ ਖੇਤੀਬਾੜੀ ਵਾਤਾਵਰਣ ਪ੍ਰਣਾਲੀ ਬਣਾ ਸਕਦਾ ਹੈ ਜੋ ਟਿਕਾਊ, ਲਾਭਦਾਇਕ ਅਤੇ ਭਵਿੱਖ ਦੀਆਂ ਚੁਣੌਤੀਆਂ ਲਈ ਲਚਕੀਲਾ ਹੋਵੇ। ਉਨ੍ਹਾਂ ਨੇ ਪੇਂਡੂ ਵਿਕਾਸ ਨੂੰ ਤੇਜ਼ ਕਰਨ ਅਤੇ ਕਿਸਾਨਾਂ ਦੀ ਆਮਦਨ ਅਤੇ ਜੀਵਨ-ਨਿਰਬਾਹ ਨੂੰ ਬਿਹਤਰ ਬਣਾਉਣ ਲਈ ਖੇਤੀਬਾੜੀ-ਅਧਾਰਤ ਉਦਯੋਗਾਂ, ਫੂਡ ਪ੍ਰੋਸੈਸਿੰਗ ਯੂਨਿਟਾਂ ਅਤੇ ਖੇਤੀਬਾੜੀ ਸਟਾਰਟਅੱਪਾਂ ਦਾ ਵਿਸਤਾਰ ਕਰਨ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ।

# ਰਾਸ਼ਟਰਪਤੀ ਨੇ ਇੰਡੀਅਨ ਮਿਲਟਰੀ ਅਕੈਡਮੀ ਵਿਖੇ ਗ੍ਰੈਜੂਏਟ ਕੋਰਸ ਦੀ ਪਾਸਿੰਗ ਆਊਟ ਪਰੇਡ ਦੀ ਕੀਤੀ ਸਮੀਖਿਆ

ਨਵੀਂ ਦਿੱਲੀ, 13 ਜੂਨ (ਅੰਮ੍ਰਿਤਪਾਲ ਸਿੰਘ) : ਭਾਰਤ ਦੇ ਰਾਸ਼ਟਰਪਤੀ, ਸ਼੍ਰੀਮਤੀ ਦ੍ਰੋਪਦੀ ਮੁਰਮੂ ਨੇ ਅੱਜ, 13 ਜੂਨ, 2026 ਨੂੰ ਇੰਡੀਅਨ ਮਿਲਟਰੀ ਅਕੈਡਮੀ, ਦੇਹਰਾਦੂਨ ਵਿਖੇ 158ਵੇਂ ਰੈਗੂਲਰ ਕੋਰਸ ਅਤੇ 141ਵੇਂ ਟੈਕਨੀਕਲ ਗ੍ਰੈਜੂਏਟ ਕੋਰਸ ਦੀ ਪਾਸਿੰਗ ਆਊਟ ਪਰੇਡ ਦੀ ਸਮੀਖਿਆ ਕੀਤੀ। ਇਸ ਮੌਕੇ 'ਤੇ ਬੋਲਦਿਆਂ, ਰਾਸ਼ਟਰਪਤੀ ਨੇ ਸਾਰੇ ਅਫਸਰ ਕੈਡਿਟਾਂ ਨੂੰ ਦੇਸ਼ ਦੇ ਸਭ ਤੋਂ ਸਖ਼ਤ ਸਿਖਲਾਈ ਪ੍ਰੋਗਰਾਮਾਂ ਵਿੱਚੋਂ ਇੱਕ ਨੂੰ ਸਫਲਤਾਪੂਰਵਕ ਪੂਰਾ ਕਰਨ 'ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਹਿੰਮਤ ਅਤੇ ਬੁੱਧੀ ਉਨ੍ਹਾਂ ਦੀ ਤਾਕਤ ਹੋਵੇਗੀ। ਉਹ ਨੌਂ ਮਹਿਲਾ ਕੈਡਿਟਾਂ ਨੂੰ ਦੇਖ ਕੇ ਖੁਸ਼ ਹੋਏ। ਉਨ੍ਹਾਂ ਕਿਹਾ ਕਿ ਇਹ ਭਾਰਤੀ ਮਿਲਟਰੀ ਅਕੈਡਮੀ ਦੇ ਇਤਿਹਾਸ ਵਿੱਚ ਇੱਕ ਪਰਿਭਾਸ਼ਿਤ ਪਲ ਹੈ। ਇਹ ਨਾ ਸਿਰਫ਼ ਭਾਰਤ ਦੀਆਂ ਹਥਿਆਰਬੰਦ ਸੈਨਾਵਾਂ ਦੇ ਇਤਿਹਾਸ ਵਿੱਚ ਇੱਕ ਮੀਲ ਪੱਥਰ ਹੈ, ਸਗੋਂ ਔਰਤਾਂ ਦੀ ਅਗਵਾਈ ਵਾਲੇ ਵਿਕਾਸ ਵੱਲ ਭਾਰਤ ਦੀ ਤਰੱਕੀ ਦੀ ਇੱਕ ਪ੍ਰੇਰਨਾਦਾਇਕ ਉਦਾਹਰਣ ਵੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਹੋਰ ਬਹੁਤ ਸਾਰੀਆਂ ਮਹਿਲਾ ਕੈਡਿਟਾਂ ਅਕੈਡਮੀ ਵਿੱਚ ਸ਼ਾਮਲ ਹੋਣਗੀਆਂ। ਰਾਸ਼ਟਰਪਤੀ ਨੇ ਦੋਸਤਾਨਾ ਵਿਦੇਸ਼ੀ ਦੇਸ਼ਾਂ ਦੇ ਕੈਡਿਟਾਂ ਨੂੰ ਵੀ ਵਧਾਈ ਦਿੱਤੀ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਆਪਣੀ ਸੇਵਾ ਅਤੇ ਅਕੈਡਮੀ ਵਿੱਚ ਸਿੱਖੀਆਂ ਗਈਆਂ ਕਦਰਾਂ-ਕੀਮਤਾਂ ਰਾਹੀਂ, ਉਹ ਆਪਣੀਆਂ ਹਥਿਆਰਬੰਦ ਸੈਨਾਵਾਂ ਅਤੇ ਦੇਸ਼ਾਂ ਨੂੰ ਮਾਣ ਦਿਵਾਉਣਗੇ, ਅਤੇ ਉਨ੍ਹਾਂ ਲਈ ਬਹੁਤ ਸਾਰੀਆਂ ਪ੍ਰਾਪਤੀਆਂ ਅਤੇ ਸਨਮਾਨ ਲਿਆਉਣਗੇ। ਰਾਸ਼ਟਰਪਤੀ ਨੇ ਕਿਹਾ ਕਿ ਅਕੈਡਮੀ ਵਿੱਚ ਵਿਦੇਸ਼ੀ ਕੈਡਿਟਾਂ ਦੀ ਮੌਜੂਦਗੀ ਦੁਨੀਆ ਭਰ ਦੇ ਵੱਖ-ਵੱਖ ਦੇਸ਼ਾਂ ਨਾਲ ਦੋਸਤੀ, ਸਹਿਯੋਗ ਅਤੇ ਸ਼ਾਂਤੀਪੂਰਨ ਸਬੰਧਾਂ ਨੂੰ ਉਤਸ਼ਾਹਿਤ ਕਰਨ ਲਈ ਭਾਰਤ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਸ ਸੰਸਥਾ ਵਿੱਚ ਕੈਡਿਟਾਂ ਵਿੱਚ ਵਿਕਸਤ ਆਪਸੀ ਵਿਸ਼ਵਾਸ, ਸਮਝ ਅਤੇ ਪੇਸ਼ੇਵਰ ਸਬੰਧ ਵੱਖ-ਵੱਖ ਦੇਸ਼ਾਂ ਵਿਚਕਾਰ ਰੱਖਿਆ ਸਹਿਯੋਗ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।



# ਭਾਰਤੀ ਕਦਰਾਂ-ਕੀਮਤਾਂ 'ਤੇ ਅਧਾਰਤ ਪ੍ਰਸ਼ਾਸਕੀ ਲੀਡਰਸ਼ਿਪ ਬਣਾਉਣ ਲਈ ਪਤੰਜਲੀ ਸਿਵਲ ਸਰਵਿਸਿਜ਼ ਅਕੈਡਮੀ ਦੀ ਸ਼ੁਰੂਆਤ



ਹਰਿਦੁਆਰ, 13 ਜੂਨ (ਅੰਮ੍ਰਿਤਪਾਲ ਸਿੰਘ) : ਪਤੰਜਲੀ ਨੇ ਪਤੰਜਲੀ ਸਿਵਲ ਸਰਵਿਸਿਜ਼ ਅਕੈਡਮੀ ਦੀ ਸ਼ੁਰੂਆਤ (ਸ਼ੰਖ ਸ਼ੈਲ) ਦਾ ਐਲਾਨ ਕੀਤਾ ਹੈ, ਜਿਸਦਾ ਉਦੇਸ਼ ਭਾਰਤੀ ਸੱਭਿਆਚਾਰ, ਆਧੁਨਿਕ ਵਿਗਿਆਨ ਅਤੇ ਰਾਸ਼ਟਰੀ ਸੇਵਾ ਦੀ ਭਾਵਨਾ ਨਾਲ ਭਰਪੂਰ ਆਈਏਐਸ, ਆਈਪੀਐਸ ਅਤੇ ਹੋਰ ਕੇਂਦਰੀ ਸੇਵਾਵਾਂ ਦੇ ਅਧਿਕਾਰੀਆਂ ਨੂੰ ਵਿਕਸਤ ਕਰਨਾ ਹੈ। ਇਹ ਨਵੀਨਤਾਕਾਰੀ ਪਹਿਲਕਦਮੀ ਪ੍ਰਾਚੀਨ ਭਾਰਤੀ ਗਿਆਨ ਅਤੇ ਆਧੁਨਿਕ ਪ੍ਰਸ਼ਾਸਕੀ ਜ਼ਰੂਰਤਾਂ ਨੂੰ ਜੋੜ ਕੇ ਭਾਰਤ ਦੇ ਪ੍ਰਸ਼ਾਸਕੀ ਪ੍ਰਣਾਲੀ ਨੂੰ ਇੱਕ ਨਵੀਂ ਦਿਸ਼ਾ ਪ੍ਰਦਾਨ ਕਰੇਗੀ। ਅਕੈਡਮੀ ਦਾ ਉਦੇਸ਼ ਨਾ ਸਿਰਫ਼ ਸਫਲ ਪ੍ਰਸ਼ਾਸਕੀ ਅਧਿਕਾਰੀਆਂ ਨੂੰ ਵਿਕਸਤ ਕਰਨਾ ਹੈ, ਸਗੋਂ ਦੇਸ਼ ਭਗਤ ਨਾਗਰਿਕਾਂ ਨੂੰ ਵੀ ਪੈਦਾ ਕਰਨਾ ਹੈ ਜੋ ਭਾਰਤ ਮਾਤਾ ਦੀ ਸੇਵਾ ਨੂੰ ਆਪਣਾ ਸਭ ਤੋਂ ਵੱਡਾ ਫਰਜ਼ ਸਮਝਦੇ ਹਨ। ਇਸ ਉਦੇਸ਼ ਵੱਲ, ਅਕੈਡਮੀ 10 ਮਿਲੀਅਨ ਸਮਰਪਿਤ ਨਾਗਰਿਕਾਂ ਨੂੰ ਵਿਕਸਤ ਕਰਨ ਦੇ ਟੀਚੇ ਨਾਲ ਅੱਗੇ ਵਧ ਰਹੀ ਹੈ। ਸਵਾਮੀ ਰਾਮਦੇਵ ਨੇ ਕਿਹਾ, ਵਿਰਾਸਤ ਅਤੇ ਵਿਗਿਆਨ ਰਾਸ਼ਟਰੀ ਚਰਿੱਤਰ ਦਾ ਨਿਰਮਾਣ ਕਰੇਗਾ। ਯੋਗ ਰਿਸ਼ੀ ਸਵਾਮੀ ਰਾਮਦੇਵ ਨੇ ਇਸ ਅਕੈਡਮੀ ਨੂੰ ਸਿੱਖਿਆ ਦੇ ਖੇਤਰ ਵਿੱਚ ਇੱਕ ਇਤਿਹਾਸਕ ਅਤੇ ਇਨਕਲਾਬੀ ਯੋਗਦਾਨ ਦੱਸਦਿਆਂ ਕਿਹਾ ਕਿ ਭਾਰਤ ਸੰਵਿਧਾਨ ਦੁਆਰਾ ਸ਼ਾਸਤ ਹੈ, ਪਰ ਕਾਨੂੰਨਾਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਲਾਗੂਕਰਨ ਅਧਿਕਾਰੀਆਂ ਦੇ ਚਰਿੱਤਰ 'ਤੇ ਨਿਰਭਰ ਕਰਦਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਦੁਨੀਆ ਦਾ ਸਭ ਤੋਂ ਵੱਡਾ ਰਚਨਾਤਮਕ ਕਾਰਜ ਹੈ ਕਿਉਂਕਿ ਇਹ ਵਿਅਕਤੀ ਦੇ ਮਨ, ਚਰਿੱਤਰ ਅਤੇ ਲੀਡਰਸ਼ਿਪ ਨੂੰ ਆਕਾਰ ਦਿੰਦੀ ਹੈ। ਅਕੈਡਮੀ ਇੱਕ ਤ੍ਰਿ-ਸਿੱਖਿਆ ਮਾਡਲ ਅਪਣਾਏਗੀ, ਜੋ ਅਧਿਆਤਮਿਕ ਗਿਆਨ, ਪ੍ਰਸ਼ਾਸਕੀ ਉੱਤਮਤਾ ਅਤੇ ਅਕਾਦਮਿਕ ਕਠੋਰਤਾ ਨੂੰ ਜੋੜੇਗੀ। ਇਹ ਮਾਡਲ ਰਿਗਵੇਦ, ਯਜੁਰਵੇਦ ਅਤੇ ਸਾਮਵੇਦ ਦੇ ਸੰਗਮ ਵਾਂਗ ਕੰਮ ਕਰੇਗਾ। ਅਕੈਡਮੀ ਦਾ ਪਾਠਕ੍ਰਮ ਰਾਸ਼ਟਰੀ ਸਿੱਖਿਆ ਨੀਤੀ ਅਤੇ ਭਾਰਤੀ ਗਿਆਨ ਪਰੰਪਰਾ ਦੇ ਅਨੁਸਾਰ ਵਿਰਾਸਤ ਅਤੇ ਵਿਗਿਆਨ ਅਤੇ ਗਿਆਨ ਅਤੇ ਖੋਜ ਦੇ ਸਿਧਾਂਤਾਂ 'ਤੇ ਅਧਾਰਤ ਹੋਵੇਗਾ। ਇਸ ਤੋਂ ਇਲਾਵਾ, ਯੋਗਾ ਅਤੇ ਪ੍ਰਾਣਾਯਾਮ ਰਾਹੀਂ, ਵਿਦਿਆਰਥੀ ਆਤਮ-ਵਿਸ਼ਵਾਸ ਅਤੇ ਮਨੋਬਲ ਵਿਕਸਤ ਕਰਨਗੇ, ਜੋ ਉੱਚ-ਪੱਧਰੀ ਪ੍ਰਸ਼ਾਸਕੀ ਜ਼ਿੰਮੇਵਾਰੀਆਂ ਨੂੰ ਨਿਭਾਉਣ ਲਈ ਜ਼ਰੂਰੀ ਹੈ।

# ਭਾਰਤ ਨੇ ਅਹਿਮਦਾਬਾਦ 'ਚ ਪਹਿਲੀ ਵਿਸ਼ਵ ਯੋਗਾਸਨ ਖੇਡ ਚੈਂਪੀਅਨਸ਼ਿਪ 'ਚ 114 ਤਮਗੇ ਜਿੱਤ ਕੇ ਰਿਕਾਰਡ ਬਣਾਇਆ

ਅਹਿਮਦਾਬਾਦ (ਗੁਜਰਾਤ), 13 ਜੂਨ (ਚ.ਨ.ਸ.) : ਟੀਮ ਇੰਡੀਆ ਨੇ 4 ਤੋਂ 8 ਜੂਨ 2026 ਤੱਕ ਇੱਥੇ ਆਯੋਜਿਤ ਪਹਿਲੀ ਵਿਸ਼ਵ ਯੋਗਾਸਨ ਖੇਡ ਚੈਂਪੀਅਨਸ਼ਿਪ 2026 ਵਿੱਚ ਕੁੱਲ 114 ਤਗਮੇ ਜਿੱਤ ਕੇ ਇੱਕ ਬੇਮਿਸਾਲ ਇਤਿਹਾਸਕ ਰਿਕਾਰਡ ਬਣਾਇਆ। ਵਿਸ਼ਵ ਪੱਧਰ 'ਤੇ ਪੂਰੀ ਸਰਵਉੱਚਤਾ ਦਾ ਪ੍ਰਦਰਸ਼ਨ ਕਰਦੇ ਹੋਏ, ਭਾਰਤੀ ਦਲ ਨੇ 102 ਸੋਨ ਤਗਮੇ, 9 ਚਾਂਦੀ ਅਤੇ 3 ਕਾਂਸੀ ਦੇ ਤਗਮਿਆਂ ਦੀ ਅਸਾਧਾਰਨ ਜਿੱਤ ਹਾਸਲ ਕੀਤੀ। ਸ਼ਾਨਦਾਰ ਵਿਅਕਤੀਗਤ ਪ੍ਰਾਪਤੀਆਂ ਵਿੱਚੋਂ, ਪੰਜਾਬ ਦੀ ਅਲਕਾ ਪੇਰੀਵਾਲ ਨੇ ਸੀਨੀਅਰ ਕੁੜੀਆਂ ਦੀ ਉਮਰ ਸਮੂਹ ਵਿੱਚ ਬੈਕਵਰਡ ਬੈਂਡਿੰਗ ਈਵੈਂਟ ਵਿੱਚ ਸੋਨ ਤਗਮਾ ਜਿੱਤਿਆ, ਜਦੋਂ ਕਿ ਹੋਰ ਐਥਲੀਟਾਂ ਨੇ ਸਮੂਹਿਕ ਤੌਰ 'ਤੇ 114 ਤਗਮਿਆਂ ਦੀ ਵਿਸ਼ਾਲ ਸੂਚੀ ਵਿੱਚ ਯੋਗਦਾਨ ਪਾਇਆ, ਯੋਗਾਸਨ ਖੇਡ ਦੇ ਇਤਿਹਾਸ ਵਿੱਚ ਭਾਰਤ ਦਾ ਨਾਮ ਪੱਕਾ ਕੀਤਾ। ਇਸ ਵੱਕਾਰੀ ਵਿਸ਼ਵ ਪ੍ਰੋਗਰਾਮ ਦੀ ਤਿਆਰੀ ਲਈ, ਯੋਗਾਸਨ ਭਾਰਤ ਨੇ ਗੁਜਰਾਤ ਦੇ ਅਹਿਮਦਾਬਾਦ ਵਿੱਚ ਸਪੋਰਟਸ ਅਥਾਰਟੀ ਆਫ਼ ਇੰਡੀਆ, ਵੀਰ ਸਾਵਰਕਰ ਸਪੋਰਟਸ ਕੰਪਲੈਕਸ ਵਿਖੇ ਇੱਕ ਤੀਬਰ ਭਾਰਤ ਸਿਖਲਾਈ ਕੈਂਪ ਲਗਾਇਆ। ਵਿਸ਼ੇਸ਼ ਸਿਖਲਾਈ ਕੈਂਪ 10 ਮਈ ਨੂੰ ਸ਼ੁਰੂ ਹੋਇਆ ਅਤੇ 3 ਜੂਨ ਨੂੰ ਸਮਾਪਤ ਹੋਇਆ, ਜਿਸ ਨੇ ਲਾਂਚਿੰਗ ਪੈਡ ਵਜੋਂ ਕੰਮ ਕੀਤਾ ਜਿੱਥੋਂ ਸਾਵਧਾਨੀ ਨਾਲ ਸਿਖਲਾਈ ਪ੍ਰਾਪਤ ਟੀਮ ਸਿੱਧੇ ਚੈਂਪੀਅਨਸ਼ਿਪ ਅਖਾੜੇ ਲਈ ਰਵਾਨਾ ਹੋਈ। ਭਾਰਤੀ ਦਲ ਵਿੱਚ ਸਾਰੇ ਸਬੰਧਤ ਉਮਰ ਸਮੂਹਾਂ ਦੇ ਕੁੱਲ 122 ਕੁਲੀਨ ਐਥਲੀਟ ਸ਼ਾਮਲ ਸਨ, ਜੋ ਸਾਰੇ ਪ੍ਰਤੀਯੋਗੀ ਵਰਗਾਂ ਵਿੱਚ ਵਿਆਪਕ ਪ੍ਰਤੀਨਿਧਤਾ ਨੂੰ ਯਕੀਨੀ ਬਣਾਉਂਦੇ ਸਨ। ਰਾਸ਼ਟਰੀ ਕੈਂਪ ਦੀ ਅਗਵਾਈ ਟੀਮ ਇੰਡੀਆ ਦੇ ਮੁੱਖ ਕੋਚ, ਡਾ. ਸੀ.ਕੇ. ਮਿਸ਼ਰਾ, ਪੇਸ਼ੇਵਰ ਸਹਾਇਕ ਸਟਾਫ ਦੀ ਇੱਕ ਸਮਰਪਿਤ ਟੀਮ ਦੇ ਨਾਲ ਕੀਤੀ ਗਈ। ਉਨ੍ਹਾਂ ਦੇ ਮਾਰਗਦਰਸ਼ਨ ਹੇਠ, ਐਥਲੀਟਾਂ ਨੇ ਕੈਂਪ ਵਿੱਚ ਸਾਰੀਆਂ ਅਤਿ-ਆਧੁਨਿਕ ਸਹੂਲਤਾਂ ਤੱਕ ਪਹੁੰਚ ਦੇ ਨਾਲ ਬਹੁਤ ਤੀਬਰ ਸਿਖਲਾਈ ਲਈ। ਟੀਮ ਇੰਡੀਆ ਦਾ ਅਧਿਕਾਰਤ ਐਲਾਨ 3 ਜੂਨ ਨੂੰ ਕੈਂਪ ਦੇ ਰਸਮੀ ਸਮਾਪਤੀ ਸਮਾਰੋਹ ਦੌਰਾਨ ਕੀਤਾ ਗਿਆ ਸੀ। ਵਿਸ਼ਵ ਯੋਗਾਸਨ ਅਤੇ ਯੋਗਾਸਨ ਭਾਰਤ ਦੇ ਸਕੱਤਰ ਜਨਰਲ ਡਾ. ਜੈਦੀਪ ਆਰੀਆ ਅਤੇ ਪ੍ਰਧਾਨ ਉਦਿਤ ਸੇਠ ਦੀ ਵਿਸ਼ੇਸ਼ ਮੌਜੂਦਗੀ ਵਿੱਚ ਚੋਣ ਅਤੇ ਅਧਿਕਾਰਤ ਰੋਸਟਰ ਦਾ ਐਲਾਨ ਕੀਤਾ ਗਿਆ ਸੀ।

# ਬੈਂਕ ਆਫ਼ ਇੰਡੀਆ ਵੱਲੋਂ ਬ੍ਰਾਂਚ ਮੈਨੇਜਰਾਂ ਕਾਨਫਰੰਸ ਦਾ ਆਯੋਜਨ

ਲੁਧਿਆਣਾ, 13 ਜੂਨ (ਚ.ਨ.ਸ.) : ਜਨਤਕ ਖੇਤਰ ਦੇ ਮੋਹਰੀ ਬੈਂਕ, ਬੈਂਕ ਆਫ਼ ਇੰਡੀਆ ਨੇ ਆਪਣੀਆਂ ਸ਼ਾਖਾਵਾਂ ਦੇ ਕਾਰੋਬਾਰੀ ਪ੍ਰਦਰਸ਼ਨ ਦੀ ਸਮੀਖਿਆ ਕਰਨ ਲਈ ਲੁਧਿਆਣਾ ਵਿਖੇ ਆਪਣੇ ਜ਼ੋਨਲ ਦਫ਼ਤਰ ਰਾਹੀਂ ਇੱਕ ਬ੍ਰਾਂਚ ਮੈਨੇਜਰਾਂ ਕਾਨਫਰੰਸ ਦਾ ਆਯੋਜਨ ਕੀਤਾ।




ਅਨਿਲ ਕੁਮਾਰ ਵਰਮਾ, ਜਨਰਲ ਮੈਨੇਜਰ (ਐਫਜੀਐਮਓ, ਚੰਡੀਗੜ੍ਹ), ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ, ਉਨ੍ਹਾਂ ਦਾ ਸਵਾਗਤ ਜ਼ੋਨਲ ਮੈਨੇਜਰ ਵਿਵੇਕ ਨਿਗਮ ਨੇ ਕੀਤਾ।

ਇਸ ਮੌਕੇ ਡਿਪਟੀ ਜ਼ੋਨਲ ਮੈਨੇਜਰ ਨੀਰਜ ਚੌਧਰੀ ਅਤੇ ਸ਼੍ਰੀਪ੍ਰਕਾਸ਼ ਗੁਪਤਾ (ਰਿਕਵਰੀ), ਅਤੇ ਨਾਲ ਹੀ ਐਸਐਮਈਸੀਸੀ ਸੈਂਟਰ ਦੇ ਮੁਖੀ ਆਰ.ਪੀ. ਯਾਦਵ ਵੀ ਮੌਜੂਦ ਸਨ। ਕਾਨਫਰੰਸ ਦੀ ਸ਼ੁਰੂਆਤ ਦੀਪ ਜਗਾਉਣ ਨਾਲ ਹੋਈ। ਜ਼ੋਨਲ ਮੈਨੇਜਰ ਵਿਵੇਕ ਨਿਗਮ ਨੇ ਬ੍ਰਾਂਚ ਮੈਨੇਜਰਾਂ ਨਾਲ ਖੇਤਰ ਵਿੱਚ ਸ਼ਾਖਾਵਾਂ ਦੁਆਰਾ ਦਰਪੇਸ਼ ਪ੍ਰਗਤੀ ਅਤੇ ਚੁਣੌਤੀਆਂ ਬਾਰੇ ਵਿਸਤ੍ਰਿਤ ਚਰਚਾ ਕੀਤੀ।

ਜਨਰਲ ਮੈਨੇਜਰ ਅਨਿਲ ਕੁਮਾਰ ਵਰਮਾ ਨੇ ਬ੍ਰਾਂਚ ਮੈਨੇਜਰਾਂ ਨੂੰ ਭਾਰਤ ਸਰਕਾਰ ਦੀਆਂ ਵੱਖ-ਵੱਖ ਕਰਜ਼ਾ ਯੋਜਨਾਵਾਂ ਬਾਰੇ ਗਾਹਕਾਂ ਨੂੰ ਜਾਣਕਾਰੀ ਦੇਣ ਅਤੇ ਸ਼ਾਨਦਾਰ ਗਾਹਕ ਸੇਵਾ ਰਾਹੀਂ ਬੈਂਕ ਦੇ ਕਾਰੋਬਾਰ ਦਾ ਵਿਸਥਾਰ ਕਰਨ ਲਈ ਪ੍ਰੇਰਿਤ ਕੀਤਾ; ਉਨ੍ਹਾਂ ਨੇ ਸ਼ਾਖਾ ਪ੍ਰਬੰਧਕਾਂ ਦੇ ਉਤਸ਼ਾਹ ਅਤੇ ਉਨ੍ਹਾਂ ਦੇ ਕੰਮ ਪ੍ਰਤੀ ਵਚਨਬੱਧਤਾ ਦੀ ਵੀ ਬਹੁਤ ਸ਼ਲਾਘਾ ਕੀਤੀ। ਸਮਾਗਮ ਦੌਰਾਨ, ਐਸੋਸੀਏਟਿਡ ਬੀਮਾ ਕੰਪਨੀਆਂ ਦੇ ਪ੍ਰਤੀਨਿਧੀਆਂ ਨੇ ਆਪਣੇ ਉਤਪਾਦਾਂ ਬਾਰੇ ਵੇਰਵੇ ਪੇਸ਼ ਕੀਤੇ ਅਤੇ ਵਧੀਆ ਪ੍ਰਦਰਸ਼ਨ ਕਰਨ ਵਾਲੀਆਂ ਸ਼ਾਖਾਵਾਂ ਦੇ ਪ੍ਰਬੰਧਕਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।




ਪੰਜਾਬ ਦੀ ਸਿਆਸਤ ਵਿੱਚ ਇੱਕ ਅਹਿਮ ਸਵਾਲ ਸਾਰਿਆਂ ਦੇ ਮਨਾਂ ਵਿੱਚ ਘੁੰਮ ਰਿਹਾ ਹੈ — ਕੀ ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਫਰਵਰੀ 2027 ਦੀ ਬਜਾਏ ਨਵੰਬਰ 2026 ਵਿੱਚ ਹੀ ਹੋ ਜਾਣਗੀਆਂ? ਇਹ ਕੋਈ ਆਮ ਅਫ਼ਵਾਹ ਨਹੀਂ, ਸਗੋਂ ਇਸ ਦੇ ਪਿੱਛੇ ਕਈ ਸੰਕੇਤ ਅਤੇ ਤੱਥ ਹਨ। ਇੱਕ ਪਾਸੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਬਠਿੰਡਾ ਰੋਡਸ਼ੋ ਵਿੱਚ ਇਹ ਦਾਅਵਾ ਕੀਤਾ, ਦੂਜੇ ਪਾਸੇ ਬਠਿੰਡਾ ਰੋਡਸ਼ੋ ਦੀ ਸਿਆਸੀ ਮਹੱਤਤਾ ਇਸ ਲਈ ਵੀ ਵੱਧ ਹੈ ਕਿਉਂਕਿ ਬਠਿੰਡਾ ਸ਼੍ਰੋਮਣੀ ਅਕਾਲੀ ਦਲ ਦਾ ਪਰੰਪਰਾਗਤ ਗੜ੍ਹ ਮੰਨਿਆ ਜਾਂਦਾ ਰਿਹਾ ਹੈ ਅਤੇ ਸੁਖਬੀਰ ਸਿੰਘ ਬਾਦਲ ਦੀ ਪਤਨੀ ਹਰਸਿਮਰਤ ਕੌਰ ਬਾਦਲ ਬਠਿੰਡਾ ਤੋਂ ਚੌਥੀ ਵਾਰ ਦੀ ਸੰਸਦ ਮੈਂਬਰ ਹਨ। ਇਸ ਸਭ ਦੇ ਮੱਦੇਨਜ਼ਰ ਇਸ ਵਿਸ਼ੇ ਦਾ ਡੂੰਘਾ ਵਿਸ਼ਲੇਸ਼ਣ ਜ਼ਰੂਰੀ ਹੈ।

## ਕੇਜਰੀਵਾਲ ਦਾ ਦਾਅਵਾ: ਕੀ ਕਿਹਾ?

ਬਠਿੰਡਾ ਰੋਡਸ਼ੋ ਦੌਰਾਨ ਕੇਜਰੀਵਾਲ ਨੇ ਕਿਹਾ ਕਿ ਉਨ੍ਹਾਂ ਨੂੰ ਪਤਾ ਲੱਗਾ ਹੈ ਕਿ ਪੰਜਾਬ ਵਿੱਚ ਚੋਣਾਂ ਨਵੰਬਰ 2026 ਵਿੱਚ ਹੋਣਗੀਆਂ, ਫਰਵਰੀ 2027 ਵਿੱਚ ਨਹੀਂ, ਇਸ ਲਈ ਸਿਰਫ਼ ਚਾਰ ਮਹੀਨੇ ਬਚੇ ਹਨ ਅਤੇ ਸਾਨੂੰ ਕੰਮ ਸ਼ੁਰੂ ਕਰਨਾ ਚਾਹੀਦਾ ਹੈ। ਕੇਜਰੀਵਾਲ ਨੇ ਪਾਰਟੀ ਵਰਕਰਾਂ ਨੂੰ ਤੁਰੰਤ ਮੈਦਾਨ ਵਿੱਚ ਉੱਤਰਨ ਦੀ ਅਪੀਲ ਕੀਤੀ।

ਇਹ ਦਾਅਵਾ ਕਿੰਨਾ ਕੁ ਭਰੋਸੇਯੋਗ ਹੈ? ਕੋਈ ਵੀ ਸਿਆਸੀ ਆਗੂ ਆਪਣੀ ਮਰਜ਼ੀ ਨਾਲ ਚੋਣਾਂ ਅੱਗੇ ਨਹੀਂ ਕਰਾ ਸਕਦਾ। ਪਰ ਇਸ ਦਾਅਵੇ ਦੇ ਪਿੱਛੇ ਕੁਝ ਅਜਿਹੇ ਤੱਥ ਹਨ ਜੋ ਇਸ ਨੂੰ ਮਹਿਜ਼ ਸਿਆਸੀ ਬਿਆਨ ਤੋਂ ਵੱਧ ਬਣਾਉਂਦੇ ਹਨ।

## SIR ਦਾ ਅਹਿਮ ਸੁਰਾਗ

ਸਭ ਤੋਂ ਵੱਡਾ ਸੰਕੇਤ ਚੋਣ ਕਮਿਸ਼ਨ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (SIR) ਪ੍ਰਕਿਰਿਆ ਤੋਂ ਮਿਲਦਾ ਹੈ। ਇਹ ਉਹ ਪ੍ਰਕਿਰਿਆ ਹੈ ਜਿਸ ਰਾਹੀਂ ਚੋਣ ਕਮਿਸ਼ਨ ਵੋਟਰ ਸੂਚੀਆਂ ਦੀ ਘਰ-ਘਰ ਜਾ ਕੇ ਤਸਦੀਕ ਕਰਦਾ ਹੈ। ਆਮ ਤੌਰ 'ਤੇ ਜਦੋਂ ਚੋਣਾਂ ਨੇੜੇ ਹੋਣ ਤਾਂ ਇਹ ਪ੍ਰਕਿਰਿਆ ਪਹਿਲਾਂ ਕਰਾਈ ਜਾਂਦੀ ਹੈ।

ਚੋਣ ਕਮਿਸ਼ਨ ਨੇ ਪੰਜਾਬ ਵਿੱਚ SIR ਦੇ ਸੋਧੇ ਹੋਏ ਕਾਰਜਕ੍ਰਮ ਅਨੁਸਾਰ ਡਰਾਫਟ ਵੋਟਰ ਸੂਚੀ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ, ਇਤਰਾਜ਼ਾਂ ਅਤੇ ਦਾਅਵਿਆਂ ਦੀ ਮਿਆਦ 3 ਅਗਸਤ ਤੋਂ 2 ਸਤੰਬਰ 2026 ਤੱਕ ਹੋਵੇਗੀ, ਅਤੇ ਅੰਤਿਮ ਵੋਟਰ ਸੂਚੀ 1 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

ਇਹ ਅਹਿਮ ਤੱਥ ਹੈ। ਅੰਤਿਮ ਵੋਟਰ ਸੂਚੀ 1 ਅਕਤੂਬਰ ਨੂੰ ਤਿਆਰ ਹੋਣ ਤੋਂ ਬਾਅਦ ਚੋਣ ਕਮਿਸ਼ਨ ਤਕਨੀਕੀ ਤੌਰ 'ਤੇ ਚੋਣਾਂ ਦਾ ਐਲਾਨ ਕਰ ਸਕਦਾ ਹੈ। ਇਸ ਸਬੰਧ ਵਿੱਚ ਚੀਫ਼ ਇਲੈਕਟੋਰਲ ਅਫ਼ਸਰ ਪੰਜਾਬ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ SIR ਪ੍ਰਕਿਰਿਆ ਵਿੱਚ ਸਾਰੀਆਂ ਪਾਰਟੀਆਂ ਦੀ ਸਰਗਰਮ ਭਾਗੀਦਾਰੀ ਦੀ ਅਪੀਲ ਕੀਤੀ ਅਤੇ 25 ਜੂਨ 2026 ਤੋਂ ਘਰ-ਘਰ ਜਾਣ ਦੀ ਪ੍ਰਕਿਰਿਆ ਸ਼ੁਰੂ ਕਰਨ ਦਾ ਐਲਾਨ ਕੀਤਾ। ਇਨ੍ਹਾਂ ਮੀਟਿੰਗਾਂ ਵਿੱਚ ਹਿੱਸਾ ਲੈਣ ਵਾਲੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੇ ਸੰਕੇਤ ਦਿੱਤੇ ਕਿ ਨਵੰਬਰ ਵਿੱਚ ਚੋਣਾਂ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।

## ਸੁਖਬੀਰ ਬਾਦਲ ਦੇ ਸੰਕੇਤ

ਅਰਵਿੰਦ ਕੇਜਰੀਵਾਲ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਵਜੋਂ ਮੁੜ ਚੁਣੇ ਜਾਣ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਵਰਕਰਾਂ ਅਤੇ ਆਗੂਆਂ ਨੂੰ 2027 ਵਿਧਾਨ ਸਭਾ ਚੋਣਾਂ ਦੀ ਤਿਆਰੀ ਕਰਨ ਦਾ ਸੱਦਾ ਦਿੱਤਾ। ਪਰ ਉਨ੍ਹਾਂ ਦੇ ਤਾਜ਼ਾ ਬਿਆਨਾਂ ਵਿੱਚ ਚੋਣਾਂ ਦੇ ਨਵੰਬਰ ਵਿੱਚ ਹੋਣ ਦੇ ਸੰਕੇਤ ਵੀ ਮਿਲੇ ਹਨ। ਜਦੋਂ ਦੋ ਵੱਖ-ਵੱਖ ਧਿਰਾਂ — ਸੱਤਾਧਾਰੀ ਆਪ ਅਤੇ ਵਿਰੋਧੀ ਅਕਾਲੀ ਦਲ — ਇੱਕੋ ਸੁਰ ਵਿੱਚ ਗੱਲ ਕਰਨ, ਤਾਂ ਇਸ ਸੰਭਾਵਨਾ ਨੂੰ ਅਣਡਿੱਠ ਨਹੀਂ ਕੀਤਾ ਜਾ ਸਕਦਾ।

## ਇਤਿਹਾਸਕ ਸੰਦਰਭ

ਇਹ ਸਮਝਣਾ ਜ਼ਰੂਰੀ ਹੈ ਕਿ ਭਾਰਤ ਵਿੱਚ ਰਾਜ ਵਿਧਾਨ ਸਭਾਵਾਂ ਦੀ ਮਿਆਦ ਪੁੱਗਣ ਤੋਂ ਪਹਿਲਾਂ ਵੀ ਚੋਣਾਂ ਹੋ ਸਕਦੀਆਂ ਹਨ, ਜੇਕਰ ਸਰਕਾਰ ਖ਼ੁਦ ਵਿਧਾਨ ਸਭਾ ਭੰਗ ਕਰਨ ਦੀ ਸਿਫ਼ਾਰਸ਼ ਕਰੇ ਜਾਂ ਕੋਈ ਸੰਵਿਧਾਨਕ ਸੰਕਟ ਪੈਦਾ ਹੋਵੇ। ਇਸ ਤੋਂ ਇਲਾਵਾ ਕੁਝ ਵਿਸ਼ੇਸ਼ ਹਾਲਾਤਾਂ ਵਿੱਚ ਕੇਂਦਰ ਸਰਕਾਰ "ਇੱਕ ਦੇਸ਼, ਇੱਕ ਚੋਣ" ਦੇ ਤਹਿਤ ਕੁਝ ਸੂਬਿਆਂ ਦੀਆਂ ਚੋਣਾਂ ਇਕੱਠੇ ਕਰਾਉਣ ਬਾਰੇ ਵਿਚਾਰ ਕਰ ਸਕਦੀ ਹੈ, ਜੋ ਕਿ ਭਾਜਪਾ ਦੀ ਨੀਤੀ ਵੀ ਰਹੀ ਹੈ।

## ਸਿਆਸੀ ਪਾਰਟੀਆਂ ਦੀ ਤਿਆਰੀ ਦਾ ਹਾਲ

**ਆਮ ਆਦਮੀ ਪਾਰਟੀ:** ਕੇਜਰੀਵਾਲ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਜੇ ਚੋਣਾਂ ਨਵੰਬਰ 2026 ਵਿੱਚ ਹੋਣੀਆਂ ਹਨ ਤਾਂ ਸਿਰਫ਼ ਚਾਰ ਮਹੀਨੇ ਹੀ ਬਚੇ ਹਨ ਅਤੇ ਸਭ ਨੂੰ ਕੰਮ ਵਿੱਚ ਜੁੱਟ ਜਾਣਾ ਚਾਹੀਦਾ ਹੈ। ਆਪ ਦੀ ਰਣਨੀਤੀ ਹੈ ਕਿ ਨਗਰ ਨਿਗਮ ਚੋਣਾਂ ਦੀ ਜਿੱਤ ਦੇ ਜ਼ੋਰ ਨਾਲ ਜਲਦੀ ਤੋਂ ਜਲਦੀ ਵੋਟਰਾਂ ਤੱਕ ਪਹੁੰਚਿਆ ਜਾਵੇ।

**ਸ਼੍ਰੋਮਣੀ ਅਕਾਲੀ ਦਲ:** ਅਕਾਲੀ ਦਲ ਨੇ 500 ਡੈਲੀਗੇਟਾਂ ਦੀ ਮੀਟਿੰਗ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਸਰਬਸੰਮਤੀ ਨਾਲ ਪਾਰਟੀ ਪ੍ਰਧਾਨ ਮੁੜ ਚੁਣਿਆ ਅਤੇ ਉਨ੍ਹਾਂ ਨੂੰ ਨਵੀਂ ਵਰਕਿੰਗ ਕਮੇਟੀ ਬਣਾਉਣ ਦੇ ਅਧਿਕਾਰ ਵੀ ਦਿੱਤੇ। ਅਕਾਲ ਤਖ਼ਤ ਤੋਂ ਤਨਖਾਹੀਏ ਕਰਾਰ ਦਿੱਤੇ ਜਾਣ ਅਤੇ 2022 ਵਿੱਚ ਸਿਰਫ਼ ਤਿੰਨ ਸੀਟਾਂ ਜਿੱਤਣ ਤੋਂ ਬਾਅਦ ਅਕਾਲੀ ਦਲ ਲਈ ਇਹ ਚੋਣਾਂ ਹੋਂਦ ਦੀ ਲੜਾਈ ਸਮਾਨ ਹੋਣਗੀਆਂ।

**ਕਾਂਗਰਸ:** ਨਗਰ ਨਿਗਮ ਚੋਣਾਂ ਵਿੱਚ ਕਾਂਗਰਸ 397 ਵਾਰਡਾਂ ਨਾਲ ਦੂਜੇ ਸਥਾਨ 'ਤੇ ਰਹੀ, ਜੋ ਦਰਸਾਉਂਦਾ ਹੈ ਕਿ ਸ਼ਹਿਰੀ ਖੇਤਰਾਂ ਵਿੱਚ ਪਾਰਟੀ ਦਾ ਅਧਾਰ ਅਜੇ ਕਾਇਮ ਹੈ। ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਦੇ ਦੋਸ਼ ਲਗਾਉਂਦੇ ਰਹੇ ਹਨ।

SIR ਦੀ ਅੰਤਿਮ ਵੋਟਰ ਸੂਚੀ 1 ਅਕਤੂਬਰ ਨੂੰ ਤਿਆਰ ਹੋਣਾ, ਕੇਜਰੀਵਾਲ ਅਤੇ ਸੁਖਬੀਰ ਵਰਗੇ ਦੋ ਧਿਰਾਂ ਵੱਲੋਂ ਇੱਕੋ ਜਿਹੇ ਸੰਕੇਤ ਦੇਣਾ, ਅਤੇ SIR ਮੀਟਿੰਗਾਂ ਵਿੱਚ ਸ਼ਾਮਲ ਪਾਰਟੀ ਨੁਮਾਇੰਦਿਆਂ ਵੱਲੋਂ ਨਵੰਬਰ ਦੀ ਸੰਭਾਵਨਾ ਨੂੰ ਖਾਰਜ ਨਾ ਕਰਨਾ — ਇਹ ਸਭ ਮਿਲਾ ਕੇ ਇੱਕ ਸੰਭਾਵਿਤ ਤਸਵੀਰ ਬਣਾਉਂਦੇ ਹਨ। ਭਾਵੇਂ ਅੰਤਿਮ ਫ਼ੈਸਲਾ ਚੋਣ ਕਮਿਸ਼ਨ ਦਾ ਹੋਵੇਗਾ, ਪਰ ਸਿਆਸੀ ਪਾਰਟੀਆਂ ਲਈ ਸੁਨੇਹਾ ਸਾਫ਼ ਹੈ — ਤਿਆਰੀ ਹੁਣੇ ਤੋਂ ਸ਼ੁਰੂ ਕਰਨੀ ਚਾਹੀਦੀ ਹੈ। ਪੰਜਾਬ ਦੀ ਸਿਆਸੀ ਜੰਗ ਭਖਣ ਵਾਲੀ ਹੈ।






# ਮਾਝਾ-ਦੁਆਬਾ

ਆਸ ਪਾਸ



## ਛੇਵੇਂ ਪਾਤਸ਼ਾਹ ਦਾ ਗੁਰਿਆਈ ਪੁਰਬ ਭਲਾਈ ਕੇਂਦਰ ਵਿਖੇ ਮਨਾਇਆ

### ਭਲਾਈ ਕੇਂਦਰ ਦਾ ਉਪਰਾਲਾ ਬੱਚਾ - ਬੱਚਾ ਗੁਰਬਾਣੀ ਨਾਲ ਜੁੜੇ : ਭਾਈ ਗੁਰਇਕਬਾਲ ਸਿੰਘ



ਅੰਮ੍ਰਿਤਸਰ, 13 ਜੂਨ (ਬਬਲੂ ਮਹਾਜਨ) : ਛੇਵੇਂ ਪਾਤਸ਼ਾਹ ਦੇ ਗੁਰਿਆਈ ਪੁਰਬ ਨੂੰ ਸਮਰਪਿਤ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਿਖੇ ਸਮਾਗਮ ਕਰਵਾਏ ਗਏ ਸਮਾਗਮ ਦੀ ਆਰੰਭਤਾ ਸੰਗਤ ਰੂਪੀ ਪਾਠ ਸ੍ਰੀ ਜਪੁਜੀ ਸਾਹਿਬ, ਚੌਪਈ ਸਾਹਿਬ ਨਾਲ ਕੀਤੀ ਗਈ ਉਪਰੰਤ ਭਾਈ ਹਰਵਿੰਦਰਪਾਲ ਸਿੰਘ ਲਿਟਲ ਤੋਂ ਇਲਾਵਾ ਭਾਈ ਗੁਰਇਕਬਾਲ ਸਿੰਘ ਜੀ ਨੇ ਕਥਾ ਕੀਰਤਨ ਦੀਆਂ ਹਾਜ਼ਰੀਆਂ ਭਰਦੇ ਹੋਏ ਜਿੱਥੇ ਛੇਵੇਂ ਪਾਤਸ਼ਾਹ ਦਾ ਵਡਮੁੱਲਾ ਇਤਿਹਾਸ ਸੰਗਤਾਂ ਨੂੰ ਸਰਵਨ ਕਰਾ ਕੇ ਨਿਹਾਲ ਕੀਤਾ, ਉਥੇ ਛੋਟੇ ਬੱਚਿਆਂ ਨੂੰ ਉਤਸ਼ਾਹਤ ਨਾਲ ਗੁਰਬਾਣੀ ਪੜ੍ਹਨ ਦੀ ਪ੍ਰੇਰਨਾ ਕੀਤੀ ਇਸ ਮੌਕੇ ਭਾਈ ਗੁਰਇਕਬਾਲ ਸਿੰਘ ਜੀ ਵੱਲੋਂ ਬੱਚਿਆਂ ਦੀਆਂ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬਾਣੀ ਨਾਲ ਜੁੜਨ ਦਾ ਉਪਰਾਲਾ ਕਰਦੇ ਹੋਏ ਬੱਚਿਆਂ ਨੂੰ ਛੁੱਟੀਆਂ ਦੌਰਾਨ ਰੋਜ਼ਾਨਾ ਇਕ ਪਾਠ ਸ੍ਰੀ ਜਪੁਜੀ ਸਾਹਿਬ ਦਾ ਅਤੇ ਰੋਜ਼ਾਨਾ ਗੁਰਦੁਆਰਾ ਸਾਹਿਬ ਜਾਣਾ ਅਤੇ ਸੇਵਾ ਕਰਨ ਦਾ ਪ੍ਰਣ ਲਿਆ ਗਿਆ ਭਾਈ ਗੁਰਇਕਬਾਲ ਸਿੰਘ ਜੀ ਨੇ ਕਿਹਾ ਕਿ ਛੇਵੇਂ ਪਾਤਸ਼ਾਹ ਦਾ ਗੁਰਿਆਈ ਪੁਰਬ ਨੂੰ ਸਮਰਪਿਤ ਬੱਚਾ - ਬੱਚਾ ਗੁਰਬਾਣੀ ਨਾਲ ਜੁੜੇ ਭਲਾਈ ਕੇਂਦਰ ਵੱਲੋਂ ਇਹ ਉਪਰਾਲਾ ਸ਼ੁਰੂ ਕੀਤਾ ਗਿਆ ਹੈ ਇਹ ਉਪਰਾਲਾ ਬੱਚਿਆਂ ਦੀਆਂ ਸਕੂਲਾਂ ਦੀਆਂ ਛੁੱਟੀਆਂ ਦੌਰਾਨ ਜਾਰੀ ਰਹੇਗਾ।

## ਡਾ. ਛੀਨਾ ਚੀਫ਼ ਖ਼ਾਲਸਾ ਦੀਵਾਨ ਐਜੂਕੇਸ਼ਨਲ ਕਮੇਟੀ ਦੇ ਆਨਰੇਰੀ ਸਕੱਤਰ ਬਣੇ

### ਸੰਤੋਖ ਸਿੰਘ ਸੇਠੀ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਦੀ ਰਿਸੈਪਸ਼ਨ ਕਮੇਟੀ ਦੇ ਚੇਅਰਮੈਨ ਬਣੇ



ਅੰਮ੍ਰਿਤਸਰ, 13 ਜੂਨ (ਬਬਲੂ ਮਹਾਜਨ):ਨਵ—ਗਠਿਤ ਚੀਫ਼ ਖ਼ਾਲਸਾ ਦੀਵਾਨ ਐਜੂਕੇਸ਼ਨਲ ਕਮੇਟੀ ਵੱਲੋਂ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਜੀ ਦੀ ਪ੍ਰਧਾਨਗੀ ਹੇਠ ਪਲੇਠੀ ਇਕੱਤਰਤਾ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਵੱਲੋਂ ਨਾਮਜ਼ਦ ਕਰਨ ਉਪੰਰਤ ਉੱਘੇ ਸਿੱਖ ਵਿਦਵਾਨਾਂ ਡਾ.ਸਰਬਜੀਤ ਸਿੰਘ ਛੀਨਾ ਨੂੰ ਐਜੂਕੇਸ਼ਨਲ ਕਮੇਟੀ ਦੇ ਆਨਰੇਰੀ ਸਕੱਤਰ ਵਜੋਂ ਅਤੇ ਡਾ.ਮਨਮੋਹਨ ਸਿੰਘ ਅਤੇ ਕੁਲਜੀਤ ਸਿੰਘ (ਸਿੰਘ ਬ੍ਰਦਰਜ਼) ਨੂੰ ਐਡੀ.ਆਨਰੇਰੀ ਸਕੱਤਰਾਂ ਵਜੋਂ ਸਰਬ—ਸੰਮਤੀ ਨਾਲ ਚੁਣਿਆ ਗਿਆ, ਜਿਸਨੂੰ ਐਜੂਕੇਸ਼ਨਲ ਕਮੇਟੀ ਦੇ ਸਮੂਹ ਮੈਂਬਰ ਸਾਹਿਬਾਨ ਵੱਲੋਂ 'ਬੋਲੇ—ਸੋ—ਨਿਹਾਲ*' ਦੀ ਗੂੰਜ ਵਿਚ ਸਰਬ—ਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ।ਇਸਦੇ ਨਾਲ ਹੀ ਦੀਵਾਨ ਦੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ ਨੂੰ ਸਰਬ—ਸੰਮਤੀ ਨਾਲ ਇਸ ਸਾਲ ਬਟਾਲਾ ਵਿਖੇ ਹੋਣ ਜਾ ਰਹੀ ਚੀਫ਼ ਖ਼ਾਲਸਾ ਦੀਵਾਨ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਦੀ ਰਿਸੈਪਸ਼ਨ ਕਮੇਟੀ ਦੇ ਚੇਅਰਮੈਨ ਬਣਾਇਆ ਗਿਆ। ਅਧਿਆਪਨ ਖੇਤਰ ਵਿਚ 40 ਸਾਲ ਦਾ ਤਜ਼ਰਬਾ ਰੱਖਣ ਵਾਲੇ ਦੀਵਾਨ ਦੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ ਡਿਪਟੀ ਜ਼ਿਲ੍ਹਾ ਐਜੂਕੇਸ਼ਨ ਆਫਿਸਰ (ਗਾਇਡੈਂਸ ਅਤੇ ਕੌਂਸਲਿੰਗ) ਦੇ ਅਹੁਦੇ ਤੋਂ ਸੇਵਾ ਮੁਕਤ ਹਨ ਅਤੇ ਪਹਿਲਾਂ ਵੀ ਉਹਨਾਂ ਦੀ ਯੋਗ ਅਗਵਾਈ ਹੇਠ 67ਵੀਂ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਸਫਲਤਾਪੂਰਵਕ ਸੰਪੰਨ ਕੀਤੀ ਗਈ ਸੀ। ਕਮੇਟੀ ਦੇ ਨਵ—ਨਿਯੁਕਤ ਆਨਰੇਰੀ ਸਕੱਤਰ ਡਾ.ਸਰਬਜੀਤ ਸਿੰਘ ਛੀਨਾ ਖੇਤੀਬਾੜੀ, ਅਰਥ ਸ਼ਾਸਤਰ ਵਿਚ ਪੀ.ਐਚ.ਡੀ ਹਨ ਅਤੇ ਖਾਲਸਾ ਕਾਲਜ ਖੇਤੀਬਾੜੀ ਫੈਕਲਟੀ ਦੇ ਡੀਨ ਵਜੋਂ ਸੇਵਾ ਮੁਕਤ ਹੋਏ ਹਨ, ਜਿਨ੍ਹਾਂ ਦੀਆਂ ਇਸ ਖੇਤਰ ਵਿਚ ਲਿਖੀਆਂ ਅਨੇਕਾਂ ਪੁਸਤਕਾਂ ਕਾਲਜਾਂ ਅਤੇ ਯੂਨੀਵਰਸਿਟੀਆਂ ਵਿਚ ਸੰਦਰਭ ਪੁਸਤਕਾਂ ਵਜੋਂ ਪ੍ਰਸਿੱਧ ਹਨ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸੈਨੇਟ ਤੇ ਸਿੰਡੀਕੇਟ ਮੈਂਬਰ ਰਹਿ ਚੁੱਕੇ ਡਾ.ਛੀਨਾ ਇਸ ਸਮੇਂ ਇੰਸਟੀਚਿਊਟ ਆਫ ਸੋਸ਼ਲ ਸਾਇੰਸ ਨਵੀਂ ਦਿੱਲੀ ਵਿਖੇ ਸੀਨੀਅਰ ਫੈਲੋ ਵਜੋਂ ਅਤੇ ਭਾਰਤੀ ਯੂਨੇਸਕੋ ਕਲਬਾਂ ਦੀ ਫੈਡਰੇਸ਼ਨ ਦੇ ਪ੍ਰਧਾਨ ਵਜੋਂ ਸੇਵਾਵਾਂ ਨਿਭਾ ਰਹੇ ਹਨ ਅਤੇ ਉਹ ਸੁਸਾਇਟੀ ਆਫ ਇਕਨਾਮਿਕਸ ਐਂਡ ਡਿਵੈਲਪਮੈਂਟ ਦੇ ਪ੍ਰਧਾਨ ਅਤੇ ਇੰਡੀਅਨ ਜਰਨਲ ਆਫ਼ ਇਕਨਾਮਿਕਸ ਐਂਡ ਡਿਵੈਲਪਮੈਂਟ ਦੇ ਸੰਪਾਦਕ ਵੀ ਰਹੇ ਹਨ। ਇਸੇ ਤਰ੍ਹਾਂ ਡਾ.ਮਨਮੋਹਨ ਸਿੰਘ (ਪੀ.ਐਚ.ਡੀ) ਇਸਰੋ ਵਿਚ ਸਨਮਾਨਿਤ ਪ੍ਰਬੰਧਕ ਅਹੁਦਿਆਂ 'ਤੇ ਰਹਿੰਦਿਆਂ ਪ੍ਰੋਜੈਕਟ ਮੈਨੇਜਮੈਂਟ ਅਤੇ ਪ੍ਰੋਡਕਟ ਡਿਵੈਲਪਮੈਂਟ ਵਿਭਾਗ ਵਿਚ ਕੰਮ ਕਰ ਚੁੱਕੇ ਹਨ ਅਤੇ ਦੇਸ਼ ਦੇ ਮਹੱਤਵਪੂਰਨ ਮਿਸ਼ਨਾਂ ਵਿਚ ਵਿਸ਼ੇਸ਼ ਹਿੱਸਾ ਪਾ ਕੇ ਆਪਣੇ ਕੰਮ ਰਾਹੀਂ ਨਿਵੇਕਲੀ ਪਹਿਚਾਣ ਬਣਾ ਚੁੱਕੇ ਹਨ।ਉੱਚ ਵਿੱਦਿਆ ਪ੍ਰਾਪਤ ਅਤੇ ਉੱਘੀ ਵਿਦਵਾਨ ਸ਼ਖ਼ਸ਼ੀਅਤ ਕੁਲਜੀਤ ਸਿੰਘ (ਸਿੰਘ ਬ੍ਰਦਰਜ਼) ਆਧੁਨਿਕ ਬੌਧਿਕ ਚੇਤਨਾ ਅਤੇ ਸਾਹਿਤਕ—ਵਿਰਾਸਤ ਸੰਭਾਲ ਦੇ ਸੁਮੇਲ ਦੀ ਅਨੌਖੀ ਮਿਸਾਲ ਹਨ। ਇਸ ਸਮੇਂ ਮੌਕੇ 'ਤੇ ਹਾਜ਼ਰ ਦੀਵਾਨ ਅਹੁਦੇਦਾਰਾਂ ਅਤੇ ਹੋਰਨਾਂ ਮੈਂਬਰ ਸਾਹਿਬਾਨ ਨੇ ਮੂਲ ਮੰਤਰ ਦੇ ਪਾਠ ਕਰਨ ਉਪਰੰਤ ਨਵ—ਨਿਯੁਕਤ ਸੰਤੋਖ ਸਿੰਘ ਸੇਠੀ, ਡਾ.ਸਰਬਜੀਤ ਸਿੰਘ ਛੀਨਾ, ਡਾ.ਮਨਮੋਹਨ ਸਿੰਘ, ਕੁਲਜੀਤ ਸਿੰਘ (ਸਿੰਘ ਬ੍ਰਦਰਜ਼) ਨੂੰ ਐਜੂਕੇਸ਼ਨਲ ਕਮੇਟੀ ਦੇ ਜਿੰਮੇਵਾਰ ਅਹੁਦੇ ਸੌਂਪਦਿਆਂ ਵਧਾਈ ਦਿੱਤੀ ਅਤੇ ਆਸ ਪ੍ਰਗਟਾਈ ਕਿ ਉਹ ਆਪਣੇ ਅਹੁੱਦਿਆਂ ਦੀ ਮਾਣ—ਮਰਿਆਦਾ ਬਰਕਰਾਰ ਰੱਖਦਿਆਂ ਐਜੂਕੇਸ਼ਨਲ ਕਮੇਟੀ ਨੂੰ ਵਿਕਾਸ ਦੀਆਂ ਲੀਹਾਂ 'ਤੇ ਲਿਜਾਉਣ ਲਈ ਹਮੇਸ਼ਾਂ ਹੀ ਯਤਨਸ਼ੀਲ ਹੋਣਗੇ ।

## ਤੇਜ਼ ਹਨੇਰੀ ਕਾਰਨ ਸ਼ੈੱਡ ਡਿੱਗਿਆ, ਕਿਸਾਨ ਨੇ ਮੁਆਵਜ਼ੇ ਦੀ ਕੀਤੀ ਮੰਗ



ਚੋਹਲਾ ਸਾਹਿਬ, 13 ਜੂਨ (ਭਗਤ ਸਿੰਘ ਸੰਧੂ): ਬੀਤੇ ਦਿਨ ਇਲਾਕੇ ਵਿੱਚ ਆਈ ਤੇਜ਼ ਹਨੇਰੀ ਅਤੇ ਮੌਸਮ ਦੀ ਖਰਾਬੀ ਕਾਰਨ ਪਿੰਡ ਚੋਹਲਾ ਸਾਹਿਬ ਦੇ ਕਿਸਾਨ ਲੱਖਾਂ ਸਿੰਘ ਪੁੱਤਰ ਹਰਬੰਸ ਸਿੰਘ ਦਾ ਤੂੜੀ ਵਾਲੇ ਕੋਠੇ ਦਾ ਸ਼ੈੱਡ ਡਿੱਗ ਗਿਆ, ਜਿਸ ਨਾਲ ਉਸ ਨੂੰ ਕਾਫੀ ਆਰਥਿਕ ਨੁਕਸਾਨ ਝੱਲਣਾ ਪਿਆ।ਪ੍ਰਾਪਤ ਜਾਣਕਾਰੀ ਅਨੁਸਾਰ, ਡੰਗਰਾਂ ਅਤੇ ਤੂੜੀ ਦੀ ਸੰਭਾਲ ਲਈ ਬਣਾਇਆ ਗਿਆ ਕਰੀਬ 14 ਫੁੱਟ ਉੱਚਾ ਅਤੇ 15 ਫੁੱਟ ਲੰਮਾ ਸ਼ੈਡ ਤੇਜ਼ ਹਵਾਵਾਂ ਦੀ ਲਪੇਟ ਵਿੱਚ ਆ ਕੇ ਢਹਿ ਗਿਆ। ਇਸ ਘਟਨਾ ਕਾਰਨ ਸ਼ੈੱਡ ਦਾ ਢਾਂਚਾ ਪੂਰੀ ਤਰ੍ਹਾਂ ਨੁਕਸਾਨਿਆ ਗਿਆ ਅਤੇ ਅੰਦਰ ਪਈ ਤੂੜੀ ਨੂੰ ਵੀ ਨੁਕਸਾਨ ਪਹੁੰਚਣ ਦਾ ਖਦਸ਼ਾ ਹੈ।ਪੀੜਤ ਕਿਸਾਨ ਲੱਖਾਂ ਸਿੰਘ ਨੇ ਦੱਸਿਆ ਕਿ ਉਹ ਖੇਤੀਬਾੜੀ ਅਤੇ ਪਸ਼ੂ ਪਾਲਣ ਰਾਹੀਂ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦਾ ਹੈ। ਅਚਾਨਕ ਆਈ ਹਨੇਰੀ ਨੇ ਉਸ ਨੂੰ ਵੱਡਾ ਆਰਥਿਕ ਝਟਕਾ ਦਿੱਤਾ ਹੈ। ਉਸ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਮੌਕੇ ਦਾ ਜਾਇਜ਼ਾ ਲੈ ਕੇ ਹੋਏ ਨੁਕਸਾਨ ਦਾ ਮੁਲਾਂਕਣ ਕੀਤਾ ਜਾਵੇ ਅਤੇ ਯੋਗ ਮੁਆਵਜ਼ਾ ਦਿੱਤਾ ਜਾਵੇ।ਪਿੰਡ ਵਾਸੀਆਂ ਨੇ ਵੀ ਸਰਕਾਰ ਤੋਂ ਮੰਗ ਕੀਤੀ ਹੈ ਕਿ ਕੁਦਰਤੀ ਆਫ਼ਤਾਂ ਕਾਰਨ ਨੁਕਸਾਨ ਝੱਲਣ ਵਾਲੇ ਕਿਸਾਨਾਂ ਦੀ ਤੁਰੰਤ ਸਹਾਇਤਾ ਕੀਤੀ ਜਾਵੇ ਤਾਂ ਜੋ ਉਹ ਆਪਣੇ ਨੁਕਸਾਨ ਦੀ ਭਰਪਾਈ ਕਰ ਸਕਣ। ਇਸ ਘਟਨਾ ਤੋਂ ਬਾਅਦ ਇਲਾਕੇ ਦੇ ਲੋਕਾਂ ਵਿੱਚ ਚਿੰਤਾ ਦਾ ਮਾਹੌਲ ਹੈ ਅਤੇ ਉਹ ਮੌਸਮ ਦੀਆਂ ਅਜਿਹੀਆਂ ਅਣਕਿਆਸੀਆਂ ਮਾਰਾਂ ਤੋਂ ਬਚਾਅ ਲਈ ਪੱਕੇ ਪ੍ਰਬੰਧਾਂ ਦੀ ਲੋੜ ਮਹਿਸੂਸ ਕਰ ਰਹੇ ਹਨ।

## ਵਿਦਿਆਰਥੀਆਂ ਲਈ ਨਿਸ਼ਚੈ ਅਕੈਡਮੀ ਦੀ ਸ਼ਲਾਘਾਯੋਗ ਪਹਿਲ: ਡਾ ਕੁਲਵਿੰਦਰ ਸਿੰਘ

### ਸਿਵਲ ਸੇਵਾਵਾਂ ਦੀ ਤਿਆਰੀ ਲਈ ਮੁਫ਼ਤ ਕੋਚਿੰਗ ਪ੍ਰਦਾਨ ਕਰਕੇ ਨੌਜਵਾਨਾਂ ਦੇ ਸੁਪਨਿਆਂ ਨੂੰ ਦੇ ਰਹੀ ਹੈ



ਅੰਮ੍ਰਿਤਸਰ, 13 ਜੂਨ (:ਬਬਲੂ ਮਹਾਜਨ ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਸੰਵਾਰਨ ਅਤੇ ਉਨ੍ਹਾਂ ਨੂੰ ਉੱਚ ਅਹੁਦਿਆਂ ਤੇ ਸਥਾਪਿਤ ਕਰਨ ਲਈ ਇੱਕ ਮਹੱਤਵਪੂਰਨ ਉਪਰਾਲਾ ਕਰ ਰਹੀ ਹੈ। ਕਮੇਟੀ ਵੱਲੋਂ ਨਿਸ਼ਚੈ ਅਕੈਡਮੀ ਰਾਹੀਂ ਅਤੇ ਵਰਗੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਵਿਦਿਆਰਥੀਆਂ ਨੂੰ ਮੁਫਤ ਕੋਚਿੰਗ ਪ੍ਰਦਾਨ ਕੀਤੀ ਜਾ ਰਹੀ ਹੈ।ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਪੰਜਾਬ ਦੇ ਵਿਦਿਆਰਥੀਆਂ, ਖਾਸ ਕਰਕੇ ਸਿੱਖ ਨੌਜਵਾਨਾਂ ਨੂੰ ਉੱਚ ਸਿੱਖਿਆ ਅਤੇ ਸਿਵਲ ਸੇਵਾਵਾਂ ਦੇ ਖੇਤਰ ਵਿੱਚ ਅੱਗੇ ਵਧਣ ਦੇ ਬਰਾਬਰ ਮੌਕੇ ਪ੍ਰਦਾਨ ਕਰਨਾ ਹੈ। ਨਿਸ਼ਚੈ ਅਕੈਡਮੀ ਦੇ ਸਫਲ ਸੰਚਾਲਨ ਵਿੱਚ ਐਡਵੋਕੇਟ ਸਰਦਾਰ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਕੱਤਰ ਵਿਦਿਆ ਸ ਸੁਖਮਿੰਦਰ ਸਿੰਘ ਅਤੇ ਡਿਪਟੀ ਡਾਇਰੈਕਟਰ ਡਾ ਰਜਿੰਦਰ ਕੌਰ ਦੇ ਅਣਥੱਕ ਯਤਨ ਸ਼ਾਮਲ ਹਨ। ਅਕੈਡਮੀ ਵਿੱਚ ਨਾ ਸਿਰਫ ਪੜ੍ਹਾਈ, ਸਗੋਂ ਰਹਿਣ-ਸਹਿਣ, ਖਾਣ-ਪੀਣ ਅਤੇ ਸਿਖਲਾਈ ਦਾ ਸਾਰਾ ਖਰਚਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੁਆਰਾ ਹੀ ਚੁੱਕਿਆ ਜਾਂਦਾ ਹੈ, ਤਾਂ ਜੋ ਆਰਥਿਕ ਤੰਗੀ ਵਿਦਿਆਰਥੀਆਂ ਦੇ ਰਾਹ ਵਿੱਚ ਰੁਕਾਵਟ ਨਾ ਬਣੇ।ਅੱਜ, ਪੰਜਾਬ ਦੇ ਤਿੰਨ ਕੇਂਦਰਾਂ - ਅੰਮ੍ਰਿਤਸਰ (ਸ੍ਰੀ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਅੰਮ੍ਰਿਤਸਰ , ਬਠਿੰਡਾ (ਤਲਵੰਡੀ ਸਾਬੋ ਕਾਲਜ) ਅਤੇ ਫਤਿਹਗੜ੍ਹ ਸਾਹਿਬ ਵਿਖੇ - ਲਗਭਗ 400 ਵਿਦਿਆਰਥੀਆਂ ਨੇ ਇਸ ਕੋਚਿੰਗ ਲਈ ਚੋਣ ਪ੍ਰੀਖਿਆ ਵਿੱਚ ਭਾਗ ਲਿਆ ਹੈ। ਇਨ੍ਹਾਂ ਵਿੱਚੋਂ ਲਗਭਗ 50 ਵਿਦਿਆਰਥੀਆਂ ਦੀ ਚੋਣ ਕੀਤੀ ਜਾਵੇਗੀ। ਅਕੈਡਮੀ ਦੀ ਵਿਸ਼ੇਸ਼ਤਾ ਇਹ ਹੈ ਕਿ ਚੁਣੇ ਗਏ ਵਿਦਿਆਰਥੀਆਂ ਨੂੰ ਮਾਹਿਰਾਂ ਵੱਲੋਂ ਮਾਰਗਦਰਸ਼ਨ ਦਿੱਤਾ ਜਾਵੇਗਾ, ਜੋ ਉਨ੍ਹਾਂ ਨੂੰ ਸਫਲਤਾ ਵੱਲ ਲਿਜਾਣ ਵਿੱਚ ਮਦਦਗਾਰ ਸਿੱਧ ਹੋਵੇਗਾ।ਪਿਛਲੇ ਕੁਝ ਸਾਲਾਂ ਵਿੱਚ, ਇਸ ਅਕੈਡਮੀ ਨੇ ਕਈ ਵਿਦਿਆਰਥੀਆਂ ਨੂੰ ਸਫਲਤਾ ਦੇ ਰਾਹ ਤੇ ਪਾਇਆ ਹੈ, ਜੋ ਕਿ ਇੱਕ ਉਤਸ਼ਾਹਜਨਕ ਨਤੀਜਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਇਹ ਪਹਿਲ ਨੌਜਵਾਨਾਂ ਲਈ ਉਮੀਦ ਦੀ ਇੱਕ ਨਵੀਂ ਕਿਰਨ ਲੈ ਕੇ ਆਈ ਹੈ, ਜਿਸ ਨਾਲ ਪੰਜਾਬ ਦਾ ਭਵਿੱਖ ਹੋਰ ਵੀ ਉਜਵਲ ਹੋਣ ਦੀ ਉਮੀਦ ਹੈ।ਅਜ ਦੀ ਇਸ ਪ੍ਰੀਖਿਆ ਮੌਕੇ ਚੰਡੀਗੜ ਤੋਂ ਕੇਦਰ ਦੇ ਇੰਚਾਰਜ ਸ਼ਮਸ਼ੇਰ ਸਿੰਘ, ਕਾਲਜ ਤੋ ਦੇ ਇੰਚਾਰਜ ਪ੍ਰੋ ਗੁਰਹੰਸ ਸਿੰਘ,ਪ੍ਰੋ ਜਗਤੇਸ਼ਵਰ ਸਿੰਘ , ਸ ਰਾਜਬੀਰ ਸਿੰਘ ਅਤੇ ਕਾਲਜ ਸੁਪ੍ਰਿਟੈਂਡੈਂਟ ਸ ਜਸਪਾਲ ਸਿੰਘ ਹਾਜ਼ਰ ਸਨ।

## ਨਿਰਵੈਰ ਸਿੰਘ ਦੀ ਕਵੀਸ਼ਰੀ ਤੋਂ ਪ੍ਰਭਾਵਿਤ ਹੋਏ ਗਿਆਨੀ ਗੜਗੱਜ, ਸਿਰੋਪਾ ਦੇ ਕੇ ਕੀਤਾ ਸਨਮਾਨਿਤ



ਅੰਮ੍ਰਿਤਸਰ, 13 ਜੂਨ ( ਬਬਲੂ ਮਹਾਜਨ) : ਸੰਤ ਬਾਬਾ ਭੂਰੀ ਵਾਲੇ ਸੀਨੀਅਰ ਸਕੈਂਡਰੀ ਸਕੂਲ ਦੇ ਨੌਵੀ ਕਲਾਸ ਦੇ ਵਿਦਿਆਰਥੀ ਨਿਰਵੈਰ ਸਿੰਘ ਨੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕਰਕੇ ਉਨਾਂ ਨੂੰ ਕਵੀਸ਼ਰੀ ਸੁਣਾਈ। ਨਿਰਵੈਰ ਸਿੰਘ ਦੇ ਮੂੰਹੋ ਕਵੀਸ਼ਰੀ ਸੁਣ ਕੇ ਜਥੇਦਾਰ ਗੜਗੱਜ ਬੇਹਦ ਖੁਸ਼ ਹੋਏ। ਨਿਰਵੈਰ ਸਿੰਘ ਨੇ ਦਸਿਆ ਕਿ ਉਸ ਦੇ ਪਿਤਾ ਸ੍ਰ ਇੰਦਰਜੀਤ ਸਿੰਘ ਅਖੰਡ ਪਾਠੀ ਹਨ ਤੇ ਉਹ ਉਸ ਨੂੰ ਅਕਸਰ ਕਵੀਸ਼ਰੀ ਬਾਬਤ ਉਤਸ਼ਾਹਿਤ ਕਰਦੇ ਹਨ। ਨਿਰਵੈਰ ਸਿੰਘ ਨੇ ਦਸਿਆ ਕਿ ਸਕੂਲ ਦੇ ਪਿਂਸੀਪਲ ਸ੍ਰ ਕੁਲਜਿੰਦਰ ਸਿੰਘ ਢਿਲੋ ਵੀ ਸਮੇ ਸਮੇ ਤੇ ਉਸ ਦਾ ਮਾਰਗ ਦਰਸ਼ਨ ਕਰਦੇ ਹਨ। 15 ਸਾਲ ਦੇ ਨਿਰਵੈਰ ਸਿੰਘ ਨੇ ਦਸਿਆ ਕਿ ਉਸ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਕਰੀਬ 15 ਹੁਕਮਨਾਮੇ ਜ਼ੁਬਾਨੀ ਕੰਠ ਹਨ। ਉਸ ਨੇ ਦਸਿਆ ਕਿ ਜਦ ਉਹ ਦੂਸਰੀ ਜਮਾਤ ਦਾ ਵਿਦਿਆਰਥੀ ਸੀ ਤਾਂ ਉਸ ਸਮੇ ਉਹ ਇੰਟਰਨੈਂਟ ਦੇ ਮਾਧਿਅਮ ਰਾਹੀ ਕਵੀਸ਼ਰੀ ਸੁਣ ਕੇ ਗਾਇਨ ਕਰਦਾ ਸੀ। ਇਕ ਨਿਜੀ ਚੈਨਲ ਤੇ ਚਲਦੇ ਪ੍ਰੋਗਰਾਮ ਕਿਸੇ ਮੇ ਕਿਤਨਾ ਹੈ ਦਮ ਵਿਚ ਨਿਰਵੈਰ ਸਿੰਘ ਨੇ ਭਾਗ ਲਿਆ ਸੀ ਤੇ 4 ਰਾਉਂਡ ਜਿਤ ਗਿਆ ਸੀ ਪੰਜਵੇ ਰਾਉਡ ਦੀ ਫੀਸ ਦੇਣ ਲਈ ਪੈਸੇ ਨਾ ਹੋਣ ਕਾਰਨ ਉਸ ਨੇ ਮੁਕਾਬਲੇ ਚੋ ਆਪਣਾ ਨਾਮ ਵਾਪਸ ਲੈ ਲਿਆ ਸੀ। ਇਕ ਬੇਹਦ ਦਿਲਚਸਪ ਗਲ ਸੁਣਾਉਦਿਆਂ ਨਿਰਵੈਰ ਸਿੰਘ ਨੇ ਦਸਿਆ ਕਿ ਜਦ ਉਹ ਚੈਨਲ ਤੇ ਪ੍ਰੋਗਰਾਮ ਲਈ ਪ੍ਰੋਗਰਾਮ ਤਿਆਰ ਕਰਨ ਵਾਲਿਆਂ ਨੇ ਗੀਤ ਗਾਉਣ ਦੀ ਸ਼ਰਤ ਰਖੀ ਸੀ ਪਰ ਉਸ ਨੇ ਚੈਨਲ ਨੂੰ ਸ਼ਪਸ਼ਟ ਸ਼ਬਦਾਂ ਵਿਚ ਕਿਹਾ ਕਿ ਉਹ ਕੇਵਲ ਕਵੀਸ਼ਰੀ ਹੀ ਗਾਏਗਾ। ਭਵਿਖ ਬਾਰੇ ਪੁੱਛੇ ਜਾਣ ਤੇ ਨਿਰਵੈਰ ਸਿੰਘ ਨੇ ਕਿਹਾ ਕਿ ਉਹ ਪਾਇਲਟ ਬਨਣ ਦਾ ਚਾਹਵਾਨ ਹੈ। ਇਸ ਮੌਕੇ ਤੇ ਜਥੇਦਾਰ ਗੜਗੱਜ ਨੇ ਨਿਰਵੈਰ ਸਿੰਘ ਨੂੰ ਸਿਰੋਪਾ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਜਥੇਦਾਰ ਦਾ ਨਿਜੀ ਸਹਾਇਕ ਜ਼ਸਕਰਨ ਸਿੰਘ,ਭਾਈ ਬਲਦੇਵ ਸਿੰਘ, ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਤੇ ਪ੍ਰਚਾਰਕ ਭਾਈ ਤਰਸੇਮ ਸਿੰਘ ਵੀ ਹਾਜਰ ਸਨ।

## ਗਿੱਲ ਬਣੇ ਕ੍ਰਿਸਚਨ ਕਮਿਊਨਿਟੀ ਦੇ ਜ਼ਿਲ੍ਹਾ ਚੇਅਰਮੈਨ



ਤਰਨਤਾਰਨ, 13 ਜੂਨ (ਪੁਸ਼ਪਿੰਦਰ ਸਿੰਘ ਗੁਰਵਿੰਦਰ ਸਿੰਘ): ਪੰਜਾਬ ਸਰਕਾਰ ਵੱਲੋਂ ਹਰੇਕ ਵਰਗ ਦੇ ਭਾਈਚਾਰੇ ਨੂੰ ਉੱਪਰ ਚੁੱਕਣ ਲਈ ਯਤਨ ਕੀਤੇ ਜਾ ਰਹੇ ਹਨ। ਜਿਸ ਦੇ ਚੱਲਦਿਆਂ ਵੀਰਵਾਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਗੁਰਸੇਵਕ ਸਿੰਘ ਗਿੱਲ ਨੂੰ ਕ੍ਰਿਸਚਨ ਕਮਿਊਨਿਟੀ ਦਾ ਜਿਲ੍ਹਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ, ਜਿਸ ਨੂੰ ਲੈ ਕੇ ਈਸਾਈ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਗੁਰਸੇਵਕ ਸਿੰਘ ਗਿੱਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਡੈਨੀਅਲ ਮਸੀਹ ਭੱਟੀ, ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਜੋ ਜਿੰਮੇਵਾਰੀ ਉਹਨਾਂ ਨੂੰ ਸੌਂਪੀ ਗਈ ਹੈ ਉਹ ਉਸਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਹਨਾਂ ਨੇ ਕਿਹਾ ਕਿ ਪਿਛਲੇ ਕਈ ਸਮੇਂ ਤੋਂ ਕ੍ਰਿਸਚਨ ਭਾਈਚਾਰੇ ਦੀਆਂ ਜੋ ਮੰਗਾਂ ਅਧੂਰੀਆਂ ਸਨ ਉਹਨਾਂ ਨੂੰ ਪਹਿਲ ਦੇ ਅਧਾਰ ਤੇ ਪੂਰਾ ਕਰਵਾਇਆ ਜਾਵੇਗਾ। ਗਿੱਲ ਨੇ ਕਿਹਾ ਕਿ ਕ੍ਰਿਸਚਨ ਭਾਈਚਾਰੇ ਲਈ ਜਿਲੇ ਵਿੱਚ ਬਣਾਏ ਗਏ ਵੱਖ-ਵੱਖ ਥਾਵਾਂ ਤੇ ਕਬਰਿਸਤਾਨ ਦੀ ਮਾੜੀ ਹਾਲਤ ਚਿੰਤਾ ਦਾ ਵਿਸ਼ਾ ਹੈ ਜਿਸ ਵੱਲ ਮੁੱਖ ਤੌਰ ਤੇ ਧਿਆਨ ਦੇਣ ਦੀ ਲੋੜ ਹੈ। ਉਹਨਾਂ ਕਿਹਾ ਕਿ ਕਈ ਵਾਰ ਭਾਈਚਾਰੇ ਦੇ ਲੋਕਾਂ ਨੇ ਧਿਆਨ ਵਿੱਚ ਲਿਆਂਦਾ ਹੈ ਕਿ ਪਿੰਡਾ ਵਿੱਚ ਇਸਾਈ ਭਾਈਚਾਰੇ ਲਈ ਕਬਰਿਸਤਾਨ ਦੀ ਜਗ੍ਹਾ ਤਾਂ ਮੌਜੂਦ ਹੈ ਪਰ ਉੱਥੇ ਨਾ ਤਾਂ ਕੋਈ ਚਾਰਦੀਵਾਰੀ ਬਣਾਈ ਗਈ ਹੈ ਅਤੇ ਨਾ ਹੀ ਉੱਥੇ ਜਾਣ ਲਈ ਢੰਗ ਦਾ ਰਸਤਾ ਹੈ, ਜਿਸ ਕਾਰਨ ਲੋਕਾਂ ਨੂੰ ਅੰਤਿਮ ਸੰਸਕਾਰ ਸਮੇਂ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜਦੋਂ ਵੀ ਕਿਸੇ ਮ੍ਰਿਤਕ ਨੂੰ ਦਫਨਾਉਣ ਲਈ ਕਬਰਿਸਤਾਨ ਵਿਚ ਲਿਜਾਇਆ ਜਾਂਦਾ ਹੈ ਤਾਂ ਉੱਥੇ ਪਹੁੰਚਣ ਲਈ ਕੱਚੇ ਅਤੇ ਟੁੱਟੇ ਰਸਤੇ ਵਿਚੋਂ ਲੰਘਣਾ ਪੈਂਦਾ ਹੈ। ਬਰਸਾਤ ਦੇ ਦਿਨਾਂ ਵਿਚ ਹਾਲਾਤ ਹੋਰ ਵੀ ਗੰਭੀਰ ਹੋ ਜਾਂਦੇ ਹਨ

## ਪੰਚਾਇਤੀ ਜ਼ਮੀਨ ਦੀ ਬੋਲੀ ਕਰਵਾਈ



ਚੋਗਾਵਾਂ, 13 ਜੂਨ (ਸੁਬੇਗ ਸਿੰਘ ਸੋਨਾ) ਹਲਕਾ ਰਾਜਾਸਾਂਸੀ ਅਧੀਨ ਆਉਂਦੇ ਪਿੰਡ ਭੀਲੋਵਾਲ ਕੱਚਾ ਵਿਖੇ 25 ਸਾਲਾਂ ਤੋਂ ਕਾਬਜ਼ 80 ਏਕੜ ਪੰਚਾਇਤੀ ਜਮੀਨ ਦੀ ਬੋਲੀ ਅੱਜ ਬਲਾਕ ਚੋਗਾਵਾਂ ਦੀ ਸਮੁੱਚੀ ਟੀਮ ਵਲੋਂ ਹਲਕਾ ਇੰਚਾਰਜ ਸੋਨੀਆ ਮਾਨ ਦੀ ਅਗਵਾਈ ਹੇਠ ਕਰਵਾਈ ਗਈ। ਜਿਸ ਵਿੱਚ ਬੀ.ਡੀ.ਓ. ਸ਼ਮਸ਼ੇਰ ਸਿੰਘ, ਵੀਡੀਓ ਭੁਪਿੰਦਰ ਸਿੰਘ, ਤਹਿਸੀਲਦਾਰ ਤਰਲੋਚਨ ਸਿੰਘ, ਥਾਣਾ ਲੋਪੋਕੇ ਦੇ ਅਧਿਕਾਰੀ ਮੌਜੂਦ ਸਨ। ਇਸ ਮੌਕੇ ਤੇ ਸਰਪੰਚ ਜਸਪਾਲ ਸਿੰਘ ਮਿੰਟੂ ਦੇ ਪਿੰਡ ਭੀਲੋਵਾਲ ਕੱਚਾ ਦੇ ਗੁਰਦੁਆਰਾ ਸਾਹਿਬ ਵਿਖੇ ਮਨਿਆਦੀ ਕਰਵਾ ਕੇ ਕਾਨੂੰਨ ਦੇ ਦਾਇਰੇ ਵਿੱਚ ਪੰਚਾਇਤੀ ਬੋਲੀ ਸ਼ੁਰੂ ਕਰਵਾਈ ਗਈ। ਇਸ ਮੌਕੇ ਸੋਨੀਆ ਮਾਨ ਨੇ ਕਿਹਾ ਕਿ ਪਿੰਡ ਭੀਲੋਵਾਲ ਕੱਚਾ ਦੀ 80 ਏਕੜ ਪੰਚਾਇਤੀ ਜਮੀਨ ਜਿਸ ਨੂੰ ਪਿਛਲੀਆਂ ਸਰਕਾਰਾਂ ਸਮੇਂ 25 ਸਾਲਾਂ ਤੋਂ ਨਜਾਇਜ਼ ਕਬਜ਼ਾ ਕਰਵਾਇਆ ਹੋਇਆ ਸੀ। ਉਕਤ ਜ਼ਮੀਨ ਦੀ ਅਜੇ ਤੱਕ ਬੋਲੀ ਵੀ ਨਹੀਂ ਕਰਵਾਈ ਗਈ। ਸਰਕਾਰੀ ਖਜ਼ਾਨਿਆਂ ਨੂੰ ਚੂਨਾ ਲਗਾਇਆ ਜਾ ਰਿਹਾ ਸੀ ਪਿੰਡਾਂ ਵਿੱਚ ਪੰਚਾਇਤੀ ਜਮੀਨ ਉੱਪਰ ਨਜਾਇਜ਼ ਕਬਜ਼ੇ ਬਰਦਾਸ਼ਤ ਨਹੀਂ ਕੀਤੇ ਜਾਣਗੇ। ਅੱਜ ਵੀਡੀਓਗ੍ਰਾਫੀ ਰਾਹੀਂ ਉਕਤ ਪੰਚਾਇਤੀ ਜ਼ਮੀਨ ਦੀ ਬੋਲੀ ਪਿੰਡ ਵਾਸੀਆਂ ਦੀ ਹਾਜ਼ਰੀ ਵਿੱਚ ਕਰਵਾਈ ਗਈ। ਇਸ ਮੌਕੇ ਸੋਨੀਆ ਮਾਨ ਨੇ ਪਿੰਡ ਦੇ ਸਰਪੰਚ ਜਸਪਾਲ ਸਿੰਘ ਮਿੰਟੂ ਅਤੇ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਵਾਇਆ ਕਿ ਜਲਦ ਤੋਂ ਜਲਦ ਇਸ ਪੰਚਾਇਤੀ ਪੈਲੀ ਦਾ ਕਬਜ਼ਾ ਛੁਡਾ ਲਿਆ ਜਾਵੇਗਾ। ਅਤੇ ਪਿੰਡ ਦਾ ਜੋ ਵੀ ਵਿਅਕਤੀ ਉਕਤ ਜਮੀਨ ਨੂੰ ਠੇਕੇ ਤੇ ਲੈਣਾ ਚਾਹਵੇ ਉਨ੍ਹਾਂ ਕੋਲੋਂ ਉਕਤ ਸਰਕਾਰੀ ਫੀਸ ਅਦਾ ਕਰਕੇ ਲੈ ਸਕਦਾ ਹੈ। ਇਸ ਮੌਕੇ ਤੇ ਸਰਪੰਚ ਜਸਪਾਲ ਸਿੰਘ ਮਿੰਟੂ ਵੱਲੋਂ ਸੋਨੀਆ ਮਾਨ ਦਾ ਦਿਲ ਦੀਆ ਗਹਿਰਾਈਆਂ ਤੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਸੁਖਦੇਵ ਸਿੰਘ ਬਾਦਸ਼ਾਹ ਬਲਾਕ ਸੰਮਤੀ ਮੈਂਬਰ, ਪਰਮਿੰਦਰ ਸਿੰਘ, ਨੰਬਰਦਾਰ ਨਿਸ਼ਾਨ ਸਿੰਘ, ਸਾਬਕਾ ਸਰਪੰਚ ਅਨੂਪ ਸਿੰਘ, ਬਿਕਰਮ ਸਿੰਘ, ਰਾਣਾ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਗੁਰਿੰਦਰ ਸਿੰਘ ਬਾਵਾ ਦੀ ਦਾਨੀ ਸੇਵਾ ਦਾ ਕੀਤਾ ਗਿਆ ਸਤਿਕਾਰ, ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਇਆ ਸਮਝੌਤਾ

ਅੰਮ੍ਰਿਤਸਰ, 13 ਜੂਨ (ਬਬਲੂ ਮਹਾਜਨ) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਯਾਦਗਾਰ ਭਾਈ ਵੀਰ ਸਿੰਘ, ਗੁਲਮਰਗ (ਬਾਰਾਮੂੱਲਾ) ਸਬੰਧੀ ਸਿੱਖਾਂ ਵਿੱਚ ਚੱਲ ਰਹੇ ਆਪਸੀ ਵਿਵਾਦ ਨੂੰ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਹੱਲ ਕਰ ਦਿੱਤਾ ਹੈ। ਇਸ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਦੋਵੇਂ ਸਿੱਖ ਸਮੂਹਾਂ ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੱਦ ਕੇ ਉਨ੍ਹਾਂ ਦੀ ਗੱਲ ਗੌਰ ਨਾਲ ਸੁਣੀ ਅਤੇ ਪੁੱਜੀ ਸੰਗਤ ਨੂੰ ਆਪਸ ਵਿੱਚ ਪ੍ਰੇਮ ਭਾਵਨਾ ਨਾਲ ਰਲ ਮਿਲ ਕੇ ਰਹਿਣ ਦੀ ਪ੍ਰੇਰਨਾ ਵੀ ਕੀਤੀ।ਬਾਰਾਮੂੱਲਾ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਦੇ ਨਾਮ ਦੀ ਤਬਦੀਲੀ ਨੂੰ ਲੈ ਕੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਾਮ ਦੀ ਦੁਰਵਰਤੋਂ ਦੇ ਸਬੰਧ ਵਿੱਚ ਕਮੇਟੀ ਦੇ ਸੱਤ ਮੈਂਬਰਾਂ ਨੇ ਆਪਣੀ ਖਿਮਾ ਜਾਚਨਾ ਸਿੰਘ ਸਾਹਿਬ ਨੂੰ ਸੌਂਪੀ ਜਦਕਿ ਪ੍ਰਬੰਧਕ ਕਮੇਟੀ ਬਾਰਾਮੂੱਲਾ ਦੇ ਪ੍ਰਧਾਨ ਸ. ਪਰਮਜੀਤ ਸਿੰਘ ਨੇ ਵਿਦੇਸ਼ ਵਿੱਚ ਜ਼ਰੂਰੀ ਰੁਝੇਵੇਂ ਦਾ ਕਾਰਨ ਦੇ ਕੇ ਅਗਾਂਹ ਪੇਸ਼ ਹੋਣ ਲਈ ਸਮਾਂ ਮੰਗਿਆ ਅਤੇ ਇੱਕ ਮੈਂਬਰ ਬਿਰਧ ਹੋਣ ਕਾਰਨ ਹਾਜ਼ਰ ਨਹੀਂ ਹੋਏ। ਮਾਮਲੇ ਵਿੱਚ ਸ਼ਿਕਾਇਤ ਕਰਨ ਵਾਲੀ ਧਿਰ ਵਿੱਚੋਂ ਬਾਰਾਮੂੱਲਾ ਪ੍ਰਬੰਧਕ ਕਮੇਟੀ ਦੇ ਦੋ ਮੈਂਬਰ ਵੀ ਹਾਜ਼ਰ ਹੋਏ।ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੁੱਜੇ ਸਿੱਖਾਂ ਨੂੰ ਗੁਰਮਤਿ ਦੀ ਰੋਸ਼ਨੀ ਵਿੱਚ ਪ੍ਰੇਰਣਾ ਕਰਦਿਆਂ ਆਪਸ ਵਿੱਚ ਝਗੜਨ ਦੀ ਥਾਂ ਸਮੇਂ ਦੀ ਲੋੜ ਮੁਤਾਬਕ ਜੰਮੂ ਕਸ਼ਮੀਰ ਵਿੱਚ ਗੁਰਮੁਖੀ ਪੰਜਾਬੀ ਭਾਸ਼ਾ ਨੂੰ ਚੁਣੌਤੀ ਜਿਹੇ ਜ਼ਰੂਰੀ ਕੌਮੀ ਮਾਮਲਿਆਂ ਉੱਤੇ ਇਕਜੁੱਟ ਹੋ ਕੇ ਯਤਨ ਕਰਨ ਲਈ ਕਿਹਾ। ਸਿੰਘ ਸਾਹਿਬ ਵੱਲੋਂ ਦੋਵੇਂ ਸਿੱਖ ਸਮੂਹਾਂ ਵਿਚਕਾਰ ਪ੍ਰੇਮ ਭਾਵਨਾ ਨਾਲ ਸਹਿਮਤੀ ਬਣਾ ਕੇ ਚੱਲ ਰਹੇ ਵਿਵਾਦ ਨੂੰ ਹੱਲ ਕਰਦਿਆਂ ਸਰਬਸੰਮਤੀ ਨਾਲ ਸਮਝੌਤਾ ਦਸਤਖ਼ਤ ਕਰਵਾਇਆ ਗਿਆ। ਇਸ ਮੌਕੇ ਸਮਝੌਤਾ ਸੰਗਤ ਰੂਪ ਵਿੱਚ ਪੜ੍ਹਿਆ ਗਿਆ ਜਿਸ ਨੂੰ ਪੰਜ ਜੈਕਾਰੇ ਲਗਾ ਕੇ ਆਪਸੀ ਸਹਿਮਤੀ ਤੇ ਪ੍ਰਵਾਨਗੀ ਦਿੱਤੀ ਗਈ ਅਤੇ ਇਸ ਦੀ ਵੀਡੀਓ ਰਿਕਾਰਡਿੰਗ ਜਨਤਕ ਕਰਨ ਦਾ ਫ਼ੈਸਲਾ ਹੋਇਆ।ਸਮਝੌਤੇ ਅਨੁਸਾਰ ਇਹ ਫ਼ੈਸਲਾ ਕੀਤਾ ਗਿਆ ਹੈ ਕਿ ਗੁਲਮਰਗ ਵਿਖੇ ਸਥਿਤ ਗੁਰਦੁਆਰਾ ਸਾਹਿਬ ਦਾ ਨਾਮ 'ਗੁਰਦੁਆਰਾ ਸਾਹਿਬ ਸ੍ਰੀ ਗੁਰੂ ਸਿੰਘ ਸਭਾ ਯਾਦਗਾਰ ਭਾਈ ਵੀਰ ਸਿੰਘ' ਹੀ ਰਹੇਗਾ ਅਤੇ ਅਗਾਂਹ ਤੋਂ ਇਸ ਨਾਮ ਨੂੰ ਬਦਲਿਆ ਨਹੀਂ ਜਾਵੇਗਾ। ਇਸ ਮਾਮਲੇ ਵਿੱਚ ਮੁੰਬਈ ਦੇ ਇਕ ਦਾਨੀ ਸੱਜਣ ਸ. ਗੁਰਿੰਦਰ ਸਿੰਘ ਬਾਵਾ ਵੱਲੋਂ ਗੁਰਦੁਆਰਾ ਸਾਹਿਬ ਦੀ ਇਮਾਰਤ ਲਈ ਜੋ 50 ਲੱਖ ਰੁਪਏ ਪ੍ਰਬੰਧਕ ਕਮੇਟੀ ਦੇ ਖਾਤੇ ਵਿਚ ਸੇਵਾ ਵਜੋਂ ਪਾਏ ਗਏ ਹਨ, ਉਹ ਉਨ੍ਹਾਂ ਨੂੰ ਵਾਪਸ ਕੀਤੇ ਜਾਣਗੇ। ਗੁਰੂ ਘਰ ਦੀ ਸੇਵਾ ਕਾਰ-ਸੇਵਾ ਰਾਹੀਂ ਕਰਵਾਈ ਜਾ ਰਹੀ ਹੈ, ਜਿਸ ਵਿੱਚ ਜੰਮੂ-ਕਸ਼ਮੀਰ ਤੋਂ ਇਲਾਵਾ ਹੋਰ ਸੰਗਤਾਂ ਵੀ ਵੱਧ ਚੜ੍ਹ ਕੇ ਯੋਗਦਾਨ ਪਾਉਣ ਅਤੇ ਰਹਿੰਦੇ ਕਾਰਜ ਮੁਕੰਮਲ ਕਰਵਾਉਣ। ਦੋਵੇਂ ਸਮੂਹਾਂ ਜੰਮੂ-ਕਸ਼ਮੀਰ ਵਿਚ ਪੰਜਾਬੀ ਭਾਸ਼ਾ ਨੂੰ ਆ ਰਹੀਆਂ ਚੁਣੌਤੀਆਂ ਨਾਲ ਨਜਿੱਠਣ ਅਤੇ ਲੋੜਵੰਦ ਸਿੱਖਾਂ ਦੀ ਮਦਦ ਲਈ ਸਾਂਝੇ ਯਤਨ ਕਰਨਗੀਆਂ। ਸਾਰੇ ਸਿੱਖ ਸ੍ਰੀ ਅਨੰਦਪੁਰ ਸਾਹਿਬ ਦੇ ਵਾਸੀ ਹਨ ਆਪਸ ਵਿੱਚ ਗੁਰ ਭਾਈਆਂ ਵਾਂਗ ਰਹਿਣਗੇ।

## 'ਆਪ' ਦੀ ਸਰਕਾਰ ਕੀਤੇ ਵਾਅਦੇ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਕਰਦੀ ਹੈ : ਤਲਬੀਰ ਗਿੱਲ

### ਤਲਬੀਰ ਗਿੱਲ ਨੇ 24 ਲਾਭਪਾਤਰੀਆਂ ਨੂੰ 8 ਲੱਖ 40 ਹਜ਼ਾਰ ਰੁਪਏ ਦੇ ਚੈੱਕ ਵੰਡੇ



ਮਜੀਠਾ, 13 ਜੂਨ (ਅਸ਼ਵਨੀ ਨਈਅਰ)- ਸਰਕਾਰ ਦੀ 'ਕੱਚੇ ਮਕਾਨਾਂ ਨੂੰ ਪੱਕੇ ਬਣਾਉਣ' ਦੀ ਯੋਜਨਾ ਤਹਿਤ ਅੱਜ ਕਸਬਾ ਮਜੀਠਾ ਵਿਚ 24 ਲਾਭਪਾਤਰੀਆਂ ਨੂੰ 8 ਲੱਖ 40 ਹਜ਼ਾਰ ਰੁਪਏ ਦੀ ਬਕਾਇਆ ਰਾਸ਼ੀ ਦੇ ਚੈੱਕ ਵੰਡੇ ਗਏ। ਇਸ ਮੌਕੇ ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਇਹ ਚੈੱਕ ਲਾਭਪਾਤਰੀਆਂ ਨੂੰ ਵੰਡਣ ਮੌਕੇ ਕਿਹਾ ਕਿ ਇਸ ਯੋਜਨਾ ਤਹਿਤ ਗਰੀਬ ਪਰਿਵਾਰਾਂ ਨੂੰ ਆਪਣੇ ਕੱਚੇ ਘਰਾਂ ਨੂੰ ਪੱਕੇ ਬਣਾਉਣ ਲਈ ਵਿੱਤੀ ਮਦਦ ਮੁਹਈਆ ਕਰਵਾਈ ਜਾ ਰਹੀ ਹੈ। ਅੱਜ ਵੰਡੇ ਗਏ ਚੈੱਕਾਂ ਨਾਲ ਲਾਭਪਾਤਰੀਆਂ ਦੇ ਸੁਪਨੇ ਸਾਕਾਰ ਹੋਣ ਵੱਲ ਇੱਕ ਹੋਰ ਕਦਮ ਵਧਿਆ ਹੈ। ਇਸ ਮੌਕੇ ਇੱਕ ਵੱਡੀ ਗਿਣਤੀ ਵਿਚ ਸ਼ਾਮਲ ਲਾਭਪਾਤਰੀਆਂ ਨੂੰ ਤਲਬੀਰ ਸਿੰਘ ਗਿੱਲ ਨੇ ਚੈੱਕ ਵੰਡਦਿਆਂ ਵਧਾਈ ਦਿੱਤੀ ਅਤੇ ਕਿਹਾ ਕਿ ਇਸ ਯੋਜਨਾ ਰਾਹੀਂ ਗਰੀਬ ਪਰਿਵਾਰਾਂ ਦੇ ਸਿਰ ਉੱਤੇ ਛੱਤ ਦੀ ਸੁਰੱਖਿਆ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਤੋਂ ਬਾਅਦ ਲੋਕ ਭਲਾਈ ਦੀਆਂ ਕਈ ਤਰ੍ਹਾਂ ਦੀਆਂ ਸਕੀਮਾਂ ਚਲਾਈਆਂ ਗਈਆਂ ਹਨ। ਇਨ੍ਹਾਂ ਵਿਚ ਬਿਜਲੀ ਦਾ 600 ਯੂਨਿਟ ਮੁਫ਼ਤ, ਚੰਗੇਰੀ ਸਿੱਖਿਆ, 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ, ਵਧੀਆਂ ਸਿਹਤ ਸਿਵਾਵਾਂ ਆਦਿ ਸ਼ਾਮਲ ਹਨ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਸਿਰਫ਼ ਵਾਅਦੇ ਨਹੀਂ ਕਰਦੀ ਸਗੋਂ ਉਨ੍ਹਾਂ ਨੂੰ ਜਮੀਨੀ ਪੱਧਰ ਤੇ ਲਾਗੂ ਕਰਨ ਵਿੱਚ ਯਕੀਨ ਰੱਖਦੀ ਹੈ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੇ ਨਾਲ ਨਾਲ ਲੋਕ ਭਲਾਈ ਸਕੀਮਾਂ ਵੀ ਤੇਜ਼ੀ ਨਾਲ ਚਲ ਰਹੀਆਂ ਹਨ। ਖਾਸ ਤੌਰ ਤੇ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਯੋਜਨਾ ਤਹਿਤ ਹਜ਼ਾਰਾਂ ਪਰਿਵਾਰਾਂ ਨੂੰ ਆਪਣੇ ਮਕਾਨ ਬਣਾਉਣ ਲਈ ਵਿੱਤੀ ਮਦਦ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਦੀਆਂ ਮੁਸ਼ਕਲਾਂ ਘੱਟ ਹੋਈਆਂ ਹਨ। ਤਲਬੀਰ ਸਿੰਘ ਗਿੱਲ ਨੇ ਭਰੋਸਾ ਦਿਵਾਇਆ ਕਿ ਭਵਿੱਖ ਵਿਚ ਵੀ ਅਜਿਹੀਆਂ ਲੋਕ ਹਿਤੈਸ਼ੀ ਯੋਜਨਾਵਾਂ ਨੂੰ ਲਗਾਤਾਰ ਚਲਾਇਆ ਜਾਵੇਗਾ ਤਾਂ ਜੋ ਹਰ ਗਰੀਬ ਪਰਿਵਾਰ ਨੂੰ ਮੁਢਲੀਆਂ ਸਹੂਲਤਾਂ ਮਿਲ ਸਕਣ। ਇਸ ਮੌਕੇ ਤੇ ਬਲਜਿੰਦਰ ਸਿੰਘ ਛੀਨਾ, ਪਿੰਕਾ ਮਜੀਠਾ, ਪਰਮਜੀਤ ਸਿੰਘ ਪੰਮਾ, ਹਰਭੁਪਿੰਦਰ ਸਿੰਘ ਸ਼ਾਹ,ਅਮਰਜੀਤ ਸਿੰਘ, ਜੈਪਾਲ ਮਹਾਜਨ, ਬਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਰਣਜੀਤ ਸਿੰਘ,ਹਰਪਾਲ ਸਿੰਘ, ਸ਼ਾਹ ਉਦੇ ਸਿੰਘ ਮਜੀਠਾ, ਆਜ਼ਾਦ ਸਿੰਘ, ਰਮਨ ਕੁਮਾਰ, ਨੀਰਜ ਸ਼ਰਮਾ, ਮੱਖਣ ਸਿੰਘ ਆਦਿ ਹਾਜਰ ਸਨ।

## ਹੈਰੋਇਨ ਤੇ ਡਰੱਗ ਮਨੀ ਦੋਸ਼ੀ ਗ੍ਰਿਫਤਾਰ



ਚੌਕ ਮਹਿਤਾ, 13 ਜੂਨ(ਬਲਜਿੰਦਰ ਸਿੰਘ ਰੰਧਾਵਾ)ਮੁੱਖ ਅਫਸਰ ਥਾਣਾ ਮਹਿਤਾ ਜਸਦੀਪ ਸਿੰਘ ਦੀ ਅਗਵਾਈ ਵਿੱਚ ਐਸ ਆਈ ਬਲਵਿੰਦਰ ਸਿੰਘ ਵੱਲੋ ਸਮੇਤ ਪੁਲਿਸ ਪਾਰਟੀ ਨੂੰ ਮੁਖਬਰ ਖਾਸ ਦੀ ਇਤਲਾਹ ਤੇ ਕਥਿਤ ਦੋਸੀ ਵਰਦਾਨ ਮਸੀਹ ਪੁੱਤਰ ਵਲਦਾਨ ਮਸੀਹ ਉਰਫ ਵਲਟਨ ਮਸੀਹ ਵਾਸੀ ਭੋਏਵਾਲ ਥਾਣਾ ਮੱਤੇਵਾਲ ਜਿਲਾ ਅੰਮ੍ਰਿਤਸਰ ਪਾਸੋ ਇੱਕ ਕਿਲੋ ਹੈਰੋਇਨ, ਡਰੱਗ ਮਨੀ, ਅੱਠ ਹਜ਼ਾਰ ਅਤੇ ਇੱਕ ਪਿਸਟਲ ਤੀਹ ਬੋਰ ਸਮੇਤ ਮੈਗਜੀਨ,ਦੋ ਰੋਂਦ ਜਿੰਦਾ ਬਰਾਮਦ ਕੀਤਾ ਗਿਆ ਹੈ ਜਿਸਨੂੰ ਅੱਜ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਡ ਹਾਸਲ ਕੀਤਾ ਜਾਵੇਗਾ। ਦੋਸੀ ਵਰਦਾਨ ਮਸੀਹ ਦੀ ਪੁੱਛਗਿੱਛ ਦੌਰਾਨ ਨਸ਼ਾ ਤਸਕਰੀ ਵਿੱਚ ਸਾਮਲ ਹੋਰ ਨਸ਼ਾ ਤਸਕਰਾ ਸਬੰਧੀ ਤੇ ਨਜਾਇਜ ਅਸਲਾ ਐਮੂਨੇਸ਼ਨ ਸਬੰਧੀ ਹੋਰ ਖੁਲਾਸੇ ਹੋ ਸਕਦੇ ਹਨ।ਇਸ ਮੌਕੇ ਜਤਿੰਦਰ ਸਿੰਘ ਚੋਕੀ ਇੰਚਾਰਜ ਬੁੱਟਰ,ਏ.ਐਸ.ਆਈ ਗੁਰਪ੍ਰਤਾਪ ਸਿੰਘ, ਏ.ਐਸ.ਆਈ ਹਰਪਾਲ ਸਿੰਘ,ਹੌਲਦਾਰ ਗੁਰਸਾਹਿਬ ਸਿੰਘ,ਰਛਪਾਲ ਸਿੰਘ ਬਿੱਲਾ, ਆਦਿ ਹਾਜ਼ਰ ਸਨ।

## ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਮਹਿਲਾ ਸਤਿਕਾਰ ਸਖੀਆਂ ਨੂੰ ਦਿੱਤੀ ਗਈ ਵਿਸ਼ੇਸ਼ ਟ੍ਰੇਨਿੰਗ



ਜੰਡਿਆਲਾ ਗੁਰੂ, 13 ਜੂਨ (ਰਾਮਸ਼ਰਨਜੀਤ ਸਿੰਘ): ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਆਰਥਿਕ ਸਸ਼ਕਤੀਕਰਨ ਅਤੇ ਸਮਾਜਿਕ ਸਨਮਾਨ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਜ਼ਮੀਨੀ ਪੱਧਰ ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਅੱਜ ਜੰਡਿਆਲਾ ਗੁਰੂ ਵਿਖੇ ਇੰਦਰ ਫਾਰਮ ਵਿੱਚ ਮਹਿਲਾ ਸਤਿਕਾਰ ਸਖੀਆਂ ਲਈ ਵਿਸ਼ੇਸ਼ ਟ੍ਰੇਨਿੰਗ ਸੈਸ਼ਨ ਕਰਵਾਇਆ ਗਿਆ। ਟ੍ਰੇਨਿੰਗ ਦੌਰਾਨ ਸਖੀਆਂ ਨੂੰ ਯੋਜਨਾ ਦੀਆਂ ਹਦਾਇਤਾਂ, ਯੋਗਤਾ ਮਾਪਦੰਡਾਂ, ਅਰਜ਼ੀ ਪ੍ਰਕਿਰਿਆ ਅਤੇ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦੇ ਹੋਏ ਸਖੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸੇ ਉਦੇਸ਼ ਨਾਲ ਇਹ ਇਤਿਹਾਸਕ ਯੋਜਨਾ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਯੋਗ ਆਮ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ (ਐਸ.ਸੀ.) ਨਾਲ ਸਬੰਧਤ ਯੋਗ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਆਰਥਿਕ ਸਹਾਇਤਾ ਦੀ ਸ਼ੁਰੂਆਤ 1 ਜੁਲਾਈ 2026 ਤੋਂ ਕੀਤੀ ਜਾਵੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਯੋਜਨਾ ਨੂੰ ਸਫਲ ਬਣਾਉਣ ਲਈ ਸਰਕਾਰ ਵੱਲੋਂ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਦੱਸਿਆ ਕਿ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਲੋਕ ਸੇਵਾ ਲਈ ਮਹਿਲਾ ਸਤਿਕਾਰ ਸਖੀ ਵਜੋਂ ਆਪਣੀਆਂ ਸੇਵਾਵਾਂ ਦੇਣ ਦੀ ਇੱਛਾ ਪ੍ਰਗਟਾਈ ਸੀ, ਜਿਸ ਦੇ ਮੱਦੇਨਜ਼ਰ ਉਨ੍ਹਾਂ ਨੂੰ ਯੋਜਨਾ ਦੇ ਹਰ ਪਹਿਲੂ ਬਾਰੇ ਤਕਨੀਕੀ ਅਤੇ ਪ੍ਰਯੋਗਿਕ ਸਿਖਲਾਈ ਦਿੱਤੀ ਜਾ ਰਹੀ ਹੈ।ਟ੍ਰੇਨਿੰਗ ਦੌਰਾਨ ਮਾਸਟਰ ਟ੍ਰੇਨਰਾਂ ਅਤੇ ਸੁਪਰਵਾਈਜ਼ਰਾਂ ਵੱਲੋਂ ਸਖੀਆਂ ਨੂੰ ਫਾਰਮ ਭਰਨ ਦੀ ਪ੍ਰਕਿਰਿਆ, ਯੋਗਤਾ ਦੀਆਂ ਸ਼ਰਤਾਂ, ਲੋੜੀਂਦੇ ਦਸਤਾਵੇਜ਼ਾਂ, ਲਾਭਪਾਤਰੀਆਂ ਦੀ ਪਛਾਣ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਸਖੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਘਰ-ਘਰ ਜਾ ਕੇ ਯੋਗ ਮਹਿਲਾਵਾਂ ਤੱਕ ਯੋਜਨਾ ਦੀ ਜਾਣਕਾਰੀ ਪਹੁੰਚਾਉਣੇ ਅਤੇ ਉਨ੍ਹਾਂ ਨੂੰ ਯੋਜਨਾ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣ।ਉਨ੍ਹਾਂ ਕਿਹਾ ਕਿ ਟ੍ਰੇਨਿੰਗ ਦੇ ਪਹਿਲੇ ਦਿਨ 13 ਜੂਨ ਨੂੰ ਜੰਡਿਆਲਾ ਗੁਰੂ ਵਿਧਾਨ ਸਭਾ ਹਲਕੇ ਦੇ 110 ਬੂਥਾਂ ਨਾਲ ਸਬੰਧਤ ਮਹਿਲਾ ਸਤਿਕਾਰ ਸਖੀਆਂ ਨੂੰ ਕਵਰ ਕੀਤਾ ਗਿਆ ਹੈ, ਜਦਕਿ ਬਾਕੀ ਰਹਿੰਦੇ 106 ਬੂਥਾਂ ਦੀਆਂ ਸਖੀਆਂ ਨੂੰ 14 ਜੂਨ ਨੂੰ ਟ੍ਰੇਨਿੰਗ ਦਿੱਤੀ ਜਾਵੇਗੀ।ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਅਤੇ ਗਾਰੰਟੀਆਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਸਰਕਾਰ ਦੀਆਂ ਮਹੱਤਵਪੂਰਨ ਗਾਰੰਟੀਆਂ ਵਿੱਚੋਂ ਇੱਕ ਸੀ, ਜਿਸ ਨੂੰ ਹੁਣ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ। ਇਸ ਯੋਜਨਾ ਨਾਲ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਵੱਡਾ ਸਹਾਰਾ ਮਿਲੇਗਾ ਅਤੇ ਉਹ ਆਪਣੇ ਪਰਿਵਾਰਾਂ ਦੀ ਆਰਥਿਕ ਮਜ਼ਬੂਤੀ ਵਿੱਚ ਹੋਰ ਪ੍ਰਭਾਵਸ਼ਾਲੀ ਯੋਗਦਾਨ ਪਾ ਸਕਣਗੀਆਂ।

## ਸੋਨੀਆ ਮਾਨ ਨੇ ਖੁੱਲ੍ਹਾ ਦਰਬਾਰ ਲਾ ਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ



ਚੋਗਾਵਾਂ, 13 ਜੂਨ (ਸੁਬੇਗ ਸਿੰਘ ਸੋਨਾ) ਵਿਧਾਨ ਸਭਾ ਹਲਕਾ ਰਾਜਾਸਾਂਸੀ ਅਧੀਨ ਆਉਂਦੇ ਸਰਹੱਦੀ ਪਿੰਡ ਭੱਗੂਪੁਰ ਬੇਟ ਵਿਖੇ ਪਿੰਡ ਦੇ ਲੋਕਾਂ ਦੀ ਅਹਿਮ ਇਕੱਤਰਤਾ ਸਰਪੰਚ ਮੱਸੂ ਸਿੰਘ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਹਲਕਾ ਰਾਜਾਸਾਂਸੀ ਦੀ ਇੰਚਾਰਜ ਸੋਨੀਆ ਮਾਨ ਦੇ ਨਾਮ ਚੇਅਰਮੈਨ ਲਖਵਿੰਦਰ ਸਿੰਘ ਲੱਖਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਵੀਡੀਓ ਭੁਪਿੰਦਰ ਸਿੰਘ, ਸੁਖਦੀਪ ਸਿੰਘ ਛੀਨਾ, ਨਿਹਾਲ ਸਿੰਘ, ਵਿਰਾਸਤ ਸੇਵਾ ਸੰਗਠਨ ਦੇ ਇੰਚਾਰਜ ਅੰਮ੍ਰਿਤਪਾਲ ਸਿੰਘ ਸੂਹੂਰਾ, ਸਮੇਤ ਵੱਖ-ਵੱਖ ਮਹਿਕਮਿਆਂ ਦੇ ਅਧਿਕਾਰੀਆਂ ਨਾਲ ਪਹੁੰਚੇ। ਇਸ ਮੌਕੇ ਪਿੰਡ ਵਾਸੀਆਂ ਦੇ ਨਾਲ ਪਿੰਡ ਦੀ ਬਿਜਲੀ ਅਤੇ ਹੋਰਨਾਂ ਸਮੱਸਿਆਵਾਂ ਨੂੰ ਲੈ ਕੇ ਖੁੱਲ ਕੇ ਵਿਚਾਰ ਚਰਚਾ ਹੋਈ। ਇਸ ਮੌਕੇ ਮੈਡਮ ਸੋਨੀਆ ਮਾਨ ਨੇ ਪਿੰਡ ਦੀ ਬਿਜਲੀ ਦਾ ਮੌਕੇ ਤੇ ਹੀ ਹੱਲ ਕਰਵਾਇਆ ਅਤੇ ਸਬੰਧਤ ਅਧਿਕਾਰੀਆਂ ਨੂੰ ਹੋਰ ਸਮੱਸਿਆਵਾਂ ਦਾ ਮੌਕੇ ਤੇ ਹੱਲ ਕਰਨ ਦੇ ਆਦੇਸ਼ ਦਿੱਤੇ। ਸੋਨੀਆ ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੇ ਚੰਗੇ ਕੰਮਾਂ ਨੂੰ ਦੇਖ 2027 ਦੀਆ ਚੋਣਾਂ ਵਿੱਚ ਦੂਸਰੀ ਵਾਰ ਆਮ ਪਾਰਟੀ ਦੀ ਸਰਕਾਰ ਬਣਾ ਕੇ ਇਤਿਹਾਸ ਸਿਰਜਣਗੇ। ਇਸ ਮੌਕੇ ਤੇ ਸਰਪੰਚ ਮੱਸੂ ਸਿੰਘ ਵੱਲੋਂ ਸੋਨੀਆ ਮਾਨ ਤੇ ਹੋਰਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਿਰਵੈਲ ਸਿੰਘ, ਕੁਲਵੰਤ ਸਿੰਘ, ਜਸਵੰਤ ਸਿੰਘ, ਸਤਨਾਮ ਸਿੰਘ, ਕਰਨੈਲ ਸਿੰਘ, ਕਸ਼ਮੀਰ ਸਿੰਘ, ਮਲਕੀਤ ਸਿੰਘ ਮੈਂਬਰ, ਮੈਂਬਰ ਭੋਲੀ ਕੌਰ, ਮੈਂਬਰ ਮੁਖਤਾਰ ਸਿੰਘ, ਮੈਂਬਰ ਗੱਜਣ ਸਿੰਘ ਆਦਿ ਹਾਜ਼ਰ ਸਨ।

## ਇੰਟਰਲਾਕ ਟਾਈਲਾਂ ਲੱਗਣ ਨਾਲ ਲੋਕਾਂ ਨੂੰ ਮਿਲੇਗੀ ਵੱਡੀ ਰਾਹਤ: ਕਾਂਤਾ ਗੋਇਲ



ਲਹਿਰਾਗਾਗਾ, 13 ਜੂਨ (ਗੁਰਦੀਪ ਸਿੰਘ): ਸਥਾਨਕ ਸ਼ਹਿਰ ਨਿਵਾਸੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਨਗਰ ਕੌਂਸਲ ਦੀ ਪ੍ਰਧਾਨ ਕਾਂਤਾ ਗੋਇਲ ਵੱਲੋਂ ਰਾਮੇ ਵਾਲੀ ਖੂਹੀ ਵਾਲੀ ਸਾਈਡ ਇੰਟਰਲਾਕ ਟਾਈਲਾਂ ਲਗਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ, ਉਹਨਾਂ ਕਿਹਾ ਕਿ ਇਸ ਇਲਾਕੇ ਵਿੱਚ ਟੁੱਟੀਆਂ ਸੜਕਾਂ, ਬਰਸਾਤੀ ਪਾਣੀ ਦੀ ਨਿਕਾਸੀ ਅਤੇ ਆਵਾਜਾਈ ਦੀਆਂ ਸਮੱਸਿਆਵਾਂ ਕਾਰਨ ਦੁਕਾਨਦਾਰਾਂ ਅਤੇ ਰਾਹਗੀਰਾਂ ਨੂੰ ਲੰਮੇ ਸਮੇਂ ਤੋਂ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਸੀ, ਬਰਸਾਤ ਦੇ ਦਿਨਾਂ ਵਿੱਚ ਸੜਕਾਂ ਉੱਤੇ ਪਾਣੀ ਖੜ੍ਹਾ ਹੋ ਜਾਣ ਅਤੇ ਨਾਲੀਆਂ ਦੇ ਜਾਮ ਹੋਣ ਕਾਰਨ ਹਾਲਾਤ ਹੋਰ ਵੀ ਮੁਸ਼ਕਿਲ ਵਾਲੇ ਬਣ ਜਾਂਦੇ ਸਨ, ਇੰਟਰਲਾਕ ਟਾਈਲਾਂ ਦਾ ਕੰਮ ਸ਼ੁਰੂ ਹੋਣ ਨਾਲ ਇਲਾਕਾ ਨਿਵਾਸੀਆਂ ਅਤੇ ਦੁਕਾਨਦਾਰਾਂ ਨੂੰ ਵੱਡੀ ਰਾਹਤ ਮਿਲੇਗੀ , ਮੈਡਮ ਕਾਂਤਾ ਗੋਇਲ ਨੇ ਅੱਗੇ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਦੇ ਹੋਰ ਇਲਾਕਿਆਂ ਵਿੱਚ ਵੀ ਰਹਿੰਦੇ ਵਿਕਾਸ ਕਾਰਜ ਜਲਦ ਕਰਵਾਏ ਜਾਣਗੇ ਅਤੇ ਕਿਸੇ ਵੀ ਜਾਇਜ਼ ਕੰਮ ਨੂੰ ਅਣਦੇਖਿਆ ਨਹੀਂ ਕੀਤਾ ਜਾਵੇਗਾ, ਇਸ ਦੌਰਾਨ ਉਨਾਂ ਵਿਰੋਧੀ ਧਿਰਾਂ ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਕੁਝ ਲੋਕ ਸਿਰਫ ਆਪਣੀਆਂ ਸਿਆਸੀ ਰੋਟੀਆਂ ਸੇਕਣ ਲਈ ਹੀ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਕਮੀਆਂ ਲੱਭਣ ਲੱਗੇ ਹੋਏ ਹਨ, ਜਦ ਕਿ ਪੰਜਾਬ ਸਰਕਾਰ ਅਤੇ ਨਗਰ ਕੌਂਸਲ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹ ਇਸ ਮੌਕੇ ਉਹਨਾਂ ਨਾਲ ਮਾਰਕਿਟ ਕਮੇਟੀ ਦੇ ਚੇਅਰਮੈਨ ਸ਼ੀਸ਼ਪਾਲ ਆਨੰਦ, ਸੀਨੀਅਰ ਆਗੂ ਅਜੇ ਕੁਮਾਰ ਠੋਲੀ, ਸਾਬਕਾ ਨਗਰ ਕੌਂਸਲ ਪ੍ਰਧਾਨ ਕਪਲਾਸ਼ ਤਾਇਲ, ਰਤਨ ਸ਼ਰਮਾ, ਦਰਬਾਰਾ ਸਿੰਘ ਹੈਪੀ ਤੋਂ ਇਲਾਵਾ ਇਲਾਕਾ ਨਿਵਾਸੀ ਹਾਜ਼ਰ ਸਨ,

## ਥਰਮਲ ਦੇ ਆਊਟਸੋਰਸਡ ਮੁਲਾਜ਼ਮਾਂ ਦਾ ਧਰਨਾ ਪੰਜਵੇਂ ਦਿਨ ਵੀ ਜਾਰੀ ਰਿਹਾ



ਭੁੱਚੋ ਮੰਡੀ ਨਥਾਣਾ, 13 ਜੂਨ (ਹਰਬੰਸ ਸਿੰਘ ਭੋਲਾ ): ਪਾਵਰਕਾਮ ਅਤੇ ਟ੍ਰਾਂਸਕੋ ਆਊਟਸੋਰਸ਼ਡ ਮੁਲਾਜ਼ਮ ਤਾਲਮੇਲ ਕਮੇਟੀ (ਪੰਜਾਬ) ਦੇ ਸੱਦੇ 'ਤੇ ਥਰਮਲ ਦੇ ਆਊਟਸੋਰਸ਼ਡ ਠੇਕਾ ਮੁਲਾਜ਼ਮਾਂ ਨੇ ਵਿਭਾਗ ਵਿੱਚ ਮਰਜ਼ ਕਰਨ ਦੀ ਮੰਗ ਨੂੰ ਲੈਕੇ ਪਰਿਵਾਰਾਂ ਸਮੇਤ ਧਰਨਾ ਲਗਾਤਾਰ ਪੰਜਵੇਂ ਦਿਨ ਵੀ ਜਾਰੀ ਹੈ। ਇਸ ਸਮੇਂ ਹਾਜ਼ਰ ਆਗੂਆਂ ਜਗਸੀਰ ਸਿੰਘ ਭੰਗੂ, ਬਾਦਲ ਸਿੰਘ ਭੁੱਲਰ, ਲਛਮਣ ਸਿੰਘ ਰਾਮਪੁਰਾ, ਅੰਮ੍ਰਿਤਪਾਲ ਸਿੰਘ, ਨਾਇਬ ਸਿੰਘ, ਜਗਤਾਰ ਸੰਧੂ, ਹਰਦੀਪ ਤੱਗੜ, ਗੁਰਪ੍ਰੀਤ ਗੁਰੂਸਰ ਨੇ ਕਿਹਾ ਕਿ ਸਮੁੱਚੇ ਪਾਵਰ ਕਾਰਪੋਰੇਸ਼ਨ ਹਜ਼ਾਰਾਂ ਆਊਟਸੋਰਸ਼ਡ ਠੇਕਾ ਮੁਲਾਜ਼ਮ ਪਿਛਲੇ ਲੰਬੇ ਅਰਸੇ ਤੋਂ ਲਗਾਤਾਰ ਨਿਗੂਣੀਆਂ ਤਨਖਾਹਾਂ 'ਤੇ ਵੱਖ-ਵੱਖ ਪੋਸਟਾਂ 'ਤੇ ਤਨਦੇਹੀ ਨਾਲ ਸੇਵਾਵਾਂ ਦਿੰਦੇ ਆ ਰਹੇ ਹਨ ਅਤੇ ਵਿਭਾਗ ਵਿੱਚ ਪੱਕਾ ਕਰਨ ਅਤੇ ਗੁਜ਼ਾਰੇਯੋਗ ਤਨਖ਼ਾਹ ਨਿਸਚਿਤ ਕਰਨ ਦੀ ਮੰਗ ਨੂੰ ਲੈਕੇ ਪਿਛਲੇ ਲੰਬੇ ਸਮੇਂ ਤੋਂ ਲਗਾਤਾਰ ਸੰਘਰਸ਼ ਕਰਦੇ ਆ ਰਹੇ ਹਨ। ਪਰ ਪੰਜਾਬ ਸਰਕਾਰ ਅਤੇ ਵਿਭਾਗ ਦੀ ਮੈਨੇਜਮੈਂਟ ਵਿਭਾਗ ਦੇ ਆਊਟਸੋਰਸ਼ਡ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਪੱਕਾ ਕਰਨ ਤੋਂ ਲਗਾਤਾਰ ਟਾਲਾ ਵੱਟ ਰਹੀ ਹੈ। ਠੇਕਾ ਮੁਲਾਜ਼ਮਾਂ ਦੇ ਸੰਘਰਸ਼ ਦੇ ਦਬਾਅ ਸਦਕਾ ਬਿਜਲੀ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਦੀ ਅਗਵਾਈ ਵਿੱਚ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਵੱਲੋਂ 24 ਮਈ ਨੂੰ ਖੰਨਾ ਵਿਖੇ ਤਾਲਮੇਲ ਕਮੇਟੀ ਦੇ ਸੂਬਾਈ ਆਗੂਆਂ ਨਾਲ ਕੀਤੀ ਪੈਨਲ ਮੀਟਿੰਗ ਵਿੱਚ ਚੋਣ ਜਾਬਤੇ ਉਪਰੰਤ ਵਿਭਾਗ ਦੇ ਆਊਟਸੋਰਸ਼ਡ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਮਰਜ਼ ਕਰਨ ਦਾ ਫੈਸਲਾ ਕੀਤਾ ਗਿਆ ਸੀ। ਪਰ ਹੁਣ ਪਾਵਰ ਕਾਰਪੋਰੇਸ਼ਨ ਦੀ ਮੈਨੇਜ਼ਮੈਂਟ ਮੀਟਿੰਗ ਵਿੱਚ ਕੀਤੇ ਲਿਖਤੀ ਫੈਸਲੇ ਤੋਂ ਭੱਜ ਰਹੀ ਹੈ। ਆਗੂਆਂ ਨੇ ਕਿਹਾ ਕਿ ਜਦ ਤੱਕ ਪਾਵਰ ਕਾਰਪੋਰੇਸ਼ਨ ਦੇ ਸਮੂਹ ਆਊਟਸੋਰਸ਼ਡ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਮਰਜ਼ ਕਰਨ ਦਾ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਜਾਂਦਾ ਤਦ ਤੱਕ ਧਰਨਾ ਲਗਾਤਾਰ ਜਾਰੀ ਰਹੇਗਾ। ਅੱਜ ਦੇ ਧਰਨੇ ਵਿੱਚ ਭਰਾਤਰੀ ਹਮਾਇਤ ਵਜੋਂ ਬੀਕੇਯੂ ਡਕੌਂਦਾ ਧਨੇਰ ਗਰੁੱਪ ਤੋਂ ਜ਼ਿਲ੍ਹਾ ਆਗੂ ਅਮਰਜੀਤ ਸਿੰਘ ਹਨੀ,ਟੀ.ਐਸ.ਯੂ.ਭੰਗਲ ਤੋਂ ਚੰਦਰ ਸ਼ਰਮਾ,ਡੀ.ਟੀ.ਐਫ.ਤੋਂ ਸੂਬਾ ਜਰਨਲ ਸਕੱਤਰ ਮਾ. ਰੇਸ਼ਮ ਸਿੰਘ ਖੇਮੂਆਣਾ ਅਤੇ ਵਿੱਤ ਸਕੱਤਰ ਮਾ.ਜਸਵਿੰਦਰ ਸਿੰਘ ਬਠਿੰਡਾ, ਕਿਸਾਨ ਆਗੂ ਮੋਠੂ ਸਿੰਘ ਕੋਟੜਾ ਅਤੇ ਐਮ.ਈ.ਐਸ. ਵਰਕਰਜ਼ ਯੂਨੀਅਨ ਬਠਿੰਡਾ ਤੋਂ ਚੇਅਰਮੈਨ ਬਿੱਲੂ ਸਿੰਘ ਨੇ ਸੰਬੋਧਨ ਕੀਤਾ।

## ਸੁਖਦੀਪ ਰਾਮਨਗਰ ਦੀ ਅਗਵਾਈ ਹੇਠ ਐਸ.ਆਈ.ਆਰ. ਸਬੰਧੀ ਮੀਟਿੰਗ



ਮੌੜ ਮੰਡੀ, 13 ਜੂਨ (ਭੋਲਾ ਸਿੰਘ ਮਾਨ) : ਅੱਜ ਵਿਧਾਨ ਸਭਾ ਹਲਕਾ ਮੌੜ ਤੋਂ ਕਾਂਗਰਸ ਪਾਰਟੀ ਦੇ ਬੀਐਲਏ 1, ਸੁਖਦੀਪ ਸਿੰਘ ਰਾਮਨਗਰ ਦੀ ਅਗਵਾਈ ਹੇਠ ਵਾਈਟ ਕ੍ਰਿਸਟਲ ਪੈਲੇਸ ਵਿਖੇ ਟਰੇਨਿੰਗ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਜ਼ਿਲ੍ਹਾ ਕੁਆਰਡੀਨੇਟਰ ਦੀਪਕ ਗਰਗ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਪ੍ਰੀਤਮ ਸਿੰਘ ਕੋਟਭਾਈ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਵਿੱਚ ਵੱਡੀ ਗਿਣਤੀ ਕਾਂਗਰਸ ਦੇ ਬੀਐਲਏ 2 ਦੇ ਆਹੁਦੇਦਾਰਾਂ ਨੇ ਭਾਗ ਲਿਆ।ਜ਼ਿਲ੍ਹਾ ਕੁਆਰਡੀਨ ਦੀਪਕ ਗਰਗ ਨੇ ਦੱਸਿਆ ਕਿ ਇਸ ਟ੍ਰੇਨਿੰਗ ਸੈਸ਼ਨ ਦਾ ਮੁੱਖ ਮਕਸਦ ਹੈ ਕਿ ਵੋਟਰ ਸੂਚੀਆਂ ਦੀ ਸ਼ੁੱਧਤਾ, ਬੂਥ ਪੱਧਰ 'ਤੇ ਸੰਗਠਨ ਦੀ ਭੂਮਿਕਾ ਅਤੇ ਬੀਐਲਏ ਸਾਥੀ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਨਾਲ ਕੰਮ ਕਰਨ ।ਜ਼ਿਲ੍ਹਾ ਪ੍ਰਧਾਨ ਪ੍ਰੀਤਮ ਸਿੰਘ ਕੋਟਭਾਈ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸੰਗਠਨ ਦੀ ਏਕਤਾ, ਅਨੁਸ਼ਾਸਨ ਅਤੇ ਸਮਰਪਣ ਦੀ ਭਾਵਨਾ ਨਾਲ ਆਪਾਂ ਨੂੰ ਕੰਮ ਕਰਨਾ ਪਵੇਗਾ। ਉਹਨਾਂ ਵਰਕਰਾਂ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਨਾਲ ਕੰਮ ਕਰਨ ਦਾ ਸੱਦਾ ਦਿੱਤਾ। ਸੁਖਦੀਪ ਸਿੰਘ ਰਾਮਨਗਰ ਨੇ ਬੋਲਦੇ ਹੋਏ ਕਿਹਾ ਕਿ ਤੁਸੀਂ ਕਾਂਗਰਸ ਪਾਰਟੀ ਦੇ ਉਹ 'ਯੋਧੇ' ਹੋ ਜਿਨ੍ਹਾਂ ਦੇ ਦਮ 'ਤੇ ਕਾਂਗਰਸ ਪਾਰਟੀ ਐਸ ਆਈ ਆਰ ਦੀ ਇਹ ਵੱਡੀ ਲੜਾਈ ਲੜ ਰਹੀ ਹੈ। ਸੁਖਦੀਪ ਸਿੰਘ ਰਾਮਨਗਰ ਨੇ ਵਰਕਰਾਂ ਤੇ ਬੀ ਐਲ ਏ 2 ਨੂੰ ਅਪੀਲ ਹੈ ਕਿ ਇੱਕ-ਇੱਕ ਵੋਟਰ ਤੱਕ ਪਹੁੰਚ ਯਕੀਨੀ ਬਣਾਈ ਜਾਵੇ ਤਾਂ ਜੋ ਲੋਕਾਂ ਦੀ ਮੱਦਦ ਨਾਲ ਇਸ ਮੁਹਿੰਮ ਨੂੰ ਨੂੰ ਸਫ਼ਲ ਬਣਾਇਆ ਜਾ ਸਕੇ। ਇਸ ਮੌਕੇ ਸਪੈਸ਼ਲ ਇਨਵਾਇਟੀ ਮੈਂਬਰ ਹਰਲਾਲ ਸਿੰਘ, ਬਲਾਕ ਰਾਮਪੁਰਾ ਦੇ ਪ੍ਰਧਾਨ ਸੁਰਜੀਤ ਸਿੰਘ, ਸੁਰਜੀਤ ਸਿੰਘ ਖੋਖਰ ਸਾਬਕਾ ਪ੍ਰਧਾਨ, ਤੀਰਥ ਰਾਮ ਸਿੰਗਲਾ, ਮਕੰਦ ਲਾਲ ਰਾਮਨਗਰ, ਮੰਦਰ ਸਿੰਘ ਸਾਬਕਾ ਸਰਪੰਚ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਬੀਐਲਏ 2 ਦੇ ਮੈਂਬਰ ਮੌਜੂਦ ਸਨ।

## ਮਾਤਾ ਤੇਜ਼ ਕੌਰ ਨਮਿਤ ਅੰਤਿਮ ਅਰਦਾਸ ਅੱਜ



ਮੂਨਕ, 13 ਜੂਨ (ਸਮਸ਼ੇਰ ਭੁਟਾਲ):ਨਜ਼ਦੀਕ ਪੈਂਦੇ ਪਿੰਡ ਪਾਪੜਾਂ ਦੀ 95 ਸਾਲਾਂ ਮਾਤਾ ਤੇਜ਼ ਕੌਰ ਭਾਵੇਂ ਹਮੇਸ਼ਾ ਲਈ ਸਾਨੂੰ ਅਲਵਿਦਾ ਕਹਿ ਗਏ ਹਨ। ਪਰ ਉਸ ਦੀ ਮਮਤਾ ਅਤੇ ਮੋਹ ਦੀ ਗੂੜ੍ਹੀ ਛਾਂ ਮਾਣਨ ਵਾਲਿਆਂ ਦੇ ਚੇਤਿਆਂ ਵਿੱਚ ਉਹ ਸਦਾ ਵੱਸਦੀ ਰਹੇਗੀ। ਜਿਨ੍ਹਾਂ ਦਾ ਜਨਮ ਜ਼ਿਲ੍ਹਾ ਮਾਨਸਾ ਦੇ ਪਿੰਡ ਦਾਤੇਵਾਸ ਦੇ ਕਿਸਾਨ ਸੁੱਚਾ ਸਿੰਘ ਦੇ ਘਰ ਮਾਤਾ ਭਗਵਾਨ ਕੌਰ ਦੀ ਕੁੱਖੋਂ ਹੋਇਆ । ਤੇਜ਼ ਕੌਰ ਨੇ ਆਪਣਾ ਬਚਪਨ ਦੇ ਕੁੱਝ ਪਲ ਸਾਧਾਰਨ ਪਰਿਵਾਰ ਅੰਦਰ ਘਰੇਲੂ ਕੰਮਾਂ ਕਾਰਾਂ ਵਿੱਚ ਜਵਾਨ ਹੋਏ। ਜੋ 20 ਸਾਲ ਦੀ ਉਮਰ ਦੇ ਅੰਦਰ ਜ਼ਿਲ੍ਹਾ ਸੰਗਰੂਰ ਦੇ ਪਿੰਡ ਪਾਪੜਾ ਦੇ ਨੰਬਰਦਾਰ ਸੰਪੂਰਨ ਸਿੰਘ ਦੇ ਨਾਲ ਵਿਆਹ ਦੇ ਬੰਧਨ ਵਿੱਚ ਬੱਝ ਗਏ। ਇਸ ਤੋਂ ਬਾਅਦ ਮਾਤਾ ਤੇਜ਼ ਕੌਰ ਆਪਣੇ ਪਤੀ ਦੇ ਘਰ ਘਰੇਲੂ ਕੰਮਾਂ ਕਾਰਾਂ ਨੂੰ ਪਹਿਲ ਦਿੰਦੇ ਰਹੇ।ਮਾਤਾ ਤੇਜ਼ ਕੌਰ ਨੂੰ ਆਪਣੇ ਜੀਵਨ ਸਾਥੀ ਦਾ ਕਰੀਬ 70 ਸਾਲ ਦੀ ਉਮਰ ਤੱਕ ਸਹਾਰਾ ਰਿਹਾ। ਮਾਤਾ ਤੇਜ਼ ਕੌਰ ਨੇ ਆਪਣੀ ਕੁੱਖ ਦੇ ਵਿੱਚੋਂ 8 ਧੀ ਪੁੱਤਰਾਂ ਨੂੰ ਜਨਮ ਦਿੱਤਾ। ਮਾਤਾ ਤੇਜ਼ ਕੌਰ ਦੇ ਪੁੱਤਰ ਅਜੈਬ ਸਿੰਘ ਪਾਪੜਾ ਨੇ ਤਾਂ ਇੱਕ ਛੋਟੇ ਅਜਿਹੇ ਪਿੰਡ ਵਿੱਚੋਂ ਮੁੱਢਲੀ ਸਿੱਖਿਆ ਹਾਸਲ ਕਰਨ ਤੋਂ ਬਾਅਦ ਉੱਚ ਸਿੱਖਿਆ ਹਾਸਲ ਕੀਤੀ। ਜਿਸ ਤੋਂ ਬਾਅਦ ਮੈਂਬਰ ਪੰਜਾਬ ਪਬਲਿਕ ਸਰਵਿਸ ਕਮਿਸ਼ਨ ,ਪ੍ਰੋਫੈਸਰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਕੰਮ ਕੀਤਾ। ਇਸ ਦੇ ਨਾਲ ਹੀ ਮੈਂਬਰ ਘੱਟ ਗਿਣਤੀ ਕਮਿਸ਼ਨ ਭਾਰਤ ਸਰਕਾਰ ਵਿੱਚ ਵੀ ਕੰਮ ਕਰਨ ਦਾ ਮੌਕਾ ਮਿਲਿਆ।ਮਾਤਾ ਤੇਜ਼ ਕੌਰ ਦੀ ਅੰਤਿਮ ਅਰਦਾਸ ਸਮਾਗਮ 14 ਮਈ 2026 ਨੂੰ ਪਿੰਡ ਪਾਪੜਾ ਦੇ ਗੁਰੂ ਘਰ ਰੱਖਿਆ ਗਿਆ ਹੈ।

## ਬਠਿੰਡਾ ਰੋਡ ਸ਼ੋਅ ਦੌਰਾਨ ਕੇਜਰੀਵਾਲ ਨੇ ਭਗਵੰਤ ਮਾਨ ਨੂੰ ਮੁੜ ਮੁੱਖ ਮੰਤਰੀ ਚਿਹਰਾ ਐਲਾਨਦਿਆਂ ਚੋਣਾਂ ਦਾ ਬਿਗਲ ਵਜਾਇਆ

### *ਕੇਜਰੀਵਾਲ ਦੇ ਤਿੰਨ ਰੋਜ਼ਾ ਪੰਜਾਬ ਦੌਰੇ ਦੌਰਾਨ ਮਾਨ ਸਰਕਾਰ ਦੇ ਵਿਕਾਸ ਕਾਰਜਾਂ ਦਾ ਗੁਣਗਾਨ*



ਬਠਿੰਡਾ, 13 ਜੂਨ (ਦੀਪਕ ਸ਼ਰਮਾ): ਸਥਾਨਕ ਨਗਰ ਨਿਗਮ ਚੋਣਾਂ ਵਿੱਚ ਮਿਲੀ ਵੱਡੀ ਜਿੱਤ ਤੋਂ ਉਤਸ਼ਾਹਿਤ ਆਮ ਆਦਮੀ ਪਾਰਟੀ ਨੇ ਅਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਲਈ ਹੁਣੇ ਤੋਂ ਹੀ ਬਿਗਲ ਵਜਾ ਦਿੱਤਾ ਹੈ। ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਤਿੰਨ ਰੋਜ਼ਾ ਪੰਜਾਬ ਦੌਰੇ ਦੌਰਾਨ ਬਠਿੰਡਾ ਵਿਖੇ ਕੱਢੇ ਗਏ ਇੱਕ ਵਿਸ਼ਾਲ ਰੋਡ ਸ਼ੋਅ ਅਤੇ ਵਲੰਟੀਅਰ ਮਿਲਣੀ ਦੌਰਾਨ ਸੂਬੇ ਦੀ ਰਾਜਨੀਤੀ ਨੂੰ ਲੈ ਕੇ ਕਈ ਵੱਡੇ ਸੰਕੇਤ ਦਿੱਤੇ ਗਏ। ਜਨਤਾ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕੇਜਰੀਵਾਲ ਨੇ ਇੱਕ ਪਾਸੇ ਜਿੱਥੇ ਚੋਣਾਂ ਇਸੇ ਸਾਲ ਨਵੰਬਰ ਮਹੀਨੇ ਵਿੱਚ ਹੋਣ ਦਾ ਦਾਅਵਾ ਕੀਤਾ, ਉੱਥੇ ਹੀ ਦੂਜੇ ਪਾਸੇ ਵਰਕਰਾਂ ਨੂੰ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਹੁਣੇ ਤੋਂ ਹੀ ਸ਼ੁਰੂ ਕਰਨ ਦਾ ਸੱਦਾ ਦਿੱਤਾ। ਇਸ ਦੌਰਾਨ ਉਨ੍ਹਾਂ ਸਾਰੀਆਂ ਸਿਆਸੀ ਅਟਕਲਾਂ 'ਤੇ ਵਿਰਾਮ ਲਗਾਉਂਦੇ ਹੋਏ ਐਲਾਨ ਕੀਤਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਭਗਵੰਤ ਸਿੰਘ ਮਾਨ ਹੀ ਪਾਰਟੀ ਵੱਲੋਂ ਮੁੱਖ ਮੰਤਰੀ ਅਹੁਦੇ ਦਾ ਚਿਹਰਾ ਹੋਣਗੇ ਅਤੇ ਪਾਰਟੀ ਪੂਰੀ ਤਾਕਤ ਨਾਲ ਉਨ੍ਹਾਂ ਦੀ ਅਗਵਾਈ ਹੇਠ ਹੀ ਚੋਣ ਮੈਦਾਨ ਵਿੱਚ ਨਿੱਤਰੇਗੀ।ਇਸ ਰੋਡ ਸ਼ੋਅ ਨੂੰ ਭਾਵੇਂ ਪਾਰਟੀ ਵੱਲੋਂ ਬਠਿੰਡਾ ਨਗਰ ਨਿਗਮ ਦੀ ਸੱਤਾ 'ਤੇ ਪੂਰਨ ਬਹੁਮਤ ਪ੍ਰਾਪਤ ਕਰਕੇ ਲਗਾਤਾਰ ਦੂਜੀ ਵਾਰ ਮੇਅਰ ਬਣੇ ਪਦਮਜੀਤ ਸਿੰਘ ਮਹਿਤਾ ਦੇ ਹੱਕ ਵਿੱਚ ਇੱਕ ਧੰਨਵਾਦੀ ਦੌਰਾ ਦੱਸਿਆ ਜਾ ਰਿਹਾ ਸੀ, ਪਰ ਸਿਆਸੀ ਮਾਹਿਰ ਇਸ ਨੂੰ ਪਾਰਟੀ ਦੇ ਵੱਡੇ ਸ਼ਕਤੀ ਪ੍ਰਦਰਸ਼ਨ ਵਜੋਂ ਦੇਖ ਰਹੇ ਹਨ। ਆਪਣੇ ਸੰਬੋਧਨ ਦੌਰਾਨ ਅਰਵਿੰਦ ਕੇਜਰੀਵਾਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪੱਖ ਵਿੱਚ ਹਵਾ ਬਣਾਉਂਦਿਆਂ ਉਨ੍ਹਾਂ ਨੂੰ ਪਿਛਲੇ ਕੁਝ ਦਹਾਕਿਆਂ ਦਾ ਸਭ ਤੋਂ ਇਮਾਨਦਾਰ ਮੁੱਖ ਮੰਤਰੀ ਕਰਾਰ ਦਿੱਤਾ। ਉਨ੍ਹਾਂ ਦਾਅਵਾ ਕੀਤਾ ਕਿ ਮਾਨ ਸਰਕਾਰ ਦੇ ਕਿਸੇ ਵੀ ਮੰਤਰੀ ਜਾਂ ਪਰਿਵਾਰਕ ਮੈਂਬਰ 'ਤੇ ਭ੍ਰਿਸ਼ਟਾਚਾਰ ਦਾ ਕੋਈ ਦਾਗ਼ ਨਹੀਂ ਹੈ। ਕੇਜਰੀਵਾਲ ਨੇ ਵਿਰੋਧੀ ਪਾਰਟੀਆਂ 'ਤੇ ਤਿੱਖੇ ਸਿਆਸੀ ਤੰਜ਼ ਕਸਦਿਆਂ ਬਿਨਾਂ ਨਾਮ ਲਏ ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਨੂੰ ਕ੍ਰਮਵਾਰ ਨਸ਼ਾ, ਆਪਸੀ ਕਲੇਸ਼ ਅਤੇ ਜਾਂਚ ਏਜੰਸੀਆਂ ਦੀਆਂ ਨੀਤੀਆਂ 'ਤੇ ਚੱਲਣ ਵਾਲੀਆਂ ਪਾਰਟੀਆਂ ਦੱਸਿਆ।ਦੂਜੇ ਪਾਸੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਦਾ ਲੇਖਾ-ਜੋਖਾ ਪੇਸ਼ ਕਰਦਿਆਂ ਕਿਹਾ ਕਿ ਸਿੱਖਿਆ, ਸਿਹਤ ਅਤੇ ਖੇਤੀਬਾੜੀ ਦੇ ਖੇਤਰਾਂ ਵਿੱਚ ਕ੍ਰਾਂਤੀਕਾਰੀ ਬਦਲਾਅ ਕੀਤੇ ਗਏ ਹਨ। ਉਨ੍ਹਾਂ ਦਾਅਵਾ ਕੀਤਾ ਕਿ ਸੂਬੇ ਦੇ ਲੱਗਭੱਗ 90 ਫੀਸਦੀ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ ਅਤੇ 60 ਤੋਂ 70 ਫੀਸਦੀ ਲੋਕਾਂ ਦੇ ਸਿਹਤ ਬੀਮਾ ਕਾਰਡ ਬਣਾਏ ਜਾ ਚੁੱਕੇ ਹਨ। ਸਿਆਸੀ ਹਲਕਿਆਂ ਵਿੱਚ ਚਰਚਾ ਹੈ ਕਿ ਕੇਜਰੀਵਾਲ ਦਾ ਇਹ ਦੌਰਾ ਅਤੇ ਮੌਜੂਦਾ ਸਿਆਸੀ ਹਾਲਾਤਾਂ ਦਰਮਿਆਨ ਕੀਤਾ ਗਿਆ ਇਹ ਸ਼ਕਤੀ ਪ੍ਰਦਰਸ਼ਨ ਵਿਰੋਧੀ ਧਿਰਾਂ ਦੀਆਂ ਰਣਨੀਤੀਆਂ ਨੂੰ ਪ੍ਰਭਾਵਿਤ ਕਰੇਗਾ।

## ਭਾਕਿਯੂ ਖੋਸਾ ਕਰਜ਼ੇ ਹੇਠ ਦੱਬੇ ਕਿਸਾਨਾਂ ਨਾਲ ਕੋਈ ਧੱਕਾ ਨਹੀਂ ਹੋਣ ਦੇਵੇਗੀ : ਖੋਸਾ



ਖਨੌਰੀ, 13 ਜੂਨ (ਓਮਪ੍ਰਕਾਸ ਮੁਆਲ): ਜੇਕਰ ਪੰਜਾਬ ਸਰਕਾਰ ਨੇ ਕਰਜਾਈ ਕਿਸਾਨਾਂ 'ਤੇ ਦਰਜ਼ ਕੀਤੇ ਕੇਸ ਰੱਦ ਨਹੀਂ ਕਰਦੀ ਤਾਂ ਭਾਰਤੀ ਕਿਸਾਨ ਯੂਨੀਅਨ ਖੋਸਾ 29 ਜੂਨ ਨੂੰ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਡੀ ਐਮ ਓ ਦਫ਼ਤਰਾਂ ਦਾ ਅਣਮਿੱਥੇ ਸਮੇ ਲਈ ਘਿਰਾਓ ਕਰੇਗੀ। ਇਹ ਸ਼ਬਦ ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ ਨੇ ਖਨੌਰੀ ਦੇ ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਪਾਤਸ਼ਾਹੀ ਛੇਵੀਂ ਸੰਤ ਆਸ਼ਰਮ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੇ। ਜਿੱਥੇ ਕਿ ਕਿਸਾਨਾਂ ਦੇ ਅਹਿਮ ਮੁਦਿਆਂ ਸਬੰਧੀ ਗੱਲਬਾਤ ਕਰਨ ਲਈ ਕਿਸਾਨਾਂ ਨਾਲ ਵਿਚਾਰ ਵਟਾਂਦਰਾ ਕਰਨ ਲਈ ਰੱਖੀ ਹੋਈ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਆਏ ਹੋਏ ਸਨ। ਸੁਖਜਿੰਦਰ ਸਿੰਘ ਖੋਸਾ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਤੀਬਾੜੀ ਨਾਲ ਸੰਬੰਧਿਤ ਬੈਂਕਾਂ ਅਤੇ ਸਰਕਾਰੀ ਬੈਂਕਾਂ ਵੱਲੋਂ ਕਰਜ਼ੇ ਦੀ ਮਾਰ ਹੇਠ ਆਏ ਕਿਸਾਨਾਂ ਵਿਰੁੱਧ ਪਰਚੇ ਦਰਜ ਕਰਕੇ ਉਹਨਾਂ ਨੂੰ ਗ੍ਰਿਫਤਾਰੀ ਜਾਂ ਜ਼ਮੀਨਾਂ ਦੀ ਕੁਰਕੀ ਦੀਆਂ ਧਮਕੀਆਂ ਵਿਰੁੱਧ ਚੇਤਾਵਨੀ ਦਿੰਦਿਆ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਖੋਸਾ ਕਰਜੇ ਹੇਠ ਦੱਬੇ ਕਿਸਾਨਾਂ ਨਾਲ ਡੱਟ ਕੇ ਖੜ੍ਹੀ ਹੈ ਅਤੇ ਕਿਸੇ ਵੀ ਕੀਮਤ ਤੇ ਉਨਾਂ ਵਿਰੁੱਧ ਕਾਰਵਾਈ ਨਹੀਂ ਹੋਣ ਦੇਵੇਗੀ। ਇਸ ਮੌਕੇ ਬਲਜੀਤ ਸਿੰਘ ਸ਼ੇਰਗੜ੍ਹ ਜ਼ਿਲ੍ਹਾ ਪ੍ਰਧਾਨ, ਬਲਵੀਰ ਸਿੰਘ ਧੂਰਕੋਟ ਬਲਾਕ ਪ੍ਰਧਾਨ, ਸੁਖਜਿੰਦਰ ਸਿੰਘ ਉਗੋਕੇ ਜਿਲ੍ਹਾ ਪ੍ਰਧਾਨ ਮੋਗਾ, ਕਾਕਾ ਸਿੰਘ ਮੁੰਨਣ, ਫਤਿਹ ਸਿੰਘ ਕੋਟ ਕਰੋੜ ਸੀਨੀਅਰ ਮੀਤ ਪ੍ਰਧਾਨ ਪੰਜਾਬ, ਜਸਵੀਰ ਸਿੰਘ ਢੋਲੇਵਾਲ ਮੀਤ ਪ੍ਰਧਾਨ, ਦਲੀਪ ਸਿੰਘ ਸ਼ੰਕੂ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਨਿਰਮਲ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ ਫਾਜ਼ਿਲਕਾ, ਗਮਦੂਰ ਸਿੰਘ ਜ਼ਿਲ੍ਹਾ ਪ੍ਰਧਾਨ ਫਰੀਦਕੋਟ, ਆਦਿ ਕਿਸਾਨ ਹਾਜ਼ਰ ਸਨ।

## ਸਿਹਤ ਵਿਭਾਗ ਨੇ ਕਬਾੜੀਆਂ ਦੇ ਭੰਡਾਰ ਕੀਤੇ ਸਮਾਨ ਦੀ ਚੈਕਿੰਗ

ਭਗਤਾ ਭਾਈ ਕਾ, 13 ਜੂਨ (ਸਵਰਨ ਸਿੰਘ ਭਗਤਾ) : ਹਰ ਸ਼ੁੱਕਰਵਾਰ ਡੇਂਗੂ ਦੇ ਵਾਰ ਮੁਹਿਮ ਤਹਿਤ ਤੁਪਿੰਦਰਜੋਤ ਅਤੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਸੀਮਾ ਗੁਪਤਾ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਦੇ ਬਲਾਕ ਭਗਤਾ ਭਾਈ ਕਾ ਦੇ ਮੁਲਾਜ਼ਮਾਂ ਵੱਲੋਂ ਪਿੰਡਾਂ ਅਤੇ ਕਬਾੜੀਆਂ ਦੀਆਂ ਦੁਕਾਨਾਂ ਵਿੱਚ ਪਹੁੰਚ ਕੇ ਜਾਂਚ ਕੀਤੀ ਗਈ।ਸਿਹਤ ਵਿਭਾਗ ਦੀ ਟੀਮ ਜਿਸ ਵਿੱਚ ਐਮ ਪੀ ਐਚ ਐਸ ਮੇਲ ਐਮ ਪੀ ਐਚ ਡਬਲਿਊ ਮੇਲ ਆਸ਼ਾ ਵਰਕਰ ਆਸ਼ਾ ਫੈਸੀਲੀਟੇਟਰ ਬਰੀਡਿੰਗ ਚੈੱਕਰ ਦੀਆਂ ਵੱਲੋਂ ਟੀਮਾਂ ਬਣਾ ਕੇ ਕਬਾੜੀਆਂ ਦੇ ਕਬਾੜ ਦੇ ਸਮਾਨ ਅਤੇ ਘਰਾਂ ਵਿੱਚ ਜਾ ਕੇ ਬਰੀਕੀ ਨਾਲ ਜਾ ਕੇ ਪੜਤਾਲ ਕੀਤੀ ਗਈ। ਇਸ ਦੌਰਾਨ ਉਹਨਾਂ ਨੂੰ ਜਾਗਰੂਕ ਕਰਦੇ ਹੋਏ ਹਦਾਇਤਾਂ ਦਿੱਤੀਆਂ ਗਈਆਂ ਕਿ ਪਲਾਸਟਿਕ ਲੋਹੇ ਦੇ ਸਮਾਨ ਦੀ ਸਮੇਂ ਸਮੇਂ ਸਿਰ ਜਾਂਚ ਕੀਤੀ ਜਾਵੇ ਅਤੇ ਉਹਨਾਂ ਵਿੱਚ ਪਾਣੀ ਨਾ ਭਰਨ ਦਿੱਤਾ ਜਾਵੇ।ਬੁਖਾਰ ਹੋਣ ਦੀ ਸੂਰਤ ਵਿੱਚ ਤੁਰੰਤ ਸਿਹਤ ਕਰਮਚਾਰੀਆਂ ਨਾਲ ਸੰਪਰਕ ਕਰਨ ਕਿਉਂਕਿ ਡੇਂਗੂ ਅਤੇ ਮਲੇਰੀਏ ਦਾ ਸਿਹਤ ਵਿਭਾਗ ਵੱਲੋਂ ਬਿਲਕੁਲ ਮੁਫ਼ਤ ਟੈਸਟ ਤੇ ਇਲਾਜ ਕੀਤਾ ਜਾਂਦਾ ਹੈ।

## ਵਿਸ਼ਵ ਸਾਈਕਲ ਦਿਵਸ ਸਬੰਧੀ ਅਸ਼ਮਿਤਾ ਖੇਲੋ ਇੰਡੀਆ ਵੂਮੈਨ ਲੀਗ ਅਤੇ ਸਾਈਕਲ ਰੈਲੀ




ਸ੍ਰੀ ਮੁਕਤਸਰ ਸਾਹਿਬ, 13 ਜੂਨ (ਐਚ ਐਸ ਕਪੂਰ): ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਵਿਸ਼ਵ ਸਾਈਕਲ ਦਿਵਸ ਸਬੰਧੀ ਸਰਕਾਰੀ ਕਾਲਜ, ਸ੍ਰੀ ਮੁਕਤਸਰ ਸਾਹਿਬ ਨੇੜੇ ਅਸ਼ਮਿਤਾ ਖੇਲੋ ਇੰਡੀਆ ਵੂਮੈਨ ਲੀਗ ਅਤੇ ਸਾਈਕਲ ਰੈਲੀ ਕਰਵਾਈ ਗਈ, ਜਿਸ ਵਿੱਚ ਵੱਖ-ਵੱਖ ਉਮਰ ਵਰਗਾਂ ਦੀਆਂ ਮਹਿਲਾ ਸਾਈਕਲ ਸਵਾਰਾਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ। ਇਸ ਮੁਕਾਬਲੇ ਦਾ ਮਕਸਦ ਮਹਿਲਾਵਾਂ ਵਿੱਚ ਸਾਈਕਲਿੰਗ ਪ੍ਰਤੀ ਰੁਝਾਨ ਵਧਾਉਣਾ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਪ੍ਰਦਾਨ ਕਰਨਾ ਸੀ।ਇਸ ਮੌਕੇ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਵਿੱਚ ਸਾਈਕਲਿੰਗ ਖੇਡ ਨੂੰ ਉਤਸ਼ਾਹਿਤ ਕਰਨ ਲਈ ਐਸੋਸੀਏਸ਼ਨ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਸ਼ਮਿਤਾ ਖੇਲੋ ਇੰਡੀਆ ਵੂਮੈਨ ਲੀਗ ਵਰਗੇ ਪ੍ਰੋਗਰਾਮ ਮਹਿਲਾ ਖਿਡਾਰੀਆਂ ਨੂੰ ਅੱਗੇ ਆਉਣ ਅਤੇ ਰਾਸ਼ਟਰੀ ਪੱਧਰ 'ਤੇ ਆਪਣੀ ਪਛਾਣ ਬਣਾਉਣ ਲਈ ਇੱਕ ਵਧੀਆ ਮੰਚ ਪ੍ਰਦਾਨ ਕਰਦੇ ਹਨ। ਸਾਡਾ ਉਦੇਸ਼ ਹੈ ਕਿ ਪੰਜਾਬ ਦੀਆਂ ਵੱਧ ਤੋਂ ਵੱਧ ਲੜਕੀਆਂ ਖੇਡਾਂ ਨਾਲ ਜੁੜਨ ਅਤੇ ਆਪਣਾ ਭਵਿੱਖ ਰੌਸ਼ਨ ਕਰਨ।ਉਨ੍ਹਾਂ ਕਿਹਾ ਕਿ ਸਾਈਕਲਿੰਗ ਸਿਰਫ਼ ਇੱਕ ਖੇਡ ਹੀ ਨਹੀਂ, ਸਗੋਂ ਸਿਹਤਮੰਦ ਜੀਵਨ ਅਤੇ ਵਾਤਾਵਰਨ ਦੀ ਸੰਭਾਲ ਲਈ ਵੀ ਬਹੁਤ ਮਹੱਤਵਪੂਰਨ ਹੈ। ਇਸ ਤਰ੍ਹਾਂ ਦੇ ਸਮਾਗਮ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਬੀ.ਐਸ. ਸੂਦਨ,ਖਜ਼ਾਨਚੀ, ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ,ਨੇ ਸਾਈਕਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਸ਼੍ਰੀ ਪੰਕਜ ਸਿੰਘ, ਚੇਅਰਮੈਨ ਸ੍ਰ. ਓਂਕਾਰ ਸਿੰਘ, ਸਕੱਤਰ ਜਨਰਲ ਸ੍ਰ. ਮਨਿੰਦਰਪਾਲ ਸਿੰਘ ਅਤੇ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਅਤੇ ਜਨਰਲ ਸਕੱਤਰ ਸ਼੍ਰੀ ਜਗਦੀਪ ਸਿੰਘ ਦਾ ਇਹ ਮਹੱਤਵਪੂਰਨ ਈਵੈਂਟ ਪੰਜਾਬ ਨੂੰ ਦੇਣ ਲਈ ਵਿਸ਼ੇਸ਼ ਧੰਨਵਾਦ ਕੀਤਾ।ਇਸ ਮੌਕੇ ਉਪਿੰਦਰ ਦਿਓਲ, ਬੀ.ਐਸ.ਬਰਾੜ, ਬਿਕਰਮ ਸਿੰਘ ਬਰਾੜ ਸਮੇਤ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਹਾਜ਼ਰ ਸਨ।

## ਹਰਜੀਤ ਸਿੰਘ ਮਲੂਕਾ ਅਕਾਲੀ ਦਲ ਬੀ ਸੀ ਵਿੰਗ ਦੇ ਹਲਕਾ ਪ੍ਰਧਾਨ ਨਿਯੁਕਤ



ਭਗਤਾ ਭਾਈ ਕਾ, 13 ਜੂਨ (ਸਵਰਨ ਸਿੰਘ ਭਗਤਾ): ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਇਹਨਾਂ 83 ਵਿਧਾਨ ਸਭਾ ਹਲਕਿਆਂ ਵਿੱਚ ਪੱਛੜੀਆਂ ਸ਼੍ਰੇਣੀਆਂ ਵਿੰਗ ਨਾਲ ਸਬੰਧਤ ਵੱਖ—ਵੱਖ ਵਰਗਾਂ ਦੇ ਮਿਹਨਤੀ ਆਗੂਆਂ ਨੂੰ ਸ਼ਾਮਲ ਕੀਤਾ ਗਿਆ ਹੈ, ਜਿਸ ਦੇ ਤਹਿਤ ਹਰਜੀਤ ਸਿੰਘ ਮਲੂਕਾ ਨੂੰ ਬੀ ਸੀ ਵਿੰਗ ਹਲਕਾ ਰਾਮਪੁਰਾ ਫੂਲ ਦੇ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਨਿਯੁਕਤੀ 'ਤੇ ਹਰਜੀਤ ਸਿੰਘ ਮਲੂਕਾ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਪੱਛੜੀਆਂ ਸ਼੍ਰੇਣੀਆਂ ਵਿੰਗ ਦੇ ਪ੍ਰਧਾਨ ਅਤੇ ਸਾਬਕਾ ਮੰਤਰੀ ਜਥੇਦਾਰ ਹੀਰਾ ਸਿੰਘ ਗਾਬੜੀਆ ਅਤੇ ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਦੀ ਕੋਸ਼ਿਸ਼ ਕਰਨਗੇ ।ਇਸ ਨਿਯੁਕਤੀ 'ਤੇ ਗਗਨਦੀਪ ਸਿੰਘ ਗਰੇਵਾਲ ਸਾਬਕਾ ਚੇਅਰਮੈਨ, ਰਾਕੇਸ਼ ਕੁਮਾਰ ਗੋਇਲ ਸਾਬਕਾ ਪ੍ਰਧਾਨ, ਕੌਂਸਲਰ ਮਨਜੀਤ ਸਿੰਘ ਧੁੰਨਾ, ਸਤਵਿੰਦਰਪਾਲ ਸਿੰਘ ਪਿੰਦਰ ਕੌਂਸਲਰ, ਸੁਖਜਿੰਦਰ ਸਿੰਘ ਖਾਨਦਾਨ ਸਾਬਕਾ ਕੌਂਸਲਰ, ਗੁਰਬਿੰਦਰ ਕੌਰ ਨ ਧੰਨਵਾਦ ਕਰਦਿਆਂ ਹਰਜੀਤ ਸਿੰਘ ਮਲੂਕਾ ਨੂੰ ਵਧਾਈਆਂ ਦਿੱਤੀਆਂ।

## ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਗਈ ਲੜਾਈ ਵਿੱਚ ਲੋਕਾਂ ਦਾ ਸਾਥ ਬਹੁਤ ਜ਼ਰੂਰੀ : ਗੌਰਵ ਗੋਇਲ



ਮੂਨਕ, 13 ਜੂਨ (ਸਮਸ਼ੇਰ ਸਿੰਘ ਭੁਟਾਲ):ਰਾਜ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਲੋਕਾਂ ਦਾ ਸਹਿਯੋਗ ਲੈਣ ਲਈ ਆਮ ਆਦਮੀ ਪਾਰਟੀ ਵੱਲੋਂ ਸ਼ੁਰੂ ਕੀਤੇ ਗਏ ਨਸ਼ਾ ਮੁਕਤੀ ਮੋਰਚਾ ਦੇ ਗੌਰਵ ਗੋਇਲ ਵੱਲੋਂ ਅੱਜ ਬਲਾਕ ਅੰਦਾਣਾ ਮੂਣਕ ਭੁਟੰਣਭੈਣੀ ਵਿਖੇ ਵਿਸ਼ੇਸ ਪ੍ਰੈਸ ਕਾਨਫਰੰਸ ਕੀਤੀ ਗਈ।ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਗੌਰਵ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਨਿਰਣਾਇਕ ਲੜਾਈ ਵਿੱਢੀ ਗਈ ਹੈ, ਜਿਸ ਲਈ ਲੋਕਾਂ ਦਾ ਸਾਥ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਲੋਕਾਂ ਦਾ ਸਾਥ ਲੈਣ ਲਈ ਘਰ-ਘਰ ਜਾ ਕੇ ਦਸਤਕ ਦਿੱਤੀ ਜਾਵੇਗੀ ।ਉਹਨਾਂ ਕਿਹਾ ਕਿ ਨਸ਼ਾ ਮੁਕਤੀ ਮੋਰਚਾ ਅਧੀਨ ਪਿੰਡ ਤੇ ਵਾਰਡ ਪੱਧਰ 'ਤੇ ਕਮੇਟੀਆਂ ਬਣਾਈਆਂ ਜਾ ਰਹੀਆਂ ਹਨ ਅਤੇ ਇਸ ਮੁਹਿੰਮ ਤਹਿਤ ਨਸ਼ਾ ਮੁਕਤੀ ਮੋਰਚਾ ਦੇ ਵਲੰਟੀਅਰ ਘਰ-ਘਰ ਜਾ ਕੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕਰਨਗੇ। ਜੇਕਰ ਕੋਈ ਉਸ ਪਰਿਵਾਰ ਦਾ ਮੈਂਬਰ ਨਸ਼ਾ ਕਰਦਾ ਹੈ ਤਾਂ ਉਸ ਦਾ ਇਲਾਜ ਕਰਵਾਇਆ ਜਾਵੇਗਾ ਅਤੇ ਉਹਨਾਂ ਕੋਲੋਂ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਸਾਥ ਮੰਗਿਆ ਜਾਵੇਗਾ। ਉਹਨਾਂ ਕਿਹਾ ਕਿ ਇਹ ਮੁਹਿੰਮ ਪਹਿਲਾਂ ਪਿੰਡਾਂ ਵਿੱਚ ਚਲਾਈ ਜਾਵੇਗੀ, ਫਿਰ ਛੋਟੇ ਕਸਬਿਆਂ ਅਤੇ ਸ਼ਹਿਰਾਂ ਦੇ ਵਿੱਚ ਇਸ ਲੜੀ ਤਹਿਤ ਲੋਕਾਂ ਤੋਂ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਵਿੱਚ ਸਹਿਯੋਗ ਲਿਆ ਜਾਵੇਗਾ।

## ਬਠਿੰਡਾ ਨਗਰ ਨਿਗਮ ਨੇ ਮੁੱਖ ਸੀਵਰੇਜ ਲਾਈਨਾਂ ਦੀ ਸਫ਼ਾਈ ਲਈ ਸੁਪਰ ਸੈਕਸ਼ਨ ਮਸ਼ੀਨਾਂ ਮੈਦਾਨ 'ਚ ਉਤਾਰੀਆਂ

ਬਠਿੰਡਾ, 13 ਜੂਨ (ਦੀਪਕ ਸ਼ਰਮਾ): ਮਾਨਸੂਨ ਦੀ ਦਸਤਕ ਤੋਂ ਪਹਿਲਾਂ ਬਠਿੰਡਾ ਸ਼ਹਿਰ ਨੂੰ ਬਰਸਾਤੀ ਪਾਣੀ ਦੇ ਜਮ੍ਹਾਂ ਹੋਣ, ਸਿਵਰੇਜ ਦੇ ਓਵਰਫਲੋਅ ਅਤੇ ਪੀਣ ਵਾਲੇ ਸਾਫ਼ ਪਾਣੀ ਦੀਆਂ ਕਿੱਲਤਾਂ ਤੋਂ ਨਿਜਾਤ ਦਿਵਾਉਣ ਲਈ ਨਗਰ ਨਿਗਮ ਵੱਲੋਂ ਵੱਡੇ ਪੱਧਰ 'ਤੇ ਮੁਹਿੰਮ ਸ਼ੁਰੂ ਕੀਤੀ ਗਈ ਹੈ। ਨਗਰ ਨਿਗਮ ਕਮਿਸ਼ਨਰ ਲਵਜੀਤ ਕਲਸੀ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਦੇ ਸਾਰੇ ਸੰਵੇਦਨਸ਼ੀਲ ਖੇਤਰਾਂ ਅਤੇ ਮੁੱਖ ਸਿਵਰੇਜ ਲਾਈਨਾਂ ਦੀ ਸਫ਼ਾਈ ਦਾ ਕੰਮ ਆਉਣ ਵਾਲੀ 30 ਜੂਨ ਤੱਕ ਹਰ ਹਾਲ ਵਿੱਚ ਮੁਕੰਮਲ ਕਰ ਲਿਆ ਜਾਵੇਗਾ। ਇਸ ਵਿਸ਼ੇਸ਼ ਕਾਰਜਯੋਜਨਾ ਤਹਿਤ ਪੰਪਿੰਗ ਸਟੇਸ਼ਨਾਂ ਦੀ ਨਿਰੰਤਰ ਨਿਗਰਾਨੀ, ਗੰਦੇ ਪਾਣੀ ਦੇ ਸੋਧ ਪਲਾਂਟਾਂ ਦੇ ਸੰਚਾਲਨ ਅਤੇ ਜਲ-ਥਲ ਵਾਲੇ ਇਲਾਕਿਆਂ ਲਈ ਖ਼ਾਸ ਪ੍ਰਬੰਧ ਕੀਤੇ ਗਏ ਹਨ।ਨਿਗਮ ਵੱਲੋਂ ਜਾਰੀ ਅੰਕੜਿਆਂ ਅਨੁਸਾਰ, ਸ਼ਹਿਰ ਵਿੱਚ ਕੁੱਲ 57 ਕਿਲੋਮੀਟਰ ਮੁੱਖ ਸਿਵਰੇਜ ਲਾਈਨ ਅਤੇ 853 ਕਿਲੋਮੀਟਰ ਸ਼ਾਖਾ ਸਿਵਰੇਜ ਲਾਈਨ ਦਾ ਵੱਡਾ ਨੈੱਟਵਰਕ ਹੈ। ਇਸ ਵਿੱਚੋਂ 55 ਕਿਲੋਮੀਟਰ ਖੇਤਰ ਨੂੰ ਬੇਹੱਦ ਸੰਵੇਦਨਸ਼ੀਲ ਮੰਨਦਿਆਂ ਹੌਟਸਪਾਟ ਵਜੋਂ ਚਿੰਨ੍ਹਿਤ ਕੀਤਾ ਗਿਆ ਹੈ, ਜਿਸ ਵਿੱਚ 10.4 ਕਿਲੋਮੀਟਰ ਮੁੱਖ ਲਾਈਨ ਅਤੇ 44.6 ਕਿਲੋਮੀਟਰ ਸ਼ਾਖਾ ਲਾਈਨ ਸ਼ਾਮਲ ਹੈ। ਹੁਣ ਤੱਕ ਲਗਭਗ 40 ਫੀਸਦੀ ਟੀਚਾ ਪੂਰਾ ਕਰਦਿਆਂ 21.8 ਕਿਲੋਮੀਟਰ ਲਾਈਨ ਦੀ ਗਾਰ ਕੱਢੀ ਜਾ ਚੁੱਕੀ ਹੈ। ਇਸ ਕੰਮ ਨੂੰ ਤੇਜ਼ੀ ਨਾਲ ਨਿਪਟਾਉਣ ਲਈ ਤਿੰਨ ਸੁਪਰ ਸੈਕਸ਼ਨ ਮਸ਼ੀਨਾਂ, ਦੋ ਜੈਟਿੰਗ ਮਸ਼ੀਨਾਂ ਅਤੇ ਦੋ ਹੋਰ ਸੈਕਸ਼ਨ ਮਸ਼ੀਨਾਂ ਦਿਨ-ਰਾਤ ਕੰਮ ਕਰ ਰਹੀਆਂ ਹਨ, ਜਦੋਂ ਕਿ 15 ਜੂਨ ਤੋਂ ਦੋ ਵਾਧੂ ਮਸ਼ੀਨਾਂ ਹੋਰ ਮੈਦਾਨ ਵਿੱਚ ਉਤਾਰ ਦਿੱਤੀਆਂ ਜਾਣਗੀਆਂ।ਮੌਜੂਦਾ ਸਮੇਂ ਦੌਰਾਨ ਪਰਸਰਾਮ ਨਗਰ, ਬਚਨ ਕਲੋਨੀ, ਪ੍ਰਤਾਪ ਨਗਰ, ਮਹਿਨਾ ਬਸਤੀ ਅਤੇ ਭੱਟੀ ਰੋਡ ਵਰਗੇ ਪ੍ਰਮੁੱਖ ਖੇਤਰਾਂ ਵਿੱਚ ਸਫ਼ਾਈ ਦਾ ਕੰਮ ਜ਼ੋਰਾਂ 'ਤੇ ਚੱਲ ਰਿਹਾ ਹੈ। ਇਸ ਤੋਂ ਇਲਾਵਾ ਸੰਤ ਕਬੀਰ ਨਗਰ, ਜੋਗਾ ਨਗਰ, ਆਦਰਸ਼ ਨਗਰ, ਵਿਸ਼ਵਾਸ ਕਲੋਨੀ, ਜਨਤਾ ਨਗਰ ਅਤੇ ਉਦਯੋਗਿਕ ਕੇਂਦਰ ਵਰਗੇ ਇਲਾਕਿਆਂ ਨੂੰ ਵੀ ਪਹਿਲ ਦੇ ਅਧਾਰ 'ਤੇ ਕਵਰ ਕੀਤਾ ਜਾ ਰਿਹਾ ਹੈ। ਬਰਸਾਤ ਦੇ ਦਿਨਾਂ ਵਿੱਚ ਜਲ-ਭਰਾਈ ਦੀ ਗੰਭੀਰ ਸਮੱਸਿਆ ਨਾਲ ਨਜਿੱਠਣ ਲਈ ਨਿਗਮ ਨੇ ਪਾਵਰ ਹਾਊਸ ਰੋਡ, ਸਿਰਕੀ ਬਾਜ਼ਾਰ, ਪਰਸਰਾਮ ਨਗਰ, ਭੱਟੀ ਰੋਡ ਅਤੇ ਅਮਰੀਕ ਸਿੰਘ ਰੋਡ ਸਮੇਤ ਪੰਜ ਸਭ ਤੋਂ ਵੱਧ ਪ੍ਰਭਾਵਿਤ ਹੋਣ ਵਾਲੇ ਸਥਾਨਾਂ ਦੀ ਪਛਾਣ ਕੀਤੀ ਹੈ। ਇਨ੍ਹਾਂ ਥਾਵਾਂ 'ਤੇ ਪਾਣੀ ਦੀ ਤੁਰੰਤ ਨਿਕਾਸੀ ਲਈ 19 ਪੰਪ, ਸੱਤ ਡੀਜ਼ਲ ਜਨਰੇਟਰ ਅਤੇ ਲੋੜ ਮੁਤਾਬਕ ਵੱਡੀਆਂ ਪਾਈਪਾਂ ਤਾਇਨਾਤ ਕੀਤੀਆਂ ਗਈਆਂ ਹਨ, ਜਿੱਥੇ ਬਾਲਣ ਦਾ ਪੂਰਾ ਪ੍ਰਬੰਧ ਰੱਖਣ ਦੇ ਨਾਲ-ਨਾਲ ਮੁਲਾਜ਼ਮਾਂ ਦੀਆਂ ਡਿਊਟੀਆਂ ਵੀ ਲਗਾ ਦਿੱਤੀਆਂ ਗਈਆਂ ਹਨ।ਨਿਗਮ ਕਮਿਸ਼ਨਰ ਅਨੁਸਾਰ ਸ਼ਹਿਰ ਵਿੱਚ ਕੁੱਲ 27 ਪੰਪਿੰਗ ਸਟੇਸ਼ਨ ਸਰਗਰਮ ਹਨ, ਜਿਨ੍ਹਾਂ ਵਿੱਚੋਂ ਦੋ ਮੁੱਖ ਸਟੇਸ਼ਨ, 12 ਇੰਟਰਮੀਡੀਏਟ ਸਟੇਸ਼ਨ ਅਤੇ 13 ਬਰਸਾਤੀ ਪਾਣੀ ਦੇ ਪੰਪਿੰਗ ਸਟੇਸ਼ਨ ਹਨ। ਬਿਜਲੀ ਦੇ ਬੈਕਅੱਪ ਲਈ ਸਾਰੇ ਸਟੇਸ਼ਨਾਂ 'ਤੇ ਜਨਰੇਟਰ ਮੁਹੱਈਆ ਕਰਵਾਏ ਗਏ ਹਨ ਅਤੇ ਹੰਗਾਮੀ ਹਾਲਤ ਲਈ ਦੋ ਮੋਬਾਈਲ ਜਨਰੇਟਰ ਤੇ ਅੱਠ ਡੀਜ਼ਲ ਪੰਪ ਸੈੱਟ ਵੱਖਰੇ ਤੌਰ 'ਤੇ ਤਿਆਰ ਰੱਖੇ ਗਏ ਹਨ। ਮੁੱਖ ਸਟੇਸ਼ਨਾਂ 'ਤੇ ਚੌਵੀ ਘੰਟੇ ਨਿਗਰਾਨੀ ਰੱਖਣ ਲਈ ਸੈਂਸਰ ਪ੍ਰਣਾਲੀ ਸਥਾਪਿਤ ਕੀਤੀ ਗਈ ਹੈ।

## ਸਕੂਲ ਫ਼ੈਡਰੇਸ਼ਨ ਵੱਲੋਂ ਸਰਕਾਰ ਨੂੰ ਫੀਸ ਸੋਧ ਪ੍ਰਸਤਾਵ 'ਤੇ ਮੁੜ ਵਿਚਾਰ ਦੀ ਅਪੀਲ



ਧੂਰੀ, 13 ਜੂਨ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਪੰਜਾਬ ਦੇ ਪ੍ਰਾਈਵੇਟ ਸਕੂਲਾਂ ਦੀ ਪ੍ਰਮੁੱਖ ਸੰਸਥਾ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ (ਫੈਪ) ਨੇ ਪੰਜਾਬ ਸਰਕਾਰ ਨੂੰ ਪ੍ਰਸਤਾਵਿਤ ਫੀਸ ਸੋਧ ਬਿੱਲ 'ਤੇ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ ਹੈ। ਫੈਡਰੇਸ਼ਨ ਨੇ ਨਾਲ ਹੀ ਫੀਸ ਰੈਗੂਲੇਟਰੀ ਐਕਟ ਦੀ ਸਮੀਖਿਆ ਲਈ ਬਣਾਈ ਗਈ ਕਮੇਟੀ ਵਿੱਚ ਆਪਣੇ ਪ੍ਰਤੀਨਿਧਾਂ ਨੂੰ ਸ਼ਾਮਲ ਕਰਨ ਦੀ ਮੰਗ ਵੀ ਕੀਤੀ ਹੈ। ਫੈਪ ਦੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਾਲ ਹੀ ਵਿੱਚ ਮਾਨਯੋਗ ਮੁੱਖ ਮੰਤਰੀ ਪੰਜਾਬ ਵੱਲੋਂ ਐਲਾਨ ਕੀਤਾ ਗਿਆ ਸੀ ਕਿ ਪੰਜਾਬ ਸਰਕਾਰ ਸੈਲਫ - ਫਾਈਨਾਂਸਡ ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਵਿੱਚ ਸਾਲਾਨਾ ਵਾਧੇ ਦੀ ਹੱਦ 8 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰਨ ਲਈ ਪੰਜਾਬ ਰੈਗੂਲੇਸ਼ਨ ਆਫ ਫੀਸ ਐਕਟ ਵਿੱਚ ਸੋਧ ਕਰਨ ਬਾਰੇ ਵਿਚਾਰ ਕਰ ਰਹੀ ਹੈ। ਇਸ ਸਬੰਧੀ ਅਗਲਾ ਕਦਮ ਚੁੱਕਦਿਆਂ ਸਰਕਾਰ ਨੇ ਐਕਟ ਦੀ ਸਮੀਖਿਆ ਲਈ ਇੱਕ ਕਮੇਟੀ ਦਾ ਗਠਨ ਵੀ ਕਰ ਦਿੱਤਾ ਹੈ। ਡਾ. ਧੂਰੀ ਨੇ ਕਿਹਾ ਕਿ ਫੈਪ ਵੱਲੋਂ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਪੰਜਾਬ ਨੂੰ ਭੇਜੇ ਗਏ ਪੱਤਰ ਰਾਹੀਂ ਬੇਨਤੀ ਕੀਤੀ ਗਈ ਹੈ ਕਿ ਕਮੇਟੀ ਵਿੱਚ ਫੈਡਰੇਸ਼ਨ ਦੇ ਘੱਟੋ—ਘੱਟ ਦੋ ਪ੍ਰਤੀਨਿਧ ਸ਼ਾਮਲ ਕੀਤੇ ਜਾਣ, ਤਾਂ ਜੋ ਜਿਹਨਾਂ ਸਕੂਲਾਂ ਨੂੰ ਇਹ ਸੋਧ ਸਿੱਧੇ ਤੌਰ ਤੇ ਪ੍ਰਭਾਵਿਤ ਕਰੇਗੀ, ਉਹਨਾਂ ਦਾ ਪੱਖ ਵੀ ਨੀਤੀ ਨਿਰਧਾਰਨ ਦੌਰਾਨ ਸਾਹਮਣੇ ਆ ਸਕੇ।ਉਹਨਾਂ ਕਿਹਾ ਕਿ ਪੰਜਾਬ ਦੇ ਲੱਗਭਗ 90 ਫੀਸਦੀ ਪ੍ਰਾਈਵੇਟ ਸਕੂਲ ਬਹੁਤ ਹੀ ਕਿਫਾਇਤੀ ਫੀਸਾਂ ਤੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰ ਰਹੇ ਹਨ, ਜਿਹਨਾਂ ਦੀ ਫੀਸ ਦੀ ਦਰ ਸਰਕਾਰ ਵੱਲੋਂ ਸਰਕਾਰੀ ਸਕੂਲ ਵਿੱਚ ਪੜ੍ਹਦੇ ਵਿਦਿਆਰਥੀ ਤੋਂ ਘੱਟ ਹੈ। ਅਜਿਹੇ ਸਕੂਲਾਂ ਲਈ ਫੀਸ ਵਾਧੇ ਦੀ ਮੌਜੂਦਾ 8 ਫੀਸਦੀ ਸੀਮਾ ਨੂੰ ਹੋਰ ਘਟਾਉਣਾ ਆਰਥਿਕ ਤੌਰ 'ਤੇ ਵੱਡੀ ਚੁਣੌਤੀ ਸਾਬਤ ਹੋ ਸਕਦਾ ਹੈ।

## ਪੰਜਵੇਂ ਦਿਨ ਵੀ ਮੋਬਾਇਲ ਟਾਵਰ 'ਤੇ ਡਟਿਆ ਰਿਹਾ ਬੇਰੁਜ਼ਗਾਰ ਅਧਿਆਪਕ ਹਰਜੀਤ ਸਿੰਘ

### ਸਾਥੀਆਂ ਨੇ ਸ਼ਹਿਰ ਵਿੱਚ ਕੱਢਿਆ ਵਿਸ਼ਾਲ ਕੈਂਡਲ ਮਾਰਚ




ਧੂਰੀ, 13 ਜੂਨ (ਰਾਜੇਸ਼ਵਰ ਪਿੰਟੂ, ਅਮਨ ਗਰਗ): 5994 ਕਾਡਰ ਈ.ਟੀ.ਟੀ. ਅਧਿਆਪਕਾਂ ਵਿੱਚੋਂ ਰਹਿੰਦੇ 2994 ਬੈਕਲਾਗ ਅਧਿਆਪਕਾਂ ਦੀ ਭਰਤੀ ਦਾ ਨੋਟੀਫਿਕੇਸ਼ਨ ਜਾਰੀ ਕਰਵਾਉਣ ਦੀ ਜ਼ਿੱਦ 'ਤੇ ਅੜਿਆ ਬੇਰੁਜ਼ਗਾਰ ਅਧਿਆਪਕ ਹਰਜੀਤ ਸਿੰਘ ਬਰਨਾਲਾ ਅੱਜ ਲਗਾਤਾਰ ਪੰਜਵੇਂ ਦਿਨ ਵੀ ਸਥਾਨਕ ਟੈਲੀਫੋਨ ਐਕਸਚੇਂਜ ਦੇ ਉੱਚੇ ਮੋਬਾਇਲ ਟਾਵਰ 'ਤੇ ਡਟਿਆ ਰਿਹਾ। ਅਸਮਾਨੋਂ ਵਰ੍ਹਦੀ ਤਪਦੀ-ਕੜਕਦੀ ਲੋਅ ਦੇ ਬਾਵਜੂਦ, ਹਰਜੀਤ ਸਿੰਘ ਦੇ ਹੌਂਸਲੇ ਪਸਤ ਨਹੀਂ ਹੋਏ। ਉਹ ਪ੍ਰਸ਼ਾਸਨ ਅਤੇ ਸਰਕਾਰ ਦੀ ਬੇਰੁਖ਼ੀ ਖ਼ਿਲਾਫ਼ ਅਡੋਲ ਖੜ੍ਹਾ ਹੈ। ਦੂਜੇ ਪਾਸੇ, ਟਾਵਰ ਦੇ ਹੇਠਾਂ ਬੈਠੇ ਉਸ ਦੇ ਸਾਥੀ ਅਧਿਆਪਕਾਂ ਨੇ ਸਰਕਾਰ ਦੇ ਅੜੀਅਲ ਵਤੀਰੇ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਸਰਕਾਰ ਦੇ ਕੰਨਾਂ ਤੱਕ ਆਵਾਜ਼ ਪਹੁੰਚਾਉਣ ਅਤੇ ਹਰਜੀਤ ਸਿੰਘ ਦੀ ਹਮਾਇਤ ਲਈ ਬੇਰੁਜ਼ਗਾਰ ਅਧਿਆਪਕ ਯੂਨੀਅਨ ਵੱਲੋਂ ਸ਼ਹਿਰ ਦੇ ਬਾਜ਼ਾਰਾਂ ਵਿੱਚ ਕੈਂਡਲ ਮਾਰਚ ਕੱਢਿਆ ਗਿਆ। ਹੱਥਾਂ ਵਿੱਚ ਰੋਸ ਪ੍ਰਦਰਸ਼ਨ ਦੇ ਬੈਨਰ ਫੜੀ ਸਾਥੀਆਂ ਨੇ ਸ਼ਹਿਰ ਵਾਸੀਆਂ ਨੂੰ ਜਗਾਉਣ ਅਤੇ ਸਰਕਾਰ ਨੂੰ ਸੁੱਤੀ ਨੀਂਦ ਤੋਂ ਉਠਾਉਣ ਲਈ ਪੈਦਲ ਮਾਰਚ ਕੀਤਾ। ਜੇਕਰ ਹਰਜੀਤ ਸਿੰਘ ਦੀ ਸਿਹਤ ਨੂੰ ਕੋਈ ਨੁਕਸਾਨ ਪਹੁੰਚਦਾ ਹੈ, ਤਾਂ ਇਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਦੀ ਹੋਵੇਗੀ।

## ਖ਼ੂਨਦਾਨ ਸਭ ਤੋਂ ਉੱਤਮ ਸੇਵਾ : ਗੋਇਲ



ਖਨੌਰੀ, 13 ਜੂਨ (ਓਮਪ੍ਰਕਾਸ ਮੁਆਲ): ਅਲਵੇਲ ਸਿੰਘ ਵੈਲਫੇਅਰ ਕਲੱਬ ਵੱਲੋਂ ਏਕ ਨੂਰ ਯੂਥ ਕਲੱਬ ਦੇ ਸਹਿਯੋਗ ਨਾਲ ਨਜ਼ਦੀਕੀ ਪਿੰਡ ਠਸਕਾ ਵਿੱਚ ਅੱਖਾਂ ਜਾਂਚ ਅਤੇ ਖ਼ੂਨ ਦਾਨ ਕੈਂਪ ਲਗਾਇਆ ਗਿਆ। ਜਿਸ ਦਾ ਉਦਘਾਟਨ ਸਰਪੰਚ ਸ਼੍ਰੀਮਤੀ ਕਰਮਜੀਤ ਕੌਰ ਨਾਲ ਕਿਸਾਨ ਆਗੂ ਜਸਵੰਤ ਸਿੰਘ ਵੱਲੋਂ ਕੀਤਾ ਗਿਆ। ਗੌਰਵ ਗੋਇਲ ਮੁੱਖ ਮਹਿਮਾਨ ਅਤੇ ਉਨ੍ਹਾਂ ਨਾਲ ਤੇਜਵੀਰ ਸਿੰਘ ਠਸਕਾ ਵਾਇਸ ਚੇਅਰਮੈਨ ਬਲਾਕ ਸੰਮਤੀ ਅਨਦਾਨਾ ਐਟ ਮੂਨਕ ਵਿਸ਼ੇਸ਼ ਤੌਰ 'ਤੇ ਪਹੁੰਚੇ। ਜਿਨ੍ਹਾਂ ਨਾਲ ਪੀਏ ਮੱਖਣ ਸਿੰਘ ਵੀ ਨਾਲ ਹਾਜ਼ਰ ਸਨ। ਇਸ ਮੌਕੇ ਹੌਂਡਾ ਹਸਪਤਾਲ ਪਟਿਆਲਾ ਤੋਂ ਪਹੁੰਚੀ ਡਾਕਟਰਾਂ ਦੀ ਟੀਮ ਦੁਆਰਾ ਅੱਖਾਂ ਦੀਆਂ ਬਿਮਾਰੀਆਂ ਦੀਆਂ 25 ਓਪੀਡੀਆਂ ਕੀਤੀਆਂ। ਮੋਤੀਆਂ ਬਿੰਦ ਬਿਮਾਰੀ ਤੋਂ ਪੀੜ੍ਹਤ 5 ਮਰੀਜ਼ਾਂ ਨੂੰ ਲੈਂਜ਼ ਪਾਉਣ ਲਈ ਹਸਪਤਾਲ ਲਿਜਾਇਆ ਗਿਆ। ਇਸ ਦੇ ਨਾਲ ਹੀ 21 ਨੌਜਵਾਨਾਂ ਵੱਲੋਂ ਖ਼ੂਨਦਾਨ ਕੀਤਾ। ਇਸ ਮੌਕੇ ਖ਼ੂਨਦਾਨੀਆਂ ਨੂੰ ਪ੍ਰੰਸ਼ਸਾ ਪੱਤਰ ਦਿੰਦਿਆਂ ਗੌਰਵ ਗੋਇਲ ਨੇ ਕਿਹਾ ਕਿ ਖ਼ੂਨਦਾਨ ਸਭ ਤੋਂ ਉੱਤਮ ਦਾਨ ਸੇਵਾ ਹੈ, ਜਿਸ ਨਾਲ ਅਨੇਕਾਂ ਅਨਮੋਲ ਜ਼ਿੰਦਗੀਆਂ ਨੂੰ ਬਚਾਇਆ ਜਾ ਸਕਦਾ ਹੈ। ਇਸ ਮੌਕੇ ਕੱਲਬ ਮੈਂਬਰ ਤੇ ਪਿੰਡ ਵਾਸੀ ਭਾਰੀ ਗਿਣਤੀ ਵਿੱਚ ਹਾਜ਼ਰ ਸਨ।ਕੈਂਪ ਦੌਰਾਨ ਏਕ ਨੂਰ ਯੂਥ ਕਲੱਬ ਦੇ ਪ੍ਰਧਾਨ ਸੁਖਦੇਵ ਰਾਮ ਧਰਮਸੋਤ ਦਾ ਵਿਸ਼ੇਸ਼ ਸਹਿਯੋਗ ਰਿਹਾ। ਪਿੰਡ ਵਾਸੀਆਂ ਵੱਲੋਂ ਆਈ ਡਾਕਟਰੀ ਟੀਮ ਮੈਂਬਰਾਂ ਦਾ ਸਹਿਯੋਗ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਡਾਕਟਰ ਸੁੱਖਵੀਰ ਸਿੰਘ, ਰੂਪ ਸਿੰਘ , ਕਮਲ ਸਿੰਘ, ਸਜਗਜੀਤ ਸਿੰਘ ,ਤੇਜਿੰਦਰ ਪਾਲ ਸਿੰਘ, ਪਰਵਿੰਦਰ ਸਿੰਘ ਹਾਜ਼ਰ ਸਨ

## ਗ੍ਰਾਮ ਪੰਚਾਇਤ ਸਿਰੀਏਵਾਲਾ ਵੱਲੋਂ ਲਗਾਇਆ ਗਿਆ ਆਧਾਰ ਕਾਰਡ ਕੈਂਪ



ਭਗਤਾ ਭਾਈ ਕਾ, 13 ਜੂਨ (ਸਵਰਨ ਸਿੰਘ ਭਗਤਾ) ਸਿਰੀਏਵਾਲਾ) :ਪਿੰਡ ਵਾਸੀਆਂ ਨੂੰ ਆਧਾਰ ਕਾਰਡ ਨਾਲ ਸਬੰਧਤ ਆ ਰਹੀਆਂ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਗ੍ਰਾਮ ਪੰਚਾਇਤ ਸਿਰੀਏਵਾਲਾ ਵੱਲੋਂ ਇੱਕ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ। ਸਰਪੰਚ ਹਰਜਿੰਦਰ ਕੌਰ ਦੀ ਅਗਵਾਈ ਹੇਠ ਪਿੰਡ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਇੱਕ ਵਿਸ਼ੇਸ਼ ਆਧਾਰ ਕਾਰਡ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਫ਼ਾਇਦਾ ਨਾ ਸਿਰਫ਼ ਸਿਰੀਏਵਾਲਾ ਦੇ ਨਿਵਾਸੀਆਂ ਨੇ, ਬਲਕਿ ਆਸ-ਪਾਸ ਦੇ ਪਿੰਡਾਂ ਜਿਵੇਂ ਬੁਰਜ ਥਰੋੜ ਅਤੇ ਵਾਂਦਰ ਦੇ ਲੋਕਾਂ ਨੇ ਵੀ ਭਰਪੂਰ ਲਾਹਾ ਲਿਆ। ਇਸ ਕੈਂਪ ਦਾ ਸੰਚਾਲਨ ਡਾਕ ਵਿਭਾਗ ਬਠਿੰਡਾ ਤੋਂ ਪਹੁੰਚੇ ਗੁਰਦੀਪ ਸਿੰਘ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ। ਇਸ ਮੌਕੇ ਮਾਰਕੀਟਿੰਗ ਐਗਜ਼ੀਕਿਊਟਿਵ ਮੁਨੀਤ ਕੁਮਾਰ ਨੇ ਹਾਜ਼ਰ ਲੋਕਾਂ ਨੂੰ ਡਾਕ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ-ਭਲਾਈ ਸਕੀਮਾਂ ਬਾਰੇ ਜਾਗਰੂਕ ਕੀਤਾ। ਉਨ੍ਹਾਂ ਨੇ ਪੋਸਟਲ ਜੀਵਨ ਬੀਮਾ, ਵਧੀਆ ਵਿਆਜ ਦਰਾਂ ਵਾਲੀਆਂ ਜਮਾਂ ਪੂੰਜੀ ਸਕੀਮਾਂ ਅਤੇ ਛੋਟੀਆਂ ਬੱਚੀਆਂ ਦੇ ਸੁਰੱਖਿਅਤ ਭਵਿੱਖ ਲਈ ਚਲਾਈ ਜਾ ਰਹੀ ਸੁਕੰਨਿਆ ਸਮਰਿਧੀ ਯੋਜਨਾ ਆਦਿ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਪੰਚ ਹਰਜਿੰਦਰ ਕੌਰ ਨੇ ਦੱਸਿਆ ਕਿ ਕੈਂਪ ਦੌਰਾਨ ਲਗਭਗ 45 ਦੇ ਕਰੀਬ ਲਾਭਪਾਤਰੀਆਂ ਨੇ ਆਪਣੇ ਆਧਾਰ ਕਾਰਡ ਅਪਡੇਟ ਕਰਵਾਏ ਅਤੇ ਇਸ ਦੌਰਾਨ ਵਿਸ਼ੇਸ਼ ਤੌਰ ਤੇ 10 ਨਵ-ਜਨਮੇ ਬੱਚਿਆਂ ਦੇ ਆਧਾਰ ਕਾਰਡ ਬਿਲਕੁਲ ਮੁਫ਼ਤ ਬਣਾਏ ਗਏ।ਅਜਿਹੇ ਲੋਕ-ਭਲਾਈ ਉਪਰਾਲੇ ਭਵਿੱਖ ਵਿੱਚ ਵੀ ਨਿਰੰਤਰ ਜਾਰੀ ਰਹਿਣਗੇ।ਇਸ ਕੈਂਪ ਵਿੱਚ ਪਹੁੰਚੇ ਲੋਕਾਂ ਨੇ ਪੰਚਾਇਤ ਦੇ ਇਸ ਕਦਮ ਦੀ ਭਰਪੂਰ ਸ਼ਲਾਘਾ ਕੀਤੀ।

# ਪੀ.ਡਬਲਿਊ.ਡੀ. ਮਹਿਕਮੇ ਨੂੰ ਲਾਇਆ ਮੋਟਾ ਚੂਨਾ, ਤਿੰਨ ਜਗ੍ਹਾ ਤੋਂ ਫੋਰ ਲਾਈਨ ਪੁੱਟੀ

## ਸੀਵਰੇਜ ਬੋਰਡ ਬੇਖ਼ਬਰ, ਬਿਨਾਂ ਮਨਜ਼ੂਰੀ ਕੀਤਾ ਨਜਾਇਜ਼ ਕੰਮ : ਸ਼ੇਰਗਿੱਲ



ਭਦੌੜ, 13 ਜੂਨ (ਸੁਖਵਿੰਦਰ ਪਲਾਹਾ) : ਭਦੌੜ ਦੇ ਅੰਦਰ ਅੱਜ ਕੱਲ੍ਹ ਨਜਾਇਜ਼ ਕੰਮ ਕਰਨ ਵਿੱਚ ਕੋਈ ਵੀ ਢਿੱਲ ਨਹੀਂ ਵਰਤੀ ਜਾਂਦੀ, ਕਿਉਂਕਿ ਨਜਾਇਜ਼ ਕੰਮ ਕਰਨ ਲਈ ਨਾ ਹੀ ਕਿਸੇ ਨੂੰ ਜਵਾਬਦੇਹ ਬਣਾਇਆ ਜਾਂਦਾ ਹੈ ਅਤੇ ਨਾ ਹੀ ਕਿਸੇ ਵਿਰੁੱਧ ਕੋਈ ਕਾਰਵਾਈ ਹੁੰਦੀ ਹੈ, ਇਸ ਲਈ ਭਦੌੜ ਅੰਦਰ ਨਜਾਇਜ਼ ਕੰਮ ਬੇਖੌਫ਼ ਹੋ ਕੇ ਕੀਤੇ ਜਾ ਰਹੇ ਹਨ, ਜਿਸ ਦੀ ਤਾਜ਼ਾ ਮਿਸਾਲ ਸਥਾਨਕ ਤਿੰਨ ਕੋਣੀ ਚੌਂਕ ਤੋਂ ਬਿਜਲੀ ਗਰਿੱਡ ਤੱਕ ਪੁੱਟੀ ਗਈ ਫੋਰ ਲਾਈਨ ਸੜਕ ਤੋਂ ਬਾਖੂਬੀ ਮਿਲਦੀ ਹੈ। ਇਸ ਬਰਨਾਲਾ-ਬਾਜਾਖਾਨਾ ਫੋਰ ਲਾਈਨ ਸੜਕ ਨੂੰ ਤਿੰਨ ਜਗ੍ਹਾ ਤੋਂ ਨਜਾਇਜ਼ ਢੰਗ ਨਾਲ ਪੁੱਟ ਕੇ ਪਿੰਡ ਗ੍ਰਾਮ ਪੰਚਾਇਤ ਪੱਤੀ ਵੀਰ ਸਿੰਘ ਦਾ ਪਾਣੀ ਭਦੌੜ ਸ਼ਹਿਰ ਦੇ ਸੀਵਰੇਜ ਸਿਸਟਮ ਵਿੱਚ ਸੀਵਰੇਜ ਬੋਰਡ ਵੱਲੋਂ ਬਣਾਈਆਂ ਗਈਆਂ ਹੌਦੀਆਂ ਵਿੱਚ ਪਾ ਦਿੱਤਾ ਗਿਆ ਹੈ ।ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਸੀਵਰੇਜ ਬੋਰਡ ਦੇ ਅੰਦਰ ਸਿਰਫ ਉਹ ਖੇਤਰ ਆਉਂਦਾ ਹੈ, ਜੋ ਕਿ ਨਗਰ ਕੌਂਸਲ ਭਦੌੜ ਵੱਲੋਂ ਤਹਿ ਕੀਤੀ ਲਾਲ ਲਕੀਰ ਦੇ ਅੰਦਰ ਜਾਂ ਨਗਰ ਕੌਂਸਲ ਭਦੌੜ ਦੇ 13 ਵਾਰਡਾਂ ਦੇ ਅੰਦਰ ਇਲਾਕਾ ਆਉਂਦਾ ਹੈ, ਉਸ ਵਿੱਚ ਖੇਤਰ ਦਾ ਗੰਦਾ ਪਾਣੀ ਹੀ ਸੀਵਰੇਜ ਸਿਸਟਮ ਵਿੱਚ ਪਾਇਆ ਜਾ ਸਕਦਾ ਹੈ, ਪਰ ਪਿਛਲੇ ਕੁੱਝ ਦਿਨਾਂ ਤੋਂ ਬਰਨਾਲਾ- ਬਾਜਾਖਾਨਾ ਮੇਨ ਫੋਰ ਲਾਈਨ ਸੜਕ ਨੂੰ ਤਿੰਨ ਜਗ੍ਹਾ ਤੋਂ ਪੁੱਟ ਕੇ ਸੀਵਰੇਜ ਬੋਰਡ ਨੂੰ ਅਤੇ ਪੀ ਡਬਲਿਊ ਡੀ ਬੋਰਡ ਨੂੰ ਮੋਟਾ ਚੂਨਾ ਲੱਗ ਚੁੱਕਾ ਹੈ।ਇਹਨਾ ਦੋਵਾਂ ਹੀ ਮਹਿਕਮਿਆਂ ਨੂੰ ਲੱਗੇ ਇਸ ਮੋਟੇ ਚੂਨੇ ਦੀ ਦੀ ਭਰਪਾਈ ਕੌਣ ਕਰੇਗਾ ? ਇਹ ਇੱਕ ਸਵਾਲੀਆ ਨਿਸ਼ਾਨ ਬਣ ਚੁੱਕਾ ਹੈ।ਇਹ ਤਿੰਨ ਜਗ੍ਹਾ ਤੋਂ ਪੁੱਟੀ ਗਈ ਫੋਰ ਲਾਈਨ ਸੜਕ ਉੱਪਰ ਕਿਸੇ ਸਮੇਂ ਵੀ ਕੋਈ ਵੱਡਾ ਭਿਆਨਕ ਹਾਦਸਾ ਵਾਪਰ ਸਕਦਾ ਹੈ। ਸੀਵਰੇਜ ਸਿਸਟਮ ਦੀ ਜਗ੍ਹਾ ਜਗ੍ਹਾ ਤੋਂ ਹੋ ਰਹੀ ਲੀਕਿੰਗ ਕਾਰਨ ਕਈ ਵਾਰ ਹਾਦਸੇ ਵਾਪਰ ਚੁੱਕੇ ਹਨ ਅਤੇ ਗੰਦੇ ਪਾਣੀ ਨਾਲ ਲੋਕਾਂ ਦਾ ਸ਼ਹਿਰ ਵਿੱਚੋਂ ਲੰਘਣਾ ਦੁੱਭਰ ਹੋ ਚੁੱਕਾ ਹੈ।

ਇਸ ਸਬੰਧੀ ਜਦੋਂ ਪੀ ਡਬਲਿਯੂ ਡੀ ਦੇ ਐਸ ਡੀ ਓ ਕੰਵਰਦੀਪ ਸਿੰਘ ਭੁੱਲਰ ਨਾਲ ਫੋਨ ਤੇ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਜੋ ਬਰਨਾਲਾ-ਬਾਜਾਖਾਨਾ ਫੋਰ ਲਾਈਨ ਸੜਕ ਨੂੰ ਪੁੱਟ ਕੇ ਪਾਈਪਾਂ ਪਾਈਆਂ ਗਈਆਂ ਹਨ ਇਹ ਸਭ ਕੁੱਝ ਬਿਲਕੁਲ ਨਜਾਇਜ ਢੰਗ ਨਾਲ ਹੋਇਆ ਹੈ, ਸਾਨੂੰ ਇਸ ਦੀ ਕੋਈ ਵੀ ਜਾਣਕਾਰੀ ਨਹੀਂ ਹੈ, ਤੇ ਨਾ ਹੀ ਸਾਡੇ ਕੋਲੋਂ ਇਹ ਪਾਇਪ ਲਾਈਨ ਪਾਉਣ ਲਈ ਕਿਸੇ ਨੇ ਕੋਈ ਮਨਜ਼ੂਰੀ ਲਈ ਹੈ। ਉਹਨਾਂ ਕਿਹਾ ਕਿ ਅਸੀਂ ਸੀਵਰੇਜ ਬੋਰਡ ਨੂੰ ਇਸ ਸਬੰਧੀ ਨੋਟਿਸ ਵੀ ਕੱਢ ਚੁੱਕੇ ਹਾਂ ।ਉਹਨਾਂ ਕਿਹਾ ਕਿ ਅਗਰ ਇਸ ਵਿੱਚ ਕੋਈ ਵੀ ਗ਼ੁਨਾਹਗਾਰ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ ਕਾਨੂੰਨੀ ਕਾਰਵਾਈ ਤੋਂ ਇਲਾਵਾ ਜ਼ੁਰਮਾਨਾ ਵੀ ਪਾਇਆ ਜਾਵੇਗਾ। ਸੀਵਰੇਜ ਬੋਰਡ ਦੇ ਐਸ ਡੀ ਓ ਮਨਜੀਤ ਸਿੰਘ ਸ਼ੇਰਗਿੱਲ ਨਾਲ ਫੋਨ 'ਤੇ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਸਾਨੂੰ ਇਹ ਨਜਾਇਜ਼ ਢੰਗ ਨਾਲ ਸੜਕ ਪੁੱਟ ਕੇ ਪਾਈ ਗਈ ਪਾਈਪ ਲਾਈਨ ਬਾਰੇ ਬਿਲਕੁੱਲ ਵੀ ਜਾਣਕਾਰੀ ਨਹੀਂ ਹੈ, ਕਿ ਕਿਸਨੇ ਇਹ ਫੋਰ ਲਾਈਨ ਸੜਕ ਪੁੱਟ ਕੇ ਪਿੰਡ ਦਾ ਪਾਣੀ ਸ਼ਹਿਰ ਦੇ ਪਾਣੀ ਵਿੱਚ ਪਾਇਆ ਹੈ ।ਉਹਨਾਂ ਕਿਹਾ ਕਿ ਇਹ ਕਦੇ ਵੀ ਨਹੀਂ ਹੋ ਸਕਦਾ ਕਿ ਪਿੰਡ ਦਾ ਪਾਣੀ ਸ਼ਹਿਰ ਦੇ ਪਾਣੀ ਵਿੱਚ ਪਾਇਆ ਜਾਵੇ ਅਤੇ ਸਾਡੇ ਵੱਲੋਂ ਕਿਸੇ ਨੂੰ ਵੀ ਕੋਈ ਮਨਜ਼ੂਰੀ ਨਹੀਂ ਦਿੱਤੀ ਗਈ ।ਉਹਨਾਂ ਕਿਹਾ ਕਿ ਮੈਂ ਕੱਲ੍ਹ ਹੀ ਇਸ ਦੀ ਜਾਂਚ ਕਰਵਾਉਂਦਾ ਹਾਂ ਜੋ ਵੀ ਇਸ ਵਿੱਚ ਦੋਸ਼ੀ ਪਾਇਆ ਜਾਂਦਾ ਹੈ, ਉਸ ਖ਼ਿਲਾਫ਼ ਸਖ਼ਤ ਕਾਰਵਾਈ ਕਰਕੇ ਜੁਰਮਾਨਾ ਪਾਇਆ ਜਾਵੇਗਾ ਤਾਂ ਜੋ ਕੋਈ ਹੋਰ ਇਸ ਤਰ੍ਹਾਂ ਦੀ ਹਰਕਤ ਨਾ ਕਰ ਸਕੇ। ਹੁਣ ਵੇਖਣਾ ਇਹ ਹੈ ਕਿ ਊਠ ਕਿਸ ਕਰਵਟ ਬੈਠਦਾ ਹੈ, ਇਹ ਆਉਣ ਵਾਲਾ ਸਮਾਂ ਹੀ ਦੱਸੇਗਾ।

# ਨਸ਼ਿਆਂ ਨੂੰ ਰੋਕਣਾ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ : ਉੱਗੋਕੇ



ਤਪਾ ਮੰਡੀ, 13 ਜੂਨ (ਰਾਜੂ ਮਹਿਰਾ) : ਨਸ਼ਿਆਂ ਨੂੰ ਰੋਕਣਾ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ। ਪੰਜਾਬ ਵਿਚੋਂ ਨਸ਼ੇ ਦੇ ਕੋਹੜ ਨੂੰ ਜੜ੍ਹੋਂ ਖ਼ਤਮ ਕਰਕੇ ਹੀ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸੁਰੱਖਿਅਤ, ਤੰਦਰੁਸਤ ਅਤੇ ਨਸ਼ਾ-ਮੁਕਤ ਪੰਜਾਬ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਲਾਭ ਸਿੰਘ ਉਗੋਕੇ ਨੇ ਅਗਰਵਾਲ ਧਰਮਸ਼ਾਲਾ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵੀਡੀਸੀ ਕਮੇਟੀ ਦੇ ਮੈਂਬਰਾਂ ਅਤੇ ਅਹੁਦੇਦਾਰਾਂ ਨਾਲ ਅਹਿਮ ਮੀਟਿੰਗ ਕਰਨ ਉਪਰੰਤ ਹਾਜਰੀਨ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਹਲਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਦਾ ਤਹੱਈਆ ਕੀਤਾ ਗਿਆ ਹੈ, ਜਿਸ ਦੇ ਚੱਲਦਿਆਂ ਨਸ਼ਿਆਂ ਵਿਰੁੱਧ ਚੱਲ ਰਹੀ ਇਸ ਮੁਹਿੰਮ ਵਿਚ ਪਿੰਡ ਵਾਲਿਆਂ ਦਾ ਸਾਥ ਬਹੁਤ ਜ਼ਰੂਰੀ ਹੈ ਤਾਂ ਜੋ ਹਰ ਇਕ ਪਿੰਡ ਵਿਚ ਨਸ਼ਾ ਖ਼ਤਮ ਹੋ ਸਕੇ ਅਤੇ ਸੂਬੇ ਨੂੰ ਰੰਗਲਾ ਪੰਜਾਬ ਬਣਾਇਆ ਜਾ ਸਕੇ। ਇਸ ਦੌਰਾਨ ਐਡਵੋਕੇਟ ਗੁਰਪ੍ਰੀਤ ਸਿੰਘ ਚੈਰੀ ਢਿਲਵਾਂ ਮਾਲਵਾ ਕੋਆਰਡੀਨੇਟਰ (ਨਸ਼ਾ ਮੁਕਤੀ ਮੋਰਚਾ) ਅਤੇ ਜ਼ਿਲ੍ਹਾ ਮੀਡੀਆ ਸੈਕਰੇਟਰੀ ਵੱਲੋਂ ਵੀ ਆਪਣੇ ਵਿਚਾਰ ਰੱਖੇ ਗਏ। ਇਸ ਮੌਕੇ ਮਾਰਕੀਟ ਕਮੇਟੀ ਤਪਾ ਦੇ ਚੇਅਰਮੈਨ ਤਰਸੇਮ ਸਿੰਘ ਕਾਹਨੇਕੇ, ਡੀ.ਐਸ.ਪੀ ਤਪਾ ਜਸਕਰਨ ਸਿੰਘ ਬਰਾੜ, ਥਾਣਾ ਮੁਖੀ ਮੈਡਮ ਇੰਸਪੈਕਟਰ ਨਵਦੀਪ ਕੌਰ ਚਾਹਲ, ਥਾਣਾ ਮੁਖੀ ਇੰਸਪੈਕਟਰ ਗੁਰਵਿੰਦਰ ਸਿੰਘ ਧਨੌਲਾ, ਥਾਣਾ ਮੁਖੀ ਸ਼ਹਿਣਾ ਰੇਨੂੰ ਪਰੋਚਾ, ਥਾਣਾ ਮੁਖੀ ਬਲਵਿੰਦਰ ਸਿੰਘ ਰੂੜੇਕੇ ਕਲਾਂ, ਸਿਟੀ ਇੰਚਾਰਜ ਬਲਜੀਤ ਸਿੰਘ ਢਿੱਲੋਂ ਆਦਿ ਵੱਡੀ ਗਿਣਤੀ 'ਚ ਪੁਲਿਸ ਮੁਲਾਜ਼ਮਾਂ ਤੋਂ ਇਲਾਵਾ ਪਾਰਟੀ ਵਰਕਰ ਮੌਜੂਦ ਸਨ।

# ਪੰਜਾਬੀ ਯੂਨੀਵਰਸਿਟੀ ਵੱਲੋਂ ਫੀਸਾਂ ਤੇ ਰਿਜ਼ਰਵ ਫੰਡ ਵਿੱਚ ਭਾਰੀ ਵਾਧਾ, ਨਿੱਜੀ ਕਾਲਜਾਂ 'ਚ ਰੋਸ



ਬਰਨਾਲਾ, 13 ਜੂਨ (ਹਮੀਰ ਸਿੰਘ) : ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਕੰਟੀਨਿਊਏਸ਼ਨ, ਅਫਿਲੀਏਸ਼ਨ, ਰਜਿਸਟ੍ਰੇਸ਼ਨ ਫੀਸਾਂ ਅਤੇ ਰਿਜ਼ਰਵ ਫੰਡ ਵਿੱਚ 100 ਤੋਂ 300 ਫੀਸਦੀ ਤੱਕ ਕੀਤੇ ਗਏ ਵਾਧੇ ਖ਼ਿਲਾਫ਼ ਪੰਜਾਬ ਅਣਏਡਿਡ ਡਿਗਰੀ ਕਾਲਜ ਐਸੋਸੀਏਸ਼ਨ (ਪੁਡਕਾ) ਨੇ ਸਖ਼ਤ ਰੋਸ ਪ੍ਰਗਟ ਕੀਤਾ ਹੈ। ਐਸੋਸੀਏਸ਼ਨ ਦੇ ਪ੍ਰਧਾਨ ਐੱਸ. ਐੱਸ. ਚੱਠਾ ਨੇ ਇਸ ਨੂੰ ਨਿੱਜੀ ਕਾਲਜਾਂ ਅਤੇ ਵਿਦਿਆਰਥੀਆਂ ਉੱਤੇ ਵੱਡਾ ਵਿੱਤੀ ਹਮਲਾ ਕਰਾਰ ਦਿੰਦਿਆਂ ਪੰਜਾਬ ਸਰਕਾਰ ਤੋਂ ਤੁਰੰਤ ਦਖ਼ਲ ਦੀ ਮੰਗ ਕੀਤੀ ਹੈ। ਪੁਡਕਾ ਦੀ ਵਿਸ਼ੇਸ਼ ਮੀਟਿੰਗ ਦੌਰਾਨ ਐੱਸ. ਐੱਸ. ਚੱਠਾ ਨੇ ਕਿਹਾ ਕਿ ਪਹਿਲਾਂ ਹੀ ਦਾਖਲਿਆਂ ਵਿੱਚ ਆਈ ਗਿਰਾਵਟ ਕਾਰਨ ਨਿੱਜੀ ਕਾਲਜ ਗੰਭੀਰ ਵਿੱਤੀ ਸੰਕਟ ਦਾ ਸਾਹਮਣਾ ਕਰ ਰਹੇ ਹਨ। ਅਜਿਹੇ ਸਮੇਂ ਵਿੱਚ ਯੂਨੀਵਰਸਿਟੀ ਵੱਲੋਂ ਫੀਸਾਂ ਅਤੇ ਹੋਰ ਵਿੱਤੀ ਬੋਝ ਵਿੱਚ ਕੀਤਾ ਗਿਆ ਬੇਤਹਾਸ਼ਾ ਵਾਧਾ ਉੱਚ ਸਿੱਖਿਆ ਨੂੰ ਵਿਦਿਆਰਥੀਆਂ ਦੀ ਪਹੁੰਚ ਤੋਂ ਦੂਰ ਕਰ ਦੇਵੇਗਾ।ਉਨ੍ਹਾਂ ਦੱਸਿਆ ਕਿ ਨਵੇਂ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਫੀਸ ਵਿੱਚ ਕਰੀਬ 80 ਫੀਸਦੀ ਵਾਧਾ ਕੀਤਾ ਗਿਆ ਹੈ, ਜਦਕਿ ਕਾਲਜਾਂ ਲਈ ਲਾਜ਼ਮੀ ਰਿਜ਼ਰਵ ਫੰਡ 20 ਲੱਖ ਰੁਪਏ ਤੋਂ ਵਧਾ ਕੇ 40 ਲੱਖ ਰੁਪਏ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਕਾਰਨ ਕਈ ਕਾਲਜਾਂ ਦੇ ਸਟਾਫ ਨੇ ਪ੍ਰੀਖਿਆ ਡਿਊਟੀਆਂ ਅਤੇ ਪੇਪਰ ਮੁਲਾਂਕਣ ਤੋਂ ਇਨਕਾਰ ਕਰਨਾ ਸ਼ੁਰੂ ਕਰ ਦਿੱਤਾ ਹੈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਐਸੋਸੀਏਸ਼ਨ ਦੇ ਸਰਪ੍ਰਸਤ ਡਾ. ਗੁਰਮੀਤ ਸਿੰਘ ਧਾਲੀਵਾਲ, ਸੀਨੀਅਰ ਮੀਤ ਪ੍ਰਧਾਨ ਡਾ. ਆਰ. ਕੇ. ਗੋਇਲ, ਇੰਜੀਨੀਅਰ ਆਰ. ਕੇ. ਗੁਪਤਾ, ਤਰਸੇਮ ਸੈਣੀ, ਗੁਰਤੇਜ ਸਿੰਘ ਬਰਾੜ, ਬਲਵਿੰਦਰ ਸਿੰਘ ਬਰਾੜ, ਡਾ. ਸਤਨਾਮ ਸਿੰਘ ਸੰਧੂ, ਬੀ.ਐੱਡ. ਕਾਲਜ ਐਸੋਸੀਏਸ਼ਨ ਦੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ, ਨਿਰਮਲ ਸਿੰਘ, ਰਾਮ ਸਿੰਘ ਢੱਲ, ਡਾ. ਮੋਹਨ ਲਾਲ ਗਰਗ, ਗੁਰਪ੍ਰੀਤ ਸਿੰਘ ਮਾਨ, ਮਨਜੀਤ ਸਿੰਘ ਚਹਿਲ, ਡਾ. ਅਮਰਜੀਤ ਸਿੰਘ ਸਿੱਧੂ ਅਤੇ ਐੱਮ. ਐੱਲ. ਬਾਂਸਲ ਨੇ ਵੀ ਯੂਨੀਵਰਸਿਟੀ ਦੀ ਨੀਤੀ ਦੀ ਨਿਖੇਧੀ ਕੀਤੀ।ਮੀਟਿੰਗ ਵਿੱਚ ਹਾਜ਼ਰ ਸਮੂਹ ਕਾਲਜ ਐਸੋਸੀਏਸ਼ਨਾਂ ਦੇ ਪ੍ਰਤੀਨਿਧੀਆਂ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਵਧਾਈ ਗਈ ਐੱਫ.ਡੀ.ਆਰ. ਰਾਸ਼ੀ ਕੋਈ ਵੀ ਕਾਲਜ ਜਮ੍ਹਾਂ ਨਹੀਂ ਕਰਵਾਏਗਾ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਫੀਸਾਂ ਅਤੇ ਫੰਡਾਂ ਵਿੱਚ ਕੀਤਾ ਗਿਆ ਵਾਧਾ ਤੁਰੰਤ ਵਾਪਸ ਨਾ ਲਿਆ ਗਿਆ ਤਾਂ ਸੂਬਾ ਪੱਧਰ 'ਤੇ ਤਿੱਖਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਯੂਨੀਵਰਸਿਟੀ ਪ੍ਰਸ਼ਾਸਨ ਦੀ ਹੋਵੇਗੀ।

# ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਲਈ ਸਿਖਲਾਈ ਦਿੱਤੀ




ਬਰਨਾਲਾ, 13 ਜੂਨ (ਬਘੇਲ ਸਿੰਘ ਧਾਲੀਵਾਲ) : ਪੰਜਾਬ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਨਟੈਂਸਿਵ ਰਵੀਜ਼ਨ 2026 ਦੀ ਪ੍ਰਕਿਰਿਆ ਨੂੰ ਸਫਲ ਬਣਾਉਣ ਲਈ ਅੱਜ ਜ਼ਿਲ੍ਹਾ ਚੋਣ ਅਫ਼ਸਰ ਸਹਿਤ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਆਈ.ਏ. ਐੱਸ ਦੀ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਮਾਸਟਰ ਟਰੇਨਰਾਂ ਵੱਲੋਂ ਵਿਧਾਨ ਸਭਾ ਚੋਣ ਹਲਕਾ 102-ਭਦੌੜ (ਅ.ਜ) ਅਤੇ 103-ਬਰਨਾਲਾ ਦੇ ਹਲਕਾ ਪੱਧਰੀ ਮਾਸਟਰ ਟਰੇਨਰਾਂ, ਟੈਕਨੀਕਲ ਸਟਾਫ ਤੇ ਬੀ.ਐੱਲ.ਓ ਸੁਪਰਵਾਈਜ਼ਰਾਂ ਨੂੰ ਸੰਖੇਪ ਟਰੇਨਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਦਿੱਤੀ ਗਈ।ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫਸਰ ਵਿਵੇਕ ਕੁਮਾਰ ਮੋਦੀ ਨੇ ਦੱਸਿਆ ਕਿ ਟਰੇਨਿੰਗ ਦੌਰਾਨ ਜ਼ਿਲ੍ਹਾ ਪੱਧਰੀ ਮਾਸਟਰ ਟਰੇਨਰ ਵੱਲੋਂ ਵਿਧਾਨ ਸਭਾ ਚੋਣ ਹਲਕਾ ਪੱਧਰੀ ਮਾਸਟਰ ਟਰੇਨਰਾਂ, ਸਮੂਹ ਬੀ.ਐੱਲ.ਓ ਸੁਪਰਵਾਈਜ਼ਰਾਂ ਅਤੇ ਟੈਕਨੀਕਲ ਸਟਾਫ ਨੂੰ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੀ ਸੁਧਾਈ 2026 ਦੀ ਸੋਧ ਪ੍ਰਕਿਰਿਆ ਅਤੇ ਗਣਨਾ ਫਾਰਮ ਭਰਨ ਦੇ ਸਹੀ ਤਰੀਕੇ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਲਈ ਹਰੇਕ ਬੀ.ਐੱਲ.ਓ ਮਿਤੀ 25.06.2026 ਤੋਂ 24.07.2026 ਤੱਕ ਆਪਣੇ ਆਪਣੇ ਖੇਤਰ ਵਿੱਚ ਘਰ-ਘਰ ਜਾ ਕੇ ਗਣਨਾ ਫਾਰਮ ਭਰਨ ਦਾ ਕੰਮ ਪੂਰੀ ਤਨਦੇਹੀ ਅਤੇ ਨਿਰਪੱਖਤਾ ਨਾਲ ਕਰੇ। ਉਨ੍ਹਾਂ ਕਿਹਾ ਕਿ ਫਾਰਮ ਭਰਨ ਸਮੇਂ ਕੋਈ ਵੀ ਯੋਗ ਵੋਟਰ ਦਾ ਨਾਮ ਨਾ ਛੁੱਟਣ ਦਿੱਤਾ ਜਾਵੇ ਅਤੇ ਕੋਈ ਵੀ ਗਲਤ ਜਾਣਕਾਰੀ ਦਰਜ ਨਾ ਕੀਤੀ ਜਾਵੇ। ਗਣਨਾ ਫਾਰਮ ਭਰਨ ਲਈ ਵੋਟਰਾਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਕੀਤੀ ਜਾਵੇ।ਇਸ ਟਰੇਨਿੰਗ ਦੌਰਾਨ ਰਾਮਜੀ ਲਾਲ, ਚੋਣ ਤਹਿਸੀਲਦਾਰ, ਮਨਜੀਤ ਸਿੰਘ, ਚੋਣ ਕਾਨੂੰਗੋ, ਹਰੀਸ਼ ਬਾਂਸਲ, ਪ੍ਰਿੰਸੀਪਲ, ਜਸਵਿੰਦਰ ਸਿੰਘ, ਲੈਕਚਰਾਰ, ਰਾਜੇਸ਼ ਕੁਮਾਰ, ਪ੍ਰਿੰਸੀਪਲ ਤੇ ਹੋਰ ਚੋਣ ਅਮਲਾ ਮੌਜੂਦ ਸੀ।

# ਪੰਚਮੁਖੀ ਹਨੂੰਮਾਨ ਅਤੇ ਸ਼ਨੀਦੇਵ ਮੰਦਰ ਕਮੇਟੀ ਵੱਲੋਂ ਦੋ ਬੱਸਾਂ ਰਣੀਕੇ ਲਈ ਰਵਾਨਾ



ਤਪਾ ਮੰਡੀ, 13 ਜੂਨ (ਰਾਜੂ ਮਹਿਰਾ) : ਪੰਚਮੁਖੀ ਹਨੂੰਮਾਨ ਅਤੇ ਸ਼ਨੀਦੇਵ ਮੰਦਰ ਕਮੇਟੀ ਵੱਲੋਂ ਤਰੋਦਸ਼ੀ ਮੌਕੇ ਦੋ ਫਰੀ ਬੱਸਾਂ ਰਣੀਕੇ ਮੰਦਰ ਵਿਖੇ ਲਿਜਾਈਆਂ ਗਈਆਂ। ਜਿੱਥੇ ਸ਼ਿਵ ਭਗਤਾਂ ਨੇ ਸ਼ਿਵਲਿੰਗ ਤੇ ਜਲ ਅਰਪਿਤ ਕਰਕੇ ਇਲਾਕੇ ਦੀ ਸੁੱਖ ਸ਼ਾਂਤੀ ਅਤੇ ਖੁਸ਼ਹਾਲੀ ਲਈ ਮਨੋਕਾਮਨਾ ਕੀਤੀ। ਇਸ ਮੌਕੇ ਸਮੂਹ ਸ਼ਰਧਾਲੂਆਂ 'ਚ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ। ਸਮੂਹ ਸ਼ਰਧਾਲੂਆਂ ਨੇ ਭੋਲੇ ਨਾਥ ਕੀ ਜੈ ਦੇ ਜੈਕਾਰੇ ਲਗਾਏ।ਦੱਸ ਦੇਈਏ ਕਿ ਮੰਦਰ ਕਮੇਟੀ ਵੱਲੋਂ ਪਿਛਲੇ ਅੱਠ ਸਾਲਾਂ ਤੋਂ ਹਰ ਮਹੀਨੇ ਦੀ ਤਰੋਦਸ਼ੀ ਨੂੰ ਫਰੀ ਬੱਸ ਰਣੀਕੇ ਮੰਦਿਰ ਲਈ ਭੇਜੀਆ ਜਾਂਦੀਆ ਹਨ। ਇਸ ਮੌਕੇ ਹਰੀਸ਼ ਮਿੱਤਲ ਗੋਸ਼ਾ, ਸਰੇਸ਼ ਮਿੱਤਲ, ਹੀਰਾ ਲਾਲ ਕਾਲਾ, ਹਰੀਸ਼ ਬਾਂਸਲ, ਭੂਸ਼ਨ ਬਾਂਸਲ, ਤਾਰੀ ਦਰਾਜ, ਸ਼ਿਵਮ ਬਾਂਸਲ, ਗੁਰਵਿੰਦਰ ਮਿਸਤਰੀ ਆਦਿ ਵੱਡੀ ਗਿਣਤੀ 'ਚ ਸ਼ਰਧਾਲੂ ਮੌਜੂਦ ਸਨ।

# ਸ੍ਰੀ ਅਗਰਵਾਲ ਪੀਰਖ਼ਾਨਾ ਕਮੇਟੀ ਤਪਾ ਵੱਲੋਂ ਸਾਲਾਨਾ ਦੀਵਾਨ ਅਤੇ ਭੰਡਾਰਾ 18 ਜੂਨ ਨੂੰ



ਤਪਾ ਮੰਡੀ, 13 ਜੂਨ (ਰਾਜੂ ਮਹਿਰਾ) : ਸ੍ਰੀ ਅਗਰਵਾਲ ਪੀਰਖਾਨਾ ਕਮੇਟੀ ਤਪਾ ਦੇ ਪ੍ਰਧਾਨ ਹੇਮਰਾਜ ਸ਼ੰਟੀ ਮੌੜ ਦੀ ਦੇਖ-ਰੇਖ ਹੇਠ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਮੂਹ ਨਗਰ ਦੇ ਸਹਿਯੋਗ ਨਾਲ ਬਾਬਾ ਲੱਖਦਾਤਾ ਪੀਰ ਸਾਹਿਬ ਅਤੇ ਬਾਬਾ ਮਲੇਰਕੋਟਲੇ ਵਾਲੇ ਮੀਰਾਂ ਸਾਹਿਬ ਦਾ 33ਵਾਂ ਸਾਲਾਨਾ ਸ਼ੁੱਭ ਦੀਵਾਨ ਮਿਤੀ 18 ਜੂਨ ਦਿਨ ਵੀਰਵਾਰ ਨੂੰ ਘੜੈਲੀ ਰੋਡ 'ਤੇ ਸਥਿਤ ਪੀਰਖਾਨਾ ਤਪਾ ਵਿਖੇ ਸਜਾਇਆ ਜਾ ਰਿਹਾ ਹੈ। ਜਿਸ ਸਬੰਧੀ ਇਸ ਧਾਰਮਿਕ ਸਮਾਗਮ ਦਾ ਕਾਰਡ ਪ੍ਰਬੰਧਕ ਕਮੇਟੀ ਵਲੋਂ ਜਾਰੀ ਕੀਤਾ ਗਿਆ। ਸਮਾਗਮ ਸਬੰਧੀ ਜਾਣਕਾਰੀ ਦਿੰਦੇ ਹੋਏ ਕਮੇਟੀ ਦੇ ਪ੍ਰਧਾਨ ਹੇਮ ਰਾਜ ਸ਼ੰਟੀ ਮੌੜ ਨੇ ਦੱਸਿਆ ਕਿ ਇਸ ਸ਼ੁੱਭ ਦਿਹਾੜੇ 'ਤੇ ਬਾਬਾ ਬਿੱਟੂ ਜੀ (ਪਟਿਆਲੇ ਵਾਲੇ) ਦੀਵਾਨ ਸਜਾਉਣਗੇ, ਜਿਨ੍ਹਾਂ ਦਾ ਕਮੇਟੀ ਵਲੋਂ ਫੁੱਲਾਂ ਦੀ ਵਰਖਾ ਕਰ ਕੇ ਭਰਵਾਂ ਸਵਾਗਤ ਕੀਤਾ ਜਾਵੇਗਾ। ਸ਼ੇਖ ਸਾਈਆਂ ਵਲੋਂ ਬਾਬਾ ਜੀ ਦਾ ਯਸ਼ ਗਾਇਨ ਕੀਤਾ ਜਾਵੇਗਾ। ਕਮੇਟੀ ਵਲੋਂ ਪੀਰਖਾਨਾ ਨੂੰ ਰੰਗ ਬਰੰਗੀਆਂ ਦੀਪਮਲਾਵਾਂ ਨਾਲ ਬਾਖ਼ੂਬੀ ਢੰਗ ਨਾਲ ਸਜਾਇਆ ਜਾਵੇਗਾ। ਵੱਖ-ਵੱਖ ਸਮਾਜ ਸੇਵੀ ਕਲੱਬਾਂ ਵੱਲੋਂ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਬੰਟੀ ਬਾਬਾ ਜੀ ਲੁਧਿਆਣਾ ਵਾਲਿਆਂ ਵਲੋਂ ਮਿਤੀ 17 ਜੂਨ ਦਿਨ ਬੁੱਧਵਾਰ ਨੂੰ ਸ਼ਾਮ 6 ਵਜੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਇਸ ਮੌਕੇ ਬਾਬਾ ਛੱਤਰੀ, ਬਾਬਾ ਬਘੇਲ ਸ਼ੇਖ,ਕਮਲ ਗੋਇਲ, ਰਾਜੂ ਗੋਇਲ, ਕ੍ਰਿਸ਼ਨ ਗੋਇਲ, ਟੀ.ਟੀ. ਬਾਬਾ, ਸੁਭਾਸ਼ ਮੁਨੀਮ, ਭੂਸ਼ਨ ਰੂੜੇਕੇ ਵਾਲੇ, ਜਗਦੀਸ਼ ਰਾਏ ਘੁੰਨਸ, ਇੰਦਰਸੈਨ ਢਿਲਵਾਂ, ਭਗਵੰਤ ਰਾਏ, ਸ਼ਿਵਜੀ ਭੈਣੀ, ਤਰਸੇਮ ਰੂੜੇਕੇ, ਰਾਜੂ ਧੌਲਾ, ਲਵਲੀ ਕੁਮਾਰ, ਸੋਨੀ ਸ਼ਹਿਣਾ, ਰਾਜ ਕੁਮਾਰ ਪੱਖੋ, ਹਰਬੰਸ ਲਾਲ, ਜੁਬੀ ਬਾਂਸਲ, ਦਾਰਾ ਸਿੰਘ, ਸੁਰਿੰਦਰ ਕੁਮਾਰ, ਰਤਿਸ਼ ਗਰਗ, ਬਰਫੀ, ਕੇਵਲ ਬਰੇਟਾ, ਤਰਸੇਮ ਲਾਲ, ਕ੍ਰਿਸ਼ਨ ਗੋਇਲ,ਰਾਜੂ ਗੋਇਲ, ਬੰਟੀ ਸਟੂਡੀਓ, ਸੁਸ਼ੀਲ ਕੁਮਾਰ, ਵਿਪਨ ਕੁਮਾਰ ਆਦਿ ਸਮੂਹ ਕਮੇਟੀ ਮੈਂਬਰ ਮੌਜੂਦ ਸਨ।

# ਬੀ.ਵੀ.ਐਮ. ਸਕੂਲ ਦੇ ਨੰਨ੍ਹੇ ਬੱਚਿਆਂ ਨੇ ਕੀਤਾ ਰਾਈਸ ਸੈਂਸਰੀ ਪਲੇ




ਬਰਨਾਲਾ, 13 ਜੂਨ (ਹਮੀਰ ਸਿੰਘ) : ਬੀਵੀਐਮ ਇੰਟਰਨੈਸ਼ਨਲ ਸਕੂਲ ਵਿੱਚ ਪਲੇ-ਵੇ ਕਲਾਸ ਦੇ ਨੰਨ੍ਹੇ ਵਿਦਿਆਰਥੀਆਂ ਲਈ 'ਰਾਈਸ ਸੈਂਸਰੀ ਪਲੇ ਗਤੀਵਿਧੀ' ਕਰਵਾਈ ਗਈ। ਇਸ ਦੌਰਾਨ ਬੱਚਿਆਂ ਨੇ ਚੌਲਾਂ ਨਾਲ ਭਰੀਆਂ ਰੰਗੀਨ ਟਰੇਆਂ ਵਿੱਚ ਖੇਡਦਿਆਂ ਵੱਖ-ਵੱਖ ਆਕ੍ਰਿਤੀਆਂ ਅਤੇ ਡਿਜ਼ਾਈਨ ਬਣਾਏ ਅਤੇ ਸਪਰਸ਼ ਰਾਹੀਂ ਨਵੇਂ ਤਜਰਬੇ ਹਾਸਲ ਕੀਤੇ।ਗਤੀਵਿਧੀ ਨੇ ਬੱਚਿਆਂ ਦੀਆਂ ਫਾਈਨ ਮੋਟਰ ਸਕਿੱਲਜ਼, ਹੱਥ-ਅੱਖਾਂ ਦੇ ਤਾਲਮੇਲ ਅਤੇ ਇਕਾਗਰਤਾ ਨੂੰ ਵਿਕਸਤ ਕਰਨ ਵਿੱਚ ਮੱਦਦ ਕੀਤੀ। ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਸਿੱਖਣ ਨੂੰ ਰੁਚਿਕਰ ਅਤੇ ਆਨੰਦਮਈ ਬਣਾਇਆ।ਸਕੂਲ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਨੇ ਕਿਹਾ ਕਿ ਸੈਂਸਰੀ ਗਤੀਵਿਧੀਆਂ ਬੱਚਿਆਂ ਦੇ ਮਾਨਸਿਕ, ਸਰੀਰਕ ਅਤੇ ਭਾਵਨਾਤਮਕ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ ਅਤੇ ਸਕੂਲ ਹਮੇਸ਼ਾ ਅਜਿਹੇ ਨਵੀਨਤਮ ਸਿੱਖਿਆਤਮਕ ਉਪਰਾਲਿਆਂ ਲਈ ਵਚਨਬੱਧ ਹੈ।

# ਦੁਰਗਾ ਵਾਹਿਨੀ ਵੱਲੋਂ ਭੈਣਾਂ ਅਤੇ ਧੀਆਂ ਲਈ ਸਵੈ-ਰੱਖਿਆ ਸਿਖਲਾਈ ਕੈਂਪ ਦੀਆਂ ਤਿਆਰੀਆਂ ਜ਼ੋਰਾਂ 'ਤੇ




ਬਰਨਾਲਾ, 13 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਵਿਸ਼ਵ ਹਿੰਦੂ ਪ੍ਰੀਸ਼ਦ ਬਰਨਾਲਾ ਵੱਲੋਂ 20 ਜੂਨ ਤੋਂ 28 ਜੂਨ ਤੱਕ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜ, ਬਰਨਾਲਾ ਵਿਖੇ ਦੁਰਗਾ ਵਾਹਿਨੀ ਮਹਿਲਾ ਸ਼ਕਤੀ ਸਿਖਲਾਈ ਕਲਾਸ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਦੀਆਂ ਤਿਆਰੀਆਂ ਪੂਰੇ ਜ਼ੋਰਾਂ 'ਤੇ ਚੱਲ ਰਹੀਆਂ ਹਨ।ਸਿਖਲਾਈ ਕੈਂਪ ਦੀਆਂ ਤਿਆਰੀਆਂ ਨੂੰ ਮੁਕੰਮਲ ਰੂਪ ਦੇਣ ਲਈ ਆਸਥਾ ਧਾਮ ਮੰਦਰ ਆਸਥਾ ਕਲੋਨੀ ਧਨੌਲਾ ਰੋਡ ਬਰਨਾਲਾ ਵਿਖੇ ਅੱਜ ਇੱਕ ਵਿਸ਼ੇਸ਼ ਸਵੇਰੇ 10 ਵਜੇ ਮੀਟਿੰਗ ਹੋ ਰਹੀ ਹੈ, ਜਿਸ ਵਿੱਚ ਬਾਹਰੋਂ ਆ ਰਹੇ ਅਧਿਕਾਰੀ ਵੀ ਸ਼ਾਮਲ ਹੋਣਗੇ। ਇਹ ਸ਼ਬਦ ਵਿਸ਼ਵ ਹਿੰਦੂ ਪ੍ਰੀਸ਼ਦ ਵਿਭਾਗ ਦੇ ਮੰਤਰੀ ਨੀਲਮਣੀ ਸਮਾਧੀਆ ਨੇ ਦੁਰਗਾ ਵਾਹਿਨੀ ਅਤੇ ਵਿਸ਼ਵ ਹਿੰਦੂ ਪ੍ਰੀਸ਼ਦ ਵਿਚਕਾਰ ਹੋਈ ਮੀਟਿੰਗ ਵਿੱਚ ਕਹੇ। ਨੀਲਮਣੀ ਸਮਾਧੀਆ ਨੇ ਕਿਹਾ ਕਿ ਸਾਡੀਆਂ ਭੈਣਾਂ ਅਤੇ ਧੀਆਂ ਨੂੰ ਤਲਵਾਰਬਾਜ਼ੀ, ਲਾਠੀ ਲੜਾਈ, ਬੰਦੂਕ ਚਲਾਉਣ, ਕਮਾਂਡੋ ਸਿਖਲਾਈ, ਸਵੈ-ਰੱਖਿਆ ਸਿਖਲਾਈ, ਬੌਧਿਕ ਸਿਖਲਾਈ, ਆਪਣੇ ਧਰਮ, ਆਪਣੇ ਰਾਸ਼ਟਰ ਬਾਰੇ ਗਿਆਨ ਅਤੇ ਸਵੈ-ਰੱਖਿਆ ਦੀ ਸਿਖਲਾਈ ਦਿੱਤੀ ਜਾਵੇਗੀ। ਸਾਰੇ ਗ੍ਰੰਥਾਂ ਅਤੇ ਧਾਰਮਿਕ ਗ੍ਰੰਥਾਂ ਦਾ ਗਿਆਨ ਪ੍ਰਦਾਨ ਕੀਤਾ ਜਾਵੇਗਾ। ਲਵ ਜੇਹਾਦ ਅਤੇ ਧਰਮ ਪਰਿਵਰਤਨ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਜਾਵੇਗੀ। ਇਹ ਕਲਾਸ 8 ਦਿਨਾਂ ਤੱਕ ਜਾਰੀ ਰਹੇਗੀ। ਮਿਤੀ 27 ਜੂਨ ਨੂੰ ਇਨ੍ਹਾਂ ਭੈਣਾਂ-ਧੀਆਂ ਦੀ ਸ਼ੌਰਿਆ ਯਾਤਰਾ ਪੂਰੇ ਬਰਨਾਲਾ ਵਿੱਚ ਤਲਵਾਰਾਂ, ਸੋਟੀਆਂ ਅਤੇ ਭਾਗਵਤ ਝੰਡੇ ਲੈ ਕੇ ਨਿਕਲੇਗੀ ਅਤੇ 27 ਤਰੀਕ ਨੂੰ ਹੀ ਸ਼ਾਮ ਨੂੰ ਭੈਣਾਂ ਵੱਲੋਂ ਦੇਸ਼ ਭਗਤੀ ਦੇ ਗੀਤਾਂ ਦਾ ਪ੍ਰੋਗਰਾਮ 'ਏਕ ਸ਼ਾਮ ਭਾਰਤ ਮਾਤਾ ਦੇ ਨਾਮ' ਆਯੋਜਿਤ ਕੀਤਾ ਜਾਵੇਗਾ ਅਤੇ ਇਹ ਪ੍ਰੋਗਰਾਮ 28 ਤਰੀਕ ਨੂੰ ਸਵੇਰੇ 10:00 ਵਜੇ ਸਮਾਪਤ ਹੋਵੇਗਾ। ਇਸ ਮੌਕੇ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਜ਼ਿਲ੍ਹਾ ਪ੍ਰਧਾਨ ਯਸ਼ਪਾਲ ਸ਼ਰਮਾ, ਜ਼ਿਲ੍ਹਾ ਮੰਤਰੀ ਪ੍ਰੇਮ ਕੁਮਾਰ ਰਾਏਸਰ ਵਾਲੇ, ਜ਼ਿਲ੍ਹਾ ਸਹਿ-ਮੰਤਰੀ ਤੇਜਿੰਦਰ ਪਿੰਟਾ, ਜ਼ਿਲ੍ਹਾ ਉਪ-ਪ੍ਰਧਾਨ ਰਾਜੇਸ਼ ਚੀਮਾ, ਦੁਰਗਾ ਵਾਹਿਨੀ ਦੇ ਵਿਭਾਗ ਕੋਆਰਡੀਨੇਟਰ ਸਿਸਟਰ ਤਮੰਨਾ, ਜ਼ਿਲ੍ਹਾ ਕੋਆਰਡੀਨੇਟਰ ਸਿਸਟਰ ਆਰਤੀ, ਕੋਆਰਡੀਨੇਟਰ ਰਿਤਿਕਾ ਅਤੇ ਦੁਰਗਾ ਵਾਨੀ ਮਾਤਰੀ ਸ਼ਕਤੀ ਦੀਆਂ ਸਾਰੀਆਂ ਭੈਣਾਂ ਮੌਜੂਦ ਸਨ। ਉਨ੍ਹਾਂ ਸ਼ਹਿਰ ਦੀਆਂ ਸਾਰੀਆਂ ਹੀ ਸੰਸਥਾਵਾਂ ਨੂੰ ਇਸ ਮੀਟਿੰਗ 'ਚ ਪਹੁੰਚਣ ਦੀ ਅਪੀਲ ਕੀਤੀ ਹੈ।

# ਏ.ਸੀ. ਸਰਵਿਸ ਦੌਰਾਨ ਕੰਪ੍ਰੈਸ਼ਰ ਬਲਾਸਟ, ਮਕੈਨਿਕ ਦੀ ਮੌਤ

ਬਰਨਾਲਾ, 13 ਜੂਨ (ਬਘੇਲ ਸਿੰਘ ਧਾਲੀਵਾਲ): ਬਰਨਾਲਾ ਦੇ ਕੱਚਾ ਕਾਲਜ ਰੋਡ ਇਲਾਕੇ ਵਿੱਚ ਸ਼ੁੱਕਰਵਾਰ ਦੁਪਹਿਰ ਕਰੀਬ 1:30 ਵਜੇ ਇੱਕ ਦਰਦਨਾਕ ਹਾਦਸਾ ਵਾਪਰ ਗਿਆ, ਜਿਸ ਵਿੱਚ ਇੱਕ ਨੌਜਵਾਨ ਮਕੈਨਿਕ ਦੀ ਮੌਤ ਹੋ ਗਈ। ਮ੍ਰਿਤਕ ਦੀ ਪਹਿਚਾਣ 27 ਸਾਲਾ ਸਿਕੰਦਰ ਸਿੰਘ ਵਜੋਂ ਹੋਈ ਹੈ, ਜੋ ਪਿੰਡ ਠੀਕਰੀਵਾਲ ਦਾ ਵਸਨੀਕ ਦੱਸਿਆ ਜਾ ਰਿਹਾ ਹੈ।ਮਿਲੀ ਜਾਣਕਾਰੀ ਅਨੁਸਾਰ ਸਿਕੰਦਰ ਸਿੰਘ ਕੇ.ਸੀ. ਰੋਡ ਦੀ 10 ਨੰਬਰ ਗਲੀ ਵਿੱਚ ਇੱਕ ਏ.ਸੀ. ਦੀ ਸਰਵਿਸ ਕਰ ਰਿਹਾ ਸੀ। ਇਸ ਦੌਰਾਨ ਅਚਾਨਕ ਏ.ਸੀ. ਦਾ ਕੰਪ੍ਰੈਸ਼ਰ ਵੱਧ ਪ੍ਰੈਸ਼ਰ ਹੋਣ ਕਾਰਨ ਜ਼ੋਰਦਾਰ ਧਮਾਕੇ ਨਾਲ ਫਟ ਗਿਆ। ਧਮਾਕਾ ਇੰਨਾ ਭਿਆਨਕ ਸੀ ਕਿ ਸਿਕੰਦਰ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।ਹਾਦਸੇ ਤੋਂ ਤੁਰੰਤ ਬਾਅਦ ਮੌਕੇ 'ਤੇ ਮੌਜੂਦ ਲੋਕਾਂ ਵੱਲੋਂ ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਬਰਨਾਲਾ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।ਇਸ ਦੁਖਦਾਈ ਘਟਨਾ ਦੀ ਖ਼ਬਰ ਮਿਲਦਿਆਂ ਹੀ ਬਰਨਾਲਾ ਸ਼ਹਿਰ ਅਤੇ ਮ੍ਰਿਤਕ ਦੇ ਜੱਦੀ ਪਿੰਡ ਠੀਕਰੀਵਾਲ ਵਿੱਚ ਸੋਗ ਦੀ ਲਹਿਰ ਦੌੜ ਗਈ। ਪਰਿਵਾਰਕ ਮੈਂਬਰਾਂ ਅਤੇ ਇਲਾਕਾ ਵਾਸੀਆਂ ਵਿੱਚ ਗਹਿਰਾ ਦੁੱਖ ਪਾਇਆ ਜਾ ਰਿਹਾ ਹੈ। ਘਟਨਾ ਦੀ ਸੂਚਨਾ ਪੁਲਿਸ ਨੂੰ ਦੇ ਦਿੱਤੀ ਗਈ ਹੈ। ਬਰਨਾਲਾ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਹਾਦਸੇ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਤਫ਼ਤੀਸ਼ ਜਾਰੀ ਹੈ।

# ਆਰੀਆਭੱਟਾ ਕਾਲਜ ਨੇ ਪ੍ਰਸਿੱਧ ਸੀ.ਏ. ਮਾਹਿਰਾਂ ਨਾਲ ਕੀਤਾ ਐਮ.ਓ.ਯੂ., ਵਿਦਿਆਰਥੀਆਂ ਨੂੰ ਮਿਲੇਗੀ ਪ੍ਰੈਕਟੀਕਲ ਵਿੱਤੀ ਸਿੱਖਿਆ



ਬਰਨਾਲਾ, 13 ਜੂਨ (ਬਘੇਲ ਸਿੰਘ ਧਾਲੀਵਾਲ) : ਆਰੀਆਭੱਟਾ ਗਰੁੱਪ ਆਫ ਇੰਸਟੀਚਿਊਟਸ, ਬਰਨਾਲਾ ਨੇ ਕਾਮਰਸ ਅਤੇ ਮੈਨੇਜਮੈਂਟ ਦੇ ਵਿਦਿਆਰਥੀਆਂ ਨੂੰ ਉਦਯੋਗਿਕ ਅਤੇ ਪ੍ਰੈਕਟੀਕਲ ਸਿੱਖਿਆ ਨਾਲ ਜੋੜਨ ਲਈ ਸੀਏ ਕੁਲਦੀਪ ਕੁਮਾਰ ਬਾਂਸਲ, ਸੀਏ ਸੁਨੀਲ ਜਿੰਦਲ, ਸੀਏ ਰਾਜ ਬਾਂਸਲ ਅਤੇ ਸੀਏ ਕਵਿਸ਼ ਮੰਗਲਾ ਨਾਲ ਇੱਕ ਮਹੱਤਵਪੂਰਨ ਐਮਓਯੂ ਸਾਈਨ ਕੀਤਾ। ਇਸ ਤਹਿਤ ਹਰ ਹਫ਼ਤੇ ਟ੍ਰੇਨਿੰਗ ਕਲਾਸਾਂ, ਸੈਮੀਨਾਰ ਅਤੇ ਵਰਕਸ਼ਾਪਾਂ ਕਰਵਾਈਆਂ ਜਾਣਗੀਆਂ, ਜਿਨ੍ਹਾਂ ਵਿੱਚ ਜੀਐਸਟੀ, ਇਨਕਮ ਟੈਕਸ, ਸਟਾਕ ਮਾਰਕੀਟ, ਆਰਬੀਆਈ ਅਪਡੇਟਸ, ਫਾਇਨੈਂਸ਼ੀਅਲ ਪਲੈਨਿੰਗ, ਬੈਂਕਿੰਗ ਅਤੇ ਕਾਰਪੋਰੇਟ ਕੰਪਲਾਇੰਸ ਬਾਰੇ ਪ੍ਰੈਕਟੀਕਲ ਜਾਣਕਾਰੀ ਦਿੱਤੀ ਜਾਵੇਗੀ।ਸੀਏ ਕੁਲਦੀਪ ਕੁਮਾਰ ਬਾਂਸਲ, ਸੀਏ ਸੁਨੀਲ ਜਿੰਦਲ, ਸੀਏ ਰਾਜ ਬਾਂਸਲ ਅਤੇ ਸੀਏ ਕਵਿਸ਼ ਮੰਗਲਾ ਨੇ ਕਿਹਾ ਕਿ ਇਹ ਪਹਿਲ ਵਿਦਿਆਰਥੀਆਂ ਨੂੰ ਮੌਜੂਦਾ ਉਦਯੋਗਿਕ ਲੋੜਾਂ ਅਨੁਸਾਰ ਤਿਆਰ ਕਰਕੇ ਉਨ੍ਹਾਂ ਦੀ ਰੁਜ਼ਗਾਰ ਯੋਗਤਾ ਵਧਾਏਗੀ।ਕਾਲਜ ਦੇ ਚੇਅਰਮੈਨ ਇੰਜੀ. ਰਾਕੇਸ਼ ਗੁਪਤਾ, ਪ੍ਰਬੰਧਕ ਕਮੇਟੀ ਮੈਂਬਰ ਰਾਜੀਵ ਮੰਗਲਾ, ਵਿਕੀ ਸਿੰਗਲ, ਇੰਦਰਪਾਲ ਗੋਇਲ, ਹਰਭਜਨ ਸਿੰਘ, ਮੋਹਿਤ ਮੰਗਲਾ ਅਤੇ ਅਸ਼ਵਨੀ ਸਿੰਗਲਾ ਨੇ ਕਿਹਾ ਕਿ ਇਹ ਉਪਰਾਲਾ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਅਸਲ ਕਾਰੋਬਾਰੀ ਅਤੇ ਵਿੱਤੀ ਜਗਤ ਦੀ ਸਮਝ ਪ੍ਰਦਾਨ ਕਰੇਗਾ। ਡਾਇਰੈਕਟਰ ਡਾ. ਅਜੈ ਕੁਮਾਰ ਮਿੱਤਲ, ਡੀਨ ਅਕੈਡਮਿਕਸ ਡਾ. ਭਾਵੇਂਤ ਗਰਗ ਅਤੇ ਡੀਨ ਇੰਜੀਨੀਅਰਿੰਗ ਰਜਨੀਸ਼ ਨਰੂਲਾ ਨੇ ਕਿਹਾ ਕਿ ਇਹ ਐਮਓਯੂ ਵਿਦਿਆਰਥੀਆਂ ਨੂੰ ਉਦਯੋਗ-ਕੇਂਦਰਿਤ ਸਿੱਖਿਆ ਨਾਲ ਜੋੜਨ ਵੱਲ ਅਹਿਮ ਕਦਮ ਹੈ। ਇਸ ਮੌਕੇ ਕੋਆਰਡੀਨੇਟਰ ਡਾ. ਜਸ਼ਨਜੋਤ, ਸ੍ਰੀਮਤੀ ਭਾਵੁਕਤਾ ਸ਼ਰਮਾ, ਵਿਜੇ ਕੁਮਾਰ, ਜਤਿੰਦਰ ਦਹੀਆ, ਕਮਲਜੀਤ ਕੌਰ, ਕੁਲਦੀਪ ਸਿੰਘ ਅਤੇ ਚਤਿੰਦਰ ਸਿੰਘ ਵੀ ਹਾਜ਼ਰ ਸਨ।

# ਸਤਪਾਲ ਸੱਤਾ ਨੂੰ ਸ੍ਰੀ ਨੈਨਾ ਦੇਵੀ ਲੰਗਰ ਟਰੱਸਟ ਬਰਨਾਲਾ ਦਾ ਪ੍ਰਧਾਨ ਚੁਣਿਆ



ਬਰਨਾਲਾ 13 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਮਾਤਾ ਦੇ ਭਗਤ ਸਤਪਾਲ ਸੱਤਾ ਨੂੰ ਸਰਬਸੰਮਤੀ ਨਾਲ ਸ਼੍ਰੀ ਨੈਨਾ ਦੇਵੀ ਲੰਗਰ ਟਰੱਸਟ (ਰਜਿ) ਬਰਨਾਲਾ ਦਾ ਪ੍ਰਧਾਨ ਚੁਣਿਆ ਗਿਆ ਹੈ , ਜੋ ਕਿ ਸਾਵਨ ਦੇ ਮਹੀਨੇ, ਅੱਸੂ ਦੇ ਮਹੀਨੇ ਅਤੇ ਹਰ ਸਾਲ 31 ਦਸੰਬਰ ਨੂੰ ਮਾਤਾ ਨੈਨਾ ਦੇਵੀ ਕੌਲਾਂ ਵਾਲਾ ਟੋਭਾ ਵਿਖੇ ਪਿਛਲੇ 40-50 ਸਾਲਾਂ ਤੋਂ ਲੰਗਰ ਦੀ ਸੇਵਾ ਕਰਦਾ ਆ ਰਿਹਾ ਹੈ। ਇਸ ਸੰਸਥਾ ਵੱਲੋਂ ਸ਼੍ਰੀ ਕ੍ਰਿਸ਼ਨ ਪੰਚਾਇਤੀ ਮੰਦਰ ਵਿਖੇ ਸਾਰੇ ਟਰੱਸਟੀਆਂ ਅਤੇ ਸ਼ਹਿਰ ਦੇ ਮੋਹਤਬਰ ਬੰਦਿਆਂ ਦੀ ਹਾਜ਼ਰੀ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ ਵਿੱਚ ਸਤਪਾਲ ਸੱਤਾ ਨੂੰ ਸਰਬਸੰਮਤੀ ਨਾਲ ਸ਼੍ਰੀ ਨੈਨਾ ਦੇਵੀ ਲੰਗਰ ਟਰੱਸਟ (ਰਜਿ) ਦਾ ਪ੍ਰਧਾਨ ਚੁਣਿਆ ਗਿਆ। ਪੱਤਰਕਾਰ ਨਾਲ ਗੱਲਬਾਤ ਕਰਦਿਆਂ ਨਵ ਨਿਯੁਕਤ ਪ੍ਰਧਾਨ ਸਤਪਾਲ ਸੱਤਾ ਨੇ ਦੱਸਿਆ ਕਿ ਸ਼੍ਰੀ ਨੈਨਾ ਦੇਵੀ ਲੰਗਰ ਟਰੱਸਟ (ਰਜਿ) ਪਿਛਲੇ 40-50 ਸਾਲਾਂ ਤੋਂ ਮਾਤਾ ਨੈਨਾ ਦੇਵੀ ਵਿਖੇ ਲੰਗਰ ਲਗਾਉਂਦਾ ਆ ਰਿਹਾ ਹੈ। ਅਤੇ 2008 ਤੋਂ ਬਾਦ ਪਹਿਲੀ ਵਾਰ ਸਾਡੀ ਸੰਸਥਾ ਵਿੱਚ ਪ੍ਰਧਾਨ ਦੀ ਚੋਣ ਹੋਈ ਹੈ।ਸਾਡੀ ਸੰਸਥਾ ਦੇ 31 ਟਰੱਸਟੀ ਬਣੇ ਹੋਏ ਹਨ, ਜਿਸ ਵਿੱਚੋਂ 5 ਟਰੱਸਟੀ ਸਵਰਗ ਸਿਧਾਰ ਗਏ ਹਨ ਅਤੇ ਹੁਣ ਸਾਡੀ ਸੰਸਥਾ ਦੇ 26 ਟਰੱਸਟੀ ਰਹਿ ਗਏ ਹਨ ਅਤੇ ਇਹਨਾਂ ਸਾਰਿਆਂ ਦੀ ਸਹਿਮਤੀ ਨਾਲ ਹੀ ਮੈਨੂੰ ਪ੍ਰਧਾਨ ਚੁਣਿਆ ਗਿਆ ਹੈ ਉਹਨਾਂ ਦੱਸਿਆ ਕਿ ਮੇਰੇ ਉੱਪਰ ਵਿਸ਼ਵਾਸ ਕਰਕੇ ਟਰੱਸਟੀਆਂ ਵੱਲੋਂ ਜੋ ਮੈਨੂੰ ਜਿੰਮੇਵਾਰੀ ਸੌਂਪੀ ਗਈ ਹੈ ਮੈਂ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਵਾਂਗਾ ਅਤੇ ਮਾਤਾ ਨੈਨਾ ਦੇਵੀ ਦਰਬਾਰ ਉੱਪਰ ਜਾਣ ਵਾਲਿਆਂ ਸੰਗਤਾਂ ਦੇ ਖਾਣ ਪੀਣ ਅਤੇ ਰਹਿਣ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਹਨਾਂ ਦੱਸਿਆ ਕਿ ਸਾਰਿਆਂ ਵੱਲੋਂ ਮੈਨੂੰ ਪ੍ਰਧਾਨ ਬਣਾਉਣ ਦੇ ਨਾਲ ਨਾਲ ਆਪਣੀ ਟੀਮ ਤਿਆਰ ਕਰਨ ਦੀ ਜਿੰਮੇਵਾਰੀ ਵੀ ਮੈਨੂੰ ਸੌਂਪੀ ਗਈ ਅਤੇ ਮੇਰੇ ਵੱਲੋਂ ਰਜਿੰਦਰ ਪਾਲ ਨੂੰ ਚੇਅਰਮੈਨ, ਹਰੀ ਚੰਦ ਗੁਪਤਾ ਨੂੰ ਕੈਸ਼ੀਅਰ, ਜੌਨੀ ਗਾਰਮੈਂਟ ਅਤੇ ਕੇਵਲ ਬਾਂਸਲ ਨੂੰ ਵਾਈਸ ਪ੍ਰੈਜ਼ੀਡੈਂਟ,ਨਰਿੰਦਰ ਚੋਪੜਾ ਨੂੰ ਜਨਰਲ ਸਕੱਤਰ ਅਤੇ ਕ੍ਰਿਸ਼ਨ ਜਿੰਦਲ ਨੂੰ ਪ੍ਰੋਜੈਕਟ ਚੇਅਰਮੈਨ ਲਗਾਇਆ ਗਿਆ ਹੈ ਇਸ ਮੌਕੇ ਸਾਰਿਆਂ ਵੱਲੋਂ ਨਵੇਂ ਬਣੀ ਹੋਈ ਟੀਮ ਨੂੰ ਵਧਾਈ ਦਿੱਤੀ ਗਈ ਅਤੇ ਸਾਰਿਆਂ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਨਵੀਂ ਟੀਮ ਪੂਰੀ ਇਮਾਨਦਾਰੀ ਨਾਲ ਇਸ ਸੰਸਥਾ ਨੂੰ ਹੋਰ ਵੀ ਅੱਗੇ ਲਿਜਾਣ ਦੇ ਯਤਨ ਕਰੇਗੀ।ਇਸ ਮੌਕੇ ਹੇਮ ਰਾਜ ਗਰਗ ਐਮ ਸੀ, ਵਪਾਰ ਮੰਡਲ ਦੇ ਪ੍ਰਧਾਨ ਅਨਿਲ ਬਾਂਸਲ ਨਾਣਾ, ਭਾਰਤੀਆ ਮਹਾਂਵੀਰ ਦਲ ਦੇ ਪ੍ਰਧਾਨ ਸੁਭਾਸ਼ ਗਰਗ, ਵਿਜੇ ਮਾਰਵਾੜੀ ਅਤੇ ਵਿਨੋਦ ਦੂਆ ਆਦਿ ਹਾਜ਼ਰ ਸਨ।

# ਗੁਰਦੁਆਰਾ ਸਿੰਘ ਸਭਾ ਬਰਨਾਲਾ ਵਿਖੇ ਜੂਨ ਮਹੀਨੇ ਦਾ ਦੂਸਰਾ ਖ਼ੂਨਦਾਨ ਕੈਂਪ



ਬਰਨਾਲਾ, 13 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਬਰਨਾਲਾ ਵੱਲੋਂ ਜੂਨ ਮਹੀਨੇ ਦਾ ਦੂਜਾ ਖ਼ੂਨਦਾਨ ਕੈਂਪ ਗੁਰੂਦੁਆਰਾ ਸਿੰਘ ਸਭਾ ਬਰਨਾਲਾ ਵਿਖੇ ਪ੍ਰਧਾਨ ਹਰਦੇਵ ਸਿੰਘ, ਖਜਾਨਚੀ ਅਜੈਬ ਸਿੰਘ, ਰਜਿੰਦਰ ਸਿੰਘ ਦਰਾਕਾ, ਸੁਖਦੇਵ ਸਿੰਘ ਅਤੇ ਮੈਨੇਜਰ ਗੁਰਦੀਪ ਸਿੰਘ ਦੀ ਰਹਿਨੁਮਾਈ ਹੇਠ ਲਗਾਇਆ ਗਿਆ। ਖ਼ੂਨਦਾਨ ਕੈਂਪ 'ਚ ਸਿਵਲ ਸਰਜਨ ਹਰੀਪਾਲ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ। ਖ਼ੂਨਦਾਨ ਕੈਂਪ ਵਿੱਚ ਮਨਦੀਪ ਕੌਰ ਸਮੇਤ 26 ਖ਼ੂਨਦਾਨੀਆਂ ਨੇ ਖ਼ੂਨ ਦਾਨ ਕੀਤਾ। ਬਲੱਡ ਬੈਂਕ ਬਰਨਾਲਾ ਵੱਲੋਂ ਬੀਟੀਓ ਆਯੂਸ਼, ਰਾਕੇਸ਼ ਕੁਮਾਰ, ਮਨਦੀਪ ਕੌਰ, ਗੁਰਵਿੰਦਰ ਸਿੰਘ, ਪਰਕਾਸ਼ ਸਿੰਘ ਨੇ ਖ਼ੂਨ ਇਕੱਤਰ ਕਰਨ ਚ ਸੇਵਾ ਨਿਭਾਈ।ਇਹ ਜਾਣਕਾਰੀ ਦਿੰਦਿਆਂ ਸਤਿਕਾਰ ਸਭਾ ਦੇ ਮੁੱਖ ਸੇਵਾਦਾਰ ਜਗਵਿੰਦਰ ਸਿੰਘ ਨੇ ਕਿਹਾ ਕਿ ਖ਼ੂਨ ਦੀ ਘਾਟ ਨੂੰ ਮੁੱਖ ਰੱਖਦਿਆਂ ਇਹ ਖ਼ੂਨਦਾਨ ਕੈਂਪ ਗਰਭਵਤੀ ਔਰਤਾਂ, ਥੈਲਾਸੀਮੀਆ ਰੋਗ ਨਾਲ ਪੀੜ੍ਹਤ ਬੱਚਿਆਂ, ਐਕਸੀਡੈਂਟ ਕੇਸਾਂ ਅਤੇ ਕੈਂਸਰ ਪੀੜ੍ਹਤਾਂ ਲਈ ਲਗਾਇਆ ਗਿਆ। ਉਨ੍ਹਾਂ ਨੌਜਵਾਨਾਂ ਅਤੇ ਖ਼ੂਨਦਾਨੀ ਸੱਜਣਾਂ ਨੂੰ ਅੱਗੇ ਤੋਂ ਵੱਧ ਚੜ੍ਹਕੇ ਖ਼ੂਨਦਾਨ ਕਰਨ ਦੀ ਅਪੀਲ ਕਰਦਿਆਂ ਖ਼ੂਨਦਾਨੀਆਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਦਾ ਸਨਮਾਨ ਵੀ ਕੀਤਾ।

# ਬਾਬਾ ਚਿਤਾ ਨੰਦ ਗ਼ਰੀਬ ਦਾਸ ਦੀ 24ਵੀਂ ਬਰਸੀ ਸਬੰਧੀ ਤਿੰਨ ਰੋਜ਼ਾ ਧਾਰਮਿਕ ਸਮਾਗਮ 30 ਤੋਂ



ਤਪਾ ਮੰਡੀ, 13 ਜੂਨ (ਰਾਜੂ ਮਹਿਰਾ) : ਸੱਚਖੰਡ ਵਾਸੀ ਸੰਤ ਜਰਨੈਲ ਦਾਸ ਜੀ, ਕਪੂਰੇ ਵਾਲੇ (ਮੋਗਾ) ਦੇ ਅਸ਼ੀਰਵਾਦ ਸਦਕਾ ਪਿੰਡ ਆਲੀਕੇ-ਜੈਮਲ ਸਿੰਘ ਵਾਲਾ ਵਿਖੇ ਸੰਤ ਚਿਤਾ ਨੰਦ ਗਊਸ਼ਾਲਾ 'ਚ ਪ੍ਰਬੰਧਕ ਕਮੇਟੀ ਵੱਲੋਂ ਨਗਰ ਦੇ ਸਹਿਯੋਗ ਸਦਕਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੰਤ ਬਾਬਾ ਚਿਤਾ ਨੰਦ (ਗਰੀਬਦਾਸ ਬੱਸਾਂ ਵਾਲੇ) ਦੀ 24ਵੀਂ ਬਰਸੀ 2 ਜੁਲਾਈ ਨੂੰ ਸ਼ਰਧਾ ਪੂਰਵਕ ਮਨਾਈ ਜਾ ਰਹੀ ਹੈ,ਜਿਸ ਸਬੰਧੀ ਇਸ ਧਾਰਮਿਕ ਸਮਾਗਮ ਦਾ ਪੋਸਟਰ ਸੰਤ ਰਾਜਗਿਰੀ ਜੀ ਮਹਾਰਾਜ ਅਤੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਮਰਜੀਤ ਸਿੰਘ ਧਾਲੀਵਾਲ ਵਲੋਂ ਸਮੁੱਚੀ ਕਮੇਟੀ ਸਮੇਤ ਜਾਰੀ ਕੀਤਾ ਗਿਆ। ਸਮਾਗਮ ਸਬੰਧੀ ਜਾਣਕਾਰੀ ਦਿੰਦੇ ਹੋਏ ਕਮੇਟੀ ਪ੍ਰਧਾਨ ਅਮਰਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਸੰਤ ਬਾਬਾ ਚਿਤਾ ਨੰਦ ਦੀ 24ਵੀਂ ਬਰਸੀ ਨੂੰ ਮੁੱਖ ਰੱਖਦਿਆਂ ਸ੍ਰੀ ਅਖੰਡ ਪਾਠਾਂ ਦੇ ਪ੍ਰਕਾਸ਼ 30 ਜੂਨ ਦਿਨ ਮੰਗਲਵਾਰ ਨੂੰ ਕਰਵਾਏ ਜਾਣਗੇ, ਜਿਨ੍ਹਾਂ ਦੇ ਭੋਗ 2 ਜੁਲਾਈ ਦਿਨ ਵੀਰਵਾਰ ਨੂੰ ਪਾਏ ਜਾਣਗੇ ਉਪਰੰਤ ਬਾਬਾ ਮਨਮੋਹਨਪ੍ਰੀਤ ਸਿੰਘ (ਚੀਮਾ ਜੋਧਪੁਰ ਵਾਲੇ) ਰਸਭਿੰਨਾ ਕੀਰਤਨ ਕਰ ਕੇ ਸੰਗਤ ਨੂੰ ਨਿਹਾਲ ਕਰਨਗੇ। ਭੋਗ ਉਪਰੰਤ ਭੰਡਾਰਾ ਅਤੁੱਟ ਵਰਤੇਗਾ। ਇਸ ਮੌਕੇ ਕਮੇਟੀ ਦੇ ਸਰਪੰਚ ਸੰਦੀਪ ਸਿੰਘ ਜੈਮਲ ਸਿੰਘ ਵਾਲਾ, ਸਰਪੰਚ ਜੀਤ ਸਿੰਘ ਆਲੀਕੇ,ਮੀਤ ਪ੍ਰਧਾਨ ਅਜਮੇਰ ਸਿੰਘ, ਸਾਬਕਾ ਸਰਪੰਚ ਦਲੀਪ ਸਿੰਘ ਜੈਮਲ ਸਿੰਘ ਵਾਲਾ, ਸੁਰਜੀਤ ਸਿੰਘ ਢਿੱਲੋਂ, ਹਰਦੀਪ ਸਿੰਘ ਢਿੱਲੋਂ,ਪਰਮਜੀਤ ਸਿੰਘ ਖਾਲਸਾ, ਗੁਰਤੇਜ ਸਿੰਘ ਨੈਣੇਵਾਲ,ਸੁੱਖਾ ਸਿੰਘ ਨੈਣੇਵਾਲ, ਜਸਪ੍ਰੀਤ ਸਿੰਘ, ਹਰਪ੍ਰੀਤ ਸਿੰਘ ਨੈਣੇਵਾਲ, ਹਰਦੇਵ ਸਿੰਘ, ਤਰਸੇਮ ਸਿੰਘ,ਬਿਰਸਾ ਸਿੰਘ,ਗੁਲਾਬ ਸਿੰਘ ਸੁਖਚੈਨ ਸਿੰਘ, ਰਣਜੀਤ ਸਿੰਘ, ਹਾਕਮ ਸਿੰਘ, ਰਾਜੂ ਹਲਵਾਈ,ਜੀਤ ਸਿੰਘ ਸੇਵਾਦਾਰ, ਬੌਬੀ ਬੁੱਗਰ, ਅੰਬਾ ਆਲੀਕੇ, ਲਵੀ, ਮਨੀ,ਘੋਤ, ਜਸਕਰਨ ਸਿੰਘ, ਕੀਰਤ ਆਲੀਕੇ, ਬੂਟਾ ਸਿੰਘ, ਜਗਸੀਰ ਸਿੰਘ, ਜਸਵੀਰ ਸਿੰਘ ਨਿਕੜਾ, ਸਰਪੰਚ ਸੁਖਦੇਵ ਸਿੰਘ ਸੁੱਖੀ, ਗੁਰਮੇਲ ਸਿੰਘ, ਸੁਖਵਿੰਦਰ ਸਿੰਘ ਰਾਈਆ, ਗੁਰਬਖਸ਼ ਸਿੰਘ ਭੋਲਾ ਕੋਲੇ ਕਾ ਆਲੀਕੇ, ਲੱਕੀ ਸੰਧੂ ਕਲਾਂ, ਜਗਤਾਰ ਸਿੰਘ ਧਿੰਗੜ, ਪ੍ਰਤਾਪ ਸਿੰਘ, ਬਲੌਰ ਸਿੰਘ ਢਿੱਲੋਂ ਪੰਚ, ਜਸਕਰਨ ਸਿੰਘ ਬੁੱਗਰ, ਸੁਖਮੰਦਰ ਸਿੰਘ ਰਾਈਆ, ਜਿਉਣ ਸਿੰਘ ਮੋੜ, ਬਲਜਿੰਦਰ ਕੁਮਾਰ ਤਪਾ, ਜੇ.ਈ ਗੁਰਦੀਪ ਸਿੰਘ, ਰਾਜੀਵ ਗੋਲਾ, ਭਿੰਦੀ ਸੁਨਾਮੀਆ ਆਦਿ ਕਮੇਟੀ ਦੇ ਸਮੂਹ ਮੈਂਬਰ ਮੌਜੂਦ ਸਨ।



# ਪਟਿਆਲਾ-ਆਸ/ਪਾਸ



### ਵਪਾਰ ਮੰਡਲ ਦੀ ਅਹਿਮ ਮੀਟਿੰਗ

## ਚੇਤਨ ਸਿੰਘ ਜੌੜਾਮਾਜਰਾ ਅਤੇ ਅਧਿਕਾਰੀਆਂ ਨੇ ਸੁਣੀਆਂ ਵਪਾਰੀਆਂ ਦੀਆਂ ਮੁਸ਼ਕਿਲਾਂ



ਸਮਾਣਾ, 13 ਜੂਨ (ਵਿਜੇ ਕੁਮਾਰ/ਜਵੰਦਾ) : ਵਪਾਰ ਮੰਡਲ ਸਮਾਣਾ ਦੀ ਇੱਕ ਮੀਟਿੰਗ ਚੇਅਰਮੈਨ ਪੰਜਾਬ ਟਰੇਡਰ ਕਮਿਸ਼ਨ ਰਾਜੇਸ਼ ਛਾਬੜਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੋਂ ਇਲਾਵਾ ਵੱਖ-ਵੱਖ ਮਹਿਕਮਿਆਂ ਦੇ ਅਫਸਰਾ ਤੇ ਮੁਲਾਜ਼ਮਾ ਨੇ ਸ਼ਿਰਕਤ ਕਰਦਿਆ ਵਪਾਰੀਆਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਮੌਕੇ 'ਤੇ ਕੁਝ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ। ਇਸ ਮੌਕੇ ਹਲਕਾ ਵਿਧਾਇਕ ਸ: ਜੌੜਾਮਾਜਰਾ ਨੇ ਵਪਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਮੀਟਿੰਗ ਅਫਸਰਾਂ, ਆਮ ਲੋਕਾਂ ਤੇ ਵਪਾਰੀਆਂ ਵਿੱਚ ਆਪਸੀ ਦੂਰੀ ਖਤਮ ਕਰਨ ਲਈ ਹਰ ਹਫਤੇ ਰੱਖੀ ਜਾ ਰਹੀ ਹੈ,ਤਾਂ ਕਿ ਹਰ ਇਨਸਾਨ ਆਪਣੀ ਮੁਸ਼ਕਿਲ ਦਾ ਸਮੇਂ ਸਿਰ ਨਿਪਟਾਰਾ ਕਰਵਾ ਸਕੇ। ਇਸ ਮੌਕੇ ਬੌਬੀ ਕਲੋਨੀ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ, ਸ਼ਹਿਰ ਵਿੱਚ ਸਟਰੀਟ ਲਾਈਟਾਂ ਦਾ ਰਾਤ ਸਮੇਂ ਨਾ ਚਲਣਾ, ਕੋਆਪਰੇਟਿਵ ਬੈਂਕ ਦੀ ਨਸ਼ੇੜੀਆਂ ਦਾ ਅੱਡਾ ਬਣੀ ਖਸਤਾ ਹਾਲਤ ਬਿਲਡਿੰਗ ਨੂੰ ਢਾਹੁਣ ਲਈ ਕੀਤੀਆਂ ਸ਼ਿਕਾਇਤਾਂ ਦਾ ਸਬੰਧਿਤ ਅਫਸਰਾਂ ਨੇ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਐਸ.ਡੀ.ਐਮ. ਰੀਚਾ ਗੋਇਲ ਨੇ ਪਾਰਕਿੰਗ ਦੀ ਸਮੱਸਿਆ ਦੇ ਹੱਲ ਲਈ ਸਮੂਹ ਦੁਕਾਨਦਾਰਾਂ ਨੂੰ ਆਪਣੀਆਂ ਦੁਕਾਨਾਂ ਅੱਗੇ ਵਧਾ ਕੇ ਰੱਖਿਆ ਸਮਾਨ ਹਟਾਉਣ ਦੀ ਅਪੀਲ ਕੀਤੀ। ਚੇਅਰਮੈਨ ਰਜੇਸ਼ ਛਾਬੜਾ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਚੇਅਰਮੈਨ ਗੁਰਦੇਵ ਸਿੰਘ ਟਿਵਾਣਾ, ਹਲਕਾ ਵਿਧਾਇਕ ਚੇਤਨ ਸਿੰਘ ਜੌੜਾ ਮਾਜਰਾ ਦੇ ਪੁੱਤਰ ਗੁਰਵਿੰਦਰ ਸਿੰਘ, ਮਨੋਜ ਬਾਂਸਲ (ਮੌਂਜਾ), ਸਤੀਸ਼ ਅਨੇਜਾ, ਸੰਜੇ ਸਿੰਗਲਾ, ਧਰਮਪਾਲ ਨਾਹਰ, ਵਿਸ਼ਾਲ ਜਿੰਦਲ, ਈ.ਟੀ.ਓ. ਰਾਜਵੰਤ ਸਿੰਘ, ਕਾਰਜ ਸਾਧਕ ਅਫਸਰ ਅਪਰ ਅਪਾਰ ਸਿੰਘ, ਤਹਿਸੀਲਦਾਰ ਵਿਨੋਦ ਮਹਿਤਾ, ਲੇਬਰ ਇੰਸਪੈਕਟਰ, ਜੀ.ਐਸ.ਟੀ. ਮੈਡਮ ਬਲਜਿੰਦਰ ਕੌਰ, ਸਿਟੀ ਥਾਣਾ ਮੁਖੀ ਬਲਜੀਤ ਸਿੰਘ, ਸਦਰ ਥਾਣਾ ਮੁਖੀ ਅਜੇ ਕੁਮਾਰ ਪਰੋਚਾ, ਟਰੈਫਿਕ ਇੰਚਾਰਜ ਝਿਰਮਲ ਸਿੰਘ ਤੋਂ ਇਲਾਵਾ ਸੈਂਕੜੇ ਵਪਾਰੀ ਮੌਜੂਦ ਸਨ।

## ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾ ਰਹੇ ਰੂਹਾਨੀ ਸਤਿਸੰਗ ਤੇ ਨਗਰ ਕੀਰਤਨ ਦੀਆਂ ਤਿਆਰੀਆਂ ਸਬੰਧੀ ਮੀਟਿੰਗ



ਪਟਿਆਲਾ, 13 ਜੂਨ (ਚ.ਨ.ਸ) : ਸ਼ਹੀਦਾਂ ਦੇ ਸਰਤਾਜ ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾ ਰਹੇ ਰੂਹਾਨੀ ਸਤਿਸੰਗ ਦੀਵਾਨਾਂ ਅਤੇ ਵਿਸ਼ਾਲ ਨਗਰ ਕੀਰਤਨ ਦੀਆਂ ਤਿਆਰੀਆਂ ਸਬੰਧੀ ਅੱਜ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਬਡੂੰਗਰ ਵਿਖੇ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ਦੌਰਾਨ ਸਮਾਗਮਾਂ ਨੂੰ ਸ਼ਾਨੋ-ਸ਼ੌਕਤ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਵੱਖ-ਵੱਖ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੀਟਿੰਗ ਵਿੱਚ ਹਾਜ਼ਰ ਪ੍ਰਬੰਧਕਾਂ, ਸੇਵਾਦਾਰਾਂ ਅਤੇ ਧਾਰਮਿਕ ਸ਼ਖ਼ਸੀਅਤਾਂ ਨੇ ਸੰਗਤਾਂ ਦੀ ਸਹੂਲਤ, ਲੰਗਰ ਪ੍ਰਬੰਧ, ਦੀਵਾਨਾਂ ਦੀਆਂ ਤਿਆਰੀਆਂ, ਨਗਰ ਕੀਰਤਨ ਦੇ ਪ੍ਰਬੰਧ ਅਤੇ ਹੋਰ ਲੋੜੀਂਦੇ ਇੰਤਜ਼ਾਮਾਂ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਸਮੂਹ ਸੰਗਤਾਂ ਨੂੰ ਸਮਾਗਮਾਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਬੀ.ਸੀ. ਵਿੰਗ ਦੇ ਕੌਮੀ ਮੀਤ ਪ੍ਰਧਾਨ ਜਥੇਦਾਰ ਹਰਦਿਆਲ ਸਿੰਘ ਭੱਟੀ ਨੇ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਸਬੰਧੀ ਰੂਹਾਨੀ ਸਤਿਸੰਗ ਦੀਵਾਨ 14, 15 ਅਤੇ 16 ਜੂਨ 2026 ਨੂੰ ਸ਼ਾਮ 7:30 ਵਜੇ ਤੋਂ 9:30 ਵਜੇ ਤੱਕ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਬਡੂੰਗਰ (ਪਟਿਆਲਾ) ਵਿਖੇ ਗੁਰਬਾਣੀ ਪ੍ਰਚਾਰ ਸੇਵਾ ਸੁਸਾਇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਸਜਾਏ ਜਾਣਗੇ। ਉਨ੍ਹਾਂ ਦੱਸਿਆ ਕਿ 14 ਜੂਨ ਨੂੰ ਪਹਿਲਾ ਦੀਵਾਨ ਸੰਤ ਬਾਬਾ ਸੰਤੋਖ ਸਿੰਘ ਜੀ ਮਲੇਰਕੋਟਲੇ ਵਾਲਿਆਂ ਵੱਲੋਂ ਸਜਾਇਆ ਜਾਵੇਗਾ, ਜਦਕਿ 15 ਅਤੇ 16 ਜੂਨ ਨੂੰ ਦੂਜਾ ਅਤੇ ਤੀਜਾ ਦੀਵਾਨ ਸੰਤ ਬਾਬਾ ਪੰਜਾਬ ਸਿੰਘ ਜੀ ਮਾਦਪੁਰ ਵਾਲਿਆਂ ਵੱਲੋਂ ਸਜਾਏ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ 17 ਜੂਨ 2026 ਦਿਨ ਬੁੱਧਵਾਰ ਨੂੰ ਸਵੇਰੇ 9 ਵਜੇ ਵਿਸ਼ਾਲ ਨਗਰ ਕੀਰਤਨ ਆਰੰਭ ਹੋਵੇਗਾ। ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਬਡੂੰਗਰ ਤੋਂ ਸ਼ੁਰੂ ਹੋ ਕੇ ਖਾਲਸਾ ਕਾਲਜ ਕਲੋਨੀ, ਬੈਂਕ ਕਲੋਨੀ, ਅਜੀਤ ਨਗਰ, ਲੇਡੀ ਫਾਤਿਮਾ ਸਕੂਲ, 22 ਨੰਬਰ ਫਾਟਕ, ਗੁਰਦੁਆਰਾ ਖੇਲ ਸਾਹਿਬ, ਚਹਿਲ ਨਰਸਰੀ, ਹੀਰਾ ਨਗਰ, ਗੁਰੂ ਨਾਨਕ ਨਗਰ ਅਤੇ ਜੈ ਜਵਾਨ ਕਲੋਨੀ ਤੋਂ ਹੁੰਦਾ ਹੋਇਆ ਗੁਰਦੁਆਰਾ ਬਾਬਾ ਜ਼ੋਰਾਵਰ ਸਿੰਘ ਜੀ ਤੇ ਬਾਬਾ ਫਤਿਹ ਸਿੰਘ ਜੀ ਵਿਖੇ ਪਹੁੰਚੇਗਾ ਅਤੇ ਅੰਤ ਵਿੱਚ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਬਡੂੰਗਰ ਵਿਖੇ ਸਮਾਪਤ ਹੋਵੇਗਾ। ਸਮਾਗਮ ਦੌਰਾਨ ਸੰਗਤਾਂ ਲਈ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਜਾਵੇਗਾ। ਇਸ ਤੋਂ ਇਲਾਵਾ ਗੁਰਬਾਣੀ ਪ੍ਰਚਾਰ ਸੇਵਾ ਸੁਸਾਇਟੀ ਅਤੇ ਸ੍ਰੀ ਸੁਖਮਨੀ ਸੁਸਾਇਟੀ ਵੱਲੋਂ 15 ਜੂਨ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਅੱਖਾਂ ਦੀ ਜਾਂਚ ਦਾ ਮੁਫ਼ਤ ਕੈਂਪ ਲਗਾਇਆ ਜਾਵੇਗਾ, ਜਿਸ ਵਿੱਚ ਲੋੜਵੰਦ ਲੋਕਾਂ ਨੂੰ ਮੁਫ਼ਤ ਐਨਕਾਂ ਦਿੱਤੀਆਂ ਜਾਣਗੀਆਂ। ਜਥੇਦਾਰ ਹਰਦਿਆਲ ਸਿੰਘ ਭੱਟੀ ਨੇ ਇਸ ਮੌਕੇ ਗੁਰਬਾਣੀ ਪ੍ਰਚਾਰ ਸੁਸਾਇਟੀ ਬਡੂੰਗਰ ਦੇ ਸਵ: ਪ੍ਰਧਾਨ ਜੋਗਿੰਦਰ ਸਿੰਘ ਜੀ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਪਰਿਵਾਰ ਵੱਲੋਂ ਇਹ ਮਹਾਨ ਸੇਵਾ ਪਿਛਲੇ ਲਗਭਗ 25 ਸਾਲਾਂ ਤੋਂ ਨਿਰੰਤਰ ਨਿਭਾਈ ਜਾ ਰਹੀ ਹੈ। ਅੱਜ ਵੀ ਉਨ੍ਹਾਂ ਦੇ ਸਪੁੱਤਰ ਸ. ਚਰਨਪ੍ਰੀਤ ਸਿੰਘ ਸਮੇਤ ਸਮੂਹ ਪਰਿਵਾਰ ਅਤੇ ਸੁਸਾਇਟੀ ਦੇ ਸਹਿਯੋਗ ਨਾਲ ਇਹ ਸੇਵਾ ਪੂਰੀ ਤਨਦੇਹੀ ਨਾਲ ਜਾਰੀ ਹੈ। ਸੰਗਤਾਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਸ. ਹਰਦਿਆਲ ਸਿੰਘ ਭੱਟੀ ਨੂੰ ਪਟਿਆਲਾ ਸ਼ਹਿਰ ਤੋਂ ਉਮੀਦਵਾਰ ਬਣਾਏ ਜਾਣ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਵੱਡਾ ਲਾਭ ਹੋਵੇਗਾ ਅਤੇ ਪਾਰਟੀ ਸ਼ਹਿਰ ਵਿੱਚ ਹੋਰ ਵੀ ਮਜ਼ਬੂਤ ਹੋ ਕੇ ਉਭਰੇਗੀ। ਇਸ ਮੌਕੇ ਹਾਜ਼ਰ ਸੰਗਤਾਂ ਨੇ ਸਰਬਸੰਮਤੀ ਨਾਲ ਮਤਾ ਪਾਸ ਕਰਦਿਆਂ ਸ. ਹਰਦਿਆਲ ਸਿੰਘ ਭੱਟੀ ਨੂੰ ਪੂਰਾ ਸਮਰਥਨ ਦੇਣ ਅਤੇ ਉਨ੍ਹਾਂ ਦੀ ਜਿੱਤ ਲਈ ਤਨ, ਮਨ ਅਤੇ ਧਨ ਨਾਲ ਯਤਨ ਕਰਨ ਦਾ ਅਹਿਦ ਕੀਤਾ।

## ਪਿੰਡ ਬੁੱਢਣਪੁਰ ਤੇ ਜਲਾਲਪੁਰ ਵਿਖੇ ਸਾਲਾਨਾ ਭੰਡਾਰਾ ਕਰਵਾਇਆ



ਦੇਵੀਗੜ੍ਹ, 13 ਜੂਨ (ਗੁਰਜੀਤ ਸਿੰਘ ਢੋਟ) : ਪਿੰਡ ਬੁੱਢਣਪੁਰ ਅਤੇ ਜਲਾਲਪੁਰ ਵਿਖੇ ਗਿਆਰਵੀਂ ਵਾਲੀ ਸੱਚੀ ਸਰਕਾਰ ਦਾ ਸਾਲਾਨਾ ਭੰਡਾਰਾ ਹਰ ਸਾਲ ਦੀ ਤਰ੍ਹਾਂ ਪੂਰੀ ਸ਼ਰਧਾ ਅਤੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਭੰਡਾਰੇ ਵਿੱਚ ਜੈਕਾਰਿਆਂ ਦੇ ਨਾਲ ਸਜੇ ਇਸ ਧਾਰਮਿਕ ਸਮਾਗਮ ਵਿੱਚ ਇਲਾਕੇ ਦੀਆਂ ਨਾਮਵਰ ਸ਼ਖਸੀਅਤਾਂ ਵੱਲੋਂ ਹਾਜ਼ਰੀ ਭਰੀ ਗਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਰਜਿੰਦਰ ਸਿੰਘ ਵਿਰਕ ਵੱਲੋਂ ਆਪਣੇ ਸਾਥੀਆਂ ਸਮੇਤ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰ ਹਾਜ਼ਰੀ ਲਵਾਈ ਗਈ। ਰਜਿੰਦਰ ਵਿਰਕ ਨੇ ਕਿਹਾ ਕਿ ਜਿੱਥੇ ਕਿ ਸਾਰੇ ਧਰਮਾਂ ਦੇ ਪੀਰ, ਪੈਗੰਬਰ, ਫਕੀਰਾਂ, ਦੇਵੀ, ਦੇਵਤਿਆਂ ਅਤੇ ਸੰਤਾਂ ਮਹਾਂਪੁਰਖਾਂ ਨੂੰ ਬਰਾਬਰ ਦਾ ਸਤਿਕਾਰ ਦਿੱਤਾ ਜਾਂਦਾ ਹੈ, ਉੱਥੇ ਹੀ ਇਹੋ ਜਿਹੇ ਭੰਡਾਰੇ ਪੰਜਾਬੀ ਸੱਭਿਆਚਾਰਕ ਸਾਂਝ ਦਾ ਮੁੱਖ ਕੇਂਦਰ ਵੀ ਬਣਦੇ ਹਨ, ਜਿਸ ਤੋਂ ਸਾਨੂੰ ਸੇਧ ਲੈ ਕੇ ਧਾਰਮਿਕ ਕੰਮਾਂ ਵਿੱਚ ਰੁਚੀ ਰੱਖਣੀ ਚਾਹੀਦੀ ਹੈ ਅਤੇ ਨੇਕ ਕੰਮ ਕਰਨੇ ਚਾਹੀਦੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਕੇਹਰ ਸਿੰਘ, ਸੁਰਜੀਤ ਸਿੰਘ ਠੇਕੇਦਾਰ, ਬਲਦੇਵ ਸਿੰਘ, ਬਗੀਚਾ ਸਿੰਘ, ਹੇਮਰਾਜ, ਭਰਤ ਲਾਲ ਤੋਂ ਇਲਾਵਾ ਹੋਰ ਵੀ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

## ਮਨੋਹਰ ਲਾਲ ਪਵਾਰ ਨੇ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ



ਪਟਿਆਲਾ, 13 ਜੂਨ (ਚ.ਨ.ਸ) : ਬੀਤੇ ਦਿਨੀਂ ਸ੍ਰੀ ਮਨੋਹਰ ਲਾਲ ਲੇਖਕ ਪੱਤਰਕਾਰ ਨੇ ਆਪਣੇ ਗ੍ਰਹਿ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਜੋ ਕਿ ਬਾਬਾ ਦੀਪ ਸਿੰਘ ਸੁਖਮਨੀ ਸਾਹਿਬ ਸੁਸਾਇਟੀ ਵੱਲੋਂ ਕੀਤਾ ਗਿਆ, ਜਿਸ ਵਿੱਚ ਬੀਬੀ ਕੁਲਦੀਪ ਕੌਰ, ਬੀਬੀ ਅਮਰਜੀਤ ਕੌਰ, ਸ੍ਰੀਮਤੀ ਸੁਰਜੀਤ ਕੌਰ, ਸ੍ਰੀਮਤੀ ਗੁਰਦੀਪ ਕੌਰ, ਸ੍ਰੀਮਤੀ ਨਿਰਮਲ ਕੌਰ, ਸ੍ਰੀਮਤੀ ਹਰਵਿੰਦਰ ਕੌਰ, ਸ੍ਰੀਮਤੀ ਗੁਰਮੀਤ ਕੌਰ, ਸ੍ਰੀਮਤੀ ਕੁਲਵਿੰਦਰ ਕੌਰ, ਸ੍ਰੀਮਤੀ ਪੂਜਾ ਦੇਵੀ, ਸ੍ਰੀਮਤੀ ਆਰਤੀ ਦੇਵੀ, ਸ੍ਰੀਮਤੀ ਮਨਪ੍ਰੀਤ ਕੌਰ, ਸ੍ਰੀਮਤੀ ਸੁਮਨ ਆਦਿ ਮੌਜੂਦ ਰਹੇ। ਪਾਠ ਅਤੇ ਅਰਦਾਸ ਉਪਰੰਤ ਸੰਗਤਾਂ ਨੂੰ ਦੁੱਧ ਦੀ ਛਬੀਲ ਸਰਵ ਕੀਤੀ ਗਈ। ਇਸ ਮੌਕੇ 'ਤੇ ਬੋਲਦਿਆਂ ਸ੍ਰੀ ਮਨੋਹਰ ਲਾਲ ਪਵਾਰ ਨੇ ਕਿਹਾ ਕਿ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਧਰਮ ਦੀ ਖਾਤਿਰ ਆਪਣਾ ਵਡਮੁੱਲਾ ਬਲੀਦਾਨ ਦਿੱਤਾ ਅਤੇ ਉਸ ਵੇਲੇ ਸ਼ਬਦ ਉਚਰੇ ਸਨ, 'ਤੇਰਾ ਭਾਣਾ ਮਿੱਠਾ ਲਾਗੇ, ਨਾਨਕ ਨਾਮ ਪਦਾਰਥ ਮਾਂਗੇ।' ਸ੍ਰੀ ਪਵਾਰ ਨੇ ਕਿਹਾ ਕਿ ਉਹ ਬਚਪਨ ਤੋਂ ਗੁਰੂ ਘਰ ਨਾਲ ਜੁੜੇ ਹੋਏ ਹਨ ਅਤੇ ਦੱਸਿਆ ਕਿ ਉਨ੍ਹਾਂ ਦੇ ਪੂਜਨੀਕ ਪਿਤਾ ਸ੍ਰੀ ਬੁੱਧਰਾਮ ਪਵਾਰ ਜੀ ਨੇ 65 ਸਾਲ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਚਾਦਰਾਂ ਅਤੇ ਰੁਮਾਲੇ ਧੋਣ ਦੀ ਸੇਵਾ ਕੀਤੀ ਅਤੇ ਸਾਡੇ ਪਰਿਵਾਰ 'ਤੇ ਗੁਰੂ ਘਰ ਦੀ ਬਹੁਤ ਜ਼ਿਆਦਾ ਕਿਰਪਾ ਰਹੀ ਹੈ। ਅਸੀਂ ਗੁਰੂ ਸਾਹਿਬਾਨ ਦੇ ਹਮੇਸ਼ਾ ਰਿਣੀ ਹਾਂ ਜਿਨ੍ਹਾਂ ਨੇ ਮਨੁੱਖਤਾ ਦੇ ਭਲੇ ਲਈ ਆਪਣਾ ਸਭ ਕੁਝ ਵਾਰ ਦਿੱਤਾ। ਸ੍ਰੀ ਪਵਾਰ ਨੇ ਕਿਹਾ ਸਾਨੂੰ ਗੁਰੂ ਘਰ ਨਾਲ ਜੁੜਨਾ ਚਾਹੀਦਾ। ਇਸ ਮੌਕੇ 'ਤੇ ਸ੍ਰੀ ਮਨੋਹਰ ਲਾਲ ਪਵਾਰ ਨੂੰ ਬੀਬੀ ਕੁਲਦੀਪ ਕੌਰ ਵੱਲੋਂ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ।

## ਟਰੇਡ ਕਮਿਸ਼ਨ ਪਟਿਆਲਾ ਦੇ ਹਰ ਵਪਾਰੀ ਦੀ ਸਮੱਸਿਆ ਹੱਲ ਕਰਨ ਲਈ ਵਚਨਬੱਧ: ਐਡਵੋਕੇਟ ਸਿੰਗਲਾ

### >ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੀ ਟੀਮ ਵੱਲੋਂ ਵਪਾਰੀਆਂ ਨਾਲ ਬੈਠਕ




ਪਟਿਆਲਾ, 13 ਜੂਨ (ਰੁਪਾਣਾ) : ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੀ ਜ਼ਿਲ੍ਹਾ ਪਟਿਆਲਾ ਦੀ ਟੀਮ ਵੱਲੋਂ ਵਪਾਰੀਆਂ ਨਾਲ ਇੱਕ ਮੀਟਿੰਗ ਹਲਕਾ ਪਟਿਆਲਾ ਸ਼ਹਿਰੀ ਦੇ ਪੁਰਾਣੀ ਕੋਤਵਾਲੀ ਬਾਜ਼ਾਰ ਵਿੱਚ ਕੀਤੀ ਗਈ। ਇਸ ਦੌਰਾਨ ਵਪਾਰੀਆਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ। ਕੁਝ ਸਮੱਸਿਆਵਾਂ ਦਾ ਮੌਕੇ ਉੱਤੇ ਹੱਲ ਕੀਤਾ ਗਿਆ ਅਤੇ ਕੁਝ ਸਮੱਸਿਆਵਾਂ ਦੇ ਜਲਦੀ ਤੋਂ ਜਲਦੀ ਹੱਲ ਲਈ ਸੰਬੰਧਿਤ ਵਿਭਾਗਾਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਗਏ। ਇਸ ਮੀਟਿੰਗ ਵਿੱਚ ਟਰੇਡ ਕਮਿਸ਼ਨ ਦੇ ਜ਼ਿਲ੍ਹਾ ਪਟਿਆਲਾ ਦੇ ਚੇਅਰਮੈਨ ਐਡਵੋਕੇਟ ਵਿਨੋਦ ਕੁਮਾਰ ਸਿੰਗਲਾ, ਹਲਕਾ ਪਟਿਆਲਾ ਦੇ ਚੇਅਰਮੈਨ ਪੁਨੀਤ ਬੁੱਧੀਰਾਜਾ, ਹਲਕਾ ਪਟਿਆਲਾ ਦੇ ਕਮਿਸ਼ਨ ਦੇ ਮੈਂਬਰ ਨਿਰਮਲ ਝੰਨੇੜੀ, ਰਜਤ ਗੋਇਲ, ਰਜਤ ਜਿੰਦਲ, ਤਅਦਿੱਤਿਆ ਕੁਮਾਰ, ਨਰੇਸ਼ ਵਰਮਾ, ਇਸ਼ਟਪਾਲ ਸਿੰਘ, ਪ੍ਰੀਤ ਅਵਲ ਅਭਿਸ਼ੇਕ ਸਾਹਨੀ, ਸੰਨੀ ਜੀ, ਜੀਐਸਟੀ ਵਿਭਾਗ, ਪੁਲਿਸ ਪ੍ਰਸ਼ਾਸਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ। ਵਿਨੋਦ ਕੁਮਾਰ ਸਿੰਗਲਾ ਨੇ ਦੱਸਿਆ ਕਿ ਇਸ ਮੌਕੇ ਵਪਾਰੀਆਂ ਵਿੱਚ ਟਰੇਡ ਕਮਿਸ਼ਨ ਦੀਆਂ ਮੀਟਿੰਗਾਂ ਪ੍ਰਤੀ ਬਹੁਤ ਉਤਸ਼ਾਹ ਵੇਖਣ ਨੂੰ ਮਿਲਿਆ। ਉਨ੍ਹਾਂ ਕਿਹਾ ਕਿ ਟਰੇਡ ਕਮਿਸ਼ਨ ਵਪਾਰੀਆਂ ਨੂੰ ਇਹ ਵਿਸ਼ਵਾਸ ਦਿਵਾਉਂਦਾ ਹੈ ਕਿ ਟਰੇਡ ਕਮਿਸ਼ਨ ਦੀ ਟੀਮ ਵਪਾਰੀਆਂ ਨਾਲ ਹਰ ਸਮੇਂ ਹਾਜ਼ਰ ਹੈ ਅਤੇ ਜੋ ਵੀ ਸਮੱਸਿਆ ਟਰੇਡ ਕਮਿਸ਼ਨ ਦੇ ਸਾਹਮਣੇ ਆਉਂਦੀ ਹੈ ਉਸ ਦਾ ਹੱਲ ਕੀਤਾ ਜਾਵੇਗਾ।

## ਗੈਂਗਟੋਕ 'ਚ ਰਾਸ਼ਟਰੀ ਸੰਮੇਲਨ ਦੌਰਾਨ ਪ੍ਰਿੰਸੀਪਲ ਸ਼ੀਰੂ ਬੇਦੀ ਨੇ ਨਿਭਾਈਆਂ ਤਿੰਨ ਅਹਿਮ ਭੂਮਿਕਾਵਾਂ



ਨਾਭਾ, 13 ਜੂਨ (ਬਲਜਿੰਦਰ ਮਾਨ) : ਗੈਂਗਟੋਕ ਵਿਖੇ ਆਯੋਜਿਤ ਰਾਸ਼ਟਰੀ ਸੰਮੇਲਨ ਵਿੱਚ ਮਾਡਰਨ ਨਾਭਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨਾਭਾ ਦੀ ਪ੍ਰਿੰਸੀਪਲ ਸ੍ਰੀਮਤੀ ਸ਼ੀਰੂ ਬੇਦੀ ਨੇ ਸਰਗਰਮ ਭਾਗ ਲੈਂਦਿਆਂ ਤਿੰਨ ਮਹੱਤਵਪੂਰਨ ਭੂਮਿਕਾਵਾਂ ਨਿਭਾਈਆਂ। ਉਨ੍ਹਾਂ ਨੇ ਪਹਿਲੇ ਪੈਨਲ ਵਿਚਾਰ-ਵਟਾਂਦਰੇ ਵਿੱਚ ਚਰਚਾ ਸੰਚਾਲਿਕਾ ਵਜੋਂ ਚਰਚਾ ਦਾ ਸੰਚਾਲਨ ਕੀਤਾ, ਜਦਕਿ ਦੂਜੇ ਪੈਨਲ ਵਿਚਾਰ-ਵਟਾਂਦਰੇ ਵਿੱਚ ਵਿਚਾਰਕ ਵਜੋਂ ਆਪਣੇ ਵਿਚਾਰ ਸਾਂਝੇ ਕੀਤੇ। ਇਸ ਤੋਂ ਇਲਾਵਾ ਉਨ੍ਹਾਂ ਨੇ ਦਰਸ਼ਕਾਂ ਨਾਲ ਸਿੱਧਾ ਸੰਵਾਦ ਵੀ ਰਚਾਇਆ, ਜਿਸ ਨੂੰ ਭਰਪੂਰ ਸਰਾਹਨਾ ਮਿਲੀ। ਸੰਮੇਲਨ ਦਾ ਵਿਸ਼ਾ ਜੜ੍ਹਾਂ ਨਾਲ ਜੁੜ ਕੇ ਤਰੱਕੀ ਵੱਲ: ਮਾਤ ਭਾਸ਼ਾ ਭਵਿੱਖ ਲਈ ਤਿਆਰ ਸਿੱਖਿਆ ਦੀ ਬੁਨਿਆਦ ਹੈ ਸੀ। ਇਸ ਦੌਰਾਨ ਮਾਤ ਭਾਸ਼ਾ ਦੀ ਮਹੱਤਤਾ ਅਤੇ ਭਵਿੱਖ-ਕੇਂਦਰਿਤ ਸਿੱਖਿਆ ਵਿੱਚ ਇਸ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਸਮਾਗਮ ਦੇ ਮੁੱਖ ਮਹਿਮਾਨ ਗੈਂਗਟੋਕ ਹਲਕੇ ਦੇ ਮਾਣਯੋਗ ਵਿਧਾਇਕ Delay Namgyal Barfungpa ਸਨ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਮਾਤ ਭਾਸ਼ਾਵਾਂ ਦੇ ਬਚਾਅ ਅਤੇ ਸਿੱਖਿਆ ਪ੍ਰਣਾਲੀ ਵਿੱਚ ਉਨ੍ਹਾਂ ਦੀ ਅਹਿਮ ਭੂਮਿਕਾ ਉੱਤੇ ਜ਼ੋਰ ਦਿੱਤਾ। ਇਹ ਸਮਾਗਮ ਮਾਤ ਭਾਸ਼ਾ-ਆਧਾਰਿਤ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਸਿੱਖਿਆ ਦੇ ਭਵਿੱਖ ਸਬੰਧੀ ਨਵੇਂ ਦ੍ਰਿਸ਼ਟੀਕੋਣ ਵਿਕਸਿਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਇਆ।

## ਲੱਖਾਂ ਰੁਪਏ ਦੀ ਠੱਗੀ ਦੇ ਮਾਮਲੇ 'ਚ ਪਤੀ-ਪਤਨੀ ਖ਼ਿਲਾਫ਼ ਮਾਮਲਾ ਦਰਜ

ਸਮਾਣਾ, 13 ਜੂਨ (ਵਿਜੇ ਕੁਮਾਰ) : ਸਿਟੀ ਪੁਲਸ ਨੇ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਲੱਖਾਂ ਰੁਪਏ ਦੀ ਠੱਗੀ ਮਾਰਨ ਦੀ ਮਾਮਲੇ 'ਚ ਪਤੀ-ਪਤਨੀ ਖਿਲਾਫ ਮਾਮਲਾ ਦਰਜ ਕਰਕੇ ਭਾਲ ਸ਼ੁਰੂ ਕਰ ਦਿੱਤੀ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਿਸ ਦੇ ਏ.ਐਸ.ਆਈ. ਸਿੰਦਰ ਸਿੰਘ ਨੇ ਦੱਸਿਆ ਕਿ ਜਗਦੀਪ ਸਿੰਘ ਵਾਸੀ ਜੱਟਾਂ ਪਤੀ ਸਮਾਣਾ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ ਕਵਿਤਾ ਤੇ ਉਸ ਦੇ ਪਤੀ ਅਮਨਦੀਪ ਸਿੰਘ ਘੜਾਮਾ ਪਤੀ ਸਮਾਣਾ ਨੇ ਉਸ ਨੂੰ ਵਿਦੇਸ਼ (ਯੂ.ਐਸ.ਏ) ਭੇਜਣ ਦਾ ਝਾਂਸਾ ਦੇ ਕੇ 33 ਲੱਖ 50 ਹਜ਼ਾਰ ਰੁਪਏ ਰਾਹੀ ਬੈਕ ਲੈ ਲਏ। ਉਨ੍ਹਾਂ ਕਿਹਾ ਕਿ ਵਾਰ-ਵਾਰ ਕਹਿਣ ਦੇ ਬਾਵਜੂਦ ਨਾ ਤਾਂ ਉਸ ਨੂੰ ਵਿਦੇਸ਼ ਭੇਜਿਆ ਗਿਆ ਅਤੇ ਨਾ ਹੀ ਪੈਸੇ ਵਾਪਸ ਕੀਤੇ ਗਏ। ਜਾਂਚ ਅਧਿਕਾਰੀ ਅਨੁਸਾਰ ਉੱਚ ਅਧਿਕਾਰੀਆਂ ਵੱਲੋਂ ਕੀਤੀ ਗਈ ਜਾਂਚ ਪੜਤਾਲ ਉਪਰਾਂਤ ਮਿਲੇ ਹੁਕਮਾਂ ਅਨੁਸਾਰ ਉਕਤ ਮੁਲਜ਼ਮਾਂ ਖਿਲਾਫ ਮਾਮਲਾ ਦਰਜ ਕਰ ਲਿਆ।

## ਸੜਕ ਹਾਦਸੇ 'ਚ ਮੌਤ

ਪਟਿਆਲਾ, 13 ਜੂਨ (ਵਿਨੋਦ ਸ਼ਰਮਾ) : ਥਾਣਾ ਬਖਸ਼ੀਵਾਲਾ ਪੁਲਿਸ ਕੋਲ ਊਸ਼ਾ ਰਾਣੀ ਪਤਨੀ ਹਰਫੂਲ ਚੰਦ ਵਾਸੀ ਗਲੀ ਨੰ. 17 ਅਨੰਦ ਨਗਰ-ਬੀ ਪਟਿਆਲਾ ਨੇ ਅਣਪਛਾਤੇ ਵਾਹਨ ਦੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਲੜਕਾ ਪ੍ਰਿਥਵੀ ਸ਼ਰਮਾ, ਜੋ ਕਿ ਆਪਣੇ ਦੋਸਤਾਂ ਕੋਲ ਬਿਕਰਮ ਕਾਲਜ ਪਟਿਆਲਾ ਗਿਆ ਸੀ ਤਾਂ ਉਸ ਨੂੰ ਪਤਾ ਲੱਗਾ ਕਿ ਉਸਦੇ ਲੜਕੇ ਦਾ ਐਕਸੀਡੈਂਟ ਹੋਣ ਕਾਰਨ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਦਾਖਲ ਹੈ, ਜੋ ਪ੍ਰਿਥਵੀ ਸ਼ਰਮਾ ਦੀ ਦੌਰਾਨੇ ਇਲਾਜ ਮੌਤ ਹੋ ਗਈ। ਪੁਲਿਸ ਨੇ ਧਾਰਾ 106(1) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਨਵ-ਨਿਯੁਕਤ ਐਮ.ਸੀਜ਼. ਦਾ ਸਨਮਾਨ



ਨਾਭਾ, 13 ਜੂਨ (ਬਲਜਿੰਦਰ ਮਾਨ) : ਹੀਰਾ ਆਟੋ ਮੋਬਾਈਲ ਵਿਖੇ ਨਵ-ਨਿਯੁਕਤ ਮਿਊਂਸੀਪਲ ਕੌਂਸਲ ਦੇ ਐਮ.ਸੀ. ਮੈਂਬਰਾਂ ਦੇ ਸਨਮਾਨ ਵਿੱਚ ਇੱਕ ਸ਼ਾਨਦਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਗਾਬਾ ਪਰਿਵਾਰ ਵੱਲੋਂ ਵਾਰਡ ਨੰਬਰ 12 ਤੋਂ ਨਵ-ਨਿਯੁਕਤ ਐਮ.ਸੀ. ਯਾਦਵਿੰਦਰ ਸਿੰਘ ਯਾਦੂ ਦਾ ਸਰੋਪਾ ਪਾ ਕੇ ਅਤੇ ਮਾਤਾ ਰਾਣੀ ਦੀ ਪਵਿੱਤਰ ਤਸਵੀਰ ਭੇਟ ਕਰਕੇ ਸਨਮਾਨ ਕੀਤਾ ਗਿਆ। ਇਸ ਤੋਂ ਇਲਾਵਾ ਵਾਰਡ ਨੰਬਰ 9 ਤੋਂ ਨਵ-ਨਿਯੁਕਤ ਐਮ.ਸੀ. ਰਜਨੀ ਸ਼ਰਮਾ ਦੀ ਤਰਫੋਂ ਉਨ੍ਹਾਂ ਦੇ ਪਤੀ ਸੋਨੂ ਸ਼ਰਮਾ ਦਾ ਅਤੇ ਵਾਰਡ ਨੰਬਰ 7 ਤੋਂ ਨਵ-ਨਿਯੁਕਤ ਐਮ.ਸੀ. ਅੰਜੂ ਬਾਲਾ ਦੀ ਤਰਫੋਂ ਉਨ੍ਹਾਂ ਦੇ ਪਤੀ ਨੰਨੀ ਦਾ ਵੀ ਸਰੋਪਾ ਪਾ ਕੇ ਅਤੇ ਮਾਤਾ ਰਾਣੀ ਦੀ ਪਵਿੱਤਰ ਤਸਵੀਰ ਭੇਟ ਕਰਕੇ ਸਨਮਾਨ ਕੀਤਾ ਗਿਆ। ਇਸ ਸਮਾਗਮ ਵਿੱਚ ਗੌਰਵ ਗਾਬਾ, ਸੌਰਵ ਗਾਬਾ, ਮੋਹਿਤ ਰੋੜਾ (ਉਰਫ਼ ਸੋਨੂ ਵਿੱਲਾ), ਟੀਮ ਯਾਦਵਿੰਦਰ ਯਾਦੂ ਅਤੇ ਹੀਰਾ ਆਟੋ ਮੋਬਾਈਲ ਦਾ ਸਮੂਹ ਸਟਾਫ ਹਾਜ਼ਰ ਰਿਹਾ।

## ਡੇਰਾ ਬਾਬਾ ਭਵੂਤ ਗੀਰ ਪਿੰਡ ਚਪਰਾੜ ਵਿਖੇ ਨਿਰਮਲ ਸਿੰਘ ਭੱਟੀਆਂ ਨਤਮਸਤਕ ਹੋਏ



ਦੇਵੀਗੜ੍ਹ, 13 ਜੂਨ (ਗੁਰਜੀਤ ਸਿੰਘ ਢੋਟ) : ਸਾਬਕਾ ਚੇਅਰਮੈਨ ਬੈਂਕ ਫਿਨਕੋ ਪੰਜਾਬ ਅਤੇ ਸੀਨੀਅਰ ਕਾਂਗਰਸੀ ਆਗੂ ਨਿਰਮਲ ਸਿੰਘ ਭੱਟੀਆਂ ਹਲਕਾ ਸਨੌਰ ਅੱਜ ਪਿੰਡ ਚਪਰਾੜ ਵਿਖੇ ਸਥਿਤ ਪ੍ਰਸਿੱਧ ਧਾਰਮਿਕ ਅਸਥਾਨ ਡੇਰਾ ਬਾਬਾ ਭਵੂਤ ਗੀਰ ਜੀ ਦੇ ਦਰਬਾਰ ਵਿੱਚ ਨਤਮਸਤਕ ਹੋਏ। ਇਸ ਦੌਰਾਨ ਉਨ੍ਹਾਂ ਨੇ ਮੱਥਾ ਟੇਕ ਕੇ ਹਾਜ਼ਰੀ ਭਰੀ ਅਤੇ ਇਲਾਕੇ ਦੀ ਤਰੱਕੀ, ਅਮਨ-ਸ਼ਾਂਤੀ, ਭਾਈਚਾਰਕ ਸਾਂਝ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਕਾਮਨਾ ਕੀਤੀ। ਇਸ ਮੌਕੇ ਨਿਰਮਲ ਸਿੰਘ ਭੱਟੀਆਂ ਨੇ ਕਿਹਾ ਕਿ ਪੰਜਾਬ ਦੀ ਧਰਤੀ ਸੰਤਾਂ, ਮਹਾਂਪੁਰਖਾਂ ਅਤੇ ਫਕੀਰਾਂ ਦੀ ਪਵਿੱਤਰ ਧਰਤੀ ਰਹੀ ਹੈ, ਜਿਨ੍ਹਾਂ ਨੇ ਆਪਣੇ ਜੀਵਨ ਰਾਹੀਂ ਮਨੁੱਖਤਾ ਦੀ ਸੇਵਾ, ਸੱਚਾਈ, ਭਾਈਚਾਰੇ ਅਤੇ ਲੋਕ ਭਲਾਈ ਦਾ ਸੰਦੇਸ਼ ਦਿੱਤਾ। ਡੇਰਾ ਬਾਬਾ ਭਵੂਤ ਗੀਰ ਜੀ ਵਰਗੇ ਪਵਿੱਤਰ ਅਸਥਾਨ ਲੋਕਾਂ ਵਿੱਚ ਸੇਵਾ ਭਾਵਨਾ, ਧਾਰਮਿਕ ਕਦਰਾਂ-ਕੀਮਤਾਂ ਅਤੇ ਮਨੁੱਖਤਾ ਪ੍ਰਤੀ ਪਿਆਰ ਦਾ ਸੰਦੇਸ਼ ਫੈਲਾ ਰਹੇ ਹਨ, ਉਨ੍ਹਾਂ ਕਿਹਾ ਕਿ ਜਦੋਂ ਵੀ ਮੌਕਾ ਮਿਲਦਾ ਹੈ, ਉਹ ਧਾਰਮਿਕ ਅਸਥਾਨਾਂ 'ਤੇ ਮੱਥਾ ਟੇਕ ਕੇ ਲੋਕਾਂ ਦੀ ਭਲਾਈ ਅਤੇ ਹਲਕਾ ਸਨੌਰ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਦੇ ਹਨ। ਇਸ ਦੌਰਾਨ ਡੇਰਾ ਪ੍ਰਬੰਧਕਾਂ ਅਤੇ ਸੰਗਤ ਵੱਲੋਂ ਨਿਰਮਲ ਸਿੰਘ ਭੱਟੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਉਨ੍ਹਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਇਲਾਕੇ ਦੇ ਵਿਕਾਸ ਸਬੰਧੀ ਵਿਚਾਰ ਵੀ ਸਾਂਝੇ ਕੀਤੇ, ਭੱਟੀਆਂ ਨੇ ਡੇਰਾ ਬਾਬਾ ਭਵੂਤ ਗੀਰ ਜੀ ਦੇ ਚਰਨਾਂ ਵਿੱਚ ਨਮਨ ਕਰਦਿਆਂ ਕਿਹਾ ਕਿ ਪਿੰਡ ਚਪਰਾੜ ਹਮੇਸ਼ਾ ਅਮਨ, ਪਿਆਰ ਅਤੇ ਭਾਈਚਾਰਕ ਸਾਂਝ ਦੀ ਮਿਸਾਲ ਬਣਿਆ ਰਹੇ। ਇਸ ਮੌਕੇ ਗੁਰਮੇਲ ਚਪਰਾੜ, ਦਰਸ਼ਨ ਸਿੰਘ, ਕੁਲਦੀਪ ਕਾਲਾ ਜੱਟ (ਸਾਬਕਾ ਪ੍ਰਧਾਨ ਨਗਰ ਕੌਂਸਲ ਸਨੌਰ) ਹਰਭਜਨ ਸਿੰਘ ਆੜਤੀ, ਮੁਲਖ ਰਾਜ, ਜੈਮਲ ਚਪਰਾੜ, ਰਘਵੀਰ ਸਿੰਘ, ਗੁਰਨਾਮ ਸਿੰਘ, ਗੁਰਮੀਤ ਸਿੰਘ ਬਾਵਾ ਅਤੇ ਸਮੂਹ ਪਿੰਡ ਚਪਰਾੜ ਵਾਸੀ ਹਾਜ਼ਰ ਰਹੇ।

## ਲੱਖਾਂ ਰੁਪਏ ਦੀ ਠੱਗੀ ਦੇ ਮਾਮਲੇ 'ਚ ਪਤੀ-ਪਤਨੀ ਖ਼ਿਲਾਫ਼ ਮਾਮਲਾ ਦਰਜ

ਸਮਾਣਾ, 13 ਜੂਨ (ਵਿਜੇ ਕੁਮਾਰ) : ਸਿਟੀ ਪੁਲਸ ਨੇ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਲੱਖਾਂ ਰੁਪਏ ਦੀ ਠੱਗੀ ਮਾਰਨ ਦੀ ਮਾਮਲੇ 'ਚ ਪਤੀ-ਪਤਨੀ ਖਿਲਾਫ ਮਾਮਲਾ ਦਰਜ ਕਰਕੇ ਭਾਲ ਸ਼ੁਰੂ ਕਰ ਦਿੱਤੀ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਸ ਦੇ ਏ.ਐਸ.ਆਈ. ਸਿੰਦਰ ਸਿੰਘ ਨੇ ਦੱਸਿਆ ਕਿ ਜਗਦੀਪ ਸਿੰਘ ਵਾਸੀ ਜੱਟਾਂ ਪਤੀ ਸਮਾਣਾ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ ਕਵਿਤਾ ਤੇ ਉਸ ਦੇ ਪਤੀ ਅਮਨਦੀਪ ਸਿੰਘ ਘੜਾਮਾ ਪਤੀ ਸਮਾਣਾ ਨੇ ਉਸ ਨੂੰ ਵਿਦੇਸ਼ (ਯੂ.ਐਸ.ਏ) ਭੇਜਣ ਦਾ ਝਾਂਸਾ ਦੇ ਕੇ 33 ਲੱਖ 50 ਹਜਾਰ ਰੁਪਏ ਰਾਹੀ ਬੈਕ ਲੈ ਲਏ। ਉਨ੍ਹਾਂ ਕਿਹਾ ਕਿ ਵਾਰ-ਵਾਰ ਕਹਿਣ ਦੇ ਬਾਵਜੂਦ ਨਾ ਤਾਂ ਉਸ ਨੂੰ ਵਿਦੇਸ਼ ਭੇਜਿਆ ਗਿਆ ਅਤੇ ਨਾਂ ਹੀ ਪੈਸੇ ਵਾਪਸ ਕੀਤੇ ਗਏ। ਜਾਂਚ ਅਧਿਕਾਰੀ ਅਨੁਸਾਰ ਉੱਚ ਅਧਿਕਾਰੀਆਂ ਵੱਲੋਂ ਕੀਤੀ ਗਈ ਜਾਂਚ ਪੜਤਾਲ ਉਪਰਾਂਤ ਮਿਲੇ ਹੁਕਮਾਂ ਅਨੁਸਾਰ ਉਕਤ ਮੁਲਜ਼ਮਾਂ ਖਿਲਾਫ ਮਾਮਲਾ ਦਰਜ ਕਰ ਲਿਆ।

### ਪੈਟਰੋਲ ਪੰਪ ਤੋਂ 200 ਲੀਟਰ ਤੋਂ ਜ਼ਿਆਦਾ ਤੇਲ ਨਹੀਂ ਮਿਲੇਗਾ

## ਕੇਂਦਰ ਦੀ ਸਰਕਾਰ ਦਾ ਨਵਾਂ ਕਿਸਾਨ ਵਿਰੋਧੀ ਫੁਰਮਾਨ : ਹਰਦੀਪ ਘਨੁੜਕੀ



ਨਾਭਾ, 13 ਜੂਨ (ਬਲਜਿੰਦਰ ਮਾਨ) : ਕੇਂਦਰ ਦੀ ਸਰਕਾਰ ਨੇ ਇੱਕ ਨਵਾਂ ਫੁਰਮਾਨ ਜਾਰੀ ਕੀਤਾ ਹੈ ਕਿ ਕੋਈ ਵੀ ਕੰਜਿਊਮਰ ਇੱਕ ਦਿਨ ਵਿੱਚ 200 ਲੀਟਰ ਤੋਂ ਜ਼ਿਆਦਾ ਤੇਲ ਪੈਟਰੋਲ ਪੰਪ ਤੋਂ ਨਹੀਂ ਖਰੀਦ ਸਕੇਗਾ। ਇਹ ਤੇਲ ਵੀ ਤੁਹਾਨੂੰ ਆਪਣੇ ਵਹੀਕਲ ਵਿੱਚ ਜਾਂ ਫਿਰ ਪੀ ਈ ਐਸ ਓ ਵੱਲੋਂ ਮਾਨਤਾ ਪ੍ਰਾਪਤ ਕੰਨਟੇਨਰ ਵਿੱਚ ਹੀ ਪਵਾਉਣਾ ਪਵੇਗਾ। ਟਰੈਕਟਰ ਦੀ ਟੈਂਕੀ ਵਿੱਚ 60 ਲੀਟਰ ਤੋਂ ਜਿਆਦਾ ਡੀਜ਼ਲ ਨਹੀਂ ਪੈਂਦਾ ਇਸ ਲਈ ਕਿਸਾਨਾਂ ਨੇ ਆਪਣੇ ਦੇਸੀ ਕੰਟੇਨਰ ਬਣਾਏ ਹੋਏ ਹਨ। ਸੀਜ਼ਨ ਵਿੱਚ ਟਰੈਕਟਰ ਦੀ ਟੈਂਕੀ ਨਾਲ ਛੇ ਘੰਟੇ ਵੀ ਨਹੀਂ ਸਰਦਾ, ਜਦ ਕਿ ਟਰੈਕਟਰ ਲਗਾਤਾਰ 24 ਘੰਟੇ ਚਲਦੇ ਹਨ। ਝੋਨੇ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ। ਸਭ ਤੋਂ ਜ਼ਿਆਦਾ ਖ਼ਪਤ ਡੀਜ਼ਲ ਦੀ ਇਹਨਾਂ ਦਿਨਾਂ ਵਿੱਚ ਹੀ ਹੁੰਦੀ ਹੈ ਪਰ ਸਰਕਾਰ ਨੇ ਕਿਸਾਨਾਂ ਨੂੰ ਖ਼ਤਮ ਕਰਨ ਦਾ ਪੂਰਾ ਮਨ ਬਣਾ ਰੱਖਿਆ ਹੈ। ਇਹ ਫੁਰਮਾਨ ਸੀਜਨ ਦੇ ਸਭ ਤੋਂ ਮਹੱਤਵਪੂਰਨ ਇਹਨਾਂ ਤਿੰਨ ਮਹੀਨਿਆਂ ਲਈ ਹੀ ਜਾਰੀ ਕੀਤਾ ਗਿਆ ਹੈ ।ਇਹ ਗੱਲਾਂ ਭਾਕਿਯੂ ਰਾਜੇਵਾਲ ਦੇ ਸੂਬਾ ਸਕੱਤਰ ਹਰਦੀਪ ਸਿੰਘ ਘਨੁੜਕੀ ਨੇ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਆਖੀਆਂ। ਉਹਨਾਂ ਨੇ ਕਿਹਾ ਕਿ ਮੋਦੀ ਸਾਹਿਬ ਦਾ ਟਰੰਪ 'ਤੇ ਤਾਂ ਕੋਈ ਜ਼ੋਰ ਨਹੀਂ ਚੱਲਦਾ ਤਿੰਨ ਦਿਨਾਂ ਵਿੱਚ ਸਾਡੇ ਦੇਸ਼ ਦੇ ਤਿੰਨ ਜਹਾਜ਼ ਅਮਰੀਕਾ ਦੀ ਫੌਜ ਵੱਲੋਂ ਹਮਲਾ ਕਰਕੇ ਸਮੁੰਦਰ ਵਿੱਚ ਡੋਬ ਦਿੱਤੇ ਗਏ ਹਨ, ਜਿਸ ਵਿੱਚ ਸਾਡੇ ਤਿੰਨ ਨਾਗਰਿਕਾਂ ਦੀ ਮੌਤ ਵੀ ਹੋ ਗਈ ਹੈ ਪਰ ਅਸੀਂ ਕਬੂਤਰ ਵਾਂਗੂੰ ਅੱਖਾਂ ਮੀਚ ਰੱਖੀਆਂ ਹਨ। ਉਹਨਾਂ ਨੇ ਕਿਹਾ ਕਿ ਝੋਨੇ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਖੇਤੀ ਸੈਕਟਰ ਨੂੰ ਇਸ ਨਵੀਂ ਪਾਬੰਦੀ ਤੋਂ ਬਾਹਰ ਰੱਖਿਆ ਜਾਵੇ, ਨਹੀਂ ਤਾਂ ਫਿਰ ਮਜਬੂਰ ਹੋ ਕੇ ਕਿਸਾਨ ਨੂੰ ਸੰਘਰਸ਼ ਦੇ ਰਾਹ ਤੁਰਨਾ ਪਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਕੇਂਦਰ ਸਰਕਾਰ ਦੀ ਹੋਵੇਗੀ।

## ਆਰਥਿਕ ਮੰਦਹਾਲੀ ਦੇ ਚਲਦਿਆਂ ਭੱਠਾ ਮਾਲਕਾਂ ਵੱਲੋਂ ਛੇ ਮਹੀਨੇ ਲਈ ਭੱਠਾ ਉਦਯੋਗ ਬੰਦ ਕਰਨ ਦਾ ਐਲਾਨ



ਸਮਾਣਾ, 13 ਜੂਨ (ਵਿਜੇ ਕੁਮਾਰ/ਸੁਖਜਿੰਦਰ) : ਪੰਜਾਬ ਦੇ ਇੱਟ ਭੱਠਾ ਉਦਯੋਗ ਨਾਲ ਸਬੰਧਤ ਐਸੋਸੀਏਸ਼ਨਾਂ ਦੇ ਆਗੂਆਂ ਅਤੇ ਭੱਠਾ ਮਾਲਕਾਂ ਦੀ ਇੱਕ ਵਿਸ਼ੇਸ਼ ਮੀਟਿੰਗ ਪ੍ਰਧਾਨ ਹਰਸ਼ ਗੁਪਤਾ ਅਤੇ ਜਨਰਲ ਸਕੱਤਰ ਅਨੂਪ ਸਿੰਗਲਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਭੱਠਾ ਉਦਯੋਗ ਨੂੰ ਆ ਰਹੀਆ ਗੰਭੀਰ ਆਰਥਿਕ ਚੁਣੌਤੀਆਂ ਉੱਤੇ ਚਿੰਤਾ ਪ੍ਰਗਟ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬੁਲਾਰਿਆ ਨੇ ਦੱਸਿਆ ਕਿ ਇੱਟਾਂ ਉੱਤੇ ਜੀ.ਐਸ.ਟੀ 6 ਫੀਸਦੀ ਤੋਂ ਵਧਾ ਕੇ 12 ਫੀਸਦੀ, ਕੋਇਲੇ ਤੇ 5% ਤੋਂ ਵਧਾ ਕੇ 18% ਕਰਨ ਦੇ ਨਾਲ ਹੀ ਮਿੱਟੀ ਸਮੇਤ ਕੱਚੇ ਮਾਲ ਦੀਆਂ ਕੀਮਤਾਂ ਦੁਗਣੇ ਤੋਂ ਵੀ ਵੱਧ ਹੋ ਚੁੱਕੀਆਂ ਹਨ। ਪੰਜਾਬ ਸਰਕਾਰ ਵੱਲੋਂ ਮਜ਼ਦੂਰੀ ਦਰਾਂ ਵਿੱਚ ਇੱਕਮੁਸ਼ਤ 15% ਵਾਧਾ ਕੀਤਾ ਗਿਆ ਹੈ, ਜਿਸ ਨਾਲ ਪੰਜਾਬ ਦਾ ਉਦਯੋਗ ਗੁਆਂਢੀ ਸੂਬਿਆਂ ਦੇ ਮੁਕਾਬਲੇ ਹੋਰ ਵੀ ਮੁਸ਼ਕਿਲ ਸਥਿਤੀ ਵਿੱਚ ਆ ਗਿਆ ਹੈ। ਡੀਜ਼ਲ, ਕੋਇਲੇ ਅਤੇ ਭਾੜੇ ਦੀਆਂ ਵਧਦੀਆਂ ਕੀਮਤਾਂ ਨੇ ਵੀ ਉਤਪਾਦਨ ਅਤੇ ਸਪਲਾਈ ਲਾਗਤ ਵਿੱਚ ਭਾਰੀ ਵਾਧਾ ਕਰ ਦਿੱਤਾ ਹੈ। ਆਗੂਆਂ ਨੇ ਦੱਸਿਆ ਕਿ ਵੱਧ ਰਹੀਆਂ ਲਾਗਤਾਂ ਕਾਰਨ ਇੱਟਾਂ ਦੀਆਂ ਕੀਮਤਾਂ ਵਿੱਚ ਵਾਧਾ ਕਰਨਾ ਮਜਬੂਰੀ ਬਣ ਗਿਆ ਹੈ। ਇੱਕ ਸਮੇਂ ਪੰਜਾਬ ਵਿੱਚ ਕਰੀਬ 2700 ਇੱਟ ਭੱਠੇ ਚੱਲਦੇ ਸਨ, ਜੋ ਹੁਣ ਘਟ ਕੇ ਲਗਭਗ 1300 ਰਹਿ ਗਏ ਹਨ।ਇਨ੍ਹਾਂ ਹਾਲਾਤਾਂ ਨੂੰ ਦੇਖਦਿਆਂ ਸਰਬਸੰਮਤੀ ਨਾਲ ਫ਼ੈਸਲਾ ਲਿਆ ਗਿਆ ਕਿ ਪੰਜਾਬ ਦਾ ਇੱਟ ਭੱਠਾ ਉਦਯੋਗ ਅਗਲੇ ਛੇ ਮਹੀਨਿਆਂ ਲਈ ਆਪਣਾ ਕੰਮਕਾਜ ਬੰਦ ਰੱਖੇਗਾ । ਐਸੋਸੀਏਸ਼ਨ ਨੇ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜੀ.ਐਸ.ਟੀ ਦਰਾਂ ਵਿੱਚ ਰਾਹਤ, ਮਾਈਨਿੰਗ ਨੀਤੀ ਵਿੱਚ ਸੁਧਾਰ ਅਤੇ ਉਦਯੋਗ ਨੂੰ ਬਚਾਉਣ ਲਈ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ, ਤਾਂ ਜੋ ਇਸ ਉਦਯੋਗ ਨਾਲ ਜੁੜੇ ਲੱਖਾਂ ਲੋਕਾਂ ਦੇ ਰੋਜ਼ਗਾਰ ਅਤੇ ਭਵਿੱਖ ਦੀ ਰੱਖਿਆ ਕੀਤੀ ਜਾ ਸਕੇ। ਇਸ ਮੌਕੇ ਚੇਅਰਮੈਨ ਯਸ਼ਪਾਲ ਸਿੰਗਲਾ, ਹਰਵਿੰਦਰ ਸਿੰਘ ਸੇਖੋਂ, ਗਿੰਨੀ ਗੁਪਤਾ, ਪ੍ਰੇਮ ਗੁਪਤਾ, ਸੁਭਾਸ਼ ਚੰਦ,ਪਵਨ ਕੁਮਾਰ, ਸੁਮੀਤ ਗੁਪਤਾ, ਸੰਤੋਸ਼ ਮਿੱਤਲ ਅਤੇ ਸੰਜੀਵ ਕੁਮਾਰ ਤੋ ਇਲਾਵਾ ਹੋਰ ਵੀ ਹਾਜ਼ਰ ਸਨ।

## ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਦੀ ਮਹੀਨਾਵਾਰ ਮੀਟਿੰਗ



ਪਟਿਆਲਾ, 13 ਜੂਨ (ਚ.ਨ.ਸ) : ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ, ਹੈੱਡ ਆਫਿਸ ਯੂਨਿਟ, ਪਟਿਆਲਾ ਦੀ ਮਹੀਨਾਵਾਰ ਬੈਠਕ ਸ: ਭਿੰਦਰ ਸਿੰਘ ਚਹਿਲ ਦੀ ਪ੍ਰਧਾਨਗੀ ਹੇਠ ਹੋਈ । ਇੰਜ ਹਰਜੀਤ ਸਿੰਘ ਸਕੱਤਰ ਵੱਲੋਂ ਸਾਡੇ ਸਨਮਾਨ ਯੋਗ ਮੈਂਬਰ ਸ: ਗੁਰਮੀਤ ਸਿੰਘ ਸਾਬਕਾ ਉੱਪ ਸਕੱਤਰ ਦੇ ਮਾਤਾ ਜੀ ਦਾ ਦੇਹਾਂਤ ਹੋਣ ਕਾਰਨ ਸ਼ੋਕ ਮਤਾ ਪੇਸ਼ ਕੀਤਾ ਤੇ ਵਿਛੜੀ ਰੂਹ ਨੂੰ ਦੋ ਮਿੰਟ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ । ਸ: ਭਿੰਦਰ ਸਿੰਘ ਚਹਿਲ ਯੂਨਿਟ ਪ੍ਰਧਾਨ ਨੇ ਸਾਂਝੇ ਧੜ੍ਹੇ ਨਾਲ ਹੋਈ ਗੱਲਬਾਤ ਦੀ ਜਾਣਕਾਰੀ ਦਿੱਤੀ ਗਈ । ਉਚੇਚੇ ਤੌਰ 'ਤੇ ਪਹੁੰਚੇ ਪ੍ਰੋਫੈਸਰ ਬਲਵੀਰ ਸਿੰਘ ਬੱਲੀ ਵੱਲੋਂ ਵਿਚਾਰ ਗੋਸ਼ਟੀ ਕਰਦਿਆਂ ਸਿੱਖਿਆ, ਸਿਹਤ, ਡੈਮੋਕਰੇਸੀ, ਲਾਅ ਐਂਡ ਆਰਡਰ, ਕਾਨੂੰਨ ਵਿਵਸਥਾ ਤੇ ਹੋਰ ਸਮਾਜਿਕ ਮੁੱਦਿਆਂ 'ਤੇ ਆ ਰਹੇ ਨਿਘਾਰ ਤੇ ਚੁਣੌਤੀਆਂ ਸਬੰਧੀ ਚਾਨਣਾ ਪਾਇਆ । ਉਨ੍ਹਾਂ ਨੇ ਪੜ੍ਹੇ ਲਿਖੇ ਪੈਨਸ਼ਨਰਾਂ ਤੋਂ ਤਵੱਕੋਂ ਕੀਤੀ ਕਿ ਭਾਵੇਂ ਇਨਕਲਾਬ ਨਹੀਂ ਲਿਆ ਸਕਦੇ ਪ੍ਰੰਤੂ ਜਥੇਬੰਦਕ ਢਾਂਚੇ ਨਾਲ ਦੇਸ਼ ਹਿਤੈਸ਼ੀ ਚਾਨਣ ਮੁਨਾਰਾ ਬਣਨ ਲਈ ਰਾਹ ਦੁਸੇਰਾ ਬਣਨ ਦੀ ਲੋੜ ਹੈ । ਬੈਠਕ ਨੂੰ ਮਲਕੀਅਤ ਸਿੰਘ ਸਰਪ੍ਰਸਤ ਅਤੇ ਇੰਜ ਆਰ.ਐਸ ਸਿਆਨ ਨੇ ਵੀ ਸੰਬੋਧਨ ਕੀਤਾ । ਬੈਠਕ ਵਿੱਚ ਸੈਂਕੜੇ ਗਿਣਤੀ ਵਿੱਚ ਮੈਂਬਰਾਂ/ਆਗੂਆਂ ਨੇ ਸ਼ਮੂਲੀਅਤ ਕੀਤੀ ।

## ਮਾਨਵ ਸੇਵਾ ਉੱਤਮ ਸੇਵਾ ਵੱਲੋਂ ਖੂਨਦਾਨ ਕੈਂਪ ਅੱਜ

ਨਾਭਾ, 13 ਜੂਨ (ਗੁਰਚਰਨ ਸਿੰਘ ਚੌਧਰੀਮਾਜਰਾ) : ਮਾਨਵ ਸੇਵਾ ਉੱਤਮ ਸੇਵਾ (ਰਜਿ.) ਸਟੇਟ ਐਵਾਰਡੀ ਨਾਭਾ ਵੱਲੋਂ ਅਗਰਵਾਲ ਸਭਾ (ਰਜਿ.) ਨਾਭਾ ਦੇ ਸਹਿਯੋਗ ਨਾਲ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਮੁੱਖ ਸੇਵਾਦਾਰ ਵਿਕਾਸ ਨੇ ਦੱਸਿਆ ਕਿ ਇਹ ਖੂਨਦਾਨ ਕੈਂਪ ਮਿਤੀ 14 ਜੂਨ ਦਿਨ ਐਤਵਾਰ ਨੂੰ ਸਵੇਰੇ 9 ਵਜੇ ਤੋਂ 2 ਵਜੇ ਤੱਕ, ਸਥਾਨ ਮਹਾਰਾਜ ਅਗਰਸੈਨ ਪਾਰਕ, ਪਟਿਆਲਾ ਗੇਟ, ਨਾਭਾ ਵਿਖੇ ਲਗਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲ ਨਾਭਾ ਦੇ ਡਾਕਟਰਾਂ ਦੀ ਟੀਮ ਵੱਲੋਂ ਖੂਨਦਾਨੀਆਂ ਤੋਂ ਖੂਨ ਇਕੱਤਰ ਕੀਤਾ ਜਾਵੇਗਾ।ਇਸ ਮੌਕੇ ਮੋਹਨ ਲਾਲ ਮਿੱਤਲ, ਰਾਜ ਕੁਮਾਰ ਰਾਜੂ, ਸੁਰਿੰਦਰ ਗੁਪਤਾ, ਗਿਰਧਾਰੀ ਲਾਲ ਬਾਂਸਲ, ਵਿਨੇ ਗੁਪਤਾ, ਪਰਮੋਦ ਜਿੰਦਲ, ਸਜੀਵ ਜਿੰਦਲ, ਅੰਕੁਰ ਸਿੰਗਲਾ, ਰਵਿੰਦਰ ਸਿੰਘ, ਸੁਨੀਲ ਗੁਪਤਾ, ਨਰਿੰਦਰ ਮੋਹਨ ਸ਼ਰਮਾ, ਵਰੁਣ ਸਿੰਗਲਾ, ਦੀਪਕ ਕੁਮਾਰ, ਸਾਹਿਲ ਗੁਪਤਾ, ਕਰਨ ਸਿੰਗਲਾ ਆਦਿ ਹਾਜ਼ਰ ਸਨ।


ਵਾਹਿਗੁਰੂ ਜੀ ਕਾ ਖ਼ਾਲਸਾ॥
ਵਾਹਿਗੁਰੂ ਜੀ ਕੀ ਫ਼ਤਹਿ॥
ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਅੱਜ ਤੱਕ ਦੇ ਸ਼ਹੀਦਾਂ ਦੀ ਯਾਦ ਵਿੱਚ


ਡਾ. ਸਰਬ ਸਿੰਘ
ਬਾਨੀ ਗੁਰੂ ਅਰਜਨ ਕੀਰਤਨ ਮੰਡਲ

ਸ਼ਹੀਦੀ ਜੋੜ-ਮੇਲ
ਅੱਜ ਦਾ ਪ੍ਰੋਗਰਾਮ
14-6-2026
ਦਿਨ-ਐਤਵਾਰ


ਭਾਈ ਤਖਤ ਸਿੰਘ ਜੀ
ਸਾਬਕਾ ਪ੍ਰਧਾਨ ਗੁਰੂ ਅਰਜਨ ਕੀਰਤਨ ਮੰਡਲ

ਸੰਗਤ ਮਰਦਾਨ ਕਲੋਨੀ, ਚਰਨ ਬਾਗ
(ਖੁੱਲ੍ਹੇ ਪੰਡਾਲ ਵਿੱਚ) ਪਟਿਆਲਾ।
ਕੀਰਤਨ ਰਾਤ 7.00 ਵਜੇ ਤੋਂ 9.00 ਵਜੇ ਤੱਕ।
ਸੰਪਰਕ ਕਰੋ : 98887-42047, 99157-70074

ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਭਾ ਕਮੇਟੀਆਂ ਦੇ ਸਹਿਯੋਗ ਨਾਲ ਗੁਰੂ ਅਰਜਨ ਕੀਰਤਨ ਮੰਡਲ (ਰਜਿ.) ਪਟਿਆਲਾ



# ਪਟਿਆਲਾ-ਆਸ/ਪਾਸ



## ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਬਣਨ 'ਤੇ ਚਰਨਜੀਤ ਸਿੰਘ ਧਾਲੀਵਾਲ ਦਾ ਸਨਮਾਨ



ਸਮਾਣਾ, 13 ਜੂਨ (ਜਵੰਦਾ) : ਉੱਘੇ ਸਮਾਜਸੇਵੀ ਅਤੇ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਦਾ ਪਿੰਡ ਟੋਡਾ ਵਿਖੇ ਸਾਬਕਾ ਸਰਪੰਚ ਬਹਾਦਰ ਸਿੰਘ ਦੀ ਅਗਵਾਈ 'ਚ ਆਯੋਜਿਤ ਸਮਾਗਮ ਦੌਰਾਨ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਨੂੰ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਨਿਯੁਕਤ ਹੋਣ ਦੀ ਖੁਸ਼ੀ ਵਜੋਂ ਦਿੱਤਾ ਗਿਆ। ਇਸ ਮੌਕੇ ਚਰਨਜੀਤ ਸਿੰਘ ਧਾਲੀਵਾਲ ਨੇ ਪਿੰਡ ਵਾਸੀਆਂ ਅਤੇ ਪਤਵੰਤਿਆਂ ਵੱਲੋਂ ਦਿੱਤੇ ਗਏ ਮਾਣ-ਸਤਿਕਾਰ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਅਜਿਹੇ ਸਨਮਾਨ ਖੇਡਾਂ ਦੇ ਵਿਕਾਸ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਹੋਰ ਵੱਧ ਸਮਰਪਣ ਨਾਲ ਕੰਮ ਕਰਨ ਦੀ ਪ੍ਰੇਰਨਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ 'ਵਿਸ਼ਵ ਸਾਈਕਲਿੰਗ ਦਿਵਸ' ਨੂੰ ਸਮਰਪਿਤ ਪੰਜਾਬ ਭਰ ਵਿੱਚ ਜ਼ਿਲ੍ਹਾ ਪੱਧਰੀ ਸਾਈਕਲਿੰਗ ਰੈਲੀਆਂ ਕਰਵਾਈਆਂ ਜਾ ਰਹੀਆਂ ਹਨ, ਜਿਨ੍ਹਾਂ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਆਗੂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਟੋਡਾ ਪਿੰਡ ਵੱਲੋਂ ਦਿੱਤਾ ਗਿਆ ਇਹ ਮਾਣ-ਸਤਿਕਾਰ 'ਰੱਖੜਾ ਪਰਿਵਾਰ' ਲਈ ਲੋਕ ਭਲਾਈ, ਖੇਡਾਂ ਦੇ ਪ੍ਰਚਾਰ-ਪ੍ਰਸਾਰ ਅਤੇ ਸਮਾਜ ਸੇਵਾ ਦੇ ਕਾਰਜਾਂ ਨੂੰ ਹੋਰ ਉਤਸ਼ਾਹ ਨਾਲ ਅੱਗੇ ਵਧਾਉਣ ਲਈ ਪ੍ਰੇਰਨਾ ਦਿੰਦਾ ਹੈ। ਇਸ ਮੌਕੇ ਸਾਬਕਾ ਸਰਪੰਚ ਹਰਭਜਨ ਸਿੰਘ, ਪੰਚ ਮਨਮੋਹਨ ਸਿੰਘ, ਪੰਚ ਸੰਤ ਸਿੰਘ, ਪੰਚ ਕੁਲਵਿੰਦਰ ਸਿੰਘ, ਨਿਰਮੈਲ ਸਿੰਘ ਗੋਲਡੀ, ਹਰਵਿੰਦਰ ਸਿੰਘ ਟੋਡਾ, ਨਰਿੰਦਰਜੀਤ ਨੀਟਾ, ਜਸਵੀਰ ਸਿੰਘ, ਬਿੰਦਰ ਸਿੰਘ ਟੋਡਾ, ਕਰਮਜੀਤ ਸਿੰਘ ਟੋਡਾ, ਜੌਲੀ ਟੋਡਾ, ਮਿੱਟੂ ਟੋਡਾ, ਮਾਨ ਟੋਡਾ, ਗੋਲਡੀ ਟੋਡਾ ਅਤੇ ਹੋਰ ਵੱਡੀ ਗਿਣਤੀ 'ਚ ਪਿੰਡ ਵਾਸੀ ਮੌਜੂਦ ਸਨ।

## ਮਾਤਾ ਹਰਪਾਲ ਕੌਰ ਦਾ ਸਨਮਾਨ

ਸਮਾਣਾ, 13 ਜੂਨ (ਸੁਖਜਿੰਦਰ ਸਿੰਘ ਕੁਲਾਰਾਂ) : ਬਲਾਕ ਪ੍ਰਧਾਨ ਡਾ.



ਮੁਕੇਸ਼ ਕੁਮਾਰ ਸ਼ਰਮਾ ਅਤੇ ਉਨ੍ਹਾਂ ਦੀ ਧਰਮ ਪਤਨੀ ਸਰਪੰਚ ਦਰਸ਼ਨਾ ਦੇਵੀ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਾਤਾ ਹਰਪਾਲ ਕੌਰ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਗੁਲਦਸਤਾ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਡਾਕਟਰ ਮੁਕੇਸ਼ ਕੁਮਾਰ ਸ਼ਰਮਾ ਨੇ ਆਖਿਆ ਕਿ ਮਾਤਾ ਹਰਪਾਲ ਕੌਰ ਨਾਲ ਪਿੰਡ ਕੁਲਾਰਾਂ ਦੇ ਵਿਕਾਸ ਕਾਰਜਾਂ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ ਅਤੇ ਪਿੰਡ ਦੇ ਸਰਬਪੱਖੀ ਵਿਕਾਸ ਲਈ ਵੱਖ-ਵੱਖ ਯੋਜਨਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਭਗਵੰਤ ਮਾਨ ਦੀ ਮਾਤਾ ਹਰਪਾਲ ਕੌਰ ਵੱਲੋਂ ਭਰੋਸਾ ਦਿੱਤਾ ਕਿ ਆਉਣ ਵਾਲੇ ਦਿਨਾਂ ਵਿੱਚ ਉਹਨਾਂ ਦੇ ਸਾਰੇ ਵਿਕਾਸ ਦੇ ਕਾਰਜ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣਗੇ।

## ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪਿੰਡ ਕੁਲਾਰਾਂ ਵਿਖੇ ਫਾਰਮ ਭਰਨ ਦੀਆਂ ਤਿਆਰੀਆਂ



ਸਮਾਣਾ, 13 ਜੂਨ (ਸੁਖਜਿੰਦਰ ਸਿੰਘ ਕੁਲਾਰਾਂ): ਹਲਕੇ ਦੇ ਪਿੰਡਾਂ ਅਤੇ ਸ਼ਹਿਰਾਂ 'ਚ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਟ੍ਰੇਨਿੰਗ ਉਪਰੰਤ ਫਾਰਮ ਭਰਨ ਦਾ ਕੰਮ ਜੋਰਾਂ 'ਤੇ ਚੱਲ ਰਿਹਾ ਹੈ। ਇਸ ਮੌਕੇ ਸਰਪੰਚ ਕੁਲਾਰਾਂ ਦਰਸ਼ਨਾ ਦੇਵੀ ਨੇ ਦੱਸਿਆ ਕਿ ਮਾਵਾਂ-ਧੀਆਂ ਦੇ ਇਕ ਹਜਾਰ ਤੇ ਪੰਦਰਾਂ ਸੌ ਰੁਪਏ ਦੇ ਫਾਰਮ ਭਰਨ ਦੀਆਂ ਤਿਆਰੀਆਂ ਚੱਲ ਰਹੀਆਂ ਹਨ, ਜਿਸ ਤਹਿਤ ਲੋਕਾਂ ਨੂੰ ਸੁਚੇਤ ਕਰਦਿਆਂ ਆਖਿਆ ਹੈ ਕਿ ਉਹ ਆਪਣੇ ਸਾਰੇ ਦਸਤਾਵੇਜ ਜਿਨ੍ਹਾਂ 'ਚ ਆਧਾਰ ਕਾਰਡ, ਬੈਂਕ ਖਾਤੇ ਦੀ ਕਾਪੀ, ਜਾਤੀ ਸਰਟੀਫਿਕੇਟ ਅਤੇ ਮੋਬਾਇਲ ਨੰਬਰ ਆਦਿ ਕੋਲ ਰੱਖਣ ਤੇ ਫਾਰਮ ਭਰਨ ਦੀ ਪ੍ਰਕਿਰਿਆ ਅਗਲੇ ਹਫਤੇ ਸ਼ੁਰੂ ਕੀਤੀ ਜਾਵੇਗੀ।

## ਨਸ਼ੇ ਦਾ ਸੇਵਨ ਕਰਨ ਦੇ ਵੱਖ-ਵੱਖ ਮਾਮਲੇ ਦਰਜ

ਪਟਿਆਲਾ, 13 ਜੂਨ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਨੇ ਕਥਿਤ ਦੋਸ਼ੀ ਪ੍ਰਿੰਸ ਕੁਮਾਰ ਵਾਸੀ ਗਲੀ ਨੰ. 4 ਤ੍ਰਿਪੜੀ ਟਾਊਨ ਪਟਿਆਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਪ੍ਰਤਾਪ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਗੋਲਗੱਪਾ ਚੌਕ ਤ੍ਰਿਪੜੀ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਆਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ। ਇਸੇ ਤਰ੍ਹਾਂ ਥਾਣਾ ਖੇੜੀ ਗੰਡਿਆਂ ਨੇ ਕਥਿਤ ਦੋਸ਼ੀ ਦਿਲਪ੍ਰੀਤ ਸਿੰਘ ਵਾਸੀ ਪਿੰਡ ਘੁਮਾਣਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਰਾਮ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਨੇੜੇ ਨਹਿਰ ਪਿੰਡ ਨਰੜੂ ਮੌਜੂਦ ਸੀ, ਜੋ ਦੋਸ਼ੀ ਨੂੰ ਨਹਿਰ ਦੀ ਪਟੜੀ ਨੇੜੇ ਨਸ਼ਾ ਕਰਦੇ ਹੋਏ ਕਾਬੂ ਕੀਤਾ ਗਿਆ।

## ਰਣਜੋਧ ਸਿੰਘ ਹਡਾਣਾ ਵੱਲੋਂ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਫੈਲਾਉਣ ਵਾਲੇ 7 ਆਟੋਆਂ ਨੂੰ ਹਰੀ ਝੰਡੀ



ਦੇਵੀਗੜ੍ਹ, 13 ਜੂਨ (ਗੁਰਜੀਤ ਸਿੰਘ ਢੱਟ) : ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਪੂਰੀ ਤਰ੍ਹਾਂ ਨਸ਼ਾ-ਮੁਕਤ ਬਣਾਉਣ ਲਈ ਵਿੱਢੀ ਮੁਹਿੰਮ ਨੂੰ ਹਲਕਾ ਸਨੌਰ ਵਿੱਚ ਹੋਰ ਤੇਜ਼ ਕਰਦਿਆਂ, ਹਲਕਾ ਇੰਚਾਰਜ ਅਤੇ ਚੇਅਰਮੈਨ ਸਰਦਾਰ ਰਣਜੋਧ ਸਿੰਘ ਹਡਾਣਾ ਵੱਲੋਂ ਅੱਜ ਇੱਕ ਨਵੀਂ ਤੇ ਵਿਲੱਖਣ ਸ਼ੁਰੂਆਤ ਕੀਤੀ ਗਈ। ਸ. ਹਡਾਣਾ ਨੇ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਜਾਗਰੂਕਤਾ ਫੈਲਾਉਣ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਵਿਸ਼ੇਸ਼ ਬੈਨਰਾਂ ਨਾਲ ਲੈਸ 7 ਆਟੋ-ਰਿਕਸ਼ਿਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਹ ਆਟੋ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਬਾਜ਼ਾਰਾਂ ਵਿੱਚ ਜਾ ਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕਰਨਗੇ। ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿਛਲੇ ਇੱਕ ਸਾਲ ਵਿੱਚ 60,632 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ ਅਤੇ 90,000 ਤੋਂ ਵੱਧ ਵਿਅਕਤੀਆਂ ਨੇ ਨਸ਼ਾ ਛੱਡਣ ਲਈ ਆਪਣਾ ਇਲਾਜ ਸ਼ੁਰੂ ਕਰਵਾ ਦਿੱਤਾ ਹੈ। ਸ. ਹਡਾਣਾ ਨੇ ਦੱਸਿਆ ਕਿ ਇਨ੍ਹਾਂ ਆਟੋਆਂ ਦੇ ਪਿੱਛੇ ਵਿਸ਼ੇਸ਼ ਬੈਨਰ ਲਗਾਏ ਗਏ ਹਨ, ਜਿਨ੍ਹਾਂ 'ਤੇ 'ਆਪਣੀ ਸ਼ਿਕਾਇਤ ਬਕਸੇ ਵਿੱਚ ਪਾਓ ਜੀ' ਲਿਖਿਆ ਹੋਇਆ ਹੈ। ਪਿੰਡਾਂ ਵਿੱਚ ਜੇਕਰ ਕੋਈ ਨਸ਼ਾ ਵੇਚਦਾ ਹੈ ਜਾਂ ਨਸ਼ਾ ਕਰਦਾ ਹੈ, ਤਾਂ ਲੋਕ ਬਿਨਾਂ ਕਿਸੇ ਡਰ ਦੇ ਉਸ ਦੀ ਜਾਣਕਾਰੀ ਲਿਖਤੀ ਰੂਪ ਵਿੱਚ ਇਸ ਬਕਸੇ ਵਿੱਚ ਪਾ ਸਕਦੇ ਹਨ। ਇਸ ਤੋਂ ਇਲਾਵਾ ਮੁੱਖ ਮੰਤਰੀ ਨਾਲ ਸਿੱਧਾ ਜੁੜਨ ਅਤੇ ਸਿੱਧੀ ਸ਼ਿਕਾਇਤ ਪਹੁੰਚਾਉਣ ਲਈ ਵਿਸ਼ੇਸ਼ ਨੰਬਰ 98991-00002 ਵੀ ਜਾਰੀ ਕੀਤਾ ਗਿਆ ਹੈ। ਇਸ ਮੌਕੇ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ, ਰਾਮਇੰਦਰ ਸਿੰਘ ਜਮਨਾ ਮੈਂਬਰ ਜਿਲ੍ਹਾ ਪ੍ਰੀਸ਼ਦ, ਰਾਜਬੰਸ ਸਿੰਘ 'ਆਪ ਆਗੂ, ਡਾ ਹਰਨੇਕ ਸਿੰਘ ਆਪ' ਆਗੂ, ਗੁਰਮੀਤ ਅਸਰਪੁਰ ਨਸ਼ਾ ਮੁਕਤੀ ਮੋਰਚਾ ਕੋਆਰਡੀਨੇਟਰ, ਬੰਟੀ ਬਿੰਜਲ ਬਲਾਕ ਪ੍ਰਧਾਨ ਹਾਜ਼ਰ ਸਨ।

## ਪੰਜਾਬੀ ਸਾਹਿਤ ਸਭਾ ਵੱਲੋਂ ਸਾਹਿਤਕ ਸਮਾਗਮ ਅੱਜ

ਪਟਿਆਲਾ, 13 ਜੂਨ (ਚ.ਨ.ਸ) : ਪੰਜਾਬੀ ਸਾਹਿਤ ਸਭਾ ਪਟਿਆਲਾ ਵੱਲੋਂ 14 ਜੂਨ ਦਿਨ ਐਤਵਾਰ ਨੂੰ ਸਵੇਰੇ 9.30 ਵਜੇ ਭਾਸ਼ਾ ਵਿਭਾਗ ਪੰਜਾਬ ਪਟਿਆਲਾ ਦੇ ਲੈਕਚਰ ਹਾਲ ਵਿਖੇ ਸਾਹਿਤਕ ਸਮਾਗਮ ਆਯੋਜਿਤ ਕੀਤਾ ਜਾ ਰਿਹਾ ਹੈ।ਸਭਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ 'ਆਸ਼ਟ' ਅਤੇ ਜਨਰਲ ਸਕੱਤਰ ਦਵਿੰਦਰ ਪਟਿਆਲਵੀ ਨੇ ਦੱਸਿਆ ਕਿ ਇਸ ਸਮਾਗਮ ਦੀ ਪ੍ਰਧਾਨਗੀ ਦ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਖੇਡ ਯੂਨੀਵਰਸਿਟੀ ਪਟਿਆਲਾ ਦੇ ਵਾਈਸ—ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਕਰਨਗੇ ਅਤੇ ਮੁੱਖ ਮਹਿਮਾਨ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਸਾਬਕਾ ਡੀਨ ਭਾਸ਼ਾਵਾਂ ਅਤੇ ਪੱਤਰ ਵਿਹਾਰ ਸਿੱਖਿਆ ਵਿਭਾਗ ਦੇ ਸਾਬਕਾ ਮੁਖੀ ਡਾ. ਭੁਪਿੰਦਰ ਸਿੰਘ ਖਹਿਰਾ ਹੋਣਗੇ। ਇਸ ਸਮਾਗਮ ਦੇ ਵਿਸ਼ੇਸ਼ ਮਹਿਮਾਨ ਭਾਸ਼ਾ ਵਿਭਾਗ, ਪੰਜਾਬ ਦੇ ਸਹਾਇਕ ਡਾਇਰੈਕਟਰ ਤੇਜਿੰਦਰ ਸਿੰਘ ਗਿੱਲ, ਪ੍ਰਸਿੱਧ ਸਮਾਜ ਸੇਵਕ ਅਤੇ ਲੇਖਕ ਭਗਵਾਨ ਦਾਸ ਗੁਪਤਾ ਅਤੇ ਭਾਸ਼ਾ ਵਿਭਾਗ ਪੰਜਾਬ ਦੇ ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਭਗਵੰਤ ਸਿੰਘ ਸੰਗਰੂਰ ਹੋਣਗੇ। ਇਸ ਦੌਰਾਨ ਅਮਰ ਗਰਗ ਕਲਮਦਾਨ ਦੀ ਪੁਸਤਕ 'ਸਲੋਚਨਾ' (ਪੰਜਾਬੀ ਅਤੇ ਹਿੰਦੀ) ਉਪਰ ਗੋਸ਼ਟੀ ਹੋਵੇਗੀ। ਪੰਜਾਬੀ ਪੁਸਤਕ ਉਪਰ ਮੁੱਖ ਪੇਪਰ ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ, ਪਟਿਆਲਾ ਦੇ ਪੰਜਾਬੀ ਵਿਭਾਗ ਦੇ ਸਾਬਕਾ ਮੁਖੀ ਡਾ. ਤਰਲੋਚਨ ਕੌਰ ਪੜ੍ਹਨਗੇ।

## ਵਪਾਰੀਆਂ ਦੀਆਂ ਜਾਇਜ਼ ਸਮੱਸਿਆਵਾਂ ਦਾ ਮੌਕੇ 'ਤੇ ਹੱਲ ਕਰਨਾ ਪੰਜਾਬ ਸਰਕਾਰ ਦੀ ਤਰਜੀਹ: ਅਸ਼ਵਨੀ ਕੁਮਾਰ

ਅਮਰਗੜ੍ਹ, 13 ਜੂਨ (ਬਲਜੀਤ ਸਿੰਘ ਟਿੱਬਾ) : ਪੰਜਾਬ ਸਰਕਾਰ ਵੱਲੋਂ ਵਪਾਰੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਕਰਨ ਦੇ ਉਦੇਸ਼ ਨਾਲ ਅਮਰਗੜ੍ਹ ਵਿਖੇ ਵਿਸ਼ੇਸ਼ ਵਪਾਰਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਪੰਜਾਬ ਟਰੇਡਰਜ਼ ਕਮਿਸ਼ਨ ਦੇ ਚੇਅਰਪਰਸਨ ਵਿਧਾਨ ਸਭਾ ਹਲਕਾ ਅਮਰਗੜ੍ਹ ਅਸ਼ਵਨੀ ਕੁਮਾਰ ਦੀ ਅਗਵਾਈ ਹੇਠ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਕਈ ਜਾਇਜ਼ ਮੰਗਾਂ ਦਾ ਮੌਕੇ 'ਤੇ ਹੀ ਹੱਲ ਕੀਤਾ। ਇਸ ਮੌਕੇ ਅਸ਼ਵਨੀ ਕੁਮਾਰ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਪਾਰਕ ਭਾਈਚਾਰੇ ਲਈ ਸੁਖਾਵਾਂ ਅਤੇ ਵਪਾਰ-ਅਨੁਕੂਲ ਮਾਹੌਲ ਸਿਰਜਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਅਜਿਹੀਆਂ ਮਿਲਣੀਆਂ ਲਗਾਤਾਰ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਵਪਾਰਕ ਵਰਗ ਨੂੰ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਭਰੋਸਾ ਦਿੱਤਾ ਕਿ ਵਪਾਰੀਆਂ ਵੱਲੋਂ ਉਠਾਏ ਗਏ ਹਰੇਕ ਮੁੱਦੇ ਦਾ ਤਰਜੀਹੀ ਆਧਾਰ 'ਤੇ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ। ਇਸ ਦੌਰਾਨ ਡੀ.ਐਸ.ਪੀ. ਸੰਜੀਵ ਕਪੂਰ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਵੱਲੋਂ ਵਪਾਰੀਆਂ ਦੀ ਸੁਰੱਖਿਆ ਨੂੰ ਸਰਵੋਚ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਬਾਜ਼ਾਰਾਂ ਅਤੇ ਭੀੜ-ਭੜੱਕੇ ਵਾਲੇ ਖੇਤਰਾਂ ਵਿੱਚ ਨਿਯਮਤ ਗਸ਼ਤ, ਨਿਗਰਾਨੀ ਅਤੇ ਟ੍ਰੈਫਿਕ ਪ੍ਰਬੰਧਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਵਪਾਰੀਆਂ ਨੂੰ ਆਪਣੇ ਕਾਰੋਬਾਰੀ ਅਦਾਰਿਆਂ ਵਿੱਚ ਸੀ.ਸੀ.ਟੀ.ਵੀ. ਕੈਮਰੇ ਕਾਰਜਸ਼ੀਲ ਰੱਖਣ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਜਾਣਕਾਰੀ ਤੁਰੰਤ ਪੁਲਿਸ ਨਾਲ ਸਾਂਝੀ ਕਰਨ ਦੀ ਅਪੀਲ ਕੀਤੀ। ਮੀਟਿੰਗ ਦੌਰਾਨ ਵਪਾਰੀਆਂ ਨੇ ਟ੍ਰੈਫਿਕ, ਸਫ਼ਾਈ, ਬਿਜਲੀ ਅਤੇ ਹੋਰ ਨਾਗਰਿਕ ਸਹੂਲਤਾਂ ਨਾਲ ਸਬੰਧਤ ਮੁੱਦੇ ਉਠਾਏ, ਜਿਨ੍ਹਾਂ ਦੇ ਹੱਲ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੇ ਤੁਰੰਤ ਕਾਰਵਾਈ ਦਾ ਭਰੋਸਾ ਦਿਵਾਇਆ।

## ਪੀ.ਆਰ.ਟੀ.ਸੀ. ਚੇਅਰਮੈਨ ਹਰਪਾਲ ਜੁਨੇਜਾ ਦੇ ਯਤਨਾਂ ਸਦਕਾ ਗੁਰਦੁਆਰਾ ਸ੍ਰੀ ਪਰਮੇਸ਼ਵਰ ਦੁਆਰ ਸ਼ੇਖੂਪੁਰਾ ਤੋਂ ਚੰਡੀਗੜ੍ਹ ਲਈ ਸਿੱਧੀ ਬੱਸ ਸੇਵਾ ਸ਼ੁਰੂ

### ਰੂਟ ਦੀ ਸ਼ੁਰੂਆਤ ਸੰਤ ਬਾਬਾ ਰਣਜੀਤ ਸਿੰਘ ਢੱਡਰੀਆਂ ਵਾਲਾ ਨੇ ਆਪਣੇ ਕਰ-ਕਮਲਾਂ ਨਾਲ ਕੀਤੀ




ਪਟਿਆਲਾ, 13 ਜੂਨ (ਰੁਪਾਣਾ/ਅਮਰਜੀਤ) : ਸ਼ੇਖੂਪੁਰਾ ਪਿੰਡ ਦੀ ਪੰਚਾਇਤ ਅਤੇ ਸੰਗਤ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ, ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਚੰਡੀਗੜ੍ਹ ਡਿਪੂ ਦੀ ਬੱਸ ਸਰਵਿਸ ਸ਼ੁਰੂ ਕੀਤੀ ਗਈ ਹੈ, ਜੋ ਕਿ ਗੁਰਦੁਆਰਾ ਸ੍ਰੀ ਪਰਮੇਸ਼ਵਰ ਦੁਆਰ, ਸ਼ੇਖੂਪੁਰਾ ਤੋਂ ਚੰਡੀਗੜ੍ਹ ਬੱਸ ਸਟੈਂਡ ਸੈਕਟਰ-43 ਤੱਕ ਜਾਵੇਗੀ। ਚੇਅਰਮੈਨ ਜੁਨੇਜਾ ਨੇ ਦੱਸਿਆ ਕਿ ਇਸ ਰੂਟ ਨੂੰ ਸ਼ੁਰੂ ਕਰਨ ਵਿੱਚ ਜੀ.ਐੱਮ. ਚੰਡੀਗੜ੍ਹ ਅਮਨਵੀਰ ਸਿੰਘ ਟਿਵਾਣਾ ਦਾ ਵੀ ਅਹਿਮ ਯੋਗਦਾਨ ਰਿਹਾ ਹੈ। ਇਸ ਰੂਟ ਦੀ ਸ਼ੁਰੂਆਤ ਸੰਤ ਬਾਬਾ ਰਣਜੀਤ ਸਿੰਘ ਜੀ ਢੱਡਰੀਆਂ ਵਾਲਾ ਵੱਲੋਂ ਆਪਣੇ ਕਰ-ਕਮਲਾਂ ਨਾਲ ਕੀਤੀ ਗਈ। ਇਸ ਮੌਕੇ ਇਲਾਕੇ ਦੀ ਪੰਚਾਇਤ, ਸੰਗਤ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਵਸਨੀਕ ਵੀ ਹਾਜ਼ਰ ਸਨ। ਇਸ ਦੌਰਾਨ ਚੇਅਰਮੈਨ ਹਰਪਾਲ ਜੁਨੇਜਾ ਨੇ ਦੱਸਿਆ ਕਿ ਇਹ ਬੱਸ ਸਵੇਰੇ 7:30 ਵਜੇ ਗੁਰਦੁਆਰਾ ਸ੍ਰੀ ਪਰਮੇਸ਼ਵਰ ਦੁਆਰ ਤੋਂ ਰਵਾਨਾ ਹੋ ਕੇ ਪਟਿਆਲਾ ਦੇ ਰਾਜਿੰਦਰਾ ਹਸਪਤਾਲ, ਖੰਡਾ ਚੌਕ ਅਤੇ ਪੁਰਾਣੇ ਬੱਸ ਅੱਡੇ ਰਾਹੀਂ ਚੰਡੀਗੜ੍ਹ ਸੈਕਟਰ-43 ਪਹੁੰਚੇਗੀ ਅਤੇ ਇਸੇ ਤਰ੍ਹਾਂ ਵਾਪਸੀ ਸਮੇਂ ਇਹ ਬੱਸ ਚੰਡੀਗੜ੍ਹ ਤੋਂ ਦੁਪਹਿਰ 3:45 ਵਜੇ ਚੱਲ ਕੇ ਪਟਿਆਲਾ ਨਵੇਂ ਬੱਸ ਅੱਡੇ ਤੋਂ ਸ਼ਾਮ 6:00 ਵਜੇ ਰਵਾਨਾ ਹੁੰਦੀ ਹੋਈ ਗੁਰਦੁਆਰਾ ਸ੍ਰੀ ਪਰਮੇਸ਼ਵਰ ਦੁਆਰ, ਸ਼ੇਖੂਪੁਰਾ ਤੱਕ ਪਹੁੰਚੇਗੀ। ਉਨ੍ਹਾਂ ਕਿਹਾ ਕਿ ਬੱਸ ਸੇਵਾ ਦੇ ਸੁਚਾਰੂ ਸੰਚਾਲਨ ਅਤੇ ਯਾਤਰੀਆਂ ਦੀ ਸਹੂਲਤ ਨੂੰ ਯਕੀਨੀ ਬਣਾਉਣ ਲਈ ਪੀ.ਆਰ.ਟੀ.ਸੀ. ਵੱਲੋਂ ਇਸ ਬੱਸ ਸਟਾਪ 'ਤੇ ਇੰਸਪੈਕਟਰ ਵੀ ਤਾਇਨਾਤ ਕੀਤੇ ਗਏ ਹਨ। ਚੇਅਰਮੈਨ ਜੁਨੇਜਾ ਨੇ ਦੱਸਿਆ ਕਿ ਇਲਾਕੇ ਦੇ ਲੋਕਾਂ ਅਤੇ ਸੰਗਤ ਵੱਲੋਂ ਇਸ ਬੱਸ ਸੇਵਾ ਦੀ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ, ਕਿਉਂਕਿ ਚੰਡੀਗੜ੍ਹ, ਪਟਿਆਲਾ ਅਤੇ ਗੁਰਦੁਆਰਾ ਸ੍ਰੀ ਪਰਮੇਸ਼ਵਰ ਦੁਆਰ, ਸ਼ੇਖੂਪੁਰਾ, ਰਾਜਿੰਦਰਾ ਹਸਪਤਾਲ ਆਉਣ-ਜਾਣ ਵਾਲੇ ਯਾਤਰੀਆਂ ਨੂੰ ਆਵਾਜਾਈ ਸੰਬੰਧੀ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਰੂਟ ਵਿੱਚ ਕੋਈ ਨਵੀਂ ਸੇਵਾ ਸ਼ੁਰੂ ਹੋਣ ਨਾਲ ਵਿਦਿਆਰਥੀਆਂ, ਨੌਕਰੀਪੇਸ਼ਾ ਵਿਅਕਤੀਆਂ, ਮਰੀਜ਼ਾਂ ਅਤੇ ਆਮ ਯਾਤਰੀਆਂ ਨੂੰ ਵਿਸ਼ੇਸ਼ ਲਾਭ ਮਿਲੇਗਾ। ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਆਸ ਪ੍ਰਗਟਾਈ ਕਿ ਇਹ ਬੱਸ ਸੇਵਾ ਲੋਕਾਂ ਲਈ ਬਹੁਤ ਲਾਭਦਾਇਕ ਸਾਬਤ ਹੋਵੇਗੀ ਅਤੇ ਇਲਾਕੇ ਦੇ ਵਸਨੀਕ ਵੱਡੀ ਗਿਣਤੀ ਵਿੱਚ ਇਸ ਦਾ ਲਾਭ ਉਠਾਉਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਪੀ.ਆਰ.ਟੀ.ਸੀ. ਲੋਕਾਂ ਨੂੰ ਬਿਹਤਰ ਅਤੇ ਸੁਵਿਧਾਜਨਕ ਆਵਾਜਾਈ ਸੇਵਾਵਾਂ ਮੁਹੱਈਆ ਕਰਵਾਉਣ ਲਈ ਹਮੇਸ਼ਾ ਵਚਨਬੱਧ ਹੈ। ਇਸ ਮੌਕੇ ਰਾਹੁਲ ਮਹਿਤਾ, ਪ੍ਰਿੰਸ ਲਾਂਬਾ, ਸਿਮਰਨ ਗਰੇਵਾਲ ਤੋਂ ਇਲਾਵਾ ਚੰਡੀਗੜ੍ਹ ਡਿੱਪੂ ਦੇ ਜਨਰਲ ਮੈਨੇਜਰ ਅਮਨਵੀਰ ਸਿੰਘ ਟਿਵਾਣਾ ਅਤੇ ਇੰਸਪੈਕਟਰ ਅਮਨਦੀਪ ਸਿੰਘ, ਰਾਜ ਬਲਵਿੰਦਰ ਸਿੰਘ, ਸੁਖਦੀਪ ਸਿੰਘ, ਲਖਬੀਰ ਖਾਨ, ਗੁਰ ਪਵਿੱਤਰ ਸਿੰਘ ਅਤੇ ਸ਼ੰਕਰ ਬਰਾੜ ਚੰਡੀਗੜ੍ਹ ਡਿਪੂ ਵੀ ਹਾਜ਼ਰ ਸਨ।

## ਹਰਪਾਲ ਜੁਨੇਜਾ 'ਰਾਸ਼ਟਰੀ ਗੌਰਵ ਪੁਰਸਕਾਰ' ਨਾਲ ਸਨਮਾਨਿਤ



ਪਟਿਆਲਾ, 13 ਜੂਨ (ਚ.ਨ.ਸ) : ਰਾਸ਼ਟਰੀਆ ਜਯੋਤੀ ਕਲਾ ਮੰਚ ਵੱਲੋਂ ਡਾਇਰੈਕਟਰ ਰਾਕੇਸ਼ ਠਾਕੁਰ ਦੀ ਨਿਰਦੇਸ਼ਨਾ ਹੇਠ ਕਾਂਸਲ ਫਾਊਂਡੇਸ਼ਨ ਦੇ ਸਹਿਯੋਗ ਨਾਲ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਚੇਅਰਮੈਨ ਪੀਆਰਟੀਸੀ ਹਰਪਾਲ ਜੁਨੇਜਾ ਨੂੰ 'ਰਾਸ਼ਟਰੀਆ ਗੌਰਵ' ਪੁਰਸਕਾਰ 2026 ਦੇ ਕੇ ਸਨਮਾਨਿਤ ਕੀਤਾ ਗਿਆ। ਹਰਪਾਲ ਜੁਨੇਜਾ ਨੂੰ ਇਹ ਸਨਮਾਨ ਸਮਾਜ ਸੇਵਾ ਦੇ ਖੇਤਰ ਅਤੇ ਸਿਆਸਤ ਵਿੱਚ ਪਾਏ ਯੋਗਦਾਨ ਲਈ ਦਿੱਤਾ ਗਿਆ ਹੈ। ਸਮਾਗਮ ਵਿੱਚ ਭਗਵਾਨ ਦਾਸ ਜੁਨੇਜਾ (ਗ੍ਰੀਨ ਮੈਨ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਦੌਰਾਨ ਰਾਜੀਵ ਗੋਇਲ (ਸੋਸ਼ਲ ਵਰਕਰ), ਡਾ. ਗੁਰਵਿੰਦਰ ਕਾਂਸਲ, ਮੰਚ ਦੇ ਚੇਅਰਮੈਨ ਸੰਜੇ ਗੋਇਲ, ਪੈਟਰਨ ਬੀਰ ਚੰਦ ਖੁਰਮੀ, ਸੀਨੀ. ਪ੍ਰੈਜ਼ੀਡੈਂਟ ਇੰਜ. ਨਰਿੰਦਰ ਸਿੰਘ, ਅਕਸ਼ੇ ਗੋਪਾਲ (ਪੈਟਰਨ), ਤ੍ਰਿਭਵਨ ਗੁਪਤਾ, ਧੀਰਜ ਗੋਇਲ, ਵਰਿੰਦਰ ਗਰਗ (ਏ ਵੀ ਮਾਰਕੀਟਿੰਗ), ਪਰਵੀਨ ਗੋਇਲ, ਹਰਿੰਦਰ ਗੁਪਤਾ ਅਤੇ ਡਾ. ਧਰਮਿੰਦਰ ਸੰਧੂ ਮੌਜੂਦ ਰਹੇ।

## ਤੇਜ਼ਧਾਰ ਹਥਿਆਰਾਂ ਨਾਲ ਕੁੱਟਮਾਰ ਕਰਕੇ ਪੈਸੇ ਖੋਹਣ ਦੇ ਮਾਮਲੇ 'ਚ 9 ਖ਼ਿਲਾਫ਼ ਮਾਮਲਾ ਦਰਜ



ਸਮਾਣਾ, 13 ਜੂਨ (ਵਿਜੇ ਕੁਮਾਰ) : ਸਦਰ ਪੁਲਸ ਅਧੀਨ ਪੈਂਦੇ ਪਿੰਡ ਬਾਦਸ਼ਾਹਪੁਰ ਕਾਲੇਕੀ ਦੇ ਇੱਕ ਨੌਜਵਾਨ ਨੂੰ ਪਿੰਡ ਦੇ ਹੀ ਕੁਝ ਨੌਜਵਾਨਾ ਵੱਲੋਂ ਘੇਰ ਕੇ ਤੇਜ਼ਧਾਰ ਹਥਿਆਰਾ ਨਾਲ ਕੁੱਟਮਾਰ ਕਰ ਜ਼ਖਮੀ ਕਰਨ ਉਪਰੰਤ ਜੇਬ ਵਿੱਚ ਪਈ ਰਕਮ ਖੋਹ ਕੇ ਫਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਜ਼ਖਮੀ ਨੌਜਵਾਨ ਸਿਵਲ ਹਸਪਤਾਲ 'ਚ ਜੇਰੇ ਇਲਾਜ ਹੈ। ਮਾਮਲੇ ਦੇ ਜਾਂਚ ਅਧਿਕਾਰੀ ਸਦਰ ਪੁਲਿਸ ਦੇ ਏ.ਐਸ.ਆਈ. ਗੁਰਦੇਵ ਸਿੰਘ ਨੇ ਦੱਸਿਆ ਕਿ ਜਗਸੀਰ ਸਿੰਘ ਵਾਸੀ ਪਿੰਡ ਬਾਦਸ਼ਾਹਪੁਰ ਕਾਲੇਕੀ ਵੱਲੋਂ ਦਿੱਤੀ ਗਈ ਸ਼ਿਕਾਇਤ ਅਨੁਸਾਰ ਉਹ ਸਬਜ਼ੀ ਦੀ ਖਰੀਦ ਵੇਚ ਦਾ ਕੰਮ ਕਰਦਾ ਹੈ, ਸ਼ੁਕਰਵਾਰ ਦੀ ਰਾਤ ਨੂੰ ਜਦੋਂ ਉਹ ਪਟਿਆਲਾ ਤੋਂ ਆਪਣੇ ਸਾਥੀ ਹਰਮਨ ਸਿੰਘ ਦੇ ਨਾਲ ਮੋਟਰਸਾਈਕਲ 'ਤੇ ਪਿੰਡ ਆ ਰਿਹਾ ਸੀ, ਤਾਂ ਪਿੰਡ ਦੇ ਬਾਹਰ ਖੜੇ ਕੁਝ ਲੋਕਾਂ ਨੇ ਮੈਨੂੰ ਆਵਾਜ਼ ਮਾਰੀ ,ਮੈਂ ਰੁੱਕ ਗਿਆ। ਰੁਕਣ 'ਤੇ ਸਤਨਾਮ ਸਿੰਘ, ਵਿੱਕੀ ਸਿੰਘ, ਮੰਗੂ ਸਿੰਘ, ਖੁਸ਼ਪ੍ਰੀਤ ਸਿੰਘ ਉਰਫ ਬੰਬ, ਅਮਨ ਸਿੰਘ ,ਬਾਣੀਆਂ ਸਣੇ ਤਿੰਨ ਹੋਰ ਅਣਪਛਾਤਿਆ ਨੇ ਮੇਰੇ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਗੰਭੀਰ ਜ਼ਖਮੀ ਕਰ ਦਿੱਤਾ। ਉਸ ਨੇ ਅੱਗੇ ਦੱਸਿਆ ਕਿ ਹਮਲਾਵਰ ਉਸਦੀ ਜੇਬ ਵਿੱਚ ਪਈ ਇਕ ਲੱਖ 35 ਹਜਾਰ ਰੁਪਏ ਦੀ ਨਗਦੀ ਕੱਢ ਕੇ ਮੌਕੇ ਤੋਂ ਫਰਾਰ ਹੋ ਗਏ। ਪੁਲਿਸ ਅਧਿਕਾਰੀ ਅਨੁਸਾਰ ਉਕਤ ਮੁਲਜ਼ਮਾਂ ਖਿਲਾਫ ਮਾਮਲਾ ਦਰਜ ਕਰਕੇ ਫਰਾਰ ਮੁਲਜ਼ਮਾਂ ਦੀ ਭਾਲ ਕੀਤੀ ਜਾ ਰਹੀ ਹੈ।

## ਐਨਸੀਸੀ ਕੈਡਿਟਾਂ ਨੇ ਮਲਟੀਪਰਪਜ਼ ਸਕੂਲ ਦਾ ਨਾਮ ਚਮਕਾਇਆ

### ➢ਪ੍ਰਿੰਸੀਪਲ ਵਿਜੇ ਕਪੂਰ ਨੇ ਐਨਸੀਸੀ ਇੰਚਾਰਜ ਅਤੇ ਜੇਤੂਆਂ ਨੂੰ ਵਧਾਈ ਦਿੱਤੀ



ਪਟਿਆਲਾ, 13 ਜੂਨ (ਚ.ਨ.ਸ) : ਪੀ.ਐੱਮ. ਸ਼੍ਰੀ ਸਰਕਾਰੀ ਕੋ-ਐਡ ਮਲਟੀਪਰਪਜ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਪਟਿਆਲਾ ਦੇ ਐਨਸੀਸੀ ਏਅਰ ਵਿੰਗ ਦੇ ਕੈਡਿਟਾਂ ਨੇ ਇੱਕ ਵਾਰ ਫਿਰ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਨਸੀਸੀ ਇੰਚਾਰਜ ਫਸਟ ਅਫਸਰ ਰਵਿੰਦਰ ਸਿੰਘ ਨੇ ਦੱਸਿਆ ਕਿ ਚੰਡੀਗੜ੍ਹ ਯੂਨੀਵਰਸਿਟੀ, ਘੜੂੰਆਂ (ਮੋਹਾਲੀ) ਵਿਖੇ ਐਨਸੀਸੀ ਗਰੁੱਪ ਹੈਡ ਕੁਆਰਟਰ ਪਟਿਆਲਾ, ਕਮਾਂਡਿੰਗ ਅਫਸਰ ਗਰੁੱਪ ਕੈਪਟਨ ਸੋਮਨਾਥ ਮਿੱਤਰਾ (3 ਪੰਜਾਬ ਏਅਰ ਐਨਸੀਸੀ ਸਕੈਡਰਨ ਪਟਿਆਲਾ) ਦੀ ਅਗਵਾਈ ਵਿੱਚ ਲਗਾਏ ਗਏ 10 ਰੋਜ਼ਾ ਐਨਸੀਸੀ ਏਅਰ ਵਿੰਗ ਕੈਂਪ ਵਿਚ ਮਲਟੀਪਰਪਜ ਸਕੂਲ ਦੇ ਕੈਡਿਟਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਕੈਂਪ ਦੌਰਾਨ ਖੋ-ਖੋ, ਵਾਲੀਬਾਲ, ਦੌੜ ਅਤੇ ਡ੍ਰਿਲ ਮੁਕਾਬਲਾ ਸਮੇਤ ਹੋਰ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਜਿਸ ਦੌਰਾਨ ਸਾਡੇ ਕੈਡਿਟਾਂ ਨੇ ਆਪਣੀ ਅਨੁਸ਼ਾਸਨ ਅਤੇ ਖੇਡ ਭਾਵਨਾ ਦਾ ਬਿਹਤਰੀਨ ਪ੍ਰਦਰਸ਼ਨ ਕਰਦੇ ਹੋਏ ਵੱਡੀਆਂ ਮੱਲਾਂ ਮਾਰੀਆਂ। ਕੈਡਿਟਾਂ ਨੇ ਖੋ-ਖੋ ਮੁਕਾਬਲੇ ਵਿੱਚ ਗੋਲਡ ਮੈਡਲ ਜਿੱਤ ਕੇ ਪਹਿਲਾ ਸਥਾਨ ਹਾਸਲ ਕੀਤਾ। ਜਦਕਿ ਸਭ ਤੋਂ ਸਾਫ਼-ਸੁਥਰੀ ਅਤੇ ਅਨੁਸ਼ਾਸਿਤ ਰਿਹਾਇਸ਼ ਲਈ 'ਬੈਸਟ ਬੈਰਕ ਐਵਾਰਡ' ਵੀ ਸਕੂਲ ਦੇ ਹਿੱਸੇ ਆਇਆ। ਇਸ ਦੇ ਨਾਲ ਹੀ ਡਰਿੱਲ ਮੁਕਾਬਲੇ ਵਿੱਚ ਟੀਮ ਤੀਸਰੇ ਸਥਾਨ 'ਤੇ ਰਹੀ। ਉਹਨਾਂ ਕਿਹਾ ਕਿ ਸਾਨੂੰ ਆਪਣੇ ਸਾਰੇ ਐਨਸੀਸੀ ਕੈਡਿਟਾਂ 'ਤੇ ਮਾਣ ਹੈ, ਜਿਨ੍ਹਾਂ ਨੇ ਕੈਂਪ ਦੌਰਾਨ ਸਖ਼ਤ ਮਿਹਨਤ ਕੀਤੀ ਅਤੇ ਸਕੂਲ ਦਾ ਮਾਣ ਵਧਾਇਆ। ਇਸ ਖੁਸ਼ੀ ਦੇ ਮੌਕੇ 'ਤੇ ਸਕੂਲ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਨੇ ਐਨਸੀਸੀ ਇੰਚਾਰਜ ਫਸਟ ਅਫਸਰ ਰਵਿੰਦਰ ਸਿੰਘ ਸਮੇਤ ਸਮੂਹ ਜੇਤੂ ਕੈਡਿਟਾਂ ਨੂੰ ਮੁਬਾਰਕਬਾਦ ਦਿੰਦੇ ਹੋਏ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਹਨਾਂ ਅੱਗੇ ਕਿਹਾ ਕਿ ਮਲਟੀਪਰਪਜ ਸਕੂਲ ਹਮੇਸ਼ਾ ਹੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਮੋਹਰੀ ਰਿਹਾ ਹੈ। ਹੁਣ ਐਨਸੀਸੀ ਕੈਡਿਟਾਂ ਨੇ ਗੋਲਡ ਮੈਡਲ ਜਿੱਤ ਕੇ ਸਕੂਲ ਦਾ ਨਾਮ ਹੋਰ ਵੀ ਚਮਕਾਇਆ ਹੈ। ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਜਗਮੀਤ ਸਿੰਘ ਹਰਿਆਊ ਵੱਲੋਂ ਪਿੰਡ ਖੇੜੀ ਮੁਸਲਮਾਨੀਆਂ ਵਿਖੇ ਕ੍ਰਿਕਟ ਟੂਰਨਾਮੈਂਟ 'ਚ ਸ਼ਿਰਕਤ



ਸਮਾਣਾ, 13 ਜੂਨ (ਵਿਜੇ ਕੁਮਾਰ) : ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸਮਾਣਾ ਇੰਚਾਰਜ ਜਗਮੀਤ ਸਿੰਘ ਹਰਿਆਊ ਵੱਲੋਂ ਪਿੰਡ ਖੇੜੀ ਮੁਸਲਮਾਨੀਆਂ ਵਿਖੇ ਚੱਲ ਰਹੇ ਕ੍ਰਿਕਟ ਟੂਰਨਾਮੈਂਟ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ।ਇਸ ਮੌਕੇ ਉਨ੍ਹਾਂ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਪਿੱਠ ਥਾਪੜੀ ਅਤੇ ਖੇਡ ਭਾਵਨਾ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹਰਿਆਊ ਨੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਜਿੱਥੇ ਸਾਨੂੰ ਸਰੀਰਕ ਤੌਰ 'ਤੇ ਤੰਦਰੁਸਤ ਰੱਖਦੀਆਂ ਹਨ, ਉੱਥੇ ਹੀ ਨੌਜਵਾਨੀ ਨੂੰ ਨਸ਼ਿਆਂ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਦੂਰ ਰੱਖ ਕੇ ਇੱਕ ਚੰਗੇ ਸਮਾਜ ਦੀ ਸਿਰਜਣਾ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਹਨ। ਉਨ੍ਹਾਂ ਪ੍ਰਬੰਧਕਾਂ ਦੇ ਇਸ ਉਪਰਾਲੇ ਦੀ ਵੀ ਸ਼ਲਾਘਾ ਕੀਤੀ।

## ਪੁਲਿਸ ਵੱਲੋਂ 36 ਨਸ਼ੀਲੇ ਕੈਪਸੂਲ ਬ੍ਰਾਮਦ

ਪਟਿਆਲਾ, 13 ਜੂਨ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਹਰਵੀਰ ਸਿੰਘ ਵਾਸੀ ਹਰਗੋਬਿੰਦ ਕਲੋਨੀ ਨਿਊ ਮਹਿਮਦਪੁਰ ਬਹਾਦਰਗੜ੍ਹ ਵਿਰੁੱਧ ਮਾਮਲਾ ਦਰਜ ਕੀਤਾ ਹੈ। ਐਸ.ਆਈ ਜਨਕ ਰਾਜ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਸੁਪਰ ਮਾਰਕੀਟ ਬਹਾਦਰਗੜ੍ਹ ਮੌਜੂਦ ਸੀ, ਜੋ ਦੋਸ਼ੀ ਦੀ ਬਿਨ੍ਹਾ ਨੰਬਰੀ ਮੋਟਰਸਾਇਕਲ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਦੋਸ਼ੀ ਪਾਸੋਂ 36 ਨਸ਼ੀਲੇ ਕੈਪਸੂਲ ਬ੍ਰਾਮਦ ਹੋਏ ਅਤੇ ਮੋਟਰਸਾਇਕਲ ਵੀ ਚੋਰੀ ਦਾ ਪਾਇਆ ਗਿਆ।

## ਠੰਡੇ-ਮਿੱਠੇ ਜਲ ਦੀ ਛਬੀਲ ਤੇ ਲੰਗਰ ਲਗਾਇਆ

ਪਟਿਆਲਾ, 13 ਜੂਨ (ਚ.ਨ.ਸ) : ਪ੍ਰਸ਼ੋਤਮ ਮਹੀਨਾ ਵਿੱਚ ਸੁਧਾਰ ਸਭਾ ਸ੍ਰੀ ਕੇਦਾਰ ਨਾਥ ਵੱਲੋਂ ਪ੍ਰਸ਼ੋਤਮ ਮਾਸ



ਜੇਠ ਮਹੀਨੇ ਵਿੱਚ 50 ਸਾਲ ਮਗਰੋਂ ਆਇਆ ਹੈ। ਵੈਸੇ ਪ੍ਰਸ਼ੋਤਮ ਮਾਸ ਹਰ ਤਿੰਨ ਸਾਲ ਬਾਅਦ ਆਉਂਦਾ ਹੈ। ਇਸ ਮਹੀਨੇ ਦਾਨ ਪੁੰਨ ਅਤੇ ਪਾਠ ਪੂਜਾ ਕਰਨਾ ਅਤੀ ਸ਼ੁਭ ਮੰਨਿਆ ਗਿਆ ਹੈ। ਖਾਸ ਕਰਕੇ ਜੇਠ ਮਹੀਨੇ ਵਿੱਚ ਜਲ ਦੀ ਸੇਵਾ ਅਤੀ ਉੱਤਮ ਮੰਨੀ ਗਈ ਹੈ। ਸੁਧਾਰ ਸਭਾ ਵੱਲੋਂ ਸ਼ਿਵ ਜੀ ਦੀ ਵਿਸ਼ਾਲ ਮੂਰਤੀ ਦੇ ਕੋਲ ਠੰਡੇ-ਮਿੱਠੇ ਪਾਣੀ ਦੀ ਛਬੀਲ ਲਗਾਈ ਗਈ ਅਤੇ ਅਤੁੱਟ ਲੰਗਰ ਵਰਤਾਇਆ ਗਿਆ। ਇਹ ਲੰਗਰ ਬਣਾ ਕੇ ਰਜਿੰਦਰਾ ਹਸਪਤਾਲ ਵਿਖੇ ਭੇਜਿਆ ਗਿਆ ਅਤੇ ਸਨੌਰ ਰੋਡ ਪਿੰਗਲਵਾੜੇ ਵਿਖੇ ਵੀ ਭੇਜਿਆ ਗਿਆ। ਇਸ ਮੌਕੇ ਰਣਜੀਤ ਸਿੰਘ ਚੰਡੋਕ ਐਮ.ਸੀ. 32 ਨੰਬਰ ਵਾਰਡ, ਸੁਧਾਰ ਸਭਾ ਦੇ ਮੈਂਬਰ ਅਤੇ ਖਾਸ ਕਰਕੇ ਹਸੀਜਾ ਪਰਿਵਾਰ ਨੇ ਸ਼ਿਰਕਤ ਕੀਤੀ ਅਤੇ ਸੇਵਾ ਮੁਕਤ ਪੰਡਿਤ ਅਸ਼ਵਨੀ ਸ਼ਰਮਾ ਅਤੇ ਮੌਜੂਦਾ ਪੰਡਿਤ ਨਰਿੰਦਰ ਸ਼ਰਮਾ ਨੇ ਸ਼ਲਾਘਾ ਕੀਤੀ ।

## ਤੇਜ਼ ਰਫਤਾਰ ਮੋਟਰਸਾਈਕਲ ਦੀ ਟੱਕਰ ਨਾਲ ਮੌਤ

ਪਟਿਆਲਾ, 13 ਜੂਨ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਕੋਲ ਜਸਵਿੰਦਰ ਸਿੰਘ ਪੁੱਤਰ ਜੰਗੀਰ ਸਿੰਘ ਵਾਸੀ ਪਿੰਡ ਰਾਏਪੁਰ ਮੰਡਲਾ ਨੇ ਕਥਿਤ ਦੋਸ਼ੀ ਮੋਟਰਸਾਈਕਲ ਦੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੀ ਪਤਨੀ ਬਲਜਿੰਦਰ ਕੌਰ ਨਾਲ ਮੋਟਰਸਾਇਕਲ ਪਰ ਸਵਾਰ ਹੋ ਕੇ ਸਲਾਰੀਆ ਵਿਹਾਰ ਪਟਿਆਲਾ ਪਾਸ ਜਾ ਰਿਹਾ ਸੀ ਤਾਂ ਅਣਪਛਾਤੇ ਡਰਾਇਵਰ ਨੇ ਆਪਣਾ ਮੋਟਰਸਾਇਕਲ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਮੁਦਈ ਹੋਰਾ ਵਿੱਚ ਮਾਰਿਆ, ਜੋ ਐਕਸੀਡੈਂਟ ਵਿੱਚ ਉਸ ਦੀ ਪਤਨੀ ਦੀ ਦੌਰਾਨੇ ਇਲਾਜ ਮੌਤ ਹੋ ਗਈ। ਪੁਲਿਸ ਨੇ ਧਾਰਾ 281,106(1) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਸ਼ਮਸ਼ਾਨਘਾਟ ਦੇ ਵਿਕਾਸ ਲਈ ਚੇਅਰਮੈਨ ਗੱਜੂਮਾਜਰਾ ਨੇ ਤੇਜਿੰਦਰ ਮਹਿਤਾ ਨੂੰ ਮੰਗ ਪੱਤਰ ਦਿੱਤਾ



ਸਮਾਣਾ, 13 ਜੂਨ (ਜਵੰਦਾ) : ਮਾਰਕੀਟ ਕਮੇਟੀ ਸਮਾਣਾ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਨੇ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਤਜਿੰਦਰ ਮਹਿਤਾ ਨਾਲ ਮੁਲਾਕਾਤ ਕਰਕੇ ਪਿੰਡ ਗੱਜੂਮਾਜਰਾ ਦੀ ਸ਼ਮਸ਼ਾਨਘਾਟ ਦੇ ਉਸਾਰੀ ਅਤੇ ਵਿਕਾਸ ਕਾਰਜਾਂ ਲਈ ਮੰਗ ਪੱਤਰ ਸੌਂਪਿਆ। ਇਸ ਮੌਕੇ ਸ. ਬਲਕਾਰ ਸਿੰਘ ਗੱਜੂਮਾਜਰਾ ਨੇ ਕਿਹਾ ਕਿ ਪਿੰਡ ਦੀ ਸ਼ਮਸ਼ਾਨਘਾਟ ਦੇ ਸੁਧਾਰ ਅਤੇ ਬੁਨਿਆਦੀ ਸਹੂਲਤਾਂ ਦੇ ਵਿਸਥਾਰ ਦੀ ਲੰਬੇ ਸਮੇਂ ਤੋਂ ਲੋੜ ਮਹਿਸੂਸ ਕੀਤੀ ਜਾ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਜਲਦ ਤੋਂ ਜਲਦ ਲੋੜੀਂਦੇ ਫੰਡ ਜਾਰੀ ਕਰਕੇ ਉਸਾਰੀ ਕਾਰਜ ਸ਼ੁਰੂ ਕਰਵਾਏ ਜਾਣ।ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਤੇਜਿੰਦਰ ਮਹਿਤਾ ਨੇ ਮੰਗ ਪੱਤਰ ਪ੍ਰਾਪਤ ਕਰਦਿਆਂ ਭਰੋਸਾ ਦਿੱਤਾ ਕਿ ਪਿੰਡ ਗੱਜੂਮਾਜਰਾ ਵਾਸੀਆਂ ਦੀ ਇਸ ਮੰਗ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।

## ਪੀ.ਆਰ.ਟੀ.ਸੀ. ਦੀ ਨਵ-ਨਿਯੁਕਤ ਐਮ.ਡੀ. ਦਾ ਪੈਨਸ਼ਨਰਜ਼ ਵੱਲੋਂ ਸਵਾਗਤ

ਪਟਿਆਲਾ, 13 ਜੂਨ (ਚ.ਨ.ਸ) : ਪੀ ਆਰ ਟੀ ਸੀ ਪੈਨਸ਼ਨਰਜ ਐਸੋਸੀਏਸ਼ਨ ਦੀ ਕੇਂਦਰੀ ਬਾਡੀ ਦੇ ਸੂਬਾ



ਪ੍ਰਧਾਨ ਭਗਵੰਤ ਸਿੰਘ ਕੰਗਣਵਾਲ, ਸਕੱਤਰ ਜਨਰਲ ਹਰੀ ਸਿੰਘ ਚਮਕ ਅਤੇ ਕੈਸ਼ੀਅਰ ਅਮੋਲਕ ਸਿੰਘ ਵੱਲੋਂ ਪੀ ਆਰ ਟੀ ਸੀ ਦੀ ਨਵ-ਨਿਯੁਕਤ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ ਦਾ ਬੁੱਕਾ ਦੇ ਕੇ ਸਵਾਗਤ ਕੀਤਾ ਗਿਆ ਅਤੇ ਸੀਮਤ ਸਮੇਂ ਵਿੱਚ ਹੋਈ ਇਸ ਮੀਟਿੰਗ ਵਿੱਚ ਰਹਿੰਦੇ ਬਕਾਇਆਂ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਪੀ ਆਰ ਟੀ ਸੀ ਪੈਨਸ਼ਨਰਾਂ ਦੇ ਨੁਮਾਇੰਦਿਆਂ ਨੇ ਰਹਿੰਦੀ 20% ਪੈਨਸ਼ਨ, 2016 ਦੇ ਪੇ-ਕਮਿਸ਼ਨ ਦੇ ਬਕਾਏ ਅਤੇ ਮੈਡੀਕਲ ਬਿਲਾਂ ਦੀ ਅਦਾਇਗੀ ਬਾਰੇ ਵੀ ਗੱਲ ਕੀਤੀ ਜਿਸ ਸਬੰਧੀ ਐਮ.ਡੀ. ਨੇ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਸਰਕਾਰ ਵੱਲੋਂ ਪੈਸੇ ਆ ਰਹੇ ਹਨ।ਇਹ ਪੈਸੇ ਆਉਣ ਦੇ ਨਾਲ ਹੀ ਰਹਿੰਦੇ ਭੁਗਤਾਨ ਜਿੰਨੇ ਵੀ ਹੋ ਸਕੇ ਕਰ ਦਿੱਤੇ ਜਾਣਗੇ, ਬਾਕੀ ਰਹਿੰਦੇ ਅਗਲੇ ਮਹੀਨੇ ਦੀ ਪੈਨਸ਼ਨ ਦੇ ਨਾਲ ਜਾਂ ਕੁਝ ਦਿਨ ਮਗਰੋਂ ਕਰ ਦਿੱਤੇ ਜਾਣਗੇ ।

## ਮਲਾਗਰ ਸਿੰਘ ਨੂੰ ਸਮਰਪਿਤ ਸ਼ਰਧਾਂਜਲੀ ਸਮਾਗਮ

ਸ਼ੇਰਪੁਰ, 13 ਜੂਨ (ਬਲਜੀਤ ਸਿੰਘ ਟਿੱਬਾ) : ਪ੍ਰਸਿੱਧ ਸਾਹਿਤਕਾਰ ਡਾ. ਕਮਲਜੀਤ ਸਿੰਘ ਟਿੱਬਾ ਦੇ ਛੋਟੇ ਭਰਾ ਮਲਾਗਰ ਸਿੰਘ ਦੀ ਅੰਤਿਮ ਅਰਦਾਸ ਟਿੱਬਾ ਪਿੰਡ ਦੇ ਵੱਡੇ ਗੁਰੂ ਘਰ ਵਿਚ ਭਰਵੇਂ ਇਕੱਠ ਵਿਚ ਹੋਈ। ਸਾਬਕਾ ਐੱਮ ਐਲ ਏ ਚੰਦ ਸਿੰਘ ਚੋਪੜਾ ਨੇ ਆਪਣੇ ਵੱਲੋਂ ਸ਼ਰਧਾਂਜ਼ਲੀ ਭੇਟ ਕਰਦਿਆਂ ਕਿਹਾ ਕਿ ਭਾਈ ਮਲਾਗਰ ਸਿੰਘ ਦੀ ਬੇਵਕਤ ਮੌਤ ਨਾਲ ਸਾਨੂੰ ਸਭਨਾਂ ਨੂੰ ਬੇਹੱਦ ਦੁੱਖ ਪਹੁੰਚਿਆ ਹੈ। ਪਰਿਵਾਰ ਨਾਲ ਆਪਣਾ ਦੁੱਖ ਸਾਂਝਾ ਕੀਤਾ । ਕੇ ਐਸ ਕੰਬਾਈਨ ਮਾਲੇਰਕੋਟਲਾ ਦੇ ਮਾਲਕ ਸ. ਇੰਦਰਜੀਤ ਸਿੰਘ ਮੁੰਡੇ ਨੇ ਆਪਣੇ ਮਨ ਦੀ ਸੰਵੇਦਨਾ ਨੂੰ ਬਹੁਤ ਹੀ ਭਾਵਪੂਰਤ ਢੰਗ ਨਾਲ ਪ੍ਰਗਟ ਕੀਤਾ।ਜਸਵੰਤ ਸਿੰਘ ਭੱਠਲ, ਗਿਆਨੀ ਗਿਆਨ ਸਿੰਘ ਧੂਰੀ , ਜਸਵੰਤ ਸਿੰਘ ਧਾਲੀਵਾਲ, ਸਾਬਕਾ ਵਿਧਾਇਕ ਰਾਜ ਸਿੰਘ ਖੇੜੀ , ਚਮਕੌਰ ਸਿੰਘ ਭੋਲਾ , ਜੇ ਈ ਰਾਜਿੰਦਰ ਸਿੰਘ ਤੇ ਫਿਲਮ ਸਟਾਰ ਸਰਦਾਰ ਸੋਹੀ ਨੇ ਵੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਤੇ ਸ਼ਰਧਾਂਜਲੀ ਭੇਟ ਕੀਤੀ। ਪ੍ਰੋ ਕਮਲਜੀਤ ਸਿੰਘ ਟਿੱਬਾ ਨੇ ਪਰਿਵਾਰ ਦਾ ਦੁੱਖ ਵੰਡਾਉਣ ਆਏ ਸਭਨਾਂ ਦਾ ਧੰਨਵਾਦ ਕੀਤਾ। ਭਾਨ ਸਿੰਘ ਜੱਸੀ ਪੇਧਨੀ ,ਸਰਪੰਚ ਹਰਧਿਆਨ ਸਿੰਘ ਤੇ ਨਗਰ ਪੰਚਾਇਤ ਟਿੱਬਾ,ਸਵਰਨ ਸਿੰਘ ਪਨੇਸਰ ਲੁਧਿਆਨਾ,ਕੁਲਵੰਤ ਸਿੰਘ ਟਿੱਬਾ,ਕਿਸਨ ਆਗੂ ਬਲਵੰਤ ਸਿੰਘ, ਮਾਸਟਰ ਗੁਰਮੇਲ ਸਿੰਘ, ਮਾਸਟਰ ਮਹਿੰਦਰ ਪ੍ਰਤਾਪ, ਮਾਸਟਰ ਕੁਲਵਿੰਦਰ ਸਿੰਘ ਖੇੜੀ, ਮਾਸਟਰ ਸੰਤ ਗੁਰਮੀਤ ਸਿੰਘ, ਸਰਪੰਚ ਮਹਿਤਾਬ ਸਿੰਘ, ਹਰਦੀਪ ਸਿੰਘ ਦੌਲਤਪੁਰ, ਸੁਰਜੀਤ ਸਿੰਘ ਸਾਬਕਾ ਸਰਪੰਚ, ਪ੍ਰਿਤਪਾਲ ਸਿੰਘ ਸ਼ੇਰਪੁਰ ਮਾਸਟਰ ਸੁਖਦੇਵ ਸਿੰਘ ਚੱਕ ਪ੍ਰੋ ਰਵਿੰਦਰ ਸਿੰਘ, ਕਿਰਨਜੀਤ ਸਿੰਘ ਆਦਿ ਪਤਵੰਤੇ ਸੱਜਣਾਂ ਨੇ ਹਾਜ਼ਰੀ ਭਰੀ।